ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 89
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ



ਅਦਾਰਾ
ਚੜ੍ਹਦੀਕਲਾ
ਵੱਲੋਂ
ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਦੇ ਜੋਤਿ-ਜੋਤ ਦਿਵਸ 'ਤੇ
ਕੋਟਿ-ਕੋਟਿ ਪ੍ਰਣਾਮ



ਕੁੱਲ ਪੰਨੇ: 12 (Wednesday, 1 April, 2026) ਬੁੱਧਵਾਰ, 1 ਅਪ੍ਰੈਲ, 2026, 19 ਚੇਤ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ


## ਅਹਿਮਦਾਬਾਦ 'ਚ ਮੋਦੀ ਵੱਲੋਂ 3,300 ਕਰੋੜ ਦੇ ਕੇਨ ਸੈਮੀਕੰਡਕਟਰ ਪਲਾਂਟ ਦਾ ਉਦਘਾਟਨ



ਚੜ੍ਹਦੀਕਲਾ ਬਿਊਰੋ

================

ਅਹਿਮਦਾਬਾਦ , 31 ਮਾਰਚ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ ਨੂੰ ਅਹਿਮਦਾਬਾਦ ਦੇ ਸਾਨੰਦ ਜੀਆਈਡੀਸੀ ਵਿੱਚ 3,300 ਕਰੋੜ ਰੁਪਏ ਦੀ ਲਾਗਤ ਵਾਲੇ ਕੇਨ ਸੈਮੀਕੰਡਕਟਰ ਪਲਾਂਟ ਦਾ ਉਦਘਾਟਨ ਕੀਤਾ, ਜੋ ਕਿ ਭਾਰਤ ਵਿੱਚ ਅਜਿਹਾ ਦੂਜਾ ਪਲਾਂਟ ਹੈ ਅਤੇ ਦੇਸ਼ ਦੇ ਸੈਮੀਕੰਡਕਟਰ ਮਿਸ਼ਨ ਵਿੱਚ ਇੱਕ ਵੱਡੀ ਪ੍ਰਾਪਤੀ ਮੰਨਿਆ ਜਾ ਰਿਹਾ ਹੈ।

ਇਸ ਮੌਕੇ ਗੁਜਰਾਤ ਦੇ ਵਿਗਿਆਨ ਅਤੇ ਤਕਨਾਲੋਜੀ ਮੰਤਰੀ ਅਰਜੁਨ ਮੋਢਵਾਡੀਆ ਨੇ ਦੱਸਿਆ ਕਿ ਇਹ ਇਕਾਈ ਰੋਜ਼ਾਨਾ 7 ਲੱਖ ਤੋਂ ਵੱਧ ਚਿਪ ਦਾ ਨਿਰਮਾਣ ਕਰੇਗੀ, ਜੋ ਭਾਰਤ ਨੂੰ ਇੱਕ ਨਵੇਂ ਤਕਨੀਕੀ ਯੁੱਗ ਵਿੱਚ ਲੈ ਕੇ ਜਾਵੇਗੀ। ਇਸ ਤੋਂ ਪਹਿਲਾਂ ਦਿਨ ਵੇਲੇ ਪ੍ਰਧਾਨ ਮੰਤਰੀ ਨੇ ਮਹਾਂਵੀਰ ਜਯੰਤੀ ਦੇ ਸ਼ੁਭ ਮੌਕੇ 'ਤੇ ਗਾਂਧੀਨਗਰ ਦੇ ਮਹਾਂਵੀਰ ਜੈਨ ਅਰਾਧਨਾ ਕੇਂਦਰ ਕੈਂਪਸ ਵਿੱਚ ਸਮਰਾਟ ਸੰਪ੍ਰਤੀ ਅਜਾਇਬ ਘਰ ਦਾ ਵੀ ਉਦਘਾਟਨ ਕੀਤਾ, ਜੋ ਜੈਨ ਧਰਮ ਦੀ ਅਮੀਰ ਇਤਿਹਾਸਕ ਅਤੇ ਅਧਿਆਤਮਿਕ ਵਿਰਾਸਤ ਨੂੰ ਦਰਸਾਉਂਦਾ ਹੈ।ਪ੍ਰਧਾਨ ਮੰਤਰੀ ਨੇ ਦੇਸ਼ ਦੇ ਤੇਜ਼ੀ (ਬਾਕੀ ਸਫਾ 2 'ਤੇ)

### ਪ੍ਰਧਾਨ ਮੰਤਰੀ ਵੱਲੋਂ ਜੈਨ ਵਿਰਾਸਤ ਨੂੰ ਸਮਰਪਿਤ ਸਮਰਾਟ ਸੰਪ੍ਰਤੀ ਮਿਊਜ਼ੀਅਮ ਦਾ ਉਦਘਾਟਨ

ਅਹਿਮਦਾਬਾਦ , 31 ਮਾਰਚ (ਚ.ਨ.ਸ.): ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ ਨੂੰ ਗਾਂਧੀਨਗਰ ਦੇ ਕੋਬਾ ਪਿੰਡ 'ਚ ਜੈਨ ਵਿਰਾਸਤ ਅਤੇ ਅਹਿੰਸਾ ਦੇ ਮੁੱਲਾਂ ਨੂੰ ਸਮਰਪਿਤ ਨਵੇਂ ਬਣੇ 'ਸਮਾਰਟ ਸੰਪ੍ਰਤੀ ਮਿਊਜ਼ੀਅਮ' ਦਾ ਉਦਘਾਟਨ ਕੀਤਾ। ਪ੍ਰਧਾਨ ਮੰਤਰੀ ਨੇ ਜੈਨ ਸੰਤਾਂ ਨਾਲ ਮਹਾਂਵੀਰ ਜਯੰਤੀ ਮੌਕੇ ਮਿਊਜ਼ੀਅਮ ਦਾ ਉਦਘਾਟਨ ਕੀਤਾ। ਸ਼੍ਰੀ ਮਹਾਂਵੀਰ ਜੈਨ ਅਰਾਧਨਾ ਕੇਂਦਰ 'ਚ ਸਥਿਤ ਇਸ ਮਿਊਜ਼ੀਅਮ ਦਾ ਨਾਂ ਸਮਰਾਟ ਸੰਪ੍ਰਤੀ ਮਹਾਰਾਜ (224-216 ਈਸਾ ਪੂਰਵ) ਦੇ ਨਾਂ 'ਤੇ ਰੱਖਿਆ ਗਿਆ ਹੈ, ਜੋ ਸਮਰਾਟ ਅਸ਼ੋਕ ਦੇ ਪੋਤੇ ਅਤੇ ਮੌਰੀਆ ਵੰਸ਼ ਦੇ ਇਕ ਸ਼ਾਸਕ ਸਨ, ਜਿਨ੍ਹਾਂ ਨੇ ਜੈਨ ਧਰਮ ਅਤੇ ਅਹਿੰਸਾ ਦੇ ਸਿਧਾਂਤ ਦਾ ਪ੍ਰਚਾਰ-ਪ੍ਰਸਾਰ ਕੀਤਾ। ਇਕ ਸਰਕਾਰੀ ਬਿਆਨ 'ਚ (ਬਾਕੀ ਸਫਾ 2 'ਤੇ)

### ਪੰਜਾਬ ਵਿੱਚ ਕਣਕ ਦੀ ਸਰਕਾਰੀ ਖ਼ਰੀਦ ਅੱਜ ਤੋਂ ਸ਼ੁਰੂ

ਚੰਡੀਗੜ੍ਹ, 31 ਮਾਰਚ (ਚ.ਨ.ਸ.): ਪੰਜਾਬ 'ਚ ਕਣਕ ਦੀ ਸਰਕਾਰੀ ਖ਼ਰੀਦ ਪਹਿਲੀ ਅਪ੍ਰੈਲ ਤੋਂ ਸ਼ੁਰੂ ਹੋਵੇਗੀ ਜਿਸ ਦੇ ਮੱਦੇਨਜ਼ਰ ਸਰਕਾਰ ਨੇ ਖ਼ਰੀਦ ਪ੍ਰਬੰਧਾਂ ਦੀਆਂ ਤਿਆਰੀਆਂ ਨੂੰ ਅੰਤਿਮ ਛੋਹਾਂ ਦਿੱਤੀਆਂ। 'ਆਪ' ਸਰਕਾਰ ਦੇ ਕਾਰਜਕਾਲ ਦਾ ਇਹ ਕਣਕ ਦਾ ਆਖ਼ਰੀ ਖ਼ਰੀਦ ਸੀਜ਼ਨ ਹੈ। ਸਰਕਾਰ ਨੇ 122 ਲੱਖ ਮੀਟ੍ਰਿਕ ਟਨ ਕਣਕ ਦੀ ਖ਼ਰੀਦ ਦਾ ਟੀਚਾ ਮਿੱਥਿਆ ਹੈ ਪ੍ਰੰਤੂ ਵਿਭਾਗ ਨੇ 132 ਲੱਖ ਮੀਟ੍ਰਿਕ ਟਨ ਕਣਕ ਦੀ ਖ਼ਰੀਦ ਦੇ ਪ੍ਰਬੰਧ ਕੀਤੇ ਹਨ। ਸੂਬੇ 'ਚ 1897 ਖ਼ਰੀਦ ਕੇਂਦਰ ਬਣਾਏ ਗਏ ਹਨ ਜਦੋਂ ਕਿ 266 ਆਰਜ਼ੀ ਖ਼ਰੀਦ ਕੇਂਦਰ ਬਣਾਏ ਜਾਣ ਦੀ ਤਜਵੀਜ਼ ਹੈ।

ਸਰਕਾਰ ਅਪ੍ਰੈਲ ਮਹੀਨੇ ਲਈ 30973 ਕਰੋੜ ਰੁਪਏ ਦੀ ਨਕਦ ਕਰਜ਼ਾ ਹੱਦ (ਸੀ.ਸੀ.ਐਲ.) ਪ੍ਰਾਪਤ ਹੋ ਗਈ ਹੈ। ਐਤਕੀਂ ਸੂਬੇ 'ਚ ਕਣਕ ਭੰਡਾਰਨ ਦੀ ਵੱਡੀ ਸਮੱਸਿਆ ਹੈ ਜਿਸ ਕਾਰਨ ਸਰਕਾਰ ਨੇ ਕੇਂਦਰ ਨੂੰ ਕਰੀਬ 22 ਲੱਖ ਮੀਟ੍ਰਿਕ ਟਨ ਕਣਕ ਮੰਡੀਆਂ 'ਚੋਂ ਸਿੱਧੇ ਚੁੱਕਣ ਲਈ ਕਿਹਾ ਹੈ। ਕੇਂਦਰ ਸਰਕਾਰ ਨੇ ਹਾਲੇ ਤੱਕ ਪਿਛਲੇ ਸਾਲ ਦੀ ਭੰਡਾਰ ਕੀਤੀ ਕਣਕ ਦੀ ਚੁਕਾਈ ਨਹੀਂ ਕੀਤੀ ਹੈ। ਸਰਕਾਰ ਨੇ ਇੱਥੋਂ ਤੱਕ ਆਖ ਦਿੱਤਾ ਹੈ ਕਿ ਜੇ ਮੰਡੀਆਂ 'ਚੋਂ ਫ਼ਸਲ ਦੀ ਸਿੱਧੀ ਚੁਕਾਈ ਨਾ ਕੀਤੀ ਗਈ ਤਾਂ ਕਾਨੂੰਨ ਵਿਵਸਥਾ ਵਿਗੜ ਸਕਦੀ ਹੈ।

## ਨੰਗਲ ਝੀਲ 'ਤੇ ਬਣੇਗਾ ਉੱਤਰੀ ਭਾਰਤ ਦਾ ਪਹਿਲਾ 'ਗਲਾਸ ਬ੍ਰਿਜ': ਮਾਨ

ਸਤਿੰਦਰ ਪਾਲ ਸਿੰਘ

================

ਨੰਗਲ, 31 ਮਾਰਚ:ਨੰਗਲ ਨੂੰ ਆਧੁਨਿਕ ਬੁਨਿਆਦੀ ਢਾਂਚੇ, ਹੁਨਰ ਵਿਕਾਸ ਅਤੇ ਸੈਰ-ਸਪਾਟੇ ਦੇ ਕੇਂਦਰ ਵਜੋਂ ਵਿਕਸਤ ਕਰਨ ਦੇ ਯਤਨਾਂ ਵਜੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 75 ਕਰੋੜ ਰੁਪਏ ਦੇ ਵਿਕਾਸ ਪ੍ਰਾਜੈਕਟ ਦੀ ਸ਼ੁਰੂਆਤ ਕੀਤੀ, ਜਿਸ ਤਹਿਤ ਉੱਤਰੀ ਭਾਰਤ ਦਾ ਪਹਿਲਾ ਗਲਾਸ ਬ੍ਰਿਜ, ਕਾਰਗਿਲ ਸ਼ਹੀਦ ਕੈਪਟਨ ਅਮੋਲ ਕਾਲੀਆ ਦੇ ਨਾਮ 'ਤੇ 23 ਕਰੋੜ ਰੁਪਏ ਦਾ ਸੈਂਟਰ ਆਫ਼ ਐਕਸੀਲੈਂਸ ਅਤੇ ਸਿੱਖਿਆ ਬੁਨਿਆਦੀ ਢਾਂਚੇ ਵਿੱਚ ਵੱਡੇ ਪੱਧਰ 'ਤੇ ਅੱਪਗ੍ਰੇਡੇਸ਼ਨ ਕਰਨਾ ਸ਼ਾਮਲ ਹਨ।

ਮੁੱਖ ਮੰਤਰੀ ਨੇ ਇਹਨਾਂ ਪਹਿਲਕਦਮੀਆਂ ਨੂੰ ਵਿਕਾਸ ਵਿੱਚ ਸਾਲਾਂ ਤੋਂ ਆਈ ਖੜੋਤ ਨੂੰ ਦੂਰ ਕਰਨ ਪ੍ਰਤੀ ਫੈਸਲਾਕੁੰਨ ਕਦਮ ਦੱਸਦਿਆਂ ਇੱਕ ਅਜਿਹੇ ਪ੍ਰਸ਼ਾਸਨਿਕ ਮਾਡਲ ਦੀ ਰੂਪਰੇਖਾ ਦਿੱਤੀ ਜਿਸ ਵਿੱਚ ਰੋਬੋਟਿਕਸ, ਇਲੈਕਟ੍ਰਿਕ ਵਾਹਨ, ਸੂਰਜੀ ਤਕਨਾਲੋਜੀ ਅਤੇ ਡਰੋਨ ਸਿਖਲਾਈ ਵਰਗੇ ਅਤਿ-ਆਧੁਨਿਕ ਖੇਤਰਾਂ ਵਿੱਚ




ਉਦਯੋਗ ਪੱਖੀ ਹੁਨਰ ਸਿਖਲਾਈ, ਔਰਤਾਂ ਲਈ ਤਕਨੀਕੀ ਸਿੱਖਿਆ ਤੱਕ ਪਹੁੰਚ ਅਤੇ ਪੰਜਾਬ ਦੀ ਖੇਤੀਬਾੜੀ ਰੀੜ੍ਹ ਦੀ ਹੱਡੀ ਨੂੰ ਮਜ਼ਬੂਤ ਕਰਨ ਲਈ ਭਾਖੜਾ ਨਹਿਰ ਦੇ ਬਰਾਬਰ ਵੱਡੇ ਪੱਧਰ 'ਤੇ ਪਾਣੀ ਪ੍ਰਦਾਨ ਕਰਨਾ ਸ਼ਾਮਲ ਹੈ।

ਇਸ ਕਦਮ ਨੂੰ ਸਿਆਸੀ ਵਿਰੋਧ ਨਾਲ ਜੋੜਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਸ਼ਿਆਂ ਦੇ ਕਾਰੋਬਾਰ ਦੀ ਸਰਪ੍ਰਸਤੀ ਅਤੇ ਪੰਜਾਬ ਦੇ ਸਮਾਜਿਕ ਤਾਣੇ-ਬਾਣੇ ਨੂੰ ਕਮਜ਼ੋਰ ਕਰਨ ਵਾਲਿਆਂ ਨੂੰ ਕਦੇ ਵੀ ਮੁਆਫ਼ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕ ਨੌਕਰੀਆਂ, ਸਿੱਖਿਆ ਅਤੇ ਬੁਨਿਆਦੀ ਢਾਂਚੇ 'ਤੇ ਕੇਂਦ੍ਰਿਤ ਇਮਾਨਦਾਰ ਸ਼ਾਸਨ ਦੇ ਮਾਡਲ ਵੱਲ ਨਿਰਣਾਇਕ ਤੌਰ 'ਤੇ ਅੱਗੇ ਵਧ ਰਹੇ ਹਨ।

ਲੋਕਾਂ ਨੂੰ 75 ਕਰੋੜ ਰੁਪਏ ਦੇ ਵਿਕਾਸ ਕਾਰਜ ਸਮਰਪਿਤ ਕਰਨ ਉਪਰੰਤ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਅਕਾਲੀਆਂ 'ਤੇ ਪੀੜ੍ਹੀਆਂ ਦੀ ਨਸਲਕੁਸ਼ੀ ਦਾ ਮੁਕੱਦਮਾ ਦਰਜ ਕੀਤਾ ਜਾਣਾ ਚਾਹੀਦਾ ਹੈ ਕਿਉਂਕਿ ਉਨ੍ਹਾਂ ਨੇ ਨਸ਼ਿਆਂ ਦੇ ਵਪਾਰ ਨੂੰ ਸਰਪ੍ਰਸਤੀ ਦਿੱਤੀ ਸੀ ਅਤੇ ਉਨ੍ਹਾਂ ਦੇ ਲੰਬੇ ਕੁਸ਼ਾਸਨ ਦੌਰਾਨ ਨਸ਼ਿਆਂ ਦੇ ਵਪਾਰ ਨੇ ਆਪਣੇ ਪੈਰ ਪਸਾਰੇ ਸਨ। ਇਨ੍ਹਾਂ ਆਗੂਆਂ ਦੇ ਹੱਥ ਆਪਣੇ ਸਰਕਾਰੀ ਵਾਹਨਾਂ ਵਿੱਚ ਸੂਬੇ ਵਿੱਚ ਸਪਲਾਈ ਕੀਤੇ ਜਾਣ ਵਾਲੇ ਨਸ਼ਿਆਂ ਦਾ ਸ਼ਿਕਾਰ ਹੋਏ ਲੱਖਾਂ ਨੌਜਵਾਨਾਂ ਦੇ ਖੂਨ ਨਾਲ ਰੰਗੇ ਹੋਏ ਹਨ। ਇਹ ਪਾਪ ਮੁਆਫ਼ ਨਹੀਂ ਕੀਤੇ ਜਾ ਸਕਦੇ ਅਤੇ ਇਹਨਾਂ ਆਗੂਆਂ ਨੂੰ ਲੋਕਾਂ ਵੱਲੋਂ ਉਨ੍ਹਾਂ ਦੇ ਗੁਨਾਹਾਂ ਲਈ ਕਦੇ ਵੀ ਮੁਆਫ਼ ਨਹੀਂ ਕੀਤਾ ਜਾ (ਬਾਕੀ ਸਫਾ 2 'ਤੇ)

## ਇੱਕ ਮਹੀਨਾ ਬੀਤਣ 'ਤੇ ਵੀ ਅਮਰੀਕਾ ਤੇ ਇਜ਼ਰਾਈਲ ਜੰਗ 'ਚ ਰਹੇ ਨਾਕਾਮ: ਈਰਾਨ

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 31 ਮਾਰਚ: ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ ਦੇ ਵਿਚਕਾਰ, ਈਰਾਨ ਨੇ ਮੰਗਲਵਾਰ ਨੂੰ ਦਾਅਵਾ ਕੀਤਾ ਕਿ ਅਮਰੀਕਾ ਅਤੇ ਇਜ਼ਰਾਈਲ 30 ਦਿਨਾਂ ਦੀ ਲਗਾਤਾਰ ਦੁਸ਼ਮਣੀ ਤੋਂ ਬਾਅਦ ਵੀ ਆਪਣੇ ਉਦੇਸ਼ਾਂ ਨੂੰ ਪੂਰਾ ਕਰਨ ਵਿੱਚ ਅਸਫ਼ਲ ਰਹੇ ਹਨ। ਈਰਾਨ ਦਾ ਮੰਨਣਾ ਹੈ ਕਿ ਉਸ ਦੀ ਆਤਮ-ਨਿਰਭਰਤਾ ਨੇ ਉਸ ਨੂੰ ਹਰ ਮੁਸੀਬਤ ਦਾ ਸਾਹਮਣਾ ਕਰਨ ਦੇ ਕਾਬਲ ਬਣਾਇਆ ਹੈ। ਭਾਰਤ ਵਿੱਚ ਈਰਾਨ ਦੇ ਰਾਜਦੂਤ



ਮੁਹੰਮਦ ਫ਼ਤਾਲੀ ਨੇ ਕਿਹਾ ਕਿ ਦੇਸ਼ ਦੀ ਰਣਨੀਤਕ ਪਹੁੰਚ, ਜੋ ਅਲੀ ਖਮੇਨੇਈ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਹੈ, ਨੇ ਸਾਲਾਂ ਦੀਆਂ ਪਾਬੰਦੀਆਂ ਦੇ ਬਾਵਜੂਦ ਸਵਦੇਸ਼ੀ ਵਿਕਾਸ ਨੂੰ ਪਹਿਲ ਦਿੱਤੀ ਹੈ। ਉਨ੍ਹਾਂ ਨੇ 'ਐਕਸ' 'ਤੇ ਇੱਕ ਪੋਸਟ ਵਿੱਚ ਕਿਹਾ,'ਆਤਮ-ਨਿਰਭਰਤਾ, ਵਿਰੋਧ ਅਤੇ ਸਵਦੇਸ਼ੀ ਵਿਕਾਸ ਅਜਿਹੀਆਂ ਸਦੀਵੀ ਵਿਰਾਸਤਾਂ ਹਨ ਜਿਨ੍ਹਾਂ ਨੇ ਈਰਾਨ ਨੂੰ ਨੈਨੋ-ਟੈਕਨਾਲੋਜੀ, ਬਾਇਓ-ਟੈਕਨਾਲੋਜੀ ਅਤੇ ਐਰੋਸਪੇਸ ਵਰਗੇ ਖੇਤਰਾਂ ਵਿੱਚ ਇੱਕ ਪ੍ਰਮੁੱਖ ਗਲੋਬਲ ਸਥਾਨ ਹਾਸਲ ਕਰਨ ਵਿੱਚ ਮਦਦ ਕੀਤੀ ਹੈ।' ਫ਼ਤਾਲੀ ਨੇ ਦਾਅਵਾ ਕੀਤਾ ਕਿ ਇਸ ਢਾਂਚੇ ਨੇ ਜੰਗ ਦੇ ਮੈਦਾਨ ਵਿੱਚ ਮਜ਼ਬੂਤੀ ਦਿਖਾਈ ਹੈ। ਉਨ੍ਹਾਂ ਕਿਹਾ, 'ਦੁਨੀਆ ਦੀਆਂ ਫੌਜੀ ਸ਼ਕਤੀਆਂ, ਸਾਡੇ ਵਿਰੁੱਧ 30 ਦਿਨਾਂ ਦੀ ਬੇਇਨਸਾਫ਼ੀ ਵਾਲੀ ਜੰਗ ਤੋਂ ਬਾਅਦ ਵੀ, ਆਪਣੇ ਉਦੇਸ਼ਾਂ ਨੂੰ ਪ੍ਰਾਪਤ ਕਰਨ ਵਿੱਚ ਅਸਫ਼ਲ ਰਹੀਆਂ ਹਨ।' ਇਹ ਟਿੱਪਣੀਆਂ ਅਜਿਹੇ ਸਮੇਂ ਆਈਆਂ ਹਨ ਜਦੋਂ ਪੱਛਮੀ ਏਸ਼ੀਆ ਵਿੱਚ ਤਣਾਅ ਬਹੁਤ ਜ਼ਿਆਦਾ ਹੈ ਅਤੇ ਖੇਤਰੀ ਤੇ ਵਿਸ਼ਵਵਿਆਪੀ ਹਿੱਸੇਦਾਰਾਂ ਵੱਲੋਂ ਲਗਾਤਾਰ ਡਿਪਲੋਮੈਟਿਕ ਕੋਸ਼ਿਸ਼ਾਂ ਦੇ ਬਾਵਜੂਦ ਸਥਿਤੀ ਸ਼ਾਂਤ ਹੋਣ ਦੇ ਕੋਈ ਸੰਕੇਤ ਨਹੀਂ ਮਿਲ ਰਹੇ ਹਨ।

### ਵਿੱਤੀ ਸਾਲ 2027 'ਚ ਭਾਰਤ ਦੀ ਜੀ.ਡੀ.ਪੀ. ਵਿਕਾਸ ਦਰ ਇੱਕ ਫ਼ੀਸਦੀ ਘਟਣ ਦਾ ਖ਼ਦਸ਼ਾ

ਨਵੀਂ ਦਿੱਲੀ, 31 ਮਾਰਚ (ਚ.ਨ.ਸ.):'ਅਰਨਸਟ ਐਂਡ ਯੰਗ' (ਈ.ਵਾਈ.) ਦੀ ਹਾਲੀਆ ਰਿਪੋਰਟ ਅਨੁਸਾਰ ਪੱਛਮੀ ਏਸ਼ੀਆ ਵਿੱਚ ਚੱਲ ਰਹੀ ਜੰਗ ਕਾਰਨ ਵਿੱਤੀ ਸਾਲ 2027 ਵਿੱਚ ਭਾਰਤ ਦੀ ਅਸਲ ਜੀ.ਡੀ.ਪੀ.ਵਿਕਾਸ ਦਰ ਵਿੱਚ ਇਕ ਫੀਸਦੀ ਦੀ ਗਿਰਾਵਟ ਆ ਸਕਦੀ ਹੈ। ਇਸ ਦੇ ਨਾਲ ਹੀ ਮਹਿੰਗਾਈ ਦਰ (ਸੀ.ਪੀ.ਆਈ.) ਵਿੱਚ ਵੀ 1.5 ਫੀਸਦੀ ਦਾ ਵਾਧਾ ਹੋਣ ਦੀ ਸੰਭਾਵਨਾ ਹੈ। ਰਿਪੋਰਟ ਵਿੱਚ ਦੱਸਿਆ ਗਿਆ ਹੈ ਕਿ ਇਸ ਸੰਘਰਸ਼ ਨੇ ਵਿਸ਼ਵ ਪੱਧਰ 'ਤੇ ਕੱਚੇ ਤੇਲ ਅਤੇ ਊਰਜਾ ਬਾਜ਼ਾਰ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਭਾਰਤੀ ਕੱਚੇ ਤੇਲ ਦੀ ਕੀਮਤ ਫਰਵਰੀ, 2026 ਵਿੱਚ ਔਸਤਨ 69 ਡਾਲਰ ਪ੍ਰਤੀ ਬੈਰਲ ਸੀ, 24 ਮਾਰਚ, 2026 ਤੱਕ ਵੱਧ ਕੇ 147.2 ਡਾਲਰ ਪ੍ਰਤੀ ਬੈਰਲ ਤੱਕ ਪਹੁੰਚ ਗਈ ਹੈ। ਜੇਕਰ ਇਹ ਜੰਗ ਜਲਦੀ ਖਤਮ ਵੀ ਹੋ ਜਾਂਦੀ ਹੈ ਤਾਂ ਵੀ ਸਪਲਾਈ ਅਤੇ ਆਵਾਜਾਈ ਦੇ ਪ੍ਰਬੰਧਾਂ ਨੂੰ ਦੁਬਾਰਾ ਲੀਹ 'ਤੇ (ਬਾਕੀ ਸਫਾ 2 'ਤੇ)

## ਸ਼ੀਤਲਾ ਮੰਦਰ 'ਚ ਭਾਜੜ ਕਾਰਨ 9 ਸ਼ਰਧਾਲੂ ਮਹਿਲਾਵਾਂ ਦੀ ਮੌਤ

### ਮੋਦੀ ਵੱਲੋਂ 2-2 ਲੱਖ ਅਤੇ ਨਿਤੀਸ਼ ਵੱਲੋਂ 6-6 ਲੱਖ ਰੁਪਏ ਦੇਣ ਦਾ ਐਲਾਨ

ਚੜ੍ਹਦੀਕਲਾ ਬਿਊਰੋ

================

ਪਟਨਾ, 31 ਮਾਰਚ:ਬਿਹਾਰ ਦੇ ਨਾਲੰਦਾ ਜ਼ਿਲ੍ਹੇ ਵਿੱਚ ਸਥਿਤ ਸ਼ੀਤਲਾ ਮੰਦਰ ਵਿੱਚ ਮੰਗਲਵਾਰ ਨੂੰ ਇੱਕ ਧਾਰਮਿਕ ਸਮਾਗਮ ਦੌਰਾਨ ਘੱਟੋ-ਘੱਟ 9 ਔਰਤਾਂ ਦੀ ਮੌਤ ਹੋ ਗਈ ਅਤੇ ਕਈ ਹੋਰ ਜ਼ਖਮੀ ਹੋ ਗਏ। ਰਿਪੋਰਟਾਂ ਅਨੁਸਾਰ ਇਹ ਦੁਖਾਂਤ ਉਸ ਸਮੇਂ ਵਾਪਰਿਆ ਜਦੋਂ ਪੂਜਾ ਲਈ ਸ਼ਰਧਾਲੂਆਂ ਦੀ ਭਾਰੀ ਭੀੜ ਇਕੱਠੀ ਹੋ ਗਈ ਸੀ, ਜਿਸ ਕਾਰਨ ਪੈਦਾ ਹੋਈ ਜ਼ਿਆਦਾ ਭੀੜ ਨੇ ਭਗਦੜ ਮਚਾ ਦਿੱਤੀ ਅਤੇ ਇਸ ਵਿੱਚ ਕਈ ਲੋਕ ਕੁਚਲੇ ਗਏ ਹਨ। ਇਸ ਸਬੰਧੀ ਹੋਰ ਵੇਰਵਿਆਂ ਦੀ ਉਡੀਕ ਕੀਤੀ ਜਾ ਰਹੀ ਹੈ।

ਬਿਹਾਰ ਦੇ ਉਪ ਮੁੱਖ ਮੰਤਰੀ ਸਮਰਾਟ ਚੌਧਰੀ ਨੇ ਨਾਲੰਦਾ ਦੇ ਸ਼ੀਤਲਾ ਮਾਤਾ ਮੰਦਰ ਵਿੱਚ ਭਗਦੜ ਕਾਰਨ



ਜਾਨਾਂ ਗੁਆਉਣ ਵਾਲੇ ਪੀੜਤਾਂ ਦੇ ਪਰਿਵਾਰਾਂ ਨਾਲ ਦਿਲੋਂ ਹਮਦਰਦੀ ਪ੍ਰਗਟ ਕੀਤੀ ਅਤੇ ਉਨ੍ਹਾਂ ਨੂੰ ਸਰਕਾਰੀ ਸਹਿਯੋਗ ਦਾ ਭਰੋਸਾ ਦਿੱਤਾ।ਐਕਸ 'ਤੇ ਇੱਕ ਪੋਸਟ ਵਿੱਚ, ਉਪ ਮੁੱਖ ਮੰਤਰੀ ਨੇ ਭਰੋਸਾ ਦਿਵਾਇਆ ਕਿ ਜ਼ਖਮੀਆਂ ਦੇ ਇਲਾਜ ਨੂੰ ਯਕੀਨੀ ਬਣਾਉਣ ਲਈ ਉਚਿਤ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਲਿਖਿਆ, 'ਨਾਲੰਦਾ ਦੇ ਸ਼ੀਤਲਾ ਮਾਤਾ ਮੰਦਰ ਵਿੱਚ ਵਾਪਰੀ ਭਗਦੜ ਦੀ ਦੁਖਦਾਈ ਘਟਨਾ ਬੇਹੱਦ ਦਿਲ ਕੰਬਾਊ ਹੈ। (ਬਾਕੀ ਸਫਾ 2 'ਤੇ)

### ਅਮਰੀਕਾ ਨੇ ਈਰਾਨ ਨੂੰ ਦਿੱਤੀ ਆਖ਼ਰੀ ਚਿਤਾਵਨੀ

## 'ਸਿੱਧੀ ਡੀਲ ਕਰ ਲਓ ਨਹੀਂ ਤਾਂ ਹੋਰ ਭਿਆਨਕ ਹਮਲਿਆਂ ਲਈ ਤਿਆਰ ਰਹੋ'

ਚੜ੍ਹਦੀਕਲਾ ਬਿਊਰੋ

================

ਵਾਸ਼ਿੰਗਟਨ, 31 ਮਾਰਚ: ਅਮਰੀਕਾ ਦੇ ਯੁੱਧ ਮੰਤਰੀ ਪੀਟ ਹੇਗਸੇਥ ਨੇ ਈਰਾਨ ਨੂੰ ਸਖ਼ਤ ਚਿਤਾਵਨੀ ਦਿੰਦੇ ਹੋਏ ਕਿਹਾ ਹੈ ਕਿ ਉਹ ਅਮਰੀਕਾ ਦੀਆਂ ਸ਼ਰਤਾਂ 'ਤੇ ਸਿੱਧੀ ਡੀਲ ਕਰ ਲਵੇ, ਨਹੀਂ ਤਾਂ ਹੋਰ ਭਿਆਨਕ ਹਮਲਿਆਂ ਲਈ ਤਿਆਰ ਰਹੇ।



ਹੇਗਸੇਥ ਨੇ ਇਕ ਪ੍ਰੈੱਸ ਕਾਨਫਰੰਸ ਦੌਰਾਨ ਸਪੱਸ਼ਟ ਕੀਤਾ ਕਿ ਰਾਸ਼ਟਰਪਤੀ ਡੋਨਾਲਡ ਟਰੰਪ ਇਸ ਜੰਗ ਨੂੰ ਖਤਮ ਕਰਨ ਲਈ ਇਕ ਸਮਝੌਤਾ ਕਰਨਾ ਚਾਹੁੰਦੇ ਹਨ, ਪਰ ਇਹ ਡੀਲ ਸਿਰਫ ਅਮਰੀਕੀ ਸ਼ਰਤਾਂ 'ਤੇ ਹੀ ਹੋਵੇਗੀ। ਰੱਖਿਆ ਮੰਤਰੀ ਨੇ ਕਿਹਾ ਕਿ ਪਿਛਲੇ ਇਕ ਮਹੀਨੇ ਤੋਂ ਚੱਲ ਰਹੀ ਇਸ ਜੰਗ ਕਾਰਨ ਈਰਾਨ ਦੀ ਫੌਜੀ ਸਮਰੱਥਾ ਕਮਜ਼ੋਰ ਹੋ ਗਈ ਹੈ ਅਤੇ ਉਨ੍ਹਾਂ ਦਾ ਮਨੋਬਲ ਡਿੱਗ ਚੁੱਕਾ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਈਰਾਨ ਸਮਝੌਤੇ ਲਈ ਸਹਿਮਤ ਨਹੀਂ ਹੁੰਦਾ ਤਾਂ ਅਮਰੀਕਾ ਆਪਣੇ ਹਮਲਿਆਂ ਨੂੰ ਹੋਰ ਤੇਜ਼ ਅਤੇ ਵਧੇਰੇ ਹਮਲਾਵਰ ਬਣਾਏਗਾ। ਉਨ੍ਹਾਂ ਇਹ ਵੀ ਕਿਹਾ ਕਿ ਆਉਣ ਵਾਲੇ ਦਿਨ ਪੱਛਮੀ ਏਸ਼ੀਆ ਦੇ ਸੰਕਟ ਲਈ ਬਹੁਤ ਨਿਰਣਾਇਕ ਹੋਣਗੇ। ਜੰਗ ਕਾਰਨ ਹੋਰਮੁਜ਼ ਸਟ੍ਰੇਟ ਦੇ ਪ੍ਰਭਾਵਿਤ ਹੋਣ ਨਾਲ ਦੁਨੀਆਂ ਭਰ ਵਿੱਚ ਤੇਲ ਦੀ ਸਪਲਾਈ ਵਿੱਚ ਵਿਘਨ ਪਿਆ ਹੈ ਅਤੇ ਕੀਮਤਾਂ ਵਧ ਗਈਆਂ ਹਨ। ਇਸ ਸਬੰਧੀ ਟਰੰਪ ਨੇ ਪਹਿਲਾਂ ਹੀ ਕਿਹਾ ਹੈ ਕਿ ਜੇਕਰ ਡੀਲ ਨਹੀਂ ਹੁੰਦੀ ਤਾਂ ਈਰਾਨ ਦੇ ਤੇਲ ਖੂਹਾਂ ਨੂੰ ਚੁਣ-ਚੁਣ ਕੇ ਨਿਸ਼ਾਨਾ ਬਣਾਇਆ (ਬਾਕੀ ਸਫਾ 2 'ਤੇ)

### ਵਿਰੋਧ ਅੱਗੇ ਝੁਕੀ ਸੁੱਖੂ ਸਰਕਾਰ, ਵਾਹਨਾਂ 'ਤੇ ਵਧਾਇਆ ਐਂਟਰੀ ਟੈਕਸ ਲਿਆ ਵਾਪਸ

ਸ਼ਿਮਲਾ, 31 ਮਾਰਚ (ਚ.ਨ.ਸ.): ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੇ ਮੰਗਲਵਾਰ ਨੂੰ ਸਰਹੱਦੀ ਖੇਤਰਾਂ ਵਿੱਚ ਵਾਹਨਾਂ ਦੇ ਐਂਟਰੀ ਟੈਕਸ ਵਿੱਚ ਕੀਤੇ ਗਏ ਹਾਲੀਆ ਵਾਧੇ ਨੂੰ ਵਿਰੋਧ ਪ੍ਰਦਰਸ਼ਨਾਂ ਤੋਂ ਬਾਅਦ ਵਾਪਸ ਲੈਣ ਦਾ ਐਲਾਨ ਕੀਤਾ ਹੈ। ਨਵੀਆਂ ਦਰਾਂ ਦੇ ਅਨੁਸਾਰ, ਹੁਣ ਪੰਜ ਸੀਟਾਂ ਵਾਲੇ ਵਾਹਨਾਂ ਨੂੰ 70 ਰੁਪਏ ਅਤੇ 6-12 ਸੀਟਾਂ ਵਾਲੇ ਵਾਹਨਾਂ ਨੂੰ ਪੁਰਾਣੇ ਰੇਟ ਮੁਤਾਬਕ 110 ਰੁਪਏ ਅਦਾ ਕਰਨੇ ਪੈਣਗੇ। ਪਹਿਲਾਂ ਸਰਕਾਰ ਨੇ ਦੋਵਾਂ ਸ਼੍ਰੇਣੀਆਂ ਲਈ (ਬਾਕੀ ਸਫਾ 2 'ਤੇ)

## ਪੰਜਾਬ 'ਚ ਪਏ ਗੜ੍ਹੇ, ਸਾਰੇ ਜ਼ਿਲ੍ਹਿਆਂ ਲਈ ਅਲਰਟ ਜਾਰੀ !

ਚੜ੍ਹਦੀਕਲਾ ਬਿਊਰੋ

================

ਚੰਡੀਗੜ੍ਹ, 31 ਮਾਰਚ:ਪੰਜਾਬ ਦੇ ਮੌਸਮ ਨੇ ਇਕ ਵਾਰ ਫ਼ਿਰ ਰੁਖ ਬਦਲਿਆ। ਅੱਜ ਸ਼ਾਮ ਨੂੰ ਫ਼ਾਜ਼ਿਲਕਾ ਵਿਚ ਗੜ੍ਹੇਮਾਰੀ ਹੋਈ ਹੈ।



ਇਸੇ ਤਰ੍ਹਾਂ ਹੋਰ ਵੀ ਕਈ ਜ਼ਿਲ੍ਹਿਆਂ ਵਿਚ ਬੱਦਲ ਬਣੇ ਹੋਏ ਹਨ ਤੇ ਮੀਂਹ ਪੈਣ ਦੇ ਆਸਾਰ ਹਨ। ਉੱਥੇ ਹੀ ਵਿਭਾਗ ਵੱਲੋਂ ਆਉਣ ਵਾਲੇ ਦਿਨਾਂ ਦੌਰਾਨ ਵੀ ਸੂਬੇ ਵਿਚ ਮੀਂਹ ਦੀ ਭਵਿੱਖਬਾਣੀ ਕੀਤੀ ਗਈ ਹੈ, ਜਿਸ ਨਾਲ ਤਾਪਮਾਨ ਵਿਚ ਗਿਰਾਵਟ ਆਵੇਗੀ ਤੇ ਲੋਕਾਂ ਨੂੰ ਗਰਮੀ ਤੋਂ ਰਾਹਤ ਮਿਲੇਗੀ। ਵਿਭਾਗ ਵੱਲੋਂ ਅੱਜ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿਚ ਹੀ ਮੀਂਹ ਤੇ ਹਨੇਰੀ ਸਬੰਧੀ ਅਲਰਟ ਜਾਰੀ ਕੀਤਾ ਗਿਆ ਹੈ। ਵਿਭਾਗ ਮੁਤਾਬਕ, 3-4 ਅਪ੍ਰੈਲ ਤਕ ਸੂਬੇ ਦੇ ਕਈ ਜ਼ਿਲ੍ਹਿਆਂ ਵਿਚ ਬਾਰਿਸ਼ ਦਾ ਅਸਰ ਵੇਖਣ ਨੂੰ ਮਿਲ ਸਕਦਾ ਹੈ। ਉੱਥੇ ਹੀ ਗੜ੍ਹੇਮਾਰੀ ਕਾਰਨ ਕਿਸਾਨਾਂ ਦੀਆਂ ਫ਼ਸਲਾਂ ਦਾ ਵੀ ਕਾਫ਼ੀ ਨੁਕਸਾਨ ਹੋਇਆ ਹੈ। ਜਾਣਕਾਰੀ ਮੁਤਾਬਕ, ਅੱਜ ਮਲੋਟ ਉਪ ਮੰਡਲ ਦੇ ਦਰਜਨ (ਬਾਕੀ ਸਫਾ 2 'ਤੇ)

### ਜੂਨ ਤੱਕ ਪੰਜਾਬ ਸਮੇਤ ਕਈ ਸੂਬਿਆਂ 'ਚ ਪਵੇਗੀ ਭਾਰੀ ਗਰਮੀ

ਨਵੀਂ ਦਿੱਲੀ, 31 ਮਾਰਚ (ਚ.ਨ.ਸ.):ਭਾਰਤੀ ਮੌਸਮ ਵਿਭਾਗ ਨੇ ਆਪਣੀ ਮਹੀਨਾਵਾਰ ਭਵਿੱਖਬਾਣੀ ਵਿੱਚ ਲੂ ਦੀ ਚਿਤਾਵਨੀ ਦਿੱਤੀ ਹੈ। ਵਿਭਾਗ ਮੁਤਾਬਿਕ ਅਪ੍ਰੈਲ ਅਤੇ ਜੂਨ ਦੇ ਦਰਮਿਆਨ ਪੂਰਬੀ, ਮੱਧ ਅਤੇ ਉੱਤਰ-ਪੱਛਮੀ ਭਾਰਤ ਦੇ ਕੁਝ ਹਿੱਸਿਆਂ ਦੇ ਨਾਲ-ਨਾਲ ਦੱਖਣ-ਪੂਰਬੀ ਪ੍ਰਾਇਦੀਪ ਵਿੱਚ ਆਮ ਨਾਲੋਂ ਵੱਧ ਦਿਨ (ਬਾਕੀ ਸਫਾ 2 'ਤੇ)

### ਸੋਨੀਆ ਗਾਂਧੀ ਨੂੰ ਹਸਪਤਾਲ 'ਚੋਂ ਮਿਲੀ ਛੁੱਟੀ

ਨਵੀਂ ਦਿੱਲੀ, 31 ਮਾਰਚ (ਚ.ਨ.ਸ.):ਕਾਂਗਰਸ ਦੀ ਸੀਨੀਅਰ ਨੇਤਾ ਸੋਨੀਆ ਗਾਂਧੀ ਨੂੰ ਇਨਫੈਕਸ਼ਨ ਤੋਂ ਠੀਕ ਹੋਣ ਮਗਰੋਂ ਮੰਗਲਵਾਰ ਸਵੇਰੇ ਸਰ ਗੰਗਾ ਰਾਮ



ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ। ਡਾਕਟਰਾਂ ਨੇ ਇਹ ਜਾਣਕਾਰੀ ਦਿੱਤੀ। ਸੋਨੀਆ ਗਾਂਧੀ ਨੂੰ ਬੁਖਾਰ ਦੀ ਸ਼ਿਕਾਇਤ ਤੋਂ ਬਾਅਦ 24 ਮਾਰਚ ਦੀ ਰਾਤ ਕਰੀਬ 10.20 ਵਜੇ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ ਸੀ, ਹਸਪਤਾਲ 'ਚ 7 ਦਿਨ ਉਨ੍ਹਾਂ ਦਾ ਇਲਾਜ ਕੀਤਾ (ਬਾਕੀ ਸਫਾ 2 'ਤੇ)

### ਅਮਰੀਕਾ ਨੂੰ ਇੱਕ ਹੋਰ ਵੱਡਾ ਝਟਕਾ !

## ਹੁਣ ਇਟਲੀ ਨੇ ਆਪਣਾ ਏਅਰਬੇਸ ਦੇਣ ਤੋਂ ਕੀਤੀ ਨਾਂਹ

ਚੜ੍ਹਦੀਕਲਾ ਬਿਊਰੋ

================

ਵਾਸ਼ਿੰਗਟਨ, 31 ਮਾਰਚ: ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਈਰਾਨ ਖਿਲਾਫ ਜੰਗ ਛੇੜਨਾ ਉਨ੍ਹਾਂ ਦੇ ਯੂਰਪੀ ਸਹਿਯੋਗੀਆਂ ਨੂੰ ਰਾਸ ਨਹੀਂ ਆ ਰਿਹਾ। ਹਾਲ ਹੀ ਵਿਚ ਵਿਚ ਸਪੇਨ ਨੇ ਕਿਹਾ ਸੀ ਕਿ ਈਰਾਨ 'ਤੇ ਹਮਲਾ ਕਰਨ ਲਈ ਜਾ ਰਹੇ ਕਿਸੇ ਵੀ ਅਮਰੀਕੀ ਜਗੀ ਜਹਾਜ਼ ਨੂੰ ਸਪੇਨ ਉਪਰੋਂ ਲੰਘਣ ਦੀ ਇਜਾਜ਼ਤ ਨਹੀਂ ਹੈ, ਹੁਣ ਅਮਰੀਕਾ ਦੇ ਕਰੀਬੀ ਨਾਟੋ ਸਹਿਯੋਗੀ ਇਟਲੀ ਨੇ ਟਰੰਪ ਪ੍ਰਸ਼ਾਸਨ ਨੂੰ ਵੱਡਾ ਝਟਕਾ ਦਿੱਤਾ ਹੈ। ਇਟਲੀ ਨੇ ਅਮਰੀਕੀ ਫੌਜੀ ਜਹਾਜ਼ਾਂ ਨੂੰ ਸਿਸਿਲੀ ਸਥਿਤ ਸਿਗਨੇਲਾ ਏਅਰਬੇਸ 'ਤੇ ਉਤਰਨ ਦੀ ਇਜਾਜ਼ਤ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਸਿਗਨੇਲਾ ਏਅਰ ਬੇਸ 'ਤੇ ਰੁਕਣ ਤੋਂ ਬਾਅਦ ਅਮਰੀਕੀ ਫੌਜੀ ਜਹਾਜ਼ਾਂ ਨੂੰ ਜੰਗ ਪ੍ਰਭਾਵਿਤ ਮੱਧ ਪੂਰਬ ਵੱਲ ਜਾਣ ਦਾ ਪ੍ਰੋਗਰਾਮ ਸੀ। ਇਸ ਮਾਮਲੇ ਤੋਂ ਜਾਣੂ ਇੱਕ ਸਰੋਤ ਨੇ (ਬਾਕੀ ਸਫਾ 2 'ਤੇ)



### ਏਅਰ ਇੰਡੀਆ ਐਕਸਪ੍ਰੈਸ ਦੇ ਜਹਾਜ਼ ਦੀ ਲਖਨਊ 'ਚ ਐਮਰਜੈਂਸੀ ਲੈਂਡਿੰਗ

ਲਖਨਊ, 31 ਮਾਰਚ (ਚ.ਨ.ਸ.): ਬਾਗਡੋਗਰਾ (ਸਿਲੀਗੁੜੀ) ਤੋਂ ਦਿੱਲੀ ਜਾ ਰਹੀ ਏਅਰ ਇੰਡੀਆ ਐਕਸਪ੍ਰੈਸ ਦੀ ਇੱਕ ਉਡਾਣ ਦੀ ਐਮਰਜੈਂਸੀ ਲੈਂਡਿੰਗ ਕਰਵਾਈ ਗਈ। ਦਰਅਸਲ ਧੂੰਏਂ ਦਾ ਅਲਾਰਮ ਵੱਜਣ ਤੋਂ ਬਾਅਦ ਫਲਾਈਟ ਨੂੰ ਲਖਨਊ ਦੇ ਚੌਧਰੀ ਚਰਨ ਸਿੰਘ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਐਮਰਜੈਂਸੀ ਲੈਂਡਿੰਗ ਕਰਨੀ ਪਈ। ਏਅਰਬੱਸ 1320 ਜਹਾਜ਼ ਰਾਹੀਂ ਚਲਾਈ ਜਾ ਰਹੀ ਫਲਾਈਟ ਨੂੰ ਸੋਮਵਾਰ ਸ਼ਾਮ ਲਖਨਊ ਵੱਲ ਮੋੜ ਦਿੱਤਾ ਗਿਆ ਸੀ। ਇਹ ਫੈਸਲਾ ਉਦੋਂ ਲਿਆ ਗਿਆ ਜਦੋਂ ਪਾਇਲਟ ਨੇ (ਬਾਕੀ ਸਫਾ 2 'ਤੇ)

## ਅੱਜ ਤੋਂ ਲਾਡੋਵਾਲ ਟੋਲ ਪਲਾਜ਼ਾ ਹੋਵੇਗਾ ਹੋਰ ਵੀ ਮਹਿੰਗਾ, ਸਾਰੇ ਟੋਲ ਪਲਾਜ਼ਿਆਂ 'ਤੇ ਨਕਦ ਭੁਗਤਾਨ ਵੀ ਬੰਦ



ਚੜ੍ਹਦੀਕਲਾ ਬਿਊਰੋ

================

ਚੰਡੀਗੜ੍ਹ, 31 ਮਾਰਚ: ਪੰਜਾਬ ਦੇ ਸਭ ਤੋਂ ਮਹਿੰਗੇ ਅਤੇ ਰੁਝੇਵਿਆਂ ਵਾਲੇ ਲਾਡੋਵਾਲ ਟੋਲ ਪਲਾਜ਼ਾ ਦੇ ਰੇਟ ਭਲਕੇ ਯਾਨੀ 1 ਅਪ੍ਰੈਲ ਤੋਂ ਮੁੜ ਤੋਂ ਵਧ ਜਾਣਗੇ। ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ ਨੇ ਲਾਡੋਵਾਲ ਟੋਲ ਪਲਾਜ਼ਾ ਲਈ ਨਵੇਂ ਰੇਟ ਜਾਰੀ ਕਰ ਦਿੱਤੇ ਹਨ। ਇਸ ਦੇ ਨਾਲ ਹੀ 1 ਅਪ੍ਰੈਲ, 2026 ਤੋਂ, ਰਾਸ਼ਟਰੀ ਹਾਈਵੇਅ ਟੋਲ ਪਲਾਜ਼ਿਆਂ 'ਤੇ ਨਕਦ ਭੁਗਤਾਨ ਦਾ ਯੁੱਗ ਹਮੇਸ਼ਾ ਲਈ ਖਤਮ ਹੋ ਜਾਵੇਗਾ। ਲਾਡੋਵਾਲ ਟੋਲ ਪਲਾਜ਼ਾ 'ਤੇ ਨਵੀਆਂ ਦਰਾਂ ਅੱਜ ਰਾਤ 12 ਵਜੇ ਤੋਂ ਲਾਗੂ ਹੋਣਗੀਆਂ। ਨੋਟੀਫਿਕੇਸ਼ਨ ਮੁਤਾਬਕ ਟੋਲ ਰੇਟ ਵਿੱਚ 5 ਰੁਪਏ ਦਾ ਵਾਧਾ ਕੀਤਾ ਗਿਆ ਹੈ। ਟੋਲ ਪਲਾਜ਼ਾ 'ਤੇ ਨਕਦ ਲੈਣ-ਦੇਣ 1 ਅਪ੍ਰੈਲ ਤੋਂ ਪੂਰੀ ਤਰ੍ਹਾਂ ਬੰਦ ਕਰ ਦਿੱਤਾ ਜਾਵੇਗਾ। ਟੋਲ ਪਲਾਜ਼ਾ ਤੋਂ ਲੰਘਣ ਦੇ ਰੇਟ ਨਾ ਸਿਰਫ਼ ਲਾਡੋਵਾਲ ਟੋਲ ਪਲਾਜ਼ਾ 'ਤੇ, (ਬਾਕੀ ਸਫਾ 2 'ਤੇ)

### ਸੋਸ਼ਲ ਮੀਡੀਆ 'ਤੇ ਸਵਤੰਤਰ ਖ਼ਬਰ ਕ੍ਰੀਏਟਰਾਂ ਉੱਤੇ ਸਰਕਾਰੀ ਨਿਯੰਤਰਣ ਵਧਾਉਣ ਦਾ ਵੱਡਾ ਕਦਮ

## ਕੇਂਦਰ ਵੱਲੋਂ ਆਈਟੀ ਨਿਯਮ-2021 'ਚ ਤਬਦੀਲੀਆਂ ਦਾ ਡ੍ਰਾਫਟ ਪ੍ਰਸਤਾਵ, ਯੂਟਿਊਬਰਜ਼ ਤੇ ਇੰਸਟਾਗ੍ਰਾਮ ਵਾਲਿਆਂ ਲਈ ਨਵੀਂ ਚੁਣੌਤੀ

ਪ੍ਰੋ. ਡਾ.ਕ੍ਰਿਸ਼ਨ ਕੁਮਾਰ ਰੱਤੂ
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

==============

ਕੇਂਦਰ ਸਰਕਾਰ ਨੇ ਸੋਸ਼ਲ ਮੀਡੀਆ ਪਲੇਟਫਾਰਮਾਂ ਉੱਤੇ ਚੱਲ ਰਹੇ ਲੱਖਾਂ ਸਵਤੰਤਰ ਨਿਊਜ਼ ਅਤੇ ਕਰੰਟ ਅਫੇਅਰਜ਼ ਕ੍ਰੀਏਟਰਾਂ ਉੱਤੇ ਸਿੱਧਾ ਨਿਯੰਤਰਣ ਵਧਾਉਣ ਲਈ ਇੱਕ ਵੱਡਾ ਡਰਾਫਟ ਪ੍ਰਸਤਾਵ ਤਿਆਰ ਕੀਤਾ ਹੈ।

ਦ ਇੰਡੀਅਨ ਐਕਸਪ੍ਰੈਸ ਸਮੇਤ ਕਈ ਮੀਡੀਆ ਰਿਪੋਰਟਾਂ ਮੁਤਾਬਕ, ਸੂਚਨਾ ਤਕਨਾਲੋਜੀ ਮੰਤਰਾਲੇ (MeitY) ਵੱਲੋਂ 30 ਮਾਰਚ 2026 ਨੂੰ ਜਾਰੀ ਕੀਤੀਆਂ ਗਈਆਂ ਤਬਦੀਲੀਆਂ ਵਿਚ ਆਈਟੀ ਨਿਯਮ 2021 ਦੇ ਭਾਗ-III ਨੂੰ ਵਿਸਥਾਰਿਤ ਕਰਕੇ ਸਵਤੰਤਰ ਖ਼ਬਰ ਕ੍ਰੀਏਟਰਾਂ ਨੂੰ ਵੀ ਪਬਲਿਸ਼ਰ ਵਰਗੀ ਜਵਾਬਦੇਹੀ ਵਾਲੀ ਸ਼੍ਰੇਣੀ ਵਿਚ ਲਿਆਂਦਾ ਜਾ ਰਿਹਾ ਹੈ।

ਇਸ ਡਰਾਫਟ ਤਹਿਤ ਸੂਚਨਾ ਅਤੇ ਪ੍ਰਸਾਰਣ ਮੰਤਰਾਲਾ (MIB) ਨੂੰ ਯੂਟਿਊਬ, ਇੰਸਟਾਗ੍ਰਾਮ, ਐਕਸ (ਪਹਿਲਾਂ ਟਵਿਟਰ) ਆਦਿ ਪਲੇਟਫਾਰਮਾਂ ਉੱਤੇ ਪੋਸਟ



Government of India
Ministry of Electronics and Information Technology
*****
NOTICE

**Subject: Inviting feedback/comments of stakeholders on the Draft amendments to Information Technology (Intermediary Guidelines and Digital Media Ethics Code) Rules, 2021 in relation to strengthening intermediary compliance with clarifications, advisories and directions issued by the Ministry and digital media oversight- reg.**

Dated: 30th March, 2026

The Ministry of Electronics and Information Technology invites feedback on the **draft amendments to the Information Technology (Intermediary Guidelines and Digital Media Ethics Code) Rules, 2021 ("IT Rules, 2021")**.

2. The Government of India remains committed to ensuring an Open, Safe, Trusted and Accountable Internet for all users of Internet-enabled services. The proposed amendments seek to strengthen compliance with clarifications, advisories and directions issued by the Ministry under Part II, and to enhance the effectiveness of regulatory oversight of content regulation mechanisms under Part III (Code of Ethics relating to Digital Media) of the IT Rules, 2021.

3. Key features of the proposed amendments include:

**(i) Amendments in Part II:**

- Clarification in Rule 3(1)(g) and 3(1)(h) that retention obligations are without prejudice to requirements under other laws;
- Insertion of Rule 3(4) mandating compliance by intermediaries with Ministry-issued clarifications, advisories, directions, SOPs, codes of practice and guidelines, forming part of due diligence under section 79.

**(ii) Amendments in Part III:**

- Clarification of applicability of Part III (Rule 8) to intermediaries and news and current affairs content hosted by non-publisher users;
- Strengthening of Rule 14 to expand the scope and functioning of the Inter-Departmental Committee to consider matters beyond complaints, including those referred by the Ministry.

The amendments are clarificatory and procedural in nature and are intended to improve legal certainty, strengthen enforceability of Ministry directions, and ensure effective oversight of intermediary-hosted content, particularly news and current affairs.

4. The **Draft Notification for amendments**, is available on Ministry's website at the following link: [illegible]

The consolidated text of the IT Rules, 2021 as they would stand after the amendments proposed (with the amendments shown in coloured text) is also placed at above link for ease of reference.

5. The submissions will be held in fiduciary capacity in MeitY and shall not be disclosed to any one at any stage, enabling persons to submit feedback/comments freely without any hesitation.

ਕੀਤੇ ਖ਼ਬਰੀ ਕੰਟੈਂਟ ਲਈ ਸਿੱਧੇ ਤੌਰ ਉੱਤੇ ਬਲਾਕਿੰਗ ਆਰਡਰ ਜਾਰੀ ਕਰਨ ਦਾ ਅਧਿਕਾਰ ਮਿਲ ਸਕਦਾ ਹੈ। ਜੇਕਰ ਕਿਸੇ ਕੰਟੈਂਟ ਉੱਤੇ ਸ਼ਿਕਾਇਤ ਆਉਂਦੀ ਹੈ ਅਤੇ ਉਹ ਦੋਸ਼ੀ ਪਾਇਆ ਜਾਂਦਾ ਹੈ ਤਾਂ ਕ੍ਰੀਏਟਰ ਨੂੰ ਉਸ ਵਿਚ ਤਬਦੀਲੀ ਕਰਨੀ ਪੈ ਸਕਦੀ ਹੈ ਜਾਂ ਮੁਆਫ਼ੀ ਵੀ ਮੰਗਣੀ ਪੈ ਸਕਦੀ ਹੈ।

ਹੁਣ ਸੋਸ਼ਲ ਮੀਡੀਆ ਕੰਪਨੀਆਂ ਲਈ ਸਰਕਾਰੀ ਐਡਵਾਈਜ਼ਰੀਆਂ ਦਾ ਪਾਲਣ ਲਾਜ਼ਮੀ ਬਣਾਇਆ ਜਾ ਰਿਹਾ ਹੈ ਅਤੇ ਇਸ ਨੂੰ ਸੇਫ ਹਾਰਬਰ ਸੁਰੱਖਿਆ ਲਈ ਜ਼ਰੂਰੀ ਸ਼ਰਤ ਵਜੋਂ ਰੱਖਿਆ ਜਾ ਸਕਦਾ ਹੈ। ਇਸ ਤਬਦੀਲੀ ਨਾਲ ਹੁਣ ਤੱਕ ਸਿਰਫ਼ ਰਜਿਸਟਰਡ ਡਿਜੀਟਲ ਨਿਊਜ਼ ਪਬਲਿਸ਼ਰਾਂ ਉੱਤੇ ਲਾਗੂ ਹੋਣ ਵਾਲੇ ਨਿਯਮਾਂ ਨੂੰ ਆਮ ਯੂਜ਼ਰਾਂ ਅਤੇ ਇਨਫਲੂਐਂਸਰਾਂ ਉੱਤੇ ਵੀ ਲਾਗੂ ਕੀਤਾ ਜਾਵੇਗਾ ਜੋ ਖ਼ਬਰਾਂ ਜਾਂ ਮੌਜੂਦਾ ਮਾਮਲਿਆਂ ਬਾਰੇ ਕੰਟੈਂਟ ਬਣਾਉਂਦੇ ਹਨ। ਇਸ ਨਾਲ ਛੋਟੇ-ਵੱਡੇ ਯੂਟਿਊਬ ਚੈਨਲਾਂ, ਇੰਸਟਾਗ੍ਰਾਮ ਰੀਲਜ਼ ਅਤੇ ਐਕਸ ਉੱਤੇ ਚੱਲ ਰਹੀਆਂ ਆਜ਼ਾਦ ਖ਼ਬਰੀ ਆਵਾਜ਼ਾਂ ਉੱਤੇ ਨਿਗਰਾਨੀ ਵਧਣੀ (ਬਾਕੀ ਸਫਾ 2 'ਤੇ)

### ਆਕਸਫੋਰਡ ਯੂਨੀਵਰਸਿਟੀ ਦੀ ਖੋਜ 'ਚ ਖ਼ੁਲਾਸਾ

## 'ਗਰਮੀ ਦੇ ਪ੍ਰਭਾਵ ਨਾਲ ਘੱਟ ਰਹੇ ਨੇ ਮੁੰਡਿਆਂ ਦੇ ਜਨਮ'

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 31 ਮਾਰਚ: ਵਾਤਾਵਰਣੀ ਗਰਮੀ ਸਿਰਫ਼ ਮੌਸਮੀ ਚੁਣੌਤੀ ਨਹੀਂ, ਸਗੋਂ ਮਨੁੱਖੀ ਵਸੋਂ ਦੇ ਸੰਤੁਲਨ ਲਈ ਵੀ ਵੱਡਾ ਖ਼ਤਰਾ ਬਣ ਰਹੀ ਹੈ। ਇਕ ਨਵੀਂ ਖੋਜ 'ਚ ਸਾਹਮਣੇ ਆਇਆ ਹੈ ਕਿ ਗਰਭ ਅਵਸਥਾ ਦੌਰਾਨ ਵੱਧ ਤਾਪਮਾਨ ਦੇ ਸੰਪਰਕ ਨਾਲ ਮੁੰਡਿਆਂ ਦੇ ਜਨਮ ਵਿੱਚ ਕਮੀ ਆ ਸਕਦੀ ਹੈ। ਇਹ ਪ੍ਰਗਟਾਵਾ ਆਕਸਫੋਰਡ ਯੂਨੀਵਰਸਿਟੀ ਦੇ ਵਿਗਿਆਨੀਆਂ ਵੱਲੋਂ ਕੀਤੇ ਵਿਸ਼ਲੇਸ਼ਣ ਵਿੱਚ ਸਾਹਮਣੇ ਆਇਆ ਹੈ। ਅਧਿਐਨ ਵਿੱਚ ਭਾਰਤ ਅਤੇ ਸਬ-ਸਹਾਰਾ ਅਫਰੀਕਾ ਦੇ 50 ਲੱਖ ਜਨਮਾਂ ਦੇ ਅੰਕੜਿਆਂ ਨੂੰ ਤਾਪਮਾਨ ਰਿਕਾਰਡ ਨਾਲ ਜੋੜ ਕੇ ਖੰਗਾਲਿਆ ਗਿਆ। ਭਾਰਤ ਵਿੱਚ ਦੂਜੀ ਤਿਮਾਹੀ ਦੌਰਾਨ ਵੱਧ ਤਾਪਮਾਨ ਨਾਲ ਮੁੰਡਿਆਂ ਦੇ ਜਨਮ ਘੱਟ ਹੋਣ ਦੇ ਸਬੂਤ ਮਿਲੇ ਹਨ, ਖ਼ਾਸ ਕਰਕੇ ਉੱਤਰੀ ਸੂਬਿਆਂ ਵਿੱਚ ਵੱਡੀ ਉਮਰ ਦੀਆਂ ਮਾਵਾਂ ਅਤੇ ਉਹ ਪਰਿਵਾਰ ਜਿਨ੍ਹਾਂ ਕੋਲ ਪਹਿਲਾਂ ਪੁੱਤਰ ਨਹੀਂ। ਖੋਜ ਦੇ ਮੁੱਖ ਲੇਖਕ ਅਬਦੈਲ ਘਨੀ ਨੇ ਕਿਹਾ,ਅਤਿ ਗਰਮੀ ਸਿਰਫ਼ ਸਿਹਤ ਲਈ ਖ਼ਤਰਾ ਨਹੀਂ, ਇਹ ਮਨੁੱਖੀ ਪ੍ਰਜਣਨ ਨੂੰ ਵੀ ਪ੍ਰਭਾਵਿਤ ਕਰਦੀ ਹੈ। ਤਾਪਮਾਨ ਇਹ ਨਿਰਧਾਰਤ ਕਰਦਾ ਹੈ ਕਿ ਕੌਣ ਜਨਮ ਲੈਂਦਾ ਹੈ ਅਤੇ ਕੌਣ ਨਹੀਂ। ਉਨ੍ਹਾਂ ਨੇ ਅੱਗੇ ਕਿਹਾ,ਸਾਡੇ ਨਤੀਜੇ ਦਰਸਾਉਂਦੇ ਹਨ ਕਿ ਤਾਪਮਾਨ ਭਰੂਣ ਦੀ ਜ਼ਿੰਦਗੀ ਅਤੇ ਪਰਿਵਾਰਕ ਯੋਜਨਾਬੰਦੀ 'ਤੇ ਸਿੱਧਾ ਅਸਰ ਪਾਉਂਦਾ ਹੈ। ਇਹ ਸਮਝਣਾ ਜ਼ਰੂਰੀ ਹੈ ਕਿ ਵਾਤਾਵਰਣ ਕਿਵੇਂ ਸਮਾਜਾਂ ਨੂੰ ਬਦਲਦਾ ਹੈ। ਇਹ ਖੋਜ PNAS ਜਰਨਲ ਵਿੱਚ ਪ੍ਰਕਾਸ਼ਿਤ ਹੋਈ ਹੈ ਅਤੇ ਵਿਗਿਆਨੀਆਂ ਦਾ ਮੰਨਣਾ ਹੈ ਕਿ ਵੱਧ ਰਹੀ ਗਰਮੀ ਨਾਲ ਲਿੰਗ ਅਨੁਪਾਤ, ਮਾਤਾ-ਭਰੂਣ ਸਿਹਤ ਅਤੇ ਸਮਾਜਿਕ ਰੁਝਾਨਾਂ 'ਤੇ ਗੰਭੀਰ ਅਸਰ ਪੈ ਸਕਦੇ ਹਨ।

## ਨੰਗਲ ਝੀਲ 'ਤੇ ਬਣੇਗਾ ਉੱਤਰੀ ਭਾਰਤ

ਸਕਦਾ।' ਅਕਾਲੀ ਲੀਡਰਸ਼ਿਪ 'ਤੇ ਵਰ੍ਹਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਇਹ ਮੌਕਾਪ੍ਰਸਤ ਆਗੂ ਹਨ ਜੋ ਆਪਣੀ ਸਹੂਲਤ ਅਤੇ ਨਿੱਜੀ ਸਿਆਸੀ ਹਿੱਤਾਂ ਅਨੁਸਾਰ ਗਿਰਗਿਟ ਵਾਂਗ ਆਪਣਾ ਰੰਗ ਅਤੇ ਪੱਖ ਬਦਲਦੇ ਹਨ। ਉਨ੍ਹਾਂ ਨੇ ਲੰਬੇ ਸਮੇਂ ਤੋਂ ਆਪਣੇ ਆਪ ਨੂੰ ਕਿਸਾਨ ਕਹਿ ਕੇ ਲੋਕਾਂ ਨੂੰ ਮੂਰਖ ਬਣਾਇਆ ਹੈ, ਪਰ ਕੀ ਉਹ ਦੱਸ ਸਕਦੇ ਹਨ ਕਿ ਕੋਈ ਵੀ ਅਨਾਜ ਉਤਪਾਦਕ ਬੱਸਾਂ ਦਾ ਇੱਕ ਵੱਡਾ ਬੇੜਾ ਅਤੇ ਗੁੜਗਾਓਂ ਵਿੱਚ ਇੱਕ ਆਲੀਸ਼ਾਨ ਹੋਟਲ ਕਿਵੇਂ ਬਣਾ ਸਕਦਾ ਹੈ? ਇਹ ਸਭ ਕੁਝ ਆਪਣੇ ਨਿੱਜੀ ਸਿਆਸੀ ਲਾਭਾਂ ਲਈ ਸੂਬੇ ਅਤੇ ਇਸ ਦੇ ਲੋਕਾਂ ਦੇ ਹਿੱਤਾਂ ਨੂੰ ਵੇਚ ਕੇ ਬਣਾਇਆ ਗਿਆ ਹੈ।'

ਪੰਜਾਬ ਦੇ ਮੁੱਖ ਮੰਤਰੀ ਨੇ ਕਿਹਾ, 'ਸੁਖਬੀਰ ਸਿੰਘ ਬਾਦਲ ਨੇ ਜਨਤਾ ਵਿੱਚ ਆਪਣਾ ਵਿਸ਼ਵਾਸ਼ ਗੁਆ ਦਿੱਤਾ ਹੈ ਅਤੇ ਰੈਲੀਆਂ ਵਿੱਚ ਭੀੜ ਦਿਖਾਉਣ ਲਈ ਪੈਸੇ ਦੇ ਕੇ ਬੁਲਾਏ ਗਏ ਵਰਕਰਾਂ ਦੀ ਵਰਤੋਂ ਕੀਤੀ ਜਾ ਰਹੀ ਹੈ। ਹਰ ਅਕਾਲੀ ਰੈਲੀ ਵਿੱਚ ਉਹੀ ਭੀੜ ਮੌਜੂਦ ਹੁੰਦੀ ਹੈ। ਸੂਬਾ ਸਰਕਾਰ ਵੱਲੋਂ ਕੀਤੇ ਗਏ ਬੇਮਿਸਾਲ ਕੰਮਾਂ ਕਾਰਨ ਉਹ ਆਪਣਾ ਮਾਨਸਿਕ ਸੁਤੰਲਨ ਗੁਆ ਚੁੱਕੇ ਹਨ ਜਿਸ ਕਾਰਨ ਉਹ ਬੇਬੁਨਿਆਦ ਅਤੇ ਤਰਕਹੀਣ ਬਿਆਨ ਦੇ ਰਹੇ ਹਨ। ਅਜਿਹੇ ਬਿਆਨਾਂ ਦੇ ਆਧਾਰ 'ਤੇ ਹੀ ਸਾਬਕਾ ਉਪ ਮੁੱਖ ਮੰਤਰੀ ਸੱਤਾ ਵਿੱਚ ਵਾਪਸੀ ਦੇ ਸੁਪਨੇ ਦੇਖ ਰਹੇ ਹਨ ਜੋ ਕਦੇ ਵੀ ਸੰਭਵ ਨਹੀਂ ਹੋਵੇਗਾ।'

ਪਿਛਲੀਆਂ ਘਟਨਾਵਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ, 'ਸਾਬਕਾ ਉਪ ਮੁੱਖ ਮੰਤਰੀ ਦਾਅਵਾ ਕਰਦੇ ਹਨ ਕਿ ਉਹਨਾਂ ਨੇ ਆਪਣੇ ਸ਼ਾਸਨ ਦੌਰਾਨ ਵੱਡੇ ਪੱਧਰ 'ਤੇ ਵਿਕਾਸ ਕਾਰਜ ਕੀਤੇ ਪਰ ਕੋਟਕਪੂਰਾ, ਬਹਿਬਲ ਕਲਾਂ ਅਤੇ ਹੋਰ ਥਾਵਾਂ ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ 'ਬੇਅਦਬੀ' ਹੋਈ ਅਤੇ ਬੇਕਸੂਰਾਂ ਨੂੰ ਮਾਰਿਆ ਗਿਆ, ਬਾਰੇ ਚੁੱਪ ਕਿਉਂ ਬੈਠੇ ਹਨ। ਇਹ ਸਾਰੀਆਂ ਘਟਨਾਵਾਂ ਉਨ੍ਹਾਂ ਦੇ ਸ਼ਾਸਨ ਦੌਰਾਨ ਵਾਪਰੀਆਂ। ਉਹ ਇਨ੍ਹਾਂ 'ਬੇਅਦਬੀ' ਦੀਆਂ ਘਟਨਾਵਾਂ ਨੂੰ ਭੁੱਲ ਗਏ ਹਨ ਅਤੇ ਵਿਸ਼ਵਾਸ ਕਰਦੇ ਹਨ ਕਿ ਲੋਕ ਵੀ ਇਨ੍ਹਾਂ ਨੂੰ ਭੁੱਲ ਜਾਣਗੇ, ਪਰ ਲੋਕ ਇਸ ਨੂੰ ਕਦੇ ਨਹੀਂ ਭੁੱਲਣਗੇ। ਉਨ੍ਹਾਂ ਦਾ ਪਰਿਵਾਰ ਇਸ ਵਿੱਚ ਸ਼ਾਮਲ ਸੀ। ਉਨ੍ਹਾਂ ਦੀ 'ਪੰਜਾਬ ਬਚਾਓ ਯਾਤਰਾ' ਅਸਲ ਵਿੱਚ 'ਪਰਿਵਾਰ ਬਚਾਓ ਯਾਤਰਾ' ਹੈ। 15 ਸਾਲ ਸੂਬੇ ਨੂੰ ਲੁੱਟਣ ਤੋਂ ਬਾਅਦ ਉਨ੍ਹਾਂ ਨੂੰ ਇਹ ਦੱਸਣਾ ਚਾਹੀਦਾ ਹੈ ਕਿ ਉਹ ਪੰਜਾਬ ਨੂੰ ਕਿਸ ਤੋਂ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਅਕਾਲੀਆਂ ਨੇ ਸੂਬੇ ਨੂੰ ਬੁਰੀ ਤਰ੍ਹਾਂ ਲੁੱਟਿਆ ਹੈ, ਪੰਜਾਬੀਆਂ ਦੀ ਮਾਨਸਿਕਤਾ ਨੂੰ ਭਾਵਨਾਤਮਕ ਤੌਰ 'ਤੇ ਕੁਚਲਿਆ ਹੈ ਅਤੇ ਮਾਫੀਆ ਨੂੰ ਸਰਪ੍ਰਸਤੀ ਦਿੱਤੀ ਹੈ।'

ਪੰਜਾਬ ਦੇ ਮੁੱਖ ਮੰਤਰੀ ਨੇ ਕਿਹਾ, 'ਲੋਕ ਅਕਾਲੀਆਂ ਅਤੇ ਬਾਦਲ ਪਰਿਵਾਰ ਦੇ ਸ਼ੱਕੀ ਕਿਰਦਾਰ ਤੋਂ ਚੰਗੀ ਤਰ੍ਹਾਂ ਜਾਣੂ ਹਨ, ਇਸ ਲਈ ਲੋਕ ਹੁਣ ਉਨ੍ਹਾਂ ਦੇ ਝਾਂਸੇ ਵਿੱਚ ਨਹੀਂ ਆਉਣਗੇ। ਜਿਨ੍ਹਾਂ ਆਗੂਆਂ ਦੇ ਘਰਾਂ ਤੱਕ ਪਹਿਲਾਂ ਨਹਿਰਾਂ ਜਾਂਦੀਆਂ ਸਨ, ਉਨ੍ਹਾਂ ਨੇ ਕਦੇ ਇਸ ਦੀ ਪਰਵਾਹ ਨਹੀਂ ਕੀਤੀ। ਸੁਖਬੀਰ ਸਿੰਘ ਬਾਦਲ ਇੱਕ ਕਾਨਵੈਂਟ ਸਕੂਲ ਵਿੱਚ ਪੜ੍ਹੇ-ਲਿਖੇ ਆਗੂ ਹਨ ਜੋ ਪੰਜਾਬ ਦੀ ਮੁੱਢਲੀ ਭੂਗੋਲਿਕ ਸਥਿਤੀ ਤੋਂ ਪੂਰੀ ਤਰ੍ਹਾਂ ਅਣਜਾਣ ਹਨ ਪਰ ਫਿਰ ਵੀ ਉਹ ਸੂਬੇ 'ਤੇ ਰਾਜ ਕਰਨਾ ਚਾਹੁੰਦੇ ਹਨ।'

ਵਿਆਪਕ ਸਿਆਸੀ ਦਾਅਵਿਆਂ 'ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ, 'ਜਿਨ੍ਹਾਂ ਨੇ ਪਾਣੀ ਦੇ ਰਾਖੇ ਹੋਣ ਦਾ ਦਾਅਵਾ ਕੀਤਾ ਸੀ, ਉਨ੍ਹਾਂ ਨੇ ਹੀ ਇਸ ਨੂੰ ਬੁਰੀ ਤਰ੍ਹਾਂ ਤਬਾਹ ਕਰ ਦਿੱਤਾ ਅਤੇ ਜਿਨ੍ਹਾਂ ਨੇ ਆਪਣੇ ਆਪ ਨੂੰ 'ਬਾਣੀ' ਦੇ ਸੇਵਾਦਾਰ ਵਜੋਂ ਪੇਸ਼ ਕੀਤਾ ਉਹ ਹੀ ਬੇਅਦਬੀ ਨੂੰ ਰੋਕਣ ਵਿੱਚ ਅਸਫਲ ਰਹੇ। ਇਸੇ ਤਰ੍ਹਾਂ ਦੇਸ਼ ਨੂੰ ਚਲਾਉਣ ਵਾਲੇ ਜੁਮਲੇਬਾਜ਼ ਆਗੂ ਨੇ ਆਪਣੇ ਕਾਰਜਕਾਲ ਦੌਰਾਨ ਲੋਕਾਂ ਨੂੰ ਗੁੰਮਰਾਹ ਕੀਤਾ ਹੈ। ਦੇਸ਼ ਦੇ ਹਰ ਨਾਗਰਿਕ ਦੇ ਖਾਤੇ ਵਿੱਚ 15 ਲੱਖ ਰੁਪਏ ਭੇਜਣ ਦਾ ਵਾਅਦਾ ਅਜੇ ਤੱਕ ਪੂਰਾ ਨਹੀਂ ਹੋਇਆ ਅਤੇ ਲੋਕ, ਖਾਸ ਕਰਕੇ ਔਰਤਾਂ ਗੈਰ-ਯੋਜਨਾਬੱਧ ਨੀਤੀਆਂ ਕਾਰਨ ਦੁਖੀ ਹਨ।'

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਕਾਂਗਰਸ ਵਿੱਚ ਹਰ ਆਗੂ ਮੁੱਖ ਮੰਤਰੀ ਬਣਨਾ ਚਾਹੁੰਦਾ ਹੈ। ਉਨ੍ਹਾਂ ਕੋਲ ਵਰਕਰਾਂ ਨਾਲੋਂ ਵੱਧ ਮੁੱਖ ਮੰਤਰੀ ਦੇ ਚਿਹਰੇ ਹਨ। ਇਸੇ ਕਰਕੇ ਉਨ੍ਹਾਂ ਦੇ ਚੋਟੀ ਦੇ ਆਗੂ ਨੇ ਹਾਲ ਹੀ ਵਿੱਚ ਇੱਕ ਰੈਲੀ ਦੌਰਾਨ ਉਨ੍ਹਾਂ ਨੂੰ ਜਨਤਕ ਤੌਰ 'ਤੇ ਫਿਟਕਾਰ ਲਗਾਈ ਸੀ। ਕਾਂਗਰਸ ਇੱਕ ਵੰਡਿਆ ਹੋਇਆ ਘਰ ਹੈ ਜੋ ਅੰਦਰੂਨੀ ਝਗੜੇ ਕਾਰਨ ਢਹਿ ਜਾਵੇਗਾ, ਪਰ ਫਿਰ ਵੀ ਇਸਦੇ ਆਗੂ ਸੱਤਾ ਵਿੱਚ ਵਾਪਸ ਆਉਣ ਦੇ ਸੁਪਨੇ ਦੇਖਦੇ ਰਹਿੰਦੇ ਹਨ।

ਲੀਡਰਸ਼ਿਪ ਸਬੰਧੀ ਮੁੱਦਿਆਂ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਕਿਹਾ, ਇਹ ਬਦਕਿਸਮਤੀ ਦੀ ਗੱਲ ਹੈ ਕਿ ਕਾਂਗਰਸ ਦੇ ਚੋਟੀ ਦੇ ਆਗੂ ਜੋ ਝਗੜੇ ਕਰ ਰਹੇ ਆਪਣੇ ਸੂਬਾਈ ਆਗੂਆਂ ਨੂੰ ਇੱਕਜੁੱਟ ਕਰਨ ਲਈ ਆਉਂਦੇ ਹਨ, ਨੂੰ ਉਨ੍ਹਾਂ ਦਾ ਨਾਮ ਵੀ ਉਚਾਰਨਾ ਨਹੀਂ ਆਉਂਦਾ। ਇਨ੍ਹਾਂ ਆਗੂਆਂ ਦਾ ਪੰਜਾਬ ਲਈ ਕੋਈ ਦ੍ਰਿਸ਼ਟੀਕੋਣ ਨਹੀਂ ਹੈ। ਉਨ੍ਹਾਂ ਦਾ ਇੱਕੋ ਇੱਕ ਉਦੇਸ਼ ਸੱਤਾ ਵਿੱਚ ਆ ਕੇ ਸੂਬੇ ਦੀ ਦੌਲਤ ਨੂੰ ਲੁੱਟਣਾ ਹੈ ਪਰ ਉਨ੍ਹਾਂ ਦੇ ਸੁਪਨੇ ਕਦੇ ਪੂਰੇ ਨਹੀਂ ਹੋਣਗੇ। ਪਹਿਲਾਂ ਇਹ ਰਵਾਇਤੀ ਪਾਰਟੀਆਂ ਸੱਤਾ ਹਾਸਲ ਕਰਨ ਲਈ ਆਪਣੀ ਵਾਰੀ ਦੀ ਉਡੀਕ ਕਰਦੀਆਂ ਸਨ, ਪਰ ਹੁਣ ਝਾੜੂ ਨੇ ਇਹਨਾਂ ਦਾ ਪੂਰੀ ਤਰ੍ਹਾਂ ਸਫਾਇਆ ਕਰ ਦਿੱਤਾ ਹੈ।

ਲੋਕ-ਪੱਖੀ ਪਹਿਲਕਦਮੀਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੂਬਾ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਪੰਜਾਬ ਦੇ ਸਾਰੇ 65 ਲੱਖ ਪਰਿਵਾਰਾਂ ਨੂੰ ਸਿਹਤ ਕਾਰਡ ਜਾਰੀ ਕੀਤੇ ਜਾ ਰਹੇ ਹਨ। ਇਸ ਤਹਿਤ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਪ੍ਰਦਾਨ ਕੀਤਾ ਜਾ ਰਿਹਾ ਹੈ ਅਤੇ 30 ਲੱਖ ਤੋਂ ਵੱਧ ਲਾਭਪਾਤਰੀ ਪਹਿਲਾਂ ਹੀ ਸਿਹਤ ਕਾਰਡ ਪ੍ਰਾਪਤ ਕਰ ਚੁੱਕੇ ਹਨ। ਇਸ ਯੋਜਨਾ ਤਹਿਤ ਲੱਗਭੱਗ 2 ਲੱਖ ਲੋਕਾਂ ਨੂੰ ਮੁਫ਼ਤ ਇਲਾਜ ਮਿਲ ਚੁੱਕਾ ਹੈ ਅਤੇ ਲੋਕਾਂ ਨੂੰ ਇਸ ਦਾ ਵੱਧ ਤੋਂ ਵੱਧ ਲਾਹਾ ਲੈਣਾ ਚਾਹੀਦਾ ਹੈ।

ਬਿਜਲੀ ਅਤੇ ਸਿੰਚਾਈ ਖੇਤਰ ਵਿੱਚ ਕੀਤੇ ਸੁਧਾਰਾਂ ਨੂੰ ਉਜਾਗਰ ਕਰਦਿਆਂ ਉਨ੍ਹਾਂ ਅੱਗੇ ਕਿਹਾ, ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਝੋਨੇ ਦੇ ਸੀਜ਼ਨ ਦੌਰਾਨ ਖੇਤਾਂ ਦੇ ਟਿਊਬਵੈੱਲਾਂ ਨੂੰ ਅੱਠ ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਦਿੱਤੀ ਜਾ ਰਹੀ ਹੈ।ਸੂਬੇ ਵਿੱਚ 6,900 ਕਿਲੋਮੀਟਰ ਲੰਮੇ 18,349 ਖਾਲਿਆਂ ਨੂੰ ਬਹਾਲ ਕੀਤਾ ਗਿਆ ਹੈ ਤਾਂ ਜੋ ਨਹਿਰੀ ਪਾਣੀ ਸੂਬੇ ਦੇ ਦੂਰ-ਦਰਾਡੇ ਦੇ ਖੇਤਰਾਂ ਤੱਕ ਪਹੁੰਚਾਇਆ ਜਾ ਸਕੇ ਅਤੇ ਇਸ ਨਾਲ ਕਿਸਾਨਾਂ ਨੂੰ ਬਹੁਤ ਫਾਇਦਾ ਹੋਇਆ ਹੈ। ਪਹਿਲੀ ਵਾਰ, ਕਿਸਾਨਾਂ ਨੂੰ ਸਿੰਚਾਈ ਲਈ ਦਿਨ ਵੇਲੇ ਬਿਜਲੀ ਮਿਲ ਰਹੀ ਹੈ ਜਿਸ ਨਾਲ ਉਨ੍ਹਾਂ ਦੀ ਜ਼ਿੰਦਗੀ ਬਦਲ ਰਹੀ ਹੈ।

ਵਿੱਤੀ ਜ਼ਿੰਮੇਵਾਰੀ ਅਤੇ ਔਰਤਾਂ ਦੀ ਭਲਾਈ ਬਾਰੇ ਪੰਜਾਬ ਦੇ ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸਰਕਾਰੀ ਖਜ਼ਾਨੇ ਦਾ ਇੱਕ-ਇੱਕ ਪੈਸਾ ਲੋਕਾਂ ਦੀ ਭਲਾਈ ਲਈ ਵਰਤਿਆ ਜਾ ਰਿਹਾ ਹੈ। ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1000 ਰੁਪਏ ਅਤੇ ਅਨੁਸੂਚਿਤ ਜਾਤੀ ਭਾਈਚਾਰੇ ਦੀਆਂ ਔਰਤਾਂ ਨੂੰ 1500 ਰੁਪਏ ਦਿੱਤੇ ਜਾਣਗੇ। ਇਹ ਯੋਜਨਾ ਔਰਤਾਂ ਨੂੰ ਸੁਤੰਤਰ ਅਤੇ ਸਸ਼ਕਤ ਬਣਾ ਕੇ ਉਨ੍ਹਾਂ ਦੇ ਵਿਕਾਸ 'ਤੇ ਇੱਕ ਮਹੱਤਵਪੂਰਨ ਪ੍ਰਭਾਵ ਪਾਵੇਗੀ।

ਔਰਤਾਂ ਦੇ ਸਸ਼ਕਤੀਕਰਨ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਔਰਤਾਂ ਦੀ ਭਲਾਈ, ਲਿੰਗ ਸਮਾਨਤਾ ਨੂੰ ਉਤਸ਼ਾਹਿਤ ਕਰਨ ਅਤੇ ਫੈਸਲਾ ਲੈਣ ਵਿੱਚ ਔਰਤਾਂ ਦੀ ਭਾਗੀਦਾਰੀ ਨੂੰ ਵਧਾਉਣ ਲਈ ਉਨ੍ਹਾਂ ਦੀ ਵਿੱਤੀ ਸੁਤੰਤਰਤਾ ਨੂੰ ਮਜ਼ਬੂਤ ਕਰਨਾ ਬਹੁਤ ਜ਼ਰੂਰੀ ਹੈ। ਇਸ ਯੋਜਨਾ ਨਾਲ 97 ਫ਼ੀਸਦ ਤੋਂ ਵੱਧ ਔਰਤਾਂ ਨੂੰ ਲਾਭ ਹੋਣ ਦੀ ਉਮੀਦ ਹੈ, ਜੋ ਇਸ ਨੂੰ ਦੇਸ਼ ਵਿੱਚ ਸਭ ਤੋਂ ਵਿਆਪਕ ਮਹਿਲਾ-ਕੇਂਦ੍ਰਿਤ ਸਮਾਜਿਕ ਸੁਰੱਖਿਆ ਪਹਿਲਕਦਮੀਆਂ ਵਿੱਚੋਂ ਇੱਕ ਬਣਾਉਂਦੀ ਹੈ। ਇਹ ਔਰਤਾਂ ਲਈ ਆਰਥਿਕ ਸਹਾਇਤਾ ਨੂੰ ਯਕੀਨੀ ਬਣਾਉਣ ਵੱਲ ਮਹੱਤਵਪੂਰਨ ਕਦਮ ਦਰਸਾਉਂਦਾ ਹੈ ਅਤੇ ਔਰਤਾਂ ਲਈ ਅਸਲ ਵਿੱਤੀ ਆਜ਼ਾਦੀ ਦੇ ਸਰਕਾਰ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦਾ ਹੈ।

ਰੋਜ਼ਗਾਰ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਸੂਬੇ ਦੇ ਨੌਜਵਾਨਾਂ ਨੂੰ 65,000 ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ। ਸਾਰੀਆਂ ਨੌਕਰੀਆਂ ਬਿਨਾਂ ਕਿਸੇ ਭ੍ਰਿਸ਼ਟਾਚਾਰ ਅਤੇ ਭਾਈ-ਭਤੀਜਾਵਾਦ ਨੂੰ ਨਜ਼ਰਅੰਦਾਜ ਕਰਕੇ ਪੂਰੀ ਤਰ੍ਹਾਂ ਯੋਗਤਾ ਦੇ ਆਧਾਰ 'ਤੇ ਦਿੱਤੀਆਂ ਗਈਆਂ ਹਨ। ਇਹ ਕਦਮ ਨੌਜਵਾਨਾਂ ਨੂੰ ਪੰਜਾਬ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਸਰਗਰਮ ਭਾਈਵਾਲ ਬਣਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਨੰਗਲ ਇੱਕ ਪਵਿੱਤਰ ਧਰਤੀ ਹੈ ਅਤੇ ਮੈਂ ਇਸ ਦੇ ਲੋਕਾਂ ਦੀ ਸੇਵਾ ਕਰਨ ਲਈ ਭਾਗਸ਼ਾਲੀ ਮਹਿਸੂਸ ਕਰਦਾ ਹਾਂ। ਇਹ ਹੈਰਾਨੀ ਵਾਲੀ ਗੱਲ ਹੈ ਕਿ ਪਿਛਲੀਆਂ ਸਰਕਾਰਾਂ ਦੀਆਂ ਅਸਫਲਤਾਵਾਂ ਕਾਰਨ ਸਤਲੁਜ ਦਰਿਆ ਦੇ ਨਾਲ ਰਹਿਣ ਵਾਲੇ ਲੋਕਾਂ ਨੂੰ ਵੀ ਖੇਤੀਬਾੜੀ ਅਤੇ ਪੀਣ ਯੋਗ ਪਾਣੀ ਤੋਂ ਵਾਂਝਾ ਰੱਖਿਆ ਗਿਆ ਸੀ। ਪਹਿਲੀ ਵਾਰ ਸੂਬੇ ਵਿੱਚ ਜਲ ਸਰੋਤਾਂ ਨੂੰ ਸਹੀ ਢੰਗ ਨਾਲ ਵਰਤਿਆ ਗਿਆ ਹੈ। ਭਾਖੜਾ ਨਹਿਰ ਦੀ ਸਮਰੱਥਾ 9,500 ਕਿਊਸਿਕ ਹੈ, ਪਰ ਸਾਡੇ ਯਤਨਾਂ ਰਾਹੀਂ ਇਸ ਦੀ ਸਪਲਾਈ ਨੂੰ 11,000 ਕਿਊਸਿਕ ਤੱਕ ਵਧਾ ਦਿੱਤੀ ਗਈ ਹੈ। ਇੱਕ ਤਰ੍ਹਾਂ ਅਸੀਂ ਇੱਕ ਇੰਚ ਵੀ ਜ਼ਮੀਨ ਪ੍ਰਾਪਤ ਕੀਤੇ ਬਿਨਾਂ ਇੱਕ ਨਵੀਂ ਭਾਖੜਾ ਨਹਿਰ ਬਣਾਈ ਹੈ। ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਪਾਣੀ ਦੀ ਹਰ ਬੂੰਦ ਦਾ ਹਿਸਾਬ ਰੱਖਿਆ ਗਿਆ ਹੈ।

ਹੋਰ ਯਤਨਾਂ ਦਾ ਵੇਰਵਾ ਦਿੰਦਿਆਂ ਉਨ੍ਹਾਂ ਕਿਹਾ, 'ਪਾਣੀ ਨੂੰ ਟੇਲਾਂ ਤੱਕ ਪਹੁੰਚਾਉਣ ਲਈ ਨਹਿਰੀ ਪ੍ਰਣਾਲੀ ਨੂੰ ਮੁੜ ਸੁਰਜੀਤ ਕਰਨ ਲਈ 6,500 ਕਰੋੜ ਰੁਪਏ ਖਰਚ ਕੀਤੇ ਗਏ ਹਨ ਅਤੇ ਪਹਿਲੀ ਵਾਰ 1,444 ਪਿੰਡ ਨਹਿਰੀ ਪਾਣੀ ਪ੍ਰਾਪਤ ਕਰ ਰਹੇ ਹਨ। ਅਸੀਂ ਪੰਜਾਬ ਦੇ ਪਾਣੀ ਦੀ ਹਰ ਬੂੰਦ ਨੂੰ ਸੁਰੱਖਿਅਤ ਰੱਖਣ ਲਈ ਵਚਨਬੱਧ ਹਾਂ ਅਤੇ ਕੋਈ ਹੋਰ ਰਾਜ ਇਸਨੂੰ ਜ਼ਬਰਦਸਤੀ ਨਹੀਂ ਲੈ ਸਕਦਾ। ਪਿਛਲੇ ਸਾਲ ਹਰਿਆਣਾ ਨੇ ਅਜਿਹੀ ਚਾਲ ਚਲਣ ਦੀ ਕੋਸ਼ਿਸ਼ ਕੀਤੀ ਪਰ ਉਸਨੂੰ ਸਬਕ ਸਿਖਾਇਆ ਗਿਆ ਅਤੇ ਹੁਣ ਉਹ ਆਪਣੇ ਹਿੱਸੇ ਦੀ ਸਮਝਦਾਰੀ ਨਾਲ ਵਰਤੋਂ ਕਰ ਰਿਹਾ ਹੈ।

ਨੰਗਲ ਵਿੱਚ ਪ੍ਰੋਜੈਕਟਾਂ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅੱਜ ਇੱਕ ਇਤਿਹਾਸਕ ਦਿਨ ਹੈ ਕਿਉਂਕਿ ਕਈ ਵੱਡੇ ਵਿਕਾਸ ਪ੍ਰੋਜੈਕਟ ਸਮਰਪਿਤ ਕੀਤੇ ਜਾ ਰਹੇ ਹਨ। 23 ਕਰੋੜ ਰੁਪਏ ਦੀ ਲਾਗਤ ਨਾਲ ਕੈਪਟਨ ਅਮੋਲ ਕਾਲੀਆ ਸੈਂਟਰ ਆਫ਼ ਐਕਸੀਲੈਂਸ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਸ਼ਹੀਦ ਨੇ ਕਾਰਗਿਲ ਯੁੱਧ ਦੌਰਾਨ 25 ਸਾਲ ਦੀ ਉਮਰ ਵਿੱਚ ਆਪਣੀ ਜਾਨ ਦੇ ਦਿੱਤੀ ਸੀ, ਅਤੇ ਪੂਰਾ ਦੇਸ਼ ਨੰਗਲ ਦੇ ਇਸ ਬਹਾਦਰ ਪੁੱਤਰ 'ਤੇ ਮਾਣ ਕਰਦਾ ਹੈ। ਇਸ ਸੰਸਥਾ 'ਤੇ 23 ਕਰੋੜ ਰੁਪਏ ਖਰਚ ਕੀਤੇ ਜਾਣਗੇ ਜੋ 540 ਵਿਦਿਆਰਥੀਆਂ ਨੂੰ ਸਿਖਲਾਈ ਦੇਵੇਗਾ। ਕੋਰਸ ਉਦਯੋਗ ਦੀਆਂ ਜ਼ਰੂਰਤਾਂ ਅਨੁਸਾਰ ਤਿਆਰ ਕੀਤੇ ਗਏ ਹਨ ਜਿਨ੍ਹਾਂ ਵਿੱਚ ਰੋਬੋਟਿਕਸ, ਇਲੈਕਟ੍ਰਿਕ ਵਾਹਨ ਤਕਨਾਲੋਜੀ, ਸੋਲਰ ਟੈਕਨੀਸ਼ੀਅਨ ਅਤੇ 3ਡੀ ਪ੍ਰਿੰਟਿੰਗ ਸ਼ਾਮਲ ਹਨ। ਇਸ ਵਿੱਚ ਸਿਵਲ ਏਵੀਏਸ਼ਨ, ਏਅਰ ਹੋਸਟੇਸ ਸਿਖਲਾਈ ਅਤੇ ਡਰੋਨ ਤਕਨਾਲੋਜੀ ਵਰਗੇ ਕਈ ਨਵੇਂ ਕੋਰਸ ਵੀ ਸ਼ੁਰੂ ਕੀਤੇ ਜਾਣਗੇ।

ਆਪਣੇ ਦ੍ਰਿਸ਼ਟੀਕੋਣ ਨੂੰ ਸਾਂਝਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦਿੰਦਿਆਂ ਕਿਹਾ ਕਿ ਇਹ ਸੈਂਟਰ ਆਫ਼ ਐਕਸੀਲੈਂਸ ਖੇਤਰ ਦਾ ਸਭ ਤੋਂ ਵਧੀਆ ਹੁਨਰ ਵਿਕਾਸ ਕੇਂਦਰ ਬਣ ਜਾਵੇਗਾ ਅਤੇ ਨੌਜਵਾਨਾਂ ਲਈ ਰੁਜ਼ਗਾਰ ਪੈਦਾ ਕਰੇਗਾ। ਸਾਲ 2025-26 ਵਿੱਚ ਸਾਰੀਆਂ ਆਈ.ਟੀ.ਆਈਜ਼ ਵਿੱਚ ਸੀਟਾਂ ਦੀ ਸਮਰੱਥਾ 32,000 ਤੋਂ ਵਧਾ ਕੇ 52,308 ਕਰ ਦਿੱਤੀ ਗਈ ਹੈ, ਜਿਸ ਵਿੱਚ 814 ਨਵੇਂ ਉਦਯੋਗ-ਅਧਾਰਿਤ ਕੋਰਸ ਸ਼ੁਰੂ ਕੀਤੇ ਗਏ ਹਨ। 34 ਆਈ.ਟੀ.ਆਈ. ਵਿਸ਼ੇਸ਼ ਤੌਰ 'ਤੇ ਲੜਕੀਆਂ ਲਈ ਹਨ ਅਤੇ ਹੋਰ ਆਈ.ਟੀ.ਆਈ. ਵਿੱਚ ਉਨ੍ਹਾਂ ਲਈ 30 ਫ਼ੀਸਦ ਸੀਟਾਂ ਰਾਖਵੀਆਂ ਹਨ।

ਤਕਨੀਕੀ ਸਿੱਖਿਆ ਅਤੇ ਸੈਰ-ਸਪਾਟੇ ਬਾਰੇ ਉਨ੍ਹਾਂ ਕਿਹਾ, ਨਿੱਜੀ ਆਈ.ਟੀ.ਆਈ. ਵਿੱਚ ਆਰਥਿਕ ਤੌਰ 'ਤੇ ਕਮਜ਼ੋਰ ਵਿਦਿਆਰਥੀਆਂ ਲਈ 5 ਫ਼ੀਸਦ ਸੀਟਾਂ ਰਾਖਵੀਆਂ ਹਨ ਅਤੇ ਨੰਗਲ ਸਮੇਤ 11 ਸਰਕਾਰੀ ਆਈ.ਟੀ.ਆਈ. ਨੂੰ ਸੈਂਟਰ ਆਫ਼ ਐਕਸੀਲੈਂਸ ਵਿੱਚ ਅਪਗ੍ਰੇਡ ਕੀਤਾ ਗਿਆ ਹੈ, ਜਿਸ ਵਿੱਚ 22 ਕਰੋੜ ਰੁਪਏ ਬੁਨਿਆਦੀ ਢਾਂਚੇ ਅਤੇ ਮਸ਼ੀਨਰੀ 'ਤੇ ਖਰਚ ਕੀਤੇ ਗਏ ਹਨ। ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਲਈ ਨੰਗਲ ਦੇ ਸ਼ਿਵਾਲਿਕ ਪਾਰਕ ਵਿਖੇ ਝੀਲ 'ਤੇ ਗਲਾਸ ਬ੍ਰਿਜ ਬਣਾਇਆ ਜਾਵੇਗਾ। ਇਸ ਗਲਾਸ ਬ੍ਰਿਜ 'ਤੇ 10 ਕਰੋੜ ਰੁਪਏ ਖਰਚ ਕੀਤੇ ਜਾਣਗੇ, ਜੋ ਕਿ ਉੱਤਰੀ ਭਾਰਤ ਵਿੱਚ ਆਪਣੀ ਕਿਸਮ ਦਾ ਪਹਿਲਾ ਬ੍ਰਿਜ ਹੋਵੇਗਾ। ਇਸ ਦੇ ਨਾਲ ਹੀ ਝੀਲ ਦੀ ਸੁੰਦਰਤਾ ਨੂੰ ਵਧਾਉਣ ਅਤੇ ਸੈਰ-ਸਪਾਟੇ ਨੂੰ ਹੁਲਾਰਾ ਦੇਣ ਲਈ, ਇਸ ਬ੍ਰਿਜ ਦੇ ਛੇ ਮਹੀਨਿਆਂ ਦੇ ਅੰਦਰ ਪੂਰਾ ਹੋਣ ਦੀ ਉਮੀਦ ਹੈ। ਨੰਗਲ ਦੇ ਸਕੂਲ ਆਫ਼ ਐਮੀਨੈਂਸ ਵਿੱਚ 10 ਕਰੋੜ ਰੁਪਏ ਦੀ ਲਾਗਤ ਨਾਲ 500 ਸੀਟਾਂ ਵਾਲਾ ਆਡੀਟੋਰੀਅਮ ਵੀ ਬਣਾਇਆ ਜਾਵੇਗਾ।

ਸਿੱਖਿਆ ਦੇ ਬੁਨਿਆਦੀ ਢਾਂਚੇ ਬਾਰੇ ਉਨ੍ਹਾਂ ਕਿਹਾ ਕਿ ਚਾਰ ਪ੍ਰਯੋਗਸ਼ਾਲਾਵਾਂ ਅਤੇ 12 ਕਲਾਸਰੂਮਾਂ ਵਾਲਾ ਇੱਕ ਚਾਰ ਮੰਜ਼ਿਲਾ ਅਕਾਦਮਿਕ ਬਲਾਕ 8 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਜਾਵੇਗਾ। ਇੱਕ ਵਾਟਰ ਟ੍ਰੀਟਮੈਂਟ ਪਲਾਂਟ ਵੀ ਸਥਾਪਤ ਕੀਤਾ ਜਾ ਰਿਹਾ ਹੈ, ਅਤੇ ਇਸ ਵਿਧਾਨ ਸਭਾ ਖੇਤਰ ਦੇ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਮੈਂ ਲੋਕਾਂ ਦਾ ਉਨ੍ਹਾਂ ਦੇ ਭਾਰੀ ਸਮਰਥਨ ਲਈ ਧੰਨਵਾਦ ਕਰਦਾ ਹਾਂ, ਜੋ 'ਰੰਗਲਾ ਪੰਜਾਬ' ਬਣਾਉਣ ਦੀ ਸਾਡੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਾ ਹੈ।

ਇਸ ਦੌਰਾਨ ਸੀਨੀਅਰ 'ਆਪ' ਆਗੂ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਸੂਬਾ ਵਾਸੀਆਂ ਦਾ ਵੱਡਾ ਹੁੰਗਾਰਾ 'ਆਪ', ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਪ੍ਰਤੀ ਲੋਕਾਂ ਦੇ ਪਿਆਰ ਨੂੰ ਦਰਸਾਉਂਦਾ ਹੈ। 'ਆਪ' ਦਾ ਗਠਨ ਸਿਰਫ਼ ਸਰਕਾਰਾਂ ਬਦਲਣ ਲਈ ਨਹੀਂ ਸਗੋਂ ਸਿਸਟਮ ਨੂੰ ਬਦਲਣ ਲਈ ਕੀਤਾ ਗਿਆ ਸੀ, ਜਿਸ ਕਾਰਨ ਪੰਜਾਬ ਸਿੱਖਿਆ ਅਤੇ ਸਿਹਤ ਵਰਗੇ ਖੇਤਰਾਂ ਵਿੱਚ ਤੇਜ਼ੀ ਨਾਲ ਤਰੱਕੀ ਕਰ ਰਿਹਾ ਹੈ। ਇਸ ਵਿਕਾਸ ਤੋਂ ਘਬਰਾਏ ਵਿਰੋਧੀ ਪਾਰਟੀਆਂ ਨੇ ਸਾਨੂੰ ਝੂਠੇ ਮਾਮਲਿਆਂ ਵਿੱਚ ਫਸਾਉਣ ਦੀ ਕੋਸ਼ਿਸ਼ ਕੀਤੀ, ਪਰ ਅਦਾਲਤ ਤੋਂ ਬਰੀ ਹੋ ਕੇ ਅਸੀਂ ਆਪਣੀ ਇਮਾਨਦਾਰੀ ਨੂੰ ਸਾਬਤ ਕਰ ਦਿੱਤਾ ਹੈ। ਜੇਕਰ ਕਾਂਗਰਸ, ਅਕਾਲੀ ਜਾਂ ਭਾਜਪਾ ਸੱਤਾ ਵਿੱਚ ਵਾਪਸ ਆਉਂਦੇ ਹਨ, ਤਾਂ ਉਹ ਇਨ੍ਹਾਂ ਲੋਕ ਭਲਾਈ ਯੋਜਨਾਵਾਂ ਨੂੰ ਖਤਮ ਕਰ ਦੇਣਗੇ।

ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, ਇਸ ਵਿਧਾਨ ਸਭਾ ਹਲਕੇ ਦੇ ਹਰ ਖੇਤਰ ਵਿੱਚ ਸੰਪੂਰਨ ਵਿਕਾਸ ਹੋਇਆ ਹੈ, ਜਿਸ ਨਾਲ ਵਸਨੀਕਾਂ ਨੂੰ ਬਹੁਤ ਲਾਭ ਹੋ ਰਿਹਾ ਹੈ। ਇਹ ਇਤਿਹਾਸਕ ਪਹਿਲਕਦਮੀਆਂ ਇਸ ਖੇਤਰ ਵਿੱਚ ਵਿਕਾਸ ਦੀ ਗਤੀ ਨੂੰ ਹੋਰ ਤੇਜ਼ ਕਰਨਗੀਆਂ।

ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ, ਸੀਨੀਅਰ 'ਆਪ' ਆਗੂ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਅਤੇ ਹੋਰ ਵੀ ਮੌਜੂਦ ਸਨ।

## ਅਹਿਮਦਾਬਾਦ 'ਚ ਮੋਦੀ ਵੱਲੋਂ 3,300 ਕਰੋੜ

ਨਾਲ ਹੋ ਰਹੇ ਵਿਕਾਸ ਅਤੇ ਨੀਤੀਗਤ ਫੈਸਲਿਆਂ ਦੀ ਗਤੀ 'ਤੇ ਜ਼ੋਰ ਦਿੰਦਿਆਂ ਫਰਵਰੀ ਵਿੱਚ ਮਾਈਕਰੋਨ ਸੈਮੀਕੰਡਕਟਰ ਪਲਾਂਟ ਦੀ ਸ਼ੁਰੂਆਤ ਦਾ ਵੀ ਜ਼ਿਕਰ ਕੀਤਾ ਅਤੇ ਕਿਹਾ ਕਿ ਭਾਰਤ ਨੇ ਉਹ ਕੰਮ ਸਿਰਫ਼ 900 ਦਿਨਾਂ ਵਿੱਚ ਪੂਰਾ ਕਰ ਦਿਖਾਇਆ ਹੈ ਜੋ ਵਿਕਸਿਤ ਦੇਸ਼ਾਂ ਵਿੱਚ ਸਾਲਾਂ ਬੱਧੀ ਸਮਾਂ ਲੈਂਦਾ ਹੈ।

## ਪ੍ਰਧਾਨ ਮੰਤਰੀ ਵੱਲੋਂ ਜੈਨ ਵਿਰਾਸਤ ਨੂੰ

ਕਿਹਾ ਗਿਆ ਹੈ ਕਿ ਮਿਊਜ਼ੀਅਮ 'ਚ ਸਰਦੀਆਂ ਪੁਰਾਣੀਆਂ ਦੁਰਲੱਭ ਜੈਨ ਕਲਾਕ੍ਰਿਤੀਆਂ ਅਤੇ ਰਵਾਇਤੀ ਵਿਰਾਸਤ ਵਸਤੂਆਂ ਹਨ, ਜਿਨ੍ਹਾਂ 'ਚ ਗੁੰਝਲਦਾਰ ਢੰਗ ਨਾਲ ਤਿਆਰ ਕੀਤੀਆਂ ਗਈਆਂ ਪੱਥਰ ਅਤੇ ਧਾਤੂ ਦੀਆਂ ਮੂਰਤੀਆਂ, ਲਘੂ ਚਿੱਤਰ, ਚਾਂਦੀ ਦੇ ਰੱਥ, ਸਿੱਕੇ ਅਤੇ ਪ੍ਰਾਚੀਨ ਪਾਂਡੂਲਿਪੀਆਂ ਸ਼ਾਮਲ ਹਨ।

ਬਿਆਨ 'ਚ ਕਿਹਾ ਗਿਆ ਹੈ ਕਿ ਇਸ ਮਿਊਜ਼ੀਅਮ 'ਚ ਕਈ ਵਿਸ਼ਾਲ ਹਾਲ ਹਨ, ਜਿਨ੍ਹਾਂ 'ਚ 2,000 ਤੋਂ ਵੱਧ ਵਸਤੂਆਂ ਰੱਖੀਆਂ ਗਈਆਂ ਹਨ ਅਤੇ ਇਹ ਮਿਊਜ਼ੀਅਮ ਸੈਲਾਨੀਆਂ ਨੂੰ ਜੈਨ ਧਰਮ ਦੇ ਵਿਕਾਸ ਅਤੇ ਇਸ ਦੇ ਡੂੰਘੇ ਸੱਭਿਆਚਾਰਕ ਪ੍ਰਭਾਵ ਬਾਰੇ ਕਾਲਾਨੁਕ੍ਰਮ ਆਧਾਰਤ ਸਮਝ ਪ੍ਰਦਾਨ ਕਰਦਾ ਹੈ। ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਨੇ ਮਹਾਵੀਰ ਜਯੰਤੀ ਮੌਕੇ ਦੇਸ਼ ਵਾਸੀਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਸੱਚ, ਸਦਭਾਵਨਾ, ਚੰਗਾ ਆਚਰਨ ਅਤੇ ਸਮਾਨਤਾ 'ਤੇ ਆਧਾਰਤ ਭਗਵਾਨ ਮਹਾਵੀਰ ਦੇ ਸੰਦੇਸ਼ਾਂ 'ਚ ਪ੍ਰੇਰਨਾ ਹੈ ਅਤੇ ਉਨ੍ਹਾਂ ਦੇ ਮਹਾਨ ਵਿਚਾਰ ਹਮੇਸ਼ਾ ਮਨੁੱਖਤਾ ਦਾ ਮਾਰਗਦਰਸ਼ਨ ਕਰਨਗੇ। ਉਨ੍ਹਾਂ ਕਿਹਾ ਕਿ ਭਗਵਾਨ ਮਹਾਂਵੀਰ ਦੇ ਆਦਰਸ਼ ਅਧਿਆਤਮਿਕ ਤੌਰ 'ਤੇ ਉਤਸ਼ਾਹਜਨਕ ਹਨ ਅਤੇ ਅੱਜ ਦੇ ਸਮੇਂ 'ਚ ਵੀ ਬਹੁਤ ਪ੍ਰਾਸੰਗਿਕ ਹਨ।

# ਪਹਿਲੇ ਸਫ਼ੇ ਦੀ ਬਾਕੀ

## ਵਿੱਤੀ ਸਾਲ 2027 'ਚ ਭਾਰਤ ਦੀ

ਲੈ ਕੇ ਆਉਣ ਲਈ ਕਾਫੀ ਸਮਾਂ ਲੱਗੇਗਾ। ਭਾਰਤ ਆਪਣੀ ਕੱਚੇ ਤੇਲ ਦੀ ਲੋੜ ਦਾ ਲੱਗਭੱਗ 90 ਫੀਸਦੀ ਹਿੱਸਾ ਦੂਜੇ ਦੇਸ਼ਾਂ ਤੋਂ ਮੰਗਵਾਉਂਦਾ ਹੈ। ਉਹ ਤੇਲ ਤੋਂ ਇਲਾਵਾ ਕੁਦਰਤੀ ਗੈਸ ਅਤੇ ਖਾਦਾਂ ਲਈ ਵੀ ਦੂਜੇ ਦੇਸ਼ਾਂ 'ਤੇ ਨਿਰਭਰ ਹੈ, ਜਿਸ ਕਾਰਨ ਅਜਿਹੇ ਬਾਹਰੀ ਝਟਕੇ ਭਾਰਤੀ ਅਰਥਚਾਰੇ ਲਈ ਵੱਡਾ ਖਤਰਾ ਪੈਦਾ ਕਰਦੇ ਹਨ। ਰਿਪੋਰਟ ਮੁਤਾਬਕ ਮਾਰਚ, 2026 ਵਿੱਚ ਭਾਰਤ ਦੀ ਨਿੱਜੀ ਖੇਤਰ ਦੀ ਗਤੀਵਿਧੀ ਵਿੱਚ ਵੀ ਸੁਸਤੀ ਦੇਖੀ ਗਈ ਹੈ। ਮੈਨੂਫੈਕਚਰਿੰਗ ਪੀ.ਐਮ.ਆਈ. (ਪ੍ਰਚੇਜ਼ਿੰਗ ਮੈਨੇਜਰਜ਼ ਇੰਡੈਕਸ) ਸਾਢੇ ਚਾਰ ਸਾਲਾਂ ਦੇ ਹੇਠਲੇ ਪੱਧਰ 53.8 'ਤੇ ਆ ਗਿਆ ਹੈ। ਘਰੇਲੂ ਮੰਗ ਘਟਣ ਕਾਰਨ ਨਵੇਂ ਆਰਡਰਾਂ ਦੀ ਰਫਤਾਰ ਵੀ ਪਿਛਲੇ ਤਿੰਨ ਸਾਲਾਂ ਵਿੱਚ ਸਭ ਤੋਂ ਘੱਟ ਰਹੀ ਹੈ। ਇਸ ਦੇ ਨਾਲ ਹੀ ਉਤਪਾਦਨ ਦੀ ਲਾਗਤ ਅਤੇ ਵਿਕਰੀ ਕੀਮਤਾਂ ਵਿੱਚ ਵੀ ਤੇਜ਼ੀ ਨਾਲ ਵਾਧਾ ਹੋਇਆ ਹੈ, ਜੋ ਆਉਣ ਵਾਲੇ ਸਮੇਂ ਵਿੱਚ ਆਮ ਜਨਤਾ ਲਈ ਮਹਿੰਗਾਈ ਦੀ ਚੁਣੌਤੀ ਨੂੰ ਹੋਰ ਵਧਾ ਸਕਦਾ ਹੈ।

## ਸ਼ੀਤਲਾ ਮੰਦਰ 'ਚ ਭਾਜੜ ਕਾਰਨ

ਮੈਂ ਇਸ ਹਾਦਸੇ ਵਿੱਚ ਜਾਨਾਂ ਗੁਆਉਣ ਵਾਲੇ ਅਤੇ ਜ਼ਖਮੀ ਹੋਏ ਸਾਰੇ ਸ਼ਰਧਾਲੂਆਂ ਦੇ ਪਰਿਵਾਰਾਂ ਨਾਲ ਆਪਣੀ ਸੰਵੇਦਨਾ ਪ੍ਰਗਟ ਕਰਦਾ ਹਾਂ। ਸਰਕਾਰ ਪ੍ਰਭਾਵਿਤ ਪਰਿਵਾਰਾਂ ਨੂੰ ਹਰ ਸੰਭਵ ਸਹਾਇਤਾ ਅਤੇ ਰਾਹਤ ਪ੍ਰਦਾਨ ਕਰ ਰਹੀ ਹੈ। ਜ਼ਖਮੀਆਂ ਦੇ ਯੋਗ ਇਲਾਜ ਲਈ ਪ੍ਰਬੰਧ ਕੀਤੇ ਗਏ ਹਨ। ਪ੍ਰਮਾਤਮਾ ਵਿੱਛੜੀਆਂ ਰੂਹਾਂ ਨੂੰ ਸ਼ਾਂਤੀ ਬਖਸ਼ੇ ਅਤੇ ਦੁਖੀ ਪਰਿਵਾਰਾਂ ਨੂੰ ਇਸ ਦੁੱਖ ਦੀ ਘੜੀ ਵਿੱਚ ਹਿੰਮਤ ਦੇਵੇ। ਮੈਂ ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਪ੍ਰਾਰਥਨਾ ਕਰਦਾ ਹਾਂ।'

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ ਨੂੰ ਬਿਹਾਰ ਦੇ ਨਾਲੰਦਾ ਵਿਚ ਸ਼ੀਤਲਾ ਮਾਤਾ ਮੰਦਰ 'ਚ ਮਚੀ ਭਾਜੜ ਕਾਰਨ ਹੋਏ ਜਾਨੀ ਨੁਕਸਾਨ 'ਤੇ ਦੁੱਖ ਪ੍ਰਗਟ ਕੀਤਾ। ਇਸ ਦੌਰਾਨ ਉਨ੍ਹਾਂ ਨੇ ਮ੍ਰਿਤਕਾਂ ਦੇ ਰਿਸ਼ਤੇਦਾਰਾਂ ਨੂੰ 2-2 ਲੱਖ ਰੁਪਏ ਅਤੇ ਜ਼ਖਮੀਆਂ ਨੂੰ 50,000 ਰੁਪਏ ਦੀ ਐਕਸਗ੍ਰੇਸ਼ੀਆ ਰਾਸ਼ੀ ਦੇਣ ਦਾ ਐਲਾਨ ਕੀਤਾ।

ਦੂਜੇ ਪਾਸੇ ਇਸ ਮੰਦਭਾਗੀ ਘਟਨਾ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਮ੍ਰਿਤਕਾਂ ਦੇ ਪਰਿਵਾਰਾਂ ਲਈ ਕੁੱਲ 6-6 ਲੱਖ ਰੁਪਏ ਦੇ ਮੁਆਵਜ਼ੇ ਦਾ ਐਲਾਨ ਕੀਤਾ ਹੈ, ਜਿਸ ਵਿੱਚ 4 ਲੱਖ ਰੁਪਏ ਆਪਦਾ ਪ੍ਰਬੰਧਨ ਵਿਭਾਗ ਅਤੇ 2 ਲੱਖ ਰੁਪਏ ਮੁੱਖ ਮੰਤਰੀ ਰਾਹਤ ਫੰਡ ਵਿੱਚੋਂ ਦਿੱਤੇ ਜਾਣਗੇ।

ਪੁਲਿਸ ਨੇ ਦੱਸਿਆ ਕਿ ਨਾਲੰਦਾ ਦੇ ਸ਼ੀਤਲਾ ਮਾਤਾ ਮੰਦਰ ਵਿੱਚ ਭਗਦੜ ਵਿੱਚ ਘੱਟੋ-ਘੱਟ ਅੱਠ ਔਰਤਾਂ ਦੀ ਮੌਤ ਹੋ ਜਾਣ ਦੀ ਸੂਚਨਾ ਮਿਲੀ ਹੈ।

ਜਿਸ ਸਮੇਂ ਇਹ ਘਟਨਾ ਵਾਪਰੀ, ਉਸ ਸਮੇਂ ਮੰਦਰ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਉਸ ਸਮੇਂ ਮੰਦਰ ਵਿਚ ਹੋ ਰਹੀ ਪੂਜਾ ਦੌਰਾਨ ਸ਼ਰਧਾਲੂਆਂ ਵਿਚ ਭਾਜੜ ਪੈ ਗਈ ਅਤੇ ਲੋਕ ਇਕ ਦੂਜੇ ਦੇ ਹੇਠਾਂ ਆ ਗਏ। ਇੱਕ ਸੰਦੇਸ਼ ਵਿੱਚ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ, 'ਬਿਹਾਰ ਦੇ ਨਾਲੰਦਾ ਜ਼ਿਲ੍ਹੇ ਵਿੱਚ ਹੋਈ ਇਹ ਘਟਨਾ ਬਹੁਤ ਦੁਖਦਾਈ ਹੈ। ਮੈਂ ਉਨ੍ਹਾਂ ਸਾਰਿਆਂ ਪ੍ਰਤੀ ਸੰਵੇਦਨਾ ਪ੍ਰਗਟ ਕਰਦਾ ਹਾਂ ਜਿਨ੍ਹਾਂ ਨੇ ਆਪਣੇ ਅਜ਼ੀਜ਼ਾਂ ਨੂੰ ਗੁਆ ਦਿੱਤਾ ਹੈ। ਮੈਂ ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕਰਦਾ ਹਾਂ।' ਉਨ੍ਹਾਂ ਨੇ ਪ੍ਰਧਾਨ ਮੰਤਰੀ ਰਾਸ਼ਟਰੀ ਰਾਹਤ ਫੰਡ (ਪੀਐੱਮਐੱਨਆਰਐੱਫ) ਵਿੱਚੋਂ ਮ੍ਰਿਤਕਾਂ ਦੇ ਰਿਸ਼ਤੇਦਾਰਾਂ ਨੂੰ 2 ਲੱਖ ਰੁਪਏ ਅਤੇ ਜ਼ਖਮੀਆਂ ਨੂੰ 50,000 ਰੁਪਏ ਦੀ ਐਕਸ-ਗ੍ਰੇਸ਼ੀਆ ਸਹਾਇਤਾ ਦਾ ਐਲਾਨ ਕੀਤਾ।

## 'ਸਿੱਧੀ ਡੀਲ ਕਰ ਲਓ ਨਹੀਂ

ਜਾਵੇਗਾ। ਹੇਗਸੇਥ ਨੇ ਇਹ ਵੀ ਇਲਜ਼ਾਮ ਲਗਾਇਆ ਕਿ ਸਮੁੰਦਰੀ ਰਸਤਿਆਂ ਦੀ ਸੁਰੱਖਿਆ ਸਿਰਫ ਅਮਰੀਕਾ ਦੀ ਜ਼ਿੰਮੇਵਾਰੀ ਨਹੀਂ ਹੈ ਅਤੇ ਨਾਟੋ ਦੇਸ਼ਾਂ ਨੇ ਮਦਦ ਮੰਗਣ 'ਤੇ ਸਾਥ ਨਹੀਂ ਦਿੱਤਾ।ਅਮਰੀਕੀ ਯੁੱਧ ਮੰਤਰੀ ਨੇ ਉਮੀਦ ਜਤਾਈ ਕਿ ਮੋਜਤਬਾ ਖਾਮੇਨੇਈ ਦੀ ਅਗਵਾਈ ਵਾਲੀ ਈਰਾਨ ਦੀ ਨਵੀਂ ਸਰਕਾਰ ਪਿਛਲੀ ਸਰਕਾਰ ਨਾਲੋਂ ਵਧੇਰੇ ਸਮਝਦਾਰ ਸਾਬਤ ਹੋਵੇਗੀ ਅਤੇ ਡੀਲ ਦੇ ਮਹੱਤਵ ਨੂੰ ਸਮਝੇਗੀ।

## ਵਿਰੋਧ ਅੱਗੇ ਝੁਕੀ ਸੁੱਖੂ ਸਰਕਾਰ, ਵਾਹਨਾਂ 'ਤੇ ਵਧਾਇਆ ਐਂਟਰੀ

ਟੈਕਸ ਵਧਾ ਕੇ 130 ਰੁਪਏ ਕਰਨ ਦਾ ਪ੍ਰਸਤਾਵ ਦਿੱਤਾ ਸੀ। ਟੋਲ ਦੇ ਪੰਜ ਕਿਲੋਮੀਟਰ ਦੇ ਘੇਰੇ ਵਿੱਚ ਰਹਿਣ ਵਾਲੇ ਨਿਵਾਸੀਆਂ ਨੂੰ ਵਿਸ਼ੇਸ਼ ਪਾਸ ਮੁਹੱਈਆ ਕਰਵਾਏ ਜਾਣਗੇ। ਮੁੱਖ ਮੰਤਰੀ ਨੇ ਕਿਹਾ ਕਿ ਇਸ ਮੁੱਦੇ 'ਤੇ ਜਾਣਬੁੱਝ ਕੇ ਭੰਬਲਭੂਸਾ ਫੈਲਾਇਆ ਜਾ ਰਿਹਾ ਸੀ, ਜਦੋਂ ਕਿ ਜ਼ਿਆਦਾਤਰ ਵਾਹਨ ਸ਼੍ਰੇਣੀਆਂ ਲਈ ਇਹ ਵਾਧਾ ਮਾਮੂਲੀ ਸੀ। ਉਨ੍ਹਾਂ ਸਪੱਸ਼ਟ ਕੀਤਾ ਕਿ ਲੋਕਾਂ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਇਹ ਫੈਸਲਾ ਲਿਆ ਗਿਆ ਹੈ। ਇਸ ਫੈਸਲੇ ਦਾ ਸਭ ਤੋਂ ਵੱਧ ਫਾਇਦਾ ਗੁਆਂਢੀ ਸੂਬਿਆਂ, ਖਾਸ ਕਰਕੇ ਪੰਜਾਬ ਅਤੇ ਹਰਿਆਣਾ ਤੋਂ ਹਿਮਾਚਲ ਆਉਣ-ਜਾਣ ਵਾਲੇ ਰੋਜ਼ਾਨਾ ਦੇ ਯਾਤਰੀਆਂ ਅਤੇ ਸਥਾਨਕ ਵਪਾਰੀਆਂ ਨੂੰ ਹੋਵੇਗਾ। ਟੈਕਸ ਵਾਧੇ ਕਾਰਨ ਸਰਹੱਦੀ ਖੇਤਰਾਂ ਵਿੱਚ ਸੈਰ-ਸਪਾਟਾ ਅਤੇ ਮਾਲ ਦੀ ਢੋਆ-ਢੁਆਈ ਪ੍ਰਭਾਵਿਤ ਹੋਣ ਦਾ ਖਦਸ਼ਾ ਜਤਾਇਆ ਜਾ ਰਿਹਾ ਸੀ, ਜਿਸ ਕਾਰਨ ਟੈਕਸੀ ਯੂਨੀਅਨਾਂ ਅਤੇ ਸਥਾਨਕ ਕਾਰੋਬਾਰੀਆਂ ਵੱਲੋਂ ਲਗਾਤਾਰ ਪ੍ਰਦਰਸ਼ਨ ਕੀਤੇ ਜਾ ਰਹੇ ਸਨ। ਮੁੱਖ ਮੰਤਰੀ ਨੇ ਭਰੋਸਾ ਦਿੱਤਾ ਹੈ ਕਿ ਸਰਕਾਰ ਲੋਕਾਂ ਦੇ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਕੰਮ ਕਰ ਰਹੀ ਹੈ ਅਤੇ ਪੰਜ ਕਿਲੋਮੀਟਰ ਦੇ ਘੇਰੇ ਵਾਲੇ ਲੋਕਾਂ ਲਈ ਵਿਸ਼ੇਸ਼ ਪਾਸ ਜਾਰੀ ਕਰਨ ਦੀ ਪ੍ਰਕਿਰਿਆ ਜਲਦੀ ਹੀ ਸ਼ੁਰੂ ਕਰ ਦਿੱਤੀ ਜਾਵੇਗੀ ਤਾਂ ਜੋ ਸਥਾਨਕ ਵਸਨੀਕਾਂ 'ਤੇ ਕੋਈ ਵਾਧੂ ਵਿੱਤੀ ਬੋਝ ਨਾ ਪਵੇ।

## ਪੰਜਾਬ 'ਚ ਪਏ ਗੜ੍ਹੇ, ਸਾਰੇ ਜ਼ਿਲ੍ਹਿਆਂ

ਭਰ ਪਿੰਡਾਂ ਵਿਚ ਮੀਂਹ ਅਤੇ ਹੋਈ ਗੜੇਮਾਰੀ ਹੋਈ, ਜਿਸ ਨਾਲ ਕਣਕ ਦੀ ਫਸਲ ਦਾ ਭਾਰੀ ਨੁਕਸਾਨ ਹੋਇਆ। ਮਲੋਟ ਅਤੇ ਲੰਬੀ ਬਲਾਕ ਦੇ ਵੱਖ ਵੱਖ ਪਿੰਡਾਂ ਤੋਂ ਮਿਲੀਆਂ ਖਬਰਾਂ ਅਨੁਸਾਰ ਇਸ ਬਾਰਿਸ਼ ਅਤੇ ਗੜੇਮਾਰੀ ਨਾਲ ਅਗੇਤੀ ਕਣਕ ਦਾ ਭਾਰੀ ਨੁਕਸਾਨ ਹੋਇਆ ਹੈ। ਮਹਿਕਮਾਂ ਖੇਤੀਬਾੜੀ ਵੱਲੋਂ ਇਸ ਦੀ ਪੁਸ਼ਟੀ ਕੀਤੀ ਹੈ। ਉਧਰ ਖੇਤੀਬਾੜੀ ਵਿਭਾਗ ਅਤੇ ਮੌਸਮ ਵਿਭਾਗ ਦੀਆਂ ਰਿਪੋਰਟਾਂ ਕਰਕੇ ਕਿਸਾਨਾਂ ਵਿਚ ਅਜੇ ਅਗਲੇ ਦਿਨਾਂ ਵਿਚ ਵੀ ਬਾਰਿਸ਼ ਦਾ ਡਰ ਬਣਿਆ ਹੋਇਆ ਹੈ।

## ਜੂਨ ਤੱਕ ਪੰਜਾਬ ਸਮੇਤ ਕਈ ਸੂਬਿਆਂ 'ਚ

ਲੂ ਚੱਲਣ ਦੀ ਸੰਭਾਵਨਾ ਹੈ। ਇਨ੍ਹਾਂ ਮਹੀਨਿਆਂ ਦੌਰਾਨ, ਦੇਸ਼ ਦੇ ਕਈ ਹਿੱਸਿਆਂ ਵਿੱਚ ਰਾਤ ਦਾ ਵੱਧ ਤੋਂ ਵੱਧ ਤਾਪਮਾਨ ਆਮ ਜਾਂ ਆਮ ਨਾਲੋਂ ਘੱਟ ਰਹਿਣ ਦੀ ਉਮੀਦ ਹੈ, ਪਰ ਪੂਰਬੀ ਅਤੇ ਉੱਤਰ-ਪੂਰਬੀ ਭਾਰਤ ਦੇ ਜ਼ਿਆਦਾਤਰ ਹਿੱਸਿਆਂ ਅਤੇ ਮੱਧ ਭਾਰਤ ਦੇ ਪੂਰਬੀ ਖੇਤਰਾਂ ਵਿੱਚ ਦਿਨ ਦਾ ਵੱਧ ਤੋਂ ਵੱਧ ਤਾਪਮਾਨ ਆਮ ਨਾਲੋਂ ਜ਼ਿਆਦਾ ਰਹਿ ਸਕਦਾ ਹੈ। ਗਰਮੀਆਂ ਦੇ ਇਸ ਸੀਜ਼ਨ ਦੌਰਾਨ ਮਹਾਰਾਸ਼ਟਰ ਅਤੇ ਤੇਲੰਗਾਨਾ ਦੇ ਕੁਝ ਇਲਾਕਿਆਂ ਨੂੰ ਛੱਡ ਕੇ ਦੇਸ਼ ਦੇ ਬਾਕੀ ਹਿੱਸਿਆਂ ਵਿੱਚ ਘੱਟੋ-ਘੱਟ ਤਾਪਮਾਨ ਵੀ ਆਮ ਨਾਲੋਂ ਵੱਧ ਰਹਿਣ ਦੀ ਸੰਭਾਵਨਾ ਹੈ। ਅਪਰੈਲ ਮਹੀਨੇ ਲਈ ਵਿਭਾਗ ਨੇ ਕਿਹਾ ਹੈ ਕਿ ਦੇਸ਼ ਦੇ ਕਈ ਹਿੱਸਿਆਂ ਵਿੱਚ ਵੱਧ ਤੋਂ ਵੱਧ ਤਾਪਮਾਨ ਆਮ ਰਹਿ ਸਕਦਾ ਹੈ, ਹਾਲਾਂਕਿ ਉੱਤਰ-ਪੱਛਮੀ ਅਤੇ ਦੱਖਣੀ ਭਾਰਤ ਦੇ ਕੁਝ ਹਿੱਸਿਆਂ ਵਿੱਚ ਇਹ ਆਮ ਨਾਲੋਂ ਵੱਧ ਹੋਵੇਗਾ। ਮੀਂਹ ਦੀ ਗੱਲ ਕਰੀਏ ਤਾਂ ਅਪ੍ਰੈਲ,2026 ਦੌਰਾਨ ਪੂਰੇ ਦੇਸ਼ ਵਿੱਚ ਔਸਤਨ ਮੀਂਹ ਆਮ ਨਾਲੋਂ ਵੱਧ ਹੋਣ ਦੀ ਸੰਭਾਵਨਾ ਹੈ, ਪਰ ਉੱਤਰ-ਪੂਰਬੀ ਭਾਰਤ ਵਿੱਚ ਆਮ ਨਾਲੋਂ ਘੱਟ ਮੀਂਹ ਪੈਣ ਦੀ ਉਮੀਦ ਜਤਾਈ ਗਈ ਹੈ।.

## ਸੋਨੀਆ ਗਾਂਧੀ ਨੂੰ

ਗਿਆ। ਹਸਪਤਾਲ ਦੇ ਚੇਅਰਮੈਨ ਡਾ. ਅਜੇ ਸਵਰੂਪ ਅਨੁਸਾਰ ਸੋਨੀਆ ਗਾਂਧੀ (79) ਦਾ, ਇਕ ਗੰਭੀਰ ਇਨਫੈਕਸ਼ਨ ਲਈ ਇਲਾਜ ਕੀਤਾ ਗਿਆ ਅਤੇ ਐਂਟੀਬਾਇਓਟਿਕ ਦਵਾਈਆਂ ਨਾਲ ਉਨ੍ਹਾਂ ਨੂੰ ਕਾਫੀ ਫਾਇਦਾ ਹੋਇਆ। ਜਦੋਂ ਰੋਗਾਣੂ ਖੂਨ ਰਾਹੀਂ ਪ੍ਰਵੇਸ਼ ਕਰਦੇ ਹਨ ਅਤੇ ਇਕ ਹੀ ਸਥਾਨ 'ਤੇ ਰਹਿਣ ਦੀ ਬਜਾਏ ਪੂਰੇ ਸਰੀਰ 'ਚ ਫੈਲ ਜਾਂਦੇ ਹਨ ਤਾਂ ਇਸ ਨੂੰ 'ਸਿਸਟਮਿਕ ਇਨਫੈਕਸ਼ਨ' ਕਹਿੰਦੇ ਹਨ। ਡਾਕਟਰਾਂ ਨੇ ਦੱਸਿਆ ਕਿ ਉਹ ਹੁਣ ਠੀਕ ਹੋ ਗਈ ਹੈ ਅਤੇ ਘਰ 'ਚ ਹੀ ਉਨ੍ਹਾਂ ਦਾ ਅੱਗੇ ਦਾ ਇਲਾਜ ਹੋਵੇਗਾ।

## ਹੁਣ ਇਟਲੀ ਨੇ ਆਪਣਾ ਏਅਰਬੇਸ

ਮੰਗਲਵਾਰ ਨੂੰ ਖੁਲਾਸਾ ਕੀਤਾ ਕਿ ਜਿਓਰਜੀਓ ਮੇਲੋਨੀ ਦੀ ਇਟਲੀ ਸਰਕਾਰ ਨੇ ਅਮਰੀਕੀ ਜਹਾਜ਼ਾਂ ਨੂੰ ਆਪਣੇ ਬੇਸ 'ਤੇ ਉਤਰਨ ਦੀ ਇਜਾਜ਼ਤ ਨਹੀਂ ਦਿੱਤੀ। ਇੱਕ ਇਟਲੀ ਅਖਬਾਰ ਮੁਤਾਬਕ ਕੁਝ ਅਮਰੀਕੀ ਬਾਂਬਰਸ ਪੂਰਬੀ ਸਿਸਲੀ ਦੇ ਬੇਸ 'ਤੇ ਉਤਰਨ ਵਾਲੇ ਸਨ, ਜਿਸ ਤੋਂ ਬਾਅਦ ਉਨ੍ਹਾਂ ਨੇ ਮੱਧ ਪੂਰਬ ਵੱਲ ਜਾਣਾ ਸੀ ਹਾਲਾਂਕਿ, ਇਹ ਨਹੀਂ ਦੱਸਿਆ ਗਿਆ ਸੀ ਕਿ ਅਮਰੀਕੀ ਬੰਬਾਰ ਕਦੋਂ ਉਤਰਨ ਵਾਲੇ ਸਨ। ਸਰੋਤ ਨੇ ਇਹ ਵੀ ਸਪੱਸ਼ਟ ਨਹੀਂ ਕੀਤਾ ਕਿ ਅਮਰੀਕੀ ਸਮੂਹ ਵਿੱਚ ਕਿੰਨੇ ਜਹਾਜ਼ ਸ਼ਾਮਲ ਸਨ ਅਤੇ ਇਟਲੀ ਨੇ ਉਨ੍ਹਾਂ ਨੂੰ ਉਤਰਨ ਦੀ ਇਜਾਜ਼ਤ ਦੇਣ ਤੋਂ ਕਦੋਂ ਇਨਕਾਰ ਕਰ ਦਿੱਤਾ। ਇਟਲੀ ਅਖਬਾਰ ਨੇ ਇਹ ਵੀ ਕਿਹਾ ਕਿ ਇਜਾਜ਼ਤ ਇਸ ਲਈ ਨਹੀਂ ਦਿੱਤੀ ਗਈ ਕਿਉਂਕਿ ਅਮਰੀਕਾ ਨੇ ਰਸਮੀ ਬੇਨਤੀ ਨਹੀਂ ਦਿੱਤੀ ਸੀ। ਇਟਲੀ ਨੇ ਕਿਹਾ ਕਿ ਅਮਰੀਕਾ ਨੇ ਆਪਣੀ ਫੌਜੀ ਲੀਡਰਸ਼ਿਪ ਨਾਲ ਸਲਾਹ ਨਹੀਂ ਕੀਤੀ, ਜਿਵੇਂ ਕਿ ਦੇਸ਼ ਵਿੱਚ ਅਮਰੀਕੀ ਫੌਜੀ ਠਿਕਾਣਿਆਂ ਦੀ ਵਰਤੋਂ ਸੰਬੰਧੀ ਸੰਧੀਆਂ ਦੇ ਤਹਿਤ ਲੋੜੀਂਦਾ ਹੈ। ਖੱਬੇ-ਪੱਖੀ ਵਿਰੋਧੀ ਪਾਰਟੀਆਂ ਨੇ ਸਰਕਾਰ ਨੂੰ ਈਰਾਨ ਸੰਘਰਸ਼ ਵਿੱਚ ਸ਼ਾਮਲ ਹੋਣ ਤੋਂ ਬਚਣ ਲਈ ਇਟਲੀ ਵਿੱਚ ਅਮਰੀਕੀ ਠਿਕਾਣਿਆਂ ਦੀ ਵਰਤੋਂ ਨੂੰ ਰੋਕਣ ਦੀ ਅਪੀਲ ਕੀਤੀ ਹੈ। ਪ੍ਰਧਾਨ ਮੰਤਰੀ ਜਾਰਜੀਓ ਮੇਲੋਨੀ ਦੀ ਸੱਜੇ-ਪੱਖੀ ਸਰਕਾਰ ਨੇ ਕਿਹਾ ਹੈ ਕਿ ਜੇਕਰ ਅਮਰੀਕਾ ਵੱਲੋਂ ਅਜਿਹੀ ਬੇਨਤੀ ਕੀਤੀ ਜਾਂਦੀ ਹੈ, ਤਾਂ ਉਹ ਸੰਸਦੀ ਪ੍ਰਵਾਨਗੀ ਲਵੇਗੀ। ਦੱਸ ਦੇਈਏ ਕਿ ਇਸ ਹਫ਼ਤੇ ਦੇ ਸੋਮਵਾਰ ਨੂੰ ਸਪੇਨ ਦੀ ਰੱਖਿਆ ਮੰਤਰੀ ਮਾਰਗਰੀਟਾ ਰੋਬਲਸ ਨੇ ਕਿਹਾ ਕਿ ਸਪੇਨ ਨੇ ਈਰਾਨ 'ਤੇ ਹਮਲਿਆਂ ਵਿੱਚ ਸ਼ਾਮਲ ਅਮਰੀਕੀ ਜਹਾਜ਼ਾਂ ਲਈ ਆਪਣਾ ਹਵਾਈ ਖੇਤਰ ਬੰਦ ਕਰ ਦਿੱਤਾ ਹੈ। ਉਸ ਨੇ ਕਿਹਾ ਕਿ ਅਸੀਂ ਈਰਾਨ ਵਿੱਚ ਜੰਗ ਨਾਲ ਸਬੰਧਤ ਉਦੇਸ਼ਾਂ ਲਈ ਨਾ ਤਾਂ ਫੌਜੀ ਠਿਕਾਣਿਆਂ ਦੀ ਵਰਤੋਂ ਦੀ ਇਜਾਜ਼ਤ ਦੇਵਾਂਗੇ ਅਤੇ ਨਾ ਹੀ ਹਵਾਈ ਖੇਤਰ ਦੀ ਵਰਤੋਂ ਦੀ।

## ਏਅਰ ਇੰਡੀਆ ਐਕਸਪ੍ਰੈਸ ਦੇ ਜਹਾਜ਼ ਦੀ ਲਖਨਊ 'ਚ

'ਮੇਡੇ' ਕਾਲ ਜਾਰੀ ਕੀਤੀ, ਜੋ ਕਿ ਜਾਨਲੇਵਾ ਐਮਰਜੈਂਸੀ ਵੇਲੇ ਵਰਤਿਆ ਜਾਣ ਵਾਲਾ ਇੱਕ ਅੰਤਰਰਾਸ਼ਟਰੀ ਸੰਕੇਤ ਹੈ। ਅਜਿਹਾ ਜਹਾਜ਼ ਦੇ ਇਲੈਕਟ੍ਰਾਨਿਕ ਹਿੱਸੇ ਵਿੱਚ ਧੂੰਏਂ ਦਾ ਪਤਾ ਲੱਗਣ ਤੋਂ ਬਾਅਦ ਕੀਤਾ ਗਿਆ। ਲਖਨਊ ਦੇ ਏਅਰ ਟਰੈਫਿਕ ਕੰਟਰੋਲ (ATC) ਨੂੰ ਇਸ ਬਾਰੇ ਪਹਿਲਾਂ ਹੀ ਸੁਚੇਤ ਕਰ ਦਿੱਤਾ ਗਿਆ ਸੀ ਅਤੇ ਜਹਾਜ਼ ਸ਼ਾਮ 5:18 ਵਜੇ ਸੁਰੱਖਿਅਤ ਰੂਪ ਵਿੱਚ ਹੇਠਾਂ ਉਤਰ ਗਿਆ। ਜਹਾਜ਼ ਵਿੱਚ ਛੇ ਕਰੂ ਮੈਂਬਰਾਂ ਸਮੇਤ ਕੁੱਲ 148 ਲੋਕ ਸਵਾਰ ਸਨ। ਲੈਂਡਿੰਗ ਤੋਂ ਬਾਅਦ ਸਾਰੇ ਯਾਤਰੀਆਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ। ਜਹਾਜ਼ ਨੂੰ 'ਏਅਰਕ੍ਰਾਫਟ ਆਨ ਗਰਾਊਂਡ' ਐਲਾਨ ਦਿੱਤਾ ਗਿਆ ਹੈ, ਜਿਸ ਦਾ ਮਤਲਬ ਹੈ ਕਿ ਖ਼ਰਾਬੀ ਕਾਰਨ ਜਹਾਜ਼ ਹੁਣ ਉਦੋਂ ਤੱਕ ਨਹੀਂ ਉੱਡ ਸਕੇਗਾ ਜਦੋਂ ਤੱਕ ਇਸ ਦੀ ਪੂਰੀ ਜਾਂਚ ਅਤੇ ਮੁਰੰਮਤ ਨਹੀਂ ਹੋ ਜਾਂਦੀ। ਯਾਤਰੀਆਂ ਨੂੰ ਉਨ੍ਹਾਂ ਦੀ ਮੰਜ਼ਿਲ ਤੱਕ ਪਹੁੰਚਾਉਣ ਲਈ ਦੂਜੀਆਂ ਫਲਾਈਟਾਂ ਦਾ ਇੰਤਜ਼ਾਮ ਕੀਤਾ ਗਿਆ। ਸੂਤਰਾਂ ਅਨੁਸਾਰ ਕੁਝ ਯਾਤਰੀਆਂ ਨੂੰ ਪੂਰਾ ਰਿਫੰਡ ਦਿੱਤਾ ਗਿਆ, ਜਦਕਿ ਕੁਝ ਨੂੰ ਹੋਟਲ ਵਿੱਚ ਠਹਿਰਾਇਆ ਗਿਆ।

## ਕੇਂਦਰ ਵੱਲੋਂ ਆਈਟੀ ਨਿਯਮ-2021 'ਚ ਤਬਦੀਲੀਆਂ

ਲਾਜ਼ਮੀ ਹੈ। ਵਿਸ਼ੇਸ਼ਗਿਆਂ ਅਤੇ ਡਿਜੀਟਲ ਆਜ਼ਾਦੀ ਵਾਲੀਆਂ ਸੰਸਥਾਵਾਂ ਨੇ ਇਸ ਡਰਾਫਟ ਉੱਤੇ ਤੁਰੰਤ ਚਿੰਤਾ ਜ਼ਾਹਰ ਕੀਤੀ ਹੈ।

ਉਨ੍ਹਾਂ ਦਾ ਕਹਿਣਾ ਹੈ ਕਿ ਇਸ ਨਾਲ ਔਨਲਾਈਨ ਆਵਾਜ਼ ਦੀ ਆਜ਼ਾਦੀ ਉੱਤੇ ਗੰਭੀਰ ਅਸਰ ਪਵੇਗਾ। ਹਾਲ ਹੀ ਵਿਚ ਕਈ ਯੂਜ਼ਰਾਂ ਨੂੰ ਸਰਕਾਰ ਵਿਰੋਧੀ ਵਿਅੰਗਾਤਮਕ ਜਾਂ ਆਲੋਚਨਾਤਮਕ ਪੋਸਟਾਂ ਉੱਤੇ ਬਲਾਕਿੰਗ ਨੋਟਿਸ ਮਿਲ ਚੁੱਕੇ ਹਨ, ਭਾਵੇਂ ਉਹ ਕੰਟੈਂਟ ਸਪੱਸ਼ਟ ਤੌਰ ਉੱਤੇ ਅਪਰਾਧਿਕ ਨਾ ਹੋਵੇ। ਇਸ ਤਬਦੀਲੀ ਨਾਲ ਇਹ ਰੁਝਾਨ ਹੋਰ ਤੇਜ਼ ਹੋ ਸਕਦਾ ਹੈ। ਧਰਮੀ ਸੰਦਰਭ ਵਿਚ ਵੀ ਇਸ ਡਰਾਫਟ ਦਾ ਡੂੰਘਾ ਪ੍ਰਭਾਵ ਪੈਣ ਵਾਲਾ ਹੈ। ਭਾਰਤ ਵਰਗੇ ਬਹੁ-ਧਰਮੀ ਦੇਸ਼ ਵਿਚ ਧਰਮੀ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀਆਂ ਝੂਠੀਆਂ ਖ਼ਬਰਾਂ, ਨਫ਼ਰਤ ਭਰੀਆਂ ਪੋਸਟਾਂ ਅਤੇ ਵਿਵਾਦਾਸਪਦ ਵੀਡੀਓਜ਼ ਉੱਤੇ ਰੋਕ ਲਗਾਉਣ ਲਈ ਇਹ ਨਿਯਮ ਲਾਭਦਾਇਕ ਸਾਬਤ ਹੋ ਸਕਦੇ ਹਨ। ਅੱਜ ਇਸ ਨਾਲ ਭਾਈਚਾਰਕ ਸ਼ਾਂਤੀ ਅਤੇ ਧਰਮੀ ਸਦਭਾਵਨਾ ਬਣਾਈ ਰੱਖਣ ਵਿਚ ਮਦਦ ਮਿਲ ਸਕਦੀ ਹੈ। ਪਰ ਇਸ ਦਾ ਉਲਟ ਪਾਸਾ ਵੀ ਖ਼ਤਰਨਾਕ ਹੈ। ਧਰਮੀ ਆਲੋਚਨਾ, ਇਤਿਹਾਸਕ ਚਰਚਾ ਜਾਂ ਰੂੜ੍ਹੀਵਾਦ ਵਿਰੋਧੀ ਵਿਅੰਗ ਨੂੰ ਵੀ ਧਰਮੀ ਭਾਵਨਾਵਾਂ ਨੂੰ ਠੇਸ ਵਜੋਂ ਵੇਖਿਆ ਜਾ ਸਕਦਾ ਹੈ। ਗੁਰੂ ਨਾਨਕ ਦੇਵ ਜੀ, ਕਬੀਰ ਜੀ ਵਰਗੇ ਧਰਮੀ ਸੁਧਾਰਕਾਂ ਨੇ ਆਪਣੇ ਸਮੇਂ ਦੀਆਂ ਰੂੜ੍ਹੀਆਂ ਉੱਤੇ ਤਿੱਖੀ ਆਲੋਚਨਾ ਕੀਤੀ ਸੀ। ਆਧੁਨਿਕ ਡਿਜੀਟਲ ਯੁੱਗ ਵਿਚ ਵੀ ਧਰਮੀ ਗਰੁੱਪਾਂ ਵਿਚ ਅੰਦਰੂਨੀ ਭ੍ਰਿਸ਼ਟਾਚਾਰ ਉਜਾਗਰ ਕਰਨ ਵਾਲੀਆਂ ਆਵਾਜ਼ਾਂ ਨੂੰ ਇਸ ਨਿਯਮ ਤਹਿਤ ਚੁੱਪ ਕਰਵਾਇਆ ਜਾ ਸਕਦਾ ਹੈ।

ਘੱਟ ਗਿਣਤੀ ਧਰਮਾਂ ਜਾਂ ਸੁਧਾਰਵਾਦੀ ਵਿਚਾਰਧਾਰਾ ਵਾਲੀਆਂ ਪੋਸਟਾਂ ਉੱਤੇ ਵਧੇਰੇ ਨਿਗਰਾਨੀ ਹੋਣ ਦਾ ਖ਼ਤਰਾ ਵੀ ਮੌਜੂਦ ਹੈ। ਸਰਕਾਰ ਵੱਲੋਂ ਇਸ ਡਰਾਫਟ ਉੱਤੇ 14 ਅਪ੍ਰੈਲ ਤੱਕ ਜਨਤਕ ਰਾਏ ਮੰਗੀ ਗਈ ਹੈ। ਇਸ ਤੋਂ ਪਹਿਲਾਂ ਹੀ ਡਿਜੀਟਲ ਰਾਈਟਸ ਗਰੁੱਪਾਂ, ਇਨਫਲੂਐਂਸਰ ਐਸੋਸੀਏਸ਼ਨਾਂ ਅਤੇ ਵਕੀਲਾਂ ਨੇ ਇਸ ਨੂੰ ਸੈਂਸਰਸ਼ਿਪ ਦਾ ਨਵਾਂ ਰੂਪ ਦੱਸਦਿਆਂ ਵਿਰੋਧ ਕੀਤਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਇਸ ਨਾਲ ਛੋਟੇ ਕ੍ਰੀਏਟਰਾਂ ਲਈ ਡਰ ਦਾ ਮਾਹੌਲ ਬਣੇਗਾ ਅਤੇ ਆਜ਼ਾਦ ਖ਼ਬਰੀ ਵਾਤਾਵਰਣ ਖ਼ਤਮ ਹੋ ਸਕਦਾ ਹੈ। ਇੱਕ ਉੱਚ ਅਧਿਕਾਰੀ ਨੇ ਨਾਮ ਗੁਪਤ ਰੱਖਣ ਦੀ ਸ਼ਰਤ ਉੱਤੇ ਦੱਸਿਆ ਕਿ ਇਸ ਤਬਦੀਲੀ ਦਾ ਉਦੇਸ਼ ਝੂਠੀਆਂ ਖ਼ਬਰਾਂ, ਡੀਪਫੇਕ ਅਤੇ ਧਰਮੀ-ਸਮਾਜਿਕ ਵਿਵਾਦ ਪੈਦਾ ਕਰਨ ਵਾਲੀਆਂ ਤਾਕਤਾਂ ਉੱਤੇ ਰੋਕ ਲਗਾਉਣਾ ਹੈ ਪਰ ਵਿਰੋਧੀ ਧਿਰਾਂ ਇਸ ਨੂੰ ਰਾਜਨੀਤਿਕ ਵਿਰੋਧੀ ਆਵਾਜ਼ਾਂ ਨੂੰ ਦਬਾਉਣ ਵਾਲਾ ਹਥਿਆਰ ਵੀ ਮੰਨ ਰਹੀਆਂ ਹਨ। ਇਸ ਡਰਾਫਟ ਨਾਲ ਭਾਰਤੀ ਲੋਕਤੰਤਰ ਵਿਚ ਡਿਜੀਟਲ ਆਜ਼ਾਦੀ ਅਤੇ ਧਰਮੀ ਸਦਭਾਵਨਾ ਵਿਚਕਾਰ ਸੰਤੁਲਨ ਬਣਾਉਣ ਦੀ ਚੁਣੌਤੀ ਵੀ ਉਭਰੀ ਹੈ। ਜੇਕਰ ਇਸ ਨੂੰ ਪਾਰਦਰਸ਼ੀ ਤੇ ਤਰਕਸੰਗਤ ਢੰਗ ਨਾਲ ਲਾਗੂ ਕੀਤਾ ਗਿਆ ਤਾਂ ਇਹ ਡਿਜੀਟਲ ਸਪੇਸ ਨੂੰ ਸਾਫ਼ ਰੱਖਣ ਵਿਚ ਮਦਦ ਕਰ ਸਕਦਾ ਹੈ। ਪਰ ਜੇਕਰ ਇਸ ਵਿਚ ਇੱਕ-ਪੱਖੀ ਵਰਤੋਂ ਹੋਈ ਤਾਂ ਇਹ ਆਜ਼ਾਦੀ ਦੀ ਆਵਾਜ਼ ਨੂੰ ਚੁੱਪ ਕਰਵਾ ਸਕਦਾ ਹੈ। ਫਿਲਹਾਲ ਡਰਾਫਟ ਉੱਤੇ ਚਰਚਾ ਤੇਜ਼ ਹੋ ਗਈ ਹੈ ਅਤੇ ਆਉਣ ਵਾਲੇ ਦਿਨਾਂ ਵਿਚ ਇਸ ਬਾਰੇ ਵੱਡੀ ਬਹਿਸ ਹੋਣ ਵਾਲੀ ਹੈ। ਭਾਰਤ ਵਿਚ ਇੰਟਰਨੈੱਟ ਯੂਜ਼ਰਾਂ ਦੀ ਵੱਧਦੀ ਗਿਣਤੀ ਨੂੰ ਦੇਖਦਿਆਂ ਇਹ ਫੈਸਲਾ ਲੱਖਾਂ ਡਿਜੀਟਲ ਆਵਾਜ਼ਾਂ ਦੇ ਭਵਿੱਖ ਉੱਤੇ ਅਸਰ ਕਰਨ ਵਾਲਾ ਸਾਬਤ ਹੋ ਸਕਦਾ ਹੈ।

## ਅੱਜ ਤੋਂ ਲਾਡੋਵਾਲ ਟੋਲ ਪਲਾਜ਼ਾ ਹੋਵੇਗਾ ਹੋਰ ਵੀ ਮਹਿੰਗਾ

ਸਗੋਂ ਪੰਜਾਬ ਦੇ ਸਾਰੇ ਟੋਲ ਪਲਾਜ਼ਾ 'ਤੇ ਵਧ ਗਏ ਹਨ। ਪਿਛਲੇ ਸਾਲ 1 ਅਪ੍ਰੈਲ ਤੋਂ ਟੋਲ ਦਰਾਂ ਵਿੱਚ ਵੀ 5 ਰੁਪਏ ਦਾ ਵਾਧਾ ਕੀਤਾ ਗਿਆ ਸੀ। ਟੋਲ ਮੈਨੇਜਰ ਵਿਪਿਨ ਰਾਏ ਨੇ ਦੱਸਿਆ ਕਿ ਐਨ.ਐਚ.ਏ.ਆਈ. ਦੁਆਰਾ 27 ਮਾਰਚ ਨੂੰ ਜਾਰੀ ਇੱਕ ਨੋਟੀਫਿਕੇਸ਼ਨ ਦੇ ਆਧਾਰ 'ਤੇ ਦਰਾਂ ਨੂੰ ਸੋਧਿਆ ਗਿਆ ਹੈ। ਕਾਰਾਂ, ਜੀਪਾਂ ਅਤੇ ਵੈਨਾਂ ਨੂੰ ਹੁਣ ਲਾਡੋਵਾਲ ਪਲਾਜ਼ਾ 'ਤੇ ਸਿੰਗਲ-ਵੇਅ ਕਰਾਸਿੰਗ ਲਈ 220 ਰੁਪਏ ਦੀ ਬਜਾਏ 225 ਰੁਪਏ ਦੇਣੇ ਪੈਣਗੇ। ਇੱਕ ਰਾਊਂਡ ਟ੍ਰਿਪ (ਆਉਣ-ਜਾਣ) ਦੀ ਕੀਮਤ 335 ਰੁਪਏ ਦੀ ਬਜਾਏ 340 ਰੁਪਏ ਹੋਵੇਗੀ।

ਐਲ.ਸੀ.ਵੀ./ਐਲ.ਜੀ.ਵੀ./ਮਿੰਨੀ ਬੱਸ ਲਈ ਇੱਕ ਸਿੰਗਲ ਟ੍ਰਿਪ ਦੀ ਕੀਮਤ 360 ਦੀ ਬਜਾਏ 365 ਰੁਪਏ ਹੋਵੇਗੀ ਅਤੇ ਡਬਲ ਟ੍ਰਿਪ ਦੀ ਕੀਮਤ 545 ਦੀ ਬਜਾਏ 550 ਰੁਪਏ ਹੋਵੇਗੀ। ਮਾਸਿਕ ਪਾਸ ਵਿੱਚ ਵੀ ਥੋੜ੍ਹਾ ਵਾਧਾ ਕੀਤਾ ਗਿਆ ਹੈ। ਪਹਿਲਾਂ 340 ਰੁਪਏ ਦੀ ਕੀਮਤ ਵਾਲਾ ਪਾਸ ਹੁਣ 350 ਰੁਪਏ ਹੋਵੇਗਾ।

ਲੰਬੀ ਦੂਰੀ ਦੇ ਵਪਾਰਕ ਵਾਹਨਾਂ ਅਤੇ ਨਿਯਮਤ ਯਾਤਰੀਆਂ ਲਈ ਸਾਲਾਨਾ ਪਾਸ ਹੋਰ ਮਹਿੰਗੇ ਹੋ ਗਏ ਹਨ। ਪੁਰਾਣੇ ਰੇਟ 3000 ਰੁਪਏ ਸੀ, ਹੁਣ ਨਵੇਂ ਰੇਟ 3075 ਰੁਪਏ ਹੋ ਗਏ ਹੈ। ਇਹ ਪਾਸ ਕੁੱਲ 200 ਯਾਤਰਾਵਾਂ ਨੂੰ ਕਵਰ ਕਰਦਾ ਹੈ। ਦੱਸ ਦੇਈਏ ਕਿ ਟੋਲ ਟੈਕਸ ਦਰਾਂ ਥੋਕ ਮੁੱਲ ਸੂਚਕਾਂਕ (ਡਬਲਿਊ.ਪੀ.ਆਈ.) ਦੇ ਆਧਾਰ 'ਤੇ ਨਿਰਧਾਰਤ ਕੀਤੀਆਂ ਜਾਂਦੀਆਂ ਹਨ। ਫੀਸ ਸੜਕ ਦੀ ਲੰਬਾਈ, ਫਲਾਈਓਵਰਾਂ, ਅੰਡਰਪਾਸਾਂ ਦੀ ਗਿਣਤੀ ਅਤੇ ਪ੍ਰਦਾਨ ਕੀਤੀਆਂ ਗਈਆਂ ਸਹੂਲਤਾਂ ਦੇ ਆਧਾਰ 'ਤੇ ਤੈਅ ਕੀਤੀ ਜਾਂਦੀ ਹੈ। ਇਸ ਵਾਰ, ਸਾਲਾਨਾ ਸੋਧ ਪ੍ਰਕਿਰਿਆ ਦੇ ਤਹਿਤ ਲਗਭਗ 2.5% ਤੋਂ 10% ਤੱਕ ਸੋਧ ਕੀਤੀ ਗਈ ਹੈ। ਉਥੇ ਹੀ ਭਲਕੇ ਤੋਂ ਟੋਲ ਪਲਾਜ਼ਿਆਂ 'ਤੇ ਨਕਦ ਭੁਗਤਾਨ ਬੰਦ ਕਰ ਦਿੱਤੇ ਜਾਣਗੇ। ਵਾਹਨਾਂ ਨੂੰ ਸਿਰਫ਼ ਫਾਸਟਟੈਗ ਜਾਂ ਯੂ.ਪੀ.ਆਈ. ਭੁਗਤਾਨਾਂ ਰਾਹੀਂ ਟੋਲ ਪਲਾਜ਼ਿਆਂ ਤੋਂ ਲੰਘਣ ਦੀ ਇਜਾਜ਼ਤ ਹੋਵੇਗੀ। ਇਸ ਲਈ ਅੱਜ ਹੀ ਆਪਣੇ ਵਾਹਨ 'ਤੇ ਆਪਣਾ ਫਾਸਟਟੈਗ ਅਕਾਊਂਟ ਐਕਟਿਵ ਕਰ ਲਓ। ਜੇ ਤੁਸੀਂ ਫਾਸਟਟੈਗ ਦੀ ਵਰਤੋਂ ਨਹੀਂ ਕਰਦੇ ਹੋ, ਤਾਂ ਯਕੀਨੀ ਬਣਾਓ ਕਿ ਤੁਹਾਡੇ ਸਮਾਰਟਫੋਨ 'ਤੇ ਯੂ.ਪੀ.ਆਈ. ਭੁਗਤਾਨ ਹੋ ਸਕੇ। ਕੱਲ੍ਹ ਤੋਂ ਡਿਜੀਟਲ ਭੁਗਤਾਨ ਤੋਂ ਬਿਨਾਂ ਟੋਲ ਪਲਾਜ਼ਾ 'ਤੇ ਪਹੁੰਚਣ 'ਤੇ ਜੁਰਮਾਨਾ ਜਾਂ ਰਿਫੰਡ ਹੋ ਸਕਦਾ ਹੈ। ਇਸ ਦਾ ਮਤਲਬ ਹੈ ਕਿ ਸਾਰੇ ਟੋਲ ਪਲਾਜ਼ਿਆਂ 'ਤੇ ਭੁਗਤਾਨ ਸਿਰਫ਼ ਫਾਸਟਟੈਗ ਜਾਂ ਯੂ.ਪੀ.ਆਈ. ਰਾਹੀਂ ਹੀ ਹੋ ਸਕੇਗਾ।

# 15,000 ਕਰੋੜ ਦੀਆਂ ਜਾਇਦਾਦਾਂ ਸੁਪਰੀਮ ਕੋਰਟ ਕਮੇਟੀ ਹਵਾਲੇ

## ਪਰਲਜ਼ ਗਰੁੱਪ ਵੱਲੋਂ ਠੱਗੇ ਨਿਵੇਸ਼ਕਾਂ ਨੂੰ ਬਕਾਇਆ ਮਿਲਣ ਦੀ ਉਮੀਦ ਬੱਝੀ

ਨਵੀਂ ਦਿੱਲੀ, 31 ਮਾਰਚ (ਚ.ਨ.ਸ.): ਇਨਫ਼ੋਰਸਮੈਂਟ ਡਾਇਰੈਕਟੋਰੇਟ ਨੇ ਅੱਜ ਜਾਣਕਾਰੀ ਦਿੱਤੀ ਹੈ ਕਿ ਉਨ੍ਹਾਂ ਨੇ 15,000 ਕਰੋੜ ਰੁਪਏ ਤੋਂ ਵੱਧ ਦੀਆਂ ਜਾਇਦਾਦਾਂ ਸੁਪਰੀਮ ਕੋਰਟ ਵੱਲੋਂ ਬਣਾਈ ਗਈ ਇਕ ਵਿਸ਼ੇਸ਼ ਕਮੇਟੀ ਨੂੰ ਸੌਂਪ ਦਿੱਤੀਆਂ ਹਨ। ਇਹ ਕਦਮ ਇਸ ਲਈ ਚੁੱਕਿਆ ਗਿਆ ਹੈ ਤਾਂ ਕਿ ਚੰਡੀਗੜ੍ਹ ਸਥਿਤ ਪੀ.ਏ.ਸੀ.ਐਲ. (ਪਰਲਜ਼ ਗਰੁਪ) ਵੱਲੋਂ ਪੋਂਜ਼ੀ ਸਕੀਮ ਰਾਹੀਂ ਕਥਿਤ ਤੌਰ 'ਤੇ ਠੱਗੇ ਗਏ ਨਿਵੇਸ਼ਕਾਂ ਨੂੰ ਉਨ੍ਹਾਂ ਦਾ ਬਣਦਾ ਬਕਾਇਆ ਵਾਪਸ ਮਿਲ ਸਕੇ। ਇਸ ਵੱਡੇ ਵਿੱਤੀ ਘੁਟਾਲੇ ਦੀ ਅੰਦਾਜ਼ਨ ਕੀਮਤ ਲੱਗਭੱਗ 48,000 ਕਰੋੜ ਰੁਪਏ ਦੱਸੀ ਜਾ ਰਹੀ ਹੈ।ਕੇਂਦਰੀ ਏਜੰਸੀ ਨੇ ਦੱਸਿਆ ਕਿ ਮਨੀ ਲਾਂਡਰਿੰਗ ਰੋਕੂ ਕਾਨੂੰਨ ਦੀ ਇਕ ਵਿਸ਼ੇਸ਼ ਅਦਾਲਤ ਨੇ 455 ਅਚੱਲ ਜਾਇਦਾਦਾਂ ਨੂੰ ਜਸਟਿਸ ਲੋਧਾ ਕਮੇਟੀ ਨੂੰ ਸੌਂਪਣ ਦੇ ਹੁਕਮ ਦਿੱਤੇ ਹਨ। ਇਨ੍ਹਾਂ ਜਾਇਦਾਦਾਂ ਦੀ ਮੌਜੂਦਾ




ਬਾਜ਼ਾਰੀ ਕੀਮਤ ਲੱਗਭੱਗ 15,582 ਕਰੋੜ ਰੁਪਏ ਹੈ। ਇਸ ਫ਼ੈਸਲੇ ਨਾਲ ਉਨ੍ਹਾਂ ਲੱਖਾਂ ਨਿਵੇਸ਼ਕਾਂ ਵਿਚ ਉਮੀਦ ਦੀ ਕਿਰਨ ਜਾਗੀ ਹੈ, ਜਿਨ੍ਹਾਂ ਦੇ ਕਰੋੜਾਂ ਰੁਪਏ ਇਸ ਘਪਲੇ ਵਿਚ ਫਸੇ ਹੋਏ ਹਨ। ਈ.ਡੀ. ਅਨੁਸਾਰ ਇਨ੍ਹਾਂ ਜਾਇਦਾਦਾਂ ਦੀ ਵਰਤੋਂ ਹੁਣ ਨਿਵੇਸ਼ਕਾਂ ਦਾ ਪੈਸਾ ਮੋੜਨ ਲਈ ਕੀਤੀ ਜਾ ਸਕੇਗੀ। ਮਨੀ ਲਾਂਡਰਿੰਗ ਰੋਕੂ ਕਾਨੂੰਨ ਤਹਿਤ ਧੋਖਾਧੜੀ ਦਾ ਸ਼ਿਕਾਰ ਹੋਏ ਬੈਂਕਾਂ, ਜਮ੍ਹਾਂਕਰਤਾਵਾਂ ਅਤੇ ਘਰ ਖ਼ਰੀਦਣ ਵਾਲਿਆਂ ਨੂੰ ਉਨ੍ਹਾਂ ਦੀਆਂ ਜਾਇਦਾਦਾਂ ਜਾਂ ਪੈਸਾ ਵਾਪਸ ਕਰਵਾਉਣ ਦਾ ਪ੍ਰਬੰਧ ਮੌਜੂਦ ਹੈ। ਇਸ ਤਹਿਤ ਹੁਣ ਪੀ.ਏ.ਸੀ.ਐਲ. ਮਾਮਲੇ ਵਿਚ ਵੱਡੀ ਕਾਰਵਾਈ ਕੀਤੀ ਗਈ ਹੈ।

# ਦਲਾਈ ਲਾਮਾ ਵੱਲੋਂ ਪੋਪ ਲੀਓ XIV ਦੀ ਸ਼ਾਂਤੀ ਦੀ ਅਪੀਲ ਦਾ ਸਮੱਰਥਨ

ਧਰਮਸ਼ਾਲਾ, 31 ਮਾਰਚ (ਚ.ਨ.ਸ.): ਤਿੱਬਤੀ ਅਧਿਆਤਮਿਕ ਆਗੂ ਦਲਾਈ ਲਾਮਾ ਨੇ ਮੰਗਲਵਾਰ ਨੂੰ ਪੱਛਮੀ ਏਸ਼ੀਆ ਵਿੱਚ ਵਧਦੇ ਤਣਾਅ ਦੇ ਦਰਮਿਆਨ ਸ਼ਾਂਤੀ ਲਈ ਪੋਪ ਲੀਓ XIV ਦੀ ਅਪੀਲ ਦਾ ਸਮਰਥਨ ਕੀਤਾ ਹੈ। ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਇੱਕ ਪੋਸਟ ਵਿੱਚ ਦਲਾਈ ਲਾਮਾ ਨੇ ਕਿਹਾ ਕਿ ਦੁਨੀਆ ਦੇ ਸਾਰੇ ਧਰਮ ਸਹਿਣਸ਼ੀਲਤਾ ਅਤੇ ਸ਼ਾਂਤੀ ਦਾ ਪ੍ਰਚਾਰ ਕਰਦੇ ਹਨ ਅਤੇ ਹਿੰਸਾ ਦੀ ਨਿੰਦਾ ਕਰਦੇ ਹਨ। ਦਲਾਈ ਲਾਮਾ ਨੇ ਆਪਣੀ ਪੋਸਟ ਵਿੱਚ ਲਿਖਿਆ, ਮੈਂ ਪਵਿੱਤਰ ਪਿਤਾ ਪੋਪ ਲੀਓ ਵੱਲੋਂ 'ਪਾਮ ਸੰਡੇ' ਦੀ ਪ੍ਰਾਰਥਨਾ ਸਭਾ ਦੌਰਾਨ ਸ਼ਾਂਤੀ ਲਈ ਕੀਤੀ ਗਈ ਜ਼ੋਰਦਾਰ ਅਪੀਲ ਦਾ ਪੂਰੇ ਦਿਲ ਨਾਲ ਸਮਰਥਨ ਕਰਦਾ ਹਾਂ। ਹਥਿਆਰ ਸੁੱਟਣ ਅਤੇ ਹਿੰਸਾ ਤਿਆਗਣ ਦਾ ਉਨ੍ਹਾਂ ਦਾ ਸੱਦਾ ਮੇਰੇ ਦਿਲ ਨੂੰ ਛੂਹ ਗਿਆ ਹੈ, ਕਿਉਂਕਿ ਇਹ ਦੁਨੀਆ ਦੇ ਸਾਰੇ ਪ੍ਰਮੁੱਖ ਧਰਮਾਂ ਦੀ ਸਿੱਖਿਆ ਦਾ ਨਿਚੋੜ ਹੈ।

ਉਨ੍ਹਾਂ ਅੱਗੇ ਕਿਹਾ, ਚਾਹੇ ਅਸੀਂ ਈਸਾਈ, ਬੁੱਧ, ਇਸਲਾਮ, ਹਿੰਦੂ, ਯਹੂਦੀ ਜਾਂ ਕਿਸੇ ਵੀ ਮਹਾਨ ਅਧਿਆਤਮਿਕ ਪਰੰਪਰਾ ਨੂੰ ਦੇਖੀਏ, ਸਭ ਦਾ ਸੰਦੇਸ਼ ਮੂਲ ਰੂਪ ਵਿੱਚ ਇੱਕੋ ਹੈ: ਪਿਆਰ, ਹਮਦਰਦੀ, ਸਹਿਣਸ਼ੀਲਤਾ ਅਤੇ ਸਵੈ-ਅਨੁਸ਼ਾਸਨ। ਹਿੰਸਾ ਲਈ ਇਹਨਾਂ ਸਿੱਖਿਆਵਾਂ ਵਿੱਚ ਕੋਈ ਥਾਂ ਨਹੀਂ ਹੈ। ਇਤਿਹਾਸ ਗਵਾਹ ਹੈ ਕਿ ਹਿੰਸਾ ਹਮੇਸ਼ਾ ਹਿੰਸਾ ਨੂੰ ਹੀ ਜਨਮ ਦਿੰਦੀ ਹੈ ਅਤੇ ਇਹ ਕਦੇ ਵੀ ਸਥਾਈ



ਸ਼ਾਂਤੀ ਦਾ ਅਧਾਰ ਨਹੀਂ ਹੋ ਸਕਦੀ। ਦਲਾਈ ਲਾਮਾ ਨੇ ਟਕਰਾਅ ਦੇ ਹੱਲ ਲਈ ਗੱਲਬਾਤ ਦੇ ਰਸਤੇ 'ਤੇ ਚੱਲਣ ਦੀ ਅਪੀਲ ਕਰਦਿਆਂ ਕਿਹਾ ਕਿ ਮੱਧ ਪੂਰਬ ਜਾਂ ਰੂਸ-ਯੂਕਰੇਨ ਵਿਚਾਲੇ ਚੱਲ ਰਹੇ ਟਕਰਾਅ ਦਾ ਸਥਾਈ ਹੱਲ ਸਿਰਫ਼ ਸੰਵਾਦ, ਕੂਟਨੀਤੀ ਅਤੇ ਆਪਸੀ ਸਤਿਕਾਰ ਰਾਹੀਂ ਹੀ ਸੰਭਵ ਹੈ। ਸਾਨੂੰ ਇਹ ਸਮਝਣਾ ਚਾਹੀਦਾ ਹੈ ਕਿ ਡੂੰਘੇ ਪੱਧਰ 'ਤੇ ਅਸੀਂ ਸਾਰੇ ਭੈਣ-ਭਰਾ ਹਾਂ। ਮੈਂ ਪ੍ਰਾਰਥਨਾ ਕਰਦਾ ਹਾਂ ਕਿ ਇਹ ਹਿੰਸਾ ਅਤੇ ਸੰਘਰਸ਼ ਜਲਦੀ ਖ਼ਤਮ ਹੋ ਜਾਣ।ਜ਼ਿਕਰਯੋਗ ਹੈ ਕਿ ਪੋਪ ਲੀਓ XIV ਨੇ ਪਾਮ ਸੰਡੇ ਦੀ ਰਸਮ ਦੌਰਾਨ ਕਿਹਾ ਸੀ ਕਿ ਪਰਮਾਤਮਾ ਜੰਗ ਕਰਨ ਵਾਲਿਆਂ ਦੀਆਂ ਪ੍ਰਾਰਥਨਾਵਾਂ ਨਹੀਂ ਸੁਣਦਾ, ਸਗੋਂ ਉਨ੍ਹਾਂ ਨੂੰ ਰੱਦ ਕਰਦਾ ਹੈ।

ਅਮਰੀਕਾ ਦਾ ਪ੍ਰਤੀਕਰਮ

ਪੋਪ ਦੇ ਬਿਆਨ 'ਤੇ ਟਿੱਪਣੀ ਕਰਦਿਆਂ ਵ੍ਹਾਈਟ ਹਾਊਸ ਦੀ ਪ੍ਰੈੱਸ ਸਕੱਤਰ ਕੈਰੋਲੀਨ ਲੀਵਿਟ ਨੇ ਕਿਹਾ ਕਿ ਅਮਰੀਕਾ ਦੀ ਨੀਂਹ ਲੱਗਭੱਗ 250 ਸਾਲ ਪਹਿਲਾਂ ਯਹੂਦੀ-ਈਸਾਈ ਕਦਰਾਂ-ਕੀਮਤਾਂ 'ਤੇ ਰੱਖੀ ਗਈ ਸੀ। ਉਨ੍ਹਾਂ ਕਿਹਾ ਕਿ ਇਤਿਹਾਸ ਦੇ ਸਭ ਤੋਂ ਔਖੇ ਸਮਿਆਂ ਦੌਰਾਨ ਅਮਰੀਕੀ ਰਾਸ਼ਟਰਪਤੀਆਂ ਅਤੇ ਫੌਜੀ ਆਗੂਆਂ ਨੇ ਪ੍ਰਾਰਥਨਾ ਦਾ ਸਹਾਰਾ ਲਿਆ ਹੈ। ਉਨ੍ਹਾਂ ਰਾਸ਼ਟਰਪਤੀ ਵੱਲੋਂ ਅਮਰੀਕੀ ਲੋਕਾਂ ਨੂੰ ਆਪਣੇ ਫੌਜੀ ਜਵਾਨਾਂ ਲਈ ਪ੍ਰਾਰਥਨਾ ਕਰਨ ਦੇ ਸੱਦੇ ਨੂੰ ਇੱਕ ਨੇਕ ਕਾਰਜ ਦੱਸਿਆ।

## ਮਾਮੂਲੀ ਤਕਰਾਰ ਕਾਰਨ ਸਾਲੇ ਵੱਲੋਂ ਜੀਜੇ ਦਾ ਕਤਲ

ਨਵੀਂ ਦਿੱਲੀ, 31 ਮਾਰਚ (ਚ.ਨ.ਸ.): ਉੱਤਰ-ਪੂਰਬੀ ਦਿੱਲੀ ਦੇ ਨੰਦ ਨਗਰੀ ਇਲਾਕੇ ਵਿੱਚ ਇੱਕ ਦਰਦਨਾਕ ਘਟਨਾ ਸਾਹਮਣੇ ਆਈ ਹੈ, ਜਿੱਥੇ ਇੱਕ 20 ਸਾਲਾ ਨੌਜਵਾਨ ਨੇ ਮਾਮੂਲੀ ਪਰਿਵਾਰਕ ਝਗੜੇ ਤੋਂ ਬਾਅਦ ਆਪਣੇ ਹੀ ਜੀਜੇ ਦਾ ਚਾਕੂ ਮਾਰ ਕੇ ਕਤਲ ਕਰ ਦਿੱਤਾ। ਪੁਲਿਸ ਨੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਕੇ ਵਾਰਦਾਤ ਵਿੱਚ ਵਰਤਿਆ ਹਥਿਆਰ ਬਰਾਮਦ ਕਰ ਲਿਆ ਹੈ।ਮ੍ਰਿਤਕ ਦੀ ਪਛਾਣ ਨੀਰਜ (30) ਨਿਵਾਸੀ ਤਾਹਿਰਪੁਰ ਵਜੋਂ ਹੋਈ ਹੈ, ਜਦਕਿ ਮੁਲਜ਼ਮ ਰਮੇਸ਼ (20), ਜੋ ਕਿ ਮ੍ਰਿਤਕ ਦਾ ਸਾਲਾ ਹੈ ਅਤੇ ਉਹ ਵੀ ਤਾਹਿਰਪੁਰ ਦਾ ਹੀ ਰਹਿਣ ਵਾਲਾ ਹੈ।

**ਚੜ੍ਹਦੀਕਲਾ**

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# 'ਸ਼ਾਨਦਾਰ 4 ਸਾਲ, ਭਗਵੰਤ ਮਾਨ ਦੇ ਨਾਲ' ਮੁਹਿੰਮ ਨੂੰ ਹਰ ਪਿੰਡ ਤੇ ਵਾਰਡ ਤੱਕ ਲੈ ਕੇ ਜਾਵਾਂਗੇ : ਪਰਮਿੰਦਰ ਗੋਲਡੀ

## 65,000 ਸਰਕਾਰੀ ਨੌਕਰੀਆਂ, 5 ਲੱਖ ਤੋਂ ਵੱਧ ਪ੍ਰਾਈਵੇਟ ਨੌਕਰੀਆਂ ਤੇ ਵੱਡੇ ਨਿਵੇਸ਼ ਨੇ ਪੰਜਾਬ ਦੇ ਨੌਜਵਾਨਾਂ ਲਈ ਨਵੀਂ ਉਮੀਦ ਜਗਾਈ ਹੈ



ਚੰਡੀਗੜ੍ਹ, 31 ਮਾਰਚ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਨੇ "ਸ਼ਾਨਦਾਰ 4 ਸਾਲ, ਭਗਵੰਤ ਮਾਨ ਦੇ ਨਾਲ" ਮੁਹਿੰਮ ਤਹਿਤ ਆਪਣੀ ਪਹੁੰਚ ਤੇਜ਼ ਕਰ ਦਿੱਤੀ ਹੈ। ਪਾਰਟੀ ਦੇ ਯੂਥ ਵਿੰਗ ਨੇ ਪੰਜਾਬ ਸਰਕਾਰ ਦੇ ਕੰਮਾਂ ਨੂੰ ਪਿੰਡਾਂ ਤੇ ਸ਼ਹਿਰੀ ਵਾਰਡਾਂ ਦੇ ਲੋਕਾਂ ਤੱਕ ਸਿੱਧਾ ਪਹੁੰਚਾਉਣ ਲਈ ਸੂਬਾ ਵਿਆਪੀ ਲਾਮਬੰਦੀ ਮੁਹਿੰਮ ਦਾ ਐਲਾਨ ਕੀਤਾ ਹੈ। ਮੰਗਲਵਾਰ ਨੂੰ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਜਾਬ ਯੂਥ ਡਿਵੈਲਪਮੈਂਟ ਬੋਰਡ ਦੇ ਚੇਅਰਮੈਨ ਤੇ ਆਪ ਪੰਜਾਬ ਯੂਥ ਵਿੰਗ ਦੇ ਕਾਰਜਕਾਰੀ ਪ੍ਰਧਾਨ ਪਰਮਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਆਪ ਦਾ ਯੂਥ ਵਿੰਗ ਚੱਲ ਰਹੀ "ਸ਼ਾਨਦਾਰ 4 ਸਾਲ, ਭਗਵੰਤ ਮਾਨ ਦੇ ਨਾਲ" ਮੁਹਿੰਮ ਵਿੱਚ ਸਰਗਰਮੀ ਨਾਲ ਹਿੱਸਾ ਲਵੇਗਾ ਅਤੇ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਪੰਜਾਬ ਦੇ ਹਰ ਪਿੰਡ ਅਤੇ ਵਾਰਡ ਤੱਕ ਪਹੁੰਚਾਏਗਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਨੇ ਪਿਛਲੇ ਚਾਰ ਸਾਲਾਂ ਵਿੱਚ ਇਤਿਹਾਸਕ ਕੰਮ ਕੀਤੇ ਹਨ, ਖਾਸ ਕਰਕੇ ਨੌਜਵਾਨਾਂ ਅਤੇ ਸਿੱਖਿਆ ਦੇ ਖੇਤਰ ਵਿੱਚ। ਉਨ੍ਹਾਂ ਕਿਹਾ ਕਿ ਸੀਐਮ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਪ ਸਰਕਾਰ ਨੇ ਪਿਛਲੇ ਚਾਰ ਸਾਲਾਂ ਵਿੱਚ ਬਹੁਤ ਹੀ ਸ਼ਾਨਦਾਰ ਕੰਮ ਕੀਤੇ ਹਨ। ਯੂਥ ਵਿੰਗ ਪੂਰੇ ਪੰਜਾਬ ਵਿੱਚ "ਨੁੱਕੜ ਸਭਾਵਾਂ" ਤੇ ਮੀਟਿੰਗਾਂ ਕਰਕੇ ਲੋਕਾਂ ਨਾਲ ਸਿੱਧਾ ਸੰਪਰਕ ਕਰੇਗਾ ਅਤੇ ਇਨ੍ਹਾਂ ਪ੍ਰਾਪਤੀਆਂ ਬਾਰੇ ਜਾਣਕਾਰੀ ਦੇਵੇਗਾ।

ਰੁਜ਼ਗਾਰ 'ਤੇ ਸਰਕਾਰ ਦੇ ਧਿਆਨ ਬਾਰੇ ਚਾਨਣਾ ਪਾਉਂਦਿਆਂ ਪਰਮਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਯੂਥ ਵਿੰਗ ਲੋਕਾਂ ਨੂੰ ਮਾਨ ਸਰਕਾਰ ਵੱਲੋਂ ਨੌਜਵਾਨਾਂ ਦੇ ਸਸ਼ਕਤੀਕਰਨ ਲਈ ਚੁੱਕੇ ਗਏ ਕ੍ਰਾਂਤੀਕਾਰੀ ਕਦਮਾਂ ਬਾਰੇ ਦੱਸੇਗਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਨੇ ਮੈਰਿਟ ਦੇ ਆਧਾਰ 'ਤੇ ਰੁਜ਼ਗਾਰ ਦੇਣ ਦਾ ਆਪਣਾ ਵਾਅਦਾ ਪੂਰਾ ਕੀਤਾ ਹੈ ਅਤੇ ਪਾਰਦਰਸ਼ੀ ਢੰਗ ਨਾਲ ਨੌਜਵਾਨਾਂ ਨੂੰ ਕਰੀਬ 65,000 ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਇਨ੍ਹਾਂ ਨੌਕਰੀਆਂ ਨੇ ਨਾ ਸਿਰਫ਼ ਵਿਅਕਤੀਆਂ ਨੂੰ ਸਹਾਰਾ ਦਿੱਤਾ ਹੈ ਬਲਕਿ ਹਜ਼ਾਰਾਂ ਪਰਿਵਾਰਾਂ ਨੂੰ ਸਥਿਰਤਾ ਅਤੇ ਉਮੀਦ ਵੀ ਪ੍ਰਦਾਨ ਕੀਤੀ ਹੈ। ਉਨ੍ਹਾਂ ਨਿੱਜੀ ਖੇਤਰ ਵਿੱਚ ਮੌਕਿਆਂ ਦੇ ਵਾਧੇ ਬਾਰੇ ਗੱਲ ਕਰਦਿਆਂ ਕਿਹਾ ਕਿ ਸਰਕਾਰ ਨੇ ਪੰਜਾਬ ਵਿੱਚ ਨਿਵੇਸ਼ ਅਤੇ ਵੱਡੇ ਉਦਯੋਗਿਕ ਪ੍ਰੋਜੈਕਟ ਲਿਆ ਕੇ ਪ੍ਰਾਈਵੇਟ ਸੈਕਟਰ ਵਿੱਚ ਪੰਜ ਲੱਖ ਤੋਂ ਵੱਧ ਨੌਕਰੀਆਂ ਦੇ ਮੌਕੇ ਪੈਦਾ ਕੀਤੇ ਹਨ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਵਿਕਾਸ ਕਾਰਜਾਂ ਨੇ "ਨੌਜਵਾਨਾਂ ਵਿੱਚ ਮੁੜ ਵਿਸ਼ਵਾਸ ਜਗਾਇਆ ਹੈ ਤੇ ਉਨ੍ਹਾਂ ਨੂੰ ਪੰਜਾਬ ਵਿੱਚ ਰਹਿ ਕੇ ਹੀ ਸਿੱਖਿਆ ਅਤੇ ਕਰੀਅਰ ਬਣਾਉਣ ਲਈ ਉਤਸ਼ਾਹਿਤ ਕੀਤਾ ਹੈ।

ਸਿੱਖਿਆ ਸੁਧਾਰਾਂ ਬਾਰੇ ਪਰਮਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲ ਆਧੁਨਿਕ ਬੁਨਿਆਦੀ ਢਾਂਚੇ ਤੇ ਨਵੀਨਤਮ ਅਧਿਆਪਨ ਵਿਧੀਆਂ ਨਾਲ ਇੱਕ ਵੱਡੀ ਤਬਦੀਲੀ ਦੇ ਗਵਾਹ ਬਣ ਰਹੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਕਿ ਅਧਿਆਪਕਾਂ ਤੇ ਪ੍ਰਿੰਸੀਪਲਾਂ ਨੂੰ ਸਿੰਗਾਪੁਰ ਤੇ ਫਿਨਲੈਂਡ ਵਰਗੇ ਦੇਸ਼ਾਂ ਵਿੱਚ ਸਿਖਲਾਈ ਲਈ ਭੇਜਿਆ ਜਾ ਰਿਹਾ ਹੈ ਤਾਂ ਜੋ ਪੰਜਾਬ ਦੇ ਸਿੱਖਿਆ ਸਿਸਟਮ ਵਿੱਚ ਵਿਸ਼ਵ ਪੱਧਰੀ ਸੁਧਾਰ ਲਿਆਂਦੇ ਜਾ ਸਕਣ। ਨਸ਼ਿਆਂ ਵਿਰੁੱਧ ਮੁਹਿੰਮ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਕਿਹਾ ਕਿ। ਮਾਨ ਸਰਕਾਰ ਨੇ ਆਪਣੀ "ਯੁੱਧ ਨਸ਼ਿਆਂ ਵਿਰੁੱਧ" ਪਹਿਲਕਦਮੀ ਤਹਿਤ ਸਖ਼ਤ ਕਾਰਵਾਈ ਕੀਤੀ ਹੈ, ਜਿਸ ਤਹਿਤ ਹਜ਼ਾਰਾਂ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਹ ਇੱਕ ਸਪੱਸ਼ਟ ਸੰਦੇਸ਼ ਹੈ ਕਿ ਪੰਜਾਬ ਵਿੱਚ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਖੇਡਾਂ ਦੇ ਵਿਕਾਸ ਲਈ ਸਰਕਾਰ ਦੇ ਯਤਨਾਂ ਬਾਰੇ ਵੀ ਦੱਸਿਆ ਕਿ ਪੂਰੇ ਪੰਜਾਬ ਵਿੱਚ ਖੇਡ ਮੈਦਾਨਾਂ, ਇੰਡੋਰ ਜਿੰਮਾਂ ਅਤੇ ਖੇਡਾਂ ਦੇ ਬੁਨਿਆਦੀ ਢਾਂਚੇ ਦਾ ਵੱਡੇ ਪੱਧਰ 'ਤੇ ਵਿਕਾਸ ਕੀਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਯੂਥ ਕਲੱਬਾਂ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਖੇਡ ਕਿੱਟਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਨੌਜਵਾਨਾਂ ਨੂੰ ਸਾਰਥਕ ਗਤੀਵਿਧੀਆਂ ਵਿੱਚ ਜੋੜ ਕੇ ਉਨ੍ਹਾਂ ਦੀ ਊਰਜਾ ਨੂੰ ਦੇਸ਼ ਨਿਰਮਾਣ ਵੱਲ ਲਗਾਇਆ ਜਾ ਸਕੇ। ਇਨ੍ਹਾਂ ਯਤਨਾਂ ਨੂੰ ਇੱਕ ਵਿਸ਼ਾਲ ਦ੍ਰਿਸ਼ਟੀਕੋਣ ਵਿੱਚ ਰੱਖਦਿਆਂ ਪਰਮਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਇਹ ਯਤਨ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਸਿੰਘ ਮਾਨ ਦੇ ਇੱਕ ਪ੍ਰਗਤੀਸ਼ੀਲ ਅਤੇ ਖੁਸ਼ਹਾਲ ਪੰਜਾਬ ਬਣਾਉਣ ਦੇ ਵਿਜ਼ਨ ਦੇ ਅਨੁਸਾਰ ਹਨ। ਉਨ੍ਹਾਂ ਅੱਗੇ ਕਿਹਾ ਕਿ ਆਪ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਇੱਕ ਬਿਹਤਰ ਤੇ ਬਰਾਬਰੀ ਵਾਲੇ ਸਮਾਜ ਦੇ ਸੁਪਨੇ ਨੂੰ ਪੂਰਾ ਕਰਨ ਦੀ ਭਾਵਨਾ ਨਾਲ ਕੰਮ ਕਰ ਰਹੀ ਹੈ। ਆਪ ਵਰਕਰਾਂ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਉਨ੍ਹਾਂ ਕਿਹਾ ਕਿ ਆਪ ਵਰਕਰ ਸਰਕਾਰ ਦੀ ਹਰ ਪ੍ਰਾਪਤੀ, ਚਾਹੇ ਉਹ ਮੁਫ਼ਤ ਬਿਜਲੀ ਹੋਵੇ, ਸੁਧਰੀ ਹੋਈ ਕਾਨੂੰਨ ਵਿਵਸਥਾ, ਸੜਕ ਸੁਰੱਖਿਆ ਫੋਰਸ ਜਾਂ ਵਿਕਾਸ ਦੀਆਂ ਪਹਿਲਕਦਮੀਆਂ, ਪੰਜਾਬ ਦੇ ਹਰ ਘਰ ਤੱਕ ਲੈ ਕੇ ਜਾਣਗੇ। ਉਨ੍ਹਾਂ ਅੰਤ ਵਿੱਚ ਕਿਹਾ ਕਿ ਯੂਥ ਵਿੰਗ ਇਹ ਯਕੀਨੀ ਬਣਾਏਗਾ ਕਿ ਮਾਨ ਸਰਕਾਰ ਦੇ ਇਤਿਹਾਸਕ ਕੰਮਾਂ ਦਾ ਸੁਨੇਹਾ ਸੂਬੇ ਦੇ ਕੋਨੇ-ਕੋਨੇ ਤੱਕ ਪਹੁੰਚੇ।

# ਹਰਦੀਪ ਕੌਰ ਦੀ ਅਗਵਾਈ ਹੇਠ ਛੇਵਾਂ ਦਿਸ਼ਾ ਇੰਡੀਅਨ ਐਵਾਰਡ ਸਮਾਗਮ ਕਰਵਾਇਆ

**» ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੱਲੋਂ 26 ਪ੍ਰਮੁੱਖ ਸ਼ਖਸੀਅਤਾਂ ਦਾ ਸਨਮਾਨ**
**» ਮਹਿਲਾ ਸਸ਼ਕਤੀਕਰਨ ਨਾਲ ਹੀ ਸਮਾਜ ਤੇ ਦੇਸ਼ ਦੀ ਅਸਲ ਤਰੱਕੀ ਸੰਭਵ : ਮੁੱਖ ਮੰਤਰੀ**



ਮੋਹਾਲੀ, 31 ਮਾਰਚ (ਚ.ਨ.ਸ.): ਦਿਸ਼ਾ ਵੂਮੈਨ ਵੈਲਫੇਅਰ ਟਰਸਟ ਵੱਲੋਂ ਛੇਵੇਂ ਦਿਸ਼ਾ ਇੰਡੀਅਨ ਐਵਾਰਡਜ਼-2026 ਦਾ ਵੱਡੇ ਪੱਧਰ 'ਤੇ ਆਯੋਜਨ ਮੋਹਾਲੀ ਵਿੱਚ ਕੀਤਾ ਗਿਆ। ਇਸ ਸਮਾਗਮ ਦੀ ਅਗਵਾਈ ਟਰਸਟ ਦੀ ਪ੍ਰਧਾਨ ਸ੍ਰੀਮਤੀ ਹਰਦੀਪ ਕੌਰ ਨੇ ਸੁਚੱਜੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਕੀਤੀ। ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦੇ ਹੋਏ ਵੱਖ-ਵੱਖ ਖੇਤਰਾਂ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਵਾਲੀਆਂ 26 ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ। ਸਮਾਗਮ ਵਿੱਚ ਗੈਸਟ ਆਫ ਆਨਰ ਵਜੋਂ ਸ੍ਰੀ ਅਵਿਨਾਸ਼ ਰਾਏ ਖੰਨਾ (ਸੀਨੀਅਰ ਬੀਜੇਪੀ ਨੇਤਾ), ਸਰਦਾਰ ਰਸ਼ਪਾਲ ਸਿੰਘ (ਵਿਜ਼ਨਰੀ ਲੀਡਰ), 'ਪਦਮ ਸ਼੍ਰੀ' ਡਾ. ਜਗਜੀਤ ਸਿੰਘ ਦਰਦੀ ਤੇ ਗਗਨਦੀਪ ਸਿੰਘ ਵਿਰਕ (ਡਾਇਰੈਕਟਰ, ਕਰੋਸਸਮਾਈਲ ਇਨਸ਼ੋਰੈਂਸ) ਨੇ ਸ਼ਿਰਕਤ ਕੀਤੀ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਹਿਲਾ ਸਸ਼ਕਤੀਕਰਨ ਸਿਰਫ਼ ਇਕ ਵਿਚਾਰ ਨਹੀਂ, ਸਗੋਂ ਸਮਾਜ ਦੀ ਤਰੱਕੀ ਦਾ ਮੂਲ ਆਧਾਰ ਹੈ। ਉਨ੍ਹਾਂ ਕਿਹਾ ਕਿ ਜਦੋਂ ਔਰਤਾਂ ਆਤਮਨਿਰਭਰ ਬਣਦੀਆਂ ਹਨ, ਤਾਂ ਪਰਿਵਾਰ ਮਜ਼ਬੂਤ ਹੁੰਦੇ ਹਨ ਤੇ ਸਮਾਜ ਵਿੱਚ ਸਕਾਰਾਤਮਕ ਬਦਲਾਅ ਆਉਂਦਾ ਹੈ। ਇਸ ਸੰਦਰਭ ਵਿੱਚ ਉਨ੍ਹਾਂ ਨੇ ਦਿਸ਼ਾ ਵੂਮੈਨ ਵੈਲਫੇਅਰ ਟਰਸਟ ਦੇ ਯਤਨਾਂ ਦੀ ਖਾਸ ਤੌਰ 'ਤੇ ਸਰਾਹਨਾ ਕਰਦਿਆਂ ਕਿਹਾ ਕਿ ਇਹ ਸੰਸਥਾ ਕੇਵਲ ਸਨਮਾਨ ਦੇਣ ਤੱਕ ਸੀਮਿਤ ਨਹੀਂ, ਸਗੋਂ ਮਹਿਲਾਵਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਕੇ ਉਨ੍ਹਾਂ ਨੂੰ ਖੁਦਮੁਖਤਿਆਰ ਬਣਾਉਣ ਵੱਲ ਵੀ ਢੁੱਕਵੇਂ ਕਦਮ ਚੁੱਕ ਰਹੀ ਹੈ।

ਉਨ੍ਹਾਂ ਨੇ ਕਿਹਾ ਕਿ ਦਿਸ਼ਾ ਟਰਸਟ ਵੱਲੋਂ ਕਈ ਕੁੜੀਆਂ ਨੂੰ ਨੌਕਰੀਆਂ ਦੇ ਕੇ ਉਨ੍ਹਾਂ ਦੇ ਜੀਵਨ ਵਿੱਚ ਨਵਾਂ ਵਿਸ਼ਵਾਸ ਪੈਦਾ ਕੀਤਾ ਗਿਆ ਹੈ, ਜੋ ਕਿ ਮਹਿਲਾ ਸਸ਼ਕਤੀਕਰਨ ਦੀ ਸੱਚੀ ਮਿਸਾਲ ਹੈ। ਉਨ੍ਹਾਂ ਅਨੁਸਾਰ ਅਜਿਹੇ ਯਤਨ ਸਮਾਜ ਵਿੱਚ ਹੋਰ ਸੰਸਥਾਵਾਂ ਲਈ ਵੀ ਪ੍ਰੇਰਣਾ ਬਣਦੇ ਹਨ। ਐਵਾਰਡ ਪ੍ਰਾਪਤ ਕਰਨ ਵਾਲੀਆਂ ਪ੍ਰਮੁੱਖ ਸ਼ਖਸੀਅਤਾਂ ਵਿੱਚ ਪ੍ਰਸਿੱਧ ਫਿਲਮੀ ਅਦਾਕਾਰਾ ਸਾਵਨ ਰੂਪਾਵਲੀ, ਮਨਦੀਪ ਕੌਰ ਟਾਂਗਰਾ, ਸਾਜ ਸਿਨੇ ਪ੍ਰੋਡਕਸ਼ਨ ਦੇ ਡਾਇਰੈਕਟਰ ਅੰਗਦ ਸਚਦੇਵਾ, ਵਾਈਬੀਟੀਸੀ ਦੇ ਡਾਇਰੈਕਟਰ ਕਪਿਲ ਸ਼ਰਮਾ, ਸੀਜੀਸੀ ਯੂਨੀਵਰਸਿਟੀ (ਨਾਰਥ ਇੰਡੀਆ ਦੀ ਬਿਹਤਰੀਨ ਯੂਨੀਵਰਸਿਟੀ), ਡਾ. ਇੰਦਰਪ੍ਰੀਤ ਕੌਰ ਦਰਦੀ, ਡਾ. ਜਸਵਿੰਦਰ ਕੌਰ ਦਰਦੀ, ਨਿਮੀ ਸਿੰਘ, ਵਰਦਾਨ ਆਯੁਰਵੇਦਾ ਦੇ ਮੈਨੇਜਿੰਗ ਡਾਇਰੈਕਟਰ ਸੁਭਾਸ਼ ਗੋਇਲ ਅਤੇ ਲਕਸ਼ਮਣ ਸਿੰਘ ਮਲੂਕਾ ਦੇ ਨਾਮ ਖਾਸ ਤੌਰ 'ਤੇ ਜ਼ਿਕਰਯੋਗ ਹਨ।

ਪ੍ਰੋਗਰਾਮ ਦੇ ਅਖੀਰ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ ਦਿਸ਼ਾ ਵੂਮੈਨ ਵੈਲਫੇਅਰ ਟਰਸਟ ਦੀ ਪ੍ਰਧਾਨ ਸ੍ਰੀਮਤੀ ਹਰਦੀਪ ਕੌਰ ਨੇ ਕਿਹਾ ਕਿ ਇਸ ਸਮਾਗਮ ਦੀ ਸਫਲਤਾ ਦਾ ਸਾਰਾ ਸਿਹਰਾ ਉਨ੍ਹਾਂ ਦੀ ਸਮਰਪਿਤ ਟੀਮ ਨੂੰ ਜਾਂਦਾ ਹੈ। ਉਨ੍ਹਾਂ ਨੇ ਕਿਹਾ ਕਿ ਟੀਮ ਦੇ ਮੈਂਬਰਾਂ ਨੇ ਮਹਿਜ਼ ਇੱਕ ਦਿਨ ਦੇ ਅੰਦਰ ਹੀ ਪੂਰੀ ਲਗਨ ਅਤੇ ਮੇਹਨਤ ਨਾਲ ਕੰਮ ਕਰਦੇ ਹੋਏ 100 ਪ੍ਰਤੀਸ਼ਤ ਯੋਗਦਾਨ ਪਾਇਆ, ਜਿਸ ਕਰਕੇ ਇਹ ਪ੍ਰੋਗਰਾਮ ਕਾਮਯਾਬੀ ਨਾਲ ਸੰਪੰਨ ਹੋ ਸਕਿਆ।

# ਪੰਜਾਬ ਦੇ ਆਈ.ਏ.ਐਸ. ਅਧਿਕਾਰੀ ਤੇਜਵੀਰ ਸਿੰਘ ਕੇਂਦਰ 'ਚ ਸਕੱਤਰ ਨਿਯੁਕਤ

## ਰਸਾਇਣ ਤੇ ਖਾਦ ਮੰਤਰਾਲੇ ਅਧੀਨ ਰਸਾਇਣ ਤੇ ਪੈਟਰੋ-ਰਸਾਇਣ ਵਿਭਾਗ 'ਚ ਮਿਲੀ ਥਾਂ



ਨਵੀਂ ਦਿੱਲੀ, 31 ਮਾਰਚ (ਚ.ਨ.ਸ.): ਭਾਰਤੀ ਪ੍ਰਸ਼ਾਸਨਿਕ ਸੇਵਾ (ਆਈ.ਏ.ਐਸ.) ਲਈ ਇੱਕ ਮਹੱਤਵਪੂਰਨ ਘਟਨਾਕ੍ਰਮ ਵਿੱਚ 1994 ਦੇ ਪੰਜਾਬ ਬੈਚ ਦੇ ਇੱਕ ਸੀਨੀਅਰ ਅਧਿਕਾਰੀ ਤੇਜਵੀਰ ਸਿੰਘ ਨੂੰ ਰਸਾਇਣ ਅਤੇ ਖਾਦ ਮੰਤਰਾਲੇ ਅਧੀਨ ਰਸਾਇਣ ਅਤੇ ਪੈਟਰੋ-ਰਸਾਇਣ ਵਿਭਾਗ ਦਾ ਸਕੱਤਰ ਨਿਯੁਕਤ ਕੀਤਾ ਗਿਆ ਹੈ। ਇਹ ਵੱਕਾਰੀ ਪੋਸਟਿੰਗ ਸਾਲਾਂ ਦੌਰਾਨ ਉਨ੍ਹਾਂ ਦੀ ਮਿਸਾਲੀ ਸੇਵਾ ਅਤੇ ਸਮਰਪਣ ਨੂੰ ਦਰਸਾਉਂਦੀ ਹੈ, ਜੋ ਉਨ੍ਹਾਂ ਦੇ ਸ਼ਾਨਦਾਰ ਕਰੀਅਰ ਵਿੱਚ ਇੱਕ ਹੋਰ ਮੀਲ ਪੱਥਰ ਹੈ। ਤੇਜਵੀਰ ਸਿੰਘ ਜ਼ਿੰਮੇਵਾਰੀ ਦੇ ਅਹੁਦਿਆਂ ਲਈ ਅਣਜਾਣ ਨਹੀਂ ਹਨ। ਸਾਲਾਂ ਦੌਰਾਨ ਉਨ੍ਹਾਂ ਨੇ ਪੰਜਾਬ ਸਰਕਾਰ ਵਿੱਚ ਕਈ ਤਰ੍ਹਾਂ ਦੀਆਂ ਮੁੱਖ ਭੂਮਿਕਾਵਾਂ ਨਿਭਾਈਆਂ ਹਨ, ਜਿਨ੍ਹਾਂ ਨੇ ਗੁੰਝਲਦਾਰ ਪ੍ਰਸ਼ਾਸਕੀ ਚੁਣੌਤੀਆਂ ਨੂੰ ਸ਼ੁੱਧਤਾ ਅਤੇ ਦੂਰਦਰਸ਼ਤਾ ਨਾਲ ਨੇਵੀਗੇਟ ਕਰਨ ਦੀ ਆਪਣੀ ਯੋਗਤਾ ਦਾ ਪ੍ਰਦਰਸ਼ਨ ਕੀਤਾ ਹੈ। ਆਪਣੀ ਰਣਨੀਤਕ ਸੋਚ ਅਤੇ ਜਨਤਕ ਭਲਾਈ ਪ੍ਰਤੀ ਵਚਨਬੱਧਤਾ ਲਈ ਜਾਣੇ ਜਾਂਦੇ ਸਿੰਘ ਨੇ ਸ਼ਾਸਨ ਵਿੱਚ ਇੱਕ ਗਤੀਸ਼ੀਲ ਅਤੇ ਪ੍ਰਭਾਵਸ਼ਾਲੀ ਵਜੋਂ ਪ੍ਰਸਿੱਧੀ ਪ੍ਰਾਪਤ ਕੀਤੀ ਹੈ। ਰਾਜ ਪੱਧਰ 'ਤੇ ਮਹੱਤਵਪੂਰਨ ਅਹੁਦਾ ਸੰਭਾਲਣ ਦੇ ਉਨ੍ਹਾਂ ਦੇ ਤਜਰਬੇ ਨੇ ਬਿਨਾਂ ਸ਼ੱਕ ਉਨ੍ਹਾਂ ਨੂੰ ਰਾਸ਼ਟਰੀ ਪੱਧਰ 'ਤੇ ਇਸ ਨਵੀਂ ਭੂਮਿਕਾ ਲਈ ਤਿਆਰ ਕੀਤਾ ਹੈ। ਰਸਾਇਣ ਅਤੇ ਪੈਟਰੋ-ਰਸਾਇਣ ਵਿਭਾਗ ਭਾਰਤ ਦੇ ਉਦਯੋਗਿਕ ਵਿਕਾਸ ਦਾ ਅਨਿੱਖੜਵਾਂ ਅੰਗ ਹੈ, ਜੋ ਨਵੀਨਤਾ, ਸਥਿਰਤਾ ਅਤੇ ਆਰਥਿਕ ਵਿਕਾਸ ਨੂੰ ਅੱਗੇ ਵਧਾਉਣ ਵਾਲੀਆਂ ਨੀਤੀਆਂ ਅਤੇ ਪ੍ਰੋਗਰਾਮਾਂ ਦੀ ਨਿਗਰਾਨੀ ਕਰਦਾ ਹੈ। ਤੇਜਵੀਰ ਸਿੰਘ ਦੀ ਪ੍ਰਸ਼ਾਸਕੀ ਪ੍ਰਕਿਰਿਆਵਾਂ ਦੀ ਡੂੰਘੀ ਸਮਝ ਅਤੇ ਉਸ ਦੀ ਸਮੱਸਿਆ-ਹੱਲ ਕਰਨ ਵਾਲੀ ਪਹੁੰਚ ਉਸ ਨੂੰ ਇਸ ਮਹੱਤਵਪੂਰਨ ਅਹੁਦੇ ਲਈ ਇੱਕ ਵਧੀਆ ਵਿਕਲਪ ਬਣਾਉਂਦੀ ਹੈ। ਰਸਾਇਣ ਅਤੇ ਪੈਟਰੋ-ਰਸਾਇਣ ਵਿਭਾਗ ਦੇ ਸਕੱਤਰ ਹੋਣ ਦੇ ਨਾਤੇ ਤੇਜਵੀਰ ਸਿੰਘ ਭਾਰਤ ਦੇ ਰਸਾਇਣ ਅਤੇ ਪੈਟਰੋ-ਰਸਾਇਣ ਖੇਤਰ ਨੂੰ ਮਜ਼ਬੂਤ ਕਰਨ ਦੇ ਯਤਨਾਂ ਨੂੰ ਅੱਗੇ ਵਧਾਉਣ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਣਗੇ। ਇਹ ਵਿਭਾਗ ਦੇਸ਼ ਦੀ ਆਰਥਿਕਤਾ ਲਈ ਮਹੱਤਵਪੂਰਨ ਉਦਯੋਗਾਂ ਦੇ ਵਿਕਾਸ ਨੂੰ ਯਕੀਨੀ ਬਣਾਉਣ ਲਈ ਕੇਂਦਰੀ ਹੈ, ਜਿਸ ਵਿੱਚ ਖਾਦ, ਫਾਰਮਾਸਿਊਟੀਕਲ ਅਤੇ ਪਲਾਸਟਿਕ ਸ਼ਾਮਲ ਹਨ।

# ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ 4572 ਲਾਭਪਾਤਰੀਆਂ ਲਈ 23.32 ਕਰੋੜ ਜਾਰੀ : ਡਾ. ਬਲਜੀਤ ਕੌਰ



ਚੰਡੀਗੜ੍ਹ, 31 ਮਾਰਚ (ਅੰਮ੍ਰਿਤਪਾਲ ਸਿੰਘ): ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਮਾਜ ਦੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ। ਇਸੇ ਕੜੀ ਤਹਿਤ ਅਸ਼ੀਰਵਾਦ ਸਕੀਮ ਹੇਠ ਚਾਲੂ ਵਿੱਤੀ ਸਾਲ 2025-26 ਦੌਰਾਨ ਅਨੁਸੂਚਿਤ ਜਾਤੀਆਂ ਦੇ 4572 ਲਾਭਪਾਤਰੀਆਂ ਨੂੰ 23.32 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਵਿੱਤੀ ਸਹਾਇਤਾ ਘੱਟ ਆਮਦਨੀ ਵਾਲੇ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਸਮੇਂ ਆਰਥਿਕ ਸਹਾਰਾ ਪ੍ਰਦਾਨ ਕਰਦੀ ਹੈ, ਜਿਸ ਨਾਲ ਪਰਿਵਾਰਾਂ 'ਤੇ ਆਰਥਿਕ ਬੋਝ ਘੱਟ ਹੁੰਦਾ ਹੈ ਤੇ ਲੜਕੀਆਂ ਦਾ ਵਿਆਹ ਸਨਮਾਨਪੂਰਵਕ ਢੰਗ ਨਾਲ ਕਰਨ ਵਿੱਚ ਮਦਦ ਮਿਲਦੀ ਹੈ। ਉਨ੍ਹਾਂ ਕਿਹਾ ਕਿ ਇਸ ਸਕੀਮ ਨਾਲ ਲੋੜਵੰਦ ਪਰਿਵਾਰਾਂ ਨੂੰ ਧੀਆਂ ਦੇ ਵਿਆਹ ਸਮੇਂ ਵੱਡੀ ਰਾਹਤ ਮਿਲ ਰਹੀ ਹੈ ਤੇ ਸਮਾਜਿਕ ਸੁਰੱਖਿਆ ਨੂੰ ਹੋਰ ਮਜ਼ਬੂਤੀ ਮਿਲ ਰਹੀ ਹੈ।

ਡਾ. ਬਲਜੀਤ ਕੌਰ ਨੇ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਅਸ਼ੀਰਵਾਦ ਸਕੀਮ ਤਹਿਤ ਜ਼ਿਲ੍ਹਾ ਬਰਨਾਲਾ, ਬਠਿੰਡਾ, ਫਰੀਦਕੋਟ, ਫਿਰੋਜ਼ਪੁਰ, ਸ੍ਰੀ ਫਤਹਿਗੜ੍ਹ ਸਾਹਿਬ, ਗੁਰਦਾਸਪੁਰ, ਹੁਸ਼ਿਆਰਪੁਰ, ਲੁਧਿਆਣਾ, ਮਾਨਸਾ, ਮੋਗਾ, ਪਟਿਆਲਾ, ਪਠਾਨਕੋਟ, ਰੂਪਨਗਰ, ਐਸ.ਏ.ਐਸ. ਨਗਰ, ਐਸ.ਬੀ.ਐਸ. ਨਗਰ, ਸੰਗਰੂਰ, ਮਾਲੇਰਕੋਟਲਾ ਤੇ ਤਰਨਤਾਰਨ ਦੇ ਕੁੱਲ 4572 ਲਾਭਪਾਤਰੀਆਂ ਨੂੰ ਇਸ ਰਾਸ਼ੀ ਦਾ ਲਾਭ ਦਿੱਤਾ ਗਿਆ ਹੈ। ਸਮਾਜਿਕ ਨਿਆਂ ਮੰਤਰੀ ਨੇ ਹੋਰ ਵੇਰਵਾ ਸਾਂਝਾ ਕਰਦਿਆਂ ਕਿਹਾ ਕਿ ਇਸ ਰਾਸ਼ੀ ਨਾਲ ਜ਼ਿਲ੍ਹਾ ਬਰਨਾਲਾ ਦੇ 125, ਬਠਿੰਡਾ ਦੇ 761, ਫਰੀਦਕੋਟ ਦੇ 87, ਫਿਰੋਜ਼ਪੁਰ ਦੇ 266, ਸ੍ਰੀ ਫਤਹਿਗੜ੍ਹ ਸਾਹਿਬ ਦੇ 155, ਗੁਰਦਾਸਪੁਰ ਦੇ 164, ਹੁਸ਼ਿਆਰਪੁਰ ਦੇ 441, ਲੁਧਿਆਣਾ ਦੇ 332 ਤੇ ਮਾਨਸਾ ਦੇ 441 ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ ਦਿੱਤੀ ਗਈ ਹੈ। ਇਸੇ ਤਰ੍ਹਾਂ ਜ਼ਿਲ੍ਹਾ ਮੋਗਾ ਦੇ 265, ਪਟਿਆਲਾ ਦੇ 126, ਪਠਾਨਕੋਟ ਦੇ 221, ਰੂਪਨਗਰ ਦੇ 293, ਐਸ.ਏ.ਐਸ. ਨਗਰ ਦੇ 166, ਐਸ.ਬੀ.ਐਸ. ਨਗਰ ਦੇ 83, ਸੰਗਰੂਰ ਦੇ 130, ਮਾਲੇਰਕੋਟਲਾ ਦੇ 105 ਅਤੇ ਤਰਨਤਾਰਨ ਦੇ 411 ਲਾਭਪਾਤਰੀਆਂ ਨੂੰ ਵੀ ਇਸ ਸਕੀਮ ਤਹਿਤ ਲਾਭ ਪ੍ਰਦਾਨ ਕੀਤਾ ਗਿਆ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਅਸ਼ੀਰਵਾਦ ਸਕੀਮ ਤਹਿਤ ਸੂਬਾ ਸਰਕਾਰ ਵੱਲੋਂ ਘੱਟ ਆਮਦਨੀ ਵਾਲੇ ਪਰਿਵਾਰਾਂ ਨਾਲ ਸਬੰਧਤ ਲੜਕੀਆਂ ਦੇ ਵਿਆਹ ਲਈ 51,000 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਸ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਪੰਜਾਬ ਰਾਜ ਦਾ ਸਥਾਈ ਨਾਗਰਿਕ ਹੋਵੇ ਤੇ ਪਰਿਵਾਰ ਗਰੀਬੀ ਰੇਖਾ ਤੋਂ ਹੇਠਾਂ ਦਾ ਹੋਣਾ ਲਾਜ਼ਮੀ ਹੈ। ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਇਹ ਸਕੀਮ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਤੇ ਹੋਰ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨਾਲ ਸਬੰਧਤ ਪਰਿਵਾਰਾਂ ਲਈ ਲਾਗੂ ਹੈ। ਉਨ੍ਹਾਂ ਕਿਹਾ ਕਿ ਪਰਿਵਾਰ ਦੀ ਸਾਰੇ ਸਰੋਤਾਂ ਤੋਂ ਸਲਾਨਾ ਆਮਦਨ 32,790 ਰੁਪਏ ਤੋਂ ਘੱਟ ਹੋਣੀ ਚਾਹੀਦੀ ਹੈ ਤੇ ਅਜਿਹੇ ਪਰਿਵਾਰਾਂ ਦੀਆਂ ਦੋ ਧੀਆਂ ਤੱਕ ਇਸ ਸਕੀਮ ਦਾ ਲਾਭ ਦਿੱਤਾ ਜਾਂਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਵਿੱਤੀ ਸਹਾਇਤਾ ਦੀ ਅਦਾਇਗੀ ਡੀ.ਬੀ.ਟੀ.ਰਾਹੀਂ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾਂਦੀ ਹੈ, ਜਿਸ ਨਾਲ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਤੇ ਸੁਵਿਧਾ ਯਕੀਨੀ ਬਣਾਈ ਜਾਂਦੀ ਹੈ। ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਲੋਕ-ਕੇਂਦਰਿਤ ਸਕੀਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾ ਰਿਹਾ ਹੈ ਤਾਂ ਜੋ ਲੋੜਵੰਦ ਪਰਿਵਾਰਾਂ ਨੂੰ ਸਮੇਂ ਸਿਰ ਸਹਾਇਤਾ ਮਿਲ ਸਕੇ।

# ਪੰਜਾਬ ਹਰ ਪਰਿਵਾਰ ਨੂੰ 10 ਲੱਖ ਸਾਲਾਨਾ ਨਕਦ ਰਹਿਤ ਸਿਹਤ ਕਵਰ ਦੇਣ ਵਾਲਾ ਪਹਿਲਾ ਸੂਬਾ ਬਣਿਆ : ਡਾ. ਬਲਬੀਰ ਸਿੰਘ



ਚੰਡੀਗੜ੍ਹ, 31 ਮਾਰਚ (ਚ.ਨ.ਸ.): ਯੂਨੀਵਰਸਲ ਹੈਲਥਕੇਅਰ ਵੱਲ ਇੱਕ ਇਤਿਹਾਸਕ ਕਦਮ ਪੁੱਟਦਿਆਂ, ਪੰਜਾਬ ਸਰਕਾਰ "ਮੁੱਖ ਮੰਤਰੀ ਸਿਹਤ ਯੋਜਨਾ" ਤਹਿਤ ਹਰ ਪਰਿਵਾਰ ਨੂੰ 10 ਲੱਖ ਰੁਪਏ ਦਾ ਸਾਲਾਨਾ ਨਕਦ ਰਹਿਤ ਸਿਹਤ ਕਵਰ ਪ੍ਰਦਾਨ ਕਰਨ ਵਾਲਾ ਭਾਰਤ ਦਾ ਪਹਿਲਾ ਸੂਬਾ ਬਣਿਆ। ਇਹ ਯੋਜਨਾ ਪੀ.ਐਮ-ਜੇ.ਏ.ਵਾਈ ਸਕੀਮ ਦੇ 5 ਲੱਖ ਰੁਪਏ ਦੇ ਕਵਰ ਨੂੰ ਦੁੱਗਣਾ ਕਰਦੀ ਹੈ ਤੇ ਸਾਰੇ ਵਸਨੀਕਾਂ ਨੂੰ ਇਸ ਦੇ ਦਾਇਰੇ ਵਿੱਚ ਲਿਆਉਂਦੀ ਹੈ। ਇੱਕ ਵੱਡੇ ਮੀਲ ਪੱਥਰ ਵਜੋਂ, ਸੂਬੇ ਵਿੱਚ ਹੁਣ ਤੱਕ 30 ਲੱਖ ਤੋਂ ਵੱਧ "ਸਿਹਤ ਕਾਰਡ" ਬਣਾਏ ਜਾ ਚੁੱਕੇ ਹਨ, ਜਿਸ ਨਾਲ ਪੰਜਾਬ ਦੀ ਲਗਭਗ ਅੱਧੀ ਆਬਾਦੀ ਨੂੰ ਸੁਰੱਖਿਅਤ ਸਿਹਤ ਕਵਰ ਮਿਲ ਗਿਆ ਹੈ। ਕਾਰਡ ਬਣਾਉਣ ਦੀ ਇਹ ਵੱਡੀ ਗਿਣਤੀ ਸ਼ਹਿਰੀ ਤੇ ਪੇਂਡੂ ਦੋਵਾਂ ਖੇਤਰਾਂ ਵਿੱਚ ਲੋਕਾਂ ਦੇ ਉਤਸ਼ਾਹ ਨੂੰ ਦਰਸਾਉਂਦੀ ਹੈ। ਇਸ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਿਆਂ, ਭਗਵੰਤ ਮਾਨ ਸਰਕਾਰ ਨੇ ਪੰਜਾਬ ਬਜਟ 2026-27 ਵਿੱਚ ਵਿੱਚ ਇਸ ਯੋਜਨਾ ਲਈ 2000 ਕਰੋੜ ਰੁਪਏ ਅਲਾਟ ਕੀਤੇ ਹਨ, ਜੋ ਸਿਹਤ ਸਹੂਲਤਾਂ ਨੂੰ ਸਰਕਾਰ ਦੇ ਸ਼ਾਸਨ ਮਾਡਲ ਦਾ ਕੇਂਦਰੀ ਥੰਮ੍ਹ ਬਣਾਉਂਦੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋਈ ਇਸ ਤਬਦੀਲੀ ਬਾਰੇ ਜਾਣਕਾਰੀ ਦਿੰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, "30 ਲੱਖ ਤੋਂ ਵੱਧ ਸਿਹਤ ਕਾਰਡਾਂ ਦੀ ਰਜਿਸਟ੍ਰੇਸ਼ਨ ਦੇ ਨਾਲ, ਪੰਜਾਬ ਜਨਤਕ ਸਿਹਤ ਸੰਭਾਲ ਵਿੱਚ ਇੱਕ ਨਵਾਂ ਮਿਆਰ ਸਥਾਪਤ ਕਰ ਰਿਹਾ ਹੈ। ਪੰਜਾਬ ਭਾਰਤ ਦਾ ਪਹਿਲਾ ਅਜਿਹਾ ਸੂਬਾ ਹਾਂ ਜੋ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਯੂਨੀਵਰਸਲ ਤੇ ਨਕਦ ਰਹਿਤ ਇਲਾਜ ਮੁਹੱਈਆ ਕਰਵਾ ਰਿਹਾ ਹੈ। ਇਹ ਨਾ ਸਿਰਫ਼ ਆਰਥਿਕ ਰੁਕਾਵਟਾਂ ਨੂੰ ਦੂਰ ਕਰ ਰਿਹਾ ਹੈ, ਸਗੋਂ ਹਰ ਨਾਗਰਿਕ ਲਈ ਸਨਮਾਨ ਅਤੇ ਸਮੇਂ ਸਿਰ ਇਲਾਜ ਦੀ ਗਰੰਟੀ ਵੀ ਦੇ ਰਿਹਾ ਹੈ।"

ਇਸ ਯੋਜਨਾ ਦੇ ਤੇਜ਼ੀ ਨਾਲ ਪਸਾਰ ਲਈ ਪਿੰਡਾਂ, ਮੰਡੀਆਂ, ਸਕੂਲਾਂ, ਕਾਲਜਾਂ, ਹਸਪਤਾਲਾਂ, ਫੈਕਟਰੀਆਂ ਤੇ ਜਨਤਕ ਥਾਵਾਂ 'ਤੇ ਸਿਹਤ ਕੈਂਪਾਂ ਰਾਹੀਂ ਜ਼ਮੀਨੀ ਪੱਧਰ 'ਤੇ ਕੰਮ ਕੀਤਾ ਗਿਆ ਹੈ। ਸੇਵਾ ਕੇਂਦਰਾਂ ਅਤੇ ਕਾਮਨ ਸਰਵਿਸ ਸੈਂਟਰਾਂ 'ਤੇ ਲਗਾਤਾਰ ਰਜਿਸਟ੍ਰੇਸ਼ਨ ਅਤੇ ਘਰ-ਘਰ ਜਾ ਕੇ ਪਹੁੰਚ ਕਰਨ ਨਾਲ ਹਰ ਵਰਗ ਦੇ ਲੋਕਾਂ ਨੂੰ ਇਸ ਦਾ ਲਾਭ ਮਿਲਣਾ ਯਕੀਨੀ ਹੋਇਆ ਹੈ। ਜਿਵੇਂ-ਜਿਵੇਂ ਇਸ ਯੋਜਨਾ ਦਾ ਦਾਇਰਾ ਵਧ ਰਿਹਾ ਹੈ, ਇਸਦੇ ਵਰਤੋਂ ਦੇ ਰੁਝਾਨ ਜ਼ਮੀਨੀ ਪੱਧਰ 'ਤੇ ਪੈਣ ਵਾਲੇ ਪ੍ਰਭਾਵ ਨੂੰ ਦਰਸਾਉਂਦੇ ਹਨ। ਸਭ ਤੋਂ ਵੱਧ ਲਏ ਜਾਣ ਵਾਲੇ ਇਲਾਜਾਂ ਵਿੱਚ ਡਾਇਲਸਿਸ, ਦਿਲ ਦੀਆਂ ਪ੍ਰਕਿਰਿਆਵਾਂ ਜਿਵੇਂ ਕਿ ਐਂਜੀਓਪਲਾਸਟੀ, ਗੋਡੇ ਬਦਲਣ ਵਰਗੀਆਂ ਆਰਥੋਪੀਡਿਕ ਸਰਜਰੀਆਂ, ਕੈਂਸਰ ਦਾ ਇਲਾਜ, ਤੇ ਹਾਦਸਿਆਂ ਤੇ ਜਾਨਵਰਾਂ ਦੇ ਕੱਟਣ ਵਰਗੇ ਐਮਰਜੈਂਸੀ ਕੇਸ ਸ਼ਾਮਲ ਹਨ।

ਇਸ ਯੋਜਨਾ ਦੀ ਪਹੁੰਚ ਹਰ ਉਮਰ ਦੇ ਲੋਕਾਂ ਅਤੇ ਗੰਭੀਰ ਬਿਮਾਰੀਆਂ ਤੱਕ ਫੈਲੀ ਹੋਈ ਹੈ। ਸ੍ਰੀ ਮੁਕਤਸਰ ਸਾਹਿਬ ਵਿੱਚ ਇੱਕ 1 ਸਾਲ ਦੇ ਬੱਚੇ ਨੂੰ ਨਿਮੋਨੀਆ ਦਾ ਸਮੇਂ ਸਿਰ ਇਲਾਜ ਮਿਲਿਆ, ਜਦੋਂ ਕਿ ਮੋਗਾ ਵਿੱਚ ਇੱਕ 98 ਸਾਲਾ ਬਜ਼ੁਰਗ ਮਹਿਲਾ ਨੇ ਕੀਮੋਥੈਰੇਪੀ ਨਾਲ ਸਬੰਧਤ ਸੇਵਾਵਾਂ ਪ੍ਰਾਪਤ ਕੀਤੀਆਂ। ਇੱਕ ਹੋਰ ਮਾਮਲੇ ਵਿੱਚ, ਮਾਣਕਪੁਰ ਦੀ ਸੁਖਵਿੰਦਰ ਕੌਰ ਦੇ ਦਿਲ ਦੀ ਗੰਭੀਰ ਹਾਲਤ ਕਾਰਨ ਤੁਰੰਤ ਸਟੈਂਟ ਪਾਏ ਗਏ, ਜਿਸ ਦਾ ਅੰਦਾਜ਼ਨ ਖਰਚਾ 3-4 ਲੱਖ ਰੁਪਏ ਸੀ, ਜੋ ਕਿ ਪੂਰੀ ਤਰ੍ਹਾਂ ਇਸ ਯੋਜਨਾ ਅਧੀਨ ਕਵਰ ਕੀਤਾ ਗਿਆ। ਹਰੇਕ ਮਾਮਲੇ ਵਿੱਚ, ਇਲਾਜ ਬਿਨਾਂ ਕਿਸੇ ਦੇਰੀ ਦੇ ਸ਼ੁਰੂ ਹੋਇਆ, ਜੋ ਇਹ ਦਰਸਾਉਂਦਾ ਹੈ ਕਿ ਕਿਵੇਂ ਸਿਹਤ ਕਾਰਡ ਹਰ ਉਮਰ ਵਰਗ ਅਤੇ ਡਾਕਟਰੀ ਲੋੜਾਂ ਲਈ ਤੁਰੰਤ ਅਤੇ ਨਕਦੀ ਰਹਿਤ ਇਲਾਜ ਨੂੰ ਸੰਭਵ ਬਣਾ ਰਿਹਾ ਹੈ।

900 ਤੋਂ ਵੱਧ ਸੂਚੀਬੱਧ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਅਤੇ 2300 ਤੋਂ ਵੱਧ ਇਲਾਜ ਪੈਕੇਜਾਂ ਦੇ ਨਾਲ, ਲਾਭਪਾਤਰੀ ਹੁਣ ਆਪਣੇ ਘਰ ਦੇ ਨੇੜੇ ਮਿਆਰੀ ਸਿਹਤ ਸੇਵਾਵਾਂ ਦਾ ਲਾਭ ਉਠਾ ਰਹੇ ਹਨ। ਹੁਣ ਤੱਕ, ਇਸ ਯੋਜਨਾ ਤਹਿਤ 300 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ ਲਗਭਗ 2 ਲੱਖ ਇਲਾਜ ਕੀਤੇ ਜਾ ਚੁੱਕੇ ਹਨ, ਜਿਨ੍ਹਾਂ ਵਿੱਚ 43,000 ਤੋਂ ਵੱਧ ਸਰਜੀਕਲ ਪ੍ਰਕਿਰਿਆਵਾਂ ਸ਼ਾਮਲ ਹਨ। ਜਿਵੇਂ-ਜਿਵੇਂ ਰਜਿਸਟ੍ਰੇਸ਼ਨ ਦਾ ਅੰਕੜਾ 65 ਲੱਖ ਪਰਿਵਾਰਾਂ ਦੇ ਟੀਚੇ ਵੱਲ ਵਧ ਰਿਹਾ ਹੈ, ਮੁੱਖ ਮੰਤਰੀ ਸਿਹਤ ਯੋਜਨਾ ਪੰਜਾਬ ਦੇ ਸਿਹਤ ਢਾਂਚੇ ਦੇ ਇੱਕ ਮਜ਼ਬੂਤ ਅਧਾਰ ਵਜੋਂ ਉੱਭਰ ਰਹੀ ਹੈ, ਜੋ ਜਨਤਕ ਸਿਹਤ ਕਵਰੇਜ ਦੇ ਪੈਮਾਨੇ ਅਤੇ ਦਾਇਰੇ ਵਿੱਚ ਇੱਕ ਰਾਸ਼ਟਰੀ ਮਿਸਾਲ ਕਾਇਮ ਕਰ ਰਹੀ ਹੈ।

# ਕੇਂਦਰ ਨੇ ਕਣਕ ਦੀ ਫ਼ਸਲ ਖਰੀਦਣ ਲਈ 30 ਹਜ਼ਾਰ ਕਰੋੜ ਰੁ. ਤੋਂ ਵੱਧ ਦੀ CCL ਲਿਮਟ ਕੀਤੀ ਜਾਰੀ : ਭਾਜਪਾ ਪੰਜਾਬ



ਚੰਡੀਗੜ੍ਹ, 31 ਮਾਰਚ (ਅੰਮ੍ਰਿਤਪਾਲ ਸਿੰਘ): ਪੰਜਾਬ ਅੰਦਰ ਕਣਕ ਦਾ ਸੀਜ਼ਨ ਸ਼ੁਰੂ ਹੋ ਗਿਆ ਹੈ, ਇਸਦੇ ਚੱਲਦੇ ਕੇਂਦਰ ਦੀ ਮੋਦੀ ਸਰਕਾਰ ਨੇ ਕਿਸਾਨਾਂ ਪ੍ਰਤੀ ਆਪਣੀ ਵਚਨਬੱਧਤਾ ਨੂੰ ਨਿਭਾਉਂਦਿਆਂ ਪੰਜਾਬ ਅੰਦਰ ਕਣਕ ਦੀ ਫ਼ਸਲ ਐਮ.ਐਸ.ਪੀ 2585 ਰੁ. ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਖਰੀਦਣ ਲਈ ₹30,973 ਕਰੋੜ ਰੁਪਏ ਦੀ CCL ਲਿਮਟ ਜਾਰੀ ਕੀਤੀ ਹੈ, ਜਿਸ ਦੇ ਲਈ ਭਾਜਪਾ ਪੰਜਾਬ ਕੇਂਦਰ ਸਰਕਾਰ ਦਾ ਬਹੁਤ ਧੰਨਵਾਦ ਕਰਦੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਭਾਜਪਾ ਪੰਜਾਬ ਦੇ ਬੁਲਾਰੇ ਪ੍ਰਿਤਪਾਲ ਸਿੰਘ ਬੱਲੀਏਵਾਲ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਇਹ ਪਹਿਲ ਕਿਸਾਨਾਂ ਦੀ ਮਿਹਨਤ ਦਾ ਸਤਿਕਾਰ ਹੈ ਅਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਵੱਲ ਇੱਕ ਵੱਡਾ ਕਦਮ ਹੈ।

ਬੱਲੀਏਵਾਲ ਨੇ ਪੰਜਾਬ ਦੀ ਮੌਜੂਦਾ AAP ਸਰਕਾਰ ਨੂੰ ਆੜ੍ਹੇ ਹੱਥੀ ਲੈਂਦੇ ਹੋਏ ਕਿਹਾ ਕਿ AAP ਸਰਕਾਰ ਨਿਕੰਮੀ ਸਰਕਾਰ ਹੈ, ਜੋ ਇਸ ਚੰਗੇ ਕੰਮ ਲਈ ਕੇਂਦਰ ਸਰਕਾਰ ਦਾ ਧੰਨਵਾਦ ਕਰਨਾ ਵੀ ਭੁੱਲ ਚੁੱਕੀ ਹੈ, ਇਹ ਸਰਕਾਰ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਤੇ ਪਰਦਾ ਪਾਉਣ ਤੇ ਸੱਚਾਈ ਲੁਕਾਉਣ ਦਾ ਕੰਮ ਕਰਦੀ ਹੈ। ਬੱਲੀਏਵਾਲ ਨੇ ਕਿਹਾ ਕਿ ਪਿਛਲੇ 11 ਸਾਲਾਂ ਤੋਂ ਪੰਜਾਬ ਦੇ ਕਿਸਾਨਾਂ ਦੀ ਖੁਸ਼ਹਾਲੀ ਲਈ ਮੋਦੀ ਸਰਕਾਰ ਵੱਲੋਂ ਇਹ ਲਿਮਟ ਹਮੇਸ਼ਾ ਸਮੇਂ ਸਿਰ ਭੇਜੀ ਜਾਂਦੀ ਹੈ, ਜਦਕਿ ਪਿਛਲੇ 4 ਸਾਲਾਂ ਤੋਂ AAP ਸਰਕਾਰ ਇਸ ਦੇ ਲਈ ਕਦੇ ਕੋਈ ਉਪਰਾਲਾ ਨਹੀਂ ਕੀਤਾ। ਬੱਲੀਏਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਵੇ ਅਤੇ ਉਨ੍ਹਾਂ ਦੀ ਫਸਲ ਦਾ ਇੱਕ-ਇੱਕ ਦਾਣਾ ਨਿਯਮਾਂ ਅਨੁਸਾਰ ਖਰੀਦਿਆ ਜਾਵੇ। ਉਨ੍ਹਾਂ ਨੇ ਕਿਹਾ ਕਿ ਮੋਦੀ ਸਰਕਾਰ ਹਮੇਸ਼ਾਂ ਹੀ ਕਿਸਾਨ ਹਿਤੈਸ਼ੀ ਫੈਸਲੇ ਲੈਂਦੀ ਆਈ ਹੈ ਅਤੇ ਇਹ ਫੈਸਲਾ ਵੀ ਉਸੇ ਲੜੀ ਦਾ ਹਿੱਸਾ ਹੈ। ਪੰਜਾਬ ਦੇ ਕਿਸਾਨਾਂ ਲਈ ਕੇਂਦਰ ਦੀ ਮੋਦੀ ਸਰਕਾਰ ਤੇ ਭਾਜਪਾ ਪੰਜਾਬ ਹਮੇਸ਼ਾ ਯਤਨਸ਼ੀਲ ਰਹੇਗੀ।

# ਵਿਵਾਦਿਤ ਟਰਾਂਸਜੈਂਡਰ ਬਿੱਲ ਨੂੰ ਰਾਸ਼ਟਰਪਤੀ ਵੱਲੋਂ ਹਰੀ ਝੰਡੀ, ਗਜ਼ਟ ਨੋਟੀਫਿਕੇਸ਼ਨ ਜਾਰੀ

## ਵਿਰੋਧੀ ਧਿਰਾਂ ਤੇ ਮਨੁੱਖੀ ਅਧਿਕਾਰ ਕਾਰਕੁੰਨਾਂ ਨੇ ਕਾਨੂੰਨ ਨੂੰ ਦੱਸਿਆ ਪਿਛਾਂਹ ਖਿੱਚੂ

ਨਵੀਂ ਦਿੱਲੀ, 31 ਮਾਰਚ (ਚ.ਨ.ਸ.): ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ "ਟਰਾਂਸਜੈਂਡਰ ਅਧਿਕਾਰਾਂ ਦੀ ਸੁਰੱਖਿਆ ਸੋਧ ਬਿੱਲ" ਨੂੰ ਆਪਣੀ ਪ੍ਰਵਾਨਗੀ ਦੇ ਦਿੱਤੀ ਹੈ। ਕੇਂਦਰੀ ਕਾਨੂੰਨ ਮੰਤਰਾਲੇ ਵੱਲੋਂ ਜਾਰੀ ਗਜ਼ਟ ਨੋਟੀਫਿਕੇਸ਼ਨ ਅਨੁਸਾਰ, ਸੋਮਵਾਰ ਨੂੰ ਰਾਸ਼ਟਰਪਤੀ ਦੇ ਦਸਤਖ਼ਤ ਹੋਣ ਤੋਂ ਬਾਅਦ ਹੁਣ ਇਹ ਬਿੱਲ ਕਾਨੂੰਨ ਬਣ ਗਿਆ ਹੈ। ਜ਼ਿਕਰਯੋਗ ਹੈ ਕਿ ਇਸ ਬਿੱਲ ਨੂੰ ਲੈ ਕੇ ਦੇਸ਼ ਭਰ ਵਿੱਚ ਵਿਰੋਧ ਪ੍ਰਦਰਸ਼ਨ ਹੋ ਰਹੇ ਸਨ ਤੇ ਲਗਭਗ 140 ਵਕੀਲਾਂ ਤੇ ਨਾਰੀਵਾਦੀ ਕਾਰਕੁਨਾਂ ਨੇ ਰਾਸ਼ਟਰਪਤੀ ਨੂੰ ਪੱਤਰ ਲਿਖ ਕੇ ਇਸ 'ਤੇ ਹਸਤਾਖਰ ਨਾ ਕਰਨ ਦੀ ਅਪੀਲ ਕੀਤੀ ਸੀ। ਉਨ੍ਹਾਂ ਦਾ ਤਰਕ ਸੀ ਕਿ ਇਸ ਦੀਆਂ ਕਈ ਧਾਰਾਵਾਂ ਸੰਵਿਧਾਨਕ ਉਲੰਘਣਾ ਕਰਦੀਆਂ ਹਨ ਅਤੇ ਇਸ ਨੂੰ ਪਾਸ ਕਰਨ ਦੀ ਪ੍ਰਕਿਰਿਆ ਵਿੱਚ ਵੀ ਕਈ ਖਾਮੀਆਂ ਹਨ। ਇਹ ਬਿੱਲ 25 ਮਾਰਚ ਨੂੰ ਰਾਜ ਸਭਾ ਵਿੱਚ ਪਾਸ ਹੋਇਆ ਸੀ,ਜਦੋਂਕਿ ਲੋਕ ਸਭਾ ਨੇ ਇਸ ਨੂੰ ਇੱਕ ਦਿਨ ਪਹਿਲਾਂ ਹੀ ਹਰੀ ਝੰਡੀ ਦੇ ਦਿੱਤੀ ਸੀ। ਵਿਰੋਧੀ ਧਿਰਾਂ ਨੇ ਮੰਗ ਕੀਤੀ ਸੀ ਕਿ ਇਸ ਬਿੱਲ ਨੂੰ ਡੂੰਘਾਈ ਨਾਲ ਜਾਂਚਣ ਲਈ ਸਦਨ ਦੀ ਸਿਲੈਕਟ ਕਮੇਟੀ ਕੋਲ ਭੇਜਿਆ ਜਾਵੇ ਕਿਉਂਕਿ ਇਸ ਦੀਆਂ ਕਈ ਵਿਵਸਥਾਵਾਂ ਟਰਾਂਸਜੈਂਡਰ ਭਾਈਚਾਰੇ ਦੀ ਮਾਨ-ਮਰਿਆਦਾ ਨੂੰ ਸੱਟ ਮਾਰਦੀਆਂ ਹਨ। 'ਆਪ' ਆਗੂ ਰੁਬੇਨ ਮਸਕਰੇਨਹਾਸ ਨੇ ਐਕਸ 'ਤੇ ਲਿਖਿਆ ਕਿ ਇਸ ਰੂੜੀਵਾਦੀ ਕਾਨੂੰਨ ਦੇ ਲਾਗੂ ਹੋਣ ਨਾਲ ਭਾਰਤ ਹੁਣ ਉਨ੍ਹਾਂ ਦੇਸ਼ਾਂ ਦੀ ਸੂਚੀ ਵਿੱਚ ਸ਼ਾਮਲ ਹੋ ਗਿਆ ਹੈ ਜਿੱਥੇ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਹੁੰਦੀ ਹੈ। ਇਸ ਕਾਨੂੰਨ ਵਿਰੁੱਧ ਮੁੱਖ ਇਤਰਾਜ਼ ਟਰਾਂਸਜੈਂਡਰਾਂ ਦੀ ਪਰਿਭਾਸ਼ਾ ਨੂੰ ਸੀਮਤ ਕਰਨ ਬਾਰੇ ਹੈ, ਜਿਸ ਵਿੱਚੋਂ ਟਰਾਂਸ ਮੈਨ, ਟਰਾਂਸ-ਵੂਮੈਨ ਅਤੇ ਗੈਰ-ਬਾਈਨਰੀ ਲੋਕਾਂ ਨੂੰ ਬਾਹਰ ਕਰ ਦਿੱਤਾ ਗਿਆ ਹੈ ਜੇਕਰ ਉਨ੍ਹਾਂ ਕੋਲ ਕੋਈ ਡਾਕਟਰੀ ਤਸਦੀਕ ਨਹੀਂ ਹੈ। ਦੂਜੇ ਪਾਸੇ, ਕੇਂਦਰੀ ਸਮਾਜਿਕ ਨਿਆਂ ਤੇ ਅਧਿਕਾਰਤਾ ਮੰਤਰੀ ਵਰਿੰਦਰ ਕੁਮਾਰ ਨੇ ਵਿਰੋਧੀ ਧਿਰ ਦੇ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਕਿ ਇਹ ਬਿੱਲ ਸਮਾਜ ਦੇ ਸਾਰੇ ਵਰਗਾਂ ਨੂੰ ਨਾਲ ਲੈ ਕੇ ਚੱਲਣ ਦੀ ਕੋਸ਼ਿਸ਼ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਕਾਨੂੰਨ ਸਿਰਫ਼ ਉਨ੍ਹਾਂ ਲੋਕਾਂ ਨੂੰ ਸੁਰੱਖਿਆ ਪ੍ਰਦਾਨ ਕਰੇਗਾ ਜੋ ਜੈਵਿਕ ਕਾਰਨਾਂ ਕਰਕੇ ਵਿਤਕਰੇ ਦਾ ਸਾਹਮਣਾ ਕਰਦੇ ਹਨ।

## ਪੰਜਾਬ ਸਰਕਾਰ ਵੱਲੋਂ ਅਹਿਮ ਉਦਯੋਗਿਕ ਸੁਧਾਰਾਂ ਦਾ ਐਲਾਨ

# ਮੰਤਰੀ ਮੰਡਲ ਨੇ ਫ੍ਰੀਹੋਲਡ ਤੇ ਉਦਯੋਗਿਕ ਬੁਨਿਆਦੀ ਢਾਂਚੇ ਦੇ ਪ੍ਰਬੰਧਨ ਲਈ ਲੀਜ਼ਹੋਲਡ ਸਬੰਧੀ ਅਹਿਮ ਸੋਧਾਂ ਨੂੰ ਪ੍ਰਵਾਨਗੀ ਦਿੱਤੀ : ਸੰਜੀਵ ਅਰੋੜਾ

ਚੰਡੀਗੜ੍ਹ, 31 ਮਾਰਚ (ਚ.ਨ.ਸ.): ਉਦਯੋਗ ਅਤੇ ਵਣਜ, ਨਿਵੇਸ਼ ਪ੍ਰੋਤਸਾਹਨ, ਬਿਜਲੀ ਅਤੇ ਸਥਾਨਕ ਸਰਕਾਰਾਂ ਬਾਰੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੀਜ਼ਹੋਲਡ ਉਦਯੋਗਿਕ ਪਲਾਟਾਂ ਅਤੇ ਸ਼ੈੱਡਾਂ ਨੂੰ ਫ੍ਰੀਹੋਲਡ ਵਿੱਚ ਬਦਲਣ ਲਈ ਨੀਤੀ ਵਿੱਚ ਅਹਿਮ ਸੁਧਾਰਾਂ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ। ਇਸ ਦੇ ਨਾਲ ਹੀ ਫ੍ਰੀਹੋਲਡ ਪਲਾਟ ਧਾਰਕਾਂ ਲਈ ਅਲਾਟਮੈਂਟ ਤੋਂ ਬਾਅਦ ਦੀਆਂ ਸੇਵਾਵਾਂ ਨੂੰ ਵਿਆਪਕ ਤੌਰ 'ਤੇ ਤਰਕਸੰਗਤ ਬਣਾਉਣ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਗਈ ਹੈ। ਉਦਯੋਗਿਕ ਖੇਤਰ ਦੇ ਭਾਈਵਾਲਾਂ ਨਾਲ ਵਿਆਪਕ ਸਲਾਹ-ਮਸ਼ਵਰੇ ਅਤੇ ਸਮੂਹ ਮੰਤਰੀਆਂ ਦੀਆਂ ਸਿਫ਼ਾਰਸ਼ਾਂ ਤੋਂ ਬਾਅਦ ਕੀਤੇ ਗਏ ਇਹ ਸੁਧਾਰ ਕਾਰੋਬਾਰ ਕਰਨ ਦੀ ਆਸਾਨ ਨੂੰ ਹੋਰ ਮਜ਼ਬੂਤ ਕਰਨ ਅਤੇ ਇੱਕ ਪਾਰਦਰਸ਼ੀ, ਨਿਵੇਸ਼ਕ ਪੱਖੀ ਉਦਯੋਗਿਕ ਈਕੋਸਿਸਟਮ ਬਣਾਉਣ ਪ੍ਰਤੀ ਸਰਕਾਰ ਦੀ ਦ੍ਰਿੜ ਵਚਨਬੱਧਤਾ ਦੀ ਪੁਸ਼ਟੀ ਕਰਦੇ ਹਨ।

**ਮੁੱਖ ਸੁਧਾਰ:** ਲੀਜ਼ਹੋਲਡ ਤੋਂ ਫ੍ਰੀਹੋਲਡ ਵਿੱਚ ਤਬਾਦਲਾ

ਮੁੱਖ ਫੈਸਲਿਆਂ 'ਤੇ ਚਾਨਣਾ ਪਾਉਂਦਿਆਂ ਸੰਜੀਵ ਅਰੋੜਾ ਨੇ ਕਿਹਾ:

ਸਿਰਫ਼ 5 ਫੀਸਦ ਤਬਾਦਲਾ ਫੀਸ ਨਿਰਧਾਰਤ ਕੀਤੀ ਗਈ ਹੈ।

30 ਅਪ੍ਰੈਲ, 2026 ਤੱਕ ਕੀਤੇ ਗਏ ਤਬਾਦਲਿਆਂ ਲਈ ਸਟੈਂਪ ਡਿਊਟੀ 'ਤੇ 100 ਫੀਸਦ ਛੋਟ।

ਜਿੱਥੇ ਅਣ-ਅਰਜਿਤ ਵਾਧਾ ਧਾਰਾ ਲਾਗੂ ਨਹੀਂ ਹੈ, ਉੱਥੇ ਖਰਚਿਆਂ ਦੀ ਛੋਟ ਰਾਹੀਂ ਮਹੱਤਵਪੂਰਨ ਰਾਹਤ।

ਵਿਸ਼ੇਸ਼ ਮਾਮਲਿਆਂ ਵਿੱਚ, ਵਾਰ-ਵਾਰ ਲੱਗਣ ਵਾਲੀ ਫੀਸ ਲਈ ਇਕੋ ਫੀਸ ਲਾਗੂ ਕੀਤੀ ਗਈ ਹੈ।




ਕਈ ਸੇਵਾਵਾਂ ਲਈ ਸਾਲਾਨਾ ਨਵੀਨੀਕਰਨ ਖਰਚੇ ਬੰਦ ਕਰ ਦਿੱਤੇ ਗਏ ਹਨ।

ਤੁਰੰਤ ਤਬਾਦਲੇ ਨੂੰ ਉਤਸ਼ਾਹਿਤ ਕਰਨ ਅਤੇ ਪੁਰਾਣੇ ਮੁੱਦਿਆਂ ਦੇ ਨਿਪਟਾਰੇ ਲਈ:

ਲੰਬਿਤ ਤਬਾਦਲੇ ਅਤੇ ਪਰਿਵਰਤਨ ਸਬੰਧੀ ਮਾਮਲਿਆਂ ਦਾ ਸਮਾਂਬੱਧ ਨਿਪਟਾਰਾ।

ਤੁਰੰਤ ਤਬਾਦਲੇ ਲਈ ਯਕਮੁਸ਼ਤ ਸਟੈਂਪ ਡਿਊਟੀ ਵਿੱਚ ਛੋਟ।

ਕਾਗਜ਼ੀ ਕਾਰਵਾਈ ਨੂੰ ਸਰਲ ਬਣਾਉਣਾ: ਮੌਰਗੇਜ ਲੀਜ਼ ਡੀਡਜ਼ ਦੇ ਮਾਮਲੇ ਵਿੱਚ ਬੈਂਕ ਪੱਤਰ ਹੀ ਕਾਫ਼ੀ ਹੈ

ਅਣਅਰਜਿਤ ਵਾਧੇ ਦੀ ਧਾਰਾ 'ਤੇ ਸਪੱਸ਼ਟਤਾ

ਚਿਰਕੋਣੇ ਉਦਯੋਗਿਕ ਮੁੱਦਿਆਂ ਦਾ ਨਿਪਟਾਰਾ ਕਰਦਿਆਂ ਮੰਤਰੀ ਨੇ ਸਪੱਸ਼ਟ ਕੀਤਾ:

ਜਿੱਥੇ ਟਾਈਟਲ ਦਸਤਾਵੇਜ਼ਾਂ ਵਿੱਚ ਧਾਰਾ ਮੌਜੂਦ ਨਹੀਂ ਹੈ, ਉੱਥੇ ਕੋਈ ਅਣ-ਅਰਜਿਤ ਵਾਧਾ ਨਹੀਂ ਲਿਆ ਜਾਵੇਗਾ:

ਪਰਿਵਾਰਕ ਤਬਾਦਲੇ, ਵਿਰਾਸਤ, ਜਾਂ ਮੌਤ ਦੇ ਮਾਮਲਿਆਂ ਵਿੱਚ ਜਿੱਥੇ ਪਲਾਟ ਪਹਿਲਾਂ ਹੀ ਨੋਟੀਫਿਕੇਸ਼ਨ ਤੋਂ ਪਹਿਲਾਂ ਫ੍ਰੀਹੋਲਡ ਵਿੱਚ ਬਦਲ ਗਏ ਹਨ।

ਉਨ੍ਹਾਂ ਅੱਗੇ ਕਿਹਾ, "ਇਸ ਨਾਲ ਵਧੇਰੇ ਸਪੱਸ਼ਟਤਾ ਯਕੀਨੀ ਬਣਾਈ ਗਈ ਹੈ ਅਤੇ ਉਦਯੋਗਪਤੀਆਂ ਨੂੰ ਗੈਰ-ਵਾਜਬ ਵਿੱਤੀ ਦੇਣਦਾਰੀ ਤੋਂ ਬਚਾਇਆ ਗਿਆ ਹੈ।"

ਕਾਰੋਬਾਰ ਕਰਨ ਵਿੱਚ ਅਸਾਨੀ ਸਬੰਧੀ ਮੁੱਖ ਸੁਧਾਰ (ਪੀਐਸਆਈਈਸੀ)

ਇੱਕ ਕ੍ਰਾਂਤੀਕਾਰੀ ਕਦਮ ਵਜੋਂ:

ਸੇਵਾਵਾਂ ਨੂੰ ਲਾਜ਼ਮੀ ਅਤੇ ਵਿਕਲਪਿਕ ਸ਼੍ਰੇਣੀਆਂ ਵਿੱਚ ਮੁੜ ਵਰਗੀਕ੍ਰਿਤ ਕੀਤਾ ਗਿਆ

18 ਸੇਵਾਵਾਂ ਨੂੰ ਲਾਜ਼ਮੀ ਤੋਂ ਵਿਕਲਪਿਕ ਵਿੱਚ ਤਬਦੀਲ ਕੀਤਾ ਗਿਆ

ਨੋਟਰਾਈਜ਼ਡ ਹਲਫਨਾਮਿਆਂ ਨੂੰ ਸਵੈ-ਘੋਸ਼ਣਾ ਨਾਲ ਬਦਲਿਆ ਗਿਆ

ਪ੍ਰਵਾਨਗੀਆਂ ਵਿੱਚ ਤੇਜ਼ੀ ਲਿਆਉਣ ਲਈ ਅਸਟੇਟ ਅਫਸਰਾਂ ਨੂੰ ਅਧਿਕਾਰ ਸੌਂਪੇ ਗਏ

ਸ੍ਰੀ ਅਰੋੜਾ ਨੇ ਕਿਹਾ, "ਇਸ ਨਾਲ ਪਾਲਣਾ ਸਬੰਧੀ ਬੋਝ ਨੂੰ ਮਹੱਤਵਪੂਰਨ ਤੌਰ 'ਤੇ ਘੱਟ ਕੀਤਾ ਗਿਆ ਹੈ ਅਤੇ ਫ੍ਰੀਹੋਲਡ ਤਬਾਦਲੇ ਨੂੰ ਉਦਯੋਗਾਂ ਲਈ ਬੇਹੱਦ ਫਾਇਦੇਮੰਦ ਬਣਾਉਂਦਾ ਹੈ।"

ਪੰਜਾਬ ਕਾਮਨ ਇੰਫਰਾਸਟਰੱਕਚਰ (ਰੈਗੂਲੇਸ਼ਨ ਅਤੇ ਮੈਂਟੇਨੈਂਸ) ਅਮੈਂਡਮੈਂਟ ਬਿੱਲ, 2026

ਮੰਤਰੀ ਮੰਡਲ ਨੇ ਉਦਯੋਗਿਕ ਬੁਨਿਆਦੀ ਢਾਂਚੇ ਨੂੰ ਆਧੁਨਿਕ ਬਣਾਉਣ ਲਈ ਇੱਕ ਅਹਿਮ ਸੋਧ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਹੈ।

**ਮੁੱਖ ਨੁਕਤੇ:**

1. ਏਕੀਕ੍ਰਿਤ ਅਤੇ ਪਾਰਦਰਸ਼ੀ ਬੁਨਿਆਦੀ ਢਾਂਚਾ ਪ੍ਰਬੰਧਨ

ਸਾਰੇ ਉਦਯੋਗਿਕ ਖੇਤਰਾਂ ਦੇ ਸੰਚਾਲਨ ਅਤੇ ਰੱਖ-ਰਖਾਅ ਲਈ ਇਕੋ ਵਿਧੀ

ਕਵਰ:

ਉਦਯੋਗਿਕ ਫੋਕਲ ਪੁਆਇੰਟ

ਉਦਯੋਗਿਕ ਸੰਪਤੀ

ਉਦਯੋਗਿਕ ਕਲੱਸਟਰ (ਨੋਟੀਫਾਈ ਪਾਰਕਾਂ ਤੋਂ ਬਾਹਰਲੇ ਸਥਾਨਾਂ ਸਮੇਤ)

2. ਉਦਯੋਗਾਂ ਨੂੰ ਵੱਡੀ ਵਿੱਤੀ ਰਾਹਤ

ਨਗਰ ਨਿਗਮ ਖੇਤਰਾਂ ਵਿੱਚ ਸਰਵਿਸ ਚਾਰਜਿਜ ਨੂੰ ਜਾਇਦਾਦ ਟੈਕਸ ਵਿੱਚ ਸ਼ਾਮਲ

ਦੋਹਰੇ ਟੈਕਸ ਨੂੰ ਖਤਮ ਕੀਤਾ

ਨਿਯਮਾਂ ਨੂੰ ਸਰਲ ਬਣਾਇਆ ਅਤੇ ਵਿੱਤੀ ਬੋਝ ਨੂੰ ਘਟਾਇਆ

3. ਨਵੀਨਤਾਕਾਰੀ ਸੰਗ੍ਰਹਿ ਵਿਧੀ

ਪੰਜਾਬ ਰਾਜ ਬਿਜਲੀ ਨਿਗਮ ਲਿਮਟਿਡ ਵੱਲੋਂ ਸਰਵਿਸ ਚਾਰਜਿਜ ਬਿਜਲੀ ਦੇ ਬਿੱਲਾਂ ਰਾਹੀਂ ਇੱਕਤਰ ਕੀਤੇ ਜਾਣਗੇ।

ਲਾਭ:

ਨਿਯਮਾਂ ਵਿੱਚ ਸੋਧ

ਸਹਿਜ ਅਤੇ ਪਾਰਦਰਸ਼ੀ ਸੰਗ੍ਰਹਿ ਪ੍ਰਣਾਲੀ

4. ਐਸਪੀਵੀਜ਼ ਰਾਹੀਂ ਉਦਯੋਗ-ਪੱਖੀ ਸ਼ਾਸਨ

ਵਿਸ਼ੇਸ਼ ਉਦੇਸ਼ ਵਾਹਨ (ਐਸਪੀਵੀਜ਼) ਹੋਣਗੇ:

ਸੋਸਾਇਟੀਜ਼ ਰਜਿਸਟ੍ਰੇਸ਼ਨ ਐਕਟ, 1860 ਅਧੀਨ ਰਜਿਸਟਰਡ

ਉਦਯੋਗਿਕ ਹਿੱਸੇਦਾਰਾਂ ਦੀ ਅਗਵਾਈ ਹੇਠ

ਸ਼ਾਸਨ ਢਾਂਚਾ:

ਉਦਯੋਗਿਕ ਅਲਾਟੀਆਂ 'ਚੋਂ 7 ਮੈਂਬਰੀ ਕਾਰਜਕਾਰੀ ਕਮੇਟੀ ਚੁਣੀ ਗਈ

ਤਾਲਮੇਲ ਅਤੇ ਨਿਗਰਾਨੀ ਲਈ ਸਰਕਾਰੀ ਅਧਿਕਾਰੀ

ਸਪਸ਼ਟ ਜਵਾਬਦੇਹੀ ਅਤੇ ਪੇਸ਼ੇਵਰ ਪ੍ਰਬੰਧਨ

5. ਮਜ਼ਬੂਤ ਵਿੱਤੀ ਢਾਂਚਾ

90 ਫ਼ੀਸਦ ਫੰਡ "ਰੱਖ-ਰਖਾਅ ਲਈ ਐਸਪੀਵੀਜ਼

10 ਫ਼ੀਸਦ ਫੰਡ : ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਲਈ ਸਮਰੱਥ ਅਥਾਰਟੀ

ਭਵਿੱਖੀ ਵਿਕਾਸ ਲਈ ਲਾਜ਼ਮੀ ਕਾਰਪਸ ਫੰਡ

ਕੁਸ਼ਲ ਵਰਤੋਂ ਨੂੰ ਯਕੀਨੀ ਬਣਾਉਣ ਲਈ ਪ੍ਰਸ਼ਾਸਕੀ ਖਰਚਿਆਂ 'ਤੇ ਸੀਮਾ

6. ਜਵਾਬਦੇਹੀ ਅਤੇ ਨਿਗਰਾਨੀ

ਸਰਕਾਰ ਨੂੰ ਇਹ ਅਧਿਕਾਰ ਹੈ:

ਐਸਪੀਵੀਜ਼ ਦਾ ਆਡਿਟ ਅਤੇ ਨਿਗਰਾਨੀ

ਜੇਕਰ ਲੋੜ ਹੋਵੇ ਤਾਂ ਕਾਰਗੁਜ਼ਾਰੀ ਨਾ ਕਰਨ ਵਾਲੇ ਐਸਪੀਵੀਜ਼ ਨੂੰ ਰੱਦ ਕਰਨਾ

ਉਦਯੋਗ ਨੂੰ ਸਸ਼ਕਤ ਬਣਾਉਣਾ ਅਤੇ ਪੰਜਾਬ ਦੇ ਵਿਕਾਸ ਨੂੰ ਮਜ਼ਬੂਤ ਕਰਨਾ

ਸੰਜੀਵ ਅਰੋੜਾ ਨੇ ਅੱਗੇ ਕਿਹਾ ਕਿ ਇਹ ਮਹੱਤਵਪੂਰਨ ਸੁਧਾਰ ਸਾਡੀ ਸਰਕਾਰ ਦੇ ਸਪੱਸ਼ਟ ਦ੍ਰਿਸ਼ਟੀਕੋਣ ਨੂੰ ਦਰਸਾਉਂਦੇ ਹਨ ਜੋ ਉਦਯੋਗਾਂ ਨੂੰ ਸਸ਼ਕਤ ਬਣਾਉਣਾ, ਨਿਯਮਾਂ ਦੇ ਬੋਝ ਨੂੰ ਘਟਾਉਣਾ ਤੇ ਇੱਕ ਆਧੁਨਿਕ, ਪਾਰਦਰਸ਼ੀ ਤੇ ਸਵੈ-ਨਿਰਭਰ ਉਦਯੋਗਿਕ ਮਾਹੌਲ ਸਿਰਜਣਾ। ਪੰਜਾਬ ਦੇਸ਼ ਵਿੱਚ ਸਭ ਤੋਂ ਵੱਧ ਪ੍ਰਤੀਯੋਗੀ ਤੇ ਨਿਵੇਸ਼ਕ-ਪੱਖੀ ਵਾਤਾਵਰਣ ਪ੍ਰਦਾਨ ਕਰਨ ਲਈ ਵਚਨਬੱਧ ਹੈ।

**ਮੁੱਖ ਨੁਕਤੇ**

ਉਦਯੋਗਪਤੀਆਂ ਲਈ ਵੱਡੀ ਵਿੱਤੀ ਰਾਹਤ

ਲੀਜ਼ਹੋਲਡ ਤੋਂ ਫ੍ਰੀਹੋਲਡ ਵਿੱਚ ਸਰਲ ਤਬਦੀਲੀ

ਘੱਟ ਨਿਯਮ ਤੇ ਜਲਦ ਪ੍ਰਵਾਨਗੀਆਂ

ਉਦਯੋਗ-ਪੱਖੀ ਬੁਨਿਆਦੀ ਢਾਂਚਾ ਪ੍ਰਬੰਧਨ

ਕਾਰੋਬਾਰ ਕਰਨ ਦੀ ਸੌਖ ਵੱਲ ਵਿਸ਼ੇਸ਼ ਧਿਆਨ

ਪੰਜਾਬ ਦਾ ਮਤਲਬ ਹੈ ਕਾਰੋਬਾਰ।

# ਗੈਂਗਸਟਰਾਂ 'ਤੇ ਵਾਰ ਦੇ 70ਵੇਂ ਦਿਨ 521 ਥਾਵਾਂ 'ਤੇ ਛਾਪੇਮਾਰੀ ਦੌਰਾਨ 214 ਕਾਬੂ




ਚੰਡੀਗੜ੍ਹ, 31 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ "ਗੈਂਗਸਟਰਾਂ 'ਤੇ ਵਾਰ" ਮੁਹਿੰਮ ਦੇ 70ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 521 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ"- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। 70ਵੇਂ ਦਿਨ, ਪੁਲਿਸ ਟੀਮਾਂ ਨੇ 214 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 18,056 ਹੋ ਗਈ ਹੈ।

ਇਸ ਤੋਂ ਇਲਾਵਾ 70 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 126 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 3 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ। ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ /ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ।

ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 395ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 85 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 3.2 ਕਿਲੋਗ੍ਰਾਮ ਹੈਰੋਇਨ, 586 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 21,780 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ ਸਿਰਫ 395 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 56,330 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 20 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

## ਸੰਪਾਦਕੀ

# ਬਜ਼ੁਰਗਾਂ ਦੀ ਦੇਖ-ਰੇਖ ਤੇ ਕਾਨੂੰਨ

ਦੇਸ਼ ਵਿੱਚ ਬਜ਼ੁਰਗ ਮਾਪਿਆਂ ਦੀ ਅਣਗਹਿਲੀ ਇੱਕ ਗੰਭੀਰ ਸਮਾਜਿਕ ਸਮੱਸਿਆ ਬਣਦੀ ਜਾ ਰਹੀ ਹੈ। ਪਿੰਡਾਂ ਤੋਂ ਸ਼ਹਿਰਾਂ ਵੱਲ ਪਰਵਾਸ, ਸਾਂਝੇ ਪਰਿਵਾਰਾਂ ਦੇ ਟੁੱਟਣ ਅਤੇ ਤੇਜ਼ੀ ਨਾਲ ਬਦਲਦੀ ਜੀਵਨ ਸ਼ੈਲੀ ਕਾਰਨ ਬਜ਼ੁਰਗਾਂ ਦੀ ਅਣਗਹਿਲੀ ਦੇ ਮਾਮਲੇ ਵੱਧ ਰਹੇ ਹਨ। ਕਈ ਵਾਰ ਮਾਪਿਆਂ ਨੂੰ ਆਪਣੇ ਜੀਵਨ ਦੇ ਆਖਰੀ ਪੜਾਵਾਂ ਵਿੱਚ ਇਕੱਲੇ ਰਹਿਣ ਜਾਂ ਨਰਸਿੰਗ ਹੋਮਾਂ ਵਿੱਚ ਸ਼ਰਨ ਲੈਣ ਲਈ ਮਜਬੂਰ ਕੀਤਾ ਜਾਂਦਾ ਹੈ। ਹਾਲਾਂਕਿ ਕਾਨੂੰਨ ਬਜ਼ੁਰਗਾਂ ਦੀ ਦੇਖਭਾਲ ਲਈ ਸਖ਼ਤ ਪ੍ਰਬੰਧ ਪ੍ਰਦਾਨ ਕਰਦਾ ਹੈ, ਫਿਰ ਵੀ ਉਨ੍ਹਾਂ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਕਾਰਨ ਸਪੱਸ਼ਟ ਹੈ: ਕੁਝ ਬਜ਼ੁਰਗ ਨਾਗਰਿਕ ਆਪਣੇ ਕਾਨੂੰਨੀ ਅਧਿਕਾਰਾਂ ਤੋਂ ਅਣਜਾਣ ਹਨ, ਜਦੋਂ ਕਿ ਦੂਸਰੇ ਸਰੀਰਕ ਅਤੇ ਵਿੱਤੀ ਮੁਸ਼ਕਲਾਂ ਕਾਰਨ ਕਾਨੂੰਨੀ ਸਹਾਇਤਾ ਲੈਣ ਤੋਂ ਅਸਮਰੱਥ ਹਨ। ਇਸ ਸੰਦਰਭ ਵਿੱਚ ਤੇਲੰਗਾਨਾ ਸਰਕਾਰ ਦੀ ਸੀਨੀਅਰ ਨਾਗਰਿਕਾਂ ਨੂੰ ਵਿੱਤੀ ਸੁਰੱਖਿਆ ਪ੍ਰਦਾਨ ਕਰਨ ਦੀ ਪਹਿਲ ਨੇ ਨਵੀਂ ਉਮੀਦ ਜਗਾਈ ਹੈ। ਐਤਵਾਰ ਨੂੰ ਰਾਜ ਵਿਧਾਨ ਸਭਾ ਨੇ ਇੱਕ ਬਿੱਲ ਪਾਸ ਕੀਤਾ ਜੋ ਸਰਕਾਰੀ ਅਤੇ ਨਿੱਜੀ ਕਰਮਚਾਰੀਆਂ ਅਤੇ ਜਨਤਕ ਪ੍ਰਤੀਨਿੱਧੀਆਂ ਦੀ ਜਵਾਬਦੇਹੀ ਪ੍ਰਦਾਨ ਕਰਦਾ ਹੈ। ਹਾਲਾਂਕਿ ਦੇਸ਼ ਵਿੱਚ ਪਹਿਲਾਂ ਹੀ ਇੱਕ ਰਾਸ਼ਟਰੀ ਕਾਨੂੰਨ ਹੈ, ਮਾਪਿਆਂ ਅਤੇ ਸੀਨੀਅਰ ਨਾਗਰਿਕਾਂ ਦੀ ਦੇਖਭਾਲ ਅਤੇ ਭਲਾਈ ਐਕਟ, 2007, ਬਜ਼ੁਰਗਾਂ ਦੀ ਦੇਖਭਾਲ ਸਬੰਧੀ ਜ਼ਮੀਨੀ ਪੱਧਰ 'ਤੇ ਇਸਦੇ ਪ੍ਰਭਾਵਸ਼ਾਲੀ ਲਾਗੂਕਰਨ ਦੀ ਘਾਟ ਹੈ। ਕਾਨੂੰਨੀ ਪ੍ਰਕਿਰਿਆ ਅਕਸਰ ਇੰਨੀ ਗੁੰਝਲਦਾਰ ਹੋ ਸਕਦੀ ਹੈ ਕਿ ਬਜ਼ੁਰਗ ਨਾਗਰਿਕਾਂ ਨੂੰ ਪਿੱਛੇ ਹਟਣ ਲਈ ਮਜਬੂਰ ਹੋਣਾ ਪੈਂਦਾ ਹੈ। ਇਸ ਸੰਦਰਭ ਵਿੱਚ ਤੇਲੰਗਾਨਾ ਵਿਧਾਨ ਸਭਾ ਵਿੱਚ ਪਾਸ ਹੋਇਆ ਕਰਮਚਾਰੀ ਜਵਾਬਦੇਹੀ ਅਤੇ ਮਾਪਿਆਂ ਦੀ ਸਹਾਇਤਾ ਨਿਗਰਾਨੀ ਬਿੱਲ, 2026ਨੂੰ ਕਈ ਤਰੀਕਿਆਂ ਨਾਲ ਮਹੱਤਵਪੂਰਨ ਮੰਨਿਆ ਜਾਂਦਾ ਹੈ। ਇਸ ਬਿੱਲ ਦੇ ਅਨੁਸਾਰ, ਰਾਜ ਦੇ ਪ੍ਰਤੀਨਿੱਧੀਆਂ ਅਤੇ ਸਰਕਾਰੀ ਅਤੇ ਨਿੱਜੀ ਕਰਮਚਾਰੀਆਂ ਲਈ ਆਪਣੇ ਬਜ਼ੁਰਗ ਮਾਪਿਆਂ ਦੀ ਦੇਖਭਾਲ ਕਰਨਾ ਲਾਜ਼ਮੀ ਹੈ। ਪਾਲਣਾ ਨਾ ਕਰਨ 'ਤੇ ਉਨ੍ਹਾਂ ਦੀ ਤਨਖਾਹ ਦਾ ਪੰਦਰਾਂ ਪ੍ਰਤੀਸ਼ਤ ਜਾਂ ਦਸ ਹਜ਼ਾਰ ਰੁਪਏ, ਜੋ ਵੀ ਘੱਟ ਹੋਵੇ, ਉਨ੍ਹਾਂ ਦੇ ਮਾਪਿਆਂ ਨੂੰ ਭੁਗਤਾਨ ਵਜੋਂ ਕਟੌਤੀ ਕੀਤੀ ਜਾਵੇਗੀ। ਬਿੱਲ ਦਾ ਉਦੇਸ਼ ਕਰਮਚਾਰੀਆਂ ਵਿੱਚ ਨੈਤਿਕ ਕਦਰਾਂ-ਕੀਮਤਾਂ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਆਪਣੀਆਂ ਪਰਿਵਾਰਕ ਜ਼ਿੰਮੇਵਾਰੀਆਂ ਨਿਭਾਉਣ ਲਈ ਉਤਸ਼ਾਹਿਤ ਕਰਨਾ ਹੈ, ਨਾਲ ਹੀ ਬਜ਼ੁਰਗ ਨਾਗਰਿਕਾਂ ਦੀ ਵਿੱਤੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਹੈ। ਇਹ ਕੋਈ ਭੇਤ ਨਹੀਂ ਹੈ ਕਿ ਬਜ਼ੁਰਗ ਮਾਪਿਆਂ ਦੀ ਦੇਖਭਾਲ ਦਾ ਮੁੱਦਾ ਸੜਕਾਂ ਤੋਂ ਸੰਸਦ ਤੱਕ ਉਠਾਇਆ ਗਿਆ ਹੈ, ਪਰ ਫਿਰ ਵੀ ਰਾਸ਼ਟਰੀ ਪੱਧਰ 'ਤੇ ਕੋਈ ਪ੍ਰਭਾਵਸ਼ਾਲੀ ਅਤੇ ਕੁਸ਼ਲ ਹੱਲ ਨਹੀਂ ਲੱਭਿਆ ਗਿਆ ਹੈ। ਹਾਲ ਹੀ ਵਿੱਚ, ਇਹ ਮੁੱਦਾ ਰਾਜ ਸਭਾ ਵਿੱਚ ਉਠਾਇਆ ਗਿਆ ਸੀ, ਜਿਸ ਵਿੱਚ ਮੰਗ ਕੀਤੀ ਗਈ ਸੀ ਕਿ ਵਿਦੇਸ਼ਾਂ ਵਿੱਚ ਰਹਿਣ ਵਾਲੇ ਭਾਰਤੀ ਨਾਗਰਿਕਾਂ ਦੇ ਪਾਸਪੋਰਟ ਰੱਦ ਕੀਤੇ ਜਾਣ ਜੋ ਦੇਸ਼ ਵਿੱਚ ਰਹਿ ਰਹੇ ਆਪਣੇ ਮਾਪਿਆਂ ਦੀ ਦੇਖਭਾਲ ਨਹੀਂ ਕਰਦੇ। ਜਦੋਂ ਕਿ ਰਾਸ਼ਟਰੀ ਪੱਧਰ 'ਤੇ ਅਜੇ ਤੱਕ ਅਜਿਹੀ ਕੋਈ ਕਾਰਵਾਈ ਨਹੀਂ ਕੀਤੀ ਗਈ ਹੈ, ਤੇਲੰਗਾਨਾ ਸਰਕਾਰ ਦੁਆਰਾ ਕੀਤੀ ਗਈ ਪਹਿਲ ਦੂਜੇ ਰਾਜਾਂ ਲਈ ਪ੍ਰੇਰਨਾਦਾਇਕ ਹੈ। ਇਸ ਕਾਨੂੰਨ ਦੇ ਲਾਗੂ ਹੋਣ ਤੋਂ ਬਾਅਦ ਰਾਜ ਦੇ ਬਜ਼ੁਰਗ ਨਾਗਰਿਕਾਂ ਨੂੰ ਹੁਣ ਕਾਨੂੰਨੀ ਕਾਰਵਾਈਆਂ ਵਿੱਚ ਉਲਝਣ ਦੀ ਜ਼ਰੂਰਤ ਨਹੀਂ ਪਵੇਗੀ। ਜੇਕਰ ਬਜ਼ੁਰਗ ਮਾਪੇ ਸਰਕਾਰੀ ਨੌਕਰੀ ਵਿੱਚ ਆਪਣੇ ਬੱਚਿਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਉਂਦੇ ਹਨ ਅਤੇ ਸ਼ਿਕਾਇਤ ਸੱਚੀ ਪਾਈ ਜਾਂਦੀ ਹੈ ਤਾਂ ਸਬੰਧਤ ਕਰਮਚਾਰੀ ਦੀ ਤਨਖਾਹ ਵਿੱਚੋਂ ਇੱਕ ਨਿਸ਼ਚਿਤ ਰਕਮ ਕੱਟ ਕੇ ਮਾਪਿਆਂ ਨੂੰ ਦਿੱਤੀ ਜਾਵੇਗੀ। ਉਮੀਦ ਹੈ ਕਿ ਬਜ਼ੁਰਗਾਂ ਦੀ ਦੇਖਭਾਲ ਦੇ ਸਬੰਧ ਵਿੱਚ ਦੂਜੇ ਰਾਜਾਂ ਵਿੱਚ ਵੀ ਇਸੇ ਤਰ੍ਹਾਂ ਦੇ ਕਾਨੂੰਨੀ ਕਦਮ ਚੁੱਕੇ ਜਾਣਗੇ, ਜਿਸ ਨਾਲ ਉਨ੍ਹਾਂ ਦੀ ਵਿੱਤੀ ਅਤੇ ਸਮਾਜਿਕ ਸੁਰੱਖਿਆ ਯਕੀਨੀ ਬਣਾਈ ਜਾ ਸਕੇ।

-ਜਗਜੀਤ ਸਿੰਘ ਦਰਦੀ

# ਅੱਜ ਰਾਸ਼ਟਰਵਾਦੀ ਭਾਵਨਾਵਾਂ ਨੂੰ ਐਂਟਰਟੇਨਮੈਂਟ ਤੋਂ ਵੱਧ ਇੱਕ ਨਵੇਂ 'ਚੇਂਜਿੰਗ ਨੈਰੇਟਿਵ' ਦਾ ਦਰਜਾ ?

## ਧੁਰੰਧਰ 2: ਭਾਰਤੀ ਸਿਨੇਮਾ ਵਿੱਚ ਬਦਲਦਾ ਨੈਰੇਟਿਵ ਅਤੇ ਫ਼ਿਲਮ ਮੀਡੀਆ ਦੀ ਨਵੀਂ ਲਹਿਰ





ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਰਾਸ਼ਟਰਵਾਦ ਅਤੇ ਨਵਾਂ ਚੇਂਜਿੰਗ ਸਟਾਈਲ ਸ਼ੁਰੂ ਹੋ ਗਿਆ ਹੈ, ਜਿਸ ਨੂੰ ਭਾਰਤੀ ਯੁਵਕ ਅਤੇ ਵਿਦੇਸ਼ੀ ਡਾਇਸਪੋਰਾ ਵੀ ਬੇਹੱਦ ਪਸੰਦ ਕਰ ਰਿਹਾ ਹੈ ਅਤੇ ਇਹ ਫ਼ਿਲਮ ਜਗਤ ਦੇ ਹੁਣ ਸਾਰੇ ਰਿਕਾਰਡ ਤੋੜ ਰਿਹਾ ਹੈ। ਆਦਿੱਤਿਆ ਧਰ ਦੀ ਨਿਰਦੇਸ਼ਨ ਵਾਲੀ ਫਿਲਮ ਧੁਰੰਧਰ: ਦ ਰਿਵੈਂਜ (ਧੁਰੰਧਰ 2) ਨੇ ਮਾਰਚ 2026 ਵਿੱਚ ਰਿਲੀਜ਼ ਹੋ ਕੇ ਬਾਲੀਵੁੱਡ ਦੇ ਇਤਿਹਾਸ ਵਿੱਚ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ।

ਅਭਿਨੇਤਾ ਰਣਵੀਰ ਸਿੰਘ ਅਭਿਨੀਤ ਇਸ ਐਕਸ਼ਨ-ਥ੍ਰਿਲਰ ਨੇ ਰਿਲੀਜ਼ ਤੋਂ ਸਿਰਫ਼ 10 ਦਿਨਾਂ ਵਿੱਚ ਵਿਸ਼ਵ ਭਰ ਵਿੱਚ 1200 ਕਰੋੜ ਤੋਂ ਵੱਧ ਦੀ ਕਮਾਈ ਕਰ ਲਈ ਹੈ ਅਤੇ ਇਸਨੇ ਬਾਲੀਵੁੱਡ ਦੇ ਵੱਡੇ ਸੁਪਰਸਟਾਰਾਂ ਦੇ ਰਿਕਾਰਡ ਤੋੜ ਦਿੱਤੇ ਹਨ । ਫਿਲਮ ਇੱਕ ਭਾਰਤੀ ਖੁਫੀਆ ਏਜੰਟ ਦੀ ਕਹਾਣੀ ਹੈ ਜੋ ਪਾਕਿਸਤਾਨ ਦੇ ਲਯਾਰੀ ਖੇਤਰ ਵਿੱਚ ਡੂੰਘੇ ਘੁਸਪੈਠ ਕਰਦਾ ਹੈ ਅਤੇ ਗੈਂਗਸਟਰਾਂ ਤੇ ਅੱਤਵਾਦੀ ਨੈਟਵਰਕ ਨੂੰ ਅੰਦਰੋਂ ਖਤਮ ਕਰਨ ਦਾ ਮਿਸ਼ਨ ਪੂਰਾ ਕਰਦਾ ਹੈ। ਹੁਣ ਇਸ ਸਫਲਤਾ ਨੇ ਭਾਰਤੀ ਫਿਲਮਾਂ ਵਿੱਚ ਪਾਕਿਸਤਾਨ ਅਤੇ ਉਸਦੀ ਫੌਜ ਨਾਲ ਜੁੜੇ ਨੈਰੇਟਿਵ ਨੂੰ ਇੱਕ ਨਵੀਂ ਦਿਸ਼ਾ ਦਿੱਤੀ ਹੈ, ਜਿਸ ਨਾਲ ਸੋਸ਼ਲ ਮੀਡੀਆ 'ਤੇ ਬਹਿਸ ਛਿੜੀ ਹੋਈ ਹੈ। ਇਸ ਲੇਖ ਵਿੱਚ ਅਸੀਂ ਫਿਲਮ ਦੀ ਕਹਾਣੀ, ਵਿਵਾਦ, ਉਦਯੋਗ ਦੀਆਂ ਹਸਤੀਆਂ ਦੇ ਬਚਾਅ ਅਤੇ ਭਾਰਤੀ ਸਿਨੇਮਾ ਵਿੱਚ ਬਦਲਦੇ ਪੱਖਾਂ ਬਾਰੇ ਵਿਸਥਾਰ ਨਾਲ ਚਰਚਾ ਕਰਾਂਗੇ। ਇਸ ਫਿਲਮ ਦੀ ਕਹਾਣੀ ਅਤੇ ਇਸਦੀ ਇਤਿਹਾਸਿਕ ਪ੍ਰਸੰਗਿਕਤਾ ਧੁਰੰਦਰ ਫ੍ਰੈਂਚਾਈਜ਼ੀ ਦਾ ਇਹ ਦੂਜਾ ਹਿੱਸਾ 2025 ਵਾਲੀ ਪਹਿਲੀ ਫਿਲਮ ਦਾ ਸੀਕਵਲ ਹੈ। ਰਣਵੀਰ ਸਿੰਘ ਡਬਲ ਰੋਲ ਵਿੱਚ ਹਨ - ਇੱਕ ਭਾਰਤੀ ਏਜੰਟ ਜਸਕੀਰਤ ਸਿੰਘ ਰੰਗੀ ਅਤੇ ਉਸਦਾ ਅੰਡਰਕਵਰ ਅਵਤਾਰ ਹਮਜ਼ਾ ਅਲੀ ਮਜ਼ਾਰੀ। ਫਿਲਮ ਕਰਾਚੀ ਦੇ ਲਯਾਰੀ ਖੇਤਰ ਨੂੰ ਬੈਕਡ੍ਰਾਪ ਬਣਾਉਂਦੀ ਹੈ, ਜੋ ਅਸਲ ਵਿੱਚ ਗੈਂਗ ਵਾਰਾਂ ਲਈ ਮਸ਼ਹੂਰ ਰਿਹਾ ਹੈ। ਲਯਾਰੀ ਵਿੱਚ ਰਹਿਮਾਨ ਡਕੈਤ, ਅਰਸ਼ਦ ਪੱਪੂ ਅਤੇ ਚੌਧਰੀ ਅਸਲਮ ਵਰਗੀਆਂ ਅਸਲ ਗੈਂਗ ਫਿਗਰਾਂ ਨਾਲ ਪ੍ਰੇਰਿਤ ਕਿਰਦਾਰ ਹਨ।

ਇਸ ਫਿਲਮ ਵਿੱਚ ਭਾਰਤੀ ਖੁਫੀਆ ਏਜੰਟ ਇਨ੍ਹਾਂ ਗੈਂਗਾਂ ਵਿੱਚ ਘੁਸਪੈਠ ਕਰਕੇ ਉਨ੍ਹਾਂ ਨੂੰ ਭਾਰਤ ਵਿਰੋਧੀ ਅੱਤਵਾਦ ਨਾਲ ਜੋੜਦਾ ਹੈ ਅਤੇ ਉਨ੍ਹਾਂ ਨੂੰ ਖਤਮ ਕਰਨ ਦਾ ਖਤਰਨਾਕ ਮਿਸ਼ਨ ਚਲਾਉਂਦਾ ਹੈ। ਇਸ ਕਹਾਣੀ ਵਿੱਚ ਆਦਿੱਤਿਆ ਧਰ ਨੇ ਐਕਸ਼ਨ, ਡਰਾਮਾ ਅਤੇ ਰਾਜਨੀਤਿਕ ਥ੍ਰਿਲ ਨੂੰ ਮਿਲਾਇਆ ਹੈ। ਫਿਲਮ ਵਿੱਚ ਉੱਚ-ਪੱਧਰੀ ਐਕਸ਼ਨ ਸੀਨਜ਼, ਤਿੱਖਿਆਂ ਡਾਇਲਾਗ ਅਤੇ ਰਣਵੀਰ ਸਿੰਘ ਦੀ ਤੀਬਰ ਅਦਾਕਾਰੀ ਨੇ ਦਰਸ਼ਕਾਂ ਨੂੰ ਥੀਏਟਰਾਂ ਵੱਲ ਖਿੱਚਿਆ ਹੈ। ਇਸਨੇ ਭਾਰਤ ਵਿੱਚ ਹਾਊਸਫੁੱਲ ਸ਼ੋਅ ਅਤੇ ਵਿਦੇਸ਼ਾਂ ਵਿੱਚ ਵੀ ਰਿਕਾਰਡ ਕਮਾਈ ਕੀਤੀ ਹੈ।

ਇਸ ਫਿਲਮ ਨੂੰ ਪੰਜ ਭਾਸ਼ਾਵਾਂ ਵਿੱਚ ਰਿਲੀਜ਼ ਕੀਤਾ ਗਿਆ ਹੈ, ਜਿਸ ਨਾਲ ਇਸਦੀ ਪਹੁੰਚ ਵਧੀ ਹੈ। ਭਾਰਤੀ ਫਿਲਮਾਂ ਵਿੱਚ ਪਾਕਿਸਤਾਨ ਨਾਲ ਜੁੜੀਆਂ ਕਹਾਣੀਆਂ ਲੰਮੇ ਸਮੇਂ ਤੋਂ ਚੱਲ ਰਹੀਆਂ ਹਨ, ਪਰ ਧੁਰੰਧਰ ਫ੍ਰੈਂਚਾਈਜ਼ੀ ਨੇ ਇਸ ਨੂੰ ਇੱਕ ਨਵੀਂ ਉਚਾਈ ਦਿੱਤੀ ਹੈ। ਇਸ ਤੋਂ ਪਹਿਲਾਂ ਫਿਲਮਾਂ ਜਿਵੇਂ ਉਰੀ: ਦ ਸਰਜੀਕਲ ਸਟ੍ਰਾਈਕ (ਜਿਸਨੂੰ ਵੀ ਆਦਿਤਿਆ ਧਰ ਨੇ ਡਾਇਰੈਕਟ ਕੀਤਾ ਸੀ) ਨੇ ਭਾਰਤੀ ਫੌਜੀ ਕਾਰਵਾਈਆਂ ਨੂੰ ਹੀਰੋਇਕ ਢੰਗ ਨਾਲ ਪੇਸ਼ ਕੀਤਾ ਸੀ। ਧੁਰੰਧਰ 2 ਵਿੱਚ ਲਯਾਰੀ ਨੂੰ ਇੱਕ ਅਜਿਹਾ ਖੇਤਰ ਦਿਖਾਇਆ ਗਿਆ ਹੈ ਜਿੱਥੇ ਗੈਂਗ ਵਾਰਾਂ ਅਤੇ ਅੱਤਵਾਦ ਆਪਸ ਵਿੱਚ ਗੁੰਥੇ ਹੋਏ ਹਨ।

ਅੱਜ ਇਸ ਨੇ ਭਾਰਤੀ ਦਰਸ਼ਕਾਂ ਵਿੱਚ ਇੱਕ ਨਵਾਂ ਨੈਰੇਟਿਵ ਤਿਆਰ ਕੀਤਾ ਹੈ- ਜਿੱਥੇ ਪਾਕਿਸਤਾਨੀ ਖੇਤਰਾਂ ਨੂੰ ਅੰਦਰੂਨੀ ਤੌਰ 'ਤੇ ਕਮਜ਼ੋਰ ਅਤੇ ਭਾਰਤੀ ਏਜੰਟਾਂ ਵੱਲੋਂ ਆਸਾਨੀ ਨਾਲ ਟਾਰਗੇਟ ਕੀਤੇ ਜਾਣ ਵਾਲੇ ਵਜੋਂ ਪੇਸ਼ ਕੀਤਾ ਜਾਂਦਾ ਹੈ। ਇਹ ਨੈਰੇਟਿਵ ਭਾਰਤ ਵਿੱਚ ਬਹੁਤ ਪਸੰਦ ਆ ਰਿਹਾ ਹੈ ਕਿਉਂਕਿ ਇਹ ਰਾਸ਼ਟਰਵਾਦੀ ਭਾਵਨਾਵਾਂ ਨੂੰ ਉਭਾਰਦਾ ਹੈ ਅਤੇ ਯੁਵਾਵਾਂ ਵਿੱਚ ਫਿਲਮ ਨੂੰ ਇੱਕ ਐਂਟਰਟੇਨਮੈਂਟ ਤੋਂ ਵੱਧ ਇੱਕ ਮੈਸੇਜ ਵਜੋਂ ਵੇਖਿਆ ਜਾ ਰਿਹਾ ਹੈ। ਸੋਸ਼ਲ ਮੀਡੀਆ 'ਤੇ ਯੁਵਕ ਇਸ ਫਿਲਮ ਨੂੰ 'ਚੇਂਜਿੰਗ ਨੈਰੇਟਿਵ' ਕਹਿ ਰਹੇ ਹਨ, ਜਿਸ ਨੇ ਪਾਕਿਸਤਾਨੀ ਫੌਜ ਅਤੇ ਉਸਦੀਆਂ ਧਾਰਨਾਵਾਂ ਨੂੰ ਚੁਣੌਤੀ ਦਿੱਤੀ ਹੈ।

ਇਸ ਫਿਲਮ ਵਿੱਚ ਪਾਕਿਸਤਾਨੀ ਗੈਂਗਾਂ ਨੂੰ ਭਾਰਤ ਵਿਰੋਧੀ ਤਾਕਤਾਂ ਨਾਲ ਜੋੜ ਕੇ ਇੱਕ ਵੱਡਾ ਰਾਜਨੀਤਿਕ ਬਿਆਨ ਦਿੱਤਾ ਗਿਆ ਹੈ, ਜੋ ਭਾਰਤੀ ਯੁਵਕਾਂ ਵਿੱਚ ਰਾਸ਼ਟਰੀ ਗਰਵ ਨੂੰ ਵਧਾਉਂਦਾ ਹੈ। ਪ੍ਰਚਾਰ ਫਿਲਮ ਦਾ ਵਿਵਾਦ ਅਤੇ ਲਯਾਰੀ ਦਾ ਮੁੱਦਾ ਫਿਲਮ ਦੀ ਵੱਡੀ ਸਫਲਤਾ ਦੇ ਬਾਵਜੂਦ ਇੱਕ ਵੱਡਾ ਵਿਵਾਦ ਖੜ੍ਹਾ ਹੋਇਆ ਹੈ। ਬਹੁਤ ਸਾਰੇ ਆਲੋਚਕ ਅਤੇ ਸੋਸ਼ਲ ਮੀਡੀਆ ਉਪਭੋਗਤਾ ਇਸਨੂੰ 'ਪ੍ਰਚਾਰ ਫਿਲਮ' ਕਹਿ ਰਹੇ ਹਨ। ਉਨ੍ਹਾਂ ਦਾ ਇਲਜ਼ਾਮ ਹੈ ਕਿ ਆਦਿਤਿਆ ਧਰ ਨੇ ਜਾਣਬੁੱਝ ਕੇ ਲਯਾਰੀ ਨੂੰ ਇੱਕ ਅੱਤਵਾਦੀ ਅਤੇ ਗੈਂਗਸਟਰ ਹੱਬ ਵਜੋਂ ਦਿਖਾਇਆ ਹੈ ਤਾਂ ਜੋ ਭਾਰਤੀ ਰਾਸ਼ਟਰਵਾਦ ਨੂੰ ਉਭਾਰਿਆ ਜਾ ਸਕੇ। ਲਯਾਰੀ ਦੇ ਰਹਿਣ ਵਾਲੇ ਲੋਕਾਂ ਨੇ ਵੀ ਇਸ 'ਤੇ ਇਤਰਾਜ਼ ਉਠਾਇਆ ਹੈ ਅਤੇ ਫਿਲਮ ਦੀ ਕਮਾਈ ਵਿੱਚੋਂ 500 ਕਰੋੜ ਜਾਂ ਇੱਥੋਂ ਤੱਕ ਕਿ 70-80 ਫੀਸਦੀ ਹਿੱਸਾ ਮੰਗਿਆ ਹੈ ਤਾਂ ਜੋ ਉਨ੍ਹਾਂ ਦੇ ਇਲਾਕੇ ਵਿੱਚ ਰੋਡ ਆਦਿ ਬਣਾਏ ਜਾ ਸਕਣ। ਉਨ੍ਹਾਂ ਦਾ ਕਹਿਣਾ ਹੈ ਕਿ ਫਿਲਮ ਨੇ ਲਯਾਰੀ ਨੂੰ ਗਲਤ ਤਰੀਕੇ ਨਾਲ ਪੇਸ਼ ਕੀਤਾ ਹੈ ਅਤੇ ਉਸਦੀ ਅਸਲੀਅਤ-ਜੋ ਸਭਿਆਚਾਰ, ਲਚਕਤਾ ਅਤੇ ਸ਼ਾਂਤੀ ਵਾਲੀ ਹੈ-ਨੂੰ ਨਜ਼ਰਅੰਦਾਜ਼ ਕੀਤਾ ਹੈ।

ਅੱਜ ਭਾਵੇਂ ਪਾਕਿਸਤਾਨ ਵਿੱਚ ਇਹ ਫਿਲਮ ਬੈਨ ਹੈ, ਪਰ ਉੱਥੇ ਇਸਨੂੰ ਵਿਆਪਕ ਤੌਰ 'ਤੇ ਪਾਇਰੇਟ ਕੀਤਾ ਜਾ ਰਿਹਾ ਹੈ। ਅੰਤਰਰਾਸ਼ਟਰੀ ਮੀਡੀਆ ਵਿੱਚ ਵੀ ਇਸਨੂੰ 'ਸੋਸ਼ੀਓਪੈਥਿਕ ਜਿੰਗੋਇਜ਼ਮ' ਕਿਹਾ ਗਿਆ ਹੈ ਅਤੇ ਇਸਨੂੰ ਭਾਰਤ-ਪਾਕ ਤਣਾਅ ਵਿੱਚ ਇੱਕ ਰਾਜਨੀਤਿਕ ਟੂਲ ਵਜੋਂ ਵੇਖਿਆ ਜਾ ਰਿਹਾ ਹੈ। ਭਾਰਤ ਵਿੱਚ ਵੀ ਕੁਝ ਆਲੋਚਕ ਇਸਨੂੰ ਤੱਥਾਂ ਤੋਂ ਦੂਰ ਅਤੇ ਇੱਕ ਤਰਫ਼ਾ ਨੈਰੇਟਿਵ ਕਹਿ ਰਹੇ ਹਨ।

ਉਨ੍ਹਾਂ ਅਨੁਸਾਰ ਲਯਾਰੀ ਦੀਆਂ ਗੈਂਗ ਵਾਰਾਂ ਅਸਲ ਵਿੱਚ ਸਥਾਨਕ ਰਾਜਨੀਤੀ (ਜਿਵੇਂ PPP ਅਤੇ MQM ਵਿਚਕਾਰ) ਅਤੇ ਫੈਮਿਲੀ ਝਗੜਿਆਂ ਤੱਕ ਸੀਮਤ ਸਨ, ਨਾ ਕਿ ਭਾਰਤ ਵਿਰੋਧੀ ਅੱਤਵਾਦ ਨਾਲ ਜੁੜੀਆਂ। ਫਿਲਮਾਂ ਵਿੱਚ ਇਸ ਨੂੰ ਵੱਡਾ ਬਣਾ ਕੇ ਇੱਕ ਫਿਕਸ਼ਨਲ ਲਿੰਕ ਬਣਾਇਆ ਗਿਆ ਹੈ। ਇਸ ਵਿਵਾਦ ਨੇ ਫਿਲਮ ਮੀਡੀਆ ਵਿੱਚ ਨਵੀਆਂ ਬਹਿਸਾਂ ਛੇੜੀਆਂ ਹਨ। ਇੱਕ ਪਾਸੇ ਭਾਰਤੀ ਮੀਡੀਆ ਇਸਨੂੰ ਇੱਕ ਬਲਾਕਬਸਟਰ ਅਤੇ ਰਾਸ਼ਟਰੀ ਗਰਵ ਵਜੋਂ ਪੇਸ਼ ਕਰ ਰਿਹਾ ਹੈ, ਦੂਜੇ ਪਾਸੇ ਅੰਤਰਰਾਸ਼ਟਰੀ ਅਤੇ ਕੁਝ ਭਾਰਤੀ ਆਲੋਚਕ ਇਸਨੂੰ ਪ੍ਰਚਾਰ ਵਜੋਂ ਟੀਕਾ ਕਰ ਰਹੇ ਹਨ।

ਅੱਜ ਇਹ ਬਦਲਾਅ ਭਾਰਤੀ ਫਿਲਮਾਂ ਵਿੱਚ ਇੱਕ ਨਵੀਂ ਲਹਿਰ ਦਰਸਾਉਂਦਾ ਹੈ, ਜਿੱਥੇ ਐਂਟਰਟੇਨਮੈਂਟ ਅਤੇ ਰਾਜਨੀਤਿਕ ਮੈਸੇਜ ਇੱਕ ਦੂਜੇ ਨਾਲ ਗੁੰਥੇ ਹੋਏ ਹਨ। ਬਾਲੀਵੁੱਡ ਦਿੱਗਜ਼ਾਂ ਦਾ ਬਚਾਅ ਅਤੇ ਉਦਯੋਗੀ ਪ੍ਰਤੀਕਿਰਿਆ ਇਸ ਵਿਵਾਦ ਵਿਚਕਾਰ ਬਾਲੀਵੁੱਡ ਦੀਆਂ ਪ੍ਰਮੁੱਖ ਹਸਤੀਆਂ ਨੇ ਫਿਲਮ ਦਾ ਬਚਾਅ ਕੀਤਾ ਹੈ। ਦਿੱਲੀ ਫਿਲਮ ਫੈਸਟੀਵਲ ਵਿੱਚ ਪਿਊਸ਼ ਮਿਸ਼ਰਾ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ 'ਪ੍ਰਚਾਰ ਅਤੇ ਸਿਨੇਮਾ ਵਿਚਕਾਰ ਬਹੁਤ ਬਾਰੀਕ ਰੇਖਾ ਹੈ'। ਉਨ੍ਹਾਂ ਅਨੁਸਾਰ ਧੁਰੰਧਰ ਦੀ ਸਕ੍ਰੀਨਪਲੇ ਸ਼ਾਨਦਾਰ ਅਤੇ ਪੂਰੀ ਤਰ੍ਹਾਂ ਪ੍ਰਮਾਨਿਕ ਸਿਨੇਮਾ ਹੈ, ਇਸ ਲਈ ਇਸਨੂੰ ਪ੍ਰਚਾਰ ਕਹਿਣਾ ਗਲਤ ਹੈ। ਉਧਰ ਬੋਮਨ ਈਰਾਨੀ ਨੇ ਕਿਹਾ ਕਿ ਉਨ੍ਹਾਂ ਨੇ ਫਿਲਮ ਅਜੇ ਨਹੀਂ ਦੇਖੀ, ਪਰ ਉਦਯੋਗ ਦੀਆਂ ਵੱਡੀਆਂ ਹਸਤੀਆਂ ਇਸਦੀ ਤਾਰੀਫ਼ ਕਰ ਰਹੀਆਂ ਹਨ। ਉਨ੍ਹਾਂ ਜ਼ੋਰ ਦਿੱਤਾ ਕਿ ਇਸ ਇਤਿਹਾਸਕ ਸਫਲਤਾ ਨੂੰ ਇਕੱਠੇ ਜਸ਼ਨ ਮਨਾਉਣਾ ਚਾਹੀਦਾ ਹੈ। ਰਾਕੇਸ਼ ਰੌਸ਼ਨ ਨੇ ਫਿਲਮ ਨੂੰ 'ਹਿਸਟੋਰਿਕ' ਕਿਹਾ ਅਤੇ ਆਦਿਤਿਆ ਧਰ ਦੀ ਆਡਾਸਿਟੀ ਦੀ ਤਾਰੀਫ਼ ਕੀਤੀ, ਇਸਨੂੰ ਫਿਲਮ ਮੇਕਿੰਗ ਵਿੱਚ ਇੱਕ ਨਵੀਂ ਇਨਕਲਾਬ ਵਜੋਂ ਵੇਖਿਆ। ਕਰਨ ਜੌਹਰ ਨੇ ਰਣਵੀਰ ਸਿੰਘ ਨੂੰ ਉਸਦੀ ਕਰੀਅਰ ਬੈਸਟ ਪਰਫਾਰਮੈਂਸ ਦਿੱਤੀ ਅਤੇ ਆਦਿੱਤਿਆ ਧਰ ਨੂੰ ਆਊਟਸਟੈਂਡਿੰਗ ਫਿਲਮਮੇਕਰ ਕਿਹਾ। ਆਰ. ਮਾਧਵਨ ਨੇ ਵੀ ਇੱਕ ਵਿਵਾਦਿਤ ਸੀਨ ਬਾਰੇ ਸਪੱਸ਼ਟੀਕਰਨ ਦਿੱਤਾ ਅਤੇ ਇਸਨੂੰ ਗਲਤਫਹਿਮੀ ਕਿਹਾ ਹੈ। ਇਹ ਬਚਾਅ ਫਿਲਮ ਉਦਯੋਗ ਵਿੱਚ ਇੱਕ ਏਕਤਾ ਦਰਸਾਉਂਦਾ ਹੈ।

ਅੱਜ ਬਹੁਤ ਸਾਰੇ ਕਲਾਕਾਰ ਇਸਨੂੰ ਇੱਕ ਸਫ਼ਲ ਫ਼ਿਲਮ ਵਜੋਂ ਵੇਖ ਰਹੇ ਹਨ ਜੋ ਐਂਟਰਟੇਨਮੈਂਟ ਅਤੇ ਟੈਕਨੀਕਲ ਬ੍ਰਿਲੀਅੰਸ ਲਈ ਯਾਦ ਰੱਖੀ ਜਾਵੇਗੀ, ਨਾ ਕਿ ਸਿਰਫ਼ ਰਾਜਨੀਤਿਕ ਲੇਬਲ ਲਈ। ਇਸ ਨੇ ਫਿਲਮ ਮੀਡੀਆ ਵਿੱਚ ਇੱਕ ਨਵੀਂ ਚਰਚਾ ਛੇੜੀ ਹੈ ਕਿ ਕੀ ਵੱਡੀਆਂ ਫਿਲਮਾਂ ਨੂੰ ਰਾਜਨੀਤਿਕ ਲੈਂਸ ਨਾਲ ਵੇਖਣਾ ਠੀਕ ਹੈ ਜਾਂ ਉਨ੍ਹਾਂ ਨੂੰ ਆਪਣੀ ਕਲਾਤਮਕਤਾ ਅਤੇ ਵਪਾਰੀ ਸਫਲਤਾ 'ਤੇ ਆਧਾਰਿਤ ਮੁਲਾਂਕਣ ਕੀਤਾ ਜਾਣਾ ਚਾਹੀਦਾ ਹੈ। ਅਕਸ਼ੈ ਕੁਮਾਰ ਅਤੇ ਬਾਕਸ ਆਫਿਸ 'ਤੇ ਪ੍ਰਭਾਵ ਧੁਰੰਧਰ 2 ਦੀ ਸੁਨਾਮੀ ਨੇ ਹੋਰ ਫਿਲਮਾਂ 'ਤੇ ਵੀ ਅਸਰ ਦਿਖਾਇਆ ਹੈ। ਅਕਸ਼ੈ ਕੁਮਾਰ ਦੀ ਆਉਣ ਵਾਲੀ ਫਿਲਮ ਭੂਤ ਬੰਗਲਾ ਦੀ ਰਿਲੀਜ਼ ਡੇਟ (ਪਹਿਲਾਂ 10 ਅਪ੍ਰੈਲ) ਨੂੰ ਮੁਲਤਵੀ ਕਰਕੇ 17 ਅਪ੍ਰੈਲ ਤੱਕ ਧੱਕ ਦਿੱਤਾ ਗਿਆ ਹੈ। ਇਸ ਪਿੱਛੇ ਵੱਡਾ ਕਾਰਨ ਬਾਕਸ ਆਫਿਸ ਤੇ ਟਕਰਾਅ ਤੋਂ ਬਚਣਾ ਹੈ।

ਅੱਜ ਇਸ ਬਦਲਾਅ ਵਿੱਚ ਧੁਰੰਧਰ 2 ਨੇ ਥੀਏਟਰਾਂ ਵਿੱਚ ਇੰਨੀ ਵੱਡੀ ਭੀੜ ਇਕੱਠੀ ਕੀਤੀ ਹੈ ਕਿ ਹੋਰ ਫਿਲਮਾਂ ਲਈ ਸਕ੍ਰੀਨਾਂ ਮਿਲਣਾ ਮੁਸ਼ਕਲ ਹੋ ਗਿਆ ਹੈ। ਇਹ ਇੱਕ ਉਦਾਹਰਣ ਹੈ ਕਿ ਇੱਕ ਵੱਡੀ ਫਿਲਮ ਕਿਵੇਂ ਪੂਰੇ ਬਾਕਸ ਆਫਿਸ ਇਕੋਸਿਸਟਮ ਨੂੰ ਪ੍ਰਭਾਵਿਤ ਕਰਦੀ ਹੈ। ਭਾਰਤੀ ਫਿਲਮਾਂ ਵਿੱਚ ਬਦਲਦਾ ਨੈਰੇਟਿਵ ਅਤੇ ਯੁਵਕਾਂ 'ਤੇ ਅਸਰ ਉਪਰੋਕਤ ਟਿੱਪਣੀਆਂ ਤੋਂ ਸਾਫ਼ ਹੈ ਕਿ ਧੁਰੰਧਰ 2 ਨੇ ਭਾਰਤੀ ਫਿਲਮਾਂ ਵਿੱਚ ਪਾਕਿਸਤਾਨੀ ਫੌਜ ਅਤੇ ਉਸਦੀਆਂ ਧਾਰਨਾਵਾਂ ਬਾਰੇ ਇੱਕ ਨਵਾਂ ਨੈਰੇਟਿਵ ਤਿਆਰ ਕੀਤਾ ਹੈ। ਇਸ ਤੋਂ ਪਹਿਲਾਂ ਫਿਲਮਾਂ ਵਿੱਚ ਪਾਕਿਸਤਾਨ ਨੂੰ ਅਕਸਰ ਇੱਕ ਵਿਰੋਧੀ ਵਜੋਂ ਦਿਖਾਇਆ ਜਾਂਦਾ ਸੀ, ਪਰ ਧੁਰੰਧਰ ਫ੍ਰੈਂਚਾਈਜ਼ੀ ਨੇ ਇਸਨੂੰ ਅੰਦਰੂਨੀ ਤੌਰ 'ਤੇ ਖੋਖਲਾ ਅਤੇ ਭਾਰਤੀ ਏਜੰਟਾਂ ਵੱਲੋਂ ਆਸਾਨੀ ਨਾਲ ਘੁਸਪੈਠ ਕੀਤੇ ਜਾਣ ਵਾਲਾ ਦਿਖਾਇਆ ਹੈ। ਇਸ ਨੈਰੇਟਿਵ ਨੇ ਭਾਰਤੀ ਯੁਵਕਾਂ ਵਿੱਚ ਬਹੁਤ ਪ੍ਰਭਾਵ ਪਾਇਆ ਹੈ।

ਅੱਜ ਸੋਸ਼ਲ ਮੀਡੀਆ 'ਤੇ ਯੁਵਕ ਇਸਨੂੰ 'ਚੇਂਜਿੰਗ ਡੈਟਾਬੇਸ' ਕਹਿ ਰਹੇ ਹਨ ਅਤੇ ਇਸਨੇ ਪਾਕਿਸਤਾਨੀ ਫੌਜ ਦੀਆਂ ਧਾਰਨਾਵਾਂ 'ਤੇ ਰਿਕਾਰਡ ਤੋੜ ਪ੍ਰਭਾਵ ਪਾਇਆ ਹੈ। ਇਹ ਬਦਲਾਅ ਭਾਰਤੀ ਸਿਨੇਮਾ ਦੀ ਇੱਕ ਵੱਡੀ ਤਬਦੀਲੀ ਨੂੰ ਦਰਸਾਉਂਦਾ ਹੈ। ਪਿਛਲੀਆਂ ਫਿਲਮਾਂ ਵਿੱਚ ਰੋਮਾਂਟਿਕ ਜਾਂ ਸੋਸ਼ਲ ਇਸ਼ਿਊਜ਼ 'ਤੇ ਫੋਕਸ ਸੀ, ਪਰ ਹੁਣ ਰਾਸ਼ਟਰਵਾਦੀ ਥ੍ਰਿਲਰਾਂ ਨੇ ਡਾਮਿਨੇਟ ਕੀਤਾ ਹੈ।

ਹੁਣ ਇਸ ਨੈਰੇਟਿਵ ਨੂੰ ਯੁਵਕ ਪਸੰਦ ਕਰ ਰਹੇ ਹਨ ਕਿਉਂਕਿ ਇਹ ਉਨ੍ਹਾਂ ਨੂੰ ਇੱਕ ਮਜ਼ਬੂਤ ਭਾਰਤ ਦੀ ਤਸਵੀਰ ਦਿਖਾਉਂਦਾ ਹੈ। ਇਸ ਨਾਲ ਫਿਲਮ ਮੀਡੀਆ ਵਿੱਚ ਵੀ ਬਦਲਾਅ ਆ ਰਿਹਾ ਹੈ - ਟ੍ਰੈਡੀਸ਼ਨਲ ਰਿਵਿਊਜ਼ ਤੋਂ ਇਲਾਵਾ ਰਾਜਨੀਤਿਕ ਅਤੇ ਸੋਸ਼ਲ ਡਿਸਕੋਰਸ ਵੀ ਮਹੱਤਵਪੂਰਨ ਹੋ ਗਏ ਹਨ। ਇਸ ਬਦਲਦੇ ਨੈਰੇਟਿਵ ਦੇ ਪੱਖ ਵੀ ਹਨ। ਇੱਕ ਪਾਸੇ ਇਹ ਭਾਰਤੀ ਯੁਵਕਾਂ ਵਿੱਚ ਰਾਸ਼ਟਰੀ ਏਕਤਾ ਅਤੇ ਗਰਵ ਵਧਾਉਂਦਾ ਹੈ, ਦੂਜੇ ਪਾਸੇ ਇਸਨੂੰ ਇੱਕ ਤਰਫ਼ਾ ਅਤੇ ਤਣਾਅ ਵਧਾਉਣ ਵਾਲਾ ਵੀ ਕਿਹਾ ਜਾ ਰਿਹਾ ਹੈ।

ਅੱਜ ਫਿਲਮ ਮੀਡੀਆ ਵਿੱਚ ਇਹ ਚਰਚਾ ਚੱਲ ਰਹੀ ਹੈ ਕਿ ਕੀ ਇਸ ਤਰ੍ਹਾਂ ਦੀਆਂ ਫਿਲਮਾਂ ਸਿਨੇਮਾ ਨੂੰ ਵਧਾਉਂਦੀਆਂ ਹਨ ਜਾਂ ਉਨ੍ਹਾਂ ਨੂੰ ਰਾਜਨੀਤਿਕ ਟੂਲ ਬਣਾਉਂਦੀਆਂ ਹਨ। ਆਦਿਤਿਆ ਧਰ ਵਰਗੇ ਡਾਇਰੈਕਟਰ ਇਸ ਰਾਹੀਂ ਇੱਕ ਨਵੀਂ ਯੁੱਗ ਦੀ ਸ਼ੁਰੂਆਤ ਕਰ ਰਹੇ ਹਨ, ਜਿੱਥੇ ਵੱਡੀ ਸਕੇਲ, ਤਕਨੀਕੀ ਬ੍ਰਿਲੀਅੰਸ ਅਤੇ ਬੋਲਡ ਸਟੋਰੀਟੈਲਿੰਗ ਨਾਲ ਫਿਲਮਾਂ ਬਣਾਈਆਂ ਜਾ ਰਹੀਆਂ ਹਨ। ਫਿਲਮ ਮੀਡੀਆ ਵਿੱਚ ਨਵੀਆਂ ਲਹਿਰਾਂ ਅਤੇ ਭਵਿੱਖੀ ਪ੍ਰਭਾਵ ਧੁਰੰਧਰ 2 ਨੇ ਫਿਲਮ ਮੀਡੀਆ ਵਿੱਚ ਇੱਕ ਨਵੀਂ ਲਹਿਰ ਸ਼ੁਰੂ ਕੀਤੀ ਹੈ। ਇਸ ਤੋਂ ਪਹਿਲਾਂ ਬਾਲੀਵੁੱਡ ਵਿੱਚ ਫੌਜੀ ਫਿਲਮਾਂ ਸੀਮਤ ਸਨ, ਪਰ ਹੁਣ ਇਸ ਤਰ੍ਹਾਂ ਦੀਆਂ ਫਿਲਮਾਂ ਮੇਨਸਟ੍ਰੀਮ ਬਣ ਰਹੀਆਂ ਹਨ। ਇਸ ਨਾਲ ਥੀਏਟਰ ਓਨਰਜ਼, ਡਿਸਟ੍ਰੀਬਿਊਟਰ ਅਤੇ ਪ੍ਰੋਡਿਊਸਰਜ਼ ਵੀ ਨਵੀਆਂ ਰਣਨੀਤੀਆਂ ਅਪਨਾ ਰਹੇ ਹਨ । ਫਿਲਮ ਦੀ ਲੰਬਾਈ (ਲਗਭਗ 4 ਘੰਟੇ) ਅਤੇ ਉਸਦੀ ਸਫਲਤਾ ਨੇ ਵੀ ਇੱਕ ਨਵੀਂ ਟ੍ਰੈਂਡ ਸੈੱਟ ਕੀਤੀ ਹੈ।

ਹੁਣ ਭਵਿੱਖ ਵਿੱਚ ਇਸ ਤਰ੍ਹਾਂ ਦੀਆਂ ਫਿਲਮਾਂ ਵਧਣਗੀਆਂ, ਜਿਨ੍ਹਾਂ ਵਿੱਚ ਰਾਸ਼ਟਰਵਾਦੀ ਥੀਮਾਂ ਨਾਲ ਐਕਸ਼ਨ ਅਤੇ ਐਂਟਰਟੇਨਮੈਂਟ ਨੂੰ ਜੋੜਿਆ ਜਾਵੇਗਾ। ਇਸ ਨਾਲ ਯੁਵਕਾਂ ਵਿੱਚ ਫਿਲਮਾਂ ਨੂੰ ਵੇਖਣ ਦਾ ਢੰਗ ਬਦਲ ਰਿਹਾ ਹੈ - ਉਹ ਹੁਣ ਸਿਰਫ਼ ਮਨੋਰੰਜਨ ਨਹੀਂ, ਬਲਕਿ ਇੱਕ ਵੱਡੇ ਮੈਸੇਜ ਵੀ ਲੱਭ ਰਹੇ ਹਨ। ਅੱਜ ਇਸ ਨੈਰੇਟਿਵ ਨੇ ਭਾਰਤ-ਪਾਕ ਰਿਲੇਸ਼ਨਜ਼ ਵਿੱਚ ਵੀ ਚਰਚਾ ਛੇੜੀ ਹੈ ਅਤੇ ਇਸ ਨੂੰ ਇੱਕ ਸਾਫਟ ਪਾਵਰ ਟੂਲ ਵਜੋਂ ਵੇਖਿਆ ਜਾ ਰਿਹਾ ਹੈ । ਅੰਤ ਵਿੱਚ, ਧੁਰੰਧਰ 2 ਇੱਕ ਫਿਲਮ ਤੋਂ ਵੱਧ ਇੱਕ ਘਟਨਾ ਬਣ ਗਈ ਹੈ। ਇਸਨੇ ਬਾਕਸ ਆਫਿਸ 'ਤੇ ਤੂਫਾਨ ਲਿਆਂਦਾ ਹੈ, ਵਿਵਾਦ ਛੇੜਿਆ ਹੈ ਅਤੇ ਭਾਰਤੀ ਸਿਨੇਮਾ ਵਿੱਚ ਇੱਕ ਨਵਾਂ ਚੈਪਟਰ ਖੋਲ੍ਹਿਆ ਹੈ। ਇਸਦੀ ਸਫਲਤਾ ਇਸ ਗੱਲ ਨੂੰ ਉਜਾਗਰ ਕਰਦੀ ਹੈ ਕਿ ਜਦੋਂ ਫਿਲਮਮੇਕਿੰਗ ਵਿੱਚ ਆਡਾਸਿਟੀ, ਟੈਕਨੀਕਲ ਐਕਸੀਲੈਂਸ ਅਤੇ ਬੋਲਡ ਸਟੋਰੀਟੈਲਿੰਗ ਹੁੰਦੀ ਹੈ ਤਾਂ ਉਹ ਰਿਕਾਰਡ ਤੋੜ ਸਕਦੀ ਹੈ। ਭਵਿੱਖ ਵਿੱਚ ਭਾਰਤੀ ਫਿਲਮਾਂ ਇਸ ਨਵੀਂ ਲਹਿਰ ਨੂੰ ਅਪਣਾਉਂਦੀਆਂ ਹੋਈਆਂ ਅਤੇ ਵਧੇਰੇ ਬੋਲਡ ਨੈਰੇਟਿਵ ਲੈ ਕੇ ਆਉਣਗੀਆਂ, ਜਿਸ ਨਾਲ ਯੁਵਕਾਂ ਵਿੱਚ ਇੱਕ ਨਵੀਂ ਊਰਜਾ ਅਤੇ ਗਰਵ ਪੈਦਾ ਹੋਵੇਗਾ।

ਹੁਣ ਇਹ ਫਿਲਮ ਇੱਕ ਯਾਦਗਾਰ ਬਣਕੇ ਰਹੇਗੀ ਜੋ ਭਾਰਤੀ ਸਿਨੇਮਾ ਦੇ ਬਦਲਦੇ ਪੱਖਾਂ ਨੂੰ ਦਰਸਾਉਂਦੀ ਹੈ।

# ਪੰਜਾਬ ਵਿਧਾਨ ਸਭਾ ਦਾ ਸੈਸ਼ਨ ਬਨਾਮ ਪੰਥਕ ਇਕੱਠ



ਕਮਲਜੀਤ ਸਿੰਘ ਬਨਵੈਤ
98147 34035

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਹੁਰਮਤੀ ਲਈ ਬੇਅਦਬੀ ਕਰਨ ਵਾਲਾ ਹੀ ਪਹਿਲੀ ਨਜ਼ਰੇ ਦੋਸ਼ੀ ਦਿਸਦਾ ਹੈ। ਇਹ ਹੈ ਵੀ ਸੱਚ ਹੈ। ਪਰ ਅਸਲ ਕਸੂਰਵਾਰ ਕੌਣ ਹਨ, ਉਹਨਾਂ ਦੀ ਸ਼ਨਾਖ਼ਤ ਕਰਨ ਦਾ ਹੀਆ ਵੀ ਕਈਆਂ ਵੱਲੋਂ ਕੀਤਾ ਗਿਆ ਹੋਣਾ ਪਰ ਹਿੱਕ ਠੋਕ ਕੇ ਉਂਗਲ ਧਰਨ ਦਾ ਦਮ ਕਿਸੇ ਨਹੀਂ ਰੱਖਿਆ। ਸੱਚ ਕਹਿਣ ਦਾ ਜੇਰਾ ਕਰ ਲਈਏ ਤਾਂ ਸਾਡੇ ਸਿਆਸੀ ਅਤੇ ਧਾਰਮਿਕ ਨੇਤਾ ਕਾਫੀ ਹੱਦ ਤੱਕ ਕਸੂਰਵਾਰ ਹਨ। ਧਾਰਮਿਕ ਅਤੇ ਸਿਆਸੀ ਲੀਡਰਾਂ ਨੇ ਬੇਅਦਬੀਆਂ ਰੋਕਣ ਲਈ ਦਿਲੋਂ ਚਾਹਿਆ ਹੁੰਦਾ ਤਾਂ ਘਟਨਾਵਾਂ ਲਗਾਤਾਰ ਵਾਪਰਦੀਆਂ ਨਹੀਂ ਸਨ ਰਹਿਣੀਆਂ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਰੋਕਣ ਤੇ ਦੋਸ਼ੀਆਂ ਨੂੰ ਕਟਹਿਰੇ ਵਿੱਚ ਖੜ੍ਹਾ ਕਰਕੇ ਮਿਸਾਲੀ ਸਜ਼ਾ ਦੁਆਉਣ ਉਤੇ ਸਿਆਸਤ ਤੇ ਨਿੱਜੀ ਸੁਆਰਥ ਭਾਰੂ ਪੈਂਦੇ ਰਹੇ। ਵੱਖਰੀ ਗੱਲ ਹੈ ਕਿ ਅਕਾਲੀ ਅਤੇ ਕਾਂਗਰਸ ਸਰਕਾਰਾਂ ਬੇਅਦਬੀ ਦੀਆਂ ਭੇਟ ਚੜ੍ਹਦੀਆਂ ਰਹੀਆਂ। ਮੌਜੂਦਾ ਸਰਕਾਰ ਨਾਲ ਵੀ ਲੋਕ ਕਿਸੇ ਹੱਦ ਤੱਕ ਨਾਰਾਜ਼ ਹਨ।

ਹਾਂ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸਿਆਸੀ ਪਾਰਟੀਆਂ ਨੇ ਬੇਅਦਬੀਆਂ ਦੇ ਮੁੱਦੇ ਨੂੰ ਕੈਸ਼ ਕਰਨ ਦੀ ਕੋਸ਼ਿਸ਼ ਕੀਤੀ ਜਾਂ ਫਿਰ ਇੱਕ ਦੂਜੇ ਉੱਤੇ ਚਿੱਕੜ ਸੁੱਟ ਕੇ ਆਪਣੇ ਆਪ ਨੂੰ ਬਰੀ ਹੋਣ ਦਾ ਭਰਮ ਪਾਲਿਆ। ਗਰਮਖਿਆਲੀਆਂ ਦੀ ਭਾਸ਼ਾ ਵਿੱਚ ਗੱਲ ਕਰੀਏ ਤਾਂ ਬੇਅਦਬੀ ਦੇ ਕਈ ਦੋਸ਼ੀਆਂ ਨੂੰ ਮੌਕੇ 'ਤੇ ਸੋਧਾ ਲਾ ਦਿੱਤਾ ਗਿਆ ਅਤੇ ਹੋਰ ਜੇਲ੍ਹਾਂ ਦੀਆਂ ਸਲਾਖਾਂ ਪਿੱਛੇ ਡੱਕੇ ਗਏ ਹਨ। ਦੋਸ਼ੀਆਂ ਨੂੰ ਸਜ਼ਾ ਦੇਣ ਦਾ ਕੋਈ ਅਜਿਹਾ ਮਿਸਾਲੀ ਕਾਨੂੰਨ ਨਹੀਂ ਜਿਸ ਨੂੰ ਚਿਤਵ ਕੇ ਕੋਈ ਵੀ ਅਜਿਹੀ ਘਟੀਆ ਹਰਕਤ ਕਰਨ ਤੋਂ ਪਹਿਲਾਂ ਹੀ ਕੰਬਣ ਲੱਗ ਪਵੇ।

ਪੰਜਾਬ ਪੁਲਿਸ ਦੇ ਰਿਕਾਰਡ ਅਨੁਸਾਰ ਪਿਛਲੇ 10 ਸਾਲਾਂ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਮੇਤ ਦੂਜੇ ਧਾਰਮਿਕ ਗ੍ਰੰਥਾਂ ਦੀਆਂ ਬੇਅਦਬੀ ਦੀਆਂ 597 ਬਦਕਿਸਮਤ ਘਟਨਾਵਾਂ ਵਾਪਰੀਆਂ ਹਨ। ਸਾਲ 2015 ਤੋਂ ਲੈ ਕੇ ਹੁਣ ਤੱਕ 544 ਨੂੰ ਦੋਸ਼ੀ ਠਹਿਰਾਇਆ ਗਿਆ ਹੈ ਅਤੇ 44 ਨੂੰ ਸਜ਼ਾ ਸੁਣਾਈ ਗਈ ਹੈ ਜਦ ਕਿ 99 ਬਰੀ ਹੋ ਗਏ । ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀ ਪਹਿਲੀ ਬਦਕਿਸਮਤ ਵਾਰਦਾਤ ਫਰੀਦਕੋਟ ਦੇ ਪਿੰਡ ਬੁਰਜ ਜਵਾਹਰਕੇ ਵਿਖੇ ਇਕ ਜੂਨ 2015 ਨੂੰ ਵਾਪਰੀ ਸੀ। ਉਸ ਤੋਂ ਬਾਅਦ ਹੁਣ ਤੱਕ ਇਹੋ ਜਿਹੀਆਂ 597 ਬਦਕਿਸਮਤ ਘਟਨਾਵਾਂ ਵਾਪਰ ਚੁੱਕੀਆਂ ਹਨ।

ਪੰਜਾਬ ਸਰਕਾਰ ਵੱਲੋਂ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਦੇਣ ਲਈ ਕਾਨੂੰਨ ਬਣਾਉਣ ਵਾਸਤੇ 13 ਅਪ੍ਰੈਲ ਨੂੰ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਸੱਦਿਆ ਜਾ ਰਿਹਾ ਹੈ। ਬਰਗਾੜੀ ਵਿਖੇ 2015 ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗ ਪਾੜ ਕੇ ਗਲੀਆਂ ਵਿੱਚ ਰੋਲੇ ਗਏ, ਉਸ ਤੋਂ ਬਾਅਦ ਰਾਜ ਅਕਾਲੀਆਂ ਦਾ ਰਿਹਾ ਹੋਵੇ, ਕਾਂਗਰਸ ਪਾਰਟੀ ਦਾ ਜਾਂ ਫਿਰ ਮੌਜੂਦਾ ਆਮ ਆਦਮੀ ਪਾਰਟੀ, ਬਦਕਿਸਮਤ ਘਟਨਾਵਾਂ ਲਗਾਤਾਰ ਵਾਪਰਦੀਆਂ ਆ ਰਹੀਆਂ ਹਨ।

ਸਿਤਮ ਦੀ ਗੱਲ ਇਹ ਹੈ ਕਿ ਬੇਅਦਬੀ ਦੀਆਂ ਵਾਪਰੀਆਂ 597 ਵਾਰਦਾਤਾਂ ਵਿੱਚੋਂ 480 ਵਿੱਚ ਸਿੱਖਾਂ ਦੇ ਜਾਗਤ ਜੋਤ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਨਿਸ਼ਾਨਾ ਬਣਾਇਆ ਗਿਆ। ਹਿੰਦੂ ਧਾਰਮਿਕ ਸਥਾਨਾਂ ਉੱਤੇ ਬੇਅਦਬੀ ਦੀਆਂ 92, ਮੁਸਲਮਾਨ ਭਾਈਚਾਰੇ ਦੇ ਧਾਰਮਿਕ ਸਥਾਨਾਂ ਉੱਤੇ 14 ਅਤੇ ਈਸਾਈਆਂ ਦੇ ਪੂਜਾ ਅਸਥਾਨ 'ਤੇ 11 ਅਜਿਹੀਆਂ ਘਟਨਾਵਾਂ ਵਾਪਰੀਆਂ ਹਨ। ਪੰਜਾਬ ਪੁਲਿਸ ਦੇ ਏਡੀਜੀਪੀ ਯਾਦਵ ਕਹਿੰਦੇ ਹਨ ਕਿ ਮਾਮਲੇ ਦੀ ਨਾਜ਼ੁਕਤਾ ਨੂੰ ਗੰਭੀਰਤਾ ਨਾਲ ਲੈਂਦਿਆਂ ਦੋਸ਼ੀਆਂ ਨੂੰ ਫੜਨ ਅਤੇ ਸਖਤ ਸਜ਼ਾ ਦੇਣ ਲਈ ਹਰ ਸੰਭਵ ਯਤਨ ਕੀਤਾ ਜਾ ਰਿਹਾ ਹੈ। ਉਹ ਅੱਜ ਕੱਲ ਬਿਊਰੋ ਆਫ ਇਨਵੈਸਟੀਗੇਸ਼ਨ ਦੇ ਡਾਇਰੈਕਟਰ ਹਨ।

ਪੰਜਾਬ ਪੁਲਿਸ ਦੇ ਅੰਕੜੇ ਦੱਸਦੇ ਹਨ ਕਿ 597 ਪੁਲਿਸ ਕੇਸ ਦਰਜ ਕੀਤੇ ਗਏ ਅਤੇ 44 ਦੋਸ਼ੀਆਂ ਨੂੰ ਸਜ਼ਾ ਕਰਵਾਈ ਜਾ ਚੁੱਕੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਸਮੇਤ ਦੂਜੇ ਧਰਮ ਗ੍ਰੰਥਾਂ ਦੀ ਬੇਅਦਬੀ ਦੇ 99 ਦੋਸ਼ੀ ਬਰੀ ਹੋ ਚੁੱਕੇ ਹਨ ਜਦ ਕਿ ਜਾਂਚ ਦੌਰਾਨ 83 ਕੇਸ ਕੈਂਸਲ ਕਰ ਦਿੱਤੇ ਗਏ। ਅਦਾਲਤਾਂ ਵੱਲੋਂ ਹੋਰ 37 ਕੇਸ ਖਾਰਜ਼ ਕਰ ਦਿੱਤੇ ਗਏ ਹਨ ਜਦੋਂ ਕਿ 131 ਕੇਸਾਂ ਵਿੱਚ ਦੋਸ਼ੀ ਨਹੀਂ ਮਿਲੇ ਹਨ। ਹੋਰ 111 ਕੇਸ ਜਾਂਚ ਅਧੀਨ ਹਨ। ਪਿਛਲੇ ਇੱਕ ਦਹਾਕੇ ਦੌਰਾਨ ਬੇਅਦਬੀ ਦੀਆਂ ਘਟਨਾਵਾਂ ਲਈ 791 ਮੁਲਜ਼ਮਾਂ ਦੀ ਸ਼ਨਾਖਤ ਕੀਤੀ ਗਈ ਸੀ ਅਤੇ ਇਹਨਾਂ ਵਿੱਚੋਂ 544 ਗ੍ਰਿਫ਼ਤਾਰ ਕੀਤੇ ਜਾ ਚੁੱਕੇ ਹਨ।

ਹੈਰਾਨੀ ਦੀ ਗੱਲ ਇਹ ਹੈ ਕਿ ਬੇਅਦਬੀ ਦੀਆਂ ਘਟਨਾਵਾਂ ਸਭ ਤੋਂ ਵੱਧ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਵਾਪਰੀਆਂ ਹਨ। ਸਾਲ 2015 ਨੂੰ ਅੰਮ੍ਰਿਤਸਰ ਜ਼ਿਲ੍ਹੇ ਵਿੱਚ 65, ਸਾਲ 2016 ਨੂੰ 54, ਸਾਲ 2017 ਨੂੰ 47 ਅਤੇ ਸਾਲ 2018 ਨੂੰ 40 ਬੇਹੁਰਮਤੀ ਦੀਆਂ ਘਟਨਾਵਾਂ ਵਾਪਰੀਆਂ ਸਨ। ਸਾਲ 2019 ਵਿੱਚ ਸਭ ਤੋਂ ਘੱਟ 31 ਵਾਰਦਾਤਾਂ ਸਾਹਮਣੇ ਆਈਆਂ ਸਨ। ਉਸ ਤੋਂ ਬਾਅਦ 2020 ਨੂੰ ਬੇਅਦਬੀ ਦੀਆਂ 59 ਅਤੇ 2021 ਤੇ 2022 ਨੂੰ 160 ਘਟਨਾਵਾਂ ਵਾਪਰੀਆਂ। ਸਾਲ 2022 ਚੋਣ ਸਾਲ ਸੀ।

ਉਸ ਤੋਂ ਬਾਅਦ 2023 ਨੂੰ 54 ਅਤੇ 2024 ਨੂੰ ਬੇਅਦਬੀ ਦੀਆਂ 65 ਘਟਨਾਵਾਂ ਵਾਪਰੀਆਂ। ਬੀਤੇ ਸਾਲ ਅੰਕੜਾ ਮੁੜ ਹੇਠਾਂ ਆਇਆ ਅਤੇ 22 ਕੇਸ ਰਿਪੋਰਟ ਕੀਤੇ ਗਏ। ਚਾਲੂ ਸਾਲ ਦੇ ਪਹਿਲੇ ਦੋ ਮਹੀਨਿਆਂ ਦੌਰਾਨ ਨੌਂ ਕੇਸ ਸਾਹਮਣੇ ਆ ਚੁੱਕੇ ਹਨ। ਅੰਮ੍ਰਿਤਸਰ ਦਿਹਾਤੀ ਖੇਤਰ ਵਿੱਚ ਬੇਅਦਬੀ ਦੀਆਂ 51 ਅਤੇ ਅੰਮ੍ਰਿਤਸਰ ਸ਼ਹਿਰ ਵਿੱਚ 42 ਘਟਨਾਵਾਂ ਵਾਪਰੀਆਂ। ਬਠਿੰਡਾ ਵਿੱਚ 39 ਅਤੇ ਤਰਨ ਤਾਰਨ ਵਿੱਚ 36 ਤੇ ਹੁਸ਼ਿਆਰਪੁਰ ਤੇ ਪਟਿਆਲਾ ਵਿੱਚ ਕੁੱਲ ਮਿਲਾ ਕੇ 70 ਘਟਨਾਵਾਂ ਵਾਪਰ ਚੁੱਕੀਆਂ ਹਨ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਦੇ ਦੋਸ਼ੀਆਂ ਨੂੰ ਸਜ਼ਾ ਦੇਣ ਲਈ 1960 ਦੇ ਐਕਟ ਵਿੱਚ 2016 ਅਤੇ 2018 ਨੂੰ ਦੋ ਵਾਰ ਸਮੇਂ ਦੀਆਂ ਸਰਕਾਰਾਂ ਵੱਲੋਂ ਬਿੱਲ ਪਾਸ ਕੀਤੇ ਗਏ, ਜਿਨ੍ਹਾਂ ਉੱਤੇ ਕੇਂਦਰ ਸਰਕਾਰ ਨੇ ਮੋਹਰ ਲਾਉਣ ਤੋਂ ਨਾਂਹ ਕਰ ਦਿੱਤੀ, ਜਿਸ ਕਰਕੇ ਕਾਨੂੰਨ ਬਣਦਾ ਬਣਦਾ ਵਿੱਚ ਹੀ ਰਹਿੰਦਾ ਗਿਆ। ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ 2025 ਵਿੱਚ ਮੌਜੂਦਾ ਕਾਨੂੰਨ ਵਿੱਚ ਸੋਧ ਕਰਨ ਲਈ ਇੱਕ ਖਰੜਾ ਤਿਆਰ ਕਰਕੇ ਸਲੈਕਟ ਕਮੇਟੀ ਦੇ ਹਵਾਲੇ ਕੀਤਾ। ਸਰਕਾਰ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਖਰੜਾ ਪ੍ਰਵਾਨਗੀ ਲਈ ਭੇਜਿਆ ਗਿਆ। ਇਸ ਖਰੜੇ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਇਤਰਾਜ਼ ਖੜ੍ਹਾ ਕਰ ਰਹੀ ਹੈ ਕਿ ਇਸ ਰਾਹੀਂ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਦੇਣ ਦਾ ਬਿੱਲ ਪਾਸ ਕਰਨ ਦਾ ਪ੍ਰਸਤਾਵ ਤਿਆਰ ਨਹੀਂ ਕੀਤਾ ਗਿਆ ਹੈ ਜੋ ਇਸ ਦਾ ਸਬੰਧ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪ੍ਰਕਾਸ਼ਨਾ ਨਾਲ ਹੈ। ਇਸ ਵੇਲੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ਨਾ ਦੇ ਸਾਰੇ ਅਧਿਕਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੋਲ ਹਨ, ਜਦੋਂ ਕਿ ਵਿੱਚ ਵਿਚਾਲੇ ਪ੍ਰਾਈਵੇਟ ਪ੍ਰਕਾਸ਼ਕਾਂ ਨੂੰ ਵੀ ਅਧਿਕਾਰ ਦੇ ਦਿੱਤੇ ਗਏ ਸਨ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦਮਦਮੀ ਟਕਸਾਲ ਸਮੇਤ ਕਈ ਹੋਰ ਸਿੱਖ ਸੰਪਰਦਾਵਾਂ ਨਾਲ ਮੀਟਿੰਗ ਕਰਨ ਤੋਂ ਬਾਅਦ 13 ਅਪ੍ਰੈਲ ਨੂੰ ਵਿਸਾਖੀ ਦੇ ਦਿਨ ਪੰਜਾਬ ਵਿਧਾਨ ਸਭਾ ਦਾ ਸੈਸ਼ਨ ਸੱਦ ਕੇ ਨਵੇਂ ਬਿਲ ਉੱਤੇ ਮੋਹਰ ਲਾਉਣ ਦਾ ਐਲਾਨ ਕਰ ਦਿੱਤਾ ਹੈ ਜਦੋਂ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ਼ੰਕੇ ਖੜ੍ਹੇ ਕਰਦਿਆਂ ਛੇ ਅਪ੍ਰੈਲ ਨੂੰ ਪੰਥਕ ਇਕੱਠ ਸੱਦ ਲਿਆ ਹੈ। ਇਹ ਇਕੱਠ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ 11 ਵਜੇ ਜੁੜੇਗਾ।

ਜਿਵੇਂ ਕਿ ਸ਼ੁਰੂ ਵਿੱਚ ਹੀ ਕਿਹਾ ਗਿਆ ਸੀ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲੇ ਦੋਸ਼ੀ ਤਾਂ ਮੰਨੇ ਹੀ ਜਾਂਦੇ ਰਹਿਣਗੇ ਪਰ ਸੂਬੇ ਦੇ ਧਾਰਮਿਕ ਅਤੇ ਸਿਆਸੀ ਨੇਤਾਵਾਂ ਨੂੰ ਵੀ ਬਰੀ ਨਹੀਂ ਕੀਤਾ ਜਾ ਸਕਦਾ, ਸਗੋਂ ਕਸੂਰਵਾਰ ਠਹਿਰਾਇਆ ਜਾਣਾ ਬਣਦਾ ਹੈ। ਪਿਛਲੇ 11 ਸਾਲਾਂ ਦੌਰਾਨ ਸੂਬੇ ਦੀਆਂ ਤਿੰਨ ਸਰਕਾਰਾਂ ਕੇਸ ਕਿਸੇ ਤਣ ਪੱਤਣ ਨਹੀਂ ਲਾ ਸਕੀਆਂ ਹਨ, ਜਦੋਂ ਕਿ ਹਰ ਵਾਰ ਵਿਧਾਨ ਸਭਾ ਦੀਆਂ ਚੋਣਾਂ ਤੋਂ ਪਹਿਲਾਂ ਦੋਸ਼ੀਆਂ ਨੂੰ ਜੇਲ੍ਹਾਂ ਪਿੱਛੇ ਡੱਕਣ ਦੇ ਦਾਅਵੇ ਇਹ ਇਕੱਠੇ ਹੋ ਕੇ ਕੀਤਾ ਜਾਂਦੇ ਰਹੇ ਹਨ। ਸਿਆਸੀ ਅਤੇ ਧਾਰਮਿਕ ਨੇਤਾ ਆਪਣੇ ਵੋਟ ਬੈਂਕ ਨੂੰ ਪਰੇ ਰੱਖ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੱਚੇ ਦਿਲੋਂ ਸਮਰਪਿਤ ਹੋ ਜਾਣ ਤਾਂ ਕੋਈ ਵਜ੍ਹਾ ਨਹੀਂ ਕਿ ਦੋਸ਼ੀਆਂ ਨੂੰ ਜੇਲ੍ਹਾਂ ਵਿੱਚ ਡੱਕ ਕੇ ਮਿਸਾਲੀ ਸਜ਼ਾਵਾਂ ਨਾ ਦਿੱਤੀਆਂ ਜਾ ਸਕਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦਾ ਮੁੱਦਾ ਵਿਧਾਨ ਸਭਾ ਦੀਆਂ ਅਗਲੀਆਂ ਚੋਣਾਂ ਵਿੱਚ ਵੀ ਕੈਸ਼ ਕੀਤਾ ਜਾਵੇਗਾ। ਇਹ ਵੀ ਸਾਡੀ ਸਿਆਸਤ ਦਾ ਦੁਖਾਂਤ ਬਣ ਨਿਬੜਿਆ ਹੈ।

# ਭਾਰਤ-ਅਮਰੀਕਾ ਵਪਾਰ ਸਮਝੌਤਾ ਮੌਕੇ, ਡਰ ਅਤੇ ਸੰਤੁਲਨ ਦੀ ਖੋਜ



ਡਾ. ਪ੍ਰਿਅੰਕਾ ਸੌਰਭ
7015375570

ਭਾਰਤ ਅਤੇ ਅਮਰੀਕਾ ਵਿਚਕਾਰ ਪ੍ਰਸਤਾਵਿਤ ਦੁਵੱਲਾ ਵਪਾਰ ਸਮਝੌਤਾ (2026) ਅਜਿਹੇ ਸਮੇਂ ਸਾਹਮਣੇ ਆਇਆ ਹੈ ਜਦੋਂ ਇੱਕ ਪਾਸੇ ਭਾਰਤ ਵਿਸ਼ਵ ਅਰਥਵਿਵਸਥਾ ਵਿੱਚ ਆਪਣੀ ਭਾਗੀਦਾਰੀ ਵਧਾਉਣ ਵੱਲ ਵਧ ਰਿਹਾ ਹੈ, ਉੱਥੇ ਦੂਜੇ ਪਾਸੇ ਇਸਨੂੰ ਆਪਣੇ ਖੇਤੀਬਾੜੀ-ਅਧਾਰਤ ਸਮਾਜਿਕ-ਆਰਥਿਕ ਢਾਂਚੇ ਦੀ ਰੱਖਿਆ ਕਰਨ ਦੀ ਜ਼ਰੂਰੀ ਚੁਣੌਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਫਰਵਰੀ 2026 ਵਿੱਚ ਐਲਾਨੇ ਗਏ ਅੰਤਰਿਮ ਢਾਂਚੇ ਨੇ ਅਮਰੀਕੀ ਬਜ਼ਾਰ ਵਿੱਚ ਭਾਰਤੀ ਨਿਰਯਾਤਕਾਂ ਲਈ ਨਵੇਂ ਮੌਕੇ ਖੋਲ੍ਹੇ ਹਨ, ਉੱਥੇ ਹੀ ਸਸਤੇ ਅਮਰੀਕੀ ਖੇਤੀਬਾੜੀ ਉਤਪਾਦਾਂ ਦੇ ਸੰਭਾਵੀ ਆਯਾਤ ਨੇ ਦੇਸ਼ ਦੇ ਲੱਖਾਂ ਕਿਸਾਨਾਂ ਵਿੱਚ ਚਿੰਤਾ ਅਤੇ ਅਸੁਰੱਖਿਆ ਦੀ ਭਾਵਨਾ ਪੈਦਾ ਕੀਤੀ ਹੈ। ਇਸ ਸੰਦਰਭ ਵਿੱਚ, ਇਹ ਸਵਾਲ ਬਹੁਤ ਹੀ ਢੁਕਵਾਂ ਹੋ ਜਾਂਦਾ ਹੈ: ਕੀ ਇਹ ਸਮਝੌਤਾ ਭਾਰਤ ਨੂੰ ਇੱਕ ਮਜ਼ਬੂਤ ਵਿਸ਼ਵਵਿਆਪੀ ਖੇਤੀਬਾੜੀ ਨਿਰਯਾਤਕ ਵਜੋਂ ਸਥਾਪਿਤ ਕਰੇਗਾ ਜਾਂ ਇਹ ਛੋਟੇ ਅਤੇ ਸੀਮਾਂਤ ਕਿਸਾਨਾਂ ਲਈ ਆਰਥਿਕ ਸੰਕਟ ਦਾ ਕਾਰਨ ਬਣੇਗਾ।

ਭਾਰਤ-ਅਮਰੀਕਾ ਵਪਾਰਕ ਸਬੰਧ ਇਤਿਹਾਸਕ ਤੌਰ 'ਤੇ ਰਣਨੀਤਕ ਅਤੇ ਬਹੁਪੱਖੀ ਰਹੇ ਹਨ। ਭਾਰਤ ਨੇ ਹਾਲ ਹੀ ਦੇ ਸਾਲਾਂ ਵਿੱਚ ਦੋਵਾਂ ਦੇਸ਼ਾਂ ਵਿਚਕਾਰ ਖੇਤੀਬਾੜੀ ਵਪਾਰ ਵਿੱਚ ਇੱਕ ਵਾਧੂ ਪ੍ਰਾਪਤੀ ਕੀਤੀ ਹੈ, ਜੋ ਕਿ ਭਾਰਤੀ ਖੇਤੀਬਾੜੀ ਉਤਪਾਦਾਂ ਦੀ ਵਿਸ਼ਵਵਿਆਪੀ ਮੁਕਾਬਲੇਬਾਜ਼ੀ ਦੀ ਸੰਭਾਵਨਾ ਨੂੰ ਦਰਸਾਉਂਦੀ ਹੈ। ਪ੍ਰਸਤਾਵਿਤ ਸਮਝੌਤਾ, ਜਿਸ ਦੇ ਤਹਿਤ ਅਮਰੀਕਾ ਭਾਰਤੀ ਉਤਪਾਦਾਂ - ਜਿਵੇਂ ਕਿ ਮਸਾਲੇ, ਚਾਹ, ਕੌਫੀ, ਕਾਜੂ, ਅੰਬ, ਪਪੀਤਾ ਅਤੇ ਪ੍ਰੋਸੈਸਡ ਭੋਜਨ-'ਤੇ ਟੈਰਿਫ ਘਟਾਏਗਾ ਜਾਂ ਖਤਮ ਕਰੇਗਾ, ਭਾਰਤੀ ਨਿਰਯਾਤ ਨੂੰ ਵਧਾ ਸਕਦਾ ਹੈ। ਇਸ ਨਾਲ ਨਾ ਸਿਰਫ਼ ਵਿਦੇਸ਼ੀ ਮੁਦਰਾ ਦੀ ਕਮਾਈ ਵਧੇਗੀ ਬਲਕਿ ਖੇਤੀਬਾੜੀ ਖੇਤਰ ਵਿੱਚ ਮੁੱਲ ਜੋੜਨ ਅਤੇ ਪ੍ਰੋਸੈਸਿੰਗ ਉਦਯੋਗਾਂ ਨੂੰ ਵੀ ਹੁਲਾਰਾ ਮਿਲੇਗਾ।

ਪਰ ਇਸ ਸਮਝੌਤੇ ਦਾ ਦੂਜਾ ਪਾਸਾ ਕਿਤੇ ਜ਼ਿਆਦਾ ਗੁੰਝਲਦਾਰ ਅਤੇ ਸੰਵੇਦਨਸ਼ੀਲ ਹੈ। ਸੰਯੁਕਤ ਰਾਜ ਅਮਰੀਕਾ ਆਪਣੇ ਕਿਸਾਨਾਂ ਨੂੰ ਵਿਆਪਕ ਸਬਸਿਡੀਆਂ ਪ੍ਰਦਾਨ ਕਰਦਾ ਹੈ, ਜਿਸ ਨਾਲ ਇਸਦੇ ਖੇਤੀਬਾੜੀ ਉਤਪਾਦਾਂ ਨੂੰ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਬਹੁਤ ਜ਼ਿਆਦਾ ਪ੍ਰਤੀਯੋਗੀ ਬਣਾਇਆ ਜਾਂਦਾ ਹੈ। ਜੇਕਰ ਅਜਿਹੇ ਉਤਪਾਦ - ਜਿਵੇਂ ਕਿ ਡੀਡੀਜੀਐਸ, ਸੋਇਆਬੀਨ ਤੇਲ ਅਤੇ ਸੋਰਘਮ-ਵੱਡੇ ਪੱਧਰ 'ਤੇ ਭਾਰਤੀ ਬਾਜ਼ਾਰ ਵਿੱਚ ਦਾਖਲ ਹੁੰਦੇ ਹਨ ਤਾਂ ਘਰੇਲੂ ਕਿਸਾਨਾਂ ਨੂੰ ਗੰਭੀਰ ਕੀਮਤ ਮੁਕਾਬਲੇ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਸ ਨਾਲ ਖੇਤੀਬਾੜੀ ਕੀਮਤਾਂ ਵਿੱਚ ਗਿਰਾਵਟ ਆ ਸਕਦੀ ਹੈ, ਜਿਸ ਨਾਲ ਪਹਿਲਾਂ ਹੀ ਆਮਦਨ ਦੇ ਤਣਾਅ ਨਾਲ ਜੂਝ ਰਹੇ ਕਿਸਾਨਾਂ ਲਈ ਹੋਰ ਵੀ ਚੁਣੌਤੀਆਂ ਪੈਦਾ ਹੋ ਸਕਦੀਆਂ ਹਨ।

ਭਾਰਤ ਦਾ ਖੇਤੀਬਾੜੀ ਢਾਂਚਾ ਵੱਡੇ ਪੱਧਰ 'ਤੇ ਛੋਟੇ ਅਤੇ ਸੀਮਾਂਤ ਕਿਸਾਨਾਂ 'ਤੇ ਅਧਾਰਤ ਹੈ, ਜੋ ਕੁੱਲ ਆਬਾਦੀ ਦਾ ਲਗਭਗ 86% ਬਣਦੇ ਹਨ। ਇਹ ਕਿਸਾਨ ਸੀਮਤ ਸਰੋਤਾਂ, ਅਸਥਿਰ ਬਾਜ਼ਾਰਾਂ ਅਤੇ ਜਲਵਾਯੂ ਪਰਿਵਰਤਨ ਵਰਗੀਆਂ ਚੁਣੌਤੀਆਂ ਦੇ ਵਿਚਕਾਰ ਆਪਣੀ ਰੋਜ਼ੀ-ਰੋਟੀ ਚਲਾਉਂਦੇ ਹਨ। ਘੱਟੋ-ਘੱਟ ਸਮਰਥਨ ਮੁੱਲ (MSP) ਵਰਗੀਆਂ ਨੀਤੀਆਂ ਇਨ੍ਹਾਂ ਕਿਸਾਨਾਂ ਲਈ ਇੱਕ ਸੁਰੱਖਿਆ ਜਾਲ ਪ੍ਰਦਾਨ ਕਰਦੀਆਂ ਹਨ, ਪਰ ਇਸਦੀ ਪਹੁੰਚ ਸੀਮਤ ਹੈ ਅਤੇ ਸਾਰੀਆਂ ਫਸਲਾਂ ਅਤੇ ਖੇਤਰਾਂ ਨੂੰ ਬਰਾਬਰ ਲਾਭ ਨਹੀਂ ਪਹੁੰਚਾਉਂਦੀਆਂ। ਜੇਕਰ ਘਰੇਲੂ ਬਾਜ਼ਾਰ ਵਿੱਚ ਸਸਤੇ ਆਯਾਤ ਵਧਦੇ ਹਨ, ਤਾਂ MSP ਦੀ ਪ੍ਰਭਾਵਸ਼ੀਲਤਾ ਕਮਜ਼ੋਰ ਹੋ ਸਕਦੀ ਹੈ ਅਤੇ ਕਿਸਾਨਾਂ ਦੀ ਆਮਦਨ 'ਤੇ ਮਾੜਾ ਪ੍ਰਭਾਵ ਪੈ ਸਕਦਾ ਹੈ।

ਇੱਕ ਹੋਰ ਮਹੱਤਵਪੂਰਨ ਚਿੰਤਾ ਜੈਵਿਕ ਸੁਰੱਖਿਆ ਅਤੇ ਜੈਨੇਟਿਕ ਤੌਰ 'ਤੇ ਸੋਧੀਆਂ (GM) ਫਸਲਾਂ ਨਾਲ ਸਬੰਧਤ ਹੈ। ਸੰਯੁਕਤ ਰਾਜ ਅਮਰੀਕਾ GM ਫਸਲਾਂ ਦਾ ਇੱਕ ਪ੍ਰਮੁੱਖ ਉਤਪਾਦਕ ਅਤੇ ਨਿਰਯਾਤਕ ਹੈ, ਜਦੋਂ ਕਿ ਭਾਰਤ ਅਜੇ ਵੀ ਇਸ ਵਿਸ਼ੇ ਪ੍ਰਤੀ ਸਾਵਧਾਨ ਰਵੱਈਆ ਰੱਖਦਾ ਹੈ। ਭਾਰਤ ਨੂੰ ਵਪਾਰ ਸਮਝੌਤਿਆਂ ਦੇ ਤਹਿਤ ਗੈਰ-ਟੈਰਿਫ ਰੁਕਾਵਟਾਂ ਨੂੰ ਘਟਾਉਣ ਲਈ ਦਬਾਅ ਦਾ ਸਾਹਮਣਾ ਕਰਨਾ ਪੈ ਸਕਦਾ ਹੈ, ਜਿਸ ਨਾਲ GM ਉਤਪਾਦਾਂ ਦੇ ਆਯਾਤ ਵਿੱਚ ਸੰਭਾਵੀ ਤੌਰ 'ਤੇ ਵਾਧਾ ਹੋ ਸਕਦਾ ਹੈ। ਇਹ ਸਥਿਤੀ ਦੇਸ਼ ਦੀ ਜੈਵ ਵਿਭਿੰਨਤਾ, ਰਵਾਇਤੀ ਖੇਤੀਬਾੜੀ ਅਭਿਆਸਾਂ ਅਤੇ ਭੋਜਨ ਸੁਰੱਖਿਆ ਲਈ ਲੰਬੇ ਸਮੇਂ ਦੇ ਜੋਖਮ ਪੈਦਾ ਕਰ ਸਕਦੀ ਹੈ। ਇਸ ਤੋਂ ਇਲਾਵਾ, ਡੇਅਰੀ, ਪੋਲਟਰੀ ਅਤੇ ਤੇਲ ਬੀਜ ਵਰਗੇ ਸੰਵੇਦਨਸ਼ੀਲ ਖੇਤਰ ਇਸ ਸਮਝੌਤੇ ਤੋਂ ਪ੍ਰਭਾਵਿਤ ਹੋ ਸਕਦੇ ਹਨ। ਭਾਰਤ ਦਾ ਡੇਅਰੀ ਸੈਕਟਰ ਨਾ ਸਿਰਫ਼ ਇੱਕ ਵਿਸ਼ਵ ਪੱਧਰ 'ਤੇ ਮੋਹਰੀ ਹੈ ਬਲਕਿ ਲੱਖਾਂ ਪੇਂਡੂ ਪਰਿਵਾਰਾਂ ਦੀ ਰੋਜ਼ੀ-ਰੋਟੀ ਦਾ ਸਮਰਥਨ ਵੀ ਕਰਦਾ ਹੈ। ਜੇਕਰ ਅਮਰੀਕੀ ਡੇਅਰੀ ਉਤਪਾਦ ਭਾਰਤੀ ਬਾਜ਼ਾਰ ਵਿੱਚ ਦਾਖਲ ਹੁੰਦੇ ਹਨ, ਤਾਂ ਸਥਾਨਕ ਉਤਪਾਦਕਾਂ ਨੂੰ ਮੁਕਾਬਲੇ ਦਾ ਸਾਹਮਣਾ ਕਰਨਾ ਪਵੇਗਾ। ਇਸੇ ਤਰ੍ਹਾਂ, ਤੇਲ ਬੀਜ ਖੇਤਰ, ਜਿਸ ਵਿੱਚ ਭਾਰਤ ਸਵੈ-ਨਿਰਭਰਤਾ ਲਈ ਯਤਨਸ਼ੀਲ ਹੈ, ਸਸਤੇ ਆਯਾਤ ਤੋਂ ਪ੍ਰਭਾਵਿਤ ਹੋ ਸਕਦਾ ਹੈ, ਜੋ ਘਰੇਲੂ ਉਤਪਾਦਨ ਨੂੰ ਉਤਸ਼ਾਹਿਤ ਕਰਨ ਵਿੱਚ ਰੁਕਾਵਟ ਪਾ ਸਕਦਾ ਹੈ।

ਇਨ੍ਹਾਂ ਆਰਥਿਕ ਚੁਣੌਤੀਆਂ ਦੇ ਨਾਲ-ਨਾਲ, ਇਸ ਸਮਝੌਤੇ ਦੇ ਸਮਾਜਿਕ ਅਤੇ ਰਣਨੀਤਕ ਪਹਿਲੂ ਵੀ ਮਹੱਤਵਪੂਰਨ ਹਨ। ਖੇਤੀਬਾੜੀ ਖੇਤਰ ਵਿੱਚ ਸੰਭਾਵੀ ਆਮਦਨੀ ਘਾਟਾ ਅਤੇ ਮੁਕਾਬਲਾ ਪੇਂਡੂ ਰੁਜ਼ਗਾਰ 'ਤੇ ਮਾੜਾ ਪ੍ਰਭਾਵ ਪਾ ਸਕਦਾ ਹੈ, ਸਮਾਜਿਕ ਅਸਮਾਨਤਾ ਅਤੇ ਖੇਤਰੀ ਅਸਮਾਨਤਾਵਾਂ ਨੂੰ ਵਧਾ ਸਕਦਾ ਹੈ। ਰਣਨੀਤਕ ਤੌਰ 'ਤੇ ਇਹ ਸਮਝੌਤਾ ਭਾਰਤ ਅਤੇ ਸੰਯੁਕਤ ਰਾਜ ਅਮਰੀਕਾ ਵਿਚਕਾਰ ਵਧ ਰਹੇ ਸਹਿਯੋਗ ਦਾ ਪ੍ਰਤੀਕ ਹੈ, ਜੋ ਕਿ ਕਵਾਡ ਦੇ ਵਿਆਪਕ ਦ੍ਰਿਸ਼ਟੀਕੋਣ ਅਤੇ ਇੰਡੋ-ਪੈਸੀਫਿਕ ਵਿੱਚ ਸ਼ਕਤੀ ਦੇ ਸੰਤੁਲਨ ਨਾਲ ਵੀ ਜੁੜਿਆ ਹੋਇਆ ਹੈ। ਇਸ ਲਈ, ਭਾਰਤ ਲਈ ਇਸ ਸਮਝੌਤੇ ਨੂੰ ਸਿੱਧੇ ਤੌਰ 'ਤੇ ਰੱਦ ਕਰਨਾ ਵਿਵਹਾਰਕ ਨਹੀਂ ਹੈ; ਸਗੋਂ, ਇੱਕ ਸੰਤੁਲਿਤ ਪਹੁੰਚ ਅਪਣਾਉਣੀ ਜ਼ਰੂਰੀ ਹੈ। ਇਸ ਸੰਦਰਭ ਵਿੱਚ, ਭਾਰਤ ਦੇ ਸਾਹਮਣੇ ਸਭ ਤੋਂ ਵੱਡੀ ਚੁਣੌਤੀ ਇਹ ਹੈ ਕਿ ਵਿਸ਼ਵਵਿਆਪੀ ਆਰਥਿਕ ਮੌਕਿਆਂ ਦਾ ਫਾਇਦਾ ਉਠਾਉਂਦੇ ਹੋਏ ਆਪਣੇ ਖੇਤੀਬਾੜੀ ਹਿੱਤਾਂ ਦੀ ਰੱਖਿਆ ਕਿਵੇਂ ਕੀਤੀ ਜਾਵੇ। ਇਸ ਲਈ ਇੱਕ ਬਹੁ-ਪੱਖੀ ਰਣਨੀਤੀ ਦੀ ਲੋੜ ਹੈ। ਪਹਿਲਾਂ, ਘਰੇਲੂ ਬਾਜ਼ਾਰ ਨੂੰ ਆਯਾਤ ਵਿੱਚ ਅਚਾਨਕ ਵਾਧੇ ਤੋਂ ਬਚਾਉਣ ਲਈ ਵਪਾਰ ਸੁਰੱਖਿਆ ਉਪਾਅ - ਜਿਵੇਂ ਕਿ ਮਾਤਰਾ ਸੀਮਾ (TRQ), ਘੱਟੋ-ਘੱਟ ਆਯਾਤ ਕੀਮਤਾਂ (MIP) ਅਤੇ ਵਿਸ਼ੇਸ਼ ਸੁਰੱਖਿਆ ਉਪਾਅ (SSM) - ਦੀ ਪ੍ਰਭਾਵਸ਼ਾਲੀ ਢੰਗ ਨਾਲ ਵਰਤੋਂ ਕੀਤੀ ਜਾਣੀ ਚਾਹੀਦੀ ਹੈ।

# ਬੇ-ਅਦਬੀ ਵਿਰੋਧੀ ਕਾਨੂੰਨ: ਇਤਿਹਾਸਕ ਪਰਿਪੇਖ ਦੇ ਰੂਪ ਵਿੱਚ ਸਖ਼ਤ ਹੋਵੇ, ਪਰ ਕਠੋਰ ਨਹੀਂ



**ਸ੍ਰੀ ਐਲ. ਕੇ. ਯਾਦਵ ਆਈ.ਪੀ.ਐਸ.**

ਬੇ-ਅਦਬੀ ਸਿਰਫ ਇੱਕ ਪਵਿੱਤਰ ਗ੍ਰੰਥ ਨੂੰ ਸਰੀਰਕ ਨੁਕਸਾਨ ਪਹੁੰਚਾਣ ਤੱਕ ਹੀ ਸੀਮਿਤ ਨਹੀਂ ਹੈ; ਇਸ ਵਿੱਚ ਬੇਇੱਜ਼ਤੀ, ਅਪਮਾਨ, ਜਾਂ ਸ਼ਰਧਾ ਵਿੱਚ ਕਿਸੇ ਵੀ ਗਿਰਾਵਟ ਦੀਆਂ ਕਿਰਿਆਵਾਂ ਵੀ ਸ਼ਾਮਲ ਹਨ। ਪੰਜਾਬ ਵਿਚ ਪਵਿੱਤਰ ਸਰੂਪਾਂ ਦੀ ਬੇ-ਅਦਬੀ ਦਾ ਕੋਈ ਵੀ ਪੱਖ ਇੱਕ ਬਹੁਤ ਹੀ ਸੰਵੇਦਨਸ਼ੀਲ ਮਾਮਲਾ ਹੈ, ਕਿਉਂਕਿ ਪੰਜਾਬ ਗੁਰੂ ਸਾਹਿਬਾਨ ਦੇ ਨਾਮ @ਤੇ ਪ੍ਰਫੁੱਲਤ ਅਤੇ ਜੀਉਂਦਾ ਹੈ। ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਇਤਿਹਾਸਕ ਐਲਾਨ ਵਿੱਚ ਪਵਿੱਤਰ ਆਦਿ ਗ੍ਰੰਥ ਨੂੰ ਸਾਰੇ ਸਿੱਖਾਂ ਲਈ ਸਦੀਵੀ ਗੁਰੂ ਐਲਾਨਿਆ ਗਿਆ ਹੈ:

ਗੁਰੂ ਗ੍ਰੰਥ ਜੀ ਮਾਨਯੋ
ਪਰਗਟ ਗੁਰਾਂ ਕੀ ਦੇਹੁ

ਭਾਰਤ ਦੀ ਸੁਪਰੀਮ ਕੋਰਟ ਨੇ ਵੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਇੱਕ ਜੀਉਂਦੀ-ਜਾਗਦੀ ਇਕਾਈ ਵਜੋਂ ਮਾਨਤਾ ਦਿੰਦੇ ਹੋਏ ਇੱਕ ਵੱਖਰਾ ਅਤੇ ਉੱਚਾ ਦਰਜਾ ਦਿੱਤਾ ਹੈ - ਜਿੱਥੇ ਇਸ ਦੇ ਹਰੇਕ ਹਿੱਸੇ ਨੂੰ ਸਿਰਫ ਇੱਕ ਪੰਨਾ ਨਹੀਂ ਬਲਕਿ ਇੱਕ ਪਵਿੱਤਰ ਅੰਗ ਮੰਨਿਆ ਜਾਂਦਾ ਹੈ। ਸਿੱਖ ਕੌਮ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਦੀਵੀ ਜੀਉਂਦਾ-ਜਾਗਦਾ ਗੁਰੂ ਮੰਨਿਆ ਜਾਂਦਾ ਹੈ, ਅਤੇ ਹਰ ਅੰਗ (ਪੰਨਾ) ਨੂੰ ਗੁਰੂ ਦੇ ਸਰੀਰਕ ਰੂਪ ਦੇ ਬਰਾਬਰ ਪਵਿੱਤਰ ਮੰਨਿਆ ਜਾਂਦਾ ਹੈ। ਬੇ-ਅਦਬੀ ਦੀ ਕੋਈ ਵੀ ਕਿਰਿਆ, ਇਸ ਲਈ ਤਵਜੋਹੀਣ ਨਹੀਂ ਸਗੋਂ ਇਸ ਨੂੰ ਪਵਿੱਤਰਤਾ ਦੀ ਸਿੱਧੀ ਉਲੰਘਣਾ ਵਜੋਂ ਅਨੁਭਵ ਕੀਤਾ ਜਾਂਦਾ ਹੈ।

ਇੱਥੇ ਇਹ ਦੱਸਣਾ ਵੀ ਜ਼ਰੂਰੀ ਹੈ ਕਿ ਭਾਵਨਾਵਾਂ ਮਨੁੱਖਾ-ਜਾਤੀ ਨੂੰ ਆਮ ਸਮਝ ਅਤੇ ਬੁੱਧੀ ਦੇ ਵਿਸ਼ੇ ਤੇ ਤਰਕ ਕਰਨ, ਸਮਝਣ ਅਤੇ ਪੇਸ਼ ਕਰਨ ਦੀ ਸਿੱਖਿਆ ਦਿੰਦੀਆਂ ਹਨ। ਸਾਡੇ ਸਭ ਤੋਂ ਗੁੰਝਲਦਾਰ ਵਿਚਾਰ ਅਕਸਰ ਭਾਵਨਾਤਮਕ ਤਜ਼ਰਬਿਆਂ ਦੁਆਰਾ ਸ਼ੁਰੂ ਕੀਤੇ ਜਾਂਦੇ ਹਨ। ਮਨੁੱਖੀ ਤਰਕ ਅਤੇ ਫੈਸਲੇ ਲੈਣਾ, ਦੋਵੇਂ ਭਾਵਨਾਵਾਂ ਤੋਂ ਸੁਤੰਤਰ ਨਹੀਂ ਹਨ, ਬਲਕਿ ਉਨ੍ਹਾਂ ਦੁਆਰਾ ਨਿਖਾਰੇ ਜਾਂਦੇ ਹਨ। ਹਮਦਰਦੀ ਅਤੇ ਲਗਾਓ ਸਾਨੂੰ ਦੂਜਿਆਂ ਦੇ ਦੁੱਖਾਂ ਨੂੰ ਸਮਝਣ ਦੇ ਯੋਗ ਬਣਾਉਂਦੇ ਹਨ ਅਤੇ ਨੈਤਿਕ ਤਰਕ ਦਾ ਅਧਾਰ ਬਣਦੇ ਹਨ। ਇਸ ਅਰਥ ਵਿੱਚ ਕਾਨੂੰਨ, ਕਿਰਿਆਵਾਂ ਅਤੇ ਨਿਯਮ ਸਮੇਂ ਦੇ ਚੱਲਣ ਨਾਲ ਸਮੂਹਿਕ ਆਮ ਸਮਝ ਦੇ ਪ੍ਰਤੱਖ ਪ੍ਰਗਟਾਵੇ ਤੋਂ ਇਲਾਵਾ ਕੁਝ ਵੀ ਨਹੀਂ ਹਨ।

ਇਸ ਅਨੁਸਾਰ, ਬੇ-ਅਦਬੀ ਦੇ ਮੁੱਦੇ ਅਤੇ ਇਸ ਤੋਂ ਪੈਦਾ ਹੋਣ ਵਾਲੀ ਨਰਾਜ਼ਗੀ ਦੀ ਪਰਖ ਸਮਾਜ ਦੀ ਸਮੂਹਕ ਭਾਵਨਾਤਮਕ ਚੇਤਨਾ ਦੇ ਚਾਨਣ ਵਿੱਚ ਕੀਤੀ ਜਾਣੀ ਚਾਹੀਦੀ ਹੈ। ਪੰਜਾਬ ਵਿੱਚ ਅਜੋਕੇ ਸਮੇਂ ਵਿੱਚ ਬੇ-ਅਦਬੀ ਦੀਆਂ ਘਟਨਾਵਾਂ ਵਿੱਚ ਮਹੱਤਵਪੂਰਨ ਵਾਧਾ ਹੋਇਆ ਹੈ। ਜਿਸ ਨਾਲ ਡੂੰਘਾ ਦੁੱਖ ਅਤੇ ਨਾਰਾਜ਼ਗੀ ਪੈਦਾ ਹੋਈ ਹੈ ਕਿਉਂਕਿ ਇਸ ਨੇ ਮੁੱਢਲੇ ਤੌਰ @ਤੇ ਪੰਜਾਬੀਅਤ ਦੇ ਲੋਕਾਚਾਰ, ਦਰਦ ਅਤੇ ਪਹਿਚਾਣ, ਖਾਸ ਕਰਕੇ ਸਿੱਖ ਭਾਈਚਾਰੇ ਦੇ ਲੋਕਾਚਾਰ ਨੂੰ ਭੜਕਾਇਆ ਹੈ। ਬੇ-ਅਦਬੀ ਦੀਆਂ ਘਟਨਾਵਾਂ ਨਾ ਸਿਰਫ ਧਾਰਮਿਕ ਅਤੇ ਸਮਾਜਿਕ ਸਦਭਾਵਨਾ ਨੂੰ ਭੰਗ ਕਰਦੀਆਂ ਹਨ ਬਲਕਿ ਸਮਾਜ ਦੀ ਸਮੂਹਿਕ ਜ਼ਮੀਰ ਨੂੰ ਜਖ਼ਮੀ ਵੀ ਕਰਦੀਆਂ ਹਨ, ਜਿਸ ਨਾਲ ਤਣਾਅ ਅਤੇ ਅਸ਼ਾਂਤੀ ਪੈਦਾ ਹੁੰਦੀ ਹੈ। ਪੰਜਾਬ ਵਰਗੇ ਸੰਵੇਦਨਸ਼ੀਲ ਸਰਹੱਦੀ ਰਾਜ ਵਿੱਚ ਸ਼ਾਂਤੀ ਦੀ ਇਹ ਭੰਗਣਾ ਖਾਸ ਤੌਰ ’ਤੇ ਮਹੱਤਵਪੂਰਨ ਹੈ, ਜਿੱਥੇ ਸਥਿਰਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ।

**ਪ੍ਰਾਚੀਨ ਯੂਨਾਨੀ ਫ਼ਿਲਾਸਫ਼ਰ ਅਰਸਤੂ ਅਨੁਸਾਰ:** ‘ਕੋਈ ਵੀ ਗੁੱਸੇ ਹੋ ਸਕਦਾ ਹੈ, ਇਹ ਸੌਖਾ ਹੈ। ਪਰ ਸਹੀ ਵਿਅਕਤੀ ਨਾਲ, ਸਹੀ ਹੱਦ ਤੱਕ, ਸਹੀ ਸਮੇਂ ’ਤੇ, ਸਹੀ ਉਦੇਸ਼ ਲਈ ਅਤੇ ਸਹੀ ਤਰੀਕੇ ਨਾਲ ਨਾਰਾਜ਼ ਹੋਣਾ ਸੌਖਾ ਨਹੀਂ ਹੈ। ਧਾਰਮਿਕ ਭਾਵਨਾ ਦੇ ਸਹੀ ਗੁੱਸੇ ਦਾ ਇਹ ਵਿਚਾਰ ਇਕ ਪ੍ਰਤੱਖ ਦ੍ਰਿਸ਼ਟੀਕੋਨ ਪ੍ਰਦਾਨ ਕਰਦਾ ਹੈ ਜਿਸ ਰਾਹੀਂ ਅਸੀਂ ਬੇਅਦਬੀ ਦੀਆਂ ਵੱਖ-ਵੱਖ ਘਟਨਾਵਾਂ, ਖ਼ਾਸਕਰ ਨਕੋਦਰ ਸਾਕਾ (1986) ਅਤੇ ਬਰਗਾੜੀ (2015) ਵਰਗੀਆਂ ਘਟਨਾਵਾਂ ਬਾਰੇ ਆਧੁਨਿਕ ਸਿੱਖ ਤਜ਼ਰਬਿਆਂ ਨੂੰ ਸਮਝ ਸਕਦੇ ਹਾਂ। ਦੋਵਾਂ ਮਾਮਲਿਆਂ ਵਿੱਚ ਇਹ ਕ੍ਰੋਧ ਇੱਕ ਖਲਾਅ ਵਿੱਚੋਂ ਪੈਦਾ ਨਹੀਂ ਹੋਇਆ ਸੀ ਸਗੋਂ ਇਹ ਆਦਰ, ਮਾਣ ਅਤੇ ਵਿਸ਼ਵਾਸ ਦੀ ਪਵਿੱਤਰਤਾ ਬਾਰੇ ਡੂੰਘੀਆਂ ਚਿੰਤਾਵਾਂ ’ਚੋਂ ਉਭਰਿਆ ਸੀ।

ਕ੍ਰੋਧ ਦਾ ਇਹ ਨੈਤਿਕ ਆਧਾਰ ਸਿੱਖ ਵਿਚਾਰਧਾਰਾ ਲਈ ਅਜਨਬੀ ਨਹੀਂ ਹੈ। ਸਿੱਖ ਧਰਮ ਦੇ ਅੰਦਰ, ਸੰਤ-ਸਿਪਾਹੀ ਦਾ ਆਦਰਸ਼ ਜੋ ਪਹਿਲਾਂ ਗੁਰੂ ਹਰਿਗੋਬਿੰਦ ਜੀ ਦੁਆਰਾ ਪ੍ਰਗਟ ਕੀਤਾ ਗਿਆ ਸੀ ਅਤੇ ਬਾਅਦ ਵਿੱਚ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਸੰਸਥਾਗਤ ਕੀਤਾ ਗਿਆ ਸੀ, ਅਜਿਹੀਆਂ ਭਾਵਨਾਵਾਂ ਨੂੰ ਸਮਝਣ ਲਈ ਇੱਕ ਅਨੁਸ਼ਾਸਿਤ ਢਾਂਚਾ ਪੇਸ਼ ਕਰਦਾ ਹੈ। ਇਹ ਇੱਕ ਅਜਿਹੇ ਵਿਅਕਤੀ ਦੀ ਕਲਪਨਾ ਕਰਦਾ ਹੈ ਜੋ ਅਧਿਆਤਮਿਕ ਤੌਰ ’ਤੇ ਸਥਿਰਤਾ ਵਿੱਚ ਹੈ ਅਤੇ ਅਨਿਆਂ ਦਾ ਸਾਹਮਣਾ ਕਰਨ ਵਿੱਚ ਦ੍ਰਿੜ੍ਹ ਵੀ ਹੈ। ਇਸ ਪਰੰਪਰਾ ਵਿੱਚ ਅਜਿਹੇ ਗੁੱਸੇ ਨੂੰ ਨਾ ਤਾਂ ਅੱਖੋਂ ਪ੍ਰੋਖੇ ਕੀਤਾ ਜਾਂਦਾ ਹੈ ਅਤੇ ਨਾ ਹੀ ਹਫੜਾ-ਦਫੜੀ ਵਿੱਚ ਬਦਲਣ ਦਿੱਤਾ ਜਾਂਦਾ ਹੈ; ਇਸ ਦੀ ਬਜਾਏ, ਇਸ ਨੂੰ ਤੱਥ ਅਨੁਸਾਰ ਦਿਸ਼ਾ-ਨਿਰਦੇਸ਼ਤ ਕਰਦੇ ਹੋਏ ਮਨੁੱਖਤਾ ਅਤੇ ਮਨੁੱਖੀ ਮਾਣ ਦੀ ਰਾਖੀ ਵੱਲ ਤੋਰਿਆ ਜਾਂਦਾ ਹੈ। ਇਸ ਤਰ੍ਹਾਂ ਇੱਕ ਸੰਤ-ਸਿਪਾਹੀ ਦਇਆ ਅਤੇ ਹਿੰਮਤ ਦੇ ਵਿਚਕਾਰ ਸੰਤੁਲਨ ਨੂੰ ਦਰਸਾਉਂਦੇ ਹੋਏ ਦ੍ਰਿੜ ਕਰਦਾ ਹੈ ਕਿ ਡੂੰਘੀ ਭੜਕਾਹਟ ਦੇ ਪਲਾਂ ਵਿੱਚ ਵੀ, ਪ੍ਰਤੀਕ੍ਰਿਆ ਨੈਤਿਕ, ਅਨੁਪਾਤਕ ਅਤੇ ਉੱਚ ਨੈਤਿਕ-ਉਦੇਸ਼ ਵਿੱਚ ਸਥਿਰਤਾ ਬਣਾਈ ਰੱਖੀ ਜਾਵੇ। ਰਾਜ ਪ੍ਰਬੰਧ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਇਸ ਨਿਯੰਤਰਿਤ ਗੁੱਸੇ ਦੇ ਬੇਕਾਬੂ, ਹਫੜਾ-ਦਫੜੀ ਅਤੇ ਹਿੰਸਕ ਬਣਨ ਤੋਂ ਪਹਿਲਾਂ ਤੁਰੰਤ ਅਤੇ ਨਿਰਪੱਖ ਇਨਸਾਫ ਪ੍ਰਦਾਨ ਕੀਤਾ ਜਾਵੇ।

1986 ਦਾ ਨਕੋਦਰ ਸਾਕਾ ਇੱਕ ਧਾਰਮਿਕ ਇਕੱਠ ਦੇ ਵਿਵਾਦ ਦੇ ਰੂਪ ਵਿੱਚ ਸ਼ੁਰੂ ਹੋਇਆ ਸੀ ਪਰ ਜਦੋਂ ਪੁਲਿਸ ਨੇ ਇਸ ਵਿੱਚ ਦਖਲ ਦਿੱਤਾ ਤਾਂ ਬਹੁਤ ਸਾਰੇ ਸਿੱਖਾਂ ਨੇ ਇਸ ਨੂੰ ਸਿੱਖਾਂ ਦੇ ਅੰਦਰੂਨੀ ਧਾਰਮਿਕ ਮਾਮਲ ਵਿੱਚ ਦਖਲ ਵਜੋਂ ਵੇਖਿਆ। ਇਸ ਤੋਂ ਬਾਅਦ ਪੁਲਿਸ ਗੋਲੀਬਾਰੀ, ਜਿਸ ਵਿਚ ਚਾਰ ਨੌਜਵਾਨ ਸਿੱਖ ਮਾਰੇ ਗਏ ਸਨ, ਨੇ ਸਥਾਨਕ ਵਿਰੋਧ ਪ੍ਰਦਰਸ਼ਨ ਨੂੰ ਬੇਇਨਸਾਫ਼ੀ ਦੇ ਰੂਪ ਵਿਚ ਬਦਲ ਦਿੱਤਾ। ਇਸ ਤੋਂ ਬਾਅਦ ਜੋ ਗੁੱਸਾ ਪੈਦਾ ਹੋਇਆ ਉਹ ਅਧਾਰਹੀਣ ਨਹੀਂ ਸੀ; ਸਗੋਂ ਇਹ ਧਾਰਮਿਕ ਖੁਦ-ਮੁਖਤਿਆਰੀ ਅਤੇ ਸਵੈਮਾਣ ਦੀ ਕਥਿਤ ਉਲੰਘਣਾ ਵਿੱਚੋਂ ਪੈਦਾ ਹੋਇਆ ਸੀ। ਅਰਸਤੂ ਵਿਚਾਰਧਾਰਾ ਅਨੁਸਾਰ, ÷ਬਹੁਤ ਸਾਰੇ ਲੋਕ ਇਹ ਮੰਨਦੇ ਹਨ ਕਿ ਉਹ ਸਹੀ ਕਾਰਨਾ ਕਰਕੇ ਨਰਾਜ਼ ਹੁੰਦੇ ਹਨ - ਪ੍ਰੰਤੂ ਉਨ੍ਹਾਂ ਨੂੰ ਇਨਸਾਫ ਲੈਣ ਲਈ ਸਹੀ ਰਸਤਾ ਦੇਣ ਤੋਂ ਇਨਕਾਰ ਕਰ ਦਿੱਤਾ ਜਾਂਦਾ ਹੈ।

ਲਗਭਗ ਤਿੰਨ ਦਹਾਕਿਆਂ ਬਾਅਦ, 2015 ਵਿੱਚ ਬਰਗਾੜੀ ਬੇ-ਅਦਬੀ ਦੀ ਘਟਨਾ ਨੇ ਵੀ ਇਸੇ ਤਰ੍ਹਾਂ ਦੀਆਂ ਭਾਵਨਾਵਾਂ ਨੂੰ ਮੁੜ ਸੁਰਜੀਤ ਕਰ ਦਿੱਤਾ। ਗੁਰੂ ਗ੍ਰੰਥ ਸਾਹਿਬ ਜੀ, ਸਿੱਖ-ਧਰਮ ਦੀ ਜੀਉਂਦੀ ਰੂਹਾਨੀ ਸ਼ਕਤੀ ਦੀ ਬੇ-ਅਦਬੀ ਸਿਰਫ ਲੋਕਾਂ ਦੁਆਰਾ ਭੰਨਤੋੜ ਦੀ ਕਾਰਵਾਈ ਨਹੀਂ ਸੀ; ਇਸ ਨੂੰ ਸਿੱਖ ਪਛਾਣ ‘ਤੇ ਡੂੰਘੇ ਹਮਲੇ ਵਜੋਂ ਮੰਨਿਆ ਗਿਆ। ਜਦੋਂ ਉੱਥੇ ਇਨਸਾਫ ਕਰਨ ਜਾਂ ਦੇਣ ਵਿੱਚ ਦੇਰੀ ਹੋਈ ਅਤੇ ਜਵਾਬਦੇਹੀ ਅਸਪੱਸ਼ਟ ਵਿਖਾਈ ਦਿੱਤੀ ਜਿਸ ਕਾਰਨ ਵਿਰੋਧ ਪ੍ਰਦਰਸ਼ਨ ਦੁਬਾਰਾ ਭੜਕ ਉੱਠੇ ਅਤੇ ਇੱਕ ਵਾਰ ਫਿਰ, ਰਾਜ ਪ੍ਰਬੰਧ ਦੀ ਪ੍ਰਤੀਕ੍ਰਿਆ, ਟਕਰਾਅ ਅਤੇ ਜਾਨੀ ਨੁਕਸਾਨ ਦਾ ਕਾਰਨ ਬਣੀ। ਇੱਥੇ ਵੀ ਗੁੱਸਾ ਨੈਤਿਕ ਤੌਰ ਤੇ ਇੱਕ ਗ਼ਲਤ ਦਿਸ਼ਾ ਵੱਲ ਹੋ ਤੁਰਿਆ ਪਰ ਸਮੇਂ ਸਿਰ ਫੈਸਲਾਕੁੰਨ ਅਤੇ ਪ੍ਰਭਾਵਸ਼ਾਲੀ ਕਾਨੂੰਨੀ ਕਾਰਵਾਈ ਦੀ ਅਣਹੋਂਦ ਨੇ ਇਸ ਨੂੰ ਹੋਰ ਵੱਧਣ ਦਾ ਮੌਕਾ ਦਿੱਤਾ।

ਇਹ ਘਟਨਾਵਾਂ ਇੱਕ ਮਹੱਤਵਪੂਰਨ ਬਣਤਰ ਨੂੰ ਦਰਸਾਉਂਦੀਆਂ ਹਨ: ਜਦੋਂ ਡੂੰਘੀਆਂ ਪਵਿੱਤਰ ਕਦਰਾਂ-ਕੀਮਤਾਂ ਦੀ ਉਲੰਘਣਾ ਕੀਤੀ ਜਾਂਦੀ ਹੈ ਅਤੇ ਜਦੋਂ ਸੰਸਥਾਵਾਂ ਤੇਜ਼, ਭਰੋਸੇਮੰਦ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਜਵਾਬ ਦੇਣ ਵਿੱਚ ਅਸਫਲ ਰਹਿੰਦੀਆਂ ਹਨ, ਤਾਂ ਗੁੱਸਾ ਅਸ਼ਾਂਤੀ ਅਤੇ ਦੁਖਾਂਤ ਵੱਲ ਵਧ ਸਕਦਾ ਹੈ। ਮਸਲਾ ਹੱਲ ਕਰਨ ਵਿੱਚ ਦੇਰੀ ਅਤੇ ਖਲਾਅ ਬੇ-ਅਸਰ ਨਿਆਂ ਦੀਆਂ ਧਾਰਨਾਵਾਂ ਨੂੰ ਮਜ਼ਬੂਤ ਕਰਦੇ ਹਨ, ਜਨਤਕ ਨਿਰਾਸ਼ਾ ਅਤੇ ਬੇਚੈਨੀ ਵਿੱਚ ਰੱਜ ਕੇ ਯੋਗਦਾਨ ਪਾਉਂਦੇ ਹਨ।

ਇਹ ਉਹ ਥਾਂ ਹੈ ਜਿੱਥੇ ਅਰਸਤੂ ਦੀ ਦਾਰਸ਼ਨਿਕਤਾ ਢੁੱਕਵੀ ਬਣ ਜਾਂਦਾ ਹੈ। ਉਹ ਗੁੱਸੇ ਦੀ ਨਿੰਦਾ ਨਹੀਂ ਕਰਦਾ; ਇਸ ਦੀ ਬਜਾਏ, ਉਹ ਇਸ ਨੂੰ ਸੇਧ, ਅਨੁਪਾਤਕ ਅਤੇ ਉਦੇਸ਼ਪੂਰਨ ਹੋਣ ਦੀ ਜ਼ਰੂਰਤ @ਤੇ ਜ਼ੋਰ ਦਿੰਦਾ ਹੈ। ਪਰ ਨਾਗਰਿਕਾਂ ਲਈ ਸਹੀ ਤਰੀਕੇ ਨਾਲ ਗੁੱਸਾ ਜ਼ਾਹਰ ਕਰਨ ਲਈ, ਅਜਿਹੀਆਂ ਪ੍ਰਣਾਲੀਆਂ ਮੌਜੂਦ ਹੋਣੀਆਂ ਚਾਹੀਦੀਆਂ ਹਨ ਜੋ ਦੁੱਖ ਦੀਆਂ ਸ਼ਿਕਾਇਤਾਂ ਨੂੰ ਪਛਾਣਦੀਆਂ ਹੋਣ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨਿਆਂ ਪ੍ਰਦਾਨ ਕਰਦੀਆਂ ਹੋਣ। ਅਜਿਹੀਆਂ ਪ੍ਰਣਾਲੀਆਂ ਤੋਂ ਬਿਨਾਂ, ਧਰਮੀ ਗੁੱਸਾ ਵਿਨਾਸ਼ਕਾਰੀ ਬਣਨ ਦਾ ਜੋਖਮ ਰੱਖਦਾ ਹੈ।

ਬੇ-ਅਦਬੀ ਦੀਆਂ ਘਟਨਾਵਾਂ ਤੋਂ ਬਾਅਦ ਬਾਰ-ਬਾਰ ਹੋਣ ਵਾਲੀ ਬੇਚੈਨੀ ਦਾ ਇਹ ਨਮੂਨਾ ਅਕਸਰ ਮਾਰਕ ਟਵੇਨ ਦੁਆਰਾ ਦਿੱਤੇ ਵਿਚਾਰ ਵੱਲ ਨੂੰ ਹੋ ਤੁਰਦਾ ਹੈ ਕਿ ਇਤਿਹਾਸ ਆਪਣੇ ਆਪ ਨੂੰ ਦੁਹਰਾਉਂਦਾ ਨਹੀਂ ਹੈ, ਪਰ ਆਮ ਤੌਰ ਤੇ ਇਹ ਤੁਕਬੰਦੀ ਕਰਦਾ ਹੈ। ਨਕੋਦਰ (1986) ਅਤੇ ਬਰਗਾੜੀ (2015) ਦੀਆਂ ਘਟਨਾਵਾਂ, ਹਾਲਾਂਕਿ ਸਮੇਂ ਦੇ ਦਹਾਕਿਆਂ ਦਾ ਫਰਕ ਰੱਖਦੇ ਹਨ, ਪ੍ਰੰਤੂ ਦੋਵੇਂ ਘਟਨਾਵਾਂ ਧਾਰਮਿਕ ਸੱਟ, ਦੇਰੀ ਨਾਲ ਨਿਆਂ ਅਤੇ ਜਨਤਕ ਗੁੱਸੇ ਦੀਆ ਕਿਰਿਆਵਾਂ ਨੂੰ ਪ੍ਰਗਟ ਕਰਦੀਆਂ ਹਨ। ਇਤਿਹਾਸ ਦੀ ਇਹ ਤੁਕਬੰਦੀ ਅਜਿਹੇ ਚੱਕਰ ਦੇ ਦੁਹਰਾਅ ਨੂੰ ਰੋਕਣ ਲਈ ਮਜ਼ਬੂਤ ਅਤੇ ਸਮੇਂ ਸਿਰ ਕਾਨੂੰਨੀ ਢਾਂਚੇ ਦੀ ਤੁਰੰਤ ਜ਼ਰੂਰਤ ਨੂੰ ਉਜਾਗਰ ਕਰਦੀ ਹੈ।

ਇਸ ਕਰਕੇ ਬੇ-ਅਦਬੀ ਦੇ ਵਿਰੁੱਧ ਸਖ਼ਤ ਕਾਨੂੰਨਾਂ ਦੀ ਜ਼ਰੂਰਤ ਹੈ ਜਿਹੜੇ ਬਹੁਤ ਹੀ ਸਪੱਸ਼ਟ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੇ ਯੋਗ ਹੋਣ, (ਨਾ ਕਿ ਅਜਿਹੇ ਸਖ਼ਤ ਕਾਨੂੰਨ ਜਿਹੜੇ ਏਥਨਜ਼ ਦੇ ਡਰੈਕੋ ਨੇ ਦਰਸਾਏ ਸਨ, ਉਹ ਸਖਤ ਤਾਂ ਸਨ, ਪਰ ਸਵਾਰਦੇ ਕੁਝ ਨਹੀਂ ਸਨ । ) ਅਜਿਹੇ ਕਾਨੂੰਨ ਕਈ ਉਦੇਸ਼ਾਂ ਦੀ ਪੂਰਤੀ ਕਰਦੇ ਹਨ।

ਉਹ ਧਾਰਮਿਕ ਉੱਤਪੀੜਨ ਦੀ ਗਹਿਰਾਈ ਦਰਸਾਉਂਦੇ ਅਤੇ ਦੂਜਿਆਂ ਦੀ ਸ਼ਰਧਾਂ ਅਤੇ ਸਵੈਮਾਣ ਦੇ ਉੱਪਰ ਹੋਏ ਹਮਲੇ ਦੀ ਪਹਿਚਾਣ ਕਰਦੇ ਹਨ।

ਉਹ ਸਪੱਸ਼ਟ ਪ੍ਰਬੰਧਾਂ, ਲੋੜੀਂਦੀਆਂ ਸਖ਼ਤੀਆ ਅਤੇ ਵਧੇਰੇ ਅਨੁਪਾਤਕ ਸਜ਼ਾ ਦੀ ਮਾਰਫਤ ਜਾਣਬੁੱਝ ਕੇ ਪੈਦਾ ਕੀਤੀ ਭੜਕਾਹਟ ਦੇ ਵਿਰੁੱਧ ਇੱਕ ਰੋਕ ਵੱਜੋਂ ਕੰਮ ਕਰਦੇ ਹਨ। (ਖ਼ਾਸਕਰ ਮੌਜੂਦਾ ਕਾਨੂੰਨਾਂ ਦੀ ਕਥਿਤ ਘਾਟ ਅਤੇ ਲਾਗੂ ਹੋਣ ਵਿੱਚ ਕਮਜ਼ੋਰ ਹੋਣ ਦੀ ਵਿਵਸਥਾ ਵਿੱਚ।)

ਉਹ ਸਮੇਂ ਸਿਰ ਨਿਆਂ ਅਤੇ ਜਵਾਬਦੇਹੀ ਲਈ ਇੱਕ ਕਾਨੂੰਨੀ, ਢਾਂਚਾਗਤ ਅਤੇ ਪ੍ਰਭਾਵਸ਼ਾਲੀ ਮਾਰਗ ਪ੍ਰਦਾਨ ਕਰਦੇ ਹਨ, ਜਨਤਕ ਅਸ਼ਾਂਤੀ ਦੀ ਸੰਭਾਵਨਾ ਨੂੰ ਘਟਾਉਂਦੇ ਹੋਏ ਸਹੀ ਜਾਂਚ ਅਤੇ ਦੋਸ਼ੀ ਠਹਿਰਾਏ ਜਾਣ ਨੂੰ ਯਕੀਨੀ ਬਣਾਉਂਦੇ ਹਨ।

ਉਹ ਮੌਜੂਦਾ ਕਾਨੂੰਨੀ ਪ੍ਰਬੰਧਾਂ ਵਿੱਚ ਖਾਮੀਆਂ ਨੂੰ ਦੂਰ ਕਰਨ ਵਿੱਚ ਸਹਾਇਤਾ ਕਰਦੇ ਹਨ, ਜੋ ਅਪਰਾਧੀਆਂ ਨੂੰ ਬਚ ਨਿਕਲਣ ਜਾ ਫਿਰ ਹਲਕੀ ਸਜ਼ਾ ਪ੍ਰਾਪਤ ਕਰਨ ਦੀ ਛੋਟ ਦਿੰਦੇ ਹਨ।

ਉਹ ਸਖਤ ਕਾਨੂੰਨੀ ਉਪਾਵਾਂ ਦੀ ਮਜ਼ਬੂਤ ਜਨਤਕ ਮੰਗ ਦਾ ਜਵਾਬ ਦਿੰਦੇ ਹਨ, ਜਿਸ ਨਾਲ ਨਿਆਂ ਪ੍ਰਣਾਲੀ ਵਿੱਚ ਲੋਕਾਂ ਦਾ ਵਿਸ਼ਵਾਸ ਮਜ਼ਬੂਤ ਹੁੰਦਾ ਹੈ।

ਸਭ ਤੋਂ ਮਹੱਤਵਪੂਰਨ, ਉਹ ਇਹ ਦ੍ਰਿੜ ਕਰਨ ਵਿੱਚ ਸਹਾਇਤਾ ਕਰਦੇ ਹਨ ਕਿ ਗੁੱਸਾ ਕਿਸੇ ਟਕਰਾਅ ਵਿੱਚ ਫੈਲਣ ਦੀ ਬਜਾਏ ਕਾਨੂੰਨ ਅਤੇ ਨੈਤਿਕਤਾ ਦੀਆਂ ਹੱਦਾਂ ਵਿਚਕਾਰ ਰਹੇ।

ਮਜ਼ਬੂਤ ਅਤੇ ਭਰੋਸੇਯੋਗ ਕਾਨੂੰਨੀ ਢਾਂਚੇ ਦੀ ਅਣਹੋਂਦ ਵਿੱਚ, ਜਨ ਸਮੂਹ ਵਿਰੋਧ ਪ੍ਰਦਰਸ਼ਨ ਰਾਹੀਂ ਇਨਸਾਫ ਲੈਣ ਲਈ ਮਜਬੂਰ ਹੋਣਾ ਮਹਿਸੂਸ ਕਰ ਸਕਦਾ ਹੈ, ਜੋ ਕਿ ਖਾਸ ਕਰਕੇ ਭਾਵਨਾਤਮਕ ਤੌਰ @ਤੇ ਉਤੇਜਿਤ ਹੋਣ ਦੇ ਸੰਦਰਭ ਵਿੱਚ ਆਪ ਮੁਹਾਰੇ ਵਿਰਾਟ ਰੂਪ ਧਾਰਨ ਸਕਦਾ ਹੈ, ਜਿਵੇਂ ਕਿ ਉਪਰੋਕਤ ਮਾਮਲਿਆਂ ਵਿੱਚ ਦੇਖਿਆ ਗਿਆ ਹੈ।

ਅਰਸਤੂ ਦੀ ਸਿਆਣਪ ਨੂੰ ਇਹਨਾਂ ਇਤਿਹਾਸਕ ਘਟਨਾਵਾਂ ਨਾਲ ਜੋੜਨ ਵਾਲਾ ਸਬਕ ਸਪੱਸ਼ਟ ਹੈ: ਧਰਮੀ ਗੁੱਸਾ ਸਮੱਸਿਆ ਨਹੀਂ ਹੈ ਪ੍ਰੰਤੂ ਸਮੱਸਿਆ ਉਦੋਂ ਹੈ ਜਦੋਂ ਨਿਆਂ ਨੂੰ ਅੱਖੋ-ਪਰੋਖੇ ਕੀਤਾ ਜਾਵੇ।

ਇਸ ਤਰ੍ਹਾਂ ਮਜ਼ਬੂਤ ਕਾਨੂੰਨੀ ਸੁਰੱਖਿਆ ਰਾਹੀਂ ਪਵਿੱਤਰ ਕਦਰਾਂ-ਕੀਮਤਾਂ ਦੀ ਰਾਖੀ ਸਿਰਫ਼ ਸਜ਼ਾ ਦੀ ਮੌਜੂਦਗੀ ਹੋਣਾ ਨਹੀਂ ਸਗੋਂ ਇਹ ਸਮਾਜਿਕ ਸਦਭਾਵਨਾ ਨੂੰ ਬਣਾਈ ਰੱਖਣ ਬਾਰੇ ਹੈ, ਜਿੱਥੇ ਇਨਸਾਫ ਗੁੱਸੇ ਦੇ ਪੈਦਾ ਹੋਣ ਤੋਂ ਪਹਿਲਾਂ ਪਹੁੰਚ ਜਾਵੇ।

ਇੱਕ ਨਵੇਂ ਅਤੇ ਸਖ਼ਤ ਕਾਨੂੰਨੀ ਢਾਂਚੇ ਰਾਹੀਂ ਪੰਜਾਬ ਦੇ ਜੀਉਂਦੇ ਜਾਗਦੇ ਸੱਭਿਆਚਾਰ ਵਿੱਚ ਸ਼ਾਮਲ ਇਸ ਡੂੰਘੀਆਂ ਜੜ੍ਹਾਂ ਵਾਲੇ ਵਿਸ਼ਵਾਸ਼ ਦੀ ਸੁਰੱਖਿਆ ਅਤੇ ਸੰਭਾਲ ਮਹਿਜ ਇਤਿਫਾਕ ਨਹੀਂ ਸਗੋਂ ਸਮੇਂ ਸਿਰ ਕੀਤੀ ਜਾਣ ਵਾਲੀ ਵਿਕਾਸਆਤਮਕ ਜ਼ਰੂਰਤ ਹੈ।

**ਲੇਖਕ ਪੰਜਾਬ ਕਾਡਰ ਦੇ ਆਈ.ਪੀ.ਐਸ. ਅਧਿਕਾਰੀ ਹਨ। ਪ੍ਰਗਟ ਕੀਤੇ ਗਏ ਵਿਚਾਰ ਉਨ੍ਹਾਂ ਦੇ ਨਿੱਜੀ ਹਨ।**

# ਸੁਪਨੇ ਤੋਂ ਹਕੀਕਤ ਤੱਕ ਦਾ ਸਫ਼ਰ-ਨੀਅਤ, ਨੀਤੀ ਅਤੇ ਨਵੇਂ ਯੁੱਗ ਦਾ ਆਗਾਜ਼



**ਵਿੰਕਲਜੀਤ ਸਿੰਘ ਸਰਾ**
9501477889

**ਉਮੀਦਾਂ ਦੀ ਨਵੀਂ ਸਵੇਰੇ ਦੀ ਮਹਾਂਗਾਥਾ** : ਪੰਜਾਬ ਇਹ ਸਿਰਫ਼ ਇੱਕ ਭੂਗੋਲਿਕ ਖਿੱਤਾ ਨਹੀਂ ਬਲਕਿ ਇੱਕ ਅਜਿਹਾ ਇਤਿਹਾਸ ਹੈ, ਜਿਸ ਨੇ ਦੁਨੀਆਂ ਨੂੰ ਇਨਸਾਨੀਅਤ, ਬਹਾਦਰੀ ਅਤੇ ਸਖ਼ਤ ਮਿਹਨਤ ਦਾ ਪਾਠ ਪੜ੍ਹਾਇਆ। ਇਹ ਪੰਜਾਂ ਪਾਣੀਆਂ ਦੀ ਧਰਤੀ ਗੁਰੂਆਂ, ਪੀਰਾਂ ਅਤੇ ਸ਼ਹੀਦਾਂ ਦੀ ਉਹ ਕਰਮਭੂਮੀ ਹੈ, ਜਿਸ ਨੇ ਦੇਸ਼ ਨੂੰ ਅੰਨ ਦੇ ਭੰਡਾਰ ਦਿੱਤੇ ਅਤੇ ਸਰਹੱਦਾਂ ਦੀ ਰਾਖੀ ਲਈ ਆਪਣੀ ਹਿੱਕ ਡਾਹੀ। ਪਰ ਵਕਤ ਦੇ ਗੇੜ ਨੇ ਇਸ ਹੱਸਦੇ-ਵੱਸਦੇ ਪੰਜਾਬ ਦੇ ਚਿਹਰੇ ’ਤੇ ਕੁਝ ਅਜਿਹੀਆਂ ਝੁਰੜੀਆਂ ਪਾ ਦਿੱਤੀਆਂ ਜਿਨ੍ਹਾਂ ਨੇ ਇਸ ਦੀ ਸ਼ਾਨ ਨੂੰ ਗ੍ਰਹਿਣ ਲਗਾ ਦਿੱਤਾ।

ਪਿਛਲੇ ਕਈ ਦਹਾਕਿਆਂ ਤੋਂ ਪੰਜਾਬ ਇੱਕ ਅਜਿਹੇ ਦੌਰ ਵਿੱਚੋਂ ਗੁਜ਼ਰ ਰਿਹਾ ਸੀ, ਜਿੱਥੇ ਨੌਜਵਾਨੀ ਬੇਰੁਜ਼ਗਾਰੀ ਦੀ ਚੱਕੀ ਵਿੱਚ ਪਿਸ ਰਹੀ ਸੀ ਨਸ਼ਿਆਂ ਦੀ ਨਾਗਫਨੀ ਨੇ ਘਰਾਂ ਦੇ ਚਿਰਾਗ ਬੁਝਾ ਦਿੱਤੇ ਸਨ ਖੇਤੀਬਾੜੀ ਜੋ ਸਾਡੀ ਰੀੜ੍ਹ ਦੀ ਹੱਡੀ ਸੀ, ਉਹ ਕਰਜ਼ੇ ਦੇ ਬੋਝ ਹੇਠ ਦੱਬੀ ਗਈ ਸੀ। ਪ੍ਰਸ਼ਾਸਨਿਕ ਢਾਂਚਾ ਰਿਸ਼ਵਤਖੋਰੀ ਅਤੇ ਸਿਆਸੀ ਸਰਪ੍ਰਸਤੀ ਹੇਠ ਦਮ ਤੋੜ ਰਿਹਾ ਸੀ। ਅਜਿਹੇ ਨਿਰਾਸ਼ਾਜਨਕ ਮਾਹੌਲ ਵਿੱਚ ਸਾਲ 2022 ਵਿੱਚ ਇੱਕ ਵੱਡੀ ਸਿਆਸੀ ਤਬਦੀਲੀ ਆਈ। ਭਗਵੰਤ ਮਾਨ ਦੀ ਅਗਵਾਈ ਹੇਠਲੀ ਸਰਕਾਰ ਸਿਰਫ਼ ਵੋਟਾਂ ਦੇ ਅੰਕੜਿਆਂ ਨਾਲ ਨਹੀਂ ਬਲਕਿ ਕਰੋੜਾਂ ਪੰਜਾਬੀਆਂ ਦੀਆਂ ਉਮੀਦਾਂ ਅਤੇ ਅੱਖਾਂ ਵਿੱਚ ਸਜੇ ਰੰਗਲੇ ਪੰਜਾਬ ਦੇ ਸੁਪਨੇ ਨਾਲ ਸੱਤਾ ਵਿੱਚ ਆਈ।

ਅੱਜ ਜਦੋਂ ਅਸੀਂ ਇਸ ਸਫ਼ਰ ਦਾ ਵਿਸ਼ਲੇਸ਼ਣ ਕਰਦੇ ਹਾਂ ਤਾਂ ਇਹ ਸਪੱਸ਼ਟ ਹੁੰਦਾ ਹੈ ਕਿ ਇਹ ਸਿਰਫ਼ ਸੱਤਾ ਦਾ ਪਰਿਵਰਤਨ ਨਹੀਂ ਸੀ ਸਗੋਂ ਸੋਚ ਦਾ ਪਰਿਵਰਤਨ ਸੀ। ਇਹ ਲੇਖ ਪੰਜਾਬ ਦੇ ਉਸ ਬਦਲਦੇ ਸਰੂਪ ਦੀ ਹਕੀਕਤ ਪੇਸ਼ ਕਰਦਾ ਹੈ ਜਿੱਥੇ ਨੀਅਤ ਦੀ ਸਾਫ਼ਗੋਈ ਅਤੇ ਕੰਮ ਦੀ ਗਤੀ ਇੱਕ ਨਵੇਂ ਇਤਿਹਾਸ ਦੀ ਸਿਰਜਣਾ ਕਰ ਰਹੀ ਹੈ।

**ਨੀਅਤ ਅਤੇ ਨੀਤੀ; ਸ਼ਾਸਨ ਵਿੱਚ ਨੈਤਿਕਤਾ ਦੀ ਵਾਪਸੀ** :ਕਿਸੇ ਵੀ ਲੋਕਤੰਤਰ ਵਿੱਚ ਸਰਕਾਰ ਦੀ ਸਫ਼ਲਤਾ ਦਾ ਸਭ ਤੋਂ ਵੱਡਾ ਪੈਮਾਨਾ ਲੋਕਾਂ ਦਾ ਭਰੋਸਾ ਹੁੰਦਾ ਹੈ। ਪਿਛਲੇ ਲੰਬੇ ਸਮੇਂ ਤੋਂ ਪੰਜਾਬੀ ਮਹਿਸੂਸ ਕਰਦੇ ਸਨ ਕਿ ਸਰਕਾਰਾਂ ਸਿਰਫ਼ ਚੋਣਾਂ ਵੇਲੇ ਆਉਂਦੀਆਂ ਹਨ ਅਤੇ ਬਾਅਦ ਵਿੱਚ ਮਹਿਲਾਂ ਵਿੱਚ ਬੰਦ ਹੋ ਜਾਂਦੀਆਂ ਹਨ। ਪਰ ਮੌਜੂਦਾ ਦੌਰ ਵਿੱਚ ਇਹ ਧਾਰਨਾ ਟੁੱਟੀ ਹੈ।

**ਨੀਅਤ ਦੀ ਸਾਫ਼ਗੋਈ:** ਭਗਵੰਤ ਮਾਨ ਸਰਕਾਰ ਨੇ ਪਹਿਲੇ ਦਿਨ ਤੋਂ ਹੀ ਇਹ ਸੁਨੇਹਾ ਦਿੱਤਾ ਕਿ ਇਹ ਆਮ ਲੋਕਾਂ ਦੀ ਸਰਕਾਰ ਹੈ। ਜਦੋਂ ਮੁੱਖ ਮੰਤਰੀ ਖ਼ੁਦ ਖੇਤਾਂ ਵਿੱਚ ਜਾ ਕੇ ਕਿਸਾਨਾਂ ਨਾਲ ਬੈਠਦਾ ਹੈ ਜਾਂ ਮੁਹੱਲਾ ਕਲੀਨਿਕਾਂ ਵਿੱਚ ਲੋਕਾਂ ਦਾ ਹਾਲ ਪੁੱਛਦਾ ਹੈ ਤਾਂ ਉਹ ਇੱਕ ਅਜਿਹਾ ਸੰਵਾਦ ਸਿਰਜਦਾ ਹੈ ਜੋ ਪਹਿਲਾਂ ਗਾਇਬ ਸੀ। ਨੀਅਤ ਦੀ ਸਪੱਸ਼ਟਤਾ ਇਸ ਗੱਲ ਤੋਂ ਵੀ ਦਿਖਦੀ ਹੈ ਕਿ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਟਾਲਰੈਂਸ ਦੀ ਨੀਤੀ ਅਪਣਾਈ ਗਈ ਹੈ, ਜਿਸ ਵਿੱਚ ਕਿਸੇ ਵੀ ਰੈਂਕ ਜਾਂ ਸਿਆਸੀ ਕੱਦ ਵਾਲੇ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾ ਰਿਹਾ।

**ਨੀਤੀ ਦਾ ਰੂਪਾਂਤਰਣ:** ਪੁਰਾਣੇ ਸਿਸਟਮ ਨੂੰ ਬਦਲਣਾ ਇੱਕ ਦਿਨ ਦਾ ਕੰਮ ਨਹੀਂ ਹੁੰਦਾ। ਸਰਕਾਰ ਨੇ ਪੁਰਾਣੀਆਂ ਲੁੱਟ-ਖਸੁੱਟ ਵਾਲੀਆਂ ਨੀਤੀਆਂ ਨੂੰ ਬਦਲ ਕੇ ਲੋਕ-ਪੱਖੀ ਨੀਤੀਆਂ ਬਣਾਈਆਂ ਹਨ। ਚਾਹੇ ਉਹ ਰੇਤ ਦੀ ਮਾਈਨਿੰਗ ਹੋਵੇ ਜਾਂ ਸ਼ਰਾਬ ਦੀ ਨੀਤੀ ਹਰ ਥਾਂ ਪਾਰਦਰਸ਼ਤਾ ਲਿਆਉਣ ਦੀ ਕੋਸ਼ਿਸ਼ ਕੀਤੀ ਗਈ ਹੈ ਤਾਂ ਜੋ ਸੂਬੇ ਦੇ ਖ਼ਜ਼ਾਨੇ ਵਿੱਚ ਪੈਸਾ ਆਵੇ ਅਤੇ ਉਹ ਪੈਸਾ ਮੁੜ ਲੋਕਾਂ ਦੀ ਭਲਾਈ ’ਤੇ ਖ਼ਰਚ ਹੋ ਸਕੇ।

**ਬਿਜਲੀ ਦੀ ਕ੍ਰਾਂਤੀ; ਹਨੇਰੇ ਤੋਂ ਰੌਸ਼ਨੀ ਅਤੇ ਆਰਥਿਕ ਮੁਕਤੀ** : ਪੰਜਾਬ ਵਰਗੇ ਖੇਤੀ ਪ੍ਰਧਾਨ ਅਤੇ ਗਰਮ ਮੌਸਮ ਵਾਲੇ ਸੂਬੇ ਵਿੱਚ ਬਿਜਲੀ ਇੱਕ ਬੁਨਿਆਦੀ ਜ਼ਰੂਰਤ ਹੈ। ਪਿਛਲੀਆਂ ਸਰਕਾਰਾਂ ਵੇਲੇ ਬਿਜਲੀ ਦੇ ਮਹਿੰਗੇ ਬਿੱਲ ਆਮ ਆਦਮੀ ਦੀ ਕਮਰ ਤੋੜ ਦਿੰਦੇ ਸਨ।

**300 ਯੂਨਿਟ ਮੁਫ਼ਤ ਬਿਜਲੀ:** ਇਹ ਸਿਰਫ਼ ਇੱਕ ਮੁਫ਼ਤ ਸਹੂਲਤ ਨਹੀਂ ਸਗੋਂ ਮੱਧਵਰਗੀ ਅਤੇ ਗਰੀਬ ਪਰਿਵਾਰਾਂ ਲਈ ਇੱਕ ਆਰਥਿਕ ਬੂਸਟਰ ਹੈ। ਅੱਜ ਪੰਜਾਬ ਦੇ ਲਗਭਗ 90% ਘਰਾਂ ਦਾ ਬਿਜਲੀ ਬਿੱਲ ਜ਼ੀਰੋ ਆ ਰਿਹਾ ਹੈ।

**ਬੱਚਤ ਦਾ ਪ੍ਰਭਾਵ:** ਇੱਕ ਆਮ ਪਰਿਵਾਰ ਜੋ ਪਹਿਲਾਂ 3000-5000 ਰੁਪਏ ਬਿਜਲੀ ਦਾ ਬਿੱਲ ਭਰਦਾ ਸੀ ਹੁਣ ਉਹ ਪੈਸਾ ਆਪਣੇ ਬੱਚਿਆਂ ਦੀ ਪੜ੍ਹਾਈ ਜਾਂ ਚੰਗੀ ਖ਼ੁਰਾਕ ’ਤੇ ਖ਼ਰਚ ਕਰ ਰਿਹਾ ਹੈ। ਇਹ ਸਿੱਧੇ ਤੌਰ ’ਤੇ ਲੋਕਾਂ ਦੀ Purchasing Power (ਖ਼ਰੀਦ ਸ਼ਕਤੀ) ਨੂੰ ਵਧਾ ਰਿਹਾ ਹੈ।

**ਨਿਰੰਤਰ ਸਪਲਾਈ:** ਮੁਫ਼ਤ ਬਿਜਲੀ ਦੇ ਨਾਲ-ਨਾਲ ਖੇਤੀਬਾੜੀ ਅਤੇ ਉਦਯੋਗਾਂ ਨੂੰ ਬਿਨਾਂ ਕੱਟ ਤੋਂ ਬਿਜਲੀ ਦੇਣਾ ਇੱਕ ਵੱਡੀ ਪ੍ਰਬੰਧਕੀ ਜਿੱਤ ਹੈ। ਪਛਵਾੜਾ ਕੋਲਾ ਖਾਣ ਨੂੰ ਮੁੜ ਸੁਰਜੀਤ ਕਰਨਾ ਅਤੇ ਪ੍ਰਾਈਵੇਟ ਥਰਮਲ ਪਲਾਂਟ (ਗੋਇੰਦਵਾਲ ਸਾਹਿਬ) ਨੂੰ ਸਰਕਾਰ ਵੱਲੋਂ ਖ਼ਰੀਦਣਾ ਇਸ ਦਿਸ਼ਾ ਵਿੱਚ ਇਤਿਹਾਸਕ ਕਦਮ ਹਨ।

**ਸਿਹਤ ਸੇਵਾਵਾਂ ਦਾ ਲੋਕਤੰਤਰੀਕਰਨ; ਆਮ ਆਦਮੀ ਕਲੀਨਿਕ** : ਕਿਸੇ ਵੀ ਸੱਭਿਅਕ ਸਮਾਜ ਦੀ ਪਛਾਣ ਉਸ ਦੇ ਹਸਪਤਾਲਾਂ ਤੋਂ ਹੁੰਦੀ ਹੈ। ਪੰਜਾਬ ਵਿੱਚ ਸਿਹਤ ਸੇਵਾਵਾਂ ਪਹਿਲਾਂ ਬਹੁਤ ਮਹਿੰਗੀਆਂ ਜਾਂ ਬਹੁਤ ਦੂਰ ਸਨ।

**ਆਮ ਆਦਮੀ ਕਲੀਨਿਕ (AAC):** ਸੂਬੇ ਵਿੱਚ 950 ਤੋਂ ਵੱਧ ਕਲੀਨਿਕਾਂ ਦਾ ਜਾਲ ਵਿਛਾਇਆ ਗਿਆ ਹੈ। ਇਹ ਕਲੀਨਿਕ ਪਿੰਡਾਂ ਅਤੇ ਮੁਹੱਲਿਆਂ ਦੇ ਅੰਦਰ ਹਨ, ਜਿੱਥੇ ਮੁਫ਼ਤ ਡਾਕਟਰੀ ਸਲਾਹ, 80 ਤੋਂ ਵੱਧ ਕਿਸਮਾਂ ਦੀਆਂ ਦਵਾਈਆਂ ਅਤੇ 40 ਤੋਂ ਵੱਧ ਟੈਸਟ ਬਿਲਕੁਲ ਮੁਫ਼ਤ ਹਨ।

**ਵੱਡੇ ਹਸਪਤਾਲਾਂ ਦਾ ਸੁਧਾਰ:** ਸਿਰਫ਼ ਮੁਹੱਲਾ ਕਲੀਨਿਕ ਹੀ ਨਹੀਂ ਸਗੋਂ ਸਰਕਾਰੀ ਹਸਪਤਾਲਾਂ (District Hospitals) ਵਿੱਚ ਵੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕੀਤਾ ਜਾ ਰਿਹਾ ਹੈ। ਕੈਂਸਰ ਵਰਗੀਆਂ ਗੰਭੀਰ ਬਿਮਾਰੀਆਂ ਲਈ ਵਿਸ਼ੇਸ਼ ਯੋਜਨਾਵਾਂ ਅਤੇ ਮੁਫ਼ਤ ਇਲਾਜ ਦੀ ਸਹੂਲਤ ਨੇ ਗਰੀਬਾਂ ਵਿੱਚ ਜਿਉਣ ਦੀ ਆਸ ਜਗਾਈ ਹੈ।

**ਮਨੋਵਿਗਿਆਨਕ ਅਸਰ:** ਜਦੋਂ ਇੱਕ ਬਜ਼ੁਰਗ ਨੂੰ ਆਪਣੇ ਘਰ ਦੇ ਨੇੜੇ ਹੀ ਸਤਿਕਾਰ ਨਾਲ ਇਲਾਜ ਮਿਲਦਾ ਹੈ ਤਾਂ ਉਸ ਦਾ ਸਰਕਾਰ ’ਤੇ ਭਰੋਸਾ ਵਧਦਾ ਹੈ। ਸਿਹਤ ਹੁਣ ਵਿਕਾਊ ਵਸਤੂ ਨਹੀਂ, ਸਗੋਂ ਮੌਲਿਕ ਅਧਿਕਾਰ ਬਣ ਰਹੀ ਹੈ।

**ਖੇਤੀਬਾੜੀ ਅਤੇ ਜਲ ਸਰੋਤ; ਧਰਤੀ ਹੇਠਲੇ ਪਾਣੀ ਨੂੰ ਬਚਾਉਣ ਦੀ ਜੰਗ** : ਪੰਜਾਬ ਅੰਨਦਾਤਾ ਹੈ ਪਰ ਇਹ ਅੰਨਦਾਤਾ ਪਾਣੀ ਦੇ ਸੰਕਟ ਨਾਲ ਜੂਝ ਰਿਹਾ ਸੀ। ਖੇਤੀ ਨੂੰ ਮੁਨਾਫ਼ੇ ਵਾਲਾ ਸੌਦਾ ਬਣਾਉਣ ਲਈ ਪਾਣੀ ਦਾ ਪ੍ਰਬੰਧ ਸਭ ਤੋਂ ਜ਼ਰੂਰੀ ਹੈ।

**ਨਹਿਰੀ ਪਾਣੀ ਦੀ ਵਾਪਸੀ:** ਸਰਕਾਰ ਨੇ ਦਹਾਕਿਆਂ ਤੋਂ ਬੰਦ ਪਏ ਕੱਸੀਆਂ ਅਤੇ ਖਾਲਾਂ ਨੂੰ ਮੁੜ ਸੁਰਜੀਤ ਕੀਤਾ ਹੈ। ਅੱਜ ਪੰਜਾਬ ਦੇ ਪਿੰਡਾਂ ਤੱਕ ਨਹਿਰੀ ਪਾਣੀ ਪਹੁੰਚ ਰਿਹਾ ਹੈ, ਜਿੱਥੇ 30-40 ਸਾਲਾਂ ਤੋਂ ਪਾਣੀ ਨਹੀਂ ਪਹੁੰਚਿਆ ਸੀ।

**ਟਿਊਬਵੈੱਲਾਂ ’ਤੇ ਨਿਰਭਰਤਾ ਵਿੱਚ ਕਮੀ:** ਨਹਿਰੀ ਪਾਣੀ ਦੀ ਵਰਤੋਂ ਵਧਣ ਨਾਲ ਧਰਤੀ ਹੇਠਲੇ ਪਾਣੀ ਦਾ ਪੱਧਰ ਡਿੱਗਣ ਤੋਂ ਰੁਕਿਆ ਹੈ ਅਤੇ ਕਿਸਾਨਾਂ ਦਾ ਬਿਜਲੀ ’ਤੇ ਖ਼ਰਚਾ ਵੀ ਘਟਿਆ ਹੈ।

**ਫ਼ਸਲੀ ਵਿਭਿੰਨਤਾ:** ਝੋਨੇ ਦੇ ਚੱਕਰ ਵਿੱਚੋਂ ਨਿਕਲਣ ਲਈ ਮੂੰਗੀ ’ਤੇ MSP ਦੇਣਾ ਅਤੇ ਸਿੱਧੀ ਬਿਜਾਈ (DSR) ਲਈ ਉਤਸ਼ਾਹਿਤ ਕਰਨਾ ਇੱਕ ਦੂਰਅੰਦੇਸ਼ੀ ਵਾਲੀ ਸੋਚ ਹੈ। ਇਹ ਪੰਜਾਬ ਦੀ ਮਿੱਟੀ ਅਤੇ ਪਾਣੀ ਨੂੰ ਆਉਣ ਵਾਲੀਆਂ ਨਸਲਾਂ ਲਈ ਬਚਾਉਣ ਦੀ ਕੋਸ਼ਿਸ਼ ਹੈ।

**ਰੁਜ਼ਗਾਰ ਅਤੇ ਸਿੱਖਿਆ; ਨੌਜਵਾਨੀ ਦਾ ਵਿਦੇਸ਼ਾਂ ਵੱਲ ਜਾਣ ਤੋਂ ਮੋੜਾ** : ਪੰਜਾਬ ਦੀ ਸਭ ਤੋਂ ਵੱਡੀ ਤ੍ਰਾਸਦੀ ਬ੍ਰੇਨ ਡਰੇਨ (Brain Drain) ਰਹੀ ਹੈ—ਸਾਡੀ ਨੌਜਵਾਨੀ ਲੱਖਾਂ ਰੁਪਏ ਖ਼ਰਚ ਕੇ ਵਿਦੇਸ਼ਾਂ ਵਿੱਚ ਮਜ਼ਦੂਰੀ ਕਰਨ ਲਈ ਮਜਬੂਰ ਸੀ।

**ਸਰਕਾਰੀ ਨੌਕਰੀਆਂ ਵਿੱਚ ਪਾਰਦਰਸ਼ਤਾ:** ਪਿਛਲੇ ਦੋ ਸਾਲਾਂ ਵਿੱਚ 40,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ, ਉਹ ਵੀ ਬਿਨਾਂ ਕਿਸੇ ਸਿਫ਼ਾਰਸ਼ ਜਾਂ ਰਿਸ਼ਵਤ ਦੇ। ਇਹ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਨੌਜਵਾਨ ਨੂੰ ਨੌਕਰੀ ਲਈ ਸਿਆਸੀ ਆਗੂ ਦੇ ਗੋਡੇ ਨਹੀਂ ਘੁੱਟਣੇ ਪਏ।

**ਸਕੂਲ ਆਫ਼ ਐਮੀਨੈਂਸ:** ਸਰਕਾਰੀ ਸਕੂਲਾਂ ਨੂੰ ਪ੍ਰਾਈਵੇਟ ਸਕੂਲਾਂ ਨਾਲੋਂ ਬਿਹਤਰ ਬਣਾਉਣ ਲਈ ਸਕੂਲ ਆਫ਼ ਐਮੀਨੈਂਸ ਸ਼ੁਰੂ ਕੀਤੇ ਗਏ ਹਨ। ਇਨ੍ਹਾਂ ਸਕੂਲਾਂ ਵਿੱਚ ਵਿਸ਼ਵ ਪੱਧਰੀ ਸਹੂਲਤਾਂ, ਸਮਾਰਟ ਕਲਾਸਰੂਮ ਅਤੇ ਹਾਈ-ਟੈਕ ਲੈਬਾਂ ਹਨ, ਤਾਂ ਜੋ ਗਰੀਬ ਦਾ ਬੱਚਾ ਵੀ ਅਫ਼ਸਰ ਬਣਨ ਦਾ ਸੁਪਨਾ ਵੇਖ ਸਕੇ।

**ਉਦਯੋਗਿਕ ਨਿਵੇਸ਼:** ਸੂਬੇ ਵਿੱਚ ਨਵੇਂ ਉਦਯੋਗਾਂ ਨੂੰ ਲਿਆਉਣ ਲਈ




ਸਰਕਾਰ-ਸਨਅਤਕਾਰ ਮਿਲਣੀ ਵਰਗੇ ਪ੍ਰੋਗਰਾਮ ਕੀਤੇ ਜਾ ਰਹੇ ਹਨ ਤਾਂ ਜੋ ਨਿੱਜੀ ਖੇਤਰ ਵਿੱਚ ਵੀ ਰੁਜ਼ਗਾਰ ਦੇ ਮੌਕੇ ਪੈਦਾ ਹੋ ਸਕਣ। ਸਟੀਲ ਵਰਗੇ ਵੱਡੇ ਘਰਾਣਿਆਂ ਦਾ ਪੰਜਾਬ ਵਿੱਚ ਆਉਣਾ ਇੱਕ ਸ਼ੁਭ ਸੰਕੇਤ ਹੈ।

**ਕਾਨੂੰਨ ਵਿਵਸਥਾ ਅਤੇ ਸਮਾਜਿਕ ਸੁਰੱਖਿਆ; ਇੱਕ ਸੁਰੱਖਿਅਤ ਪੰਜਾਬ** : ਨਸ਼ਿਆਂ ਅਤੇ ਗੈਂਗਸਟਰਵਾਦ ਨੇ ਪੰਜਾਬ ਦੀ ਜਵਾਨੀ ਨੂੰ ਖੋਰਾ ਲਾਇਆ ਹੈ। ਇਸ ਮਸਲੇ ਨੂੰ ਹੱਲ ਕਰਨਾ ਸਿਰਫ਼ ਪੁਲਿਸ ਦਾ ਕੰਮ ਨਹੀਂ ਸਗੋਂ ਇੱਕ ਸਮਾਜਿਕ ਸਰਜਰੀ ਦੀ ਲੋੜ ਹੈ।

**ਐਂਟੀ-ਗੈਂਗਸਟਰ ਟਾਸਕ ਫੋਰਸ (AGTF):** ਸਰਕਾਰ ਨੇ ਗੈਂਗਸਟਰਾਂ ਦਾ ਲਗਭਗ ਸਫਾਇਆ ਕਰ ਦਿੱਤਾ ਹੈ ਜਾਂ ਉਨ੍ਹਾਂ ਨੂੰ ਜੇਲ੍ਹਾਂ ਦੀਆਂ ਸਲਾਖਾਂ ਪਿੱਛੇ ਪਹੁੰਚਾ ਦਿੱਤਾ ਹੈ। ਗੰਨ ਕਲਚਰ ’ਤੇ ਪਾਬੰਦੀ ਲਗਾ ਕੇ ਸਮਾਜ ਵਿੱਚ ਡਰ ਦਾ ਮਾਹੌਲ ਖ਼ਤਮ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ।

**ਨਸ਼ਾ ਵਿਰੋਧੀ ਮੁਹਿੰਮ:** ਨਸ਼ੇ ਦੀ ਸਪਲਾਈ ਚੇਨ ਨੂੰ ਤੋੜਨ ਲਈ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਪਿੰਡਾਂ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਕੇ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਵਿੱਚ ਮੋੜਿਆ ਜਾ ਰਿਹਾ ਹੈ। ਖੇਡਾਂ ਵਤਨ ਪੰਜਾਬ ਦੀਆਂ ਇੱਕ ਅਜਿਹਾ ਪਲੇਟਫਾਰਮ ਹੈ, ਜਿਸ ਨੇ ਹਜ਼ਾਰਾਂ ਪ੍ਰਤਿਭਾਸ਼ਾਲੀ ਖਿਡਾਰੀਆਂ ਨੂੰ ਸਾਹਮਣੇ ਲਿਆਂਦਾ ਹੈ।

**ਔਰਤਾਂ ਅਤੇ ਬਜ਼ੁਰਗਾਂ ਦਾ ਸਨਮਾਨ; ਇੱਕ ਸੰਵੇਦਨਸ਼ੀਲ ਸਰਕਾਰ** : ਕਿਸੇ ਵੀ ਸਮਾਜ ਦੀ ਤਰੱਕੀ ਇਸ ਗੱਲ ’ਤੇ ਨਿਰਭਰ ਕਰਦੀ ਹੈ ਕਿ ਉਹ ਆਪਣੇ ਕਮਜ਼ੋਰ ਵਰਗਾਂ ਦਾ ਕਿੰਨਾ ਖ਼ਿਆਲ ਰੱਖਦਾ ਹੈ।

**ਮਹਿਲਾ ਸਸ਼ਕਤੀਕਰਨ:** ਬੱਸਾਂ ਵਿੱਚ ਮੁਫ਼ਤ ਸਫ਼ਰ ਨੇ ਔਰਤਾਂ ਨੂੰ ਗਤੀਸ਼ੀਲਤਾ (Mobility) ਦਿੱਤੀ ਹੈ। ਇਸ ਨਾਲ ਉਹ ਆਪਣੀ ਪੜ੍ਹਾਈ ਜਾਂ ਨੌਕਰੀ ਲਈ ਅਸਾਨੀ ਨਾਲ ਸਫ਼ਰ ਕਰ ਸਕਦੀਆਂ ਹਨ। ਬਜ਼ੁਰਗਾਂ ਲਈ

**‘ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ’:** ਇਹ ਯੋਜਨਾ ਪੰਜਾਬੀ ਸੱਭਿਆਚਾਰ ਦੇ ਉਸ ਮੂਲ ਮੁੱਲ ’ਤੇ ਆਧਾਰਿਤ ਹੈ, ਜਿੱਥੇ ਬਜ਼ੁਰਗਾਂ ਦੀ ਸੇਵਾ ਨੂੰ ਸਭ ਤੋਂ ਉੱਚਾ ਮੰਨਿਆ ਜਾਂਦਾ ਹੈ। ਬਜ਼ੁਰਗਾਂ ਨੂੰ ਸ਼ਰਧਾ ਦੇ ਕੇਂਦਰਾਂ ਦੇ ਦਰਸ਼ਨ ਕਰਵਾਉਣਾ ਸਰਕਾਰ ਦੀ ਸੰਵੇਦਨਸ਼ੀਲਤਾ ਨੂੰ ਦਰਸਾਉਂਦਾ ਹੈ।

**ਪੈਨਸ਼ਨ ਅਤੇ ਰਾਸ਼ਨ ਦੀ ਡੋਰਸਟੈੱਪ ਡਿਲੀਵਰੀ:** ਬਜ਼ੁਰਗਾਂ ਅਤੇ ਗਰੀਬਾਂ ਨੂੰ ਲਾਈਨਾਂ ਵਿੱਚ ਲੱਗਣ ਦੀ ਲੋੜ ਨਹੀਂ। ਰਾਸ਼ਨ ਦੀ ਘਰ-ਘਰ ਸਪਲਾਈ (Ghar Ghar Ration Scheme) ਨੇ ਗਰੀਬਾਂ ਦੇ ਸਵੈ-ਮਾਣ ਨੂੰ ਬਰਕਰਾਰ ਰੱਖਿਆ ਹੈ।

**ਪ੍ਰਸ਼ਾਸਨਿਕ ਚੁਣੌਤੀਆਂ ਅਤੇ ਸੁਧਾਰ; ਅਜੇ ਦਿੱਲੀ ਦੂਰ ਹੈ** : ਜਿਵੇਂ ਹਰ ਸਿੱਕੇ ਦੇ ਦੋ ਪਹਿਲੂ ਹੁੰਦੇ ਹਨ, ਪੰਜਾਬ ਦੇ ਬਦਲਾਅ ਦੇ ਰਸਤੇ ਵਿੱਚ ਅਜੇ ਵੀ ਕਈ ਵੱਡੀਆਂ ਚੁਣੌਤੀਆਂ ਹਨ।

**ਬਾਬੂਸ਼ਾਹੀ ਅਤੇ ਭ੍ਰਿਸ਼ਟਾਚਾਰ:** ਹੇਠਲੇ ਪੱਧਰ ’ਤੇ ਅਜੇ ਵੀ ਕੁਝ ਸਰਕਾਰੀ ਦਫ਼ਤਰਾਂ ਵਿੱਚ ਪੁਰਾਣਾ ਸਿਸਟਮ ਭਾਰੂ ਹੈ। ਰਿਸ਼ਵਤਖੋਰੀ ਦੀਆਂ ਜੜ੍ਹਾਂ ਬਹੁਤ ਡੂੰਘੀਆਂ ਹਨ। ਹਾਲਾਂਕਿ ਭ੍ਰਿਸ਼ਟਾਚਾਰ ਵਿਰੋਧੀ ਹੈਲਪਲਾਈਨ ਨੇ ਡਰ ਪੈਦਾ ਕੀਤਾ ਹੈ ਪਰ ਪੂਰਨ ਸਫ਼ਾਈ ਲਈ ਅਜੇ ਵਕਤ ਲੱਗੇਗਾ।

**ਕਰਜ਼ੇ ਦਾ ਬੋਝ:** ਸੂਬੇ ’ਤੇ ਪਿਛਲੀਆਂ ਸਰਕਾਰਾਂ ਵੱਲੋਂ ਛੱਡਿਆ ਗਿਆ ਕਰਜ਼ਾ ਇੱਕ ਵੱਡੀ ਰੁਕਾਵਟ ਹੈ। ਸਰਕਾਰ ਨੂੰ ਵਿਕਾਸ ਕਾਰਜਾਂ ਅਤੇ ਮੁਫ਼ਤ ਸਹੂਲਤਾਂ ਦੇ ਵਿਚਕਾਰ ਇੱਕ ਆਰਥਿਕ ਸੰਤੁਲਨ ਬਣਾ ਕੇ ਰੱਖਣਾ ਪਵੇਗਾ।

**ਵਿਰੋਧੀ ਧਿਰ ਅਤੇ ਕੇਂਦਰ ਨਾਲ ਤਾਲਮੇਲ:** ਸੂਬੇ ਦੇ ਹੱਕਾਂ ਲਈ ਕੇਂਦਰ ਨਾਲ ਲਗਾਤਾਰ ਟਕਰਾਅ ਅਤੇ ਫੰਡਾਂ ਦੀ ਰੋਕ ਪੰਜਾਬ ਦੇ ਵਿਕਾਸ ਦੀ ਰਫ਼ਤਾਰ ਨੂੰ ਪ੍ਰਭਾਵਿਤ ਕਰਦੀ ਹੈ।

**ਇੱਕ ਨਵੇਂ ਪੰਜਾਬ ਦਾ ਉਦੈ** : ਪੰਜਾਬ ਅੱਜ ਇੱਕ ਅਜਿਹੇ ਮੋੜ ’ਤੇ ਖੜ੍ਹਾ ਹੈ ਜਿੱਥੇ ਪੁਰਾਣੀਆਂ ਰਵਾਇਤਾਂ ਟੁੱਟ ਰਹੀਆਂ ਹਨ ਅਤੇ ਨਵੇਂ ਸੁਪਨੇ ਸਿਰਜੇ ਜਾ ਰਹੇ ਹਨ। ਇਹ ਬਦਲਾਅ ਸਿਰਫ਼ ਇਮਾਰਤਾਂ ਜਾਂ ਸੜਕਾਂ ਦਾ ਨਹੀਂ, ਸਗੋਂ ਪੰਜਾਬੀ ਮਾਨਸਿਕਤਾ ਦਾ ਹੈ। ਅੱਜ ਲੋਕ ਸਵਾਲ ਪੁੱਛਦੇ ਹਨ, ਆਪਣਾ ਹੱਕ ਮੰਗਦੇ ਹਨ ਅਤੇ ਸਰਕਾਰ ਦੀ ਕਾਰਗੁਜ਼ਾਰੀ ’ਤੇ ਨਜ਼ਰ ਰੱਖਦੇ ਹਨ। ਰੰਗਲਾ ਪੰਜਾਬ ਬਣਨ ਦੀ ਪ੍ਰਕਿਰਿਆ ਸ਼ੁਰੂ ਹੋ ਚੁੱਕੀ ਹੈ। ਨੀਅਤ ਸਾਫ਼ ਹੈ ਨੀਤੀ ਸਹੀ ਦਿਸ਼ਾ ਵਿੱਚ ਹੈ ਪਰ ਹਕੀਕਤ ਇਹ ਹੈ ਕਿ ਅਜੇ ਬਹੁਤ ਸਾਰੀਆਂ ਮੰਜ਼ਿਲਾਂ ਤੈਅ ਕਰਨੀਆਂ ਬਾਕੀ ਹਨ। ਸਿਸਟਮ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ ਬਣਾਉਣਾ, ਹਰ ਹੱਥ ਨੂੰ ਕੰਮ ਦੇਣਾ ਅਤੇ ਪੰਜਾਬ ਨੂੰ ਮੁੜ ਦੇਸ਼ ਦਾ ਨੰਬਰ ਇੱਕ ਸੂਬਾ ਬਣਾਉਣਾ ਇੱਕ ਲੰਬੀ ਲੜਾਈ ਹੈ। ਪਰ ਉਮੀਦ ਦੀ ਗੱਲ ਇਹ ਹੈ ਕਿ ਲਹਿਰਾਂ ਨੂੰ ਰੁਕਣ ਦੀ ਆਦਤ ਨਹੀਂ ਹੁੰਦੀ, ਜੇ ਨੀਅਤ ਸੱਚੀ ਹੋਵੇ ਤਾਂ ਮੰਜ਼ਿਲ ਦੂਰ ਨਹੀਂ ਹੁੰਦੀ। ਪੰਜਾਬ ਬਦਲ ਰਿਹਾ ਹੈ ਹੌਲੀ-ਹੌਲੀ ਪਰ ਯਕੀਨੀ ਤੌਰ ’ਤੇ। ਆਉਣ ਵਾਲੇ ਸਾਲ ਇਸ ਬਦਲਾਅ ਦੇ ਗਵਾਹ ਬਣਨਗੇ ਕਿ ਕਿਵੇਂ ਇੱਕ ਡਿੱਗਦੇ ਹੋਏ ਸੂਬੇ ਨੇ ਆਪਣੀ ਨੀਅਤ ਅਤੇ ਹਿੰਮਤ ਨਾਲ ਮੁੜ ਸਿਖਰਾਂ ਨੂੰ ਛੂਹਿਆ।


**ਪੰਜਾਬ ਨੈਸ਼ਨਲ ਬੈਂਕ** pnb
...ਭਰੋਸੇ ਦਾ ਪ੍ਰਤੀਕ!
ਐਸਏਐਮਬੀ ਚੰਡੀਗੜ੍ਹ, ਐਸਸੀਓ 60-61, ਸੈਕਟਰ 17-ਬੀ, ਚੰਡੀਗੜ੍ਹ -160017
Phon. No.: 0172-5040788 & 796,
E-Mail: zs8340@pnb.bank.in

ਸੋਧ
ਈ-ਨਿਲਾਮੀ ਵਿਕਰੀ ਸੂਚਨਾ
ਇਸ ਵਿੱਚ ਮੈਸਰਜ਼ ਅਰੋੜਾ ਰਾਈਸ ਮਿੱਲਜ਼ ਦੇ ਖਾਤੇ ਲਈ ਰੋਜ਼ਾਨਾ ਚੜ੍ਹਦੀਕਲਾ (ਪੰਜਾਬੀ) ਵਿੱਚ 31.03.2026 ਨੂੰ ਪ੍ਰਕਾਸ਼ਿਤ ਈ-ਨਿਲਾਮੀ ਵਿਕਰੀ ਨੋਟਿਸ ਦਾ ਹਵਾਲਾ ਹੈ, ਜਾਇਦਾਦ ਨੰਬਰ 1 ਲਈ ਈ-ਨਿਲਾਮੀ ਦੀ ਮਿਤੀ ਅਤੇ ਸਮਾਂ 28/04/2026 ਸਵੇਰੇ 11.00 ਵਜੇ ਤੋਂ ਸ਼ਾਮ 4.00 ਵਜੇ ਤੱਕ ਪੜ੍ਹਿਆ ਜਾ ਸਕਦਾ ਹੈ।
ਨੋਟਿਸ ਵਿੱਚ ਦੱਸੇ ਗਏ ਨਿਯਮ ਅਤੇ ਸ਼ਰਤਾਂ ਪਹਿਲਾਂ ਵਾਂਗ ਹੀ ਰਹਿਣਗੀਆਂ।
ਅਧਿਕਾਰਤ ਅਧਿਕਾਰੀ



ਫਾਰਮ ਨੰ. 14
[ਦੇਖੋ ਨਿਯਮ 33 (2)]

**ਵਸੂਲੀ ਅਧਿਕਾਰੀ ਦਾ ਦਫਤਰ-1/2**
**ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 1)**
ਦੂਜੀ ਮੰਜ਼ਿਲ, ਐਸਸੀਓ 33-34-35, ਸੈਕਟਰ 17-ਏ ਚੰਡੀਗੜ੍ਹ

ਮੰਗ ਸੂਚਨਾ
ਆਮਦਨ ਕਰ ਕਾਨੂੰਨ, 1961 ਦੀ ਦੂਜੀ ਅਨੁਸੂਚੀ ਦੇ ਨਿਯਮ 2 ਅਤੇ ਕਰਜ਼ਿਆਂ ਦੀ ਵਸੂਲੀ ਅਤੇ ਦੀਵਾਲੀਆਪਣ ਕਾਨੂੰਨ, 1993 ਦੀਆਂ ਧਾਰਾਵਾਂ 25 ਤੋਂ 28 ਦੇ ਅਧੀਨ ਸੂਚਨਾ
ਆਰ.ਸੀ./1477/2025 17.03.2026
ਐਚਡੀਐਫਸੀ ਬੈਂਕ
ਬਨਾਮ
ਮੈਸ. ਈਸਟ ਵੈਸਟ ਏਜੰਸੀਜ਼

ਵੱਲ,
(ਸੀਡੀ 1) ਮੈਸਰਜ਼ ਈਸਟ ਵੈਸਟ ਏਜੰਸੀਆਂ ਇੱਕ ਭਾਈਵਾਲੀ ਫਰਮ, ਆਪਣੇ ਭਾਈਵਾਲਾਂ ਸ੍ਰੀ ਤੇਜਿੰਦਰ ਸਿੰਘ ਭਾਟੀਆ ਅਤੇ ਸ੍ਰੀ ਰਵਿੰਦਰ ਸਿੰਘ ਭਾਟੀਆ ਦੁਆਰਾ ਸ੍ਰੀ ਕਲਿਆਣ ਸਿੰਘ ਦੇ ਦੋਵੇਂ ਪੁੱਤਰ, ਜਿਸਦਾ ਵਪਾਰਕ ਪਤਾ ਈਐਸ-31, ਫ੍ਰੈਂਡਜ਼ ਸਿਨੇਮਾ ਰੋਡ, ਸਿਵਲ ਲਾਈਨਜ਼, ਜਲੰਧਰ, ਪੰਜਾਬ-144001 ਵਿਖੇ ਸਥਿਤ ਹੈ।
(ਸੀਡੀ 2) ਸ੍ਰੀ ਤੇਜਿੰਦਰ ਸਿੰਘ ਭਾਟੀਆ ਪੁੱਤਰ ਸ੍ਰੀ ਕਲਿਆਣ ਸਿੰਘ , ਨਿਵਾਸੀ ਮਕਾਨ ਨੰ. 324, ਛੋਟੀ ਬਰਾਦਰੀ, ਭਾਗ 2, ਜਲੰਧਰ, ਪੰਜਾਬ-0
(ਸੀਡੀ 3) ਸ੍ਰੀ ਰਵਿੰਦਰ ਸਿੰਘ ਭਾਟੀਆ ਸ੍ਰੀ ਕਲਿਆਣ ਸਿੰਘ ਦੇ ਪੁੱਤਰ, ਨਿਵਾਸੀ ਮਕਾਨ ਨੰ. 324, ਛੋਟੀ ਬਾਰਾਦਰੀ, ਭਾਗ 2, ਜਲੰਧਰ, ਪੰਜਾਬ-0
ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-1) ਓਏ/751/2022 ਵੱਲੋਂ ਜਾਰੀ ਹੁਕਮਾਂ ਦੀ ਨਿਰੰਤਰਤਾ ਵਿਚ ਜਾਰੀ ਵਸੂਲੀ ਪ੍ਰਮਾਣ ਪੱਤਰ ਦੇ ਅਨੁਸਾਰ ਪੂਰਤੀ ਹੋਣ ਤੱਕ 19.04.2022 ਤੋਂ ਪ੍ਰਭਾਵੀ ਸਧਾਰਨ ਸਲਾਨਾ ਵਿਆਜ 8.65% ਦੀ ਦਰ ’ਤੇ ਭਾਵੀ ਵਿਆਜ ਅਤੇ ਮੁਕੱਦਮੇਬਾਜ਼ੀ ਸਮੇਤ ਰੁ. 90,78,535.68/- (ਰੁਪਏ ਨੱਬੇ ਲੱਖ ਅਠੱਤਰ ਹਜ਼ਾਰ ਪੰਜ ਸੌ ਪੈਂਤੀ ਅਤੇ ਅਠਾਹਠ ਪੈਸੇ ਕੇਵਲ) ਦੀ ਰਕਮ ਅਤੇ ਰੁ. 93005/- (ਰੁਪਏ ਤਰਾਨਵੇਂਹਜ਼ਾਰ ਪੰਜ ਕੇਵਲ) ਦੀਆਂ ਲਾਗਤਾਂ ਤੁਹਾਡੇ ਖਿਲਾਫ਼ (ਸਾਂਝੇ ਅਤੇ ਵੱਖਰੇ ਤੌਰ ’ਤੇ/ਪੂਰਨ/ਸੀਮਿਤ ਤੌਰ ’ਤੇ) ਬਕਾਇਆ ਬਣ ਚੁੱਕੀਆਂ ਹਨ।
2. ਤੁਹਾਨੂੰ ਇਸ ਦੁਆਰਾ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਸੂਚਨਾ ਦੀ ਪ੍ਰਾਪਤੀ ਤੋਂ 15 ਦਿਨਾਂ ਦੇ ਅੰਦਰ ਉਕਤ ਰਕਮ ਨੂੰ ਅਦਾ ਕਰ ਦਿਓ, ਜਿਸ ਤੋਂ ਅਸਫਲ ਰਹਿਣ ’ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲ ਬਕਾਇਆ ਕਰਜ਼ਿਆਂ ਦੀ ਵਸੂਲੀ ਕਾਨੂੰਨ, 1993 ਅਤੇ ਇਸ ਦੇ ਤਹਿਤ ਨਿਯਮਾਂ ਦੀ ਨਿਰੰਤਰਤਾ ਵਿਚ ਵਸੂਲੀ ਕੀਤੀ ਜਾਵੇਗੀ।
3. ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਸੁਣਵਾਈ ਦੀ ਅਗਲੀ ਮਿਤੀ ਨੂੰ ਜਾਂ ਪਹਿਲਾਂ ਆਪਣੇ ਅਸਾਸਿਆਂ ਦੇ ਵੇਰਵਿਆਂ ਦਾ ਹਲਫੀਆ ਬਿਆਨ ’ਤੇ ਐਲਾਨ ਕਰੋ।
4. ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਅਗਲੇਰੀ ਕਾਰਵਾਈ ਲਈ 27.04.2026 ਨੂੰ ਸਵੇਰੇ 10.30 ਵਜੇ ਨਿਮਨ ਹਸਤਾਖਰੀ ਕੋਲ ਹਾਜ਼ਰ ਹੋਵੋ।
5. ਉਕਤ ਦਰਸਾਈ ਰਕਮ ਤੋਂ ਇਲਾਵਾ ਤੁਸੀਂ ਨਿਮਨ ਦਾ ਭੁਗਤਾਨ ਕਰਨ ਲਈ ਵੀ ਜੁਆਬਦੇਹ ਹੋਵੋਂਗੇ :
(ੳ) ਸਰਟੀਫਿਕੇਟ/ਕਾਰਜਰੂਪ ਪ੍ਰਕਿਰਿਆ ਦੀ ਇਸ ਸੂਚਨਾ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਵਾਲੀ ਮਿਆਦ ਦੇ ਲਈ ਅਦਾਇਗੀਯੋਗ ਵਿਆਜ
(ਅ) ਇਸ ਸੂਚਨਾ ਦੀ ਤਾਮੀਲ ਦੇ ਸਬੰਧ ਵਿਚ ਅਤੇ ਵਾਰੰਟਾਂ ਅਤੇ ਹੋਰ ਪ੍ਰਕਿਰਿਆਵਾਂ ਅਤੇ ਬਕਾਇਆ ਰਕਮ ਦੀ ਵਸੂਲੀ ਲਈ ਅਪਣਾਈਆਂ ਗਈਆਂ ਸਾਰੀਆਂ ਹੋਰ ਕਾਰਵਾਈਆਂ ਵਿਚ ਲਾਗੂ ਸਾਰੀਆਂ ਲਾਗਤਾਂ, ਫੀਸਾਂ ਅਤੇ ਖਰਚੇ।
ਮੇਰੇ ਦਸਤਖ਼ਤ ਅਤੇ ਟ੍ਰਿਬਿਊਨਲ ਦੀ ਮੋਹਰ ਹੇਠ ਇਸ ਮਿਤੀ 17.03.2026 ਨੂੰ ਜਾਰੀ।
ਵਸੂਲੀ ਅਧਿਕਾਰੀ,
ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-1)



ਵਸੂਲੀ ਅਧਿਕਾਰੀ-I/II ਦਾ ਦਫ਼ਤਰ
**ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 1)**
ਦੂਜੀ ਮੰਜ਼ਿਲ, ਐਸਸੀਓ 33-34-35, ਸੈਕਟਰ 17-ਏ, ਚੰਡੀਗੜ੍ਹ

ਮੰਗ ਸੂਚਨਾ
ਆਮਦਨ ਕਰ ਕਾਨੂੰਨ, 1961 ਦੀ ਦੂਜੀ ਅਨੁਸੂਚੀ ਦੇ ਨਿਯਮ 2 ਅਤੇ ਕਰਜ਼ਿਆਂ ਦੀ ਵਸੂਲੀ ਅਤੇ ਦੀਵਾਲੀਆਪਣ ਕਾਨੂੰਨ, 1993 ਦੀਆਂ ਧਾਰਾਵਾਂ 25 ਤੋਂ 28 ਦੇ ਅਧੀਨ ਸੂਚਨਾ
ਆਰ.ਸੀ./2242/2018 ਮਿਤੀ :30.01.2026
ਪੰਜਾਬ ਨੈਸ਼ਨਲ ਬੈਂਕ
ਬਨਾਮ
ਸ੍ਰੀ ਜਸਪ੍ਰੀਤ ਸਿੰਘ

ਵੱਲ,
(ਸੀਡੀ 1) ਸ੍ਰੀ ਜਸਪ੍ਰੀਤ ਸਿੰਘ ਸਪੁੱਤਰ ਸ੍ਰੀ ਪਰਮਜੀਤ ਸਿੰਘ, ਹੁਣ ਮ੍ਰਿਤਕ, ਇਸਦੇ ਕਾਨੂੰਨੀ ਵਾਰਸਾਂ ਰਾਹੀਂ ਕਾਨੂੰਨੀ ਵਾਰਸ : 1. ਸੁਖਜਿੰਦਰ ਕੌਰ ਮਾਤਾ ਸ੍ਰੀ ਜਸਪ੍ਰੀਤ ਸਿੰਘ ਵਾਸੀ ਪਿੰਡ ਥੇਹ ਕਲੰਦਰ, ਤਹਿਸੀਲ ਅਤੇ ਜ਼ਿਲ੍ਹਾ ਫਾਜ਼ਿਲਕਾ।
ਕਾਨੂੰਨੀ ਵਾਰਸ : 2. ਅਮਰਪਾਲ ਕੌਰ ਸੁਪਤਨੀ ਸ੍ਰੀ ਜਸਪ੍ਰੀਤ ਸਿੰਘ, ਵਾਸੀ ਪਿੰਡ ਥੇਹ ਕਲੰਦਰ, ਤਹਿਸੀਲ ਅਤੇ ਜ਼ਿਲ੍ਹਾ ਫਾਜ਼ਿਲਕਾ।
ਕਾਨੂੰਨੀ ਵਾਰਸ : 3. ਅਭੀਜੀਤ ਸਿੰਘ (ਨਾਬਾਲਗ ਸਪੁੱਤਰ, ਆਪਣੀ ਮਾਤਾ, ਕੁਦਰਤੀ ਸਰਪ੍ਰਸਤ ਸ੍ਰੀਮਤੀ ਅਮਰਪਾਲ ਕੌਰ ਰਾਹੀਂ), ਵਾਸੀ ਪਿੰਡ ਥੇਹ ਕਲੰਦਰ, ਤਹਿਸੀਲ ਅਤੇ ਜ਼ਿਲ੍ਹਾ ਫਾਜ਼ਿਲਕਾ।
ਇਹ ਸੂਚਿਤ ਕੀਤਾ ਜਾਂਦਾ ਹੈ ਕਿ ਓਏ/2907/2017 ਵਿਚ ਪ੍ਰਧਾਨਗੀ ਅਧਿਕਾਰੀ, ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 1) ਵੱਲੋਂ ਜਾਰੀ ਹੁਕਮਾਂ ਦੀ ਨਿਰੰਤਰਤਾ ਵਿਚ ਜਾਰੀ ਵਸੂਲੀ ਪ੍ਰਮਾਣ ਪੱਤਰ ਦੇ ਅਨੁਸਾਰ ਪੂਰਤੀ ਹੋਣ ਤੱਕ 19.06.2017 ਤੋਂ ਪ੍ਰਭਾਵੀ ਸਧਾਰਨ ਸਲਾਨਾ ਵਿਆਜ 11.60% ਦੀ ਦਰ ’ਤੇ ਭਾਵੀ ਵਿਆਜ ਅਤੇ ਮੁਕੱਦਮੇਬਾਜ਼ੀ ਸਮੇਤ ਰੁ. 12,54,665/- (ਰੁਪਏ ਬਾਰਾਂ ਲੱਖ ਚੁਰੰਜਾ ਹਜ਼ਾਰ ਛੇ ਸੌ ਪੈਂਹਠ ਕੇਵਲ) ਦੀ ਰਕਮ ਅਤੇ ਰੁ. 45,000/- (ਰੁਪਏ ਪੰਤਾਲੀ ਹਜ਼ਾਰ ਕੇਵਲ) ਦੀਆਂ ਲਾਗਤਾਂ ਤੁਹਾਡੇ ਖਿਲਾਫ਼ (ਸਾਂਝੇ ਅਤੇ ਵੱਖਰੇ ਤੌਰ ’ਤੇ/ਪੂਰਨ/ਸੀਮਿਤ ਤੌਰ ’ਤੇ) ਬਕਾਇਆ ਬਣ ਚੁੱਕੀਆਂ ਹਨ।
2. ਤੁਹਾਨੂੰ ਇਸ ਦੁਆਰਾ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਸੂਚਨਾ ਦੀ ਪ੍ਰਾਪਤੀ ਤੋਂ 15 ਦਿਨਾਂ ਦੇ ਅੰਦਰ ਉਕਤ ਰਕਮ ਨੂੰ ਅਦਾ ਕਰ ਦਿਓ, ਜਿਸ ਤੋਂ ਅਸਫਲ ਰਹਿਣ ’ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲ ਬਕਾਇਆ ਕਰਜ਼ਿਆਂ ਦੀ ਵਸੂਲੀ ਕਾਨੂੰਨ, 1993 ਅਤੇ ਇਸ ਦੇ ਤਹਿਤ ਨਿਯਮਾਂ ਦੀ ਨਿਰੰਤਰਤਾ ਵਿਚ ਵਸੂਲੀ ਕੀਤੀ ਜਾਵੇਗੀ।
3. ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਸੁਣਵਾਈ ਦੀ ਅਗਲੀ ਮਿਤੀ ਨੂੰ ਜਾਂ ਪਹਿਲਾਂ ਆਪਣੇ ਅਸਾਸਿਆਂ ਦੇ ਵੇਰਵਿਆਂ ਦਾ ਹਲਫੀਆ ਬਿਆਨ ’ਤੇ ਐਲਾਨ ਕਰੋ।
4. ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਅਗਲੇਰੀ ਕਾਰਵਾਈ ਲਈ 17.04.2026 ਨੂੰ ਸਵੇਰੇ 10.30 ਵਜੇ ਨਿਮਨ ਹਸਤਾਖਰੀ ਕੋਲ ਹਾਜ਼ਰ ਹੋਵੋ।
5. ਉਕਤ ਦਰਸਾਈ ਰਕਮ ਤੋਂ ਇਲਾਵਾ ਤੁਸੀਂ ਨਿਮਨ ਦਾ ਭੁਗਤਾਨ ਕਰਨ ਲਈ ਵੀ ਜੁਆਬਦੇਹ ਹੋਵੋਂਗੇ:
(ੳ) ਸਰਟੀਫਿਕੇਟ/ਕਾਰਜਰੂਪ ਪ੍ਰਕਿਰਿਆ ਦੀ ਇਸ ਸੂਚਨਾ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਵਾਲੀ ਮਿਆਦ ਦੇ ਲਈ ਅਦਾਇਗੀਯੋਗ ਵਿਆਜ
(ਅ) ਇਸ ਸੂਚਨਾ ਦੀ ਤਾਮੀਲ ਦੇ ਸਬੰਧ ਵਿਚ ਅਤੇ ਵਾਰੰਟਾਂ ਅਤੇ ਹੋਰ ਪ੍ਰਕਿਰਿਆਵਾਂ ਅਤੇ ਬਕਾਇਆ ਰਕਮ ਦੀ ਵਸੂਲੀ ਲਈ ਅਪਣਾਈਆਂ ਗਈਆਂ ਸਾਰੀਆਂ ਹੋਰ ਕਾਰਵਾਈਆਂ ਵਿਚ ਲਾਗੂ ਸਾਰੀਆਂ ਲਾਗਤਾਂ, ਫੀਸਾਂ ਅਤੇ ਖਰਚੇ।
ਮੇਰੇ ਦਸਤਖ਼ਤ ਅਤੇ ਟ੍ਰਿਬਿਊਨਲ ਦੀ ਮੋਹਰ ਹੇਠ ਮਿਤੀ 30.01.2026 ਨੂੰ ਜਾਰੀ।
ਵਸੂਲੀ ਅਧਿਕਾਰੀ-2
ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ, ਡੀਆਰਟੀ-1



**ਬੈਂਕ ਆਫ਼ ਬੜੌਦਾ** Bank of Baroda
**ਪਿੰਡ ਕਮੋਮਾਜਰਾ ਖੁਰਦ, ਮੇਹਲਾਂ ਰੋਡ, ਸੰਗਰੂਰ- 148001**

ਮੰਗ ਸੂਚਨਾ (ਸਰਫਾਇਸੀ ਐਕਟ, 2002 ਦੀ ਧਾਰਾ 13 ਦੇ ਸਬ-ਸਬਸੈਕਸ਼ਨ (2) ਦੇ ਅਧੀਨ)
ਹੇਠਾਂ ਦੱਸੇ ਗਏ ਕਰਜ਼ਦਾਰ/ਗਾਰੰਟਰਾਂ/ਸਹਿ-ਦੇਣਦਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਹੇਠਾਂ ਦਿੱਤੇ ਗਏ ਵੇਰਵਿਆਂ ਅਨੁਸਾਰ ਖਾਤੇ ਦੇ ਵਿਰੁੱਧ ਲਏ ਗਏ ਕਰਜ਼ੇ NPA ਬਣ ਗਏ ਹਨ। ਸਰਫੇਸੀ ਐਕਟ 2002 ਦੀ ਧਾਰਾ 13(2) ਦੇ ਤਹਿਤ ਉਹਨਾਂ ਨੂੰ ਕੋਰੀਅਰ/ਰਜਿਸਟਰਡ ਏ.ਡੀ. ਡਾਕ ਰਾਹੀਂ ਭੇਜਿਆ ਗਿਆ ਮੰਗ ਨੋਟਿਸ ਡਿਲੀਵਰ ਕੀਤੇ ਬਿਨਾਂ/ਸਵੀਕਾਰ ਕੀਤੇ ਬਿਨਾਂ ਵਾਪਸ ਕਰ ਦਿੱਤਾ ਗਿਆ ਹੈ।

| ਕਰਜ਼ਦਾਰ/ਜ਼ਮਾਨਤਾਂ/ਗਿਰਵੀਕਾਰਾਂ ਦਾ ਨਾਮ | ਜਾਇਦਾਦਾਂ ਦਾ ਵੇਰਵਾ | NPA ਦੀ ਮਿਤੀ | ਮੰਗ ਸੂਚਨਾ ਦੀ ਮਿਤੀ | ਬਕਾਇਆ ਰਕਮ |
|---|---|---|---|---|
| ਸ੍ਰੀ ਉਮੇਸ਼ ਰਾਮ, ਸ੍ਰੀਮਤੀ ਭਾਰਤੀ ਦੇਵੀ ਪਿੰਡ ਸਿਬੀਆਂ, ਰਾਮ ਨਗਰ, ਸੰਗਰੂਰ, ਪੰਜਾਬ-148001 | ਜ਼ਮੀਨ ਅਤੇ ਇਮਾਰਤ ਦਾ ਬਰਾਬਰ/ਰਜਿਸਟਰਡ ਗਿਰਵੀਨਾਮਾ-ਸਰਵੇਖਣ ਨੰਬਰ ਖਾਤਾ ਨੰਬਰ 260/374, ਖਸਰਾ ਨੰਬਰ 444/350/104/2 1-6-13.33 ਵਿੱਘਾ ਪਖਤਾ ਨਿਰਮਾਣ ਅਧੀਨ ਏਰੀਆ 110 ਵਰਗ ਗਜ਼, ਕਾਰਪੇਟ ਏਰੀਆ 105 ਵਰਗ ਗਜ਼, ਗੁਰੂਕੁਲ ਪਬਲਿਕ ਸਕੂਲ ਦੇ ਪਿਛਲੇ ਪਾਸੇ, ਸੋਹੀਆਂ ਰੋਡ ਪਿੰਡ ਕਮੋਮਾਜਰਾ ਖੁਰਦ, ਸੰਗਰੂਰ, ਪੰਜਾਬ-148001 ਵਿਖੇ ਸਥਿਤ। | 08/02/2026 | 24/03/2026 | Rs. 6,86,323/- ਅਤੇ ਵਿਆਜ ਸਮੇਤ |

ਹੁਣ, ਸੁਰੱਖਿਅਣ ਐਕਟ 2002 ਦੇ ਉਪਬੰਧ ਅਨੁਸਾਰ ਸੁਰੱਖਿਅਤ ਲੈਣਦਾਰ (ਬੈਂਕ) ਦੇ ਅਧਿਕਾਰਤ ਅਧਿਕਾਰੀ ਵਜੋਂ ਆਪਣੀ ਹੈਸੀਅਤ ਵਿੱਚ ਹੇਠ ਹਸਤਾਖਰਕਰਤਾ ਦੁਆਰਾ ਪ੍ਰਕਾਸ਼ਨ ਦੇ ਜ਼ਰੀਏ, ਤੁਹਾਨੂੰ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 60 ਦਿਨਾਂ ਦੀ ਮਿਆਦ ਦੇ ਅੰਦਰ ਭਵਿੱਖ ਦੇ ਵਿਆਜ ਅਤੇ ਲਾਗੂ ਖਰਚਿਆਂ/ਚਾਰਜਾਂ ਦੇ ਨਾਲ ਬਕਾਇਆ ਦੇਣਦਾਰੀ ਰਕਮ ਦਾ ਭੁਗਤਾਨ ਕਰਨ ਲਈ ਕਿਹਾ ਜਾਂਦਾ ਹੈ, ਜਿਸ ਕਾਰਨ ਸੁਰੱਖਿਅਤ ਲੈਣਦਾਰ ਧਾਰਾ 13 ਦੀ ਉਪ ਧਾਰਾ (2) ਅਤੇ ਉਕਤ ਆਰਡੀਨੈਂਸ ਦੇ ਹੋਰ ਲਾਗੂ ਉਪਬੰਧਾਂ ਦੇ ਅਧੀਨ ਦੱਸੇ ਗਏ ਕਿਸੇ ਵੀ ਜਾਂ ਸਾਰੇ ਅਧਿਕਾਰਾਂ ਦੀ ਵਰਤੋਂ ਕਰੇਗਾ। ਤੁਹਾਨੂੰ ਇਹ ਵੀ ਨੋਟਿਸ ਦਿੱਤਾ ਜਾਂਦਾ ਹੈ ਕਿ ਉਕਤ ਐਕਟ ਦੀ ਧਾਰਾ 13 ਦੇ ਅਨੁਸਾਰ, ਤੁਸੀਂ ਬੈਂਕ ਦੀ ਲਿਖਤੀ ਸਹਿਮਤੀ ਪ੍ਰਾਪਤ ਕੀਤੇ ਬਿਨਾਂ ਉਪਰੋਕਤ ਸੁਰੱਖਿਅਤ ਸੰਪਤੀਆਂ ਦੀ ਵਿਕਰੀ, ਲੀਜ਼ ਦੁਆਰਾ ਟ੍ਰਾਂਸਫਰ ਨਹੀਂ ਕਰੋਗੇ। ਬੈਂਕ ਤੁਹਾਡੇ ਵੱਲੋਂ ਜਾਰੀ ਕੀਤੇ ਅਤੇ ਸਥਾਪਿਤ ਕੀਤੇ ਗਏ ਬਕਾਇਆ ਬਿੱਲਾਂ, ਬੈਂਕ ਗਾਰੰਟੀਆਂ ਅਤੇ ਕ੍ਰੈਡਿਟ ਪੱਤਰ ਦੇ ਨਾਲ-ਨਾਲ ਸੰਭਾਵੀ ਦੇਣਦਾਰੀਆਂ ਦੇ ਤਹਿਤ ਪੈਦਾ ਹੋਣ ਵਾਲੀ ਦੇਣਦਾਰੀ ਦਾ ਭੁਗਤਾਨ ਕਰਨ ਲਈ ਤੁਹਾਨੂੰ ਬੁਲਾਉਣ ਦਾ ਅਧਿਕਾਰ ਰਾਖਵਾਂ ਰੱਖਦਾ ਹੈ। ਇਹ ਨੋਟਿਸ ਕਾਨੂੰਨ ਦੇ ਕਿਸੇ ਵੀ ਹੋਰ ਲਾਗੂ ਉਪਬੰਧਾਂ ਦੇ ਤਹਿਤ ਬੈਂਕ ਦੇ ਅਜਿਹੀਆਂ ਹੋਰ ਕਾਰਵਾਈਆਂ ਜਾਂ ਕਾਨੂੰਨੀ ਕਾਰਵਾਈਆਂ ਸ਼ੁਰੂ ਕਰਨ ਦੇ ਅਧਿਕਾਰ ਦੇ ਪੱਖਪਾਤ ਤੋਂ ਬਿਨਾਂ ਹੈ ਜਿਵੇਂ ਕਿ ਇਹ ਜ਼ਰੂਰੀ ਸਮਝਦਾ ਹੈ।
ਮਿਤੀ: 24.03.2026 ਸਹੀ/- ਅਧਿਕਾਰਤ ਅਧਿਕਾਰੀ



**ਇੰਡੀਅਨ ਬੈਂਕ** Indian Bank
ਇਲਾਹਾਬਾਦ ALLAHABAD
**ਇੰਡੀਅਨ ਬੈਂਕ**
ਸ਼ਾਖਾ ਦਫ਼ਤਰ : ਸਿਵਲ ਲਾਈਨਜ਼, ਲੁਧਿਆਣਾ

[ਨਿਯਮ-8(1)] ਕਬਜ਼ੇ ਦਾ ਨੋਟਿਸ (ਚੱਲ ਜਾਇਦਾਦ/ਸੰਪਤੀਆਂ ਲਈ)
ਜਦੋਂ ਕਿ ਹੇਠ ਹਸਤਾਖਰ ਕਰਨ ਵਾਲੇ ਨੇ ਭਾਰਤੀ ਬੈਂਕ ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ, ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਲਾਗੂ ਕਰਨ ਐਕਟ 2002 ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਿਯਮ 4, 8 ਅਤੇ 9 ਦੇ ਨਾਲ ਪੜ੍ਹੇ ਗਏ ਧਾਰਾ 13(12) ਦੇ ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰ/ਜ਼ਾਮਨ ਨੂੰ ਉਕਤ ਨੋਟਿਸਾਂ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸਬੰਧਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ (ਰਾਸ਼ੀ) ਦੀ ਅਦਾਇਗੀ ਕਰਨ ਦਾ ਦਾਅਵਾ ਕਰਨ ਵਾਲੇ ਉਨ੍ਹਾਂ ਦੇ ਵਿਰੁੱਧ ਦੱਸੀਆਂ ਗਈਆਂ ਮਿਤੀਆਂ ’ਤੇ ਇੱਕ ਮੰਗ ਨੋਟਿਸ ਜਾਰੀ ਕੀਤਾ।
ਕਰਜ਼ਦਾਰਾਂ ਵੱਲੋਂ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ/ਗਿਰਵੀਕਾਰ/ਜ਼ਾਮਨ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਿੱਤੇ ਗਏ ਵਿਅਕਤੀ ਨੇ ਹੇਠਾਂ ਦੱਸੀ ਗਈ ਮਿਤੀ ਨੂੰ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਦਿੱਤੇ ਗਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ/ਜ਼ਮਾਨਤਾਂ ਦਾ ਭੌਤਿਕ ਕਬਜ਼ਾ ਲੈ ਲਿਆ ਹੈ।
ਕਰਜ਼ਦਾਰਾਂ/ਗਿਰਵੀਕਾਰ/ਜ਼ਾਮਨ ਅਤੇ ਆਮ ਜਨਤਾ ਨੂੰ ਇਸ ਦੁਆਰਾ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ/ਜ਼ਮਾਨਤਾਂ ਨਾਲ ਕੋਈ ਵੀ ਲੈਣ-ਦੇਣ ਨਾ ਕਰਨ ਅਤੇ ਜਾਇਦਾਦ/ਜ਼ਮਾਨਤਾਂ ਨਾਲ ਕੋਈ ਵੀ ਲੈਣ-ਦੇਣ ਇੰਡੀਅਨ ਬੈਂਕ ਦੇ ਚਾਰਜ, ਹੇਠਾਂ ਦਿੱਤੀ ਗਈ ਰਕਮ ਅਤੇ ਵਿਆਜ, ਇਤਫਾਕੀਆ ਖਰਚੇ, ਲਾਗਤਾਂ ਆਦਿ ਦੇ ਅਧੀਨ ਹੋਵੇਗਾ।
(ਕਰਜ਼ਦਾਰ ਦਾ ਧਿਆਨ ਐਕਟ ਦੀ ਧਾਰਾ 13 ਦੀ ਉਪ-ਧਾਰਾ (8) ਦੇ ਉਪਬੰਧਾਂ ਵੱਲ ਖਿੱਚਿਆ ਜਾਂਦਾ ਹੈ, ਉਪਲਬਧ ਸਮੇਂ ਦੇ ਸੰਬੰਧ ਵਿੱਚ, ਸੁਰੱਖਿਅਤ ਸੰਪਤੀਆਂ ਨੂੰ ਛੁਡਾਉਣ ਲਈ)।

| ਕਰਜ਼ਦਾਰ (ਾਂ)/ ਜ਼ਾਮਨ (ਾਂ) ਦਾ ਨਾਮ | ਗਿਰਵੀ/ਬੰਦੀ ਸੰਪੱਤੀ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ ਅਤੇ ਰਕਮ | ਕਬਜ਼ੇ ਦੀ ਮਿਤੀ |
|---|---|---|---|
| 1. ਸ੍ਰੀ ਅਨਿਲ ਕੁਮਾਰ ਸਪੁੱਤਰ ਸ੍ਰੀ ਸੁਰਿਦਰ ਕੁਮਾਰ (ਕਰਜ਼ਦਾਰ), ਮਕਾਨ ਨੰ. 76, ਗਲੀ ਨੰ. 2, ਦੌਲਤਪੁਰੀ, ਜਲੰਧਰ-144004, 2. ਸ੍ਰੀ ਸੁਰਿੰਦਰ ਕੁਮਾਰ (ਸਹਿ-ਕਰਜ਼ਦਾਰ), ਮਕਾਨ ਨੰ. 76, ਗਲੀ ਨੰ. 2, ਦੌਲਤਪੁਰੀ, ਜਲੰਧਰ-144004 | ਮਹਿੰਦਰਾ ਥਾਰ ਐਲਐਕਸ ਡੀ ਏਟੀ 4ਡਬਲਿਊਡੀ 4ਐਸ ਐਚਟੀ, ਵਾਹਨ ਪੰਜੀਕਰਨ ਨੰਬਰ ਪੀਬੀ 08 ਐਫਡੀ 2324 | 16.09.2024 ਰੁ. 13,52,433/- (ਰੁਪਏ ਤੇਰਾਂ ਲੱਖ ਬਵੰਜਾ ਹਜ਼ਾਰ ਚਾਰ ਸੌ ਤੇਤੀ ਕੇਵਲ) 15.09.2024 ਨੂੰ, ਅਗਲੇਰੇ ਵਿਆਜ ਅਤੇ ਖਰਚਿਆਂ ਸਮੇਤ। | 27.03.2026 |

ਮਿਤੀ : 31.03.2026 ਸਥਾਨ : ਜਲੰਧਰ ਅਧਿਕਾਰਤ ਅਧਿਕਾਰੀ



ਸੈਂਟਰਲ ਬੈਂਕ ਆਫ ਇੰਡੀਆ Central Bank of India CENTRAL TO YOU SINCE 1911
**ਖੇਤਰੀ ਦਫ਼ਤਰ : ਕੇ. ਪੀ. ਕੰਪਲੈਕਸ, ਨੇੜੇ ਹੋਟਲ ਪਾਰਕ ਪਲਾਜ਼ਾ, ਫਿਰੋਜ਼ਪੁਰ ਰੋਡ, ਲੁਧਿਆਣਾ-141001**

ਅੰਤਿਕਾ IV ਨਿਯਮ 8(1) ਵੇਖੋ ਕਬਜ਼ੇ ਦਾ ਨੋਟਿਸ ਸੰਕੇਤਕ ਕਬਜ਼ਾ
(ਅਚੱਲ ਜਾਇਦਾਦ ਲਈ)
ਜਦੋਂ ਕਿ ਸਿਕਿਓਰਿਟੀਜ਼ੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਅਸੇਟਸ ਐਂਡ ਇਨਫੋਰਸਮੈਂਟ ਆਫ ਸਿਕਿਓਰਿਟੀ ਇੰਟਰਸਟ ਐਕਟ-2002 ਦੇ ਅਧੀਨ ਸੈਂਟਰਲ ਬੈਂਕ ਆਫ਼ ਇੰਡੀਆ ਦੇ ਅਧਿਕਾਰਤ ਅਧਿਕਾਰੀ ਨੇ ਸਿਕਿਓਰਿਟੀ ਇੰਟਰਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਾਲ ਪੜ੍ਹੇ ਗਏ ਸੈਕਸ਼ਨ 13(12) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਐਕਟ ਦੀ ਧਾਰਾ 13(2) ਦੇ ਤਹਿਤ ਇੱਕ ਡਿਮਾਂਡ ਨੋਟਿਸ ਜਾਰੀ ਕੀਤਾ, ਜਿਸ ਨੂੰ ਕਰਜ਼ਦਾਰ/ਜ਼ਾਮਨ/ਗਿਰਵੀਕਾਰ ਨੂੰ ਉਕਤ ਨੋਟਿਸ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸ ਵਿੱਚ ਦੱਸੀ ਗਈ ਰਕਮ ਅਤੇ ਉਸ ’ਤੇ ਵਿਆਜ ਵਾਪਸ ਕਰਨ ਲਈ ਕਿਹਾ ਗਿਆ ਹੈ।
ਕਰਜ਼ਦਾਰ/ਜ਼ਾਮਨ/ਗਿਰਵੀਕਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰ/ਗਾਰੰਟੀਕਰਤਾ/ਰੱਖਿਅਕ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ ਹੇਠਾਂ ਦੱਸੀਆਂ ਗਈਆਂ ਜਾਇਦਾਦਾਂ ਦਾ ਕਬਜ਼ਾ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 ਦੀ ਧਾਰਾ 13(4) ਦੇ ਤਹਿਤ ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਾਲ ਪੜ੍ਹੇ ਗਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ, ਇੱਥੇ ਦੱਸੀ ਗਈ ਮਿਤੀ ਨੂੰ ਲਿਆ ਹੈ।
ਖਾਸ ਕਰਕੇ ਕਰਜ਼ਦਾਰ/ਜ਼ਾਮਨ/ਗਿਰਵੀਕਾਰ ਅਤੇ ਆਮ ਜਨਤਾ ਨੂੰ ਇਸ ਦੁਆਰਾ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ/ਵਸਤਾਂ ਨਾਲ ਕੋਈ ਵੀ ਲੈਣ-ਦੇਣ ਨਾ ਕਰਨ ਅਤੇ ਜਾਇਦਾਦ/ਵਸਤਾਂ ਨਾਲ ਕੋਈ ਵੀ ਲੈਣ-ਦੇਣ ਰਕਮ ਅਤੇ ਉਸ ’ਤੇ ਵਿਆਜ ਲਈ ਸੈਂਟਰਲ ਬੈਂਕ ਆਫ਼ ਇੰਡੀਆ ਦੇ ਚਾਰਜ ਦੇ ਅਧੀਨ ਹੋਵੇਗਾ।
ਕਰਜ਼ਦਾਰ/ਜ਼ਾਮਨ (ਾਂ) ਦਾ ਧਿਆਨ ਐਕਟ ਦੀ ਧਾਰਾ 13 ਦੀ ਉਪ-ਧਾਰਾ (8) ਦੇ ਉਪਬੰਧਾਂ ਵੱਲ ਖਿੱਚਿਆ ਜਾਂਦਾ ਹੈ, ਸੁਰੱਖਿਅਤ ਸੰਪਤੀ (ਸੰਪਤੀਆਂ) ਨੂੰ ਛੁਡਾਉਣ ਲਈ ਉਪਲਬਧ ਸਮੇਂ ਦੇ ਸੰਬੰਧ ਵਿੱਚ।

| ਸ਼ਾਖਾ ਦਾ ਨਾਮ ਅਤੇ ਕਰਜ਼ਦਾਰ (ਾਂ)/ਜ਼ਾਮਨ (ਾਂ) | ਸੰਪੱਤੀਆਂ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ | ਕਬਜ਼ੇ ਦੀ ਮਿਤੀ | ਬਕਾਇਆ ਰਕਮ |
|---|---|---|---|---|
| ਸ੍ਰੀਮਤੀ ਵੀਨਾ ਦੇਵੀ ਸੁਪਤਨੀ ਸ੍ਰੀ ਰਾਮ ਪਾਲ ਅਤੇ ਸ੍ਰੀ ਰਾਮ ਪਾਲ ਸਪੁੱਤਰ ਸ੍ਰੀ ਲਛਮਣ ਦਾਸ ਬੀਓ : ਸਲੇਮ ਟਾਬਰੀ, ਲੁਧਿਆਣਾ | ਸਾਲ 2014-15 ਦੀ ਜਮ੍ਹਾਂਬੰਦੀ ਦੇ ਅਨੁਸਾਰ ਖਸਰਾ ਨੰਬਰ 18//16/2, 17/1/1, ਖਾਤਾ ਨੰਬਰ 175/182 ਵਿੱਚ 150 ਵਰਗ ਗਜ਼ ਦੀ ਇੱਕ ਜਾਇਦਾਦ/ਮਕਾਨ, ਪਿੰਡ ਜਗੀਰਪੁਰ, ਹੱਦਬਸਤ ਨੰਬਰ 70, ਬਾਬਾ ਨਾਮਦੇਵ ਕਲੋਨੀ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਜੋਂ ਜਾਣਿਆ ਜਾਂਦਾ ਹੈ, ਸੇਲ ਡੀਡ ਬੇਅਰਿੰਗ ਵਾਸਿਕਾ ਨੰਬਰ 2022-23/106/1/13874 ਮਿਤੀ 24-01-2023 ਦੇ ਅਨੁਸਾਰ ਅਤੇ ਪੂਰਬ ਦੇ ਅਧੀਨ ਸੀਮਾਬੱਧ: ਰਾਮ ਸਜੀਵਨ ਪਾਲ, ਪੱਛਮ: ਜਗਦੀਸ਼, ਉੱਤਰ: ਗੁਆਂਢ, ਦੱਖਣ: ਗਲੀ | 20/01/2026 | 27/03/2026 | ਰੁ. 34,91,291.31 19.01.2026 ਤੋਂ ਗਿਣੇ ਜਾਣ ਵਾਲੇ ਮਹੀਨੇਵਾਰ ਵਿਰਾਮਾਂ ’ਤੇ 8.00% ਸਲਾਨਾ ਦੀ ਦਰ ’ਤੇ ਵਿਆਜ ਸਮੇਤ |
| ਸ੍ਰੀ ਸਿਧਾਰਥ ਸਪੁੱਤਰ ਸ੍ਰੀ ਸ਼ਾਮ ਸੁੰਦਰ ਅਤੇ ਸ੍ਰੀ ਸ਼ਾਮ ਸੁੰਦਰ ਸਪੁੱਤਰ ਸਵਰਗੀ ਸ੍ਰੀ ਰਾਧੇ ਸ਼ਿਆਮ ਅਤੇ ਸ੍ਰੀ ਪ੍ਰਦੀਪ ਜੇਤਲੀ ਸਪੁੱਤਰ ਸ੍ਰੀ ਰਾਧੇ ਸ਼ਿਆਮ ਬੀਓ : ਮਾਧੋਪੁਰੀ, ਲੁਧਿਆਣਾ | ਜਾਇਦਾਦ/ਮਕਾਨ ਵਾਲਾ ਐਮ.ਸੀ. ਨੰਬਰ ਬੀ-5-887(ਪੀ) (ਪੁਰਾਣਾ) ਅਤੇ ਬੀ-6-1102 (ਨਵਾਂ), 70 ਵਰਗ ਮੀਟਰ ਮਾਪਣ ਵਾਲਾ। ਸਬ-ਰਜਿਸਟਰਾਰ ਲੁਧਿਆਣਾ ਦੇ ਦਫ਼ਤਰ ਵਸੀਕਾ ਨੰਬਰ 12898 ਅਤੇ 12899 ਮਿਤੀ 16/09/2016 ਨੂੰ ਰਜਿਸਟਰ ਕੀਤੇ ਗਏ ਮਾਲਕੀ ਦੇ ਦੋ ਤਬਾਦਲੇ ਦੇ ਦਸਤਾਵੇਜ਼ਾਂ ਅਨੁਸਾਰ, ਸ਼ਹਿਰ ਲੁਧਿਆਣਾ, ਮੁਹੱਲਾ ਫਤਿਹਗੰਜ, ਤਾਜਗੰਜ, ਲੁਧਿਆਣਾ ਵਿਖੇ ਸਥਿਤ ਯਾਰਡ। | 31/12/2025 | 30/03/2026 | ਰੁ. 1,94,563.94 31.12.2025 ਤੋਂ ਗਿਣੇ ਜਾਣ ਵਾਲੇ ਮਹੀਨੇਵਾਰ ਵਿਰਾਮਾਂ ’ਤੇ 11.10% ਸਲਾਨਾ ਦੀ ਦਰ ’ਤੇ ਵਿਆਜ ਸਮੇਤ |

ਮਿਤੀ : 27.03.2026 ਸਥਾਨ : ਲੁਧਿਆਣਾ ਸਹੀ/- ਅਧਿਕਾਰਤ ਅਧਿਕਾਰੀ

# ਝਾਰਖੰਡ ਹਾਈ ਕੋਰਟ ਨੇ 1984 ਸਿੱਖ ਕਤਲੇਆਮ ਮੁਆਵਜ਼ੇ ਲਈ ਨਵਾਂ ਕਮਿਸ਼ਨ ਬਣਾਇਆ

## ☛ਪੁਰਾਣਾ ਕਮਿਸ਼ਨ ਜਸਟਿਸ ਡੀ.ਪੀ. ਸਿੰਘ ਦੀ ਮੌਤ ਕਾਰਨ ਖਤਮ ਹੋ ਗਿਆ ਸੀ

ਜਮਸ਼ੇਦਪੁਰ, 31 ਮਾਰਚ (ਚ.ਨ.ਸ): ਝਾਰਖੰਡ ਹਾਈ ਕੋਰਟ ਨੇ 1984 ਸਿੱਖ ਕਤਲੇਆਮ ਦੇ ਪੀੜਤਾਂ ਨੂੰ ਮੁਆਵਜ਼ਾ ਦੇਣ ਤੇ ਬਕਾਇਆ ਕੇਸਾਂ ਦੀ ਨਿਗਰਾਨੀ ਲਈ ਰਿਟਾਇਰਡ ਜਸਟਿਸ ਗੌਤਮ ਕੁਮਾਰ ਚੌਧਰੀ ਦੀ ਅਗਵਾਈ ਹੇਠ ਇੱਕ ਮੈਂਬਰੀ ਕਮਿਸ਼ਨ ਨਿਯੁਕਤ ਕੀਤਾ ਹੈ। ਇਹ ਫੈਸਲਾ ਚੀਫ਼ ਜਸਟਿਸ ਐਸ.ਐਮ. ਸੋਨਕ ਤੇ ਜਸਟਿਸ ਰਾਜੇਸ਼ ਸ਼ੰਕੇ ਦੀ ਬੈਂਚ ਨੇ ਪਬਲਿਕ ਇੰਟਰੈਸਟ ਲਿਟੀਗੇਸ਼ਨ ਦੀ ਸੁਣਵਾਈ ਦੌਰਾਨ ਕੀਤਾ। ਅਪੀਲਕਰਤਾ ਸਤਨਾਮ ਸਿੰਘ ਗੰਭੀਰ, ਜੋ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ (ਪੂਰਬੀ ਭਾਰਤ) ਦੇ ਪ੍ਰਧਾਨ ਹਨ, ਨੇ ਕਿਹਾ ਕਿ ਸਿੱਖ ਪੀੜਤਾਂ ਨੂੰ ਇਨਸਾਫ਼ ਮਿਲਣਾ ਬਹੁਤ ਜ਼ਰੂਰੀ ਹੈ। ਪੁਰਾਣਾ ਕਮਿਸ਼ਨ ਜਸਟਿਸ ਡੀ.ਪੀ. ਸਿੰਘ ਦੀ ਮੌਤ ਕਾਰਨ ਖਤਮ ਹੋ ਗਿਆ ਸੀ, ਇਸ ਲਈ ਨਵੀਂ ਨਿਯੁਕਤੀ ਲਾਜ਼ਮੀ ਸੀ। ਅਦਾਲਤ ਨੇ ਨਵੇਂ ਕਮਿਸ਼ਨ ਨੂੰ ਹੁਕਮ ਦਿੱਤਾ ਹੈ ਕਿ ਉਹ ਪੀੜਤਾਂ ਵੱਲੋਂ ਦਿੱਤੇ ਗਏ ਸਾਰੇ ਦਾਅਵਿਆਂ ਦੀ ਪੜਤਾਲ ਕਰੇ, ਉਨ੍ਹਾਂ ਦੀ ਪ੍ਰਮਾਣਿਕਤਾ ਦੀ ਪੁਸ਼ਟੀ ਕਰੇ ਤੇ ਵਿਸਥਾਰਪੂਰਵਕ ਰਿਪੋਰਟ ਪੇਸ਼ ਕਰੇ। ਜਸਟਿਸ ਚੌਧਰੀ ਨੇ ਕਿਹਾ ਕਿ ਸਾਡਾ ਮਕਸਦ ਹੈ ਕਿ ਹਰ ਪੀੜਤ ਦੀ ਆਵਾਜ਼ ਸੁਣੀ ਜਾਵੇ ਤੇ ਉਨ੍ਹਾਂ ਨੂੰ ਯੋਗ ਮੁਆਵਜ਼ਾ ਮਿਲੇ। ਇਸ ਫੈਸਲੇ ਨਾਲ ਉਨ੍ਹਾਂ ਸਿੱਖ ਪਰਿਵਾਰਾਂ ਵਿੱਚ ਉਮੀਦ ਜਾਗੀ ਹੈ ਜੋ ਅਜੇ ਵੀ ਇਨਸਾਫ਼ ਤੇ ਮੁਆਵਜ਼ੇ ਦੀ ਉਡੀਕ ਕਰ ਰਹੇ ਹਨ।



# ਗਿਆਨੀ ਹਰਪ੍ਰੀਤ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਸਮਾਣਾ ਮੋਰਚੇ ਦੀ ਹਮਾਇਤ ਕੀਤੀ

ਸੰਗਰੂਰ, 31 ਮਾਰਚ (ਚ.ਨ.ਸ): ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦਾ ਇਨਸਾਫ਼ ਨਾ ਮਿਲਣ ਕਰਕੇ ਸਿੱਖਾਂ ਅੰਦਰ ਅਜੇ ਵੀ ਰੋਹ ਜਿਉਂ ਦਾ ਤਿਉਂ ਹੈ। ਸਮੇਂ-ਸਮੇਂ ਬਣੀਆਂ ਸਰਕਾਰਾਂ ਨੇ ਬੇਅਦਬੀ ਮਾਮਲਿਆਂ ਨੂੰ ਗੰਭੀਰਤਾ ਨਾਲ ਨਹੀਂ ਲਿਆ। ਸੰਗਤ ਅੰਦਰ ਇਹ ਰੋਹ ਵੀ ਕਾਇਮ ਹੈ ਕਿ ਬਾਦਲ ਪਰਿਵਾਰ ਨੇ ਸਰਕਾਰ ਹੁੰਦਿਆਂ ਬੇਅਦਬੀ ਦੇ ਦੋਸ਼ੀਆਂ ਦੀ ਖੁੱਲ੍ਹੇਆਮ ਪੁਸ਼ਤਪਨਾਹੀ ਕੀਤੀ। ਉਨ੍ਹਾਂ ਇਹ ਦੋਸ਼ ਵੀ ਲਗਾਏ ਕਿ ਸ਼੍ਰੋਮਣੀ ਕਮੇਟੀ ਦੀਆਂ ਆਮ ਚੋਣਾਂ ਨੂੰ ਲਮਕਾਉਣ ਵਿੱਚ ਵੀ ਬਾਦਲ ਪਰਿਵਾਰ ਦੀ ਵੱਡੀ ਭੂਮਿਕਾ ਹੈ। ਉਨ੍ਹਾਂ ਸਰਕਾਰਾਂ ਨੂੰ ਸਿੱਖ ਵਿਚਾਰਧਾਰਾ ਦੀਆਂ ਵਿਰੋਧੀ ਦੱਸਦਿਆਂ ਕਿਹਾ ਕਿ ਸਿੱਖ ਵਿਰੋਧੀ ਸ਼ਕਤੀਆਂ ਪੂਰੀਆਂ ਸਰਗਰਮ ਹਨ। ਉਹ ਇਥੇ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਜਥੇਬੰਦੀ ਵੱਲੋਂ ਡਿਪਟੀ ਕਮਿਸ਼ਨਰ ਦੇ ਦਫ਼ਤਰ ਸਾਹਮਣੇ ਦਿੱਤੇ ਵਿਸ਼ਾਲ ਰੋਸ ਧਰਨੇ ਨੂੰ ਸੰਬੋਧਨ ਕਰ ਰਹੇ ਸਨ, ਇਹ ਧਰਨਾ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਵਿਰੁੱਧ ਸਖ਼ਤ ਸਜ਼ਾਵਾਂ ਦੇਣ ਵਾਲਾ ਕਾਨੂੰਨ ਬਣਾਉਣ ਤੇ ਸ਼੍ਰੋਮਣੀ ਕਮੇਟੀ ਦੀਆਂ ਆਮ ਚੋਣਾਂ ਤੁਰੰਤ ਕਰਵਾਉਣ ਦੀ ਮੰਗ ਨੂੰ ਲੈ ਕੇ ਸਮਾਣਾ ਟਾਵਰ ਮੋਰਚੇ ਦੀ ਹਮਾਇਤ ਵਿੱਚ ਦਿੱਤਾ ਗਿਆ। ਉਨ੍ਹਾਂ ਪਾਰਟੀ ਵੱਲੋਂ ਦਿੱਤੇ ਜਾ ਰਹੇ ਧਰਨਿਆਂ ਵਿੱਚ ਸੰਗਤ ਦੇ ਬੇਮਿਸਾਲ ਇਕੱਠਾਂ ਨੇ ਸਾਬਤ ਕਰ ਦਿੱਤਾ ਹੈ ਕਿ ਧਰਮੀ ਲੋਕਾਂ ਦੀ ਸਾਂਝ ਪਕੇਰੀ ਹੁੰਦੀ ਜਾ ਰਹੀ ਹੈ। ਸਮੁੱਚਾ ਪੰਥ ਇੱਕ ਦਿਨ ਪੰਥਕ ਸਿਧਾਂਤਾਂ 'ਤੇ ਪੰਜਾਬ ਦੇ ਭਲੇ ਲਈ ਇਕਜੁਟਤਾ ਨਾਲ ਅੱਗੇ ਵਧੇਗਾ। ਇਸ ਮੌਕੇ ਬੋਲਦਿਆਂ ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਕਿ ਕੁੱਝ ਤਾਕਤਾਂ ਸਿੱਖੀ ਵਿਚਾਰਧਾਰਾ ਉਪਰ ਹਮਲੇ ਕਰ ਰਹੀਆਂ ਹਨ। ਉਨ੍ਹਾਂ ਨੂੰ ਮਨ ਵਿਚੋਂ ਇਹ ਭੁਲੇਖਾ ਕੱਢ ਦੇਣਾ ਚਾਹੀਦਾ ਹੈ ਕਿ ਸਿਧਾਂਤਾਂ ਤੇ ਰਵਾਇਤਾਂ ਨੂੰ ਢਾਹ ਲਗਾ ਕੇ ਸਿਆਸਤ ਕਰ ਲੈਣਗੇ, ਜੋ ਵੀ ਅਕਾਲ ਤਖ਼ਤ ਨੂੰ ਪਿੱਠ ਦਿਖਾਏਗਾ ਉਸ ਨੂੰ ਕਲਗੀ ਨਹੀਂ ਲੱਗ ਸਕਦੀ। ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀਆਂ ਕੀਤੀਆਂ ਬੱਜਰ ਗ਼ਲਤੀਆਂ ਕਾਰਨ ਸਿੱਖ ਕੌਮ ਇਸ ਮੋੜ 'ਤੇ ਆ ਖੜ੍ਹੀ ਹੈ।



# ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਵੱਲੋਂ ਵਪਾਰੀਆਂ ਨਾਲ ਮੁਲਾਕਾਤ

## ☛ਐਮਐਲਏ ਧਾਲੀਵਾਲ, ਐਸ.ਡੀ.ਐਮ. ਅਜਨਾਲਾ ਤੇ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਦੇ ਨੁਮਾਇੰਦਿਆਂ ਵੱਲੋਂ ਸ਼ਿਰਕਤ

ਅਜਨਾਲਾ, 31 ਮਾਰਚ (ਸੁਖਦੇਵ ਸਿੰਘ ਖ਼ਾਲਸਾ): ਵਪਾਰੀ ਵਰਗ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਜਾਰੀ ਯਤਨਾਂ ਦੇ ਤਹਿਤ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਵੱਲੋਂ ਬੀਤੀ ਸ਼ਾਮ ਅਜਨਾਲਾ ਵਿਖੇ ਵਪਾਰੀਆਂ ਤੇ ਦੁਕਾਨਦਾਰਾਂ ਨਾਲ ਇੱਕ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਸਥਾਨਕ ਵਪਾਰੀਆਂ, ਜਨ ਪ੍ਰਤਿਨਿਧੀਆਂ ਤੇ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਮੀਟਿੰਗ ਦੌਰਾਨ ਵਪਾਰੀਆਂ ਵੱਲੋਂ ਆਪਣੇ ਕਾਰੋਬਾਰ ਨਾਲ ਸਬੰਧਤ ਕਈ ਮੁੱਦੇ ਉਠਾਏ ਗਏ। ਅਧਿਕਾਰੀਆਂ ਵੱਲੋਂ ਭਰੋਸਾ ਦਿਵਾਇਆ ਗਿਆ ਕਿ ਸਾਰੇ ਜਾਇਜ਼ ਮੁੱਦਿਆਂ ਦਾ ਸਮਾਂਬੱਧ ਢੰਗ ਨਾਲ ਨਿਪਟਾਰਾ ਕੀਤਾ ਜਾਵੇਗਾ। ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ, ਪ੍ਰਸ਼ਾਸਨਿਕ ਅਧਿਕਾਰੀਆਂ ਤੇ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੇ ਪ੍ਰਤਿਨਿਧੀਆਂ ਨੇ ਵਪਾਰੀਆਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ ਤੇ ਉਨ੍ਹਾਂ ਦੇ ਹੱਲ ਲਈ ਯਕੀਨ ਦਵਾਇਆ। ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੇ ਵਾਈਸ ਚੇਅਰਮੈਨ ਅਭਿਸ਼ੇਕ ਬਾਂਸਲ ਨੇ ਵੀ ਵਪਾਰੀਆਂ ਨੂੰ ਭਰੋਸਾ ਦਿਵਾਇਆ ਕਿ ਮੀਟਿੰਗ ਦੌਰਾਨ ਉਠਾਏ ਗਏ ਮੁੱਦਿਆਂ ਦਾ ਜਲਦ ਤੋਂ ਜਲਦ ਨਿਪਟਾਰਾ ਕੀਤਾ ਜਾਵੇਗਾ। ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਸਰਕਾਰ ਵੱਲੋਂ ਨਿਵੇਸ਼ ਨੂੰ ਆਕਰਸ਼ਿਤ ਕਰਨ ਤੇ ਵਪਾਰ-ਅਨੁਕੂਲ ਮਾਹੌਲ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਸਬ-ਡਵੀਜ਼ਨਲ ਮੈਜਿਸਟ੍ਰੇਟ ਅਜਨਾਲਾ ਅਸ਼ੋਕ ਕੁਮਾਰ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਮੀਟਿੰਗਾਂ ਦਾ ਉਦੇਸ਼ ਰਾਜ ਵਿੱਚ ਵਪਾਰ ਨੂੰ ਮਜ਼ਬੂਤ ਕਰਨਾ ਹੈ ਤਾਂ ਜੋ ਕਾਰੋਬਾਰ ਵਿੱਚ ਆ ਰਹੀਆਂ ਰੁਕਾਵਟਾਂ ਨੂੰ ਦੂਰ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਸਥਾਨਕ ਪੱਧਰ ਦੇ ਮੁੱਦਿਆਂ ਨੂੰ ਤਰਜੀਹ ਦੇ ਆਧਾਰ 'ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੱਲ ਕੀਤਾ ਜਾਵੇਗਾ, ਜਦਕਿ ਹੋਰ ਮੁੱਦਿਆਂ ਨੂੰ ਰਾਜ ਪੱਧਰ 'ਤੇ ਭੇਜਿਆ ਜਾਵੇਗਾ। ਇਸ ਮੌਕੇ ਹੋਰਾਂ ਤੋਂ ਇਲਾਵਾ ਰਮੇਸ਼ ਮਹਾਜਨ, ਹਰਪ੍ਰੀਤ ਸੋਹਲ, ਅਮਿਤ ਔਲ, ਅਮਿਤ ਪੁਰੀ ਵੀ ਹਾਜ਼ਰ ਸਨ।




# ਵਿਕਾਸ ਕਾਰਜਾਂ ਦੇ ਨਾਲ-ਨਾਲ ਲੋਕਾਂ ਦੀਆਂ ਮੁਸ਼ਕਿਲਾਂ ਵੀ ਕੀਤੀਆਂ ਜਾ ਰਹੀਆਂ ਨੇ ਹੱਲ: ਹਰਜੀਤ, ਸਿਕੰਦਰ ਸਿੰਘ

ਬਟਾਲਾ, 31 ਮਾਰਚ (ਬਲਵਿੰਦਰ ਸਿੰਘ ਪੰਜਗਰਾਈਂ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕਹਿੱਤ ਵਿੱਚ ਵੱਡੇ ਫੈਸਲੇ ਲਏ ਗਏ ਹਨ ਤੇ ਲੋਕ ਭਲਾਈ ਨੀਤੀਆਂ ਨੂੰ ਹੇਠਲੇ ਪੱਧਰ ਤੱਕ ਲਾਗੂ ਕੀਤਾ ਗਿਆ ਹੈ। ਇਹ ਪ੍ਰਗਟਾਵਾ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਅਧੀਨ ਆਉਂਦੇ ਪਿੰਡ ਖੋਜੇਵਾਲ ਦੇ ਬਲਾਕ ਪ੍ਰਧਾਨ ਹਰਜੀਤ ਸਿੰਘ ਮੱਲੀ ਤੇ ਸਾਬਕਾ ਸਰਪੰਚ ਸਿਕੰਦਰ ਸਿੰਘ ਖ਼ੈਹਿਰਾ ਨੇ, ਜ਼ਿਲ੍ਹਾ ਪ੍ਰਧਾਨ ਤੇ ਚੇਅਰਮੈਨ ਪਲਾਨਿੰਗ ਬੋਰਡ ਜੋਬਨ ਰੰਧਾਵਾ ਦੀ ਮੌਜੂਦਗੀ ਵਿੱਚ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਹਰ ਵਰਗ ਦੇ ਲੋਕਾਂ ਨੂੰ 600 ਯੂਨਿਟ ਬਿਜਲੀ ਮੁਫ਼ਤ ਤੇ ਨਿਰਵਿਘਨ ਮੁਹੱਈਆ ਕਰਵਾਈ ਜਾ ਰਹੀ ਹੈ। ਉਕਤ ਆਗੂਆਂ ਨੇ ਕਿਹਾ ਕਿ ਹਲਕਾ ਵਿਧਾਇਕ ਐਡ. ਅਮਰਪਾਲ ਸਿੰਘ ਨੇ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਹੈ, ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਤੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਹਲਕਾ ਵਿਧਾਇਕ ਰਾਹੀਂ ਪੂਰਾ ਕਰਵਾਇਆ ਜਾ ਰਿਹਾ ਹੈ ਤੇ ਫਿਰ ਹਲਕੇ ਦੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਦੁੱਖ-ਤਕਲੀਫਾਂ-ਮੁਸ਼ਕਿਲਾਂ ਨੂੰ ਹੱਲ ਕਰਵਾਇਆ ਜਾ ਰਿਹਾ ਹੈ।ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਅਧੀਨ ਆਉਂਦੇ ਪਿੰਡਾਂ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਪ੍ਰਧਾਨ ਖੋਜੇਵਾਲ ਤੇ ਸਰਪੰਚ ਕਰਨਾਮਾ ਨੇ ਕਿਹਾ ਕਿ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸੜਕਾਂ ਤੇ ਚੌਕਾਂ ਨੂੰ ਖੁੱਲ੍ਹਾ ਕੀਤਾ ਗਿਆ ਹੈ। ਸਰਕਾਰ ਵੱਲੋਂ ਬਟਾਲਾ ਵਿਖੇ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ, ਜਿਥੇ ਲੋਕਾਂ ਨੂੰ, ਇੱਕੋ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸਹੂਲਤਾਂ ਮੁਹੱਈਆ ਹੋ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਪਿੰਡਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਜਾ ਰਹੀ ਹੈ। ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਈ ਜਾ ਰਹੇ ਹਨ। ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਲਈ ਖੇਡ ਮੈਦਾਨ ਉਸਾਰੇ ਜਾ ਰਹੇ ਹਨ। ਪਿੰਡਾਂ ਵਿਚਲੀਆਂ ਲਿੰਕ ਸੜਕਾਂ ਦੇ ਨਿਰਮਾਣ ਕਾਰਜ ਕਰਵਾਏ ਜਾ ਰਹੇ ਹਨ। ਪਾਰਕਾਂ ਦੀ ਉਸਾਰੀ ਕੀਤੀ ਗਈ ਹੈ ਤੇ ਨਵੀਆਂ ਚੁਣੀਆਂ ਪੰਚਾਇਤਾਂ ਰਾਹੀਂ ਪਿੰਡਾਂ ਵਿੱਚ ਚਹੁੰਪਖੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਸ ਮੌਕੇ ਬਲਾਕ ਪ੍ਰਧਾਨ ਹਰਜੀਤ ਸਿੰਘ ਮੱਲੀ ਤੇ ਸਾਬਕਾ ਸਰਪੰਚ ਸਿਕੰਦਰ ਸਿੰਘ ਖਹਿਰਾ ਤੋਂ ਇਲਾਵਾ ਮਾਸਟਰ ਗੁਰਦੀਪ ਸਿੰਘ ਸਰਪੰਚ ਪੰਜਗਰਾਈਆਂ, ਸਾਬਕਾ ਬਲਾਕ ਪ੍ਰਧਾਨ ਕੁਲਵਿੰਦਰ ਸਿੰਘ ਬੱਬੀ, ਸਾਬਕਾ ਇੰਸਪੈਕਟਰ ਦਲਜੀਤ ਸਿੰਘ ਬਹਾਦਰ ਹੁਸੈਨ, ਭੁਪਿੰਦਰ ਸਿੰਘ ਬਾਜਵਾ, ਗੁਰਜੀਤ ਸਿੰਘ ਡੇਹਰੀ ਵਾਲਾ, ਪਰਮਜੀਤ ਸਿੰਘ, ਕੁਲਦੀਪ ਸਿੰਘ ਪੱਡਾ, ਹਰਜੀਤ ਸਿੰਘ ਤੇ ਹੋਰ ਵੀ ਅਨੇਕ ਆਪ ਆਗੂ ਮੌਜੂਦ ਸਨ।



# ਐਡ. ਸੇਖਵਾਂ ਦੀ ਮੌਜੂਦਗੀ 'ਚ ਨਵ-ਨਿਯੁਕਤ ਚੇਅਰਪਰਸਨ ਸ਼ਰਨਜੀਤ ਕੌਰ ਤੇ ਗੁਰਦੀਪ ਸਿੰਘ ਸੰਧੂ ਨੇ ਵਾਈਸ ਚੇਅਰਮੈਨ ਦਾ ਅਹੁਦਾ ਸੰਭਾਲਿਆ

ਗੁਰਦਾਸਪੁਰ, 31 ਮਾਰਚ (ਜਗੀਰ ਸਿੰਘ ਮੰਡ): ਕਾਦੀਆਂ ਦੇ ਹਲਕਾ ਇੰਚਾਰਜ ਜਗਰੂਪ ਸਿੰਘ ਸੇਖਵਾਂ ਦੀ ਮੌਜੂਦਗੀ ਵਿੱਚ ਧਾਰੀਵਾਲ ਬਲਾਕ ਸੰਮਤੀ ਦੀ ਨਵ-ਨਿਯੁਕਤ ਚੇਅਰਪਰਸਨ ਸ਼ਰਨਜੀਤ ਕੌਰ ਧਰਮਪਤਨੀ ਸਰਪੰਚ ਹਰਪਾਲ ਸਿੰਘ ਕੰਗ ਤੇ ਗੁਰਦੀਪ ਸਿੰਘ ਸੰਧੂ ਨੇ ਵਾਈਸ ਚੇਅਰਮੈਨ ਦਾ ਅਹੁਦਾ ਸੰਭਾਲਿਆ। ਇਸ ਮੌਕੇ ਬਲਾਕ ਸੰਮਤੀ ਦੇ ਨਵ-ਨਿਯੁਕਤ ਚੇਅਰਪਰਸਨ ਸ਼ਰਨਜੀਤ ਕੌਰ ਤੇ ਵਾਈਸ ਚੇਅਰਮੈਨ ਗੁਰਦੀਪ ਸਿੰਘ ਸੰਧੂ ਨੂੰ ਮੁਬਾਰਕਬਾਦ ਦਿੰਦਿਆਂ ਐਡ. ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਆਪ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ ਤੇ ਪਾਰਟੀ ਵਿੱਚ ਮਿਹਨਤ ਤੇ ਲਗਨ ਨਾਲ ਕੰਮ ਕਰਨ ਵਾਲੇ ਵਲੰਟੀਅਰਾਂ ਨੂੰ ਮਾਨ-ਸਤਿਕਾਰ ਦੇ ਰਹੀ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਪਾਰਟੀ ਵਲੰਟੀਅਰਾਂ ਨੂੰ ਉਨ੍ਹਾਂ ਦੀ ਮਿਹਨਤ ਤੇ ਲਗਨ ਅਨੁਸਾਰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।ਉਨ੍ਹਾਂ ਨੇ ਕਿਹਾ ਕਿ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਹਰੇਕ ਵਰਗ ਦੇ ਹਿੱਤ ਲਈ ਵਿਕਾਸ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ਗਤੀ ਪ੍ਰਦਾਨ ਕੀਤੀ ਜਾਵੇਗੀ ਤਾਂ ਜੋ ਲੋਕਾਂ ਨੂੰ ਸਹੂਲਤਾਂ ਜਲਦ ਤੋਂ ਜਲਦ ਲਾਭ ਪੁੱਜਦਾ ਹੋ ਸਕੇ। ਇਸ ਮੌਕੇ ਚੇਅਰਪਰਸਨ ਸ਼ਰਨਜੀਤ ਕੌਰ ਤੇ ਵਾਈਸ ਚੇਅਰਮੈਨ ਗੁਰਦੀਪ ਸਿੰਘ ਸੰਧੂ ਨੇ ਕਿਹਾ ਕਿ ਐਡ. ਜਗਰੂਪ ਸਿੰਘ ਸੇਖਵਾਂ ਵੱਲੋਂ ਜੋ ਜ਼ਿੰਮੇਵਾਰੀ ਸੌਂਪੀ ਗਈ, ਉਸਨੂੰ ਪੂਰੀ ਮਿਹਨਤ ਤੇ ਲਗਨ ਨਿਭਾਉਣਗੇ। ਇਸ ਮੌਕੇ ਬੀ.ਡੀ.ਪੀ.ਓ.ਧਾਰੀਵਾਲ ਕੁਲਜਿੰਦਰ ਸਿੰਘ ਚਾਹਲ, ਚੇਅਰਮੈਨ ਡਾ. ਜਸਪਾਲ ਸਿੰਘ ਪੰਧੇਰ, ਪ੍ਰਧਾਨ ਅਸ਼ਵਨੀ ਦੁੱਗਲ, ਸਰਪੰਚ ਗੁਰਸਾਹਿਬ ਸਿੰਘ ਦੇਵੀਦਾਸਪੁਰ, ਸਰਪੰਚ ਗੁਰਨਾਮ ਸਿੰਘ ਆਲੋਵਾਲ, ਸਰਪੰਚ ਗੁਰਦੇਵ ਸਿੰਘ ਤੁੰਗ, ਅਮਰਜੀਤ ਸਿੰਘ ਲਾਡੀ, ਸਰਪੰਚ ਜਤਿੰਦਰ ਜੱਜ, ਸਤੀਸ਼ ਸੋਹਲ, ਹਰਦੇਵ ਸਿੰਘ ਦੇਬੀ, ਨੌਨੀ ਖੋਸਲਾ, ਜਗਦੀਸ਼ ਧਾਰੀਵਾਲ, ਸੋਨੂੰ ਰੰਧਾਵਾ ਰਣੀਆ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਮਰਥਕ ਹਾਜ਼ਰ ਸਨ।



# ਈਰਾਨੀ ਸਮੁੰਦਰੀ ਫ਼ੌਜ ਮੁਖੀ ਦੀ ਮੌਤ: ਈਰਾਨ

ਤਹਿਰਾਨ, 31 ਮਾਰਚ (ਚ.ਨ.ਸ): ਈਰਾਨ ਨੇ ਰਿਵੋਲੂਸ਼ਨਰੀ ਗਾਰਡ ਦੇ ਸਮੁੰਦਰੀ ਫ਼ੌਜ ਦੇ ਮੁਖੀ ਅਲੀਰਜ਼ਾ ਤੰਗਸਿਰੀ ਦੀ ਮੌਤ ਦੀ ਪੁਸ਼ਟੀ ਕੀਤੀ। ਇਜ਼ਰਾਈਲ ਨੇ ਦਾਅਵਾ ਕੀਤਾ ਸੀ ਕਿ ਉਸ ਈਰਾਨੀ ਸਮੁੰਦਰੀ ਫ਼ੌਜ ਦੇ ਰਿਅਰ ਐਡਮਿਰਲ ਤੰਗਸਿਰੀ ਨੂੰ ਮਾਰ ਦਿੱਤਾ ਹੈ। ਸੋਮਵਾਰ ਨੂੰ ਈਰਾਨੀ ਸਰਕਾਰੀ ਟੈਲੀਵਿਜ਼ਨ ਉਤੇ ਰਿਵੋਲੂਸ਼ਨਰੀ ਗਾਰਡ ਦੇ ਇੱਕ ਬਿਆਨ ਵਿੱਚ ਕਿਹਾ ਕਿ ਤੰਗਸਿਰੀ ਦੀ ਗੰਭੀਰ ਰੂਪ ਨਾਲ ਜ਼ਖ਼ਮੀ ਹੋਣ ਤੋਂ ਬਾਅਦ ਮੌਤ ਹੋ ਗਈ।ਬਿਆਨ ਵਿੱਚ ਹੋਰਮੁਜ਼ੇ ਜਲਡਮਰੂਮੱਧ ਉਤੇ ਈਰਾਨ ਦਾ ਕੰਟਰੋਲ ਬਣਾਈ ਰੱਖਣ ਵਿੱਚ ਉਨ੍ਹਾਂ ਦੀਆਂ ਕੋਸ਼ਿਸ਼ਾਂ ਦੀ ਪ੍ਰਸ਼ੰਸਾ ਕੀਤੀ ਗਈ। ਇਸ ਦਰਮਿਆਨ, ਸਰਕਾਰੀ ਮੀਡੀਆ ਨੇ ਇਹ ਵੀ ਦੱਸਿਆ ਕਿ ਤੇਹਰਾਨ ਦੇ ਉਤਰ-ਪੱਛਮ ਵਿੱਚ ਲਗਭਗ 530 ਕਿਲੋਮੀਟਰ ਦੀ ਦੂਰੀ ਉਤੇ ਇੱਕ ਪੈਟਰੋ-ਰਸਾਇਣਿਕ ਸੈਂਟਰ ਉਤੇ ਹਮਲਾ ਹੋਇਆ। ਘਟਨਾ ਸਥਾਨ ਉਤੇ ਲੱਗੀ ਅੱਗ ਉਤੇ ਕਾਬੂ ਪਾ ਲਿਆ। ਈਰਾਨੀ ਮੀਡੀਆ ਦੇ ਅਨੁਸਾਰ ਦੇਸ਼ ਦੇ ਉਤਰੀ ਪ੍ਰਾਂਤ ਵਿੱਚ 'ਤਬਰੀਜ਼ ਪੈਟਰੋਕੈਮਿਕਲ' ਦੀ ਇੱਕ ਇਕਾਈ ਨੂੰ ਨਿਸ਼ਾਨਾ ਬਣਾਇਆ ਗਿਆ, ਪਰ ਰਾਹਤ ਦੀ ਗੱਲ ਇਹ ਹੈ ਕਿ ਹਮਲੇ ਤੋਂ ਬਾਅਦ ਕਿਸੇ ਵੀ ਖ਼ਤਰਨਾਕ ਪਦਾਰਥ ਦੇ ਰਿਸਾਅ ਦੀ ਕੋਈ ਜਾਣਕਾਰੀ ਨਹੀਂ ਹੈ। ਇਹ ਕੰਪਨੀ ਕੱਚੇ ਤੇਲ ਜਾਂ ਕੁਦਰਤੀ ਗੈਸ ਨੂੰ ਪ੍ਰੋਸੈਸ ਕਰਕੇ ਉਨ੍ਹਾਂ ਨੂੰ ਰਸਾਇਣਿਕ ਉਤਪਾਦਾਂ ਵਿੱਚ ਬਦਲਦੀ ਹੈ, ਜਿਨ੍ਹਾਂ ਦਾ ਇਸਤੇਮਾਲ ਪਲਾਸਟਿਕ ਤੇ ਹੋਰ ਰਸਾਇਣ ਬਣਾਉਣ ਵਿੱਚ ਹੁੰਦਾ ਹੈ।



# ਬਾਬਾ ਬੁੱਧ ਸਿੰਘ ਵੱਲੋਂ ਚੇਅਰਪਰਸਨ ਬੀਬੀ ਰਾਜਵਿੰਦਰ ਕੌਰ ਭਗਵਾਨਪੁਰ ਦਾ ਵਿਸ਼ੇਸ਼ ਸਨਮਾਨ

ਡੇਰਾ ਬਾਬਾ ਨਾਨਕ, 31 ਮਾਰਚ (ਹੈਪੀ ਕੋਟਲੀ): ਵਿਧਾਨ ਸਭਾ 2027 ਦੀਆਂ ਚੋਣਾਂ ਨੂੰ ਲੈ ਕੇ ਜਿਥੇ ਵੱਖ-ਵੱਖ ਸਿਆਸੀ ਪਾਰਟੀਆਂ ਵੱਲੋਂ ਹਲਕਾ ਡੇਰਾ ਬਾਬਾ ਨਾਨਕ 'ਚ ਸਰਗਰਮੀਆਂ ਵਿੱਢੀਆ ਹੋਈਆਂ ਹਨ ਤੇ ਵੱਖ-ਵੱਖ ਪਿੰਡਾਂ 'ਚ ਮੀਟਿੰਗਾਂ ਕਰਕੇ ਆਮ ਲੋਕਾਂ ਤੱਕ ਰਾਬਤਾ ਕੀਤਾ ਜਾ ਰਿਹਾ ਹੈ, ਉਥੇ ਹੀ ਜੱਗੂ ਭਗਵਾਨਪੁਰੀਆ ਦੇ ਪਰਿਵਾਰ ਵੱਲੋਂ ਹਲਕਾ ਡੇਰਾ ਬਾਬਾ ਨਾਨਕ 'ਚ ਆਪਣੀਆਂ ਗਤੀਵਿਧੀਆਂ ਤੇਜ਼ ਕੀਤੀਆਂ ਹੋਈਆਂ ਹਨ, ਹਲਕੇ ਦੇ ਲੋਕਾਂ ਨਾਲ ਜ਼ਮੀਨ ਪੱਧਰ 'ਤੇ ਸੰਪਰਕ ਬਣਾਇਆ ਹੋਇਆ ਹੈ ਤੇ ਲੋੜਵੰਦ ਬੇਸਹਾਰਾ, ਗਰੀਬ ਵਰਗ ਦੇ ਲੋਕਾਂ ਦੀ ਬਾਂਹ ਫੜੀ ਜਾ ਰਹੀ ਹੈ। ਖ਼ਾਸ ਕਰਕੇ ਜੱਗੂ ਭਗਵਾਨਪੁਰੀਆ ਦੇ ਪਰਿਵਾਰ ਵੱਲੋਂ ਬੇਸਹਾਰਾ ਤੇ ਗਰੀਬ ਵਰਗ ਦੀਆਂ ਲੜਕੀਆਂ ਦੇ ਵਿਆਹ ਮੌਕੇ 21000 ਹਜ਼ਾਰ ਰੁਪਏ ਨਗਦ ਸ਼ਗਨ ਵਜੋਂ ਦੇਣ ਦਾ ਐਲਾਨ ਕੀਤਾ ਗਿਆ।ਇਸੇ ਤਹਿਤ ਹੀ ਅੱਜ ਆਪਣੀਆਂ ਸਰਗਰਮੀਆਂ ਨੂੰ ਹੋਰ ਤੇਜ਼ ਕਰਦੇ ਹੋਏ ਬਲਾਕ ਸੰਮਤੀ ਡੇਰਾ ਬਾਬਾ ਨਾਨਕ ਦੇ ਨਵ-ਨਿਯੁਕਤ ਚੇਅਰਪਰਸਨ ਬੀਬੀ ਰਾਜਵਿੰਦਰ ਕੌਰ ਭਗਵਾਨਪੁਰ ਹਲਕੇ ਡੇਰਾ ਬਾਬਾ ਨਾਨਕ ਦੇ ਸੈਂਕੜੇ ਪੰਚਾਂ, ਸਰਪੰਚਾਂ ਤੇ ਬਲਾਕ ਸੰਮਤੀ ਮੈਂਬਰਾਂ ਦੀ ਹਾਜ਼ਰੀ 'ਚ ਬ੍ਰਹਮ ਗਿਆਨੀ ਸੰਤ ਬਾਬਾ ਹਜ਼ਾਰਾ ਸਿੰਘ ਜੀ ਨਿੱਕੇ ਘੁੰਮਣਾ ਵਾਲਿਆਂ ਦੇ ਅਸਥਨ 'ਤੇ ਨਤਮਸਤਕ ਹੋਣ ਲਈ ਪਹੁੰਚੇ ਜਿੱਥੇ ਬ੍ਰਹਮ ਗਿਆਨੀ ਸੰਤ ਬਾਬਾ ਹਜ਼ਾਰਾ ਸਿੰਘ ਜੀ ਨਿੱਕੇ ਘੁੰਮਣਾ ਵਾਲਿਆਂ ਦੇ ਪੋਤਰੇ ਬਾਬਾ ਬੁੱਧ ਸਿੰਘ ਵੱਲੋਂ ਚੇਅਰਪਰਸਨ ਬੀਬੀ ਰਾਜਵਿੰਦਰ ਕੌਰ ਭਗਵਾਨਪੁਰ, ਪੰਚਾਂ ਸਰਪੰਚਾਂ ਬਲਾਕ ਸੰਮਤੀ ਮੈਂਬਰਾਂ ਤੇ ਮੋਹਤਬਰ ਆਗੂਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਜਗਪਾਲ ਸਿੰਘ ਮਿੰਟਾਂ ਪਨਿਆੜ, ਮਹਿੰਦਰ ਸਿੰਘ ਸਰਪੰਚ ਨਿੱਕੋਸਰਾ, ਇੰਦਰਜੀਤ ਸਿੰਘ ਸ਼ਹਿਜ਼ਾਦਾ, ਸੁਖਵਿੰਦਰ ਸਿੰਘ ਸਰਪੰਚ ਤਲਵੰਡੀ ਰਾਮਾ, ਅਮਨ ਕਾਹਲੋਂ, ਜਸਬੀਰ ਸਿੰਘ ਵਡਾਲਾ ਬਾਗਰ, ਰਣਜੀਤ ਸਿੰਘ ਭੱਟੀ ਸਰਪੰਚ ਦਰਗਾਬਾਦ, ਨਿਰਮਲ ਸਿੰਘ ਸਰਪੰਚ ਮੋਹਲੋਵਾਲੀ, ਮਲਕੀਤ ਸਿੰਘ ਸਰਪੰਚ ਡੇਰਾ ਪਠਾਣਾ, ਦਲਬੀਰ ਸਿੰਘ ਸਰਪੰਚ ਕੋਟਲੀ, ਸੁਖਵਿੰਦਰ ਸਿੰਘ ਧਾਲੀਵਾਲ ਸਰਪੰਚ ਕੋਟਲੀ, ਬਲਬੀਰ ਸਿੰਘ ਬੀਰਾ ਸਰਪੰਚ ਰਾਏਚੱਕ, ਅਮਰਜੀਤ ਸਿੰਘ ਗੁਰਚੱਕ, ਮੇਜਰ ਸਿੰਘ ਠੇਠਰਕੇ, ਜੱਗੀ ਲਖਮਾਨੀਆ, ਗੁਰਪ੍ਰੀਤ ਸਿੰਘ ਸਰਪੰਚ ਰਹੀਮਾਬਾਦ, ਗੁਰਬਾਜ ਸਿੰਘ ਬਾਜਵਾ ਸਰਪੰਚ ਰਾਏਚੱਕ, ਅਮਨ ਸਰਪੰਚ ਅਦਾਲਤਪੁਰ, ਮੰਨਾ ਸਰਪੰਚ ਚੌੜਾ, ਰੱਜਤ ਕਲਾਨੌਰ, ਮਹਿਕਦੀਪ ਸਿੰਘ ਸਰਪੰਚ ਕਲਾਨੌਰ, ਗੋਲਡੀ ਸਰਪੰਚ ਭਗਠਾਨਾ ਤੁਲੀਆਂ, ਪ੍ਰਿਤਪਾਲ ਸਿੰਘ ਸਰਪੰਚ ਪਕੀਵਾ, ਟੋਨੀ ਮੁਸਤਰਾਪੁਰ, ਪ੍ਰਿੰਸਪਾਲ ਭਗਵਾਨਪੁਰ, ਰਾਵਲ ਭਗਵਾਨਪੁਰ ਆਦਿ ਹਾਜ਼ਰ ਸਨ।



# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਕਣਕ ਦੀ ਰਹਿੰਦ ਖੂੰਹਦ/ਪਰਾਲੀ ਨੂੰ ਅੱਗ ਲਗਾਉਣ 'ਤੇ ਪਾਬੰਦੀ

ਨਵਾਂਸ਼ਹਿਰ, 31 ਮਾਰਚ (ਸੁਖਦੇਵ ਸਿੰਘ ਉੜਾਪੜ): ਜ਼ਿਲ੍ਹਾ ਮੈਜਿਸਟਰੇਟ ਗੁਲਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਇੱਕ ਹੁਕਮ ਰਾਹੀਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਹਦੂਦ ਅੰਦਰ ਕਣਕ ਦੀ ਰਹਿੰਦ ਖੂੰਹਦ/ਪਰਾਲੀ/ਨਾੜ ਨੂੰ ਅੱਗ ਲਗਾਉਣ 'ਤੇ ਪਾਬੰਦੀ ਲਗਾ ਦਿੱਤੀ ਹੈ। ਜ਼ਿਲ੍ਹਾ ਮੈਜਿਸਟਰੇਟ ਨੇ ਆਪਣੇ ਹੁਕਮ ਵਿੱਚ ਸੱਪਸ਼ਟ ਕੀਤਾ ਹੈ ਕਿ ਰੱਬੀ ਸੀਜ਼ਨ 2026-27 ਮਿਤੀ 01.04.2026 ਤੋਂ ਸ਼ੁਰੂ ਹੋ ਗਿਆ ਹੈ। ਆਮ ਤੌਰ 'ਤੇ ਜ਼ਿੰਮੀਦਾਰ ਕਣਕ ਦੀ ਕਟਾਈ ਤੋਂ ਬਾਅਦ ਬਚ ਗਈ ਰਹਿੰਦ ਖੂੰਹਦ/ਪਰਾਲੀ/ਨਾੜ ਨੂੰ ਖੇਤਾਂ ਵਿੱਚ ਅੱਗ ਲਗਾ ਦਿੰਦੇ ਹਨ। ਜਿਸ ਨਾਲ ਵਾਤਾਵਰਨ, ਜੀਵ-ਜੰਤੂਆਂ, ਲਾਗੇ ਖੜ੍ਹੀ ਫਸਲ, ਸੜਕ ਦੇ ਕਿਨਾਰੇ ਲਗਾਏ ਬੂਟੇ/ਦਰਖ਼ਤਾਂ ਨੂੰ ਨੁਕਸਾਨ ਹੋਣ ਦਾ ਡਰ ਰਹਿੰਦਾ ਹੈ ਤੇ ਆਮ ਪਬਲਿਕ ਦੀ ਸਿਹਤ 'ਤੇ ਮਾੜਾ ਅਸਰ ਪੈਂਦਾ ਹੈ ਤੇ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਖਤਮ ਹੁੰਦੀ ਹੈ। ਇਸ ਲਈ ਕਣਕ ਦੀ ਰਹਿੰਦ ਖੂੰਹਦ/ਪਰਾਲੀ/ਨਾੜ ਨੂੰ ਅੱਗ ਲਗਾਉਣ 'ਤੇ ਪਾਬੰਦੀ ਲਗਾਈ ਗਈ ਹੈ। ਇਹ ਹੁਕਮ ਤੁਰੰਤ ਲਾਗੂ ਹੋ ਕੇ 31 ਮਈ 2026 ਤੱਕ ਲਾਗੂ ਰਹੇਗਾ।



# ਜ਼ਿਲ੍ਹੇ ਅਧੀਨ ਆਉਂਦੀਆਂ ਸਾਰੀਆਂ ਗੈਸ-ਏਜੰਸੀਆਂ ਕੋਲ ਘਰੇਲੂ ਗੈਸ ਸਿਲੰਡਰਾਂ ਦਾ ਲੋੜੀਂਦਾ ਸਟਾਕ ਉਪਲੱਬਧ: ਡੀ.ਸੀ. ਉਪਲ

## ☛ਜ਼ਿਲ੍ਹੇ ਦੇ ਪੈਟਰੋਲ ਪੰਪਾਂ 'ਤੇ ਪੈਟਰੋਲ ਤੇ ਡੀਜ਼ਲ ਦੀ ਵੀ ਕੋਈ ਘਾਟ ਨਹੀਂ

ਗੁਰਦਾਸਪੁਰ, 31 ਮਾਰਚ (ਜਗੀਰ ਸਿੰਘ ਮੰਡ/ਨਾਹਰ): ਡਿਪਟੀ ਕਮਿਸ਼ਨਰ ਆਦਿੱਤਿਆ ਉਪਲ ਵੱਲੋਂ ਜ਼ਿਲ੍ਹੇ ਦੀ ਆਮ ਜਨਤਾ ਨੂੰ ਅਪੀਲ ਕੀਤੀ ਗਈ ਹੈ ਕਿ ਘਰੇਲੂ ਗੈਸ ਸਿਲੰਡਰਾਂ ਤੇ ਪੈਟਰੋਲ/ਡੀਜ਼ਲ ਦੀ ਸਪਲਾਈ ਨੂੰ ਲੈ ਕੇ ਕਿਸੇ ਵੀ ਤਰ੍ਹਾਂ ਦੀ ਘਬਰਾਹਟ ਦੀ ਲੋੜ ਨਹੀਂ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਅਧੀਨ ਆਉਂਦੀਆਂ ਸਾਰੀਆਂ ਗੈਸ ਏਜੰਸੀਆਂ ਕੋਲ ਘਰੇਲੂ ਗੈਸ ਸਿਲੰਡਰਾਂ ਦਾ ਲੋੜੀਂਦਾ ਸਟਾਕ ਉਪਲੱਬਧ ਹੈ ਤੇ ਸਪਲਾਈ ਨਿਰੰਤਰ ਜਾਰੀ ਹੈ। ਲੋਕਾਂ ਦੀ ਸੁਵਿਧਾ ਨੂੰ ਧਿਆਨ ਵਿੱਚ ਰੱਖਦੇ ਹੋਏ ਗੈਸ ਦੀ ਬੁਕਿੰਗ ਲਈ ਸਮੇਂ-ਸੀਮਾ ਨਿਰਧਾਰਿਤ ਕੀਤੀ ਗਈ ਹੈ, ਜਿਸ ਅਨੁਸਾਰ ਪੇਂਡੂ ਖੇਤਰਾਂ ਵਿੱਚ 45 ਦਿਨਾਂ ਬਾਅਦ ਤੇ ਸ਼ਹਿਰੀ ਖੇਤਰਾਂ ਵਿੱਚ 25 ਦਿਨਾਂ ਬਾਅਦ ਹੀ ਗੈਸ ਸਿਲੰਡਰ ਬੁੱਕ ਕਰਵਾਇਆ ਜਾ ਸਕੇਗਾ। ਇਸ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਹਰ ਘਰ ਤੱਕ ਸਮੇਂ ਸਿਰ ਗੈਸ ਪਹੁੰਚ ਸਕੇ ਤੇ ਕਿਸੇ ਨੂੰ ਵੀ ਕਮੀ ਦਾ ਸਾਹਮਣਾ ਨਾ ਕਰਨਾ ਪਵੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਈ ਵਾਰ ਅਫ਼ਵਾਹਾਂ ਜਾਂ ਗਲਤ ਜਾਣਕਾਰੀ ਕਾਰਨ ਲੋਕ ਵੱਧ ਗੈਸ ਸਿਲੰਡਰ ਬੁੱਕ ਕਰਵਾ ਲੈਂਦੇ ਹਨ, ਜਿਸ ਨਾਲ ਹੋਰ ਲੋਕਾਂ ਨੂੰ ਮੁਸ਼ਕਿਲ ਆ ਸਕਦੀ ਹੈ। ਇਸ ਲਈ ਸਾਰੇ ਨਾਗਰਿਕਾਂ ਨੂੰ ਅਪੀਲ ਹੈ ਕਿ ਉਹ ਸਿਰਫ਼ ਆਪਣੀ ਲੋੜ ਅਨੁਸਾਰ ਹੀ ਗੈਸ ਬੁਕਿੰਗ ਕਰਵਾਉਣ ਤੇ ਪ੍ਰਸ਼ਾਸਨ ਨਾਲ ਸਹਿਯੋਗ ਕਰਨ। ਇਸ ਤੋਂ ਇਲਾਵਾ ਜ਼ਿਲ੍ਹੇ ਦੇ ਸਾਰੇ ਪੈਟਰੋਲ ਪੰਪਾਂ 'ਤੇ ਪੈਟਰੋਲ ਤੇ ਡੀਜ਼ਲ ਦੀ ਵੀ ਕੋਈ ਘਾਟ ਨਹੀਂ ਹੈ ਤੇ ਪੂਰਾ ਸਟਾਕ ਉਪਲਬਧ ਹੈ।ਇਸ ਲਈ ਲੋਕ ਪੈਨਿਕ ਹੋ ਕੇ ਵੱਧ ਮਾਤਰਾ ਵਿੱਚ ਪੈਟਰੋਲ ਜਾਂ ਡੀਜ਼ਲ ਖਰੀਦ ਕੇ ਘਰਾਂ ਵਿੱਚ ਇਕੱਠਾ ਨਾ ਕਰਨ। ਡਿਪਟੀ ਕਮਿਸ਼ਨਰ ਨੇ ਜਨਤਾ ਅਫ਼ਵਾਹਾਂ ਤੋਂ ਦੂਰ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਜ਼ਰੂਰੀ ਕਦਮ ਚੁੱਕਿਆ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਕੋਈ ਪ੍ਰੇਸ਼ਾਨੀ ਨਾ ਆਵੇ।



# 16 ਗ੍ਰਾਮ 30 ਮਿਲੀਗ੍ਰਾਮ ਹੈਰੋਇਨ ਤੇ 244 ਗ੍ਰਾਮ ਚਰਸ ਸਮੇਤ 3 ਦੋਸ਼ੀ ਗ੍ਰਿਫ਼ਤਾਰ

ਗੁਰਦਾਸਪੁਰ, 31 ਮਾਰਚ (ਜਗੀਰ ਸਿੰਘ ਮੰਡ): ਮਾਣਯੋਗ ਮੁੱਖ ਮੰਤਰੀ ਪੰਜਾਬ ਵੱਲੋਂ ਐਲਾਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਡਾਇਰੈਕਟਰ ਜਨਰਲ ਪੁਲਿਸ, ਪੰਜਾਬ ਤੇ ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਬਾਰਡਰ ਰੇਂਜ, ਅੰਮ੍ਰਿਤਸਰ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਅਨੁਸਾਰ ਥਾਣਾ ਤਿੱਬੜ ਵਿਖੇ ਅਨੁਰਾਗ ਨੂੰ ਕਾਬੂ ਕਰਕੇ ਉਸ ਕੋਲੋਂ 06 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ, ਜਿਸ 'ਤੇ ਦੋਸ਼ੀ ਦੇ ਖ਼ਿਲਾਫ ਮੁਕੱਦਮਾ ਬਾ-ਜੁਰਮ 21(ਬੀ)-61-85 NDPS Act ਥਾਣਾ ਤਿੱਬੜ ਵਿਖੇ ਦਰਜ ਕੀਤਾ ਗਿਆ। ਥਾਣਾ ਦੀਨਾਨਗਰ ਵਿਖੇ ਵਿਨੇ ਸ਼ਰਮਾ ਨੂੰ ਮੋਟਰਸਾਈਕਲ ਸਮੇਤ ਕਾਬੂ ਕਰਕੇ ਉਸ ਕੋਲੋਂ 10 ਗ੍ਰਾਮ 30 ਮਿਲੀਗ੍ਰਾਮ ਹੈਰੋਇਨ ਬ੍ਰਾਮਦ ਕੀਤੀ, ਜਿਸ 'ਤੇ ਦੋਸ਼ੀ ਦੇ ਖ਼ਿਲਾਫ ਮੁਕੱਦਮਾ ਬਾ-ਜੁਰਮ 21(ਬੀ)-61-85 NDPS Act ਥਾਣਾ ਦੀਨਾਨਗਰ ਵਿਖੇ ਦਰਜ ਕੀਤਾ ਗਿਆ। ਥਾਣਾ ਭੈਣੀ ਮੀਆਂ ਖਾਂ ਵਿਖੇ ਬਿੰਨੀ ਨੂੰ ਸਕੂਟਰੀ ਸਮੇਤ ਕਾਬੂ ਕਰਕੇ ਉਸ ਕੋਲੋਂ 244 ਗ੍ਰਾਮ ਚਰਸ ਬ੍ਰਾਮਦ ਕੀਤੀ ਗਈ, ਜਿਸ 'ਤੇ ਦੋਸ਼ੀ ਦੇ ਖ਼ਿਲਾਫ ਮੁਕੱਦਮਾ ਬਾ-ਜੁਰਮ 20(ਬੀ)-61-85 NDPS Act ਥਾਣਾ ਭੈਣੀ ਮੀਆਂ ਖਾਂ ਵਿਖੇ ਦਰਜ ਕੀਤਾ ਗਿਆ। ਆਦਿੱਤਯ ਆਈ.ਪੀ.ਐਸ. ਸੀਨੀਅਰ ਕਪਤਾਨ ਪੁਲਿਸ, ਗੁਰਦਾਸਪੁਰ ਨੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਗੈਰ-ਕਾਨੂੰਨੀ/ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਦੀ ਇਤਲਾਹ ਪੁਲਿਸ ਨੂੰ ਦਿੱਤੀ ਜਾਵੇ, ਗੈਰ-ਕਾਨੂੰਨੀ/ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਵਿਅਕਤੀਆਂ ਦੇ ਖ਼ਿਲਾਫ ਠੋਸ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਨਸ਼ਿਆਂ ਦੇ ਕਾਰੋਬਾਰ ਨੂੰ ਜੜ੍ਹ ਤੋਂ ਖਤਮ ਕਰਨ ਤੇ ਮਾੜੇ ਅਨਸਰਾਂ ਨੂੰ ਕਾਬੂ ਕਰਨ ਲਈ ਜ਼ਿਲ੍ਹਾ ਗੁਰਦਾਸਪੁਰ ਦੀ ਪੁਲਿਸ ਪੂਰੀ ਤਰ੍ਹਾਂ ਵਚਨਬੱਧ ਹੈ।



# ਵਿਧਾਇਕ ਜਿੰਪਾ ਵੱਲੋਂ ਬਿਲਾਸਪੁਰ-ਸਿੰਘਪੁਰ ਸੜਕ ਤੋਂ ਬਜਵਾੜਾ-ਬੁੱਲਾਂਵਾੜੀ ਤੱਕ ਸੜਕ ਨਿਰਮਾਣ ਕਾਰਜ ਦਾ ਸ਼ੁਭ ਆਰੰਭ



ਹੁਸ਼ਿਆਰਪੁਰ, 31 ਮਾਰਚ (ਦੀਪਕ ਅਗਨੀਹੋਤਰੀ): ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਬਿਲਾਸਪੁਰ-ਸਿੰਘਪੁਰ ਸੜਕ ਤੋਂ ਬਜਵਾੜਾ-ਬੁੱਲਾਂਵਾੜੀ ਤੱਕ ਸੜਕ ਨਿਰਮਾਣ ਕਾਰਜ ਦਾ ਸ਼ੁਭ ਆਰੰਭ ਕੀਤਾ। ਇਸ ਪ੍ਰੋਜੈਕਟ 'ਤੇ ਲਗਭਗ 295.36 ਲੱਖ ਦੀ ਲਾਗਤ ਆਵੇਗੀ ਤੇ ਇਹ ਲਗਭਗ 7.69 ਕਿਲੋਮੀਟਰ ਲੰਬੀ ਸੜਕ ਦਾ ਨਿਰਮਾਣ ਕੀਤਾ ਜਾ ਰਿਹਾ ਹੈ।ਵਿਧਾਇਕ ਜਿੰਪਾ ਨੇ ਕਿਹਾ ਕਿ ਇਸ ਸੜਕ ਦੇ ਨਿਰਮਾਣ ਨਾਲ ਇਲਾਕੇ ਦੇ ਲੋਕਾਂ ਲਈ ਆਵਾਜਾਈ ਵਿੱਚ ਕਾਫ਼ੀ ਸਹੂਲਤ ਮਿਲੇਗੀ ਤੇ ਪੇਂਡੂ ਖੇਤਰਾਂ ਤੇ ਸ਼ਹਿਰ ਵਿਚਕਾਰ ਸੰਪਰਕ ਮਜ਼ਬੂਤ ਹੋਵੇਗਾ। ਉਨ੍ਹਾਂ ਅੱਗੇ ਕਿਹਾ ਕਿ ਬਜਵਾੜਾ ਪਿੰਡ ਵਿੱਚ 400 ਮੀਟਰ ਲੰਬੀ ਕੰਕਰੀਟ ਸੜਕ ਵੀ ਬਣਾਈ ਜਾ ਰਹੀ ਹੈ, ਜੋ ਬਰਸਾਤ ਦੇ ਮੌਸਮ ਦੌਰਾਨ ਵਸਨੀਕਾਂ ਨੂੰ ਰਾਹਤ ਪ੍ਰਦਾਨ ਕਰੇਗੀ।ਉਨ੍ਹਾਂ ਅੱਗੇ ਕਿਹਾ ਕਿ ਸੁਚਾਰੂ ਤੇ ਸੁਰੱਖਿਅਤ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਬਜਵਾੜਾ ਪਿੰਡ ਤੋਂ ਬਿਲਾਸਪੁਰ ਤੇ ਨੰਗਲ ਸ਼ਹੀਦਾਂ ਪਿੰਡ ਤੱਕ ਸੜਕ ਦੀ ਚੌੜਾਈ 10 ਤੋਂ ਵਧਾ ਕੇ 14 ਫੁੱਟ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਖੇਤਰ ਦੇ ਵਿਕਾਸ ਨੂੰ ਨਵੀਂ ਗਤੀ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ।ਵਿਧਾਇਕ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਕੌਂਸਲਰ ਨਰਿੰਦਰ ਕੌਰ, ਮਨਜੀਤ ਸਿੰਘ, ਭਜਨ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕੁਲਜੀਤ ਸਿੰਘ, ਰਾਜਨ ਪ੍ਰਦੀਪ, ਵਿਜੇ ਅਗਰਵਾਲ, ਬਰਿੰਦਰ ਵੈਦ ਤੇ ਸੁਮੇਸ਼ ਸੋਨੀ ਸਮੇਤ ਹੋਰ ਪਤਵੰਤੇ ਵੀ ਮੌਜੂਦ ਸਨ।

# ਬਾਬਾ ਸਾਹਿਬ ਦੇ ਬੁੱਤ ਦੀ ਬੇਅਦਬੀ ਕਰਨ ਵਾਲਿਆਂ 'ਤੇ ਪੰਜਾਬ ਸਰਕਾਰ ਸਖ਼ਤ ਕਾਰਵਾਈ ਕਰੇ: ਜਸਵੀਰ ਪੁਰਖੋਵਾਲ

ਗੜ੍ਹਸ਼ੰਕਰ, 31 ਮਾਰਚ (ਅਜਮੇਰ ਸਿੰਘ ਭਨੋਟ): ਗੜ੍ਹਸ਼ੰਕਰ ਦੇ ਪਿੰਡ ਨੂਰਪੁਰ ਜੱਟਾਂ ਵਿਖੇ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਬੇਅਦਬੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ, ਇਸ ਬੇਅਦਬੀ ਵਾਰੇ ਖਾਲਿਸਤਾਨੀ ਗੁਰਪਤੰਵਨਤ ਪੰਨੂੰ ਵੱਲੋਂ ਵੀਡੀਓ ਸੋਸ਼ਲ ਮੀਡੀਆ ਦੇ ਉਪਰ ਸਾਂਝੀ ਕੀਤੀ ਗਈ ਹੈ।ਇਸ ਮੌਕੇ 'ਤੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਜਸਵੀਰ ਸਿੰਘ ਪੋਰਖੋਵਾਲ ਨੇ ਇਸ ਘਟਨਾ ਦੀ ਕੜੀ ਨਿੰਦਾ ਕੀਤੀ ਹੈ ਤੇ ਕਿਹਾ ਕਿ ਜਦੋਂ ਦੀ ਇਹ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਵਿੱਚ ਆਈ ਹੈ ਉਦੋਂ ਤੋਂ ਹੀ ਪੰਜਾਬ ਦੇ ਵਿੱਚ ਬਾਬਾ ਸਾਹਿਬ ਬੀਆਰ ਅੰਬੇਡਕਰ ਦੇ ਬੁੱਤ ਦੀਆਂ ਲਗਾਤਾਰ ਬੇਅਦਬੀਆਂ ਹੋ ਰਹੀਆਂ ਹਨ ਪਰ ਪੰਜਾਬ ਸਰਕਾਰ ਇਨ੍ਹਾਂ ਘਟਨਾਵਾਂ 'ਤੇ ਚੁੱਪ ਹੀ ਰਹੀ ਹੈ। ਉਨ੍ਹਾਂ ਦੋਸ਼ੀਆਂ 'ਤੇ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ। ਕਾਂਗਰਸ ਆਗੂ ਜਸਵੀਰ ਸਿੰਘ ਪੁਰਖੋਵਾਲ ਨੇ ਕਿਹਾ ਕਿ ਪਿੰਡ ਨੂਰਪੁਰ ਜੱਟਾਂ ਵਿਖੇ ਬਾਬਾ ਸਾਹਿਬ ਜੀ ਦੇ ਬੁੱਤ ਦੀ ਇਹ ਦੂਸਰੀ ਵਾਰ ਬੇਅਦਬੀ ਹੋਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਸਮੇਂ ਅਜਿਹੀਆਂ ਘਟਨਾਵਾਂ ਨਹੀਂ ਹੁੰਦੀਆਂ ਸਨ, ਪਰ ਅੱਜ ਪੰਜਾਬ ਦੇ ਵਿੱਚ ਪੁਲਿਸ ਦੀ ਢਿੱਲੀ ਕਾਰਵਾਈ ਹੋਣ ਦੇ ਕਾਰਨ ਲਗਾਤਾਰ ਇਹ ਘਟਨਾਵਾਂ ਵਾਪਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੇ ਜਿੱਥੇ ਵੀ ਬੁੱਤ ਹਨ ਉਨ੍ਹਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ, ਜੇਕਰ ਪੰਜਾਬ ਦੇ ਅੰਦਰ ਬਾਬਾ ਸਾਹਿਬ ਦੇ ਬੁੱਤਾਂ ਦੀ ਬੇਅਦਬੀ ਦੁਬਾਰਾ ਹੁੰਦੀ ਹੈ ਤਾਂ ਕਾਂਗਰਸ ਪਾਰਟੀ ਦੇ ਆਗੂ ਵੱਡਾ ਸੰਘਰਸ਼ ਕਰਨਗੇ।



# ਸੰਕਟ ਮੋਚਨ ਹਨੂੰਮਾਨ ਵੈਲਫੇਅਰ ਸੁਸਾਇਟੀ ਦੀ 14ਵੀਂ ਸਾਲਾਨਾ ਸ਼ੋਭਾ ਯਾਤਰਾ ਭਲਕੇ: ਅੱਜੂ ਤਲਵਾੜ, ਰੋਹਿਤ ਸ਼ਰਮਾ



ਗੜ੍ਹਦੀਵਾਲਾ, 31 ਮਾਰਚ (ਗੌਰਵ): ਸ੍ਰੀ ਸੰਕਟ ਮੋਚਨ ਹਨੂੰਮਾਨ ਵੈਲਫੇਅਰ ਸੁਸਾਇਟੀ ਗੜ੍ਹਦੀਵਾਲਾ ਦੀ ਇੱਕ ਮੀਟਿੰਗ ਪ੍ਰਧਾਨ ਅੱਜੂ ਤਲਵਾੜ ਤੇ ਉਪ-ਪ੍ਰਧਾਨ ਰੋਹਿਤ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਗਾਂਧੀ ਚੌਕ ਸਥਿਤ ਹਨੂੰਮਾਨ ਮੰਦਰ ਵਿਖੇ ਸਾਲਾਨਾ ਸ਼ੋਭਾ ਯਾਤਰਾ ਤੇ ਲੰਗਰ ਸਬੰਧੀ ਜਾਣਕਾਰੀ ਦਿੱਤੀ ਗਈ। ਸੁਸਾਇਟੀ ਦੇ ਪ੍ਰਧਾਨ ਅੱਜੂ ਤਲਵਾੜ ਨੇ ਦੱਸਿਆ ਕਿ ਹਨੂੰਮਾਨ ਮੰਦਰ ਵਿਖੇ 14ਵੀਂ ਸਾਲਾਨਾ ਸ਼ੋਭਾ ਯਾਤਰਾ ਤੇ ਲੰਗਰ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ 2 ਅਪ੍ਰੈਲ ਨੂੰ ਗਾਂਧੀ ਚੌਕ ਤੋਂ ਇੱਕ ਸ਼ੋਭਾ ਯਾਤਰਾ ਕੱਢੀ ਜਾਵੇਗਾ, ਜੋ ਸ਼ਹਿਰ ਦੇ ਵੱਖ-ਵੱਖ ਸਥਾਨਾਂ ਵਿੱਚੋਂ ਲੰਘਦਾ ਹੋਇਆ ਗਾਂਧੀ ਚੌਕ ਵਿਖੇ ਸਮਾਪਤ ਹੋਵੇਗਾ। ਇਸ ਤੋਂ ਬਾਅਦ 4 ਅਪ੍ਰੈਲ ਨੂੰ ਝੰਡਾ ਲਹਿਰਾਉਣ ਦੀ ਰਸਮ ਹੋਵੇਗੀ।

# ਪਿੰਡ ਫਤਿਹਪੁਰ 'ਚ ਖਰਾਬ ਪਾਈਪ ਲਾਈਨ ਕਾਰਨ ਗੰਦੇ ਪਾਣੀ ਦੀ ਸਪਲਾਈ, ਲੋਕ ਪ੍ਰੇਸ਼ਾਨ

ਤਲਵਾੜਾ, 31 ਮਾਰਚ (ਜਗਮੋਹਨ ਸ਼ਰਮਾ): ਪਿੰਡ ਫਤਿਹਪੁਰ ਵਿੱਚ ਪਿਛਲੇ ਕਾਫੀ ਸਮੇਂ ਤੋਂ ਖਰਾਬ ਪਈ ਵਾਟਰ ਸਪਲਾਈ ਪਾਈਪ ਲਾਈਨ ਕਾਰਨ ਗੰਦੇ ਤੇ ਪ੍ਰਦੂਸ਼ਿਤ ਪਾਣੀ ਦੀ ਸਪਲਾਈ ਹੋ ਰਹੀ ਹੈ, ਜਿਸ ਨਾਲ ਪਿੰਡ ਵਾਸੀਆਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਬੰਧੀ ਸਾਬਕਾ ਬਲਾਕ ਸੰਮਤੀ ਮੈਂਬਰ ਅਨਿਲ ਬਿੱਟੂ ਨੇ ਗੰਭੀਰ ਚਿੰਤਾ ਜਤਾਉਂਦੇ ਹੋਏ ਮਸਲੇ ਨੂੰ ਜਨਤਕ ਕੀਤਾ ਹੈ। ਅਨਿਲ ਬਿੱਟੂ ਨੇ ਦੱਸਿਆ ਕਿ ਮੁੱਖ ਪਾਣੀ ਦੀ ਪਾਈਪ ਲਾਈਨ ਕਾਫੀ ਸਮੇਂ ਤੋਂ ਖਰਾਬ ਪਈ ਹੋਈ ਹੈ, ਜਿਸ ਕਰਕੇ ਗੰਦਾ ਪਾਣੀ ਸਾਫ ਪਾਣੀ ਵਿੱਚ ਮਿਲ ਕੇ ਘਰਾਂ ਤੱਕ ਪਹੁੰਚ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸਮੱਸਿਆ ਬਾਰੇ ਕਈ ਵਾਰ ਸਬੰਧਤ ਵਾਟਰ ਸਪਲਾਈ ਵਿਭਾਗ ਨੂੰ ਸੂਚਿਤ ਕੀਤਾ ਗਿਆ ਹੈ, ਪਰ ਅਜੇ ਤੱਕ ਵਿਭਾਗ ਵੱਲੋਂ ਕੋਈ ਢੰਗ ਦੀ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਨੇ ਦੋਸ਼ ਲਗਾਇਆ ਕਿ ਵਿਭਾਗ ਦੀ ਲਾਪ੍ਰਵਾਹੀ ਕਾਰਨ ਖਰਾਬ ਪਾਈਪ ਲਾਈਨ ਰਾਹੀਂ ਗੰਦਾ ਤੇ ਪ੍ਰਦੂਸ਼ਿਤ ਪਾਣੀ ਸਪਲਾਈ ਕੀਤਾ ਜਾ ਰਿਹਾ ਹੈ, ਜੋ ਲੋਕਾਂ ਦੀ ਸਿਹਤ ਲਈ ਗੰਭੀਰ ਖਤਰਾ ਬਣ ਸਕਦਾ ਹੈ। ਇਸ ਨਾਲ ਨਾ ਸਿਰਫ਼ ਪਿੰਡ ਫਤਿਹਪੁਰ ਦੇ ਵਾਸੀ ਪ੍ਰਭਾਵਿਤ ਹੋ ਰਹੇ ਹਨ, ਸਗੋਂ ਨੇੜਲੇ ਹੋਰ ਪੰਜ ਪਿੰਡਾਂ ਵਿੱਚ ਵੀ ਇਹ ਗੰਦਾ ਪਾਣੀ ਸਪਲਾਈ ਹੋ ਰਿਹਾ ਹੈ। ਪਿੰਡ ਵਾਸੀਆਂ ਨੇ ਵੀ ਦੱਸਿਆ ਕਿ ਉਨ੍ਹਾਂ ਨੂੰ ਪੀਣ ਵਾਲੇ ਸਾਫ ਪਾਣੀ ਦੀ ਕਮੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਕਈ ਘਰਾਂ ਵਿੱਚ ਬਿਮਾਰੀਆਂ ਫੈਲਣ ਦਾ ਡਰ ਬਣਿਆ ਹੋਇਆ ਹੈ। ਲੋਕਾਂ ਨੇ ਕਿਹਾ ਕਿ ਜੇਕਰ ਜਲਦੀ ਇਸ ਸਮੱਸਿਆ ਦਾ ਹੱਲ ਨਾ ਕੀਤਾ ਗਿਆ ਤਾਂ ਸਥਿਤੀ ਹੋਰ ਵੀ ਗੰਭੀਰ ਹੋ ਸਕਦੀ ਹੈ। ਅਨਿਲ ਬਿੱਟੂ ਨੇ ਪ੍ਰਸ਼ਾਸਨ ਤੋਂ ਜ਼ੋਰਦਾਰ ਮੰਗ ਕਰਦੇ ਹੋਏ ਕਿਹਾ ਕਿ ਇਸ ਮਾਮਲੇ ਨੂੰ ਤੁਰੰਤ ਗੰਭੀਰਤਾ ਨਾਲ ਲਿਆ ਜਾਵੇ, ਖਰਾਬ ਪਾਈਪ ਲਾਈਨ ਦੀ ਮੁਰੰਮਤ ਕਰਵਾਈ ਜਾਵੇ ਤੇ ਇਸ ਲਾਪ੍ਰਵਾਹੀ ਲਈ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਪਿੰਡ ਫਤਿਹਪੁਰ ਦੇ ਕਈ ਵਾਸੀ ਵੀ ਮੌਜੂਦ ਸਨ, ਜਿਨ੍ਹਾਂ ਨੇ ਇਕਸੁਰ ਹੋ ਕੇ ਪ੍ਰਸ਼ਾਸਨ ਤੋਂ ਜਲਦੀ ਹੱਲ ਦੀ ਮੰਗ ਕੀਤੀ।

# ਤੇਜਾ ਕਲਾਂ ਵਿਖੇ 36ਵਾਂ ਪੰਚਾਇਤੀ ਟੂਰਨਾਮੈਂਟ ਕਰਵਾਇਆ



ਫਤਹਿਗੜ੍ਹ ਚੂੜੀਆਂ, 31 ਮਾਰਚ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਦੇ ਨਜ਼ਦੀਕ ਪਿੰਡ ਤੇਜਾ ਕਲਾਂ ਵਿਖੇ ਧੰਨ-ਧੰਨ ਬਾਬਾ ਬੁੱਢਾ ਸਾਹਿਬ ਜੀ ਸਪੋਰਟਸ ਕਲੱਬ ਪਿੰਡ ਤੇਜਾ ਕਲਾਂ ਦਾ 36ਵਾਂ ਪੰਚਾਇਤੀ ਟੂਰਨਾਮੈਂਟ ਕਰਵਾਇਆ ਗਿਆ, ਜਿਸ ਵਿੱਚ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂੰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਜਿਨ੍ਹਾਂ ਨੇ ਜੇਤੂ ਖਿਡਾਰੀਆਂ ਨੂੰ ਇਨਾਮ ਵੰਡ ਕੇ ਸਨਮਾਨਤ ਵੀ ਕੀਤਾ। ਇਸ ਟੂਰਨਾਮੈਂਟ ਦਾ ਫਾਈਨਲ ਮੈਚ ਪਿੰਡ ਤੇਜਾ ਕਲਾਂ ਤੇ ਕੋਟਲਾ ਸੁਲਤਾਨ ਸਿੰਘ ਵਿਚਕਾਰ ਹੋਇਆ।ਜਿਸ ਵਿੱਚ ਤੇਜਾ ਦੀ ਟੀਮ ਜੇਤੂ ਰਹੀ। ਇਸ ਮੌਕੇ ਸਰਪੰਚ ਧਰਮਬੀਰ ਸਿੰਘ ਧੰਮਾ ਸਰਕਾਰੀਆ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ ਫ਼ੌਜੀ, ਸੁਰਜਨ ਸਿੰਘ ਮੰਡ ਸਰਪੰਚ ਦਾਬਾਂਵਾਲ ਖੁਰਦ, ਬਾਬਾ ਹਰਭਜਨ ਸਿੰਘ ਜੀ ਭੂਰੀ ਵਾਲੇ, ਬਾਬਾ ਲਵਪ੍ਰੀਤ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ ਤੇਜਾ ਕਲਾਂ, ਗੁਰਮੀਤ ਸਿੰਘ, ਦਵਿੰਦਰ ਸਿੰਘ, ਮਨਪ੍ਰੀਤ ਸਿੰਘ, ਰਮਨ ਸਰਕਾਰੀਆ, ਨਰਿੰਦਰ ਸਿੰਘ ਫ਼ੌਜੀ, ਪਰਦੀਪ ਸਿੰਘ ਸਰਕਾਰੀਆ, ਸਰਪੰਚ ਗੁਰਪ੍ਰੀਤ ਸਿੰਘ ਖੋਦੇ ਬਾਂਗਰ, ਮੈਂਬਰ ਸੁਰਜੀਤ ਸਿੰਘ, ਮੈਂਬਰ ਸੁਵਿੰਦਰ ਸਿੰਘ, ਮੈਂਬਰ ਮੁੱਖਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਸ-ਪਾਸ ਦੇ ਪਿੰਡਾਂ ਦੇ ਲੋਕ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਵੀ ਹਾਜ਼ਰ ਸਨ।

# 6 ਸਾਲ ਦੇ ਮਾਸੂਮ ਦਾ ਕਤਲ ਕਰਨ ਵਾਲੀ ਮਾਂ ਨੂੰ ਅਦਾਲਤ ਨੇ ਸੁਣਾਈ ਉਮਰ ਕੈਦ ਦੀ ਸਜ਼ਾ

ਜਲੰਧਰ, 31 ਮਾਰਚ (ਚ.ਨ.ਸ): ਜਲੰਧਰ ਜ਼ਿਲ੍ਹੇ ਦੇ ਪਿੰਡ ਸੋਹਲ ਜਾਗੀਰ ਦਾ 6 ਸਾਲਾ ਅਰਸ਼ਪ੍ਰੀਤ ਸਿੰਘ ਪਰਿਵਾਰ ਦਾ ਇਕਲੌਤਾ ਪੁੱਤਰ ਸੀ ਤੇ ਉਸ ਦਾ ਉਸ ਦੀ ਮਾਂ ਨੇ ਹੀ ਚਾਕੂ ਮਾਰ ਕੇ ਕਤਲ ਦਿੱਤਾ। ਕਤਲ ਦਾ ਕਾਰਨ ਸਿਰਫ਼ ਇਹ ਸੀ ਕਿ 6 ਸਾਲਾ ਅਰਸ਼ਪ੍ਰੀਤ ਆਪਣੀ ਦਾਦੀ ਨਾਲ ਬਹੁਤ ਜ਼ਿਆਦਾ ਪਿਆਰ ਕਰਦਾ ਸੀ ਤੇ ਉਸ ਨਾਲ ਸੌਣ ਦੀ ਜ਼ਿੱਦ ਕਰਦਾ ਸੀ। ਇਸ ਕਤਲ ਕੇਸ ਵਿੱਚ ਅਦਾਲਤ ਨੇ ਦੋਸ਼ੀ ਮਾਂ ਕੁਲਵਿੰਦਰ ਕੌਰ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ ਤੇ 50,000 ਦਾ ਜੁਰਮਾਨਾ ਲਗਾਇਆ ਹੈ। ਇਹ ਘਟਨਾ 8 ਜੂਨ 2020 ਦੀ ਹੈ। ਦੋਸ਼ੀ ਔਰਤ ਨੇ ਆਪਣੇ ਪੁੱਤਰ ਨੂੰ ਉਸ ਸਮੇਂ ਮਾਰ ਦਿੱਤਾ ਜਦੋਂ ਬੱਚਾ ਆਪਣੇ ਦਾਦਾ-ਦਾਦੀ ਨਾਲ ਸੌਣ ਲਈ ਜ਼ੋਰ ਦੇ ਰਿਹਾ ਸੀ। ਘਟਨਾ ਤੋਂ ਬਾਅਦ ਪੁਲਿਸ ਨੇ ਮਾਮਲਾ ਦਰਜ ਕੀਤਾ ਤੇ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਸੀ।ਆਪਣੇ ਬਿਆਨ ਵਿੱਚ ਅਵਤਾਰ ਸਿੰਘ ਨੇ ਦੱਸਿਆ ਕਿ ਉਸਦਾ ਪੋਤਾ ਅਰਸ਼ਪ੍ਰੀਤ ਸਿੰਘ ਆਪਣੀ ਦਾਦੀ ਚਰਨਜੀਤ ਕੌਰ ਦੇ ਬਹੁਤ ਨੇੜੇ ਸੀ ਤੇ ਉਸਨੂੰ ਬਹੁਤ ਪਿਆਰ ਕਰਦਾ ਸੀ। ਪਰ ਦਾਦੀ ਪੋਤੇ ਦਾ ਇਹ ਪਿਆਰ ਸਾਡੀ ਨੂੰਹ ਕੁਲਵਿੰਦਰ ਕੌਰ ਨੂੰ ਰਾਸ ਨਹੀਂ ਆਉਂਦਾ ਸੀ, ਜਿਸ ਨੂੰ ਲੈ ਕੇ ਪਰਿਵਾਰ ਦੇ ਹੋਰ ਮੈਂਬਰਾਂ ਵਿਚਕਾਰ ਅਕਸਰ ਬਹਿਸ ਹੁੰਦੀ ਰਹਿੰਦੀ ਸੀ। 8 ਜੂਨ 2020 ਨੂੰ ਜਦੋਂ ਬੱਚਾ ਇੱਕ ਵਾਰ ਫਿਰ ਆਪਣੀ ਦਾਦੀ ਨਾਲ ਸੌਣ 'ਤੇ ਜ਼ੋਰ ਦਿੰਦਾ ਸੀ ਤਾਂ ਝਗੜਾ ਇਸ ਹੱਦ ਤੱਕ ਵੱਧ ਗਿਆ ਕਿ ਰਾਤ ਨੂੰ ਕੁਲਵਿੰਦਰ ਨੇ ਉਸ ਦੇ ਪੁੱਤਰ ਦਾ ਕਤਲ ਕਰ ਦਿੱਤਾ।ਦੋਸ਼ ਹੈ ਕਿ ਕੁਲਵਿੰਦਰ ਕੌਰ ਨੇ ਮੌਕੇ ਤੋਂ ਭੱਜਣ ਤੋਂ ਪਹਿਲਾਂ ਆਪਣੇ ਪੁੱਤਰ ਦੇ ਪੇਟ ਵਿੱਚ ਦੋ ਵਾਰ ਚਾਕੂ ਮਾਰਿਆ ਸੀ। ਘਟਨਾ ਤੋਂ ਬਾਅਦ ਪੁਲਿਸ ਨੇ ਜਾਂਚ ਸ਼ੁਰੂ ਕੀਤੀ ਤੇ ਕਤਲ ਲਈ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ। ਗਵਾਹਾਂ ਦੇ ਬਿਆਨਾਂ, ਸਬੂਤਾਂ ਤੇ ਜਾਂਚ ਦੇ ਨਤੀਜਿਆਂ ਦੇ ਆਧਾਰ 'ਤੇ ਅਦਾਲਤ ਨੇ ਕੁਲਵਿੰਦਰ ਕੌਰ ਨੂੰ ਦੋਸ਼ੀ ਪਾਇਆ। ਅਜਿਹੇ ਅਪਰਾਧ ਲਈ ਸਖ਼ਤ ਸਜ਼ਾ ਦੇਣਾ ਬਹੁਤ ਜ਼ਰੂਰੀ ਹੈ ਤਾਂ ਜੋ ਸਮਾਜ ਨੂੰ ਇੱਕ ਸਪੱਸ਼ਟ ਸੁਨੇਹਾ ਭੇਜਿਆ ਜਾ ਸਕੇ।

# ਅਮਰੀਕਾ 'ਚ ਮਾਨਸਿਕ ਸਿਹਤ ਸੰਕਟ ਹੋਇਆ ਡੂੰਘਾ, ਵਧਦੇ ਇਲਾਜ ਦੇ ਬਾਵਜੂਦ ਹਾਲਾਤ ਚਿੰਤਾਜਨਕ

ਵਾਸ਼ਿੰਗਟਨ, 31 ਮਾਰਚ (ਚ.ਨ.ਸ): ਅਮਰੀਕਾ ਜਿਹੜੀ ਮਾਨਸਿਕ ਸਿਹਤ ਆਫ਼ਤ ਨਾਲ ਜੂਝ ਰਿਹਾ ਹੈ, ਉਹ ਕੋਈ ਅਚਾਨਕ ਆਈ ਤ੍ਰਾਸ਼ਦੀ ਨਹੀਂ ਹੈ, ਬਲਕਿ ਸਾਲਾਂ ਦੀ ਨੀਤੀਗਤ ਲਾਪ੍ਰਵਾਹੀ ਤੇ ਸੱਤਾ ਦੇ ਹੰਕਾਰ ਦਾ ਨਤੀਜਾ ਹੈ ਤੇ ਇਸ ਨਾਕਾਮੀ ਦੇ ਕੇਂਦਰ 'ਚ ਖੜ੍ਹੇ ਦਿਖਾਈ ਦਿੰਦੇ ਹਨ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ, ਜਿਨ੍ਹਾਂ ਦੇ ਦੌਰ ਦੀਆਂ ਨੀਤੀਆਂ ਨੇ ਸਿਹਤ ਪ੍ਰਬੰਧਾਂ ਨੂੰ ਸੁਧਾਰਨ ਦੀ ਬਜਾਏ ਉਸ ਨੂੰ ਮੁਨਾਫਾਖੋਰੀ ਦੀ ਮੰਡੀ 'ਚ ਬਦਲ ਦਿੱਤਾ। ਇਲਾਜ ਦੇ ਨਾਂ 'ਤੇ ਦਿਖਾਵਾ, ਜ਼ਮੀਨ 'ਤੇ ਤਬਾਹੀ ਅਮਰੀਕਾ 'ਚ ਮਾਨਸਿਕ ਸਿਹਤ ਸੇਵਾਵਾਂ ਦਾ ਵਿਸਥਾਰ ਭਾਵੇਂ ਕਾਗਜ਼ਾਂ 'ਤੇ ਇਤਿਹਾਸਕ ਦੱਸਿਆ ਜਾ ਰਿਹਾ ਹੋਵੇ ਪਰ ਸੱਚਾਈ ਇਹ ਹੈ ਕਿ ਇਹ ਪੂਰਾ ਢਾਂਚਾ ਖੋਖਲਾ ਸਾਬਿਤ ਹੋਇਆ ਹੈ। 2002 ਤੋਂ 2024 ਤੱਕ ਇਲਾਜ ਲੈਣ ਵਾਲਿਆਂ ਦੀ ਗਿਣਤੀ ਦੁੱਗਣੀ ਹੋ ਕੇ ਕਰੀਬ ਛੇ ਕਰੋੜ ਤੱਕ ਪਹੁੰਚ ਗਈ ਪਰ ਇਸਦੇ ਨਾਲ ਹੀ ਤਣਾਅ ਤੇ ਆਤਮਹੱਤਿਆ ਦੇ ਮਾਮਲਿਆਂ 'ਚ ਧਮਾਕੇਦਾਰ ਵਾਧਾ ਹੋਇਆ। ਇਹ ਸਿੱਧਾ-ਸਿੱਧਾ ਨੀਤੀਗਤ ਨਾਕਾਮੀ ਦਾ ਸਬੂਤ ਹੈ। ਟਰੰਪ ਪ੍ਰਸ਼ਾਸਨ ਨੇ ਸਿਹਤ ਪ੍ਰਬੰਧਾਂ ਨੂੰ ਮਨੁੱਖੀ ਸੇਵਾ ਤੋਂ ਹਟਾ ਕੇ ਲਾਗਤ ਤੇ



ਮੁਨਾਫ਼ੇ ਦੇ ਕੰਢੇ 'ਤੇ ਤੋਲ ਦਿੱਤਾ, ਜਿਥੇ ਮਰੀਜ਼ ਦੀ ਤਕਲੀਫ ਨਹੀਂ, ਬਲਕਿ ਬਿਲਿੰਗ ਤੇ ਅੰਕੜੇ ਪਹਿਲ ਬਣ ਗਏ। **ਸਿਸਟਮ ਨਹੀਂ, ਮੁਨਾਫ਼ੇ ਦਾ ਸਿੰਡੀਕੇਟ ਖੜ੍ਹਾ ਕੀਤਾ:** ਟਰੰਪ ਜਿਸ ਤਰ੍ਹਾਂ ਨਿੱਜੀਕਰਨ ਨੂੰ ਹੱਲਾਸ਼ੇਰੀ ਦਿੰਦਾ ਗਿਆ, ਉਸਨੇ ਮਾਨਸਿਕ ਸਿਹਤ ਸੈਕਟਰ ਨੂੰ ਕਾਰਪੋਰੇਟ ਲਾਲਚ ਦੇ ਹਵਾਲੇ ਕਰ ਦਿੱਤਾ। ਨਤੀਜਾ, ਫ਼ਰਜ਼ੀ ਬਿਲਿੰਗ, ਰਿਕਾਰਡ 'ਚ ਹੇਰਫੇਰ ਤੇ ਬਿਨਾਂ ਲੋੜ ਦੇ ਇਲਾਜ ਦਾ ਜਾਲ। ਮਾਹਿਰ ਸਾਫ ਕਹਿ ਰਹੇ ਹਨ ਕਿ ਇਹ ਸਿਸਟਮ ਹੁਣ ਇਲਾਜ ਦਾ ਨਹੀਂ, ਕਮਾਈ ਦੀ ਖੇਡ ਬਣ ਚੁੱਕਾ ਹੈ। ਮਰੀਜ਼ਾਂ ਨੂੰ ਠੀਕ ਕਰਨ ਦੀ ਬਜਾਏ ਉਨ੍ਹਾਂ ਨੂੰ ਲੰਬੇ ਇਲਾਜ ਦੇ ਚੱਕਰ 'ਚ ਫਸਾਈ ਰੱਖਣਾ ਹੀ ਇਸ ਮਾਡਲ ਦੀ ਅਸਲ ਸੱਚਾਈ ਹੈ।**ਆਮ ਜੀਵਨ ਨੂੰ ਵੀ ਬਿਮਾਰੀ ਬਣਾਇਆ:** ਹਾਲਤ ਇੰਨੀ ਵਿਗੜ ਚੁੱਕੀ ਹੈ ਕਿ ਹੁਣ ਆਮ ਤਣਾਅ, ਅਸਫਲਤਾ ਜਾਂ ਭਾਵਨਾਤਮਕ ਉਤਰਾਅ-ਚੜ੍ਹਾਅ ਨੂੰ ਵੀ ਮਾਨਸਿਕ ਬਿਮਾਰੀ ਦਾ ਟੈਗ ਦਿੱਤਾ ਜਾ ਰਿਹਾ ਹੈ। ਖ਼ਾਸ ਕਰਕੇ ਬੱਚਿਆਂ ਤੇ ਨੌਜਵਾਨਾਂ ਨੂੰ ਬਿਨਾਂ ਠੋਸ ਮੁਲਾਂਕਣ ਦੇ ਦਵਾਈਆਂ ਦੇ ਸਹਾਰੇ ਧੱਕਿਆ ਜਾ ਰਿਹਾ ਹੈ। ਇਹ ਸਿਰਫ ਮੈਡੀਕਲ ਦੀ ਗ਼ਲਤੀ ਨਹੀਂ, ਬਲਕਿ ਉਸ ਨੀਤੀਗਤ ਸੋਚ ਦਾ ਵੀ ਸਿੱਟਾ ਹੈ, ਜਿਸਨੇ ਹਰ ਸਮੱਸਿਆ ਦਾ ਹੱਲ ਦਵਾਈ ਤੇ ਬਿੱਲ 'ਚ ਲੱਭਿਆ ਤੇ ਇਹੀ ਸੋਚ ਟਰੰਪ 'ਚ ਸਭ ਤੋਂ ਹਮਲਾਵਰ ਰੂਪ ਨਾਲ ਸਾਹਮਣੇ ਆਈ।

# 15,000 ਕਰੋੜ ਦੀਆਂ ਜਾਇਦਾਦਾਂ ਸੁਪਰੀਮ ਕੋਰਟ ਕਮੇਟੀ ਹਵਾਲੇ

## ☛ਪਰਲਜ਼ ਗਰੁੱਪ ਵੱਲੋਂ ਠੱਗੇ ਨਿਵੇਸ਼ਕਾਂ ਨੂੰ ਬਕਾਇਆ ਮਿਲਣ ਦੀ ਉਮੀਦ ਬੱਝੀ

ਨਵੀਂ ਦਿੱਲੀ, 31 ਮਾਰਚ (ਚ.ਨ.ਸ): ਇਨਫ਼ੋਰਸਮੈਂਟ ਡਾਇਰੈਕਟੋਰੇਟ ਨੇ ਅੱਜ ਜਾਣਕਾਰੀ ਦਿੱਤੀ ਹੈ ਕਿ ਉਨ੍ਹਾਂ ਨੇ 15,000 ਕਰੋੜ ਰੁਪਏ ਤੋਂ ਵੱਧ ਦੀਆਂ ਜਾਇਦਾਦਾਂ ਸੁਪਰੀਮ ਕੋਰਟ ਵੱਲੋਂ ਬਣਾਈ ਗਈ ਇੱਕ ਵਿਸ਼ੇਸ਼ ਕਮੇਟੀ ਨੂੰ ਸੌਂਪ ਦਿੱਤੀਆਂ ਹਨ। ਇਹ ਕਦਮ ਇਸ ਲਈ ਚੁੱਕਿਆ ਗਿਆ ਹੈ ਤਾਂ ਕਿ ਚੰਡੀਗੜ੍ਹ ਸਥਿਤ ਪੀ.ਏ.ਸੀ.ਐਲ. (ਪਰਲਜ਼ ਗਰੁਪ) ਵੱਲੋਂ ਪੋਂਜ਼ੀ ਸਕੀਮ ਰਾਹੀਂ ਕਥਿਤ ਤੌਰ 'ਤੇ ਠੱਗੇ ਗਏ ਨਿਵੇਸ਼ਕਾਂ ਨੂੰ ਉਨ੍ਹਾਂ ਦਾ ਬਣਦਾ ਬਕਾਇਆ ਵਾਪਸ ਮਿਲ ਸਕੇ। ਇਸ ਵੱਡੇ ਵਿੱਤੀ ਘੁਟਾਲੇ ਦੀ ਅੰਦਾਜ਼ਨ ਕੀਮਤ ਲਗਭਗ 48,000 ਕਰੋੜ ਰੁਪਏ ਦੱਸੀ ਜਾ ਰਹੀ ਹੈ। ਕੇਂਦਰੀ ਏਜੰਸੀ ਨੇ ਦੱਸਿਆ ਕਿ ਮਨੀ ਲਾਂਡਰਿੰਗ ਰੋਕੂ ਕਾਨੂੰਨ ਦੀ ਇੱਕ ਵਿਸ਼ੇਸ਼ ਅਦਾਲਤ ਨੇ 455 ਅਚੱਲ ਜਾਇਦਾਦਾਂ ਨੂੰ ਜਸਟਿਸ ਲੋਧਾ ਕਮੇਟੀ ਨੂੰ ਸੌਂਪਣ ਦੇ ਹੁਕਮ ਦਿੱਤੇ ਹਨ।




ਇਨ੍ਹਾਂ ਜਾਇਦਾਦਾਂ ਦੀ ਮੌਜੂਦਾ ਬਾਜ਼ਾਰੀ ਕੀਮਤ ਲਗਭਗ 15,582 ਕਰੋੜ ਰੁਪਏ ਹੈ। ਇਸ ਫ਼ੈਸਲੇ ਨਾਲ ਉਨ੍ਹਾਂ ਲੱਖਾਂ ਨਿਵੇਸ਼ਕਾਂ ਵਿੱਚ ਉਮੀਦ ਦੀ ਕਿਰਨ ਜਾਗੀ ਹੈ, ਜਿਨ੍ਹਾਂ ਦੇ ਕਰੋੜਾਂ ਰੁਪਏ ਇਸ ਘਪਲੇ ਵਿੱਚ ਫਸੇ ਹੋਏ ਹਨ। ਈ.ਡੀ. ਅਨੁਸਾਰ ਇਨ੍ਹਾਂ ਜਾਇਦਾਦਾਂ ਦੀ ਵਰਤੋਂ ਹੁਣ ਨਿਵੇਸ਼ਕਾਂ ਦਾ ਪੈਸਾ ਮੋੜਨ ਲਈ ਕੀਤੀ ਜਾ ਸਕੇਗੀ। ਮਨੀ ਲਾਂਡਰਿੰਗ ਰੋਕੂ ਕਾਨੂੰਨ ਤਹਿਤ ਧੋਖਾਧੜੀ ਦਾ ਸ਼ਿਕਾਰ ਹੋਏ ਬੈਂਕਾਂ, ਜਮ੍ਹਾਂਕਰਤਾਵਾਂ ਤੇ ਘਰ ਖ਼ਰੀਦਣ ਵਾਲਿਆਂ ਨੂੰ ਉਨ੍ਹਾਂ ਦੀਆਂ ਜਾਇਦਾਦਾਂ ਜਾਂ ਪੈਸਾ ਵਾਪਸ ਕਰਵਾਉਣ ਦਾ ਪ੍ਰਬੰਧ ਮੌਜੂਦ ਹੈ। ਇਸ ਤਹਿਤ ਹੁਣ ਪੀ.ਏ.ਸੀ.ਐਲ. ਮਾਮਲੇ ਵਿੱਚ ਵੱਡੀ ਕਾਰਵਾਈ ਕੀਤੀ ਗਈ ਹੈ।

## ਨਾਸਿਕ ਬਾਬਾ ਕਾਂਡ 'ਚ ਨਵੇਂ ਖੁਲਾਸੇ....

# ਰੇਪ ਤੋਂ ਪਹਿਲਾਂ ਔਰਤਾਂ ਨੂੰ ਖਾਰਾ ਪਾਣੀ ਦਿੰਦਾ ਸੀ ਅਸ਼ੋਕ ਖਰਾਤ

ਨਵੀਂ ਦਿੱਲੀ, 31 ਮਾਰਚ (ਚ.ਨ.ਸ): ਰੇਪ ਕਾਂਡ ਵਿੱਚ ਗ੍ਰਿਫ਼ਤਾਰ ਅਖੌਤੀ ਬਾਬਾ ਅਸ਼ੋਕ ਖਰਾਤ ਦੇ ਮਾਮਲੇ ਦੀ ਜਾਂਚ ਜਾਰੀ ਹੈ। ਹੁਣ ਜਾਂਚ ਵਿੱਚ ਪਤਾ ਲੱਗਾ ਹੈ ਕਿ ਖਰਾਤ ਔਰਤਾਂ ਦਾ ਸ਼ੋਸ਼ਣ ਕਰਨ ਤੋਂ ਪਹਿਲਾਂ ਕੁਝ ਤਰਲ ਪਦਾਰਥ ਦਿੰਦਾ ਸੀ। ਫਿਲਹਾਲ, ਅਧਿਕਾਰੀ ਇਸ ਤਰਲ ਸਮੇਤ ਕਈ ਸਬੂਤਾਂ ਦੀ ਜਾਂਚ ਕਰ ਰਹੇ ਹਨ। ਮਹਾਰਾਸ਼ਟਰ ਵਿੱਚ ਨਾਸਿਕ ਦੀ ਇੱਕ ਅਦਾਲਤ ਨੇ ਖਰਾਤ ਦੀ ਪੁਲਿਸ ਹਿਰਾਸਤ 1 ਅਪ੍ਰੈਲ ਤੱਕ ਵਧਾ ਦਿੱਤੀ ਹੈ। ਸੁਣਵਾਈ ਦੇ ਦੌਰਾਨ ਸਰਕਾਰੀ ਵਕੀਲ ਸ਼ੈਲੇਂਦਰ ਬਾਗਡੇ ਨੇ ਕਿਹਾ ਕਿ ਮਾਮਲੇ ਦੀ ਜਾਂਚ ਅਜੇ ਜਾਰੀ ਹੈ ਤੇ ਮੁਲਜ਼ਮ ਸਹਿਯੋਗ ਨਹੀਂ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮ ਦੀਆਂ ਜਾਇਦਾਦਾਂ ਦੀ ਜਾਂਚ ਅਜੇ ਬਾਕੀ ਹੈ। ਬਾਗਡੇ ਨੇ ਕਿਹਾ ਕਿ ਕਈ ਔਰਤਾਂ ਅਜੇ ਵੀ ਸ਼ਿਕਾਇਤ ਦਰਜ ਕਰਵਾਉਣ ਲਈ ਅੱਗੇ ਆ ਰਹੀਆਂ ਹਨ ਤੇ ਉਸ ਕਥਿਤ 'ਪਾਣੀ ਜਾਂ ਤਰਲ ਪਦਾਰਥ' ਦੀ ਜਾਂਚ ਅਜੇ ਬਾਕੀ ਹੈ, ਜਿਸ ਨੂੰ ਖਰਾਤ ਜਿਨਸੀ ਸ਼ੋਸ਼ਣ ਤੋਂ ਪਹਿਲਾਂ ਪੀੜਤਾਂ ਨੂੰ ਵਰਗਲਾਉਣ ਲਈ ਦਿੰਦਾ ਸੀ। ਮੀਡੀਆ ਰਿਪੋਰਟਾਂ ਦੇ ਅਨੁਸਾਰ ਇਹ ਖਾਰਾ ਤੇ ਕੌੜਾ ਪਾਣੀ ਹੁੰਦਾ ਸੀ, ਜਿਸ ਨੂੰ ਪੀ ਕੇ ਔਰਤ ਨੂੰ ਚੱਕਰ ਆਉਣ ਲੱਗਦੇ ਸਨ। **ਫੋਨ ਡਾਟੇ ਦੀ ਵੀ ਹੋ ਰਹੀ ਹੈ ਜਾਂਚ:** ਉਨ੍ਹਾਂ ਕਿਹਾ ਕਿ ਮੁਲਜ਼ਮ ਦੇ ਮੋਬਾਈਲ ਫੋਨ ਡਾਟੇ ਦੀ ਜਾਂਚ ਕੀਤੀ ਜਾ ਚੁੱਕੀ ਹੈ ਤੇ 'ਕਲੋਨ ਰਿਪੋਰਟ' ਪ੍ਰਾਪਤ ਹੋ ਗਈ ਹੈ। ਸਰਕਾਰੀ ਵਕੀਲ ਨੇ ਅਦਾਲਤ ਨੂੰ ਦੱਸਿਆ ਕਿ ਇਸ ਗੱਲ ਦੀ ਜਾਂਚ ਕੀਤੀ ਜਾਵੇਗੀ ਕਿ ਕੀ ਖਰਾਤ ਨੇ ਆਪਣੇ ਸੰਪਰਕਾਂ ਵਿਸ਼ੇਸ਼ ਤੌਰ 'ਤੇ ਸਿਆਸੀ ਨੇਤਾਵਾਂ ਦੇ ਨਾਂ ਫ਼ਰਜ਼ੀ ਪਛਾਣ ਦੇ ਨਾਲ ਫੋਨ ਵਿੱਚ ਸੇਵ ਕੀਤੇ ਸਨ। ਕਈ ਡਿਜੀਟਲ ਸਬੂਤਾਂ ਦੀ ਅਜੇ ਜਾਂਚ ਕੀਤੀ ਜਾਣੀ ਬਾਕੀ ਹੈ। **ਵਾਰ-ਵਾਰ ਰੇਪ ਦੇ ਦੋਸ਼:** ਖਰਾਤ ਨੂੰ 18 ਮਾਰਚ ਨੂੰ ਉਸ ਸਮੇਂ ਗ੍ਰਿਫ਼ਤਾਰ ਕੀਤਾ ਗਿਆ ਸੀ, ਜਦੋਂ ਇੱਕ ਔਰਤ ਨੇ ਉਸ 'ਤੇ 3 ਸਾਲ ਤੋਂ ਵੱਧ ਸਮੇਂ ਤੱਕ ਵਾਰ-ਵਾਰ ਜਬਰ-ਜਨਾਹ ਕਰਨ ਦਾ ਦੋਸ਼ ਲਗਾਇਆ। ਖਰਾਤ ਨਾਸਿਕ ਜ਼ਿਲ੍ਹੇ ਦੇ ਮਿਰਗਾਂਵ 'ਚ ਇੱਕ ਮੰਦਰ ਟਰੱਸਟ ਦਾ ਮੁਖੀ ਹੈ ਤੇ ਸਾਲਾਂ ਤੋਂ ਮਹਾਰਾਸ਼ਟਰ ਦੇ ਕਈ ਪ੍ਰਮੁੱਖ ਸਿਆਸੀ ਨੇਤਾ ਉਸ ਨੂੰ ਮਿਲਦੇ ਰਹੇ ਹਨ। ਸ਼ਹਿਰ ਦੇ ਸਰਕਾਰ ਵਾੜਾ ਪੁਲਿਸ ਥਾਣੇ ਵਿੱਚ ਹੁਣ ਤੱਕ ਉਸ ਦੇ ਖ਼ਿਲਾਫ਼ 10 ਐਫ.ਆਈ.ਆਰਜ਼ ਦਰਜ ਕੀਤੀਆਂ ਗਈਆਂ ਹਨ, ਜਿਨ੍ਹਾਂ 'ਚੋਂ 8 ਕਥਿਤ ਜਿਨਸੀ ਸ਼ੋਸ਼ਣ ਤੇ 2 ਧੋਖਾਧੇਹੀ ਨਾਲ ਸਬੰਧਤ ਹਨ।



# ਦਿਨ-ਦਿਹਾੜੇ ਲੁੱਟ ਦੀ ਕੋਸ਼ਿਸ਼, ਨੌਜਵਾਨ 'ਤੇ ਹਮਲਾ, ਲੋਕਾਂ ਦੀ ਸੂਝਬੂਝ ਨਾਲ ਹਥਿਆਰਬੰਦ ਲੜਕੇ ਕਾਬੂ

ਮੋਗਾ, 31 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਸ਼ਹਿਰ ਵਿੱਚ ਦਿਨ-ਦਿਹਾੜੇ ਲੁੱਟ ਦੀ ਕੋਸ਼ਿਸ਼ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਨਾਲ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ। ਜਾਣਕਾਰੀ ਮੁਤਾਬਿਕ ਜਲੰਧਰ ਜ਼ਿਲ੍ਹੇ ਦੇ ਪਿੰਡ ਨਿਹਾਲੂਵਾਲਾ ਦਾ ਨਿਵਾਸੀ ਗਗਨਦੀਪ ਸਿੰਘ (24) ਅੱਜ ਬਾਅਦ ਦੁਪਹਿਰ ਕੋਰੀਅਰ ਦੇਣ ਲਈ ਮੋਗਾ ਆਇਆ ਹੋਇਆ ਸੀ। ਜਦੋਂ ਉਹ ਮੈਜਿਸਟਟਿਕ ਚੌਕ ਦੇ ਨੇੜੇ ਇੱਕ ਬਾਹੂਬਲੀ ਵਿੱਚ ਬੈਠਣ ਲੱਗਾ ਤਾਂ ਉਸ ਦੇ ਪਿੱਛੇ ਆਏ 3-4 ਹਥਿਆਰਬੰਦ ਨੌਜਵਾਨਾਂ ਨੇ ਉਸ ਨੂੰ ਘੇਰ ਲਿਆ। ਦੱਸਿਆ ਜਾ ਰਿਹਾ ਹੈ ਕਿ ਹਥਿਆਰਬੰਦ ਵਿਅਕਤੀਆਂ ਨੇ ਲੁੱਟ ਦੀ ਨੀਅਤ ਨਾਲ ਗਗਨਦੀਪ ਸਿੰਘ 'ਤੇ ਅਚਾਨਕ ਹਮਲਾ ਕਰ ਦਿੱਤਾ। ਉਨ੍ਹਾਂ ਨੇ ਪਹਿਲਾਂ ਉਸ ਦਾ ਮੋਬਾਈਲ ਖੋਹ ਲਿਆ ਤੇ ਫਿਰ ਉਸ ਦੇ ਸਿਰ 'ਤੇ ਤੇਜ਼ਧਾਰ ਹਥਿਆਰ ਨਾਲ ਵਾਰ ਕੀਤਾ। ਜਦੋਂ ਪੀੜਤ ਵੱਲੋਂ ਵਿਰੋਧ ਕੀਤਾ ਗਿਆ ਤਾਂ ਦੋਸ਼ੀਆਂ ਨੇ ਉਸ ਨੂੰ ਬੇਰਹਿਮੀ ਨਾਲ ਜ਼ਖਮੀ ਕਰ ਦਿੱਤਾ, ਜਿਸ ਕਾਰਨ ਉਹ ਲਹੂ-ਲੁਹਾਣ ਹੋ ਗਿਆ। ਇਸ ਦੌਰਾਨ ਮੌਕੇ 'ਤੇ ਮੌਜੂਦ ਲੋਕਾਂ ਨੇ ਹਿੰਮਤ ਦਿਖਾਈ। ਇੱਕ ਔਰਤ ਵੱਲੋਂ ਰੌਲਾ ਪਾਉਣ 'ਤੇ ਆਲੇ-ਦੁਆਲੇ ਦੇ ਲੋਕ ਇਕੱਠੇ ਹੋ ਗਏ ਤੇ ਉਨ੍ਹਾਂ ਨੇ ਤੁਰੰਤ ਕਾਰਵਾਈ ਕਰਦੇ ਹੋਏ ਹਮਲਾਵਰਾਂ ਵਿੱਚੋਂ ਕੁਝ ਨੂੰ ਕਾਬੂ ਕਰ ਲਿਆ। ਲੋਕਾਂ ਨੇ ਦੋਸ਼ੀਆਂ ਨੂੰ ਤੇਜ਼ਧਾਰ ਹਥਿਆਰਾਂ ਸਮੇਤ ਫੜ ਲਿਆ ਤੇ ਉਨ੍ਹਾਂ ਨੂੰ ਭੱਜਣ ਤੋਂ ਰੋਕਿਆ। ਇਸੇ ਵੇਲੇ ਦੋਸ਼ੀਆਂ ਵੱਲੋਂ ਮੋਬਾਈਲ ਦੇ ਪਿੱਛੇ ਰੱਖੀ ਨਗਦੀ ਕੱਢ ਕੇ ਮੋਬਾਈਲ ਸੁੱਟ ਕੇ ਫਰਾਰ ਹੋਣ ਦੀ ਕੋਸ਼ਿਸ਼ ਕੀਤੀ ਗਈ, ਪਰ ਲੋਕਾਂ ਦੀ ਚੌਕਸੀ ਕਾਰਨ ਉਹ ਸਫਲ ਨਾ ਹੋ ਸਕੇ। ਬਾਅਦ ਵਿੱਚ ਕਾਬੂ ਕੀਤੇ ਗਏ ਨੌਜਵਾਨਾਂ ਨੂੰ ਤੁਰੰਤ ਥਾਣਾ ਸਿਟੀ ਮੋਗਾ ਦੇ ਹਵਾਲੇ ਕਰ ਦਿੱਤਾ ਗਿਆ। ਦੂਜੇ ਪਾਸੇ ਜ਼ਖਮੀ ਗਗਨਦੀਪ ਸਿੰਘ ਨੂੰ ਇਲਾਜ ਲਈ ਸਿਵਲ ਹਸਪਤਾਲ ਮੋਗਾ ਦਾਖਲ ਕਰਵਾਇਆ ਗਿਆ, ਜਿੱਥੇ ਡਾਕਟਰਾਂ ਵੱਲੋਂ ਉਸ ਦਾ ਇਲਾਜ ਜਾਰੀ ਹੈ। ਡਾਕਟਰਾਂ ਦੇ ਅਨੁਸਾਰ ਉਸ ਦੀ ਹਾਲਤ ਫਿਲਹਾਲ ਸਥਿਰ ਦੱਸੀ ਜਾ ਰਹੀ ਹੈ। ਇਸ ਸਬੰਧ ਵਿੱਚ ਥਾਣਾ ਅਧਿਕਾਰੀਆਂ ਨੇ ਦੱਸਿਆ ਕਿ ਪੁਲਿਸ ਵੱਲੋਂ ਇੱਕ ਹਥਿਆਰਬੰਦ ਨੌਜਵਾਨ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ, ਜਦਕਿ ਹੋਰ ਸਾਥੀਆਂ ਦੀ ਪਛਾਣ ਤੇ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਪੁਲਿਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰ ਰਹੀ ਹੈ ਤੇ ਜਲਦੀ ਹੀ ਬਾਕੀ ਦੋਸ਼ੀਆਂ ਨੂੰ ਵੀ ਕਾਬੂ ਕਰ ਲਿਆ ਜਾਵੇਗਾ।



# ਦੇਸ਼ ਭਗਤ ਯੂਨੀਵਰਸਿਟੀ ਵਿਖੇ ਜਲ ਸੰਕਟ ਬਾਰੇ ਵਿਸ਼ਵ ਜਲ ਦਿਵਸ ਮਨਾਇਆ




ਮੰਡੀ ਗੋਬਿੰਦਗੜ੍ਹ, 31 ਮਾਰਚ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਦੇ ਅਪਲਾਈਡ ਸਾਇੰਸਜ਼ ਵਿਭਾਗ ਤੇ ਇੰਜੀਨੀਅਰਿੰਗ ਤਕਨਾਲੋਜੀ ਤੇ ਕੰਪਿਊਟਿੰਗ ਫੈਕਲਟੀ ਦੇ ਸਾਇੰਸ ਕਲੱਬ ਵੱਲੋਂ ਵਿਸ਼ਵ ਜਲ ਦਿਵਸ ਮਨਾਇਆ ਗਿਆ, ਜਿਸ ਦਾ ਉਦੇਸ਼ ਵਿਸ਼ਵ ਜਲ ਸੰਕਟ ਬਾਰੇ ਜਾਗਰੂਕਤਾ ਪੈਦਾ ਕਰਨਾ ਤੇ ਟਿਕਾਊ ਜਲ ਅਭਿਆਸਾਂ ਨੂੰ ਉਤਸ਼ਾਹਿਤ ਕਰਨਾ ਸੀ। ਇਸ ਮੌਕੇ 2026 ਦੀ ਥੀਮ 'ਪਾਣੀ ਤੇ ਲਿੰਗ ਸਮਾਨਤਾ' ਨੇ ਪਾਣੀ ਦੀ ਪਹੁੰਚ ਤੇ ਲਿੰਗ ਸਮਾਨਤਾ ਵਿਚਕਾਰ ਮਹੱਤਵਪੂਰਨ ਸਬੰਧ ਨੂੰ ਉਜਾਗਰ ਕੀਤਾ। ਇਸ ਦਾ ਉਦਘਾਟਨ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ.ਚਾਂਸਲਰ ਡਾ. ਤਜਿੰਦਰ ਕੌਰ, ਵਾਈਸ-ਚਾਂਸਲਰ ਡਾ. ਹਰਸ਼ ਸਦਾਵਰਤੀ ਤੇ ਪ੍ਰੋ.ਵਾਈਸ ਚਾਂਸਲਰ (ਖੋਜ)-ਕਮ-ਡੀਨ ਇੰਜੀਨੀਅਰਿੰਗ ਡਾ. ਬੂਟਾ ਸਿੰਘ ਨੇ ਕੀਤਾ। ਬੁਲਾਰਿਆਂ ਨੇ ਪਾਣੀ ਦੀ ਸੰਭਾਲ ਦੀ ਤੁਰੰਤ ਲੋੜ 'ਤੇ ਜ਼ੋਰ ਦਿੱਤਾ ਤੇ ਵਿਦਿਆਰਥੀਆਂ ਨੂੰ ਟਿਕਾਊ ਭਵਿੱਖ ਲਈ ਜ਼ਿੰਮੇਵਾਰ ਅਭਿਆਸ ਅਪਣਾਉਣ ਲਈ ਉਤਸ਼ਾਹਿਤ ਕੀਤਾ। ਗੁਰੂ ਨਾਨਕ ਕਾਲਜ, ਬੁਢਲਾਡਾ ਦੇ ਸਹਾਇਕ ਪ੍ਰੋਫੈਸਰ ਡਾ. ਧਰੁਵ ਕੁਮਾਰ ਨੇ ਮਾਹਿਰ ਭਾਸ਼ਣ ਵਿੱਚ ਪਾਣੀ ਦੀ ਸੰਭਾਲ ਦੀਆਂ ਤਕਨੀਕਾਂ ਬਾਰੇ ਜਾਣਕਾਰੀ ਦਿੰਦਿਆਂ ਪਾਣੀ ਬਚਾਉਣ ਲਈ ਪ੍ਰਣ ਕਰਵਾਇਆ। ਇਸ ਮੌਕੇ ਵਿਭਾਗ ਦੇ 250 ਦੇ ਕਰੀਬ ਵਿਦਿਆਰਥੀਆਂ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਹਿੱਸਾ ਲਿਆ, ਜਿਨ੍ਹਾਂ ਵਿੱਚ ਚਾਰਟ ਮੇਕਿੰਗ, ਮਾਡਲ, ਪ੍ਰੋਜੈਕਟ ਮੇਕਿੰਗ ਤੇ ਭਾਸ਼ਣ ਆਦਿ ਸ਼ਾਮਲ ਸਨ। ਜੇਤੂਆਂ ਨੂੰ ਟਰਾਫੀਆਂ, ਮੈਡਲ ਤੇ ਸਰਟੀਫਿਕੇਟ ਦਿੱਤੇ ਗਏ, ਜਦੋਂ ਕਿ ਭਾਗੀਦਾਰਾਂ ਨੂੰ ਸਰਟੀਫਿਕੇਟ ਦਿੱਤੇ ਗਏ।

# ਸਬ-ਇੰਸਪੈਕਟਰ ਤੋਂ ਇੰਸਪੈਕਟਰ ਬਣੀ ਸੁਨੀਤਾ ਰਾਣੀ



ਮੋਗਾ, 31 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਦੇ ਕਸਬਾ ਫਤਹਿਗੜ੍ਹ ਪੰਜਤੂਰ ਵਿੱਚ ਸਬ-ਇੰਸਪੈਕਟਰ ਨੂੰ ਐਸਐਸਪੀ ਮੋਗਾ ਵੱਲੋਂ ਤਰੱਕੀ ਦੇ ਕੇ ਇੰਸਪੈਕਟਰ ਬਣਾਇਆ ਗਿਆ। ਸੁਨੀਤਾ ਰਾਣੀ ਜੋ ਕਿ ਪਿਛਲੇ ਲੰਬੇ ਸਮੇਂ ਤੋਂ ਫਤਹਿਗੜ੍ਹ ਪੰਜਤੂਰ ਦੇ ਵਿੱਚ ਸਬ ਇੰਸਪੈਕਟਰ ਦੇ ਅਹੁਦੇ 'ਤੇ ਤਾਇਨਾਤ ਹੈ, ਅੱਜ ਐਸਐਸਪੀ ਮੋਗਾ ਨੇ ਉਨ੍ਹਾਂ ਦੇ ਸ਼ਲਾਘਾਯੋਗ ਕੰਮਾਂ ਨੂੰ ਦੇਖਦਿਆਂ ਹੋਇਆਂ ਉਨ੍ਹਾਂ ਨੂੰ ਤਰੱਕੀ ਦੇ ਕੇ ਇੰਸਪੈਕਟਰ ਬਣਾ ਦਿੱਤਾ, ਸੁਨੀਤਾ ਰਾਣੀ ਜੋ ਕਿ ਇਹ ਇਮਾਨਦਾਰ ਅਫਸਰਾਂ ਵਿੱਚੋਂ ਇੱਕ ਹੈ, ਜਿੱਥੇ ਵੀ ਉਨ੍ਹਾਂ ਨੇ ਕੰਮ ਕੀਤਾ ਹੈ ਬੜੀ ਇਮਾਨਦਾਰੀ ਨਾਲ ਕੰਮ ਕੀਤਾ ਹੈ। ਉਨ੍ਹਾਂ ਦਾ ਹਰ ਕੰਮ ਸ਼ਲਾਘਾਯੋਗ ਹੈ, ਸੁਨੀਤਾ ਰਾਣੀ ਇਸ ਤੋਂ ਪਹਿਲਾਂ ਵੀ ਕਈ ਥਾਨਿਆਂ ਦੇ ਵਿੱਚ ਕੰਮ ਕਰ ਚੁੱਕੇ ਹਨ ਤੇ ਉਹ ਕਈ ਵੱਡੇ ਅਪਰਾਧੀਆਂ ਨੂੰ ਫੜਨ ਦੇ ਵਿੱਚ ਕਾਮਯਾਬ ਹੋਏ ਹਨ।

# ਅਕਾਲੀ ਦਲ ਹੀ ਪੰਜਾਬ ਤੇ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਕਰ ਸਕਦੈ: ਭੁੱਟਾ



ਸ੍ਰੀ ਫਤਹਿਗੜ੍ਹ ਸਾਹਿਬ, 31 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਹੀ ਪੰਜਾਬ ਤੇ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਕੀਤੀ ਹੈ, ਜਿਸ ਤੋਂ ਸਪੱਸ਼ਟ ਹੈ ਕਿ ਅਕਾਲੀ ਦਲ ਹੀ ਲੋਕਾਂ ਦੇ ਹਿੱਤਾਂ ਦੀ ਰਾਖੀ ਹੈ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬਲਜੀਤ ਸਿੰਘ ਭੁੱਟਾ ਨੇ ਪਿੰਡ ਬਧੌਛੀ ਖੁਰਦ ਵਿਖੇ ਪਬਲਿਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਜਗਤਾਰ ਸਿੰਘ ਤਾਰਾ ਬਧੌਛੀ ਖੁਰਦ ਨੂੰ ਜ਼ਿਲ੍ਹੇ ਦਾ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਦਾ ਇਤਿਹਾਸ ਗਵਾਹ ਹੈ ਕਿ ਸ਼੍ਰੋਮਣੀ ਅਕਾਲੀ ਦਲ ਹੀ ਇੱਕੋ-ਇੱਕ ਅਜਿਹੀ ਪਾਰਟੀ ਹੈ ਜਿਸ ਨੇ ਹਮੇਸ਼ਾ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੇ ਹੱਕਾਂ ਲਈ ਮੋਰਚੇ ਲਗਾਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਪਿਛਲੇ ਚਾਰ ਸਾਲ ਕਿਸ ਤਰ੍ਹਾਂ ਲੰਘਾਏ ਹਨ, ਇਹ ਲੋਕ ਹੀ ਜਾਣਦੇ ਹਨ ਜਿਸ ਤੋਂ ਤੰਗ ਹੋ ਕੇ ਲੋਕਾਂ ਨੇ ਪੱਕਾ ਮਨ ਬਣਾ ਲਿਆ ਹੈ ਕਿ ਉਹ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣਗੇ। ਇਸ ਮੌਕੇ ਨਗਰ ਨਿਵਾਸੀਆਂ ਵੱਲੋਂ ਬਲਜੀਤ ਸਿੰਘ ਭੁੱਟੇ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਸੀਨੀਅਰ ਅਕਾਲੀ ਆਗੂ ਦਿਲਬਾਗ ਸਿੰਘ ਬਾਘਾ ਬਧੌਛੀ ਕਲਾਂ, ਜਰਨੈਲ ਸਿੰਘ ਸਾਨੀਪੁਰ ਪ੍ਰਧਾਨ ਬੀਸੀ ਵਿੰਗ ਹਲਕਾ ਸ੍ਰੀ ਫਤਹਿਗੜ੍ਹ ਜਗਦੀਪ ਸਿੰਘ ਹੁਸੈਨਪੁਰ ਸਰਕਲ ਪ੍ਰਧਾਨ ਬਧੌਛੀ ਜਗਦੇਵ ਸਿੰਘ ਬਧੌਛੀ ਕਲਾਂ ਸਾਬਕਾ ਸਰਪੰਚ, ਬਲਜੀਤ ਸਿੰਘ ਸਾਬਕਾ ਪੰਚ ਪ੍ਰਧਾਨ ਵਾਲਮੀਕਿ ਸਮਾਜ, ਬਲਦੇਵ ਸਿੰਘ ਸਾਬਕਾ ਮੈਂਬਰ, ਗੁਰਮੇਲ ਸਿੰਘ ਸਾਬਕਾ ਸਰਪੰਚ, ਰਣਜੀਤ ਸਿੰਘ ਰੰਗੀ, ਬਾਬਾ ਅਮਰਜੀਤ ਸਿੰਘ, ਜਰਨੈਲ ਸਿੰਘ, ਪਰਮਵੀਰ ਸਿੰਘ, ਰਣਜੀਤ ਸਿੰਘ ਹਰਪ੍ਰੀਤ ਸਿੰਘ ਹੈਪੀ, ਰਾਣਾ ਸਿੰਘ ਪੰਚ, ਮਨਦੀਪ ਸਿੰਘ, ਜਸਵੀਰ ਸਿੰਘ ਜੱਸੀ ਆਦਿ ਹਾਜ਼ਰ ਸਨ।

# ਜਾਗਦਾ ਸਮਾਜ ਕਲੱਬ ਵੱਲੋਂ ਸਾਲਾਨਾ ਸਮਾਗਮ ਮੌਕੇ ਸੀਨੀਅਰ ਪੱਤਰਕਾਰ ਭੂਸ਼ਨ ਸੂਦ ਦਾ ਸਨਮਾਨ

ਅਮਲੋਹ, 31 ਮਾਰਚ (ਜਸਵੰਤ ਸਿੰਘ): ਜਾਗਦਾ ਸਮਾਜ ਵੈਲਫੇਅਰ ਕਲੱਬ ਵੱਲੋਂ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੀ ਸ਼ਹੀਦੀ ਨੂੰ ਸਮਰਪਿਤ ਇੱਕ ਸਮਾਗਮ ਪ੍ਰਧਾਨ ਰਾਜੇਸ਼ ਕੁਮਾਰ ਅਮਲੋਹ, ਸਰਪ੍ਰਸਤ ਪ੍ਰੇਮ ਚੰਦ ਸ਼ਰਮਾ ਤੇ ਜਨਰਲ ਸਕੱਤਰ ਗੁਰਵਿੰਦਰ ਸਿੰਘ ਦੀ ਅਗਵਾਈ ਵਿੱਚ ਕਰਵਾਇਆ ਗਿਆ। ਇਸ ਮੌਕੇ ਨਾਟਕ ਤੇ ਰੰਗ-ਮੰਚ ਦੀ ਚਰਚਿਤ ਸ਼ਖ਼ਸੀਅਤ ਰਾਜਵਿੰਦਰ ਸਮਰਾਲਾ ਤੇ ਟੀਮ ਵੱਲੋਂ ਨਾਟਕ 'ਸੂਰਜ ਮਰਦੇ ਨਹੀਂ ਹੁੰਦੇ' ਪੇਸ਼ ਕੀਤਾ। ਸਕੂਲੀ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੇ ਗੀਤ ਪੇਸ਼ ਕੀਤੇ ਤੇ ਨਸ਼ਿਆਂ ਖਿਲਾਫ਼ ਜਾਗਰੂਕ ਕੀਤਾ ਗਿਆ। ਪ੍ਰੋਗਰਾਮ ਵਿੱਚ ਵੱਡੀ ਗਿਣਤੀ ਵਿੱਚ ਪਤਵੰਤਿਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਪ੍ਰਬੰਧਕਾਂ ਵੱਲੋਂ ਮਿਆਰੀ ਪੱਤਰਕਾਰੀ ਦੀਆਂ ਸੇਵਾਵਾਂ ਸਦਕਾ ਸ਼੍ਰੋਮਣੀ ਪੱਤਰਕਾਰ ਭੂਸ਼ਨ ਸੂਦ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਟੇਜ ਸਕੱਤਰ ਦਾ ਫਰਜ਼ ਜਗਤਾਰ ਸਿੰਘ ਫੈਜੂਲਾਪੁਰ ਨੇ ਬਾਖੂਬੀ ਨਿਭਾਇਆ।



ਕਲੱਬ ਦੇ ਪ੍ਰਧਾਨ ਰਾਜੇਸ਼ ਕੁਮਾਰ ਅਮਲੋਹ ਨੇ ਸ਼ਹੀਦਾਂ ਦੇ ਫਲਸਫੇ ਤੇ ਉਨ੍ਹਾਂ ਵੱਲੋਂ ਦਿੱਤੀ ਕੁਰਬਾਨੀ ਸਬੰਧੀ ਜਾਣਕਾਰੀ ਦਿੱਤੀ ਤੇ ਧੰਨਵਾਦ ਕੀਤਾ। ਇਸ ਮੌਕੇ ਕਲੱਬ ਦੇ ਸੀਨੀਅਰ ਮੀਤ ਪ੍ਰਧਾਨ ਰਾਜੀਵ ਕੁਮਾਰ, ਪ੍ਰੈਸ ਸਕੱਤਰ ਵਰਿੰਦਰ ਸਿੰਘ, ਵਿੱਤ ਸਕੱਤਰ ਦਰਸ਼ਨ ਸਿੰਘ ਸਲਾਣੀ, ਗਗਨਦੀਪ ਗੁਪਤਾ, ਮੀਤ ਪ੍ਰਧਾਨ ਚੰਦਨ ਅਰੋੜਾ, ਕਾਨੂੰਨੀ ਸਲਾਹਕਾਰ ਲੈਕਚਰਾਰ ਸੁਖਵਿੰਦਰ ਸਿੰਘ, ਰਿਪਨ ਬਾਂਸਲ, ਕੁਲਜੀਤ ਕੌਰ ਭੜੀ, ਮੁੱਖ ਸਲਾਹਕਾਰ ਜੈਤਿੰਦਰ ਪਾਲ ਖੁਲਰ, ਸਰਵਜੋਤ ਸਿੰਘ ਮੈਨੇਜਰ ਜਥੇਬੰਦਕ ਸਕੱਤਰ, ਹਰਵਿੰਦਰ ਸਿੰਘ ਤਤਲਾ, ਸੰਦੀਪ ਸਿੰਘ ਜੁਆਇੰਟ ਸਕੱਤਰ, ਲਵਪ੍ਰੀਤ ਸਿੰਘ, ਨਰਿੰਦਰ ਬਾਂਸਲ, ਬਲਜੀਤ ਸਿੰਘ ਬੁਗਾ, ਗੌਰਮਿੰਟ ਟੀਚਰ ਯੂਨੀਅਨ ਦੇ ਆਗੂ ਰਣਜੀਤ ਸਿੰਘ ਬਰਵਾਲੀ, ਰਾਜਿੰਦਰ ਸਿੰਘ ਰਾਜਨ, ਸਤਿੰਦਰ ਸਿੰਘ, ਕਮਲਜੀਤ ਸਿੰਘ ਜਲਾਲਪੁਰ, ਬਲਵੀਰ ਸਿੰਘ ਮੁੱਲਾਂਪੁਰ, ਸੰਦੀਪ ਕੌਰ, ਗੁਰਿੰਦਰ ਕੌਰ, ਸਲੋਨੀ ਭਾਗੀ, ਗੁਰਪ੍ਰੀਤ ਕੌਰ, ਅਮਨਦੀਪ ਕੌਰ, ਸੁਨੈਨਾ, ਮੀਨਾਕਸ਼ੀ ਰਾਣੀ, ਭਾਜਪਾ ਆਗੂ ਸੰਦੀਪ ਸਿੰਘ ਬੱਲ, ਸਾਬਕਾ ਡਾਇਰੈਕਟਰ ਰੋਸ਼ਨ ਸੂਦ, ਪ੍ਰੋ. ਮੁਖਤਿਆਰ ਸਿੰਘ, ਭਗਵੰਤ ਸਿੰਘ ਟਿੱਬੀ, ਬਲਕਾਰ ਸਿੰਘ ਪਟਵਾਰੀ, ਸੰਦੀਪ ਧੀਰ, ਹਨੀ ਧੀਰ, ਮਾਸਟਰ ਚੰਦਨ ਕੁਮਾਰ, ਬਲਵੀਰ ਸਿੰਘ ਮਾਜਰੀ, ਹਰਮੀਤ ਸਿੰਘ ਬਰੌਂਗਾ, ਮੁਖਅਧਿਆਪਕ ਭਗਵੰਤ ਸਿੰਘ, ਗੁਰਪ੍ਰੀਤ ਸਿੰਘ ਭਾਬਰੀ, ਅਵਤਾਰ ਸਿੰਘ ਭਾਬਰੀ, ਮਾਂਗੇ ਰਾਮ, ਅਮਰਜੀਤ ਸਿੰਘ ਸੌਂਟੀ, ਗੀਤਕਾਰ ਬਿੱਟੂ ਖੰਨੇ ਵਾਲਾ, ਜਸਵੀਰ ਢਿੱਲੋਂ, ਰਾਕੇਸ਼ ਕੁਮਾਰ ਬਬਲੀ, ਮੋਨੀ ਪੰਡਤ, ਹਰਜਿੰਦਰ ਸਿੰਘ ਮਿੱਠੂ, ਸਰਪੰਚ ਹਰਿੰਦਰ ਸਿੰਘ ਸੇਖੋਂ, ਅਵਿਨਾਸ਼ ਵਰਮਾ, ਮੱਘਰ ਸਿੰਘ ਸਲਾਣਾ, ਗੁਰਮੇਲ ਸਿੰਘ, ਅੰਗਰੇਜ ਸਿੰਘ ਭੜੀ, ਹਾਕਮ ਖਾਂ, ਦਿਲਬਾਗ ਸਿੰਘ ਲੱਲੋਂ ਤੇ ਗੁਲਸ਼ਨ ਤੱਗੜ ਹਾਜ਼ਰ ਸਨ।

# ਡੀਏਵੀ ਪਬਲਿਕ ਸਕੂਲ ਦੇ ਸਾਲਾਨਾ ਨਤੀਜੇ 100% ਰਹੇ

ਕੋਟਕਪੂਰਾ, 31 ਮਾਰਚ (ਵਿਪਨ ਗੋਇਲ): ਡੀਏਵੀ ਪਬਲਿਕ ਸਕੂਲ ਕੋਟਕਪੂਰਾ ਵਿਖੇ ਨਰਸਰੀ ਤੋਂ ਨੌਵੀਂ ਤੇ ਗਿਆਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦੇ ਸਾਲਾਨਾ ਨਤੀਜੇ ਸ਼ਾਨਦਾਰ ਰਹੇ ਤੇ ਸਕੂਲ ਦਾ ਨਤੀਜਾ 100 ਫੀਸਦੀ ਰਿਹਾ। ਇਸ ਮੌਕੇ ਸਕੂਲ ਨੂੰ ਸੁੰਦਰ ਢੰਗ ਨਾਲ ਸਜਾਇਆ ਗਿਆ ਸੀ ਤੇ ਖੁਸ਼ੀ ਦਾ ਮਾਹੌਲ ਦੇਖਣਯੋਗ ਸੀ। ਆਪਣੇ ਬੱਚਿਆਂ ਦੀ ਵਧੀਆ ਪ੍ਰਦਰਸ਼ਨ ਦੇਖ ਕੇ ਮਾਪਿਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਰਾਜਵੀਰ ਸਿੰਘ ਕੰਗ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਫਲਤਾ ਮਾਪਿਆਂ ਦੇ ਸਹਿਯੋਗ ਤੇ ਅਧਿਆਪਕਾਂ ਦੀ ਸਖ਼ਤ ਮਿਹਨਤ ਦਾ ਨਤੀਜਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਗਲੀ ਜਮਾਤਾਂ ਵਿੱਚ ਦਾਖ਼ਲੇ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ।ਸਕੂਲ ਵਿੱਚ ਆਏ ਮਾਪੇ ਸੈਲਫੀ ਪੁਆਇੰਟ ਤੇ ਮੈਰਿਟ ਬੋਰਡ ਨਾਲ ਤਸਵੀਰਾਂ ਖਿੱਚਵਾ ਕੇ ਇਸ ਖ਼ਾਸ ਦਿਨ ਨੂੰ ਯਾਦਗਾਰ ਬਣਾ ਰਹੇ ਸਨ। ਪ੍ਰਿੰਸੀਪਲ ਨੇ ਕਿਹਾ ਕਿ ਅਧਿਆਪਕ, ਮਾਪੇ ਤੇ ਵਿਦਿਆਰਥੀ ਸਿੱਖਿਆ ਪ੍ਰਕਿਰਿਆ ਦੇ ਤਿੰਨ ਮੁੱਖ ਥੰਮ੍ਹ ਹਨ, ਜੋ ਮਿਲ ਕੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਨੀਂਹ ਰੱਖਦੇ ਹਨ। ਉਨ੍ਹਾਂ ਦੱਸਿਆ ਕਿ ਸਾਲਾਨਾ ਮਾਪੇ-ਅਧਿਆਪਕ ਮਿਲਣੀ ਵਿਦਿਆਰਥੀਆਂ ਦੀ ਪ੍ਰਗਤੀ 'ਤੇ ਵਿਚਾਰ-ਵਟਾਂਦਰੇ ਲਈ ਇੱਕ ਮਹੱਤਵਪੂਰਨ ਮੰਚ ਸਾਬਤ ਹੋਈ। ਇਸ ਦੌਰਾਨ ਮਾਪਿਆਂ ਨੇ ਸਕੂਲ ਦੀ ਲਗਾਤਾਰ ਤਰੱਕੀ 'ਤੇ ਖੁਸ਼ੀ ਜ਼ਾਹਿਰ ਕੀਤੀ ਤੇ ਅਧਿਆਪਕਾਂ ਦੀ ਭੂਮਿਕਾ ਦੀ ਸ਼ਲਾਘਾ ਕੀਤੀ, ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਤੇ ਸੀਨੀਅਰ ਐਲ.ਐਮ.ਸੀ. ਮੈਂਬਰ ਇੰਜੀਨੀਅਰ ਰਾਜ ਕੁਮਾਰ ਅਗਰਵਾਲ ਵੱਲੋਂ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਪਹਿਲੀਆਂ ਤਿੰਨ ਪੁਜੀਸ਼ਨਾਂ ਦੇ ਨਾਲ ਹੌਸਲਾ ਅਫ਼ਜ਼ਾਈ ਇਨਾਮ ਵੀ ਦਿੱਤੇ ਗਏ।ਇਸ ਮੌਕੇ ਪਹੁੰਚੇ ਸੀਨੀਅਰ ਐਲ.ਐਮ.ਸੀ. ਮੈਂਬਰ ਰਾਜ ਕੁਮਾਰ ਅਗਰਵਾਲ ਨੇ ਕਿਹਾ ਕਿ ਸਕੂਲ ਦੀ ਤਰੱਕੀ ਲਈ ਪ੍ਰਿੰਸੀਪਲ ਤੇ ਉਨ੍ਹਾਂ ਦੀ ਟੀਮ ਵਧਾਈ ਦੀ ਹੱਕਦਾਰ ਹੈ।




# ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵੱਲੋਂ ਪ੍ਰਿੰਸੀਪਲ ਕਨਕਲੇਵ ਦਾ ਆਯੋਜਨ




ਮੋਗਾ, 31 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖਰਾਣਾ): ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵੱਲੋਂ 28 ਮਾਰਚ ਨੂੰ ਮੋਗਾ ਵਿੱਚ ਇੱਕ ਪ੍ਰਿੰਸੀਪਲ ਕਨਕਲੇਵ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਜਿਸ ਵਿੱਚ ਯੂਨੀਵਰਸਿਟੀ ਦੇ ਸੀਨੀਅਰ ਪ੍ਰਤੀਨਿਧੀ ਪੰਕਜ ਵਿਜ (ਸਹਾਇਕ ਡਾਇਰੈਕਟਰ), ਡਾ. ਰਾਜਨ ਮਿਗਲਾਨੀ ਤੇ ਜਗਦੀਪ ਸਿੰਘ ਮੌਜੂਦ ਸਨ। ਇਸ ਕਨਕਲੇਵ ਵਿੱਚ ਖੇਤਰ ਦੇ ਪ੍ਰਸਿੱਧ ਸਕੂਲ ਪ੍ਰਿੰਸੀਪਲਾਂ ਤੇ ਸਿੱਖਿਆ ਵਿਸ਼ੇਸ਼ਗਿਆਨਾਂ ਨੇ ਭਾਗ ਲਿਆ।ਇਸ ਕਨਕਲੇਵ ਦਾ ਮੁੱਖ ਕੇਂਦਰ ਮੈਨਟਰਾਂ ਦੀ ਪੇਸ਼ਾਵਰ ਤਰੱਕੀ ਤੇ ਸਿੱਖਿਆ ਦੇ ਬਦਲਦੇ ਦੌਰ ਵਿੱਚ ਉਨ੍ਹਾਂ ਦੀ ਭੂਮਿਕਾ 'ਤੇ ਕੇਂਦ੍ਰਿਤ ਰਿਹਾ। ਤਕਨੀਕੀ ਮਾਹਿਰਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਮੈਨਟਰ ਆਪਣੇ ਗਿਆਨ ਤੇ ਹੁਨਰਾਂ ਨੂੰ ਨਿਰੰਤਰ ਅੱਪਡੇਟ ਕਰਦੇ ਰਹਿਣ ਤਾਂ ਜੋ ਉਹ ਵਿਦਿਆਰਥੀਆਂ ਨੂੰ ਸਹੀ ਦਿਸ਼ਾ ਵਿੱਚ ਮਾਰਗਦਰਸ਼ਨ ਦੇ ਸਕਣ।ਚਰਚਾਵਾਂ ਦੌਰਾਨ ਮੈਡੀਕਲ, ਨਾਨ-ਮੈਡੀਕਲ, ਕਾਮਰਸ ਤੇ ਆਰਟਸ ਵਰਗੀਆਂ ਮੁੱਖ ਧਾਰਾਵਾਂ ਵਿੱਚ ਕਰੀਅਰ ਮਾਰਗਦਰਸ਼ਨ 'ਤੇ ਖਾਸ ਧਿਆਨ ਦਿੱਤਾ ਗਿਆ। ਮੈਨਟਰਾਂ ਨੂੰ ਪ੍ਰੇਰਿਤ ਕੀਤਾ ਗਿਆ ਕਿ ਉਹ ਵਿਦਿਆਰਥੀਆਂ ਦੀ ਰੁਚੀ, ਯੋਗਤਾ ਤੇ ਲਕਸ਼ ਨੂੰ ਸਮਝਦੇ ਹੋਏ ਉਨ੍ਹਾਂ ਨੂੰ ਸਹੀ ਕਰੀਅਰ ਚੋਣ ਵਿੱਚ ਮਦਦ ਕਰਨ। ਇਸ ਮੌਕੇ 'ਤੇ ਆਰਟੀਫਿਸ਼ਲ ਇੰਟੈਲੀਜੈਂਸ ਤੇ ਮਸ਼ੀਨ ਲਰਨਿੰਗ ਵਰਗੀਆਂ ਆਧੁਨਿਕ ਟੈਕਨਾਲੋਜੀਆਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਨਾਲ ਹੀ, ਵਿਦਿਆਰਥੀਆਂ ਨੂੰ ਭਵਿੱਖ ਲਈ ਤਿਆਰ ਕਰਨ ਲਈ ਇਨ੍ਹਾਂ ਖੇਤਰਾਂ ਵੱਲ ਪ੍ਰੇਰਿਤ ਕਰਨ 'ਤੇ ਵੀ ਜ਼ੋਰ ਦਿੱਤਾ ਗਿਆ। ਅੰਤ ਵਿੱਚ ਸਾਰੇ ਭਾਗੀਦਾਰਾਂ ਨੇ ਸਕੂਲਾਂ ਵਿੱਚ ਮੈਨਟਰਸ਼ਿਪ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਤੇ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਲਈ ਸੰਕਲਪ ਲਿਆ।

# ਈਰਾਨ ਦੇ ਹਮਲੇ 'ਚ ਇਜ਼ਰਾਈਲੀ ਤੇਲ ਰਿਫ਼ਾਇਨਰੀ ਨੂੰ ਲੱਗੀ ਅੱਗ

ਦੁਬਈ, 31 ਮਾਰਚ (ਚ.ਨ.ਸ): ਉਤਰੀ ਇਜ਼ਰਾਈਲ ਦੇ ਹਾਈਫਾ ਸ਼ਹਿਰ ਵਿੱਚ ਬੀਤੇ ਦਿਨ ਇੱਕ ਤੇਲ ਰਿਫਾਇਨਰੀ ਉਤੇ ਅੱਗ ਲੱਗ ਗਈ। ਘਟਨਾ ਸਥਾਨ ਦੀ ਵੀਡੀਓ ਫੁਟੇਜ ਵਿੱਚ ਇਹ ਅੱਗ ਸਾਫ ਤੌਰ ਉਤੇ ਵਿਖਾਈ ਦਿੱਤੀ। ਵੀਡੀਓ ਵਿੱਚ ਇੱਕ ਵੱਡੇ ਰਿਫਾਇਨਰੀ ਟੈਂਕ ਵਿੱਚ ਅੱਗ ਦੀਆਂ ਲਪਟਾਂ ਤੇ ਸੰਘਣਾ ਕਾਲਾ ਧੂੰਆਂ ਨਜ਼ਰ ਆਇਆ, ਜਿਸ ਨੂੰ ਇਜ਼ਰਾਈਲੀ ਬਚਾਅ ਸੇਵਾਵਾਂ ਨੇ ਜਲਦੀ ਹੀ ਕਾਬੂ ਕਰ ਲਿਆ। ਇਜ਼ਰਾਈਲ ਵਿੱਚ ਸਿਰਫ਼ ਦੋ ਹੀ ਰਿਫਾਇਨਰੀਆਂ ਹਨ ਤੇ ਇਹ ਹਮਲਾ ਉਸ ਸਮੇਂ ਹੋਇਆ ਹੈ ਜਦੋਂ ਇਜ਼ਰਾਈਲ ਨੇ ਈਰਾਨ ਦੇ ਸਾਊਥ ਪਾਰਸ ਪ੍ਰਾਕ੍ਰਿਤਿਕ ਗੈਸ ਖੇਤਰ ਤੇ ਹੋਰ ਪੈਟਰੋਕੈਮਿਕਲ ਸਥਾਨਾਂ ਉਤੇ ਹਮਲੇ ਕੀਤੇ ਹਨ।



# ਕਾਂਗਰਸ ਪਾਰਟੀ 2027 ਦੀਆਂ ਚੋਣਾਂ 'ਚ ਸ਼ਾਨਦਾਰ ਜਿੱਤ ਹਾਸਲ ਕਰੇਗੀ: ਰਣਦੀਪ ਸਿੰਘ

## ☛ਸੰਤ ਨਗਰ 'ਚ ਪ੍ਰਭਾਵਸ਼ਾਲੀ ਮੀਟਿੰਗ ਕੀਤੀ



ਮੰਡੀ ਗੋਬਿੰਦਗੜ੍ਹ, 31 ਮਾਰਚ (ਸੂਦ): ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਰਣਦੀਪ ਸਿੰਘ ਨਾਭਾ ਨੇ ਸੂਬਾ ਸਰਕਾਰ ਦੀ ਸਖਤ ਅਲੋਚਨਾ ਕਰਦਿਆਂ ਲੋਕਾਂ ਨੂੰ ਕਾਂਗਰਸ ਪਾਰਟੀ ਦਾ ਡੱਟ ਕੇ ਸਾਥ ਦੇਣ ਦੀ ਅਪੀਲ ਕੀਤੀ। ਉਹ ਮਹਿਲਾ ਕਾਂਗਰਸ ਦੀ ਸੂਬਾਈ ਆਗੂ ਨੀਲਮ ਰਾਣੀ ਦੀ ਅਗਵਾਈ ਹੇਠ ਸੰਤ ਨਗਰ ਮੰਡੀ ਗੋਬਿੰਦਗੜ੍ਹ ਵਿੱਚ ਹੋਈ ਪ੍ਰਭਾਵਸ਼ਾਲੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਲੋਕਾਂ ਨੇ ਮਨ ਬਣਾ ਲਿਆ ਕਿ 2027 ਵਿੱਚ ਕਾਂਗਰਸ ਸਰਕਾਰ ਨੂੰ ਲਿਆਂਦਾ ਜਾਵੇ ਤਾਂ ਜੋ ਪੰਜਾਬ ਮੁੜ ਵਿਕਾਸ ਤੇ ਤਰੱਕੀ ਦੀਆਂ ਬੁਲੰਦੀਆਂ ਵੱਲ ਜਾ ਸਕੇ। ਉਨ੍ਹਾਂ ਵਰਕਰਾਂ ਨੂੰ ਹੁਣ ਤੋਂ ਹੀ ਤਿਆਰੀਆਂ ਵਿੱਢਣ ਦਾ ਸੱਦਾ ਦਿਤਾ। ਇਸ ਮੌਕੇ ਬਲਾਕ ਪ੍ਰਧਾਨ ਸੰਜੀਵ ਦੱਤਾ ਨੇ ਵੀ ਵਿਚਾਰ ਪੇਸ਼ ਕੀਤੇ।

# ਜ਼ੋਨ ਮੱਖੂ ਦੀ ਕੋਰ ਕਮੇਟੀ ਦੀ ਮੀਟਿੰਗ 'ਚ ਐਸਐਸਪੀ ਦਫ਼ਤਰ ਫਿਰੋਜ਼ਪੁਰ ਲੱਗਣ ਵਾਲੇ ਧਰਨੇ ਦੀਆਂ ਤਿਆਰੀਆਂ ਕਰਨ ਦੀ ਵਿਉਂਤਬੰਦੀ ਕੀਤੀ

ਜ਼ੀਰਾ, 31 ਮਾਰਚ (ਦੀਪਕ ਭਾਰਗੋ): ਕਿਸਾਨ-ਮਜ਼ਦੂਰ ਸੰਘਰਸ਼ ਪੰਜਾਬ ਜ਼ਿਲ੍ਹਾ ਫਿਰੋਜ਼ਪੁਰ ਦੇ ਜ਼ੋਨ ਮੱਖੂ ਦੀ ਕੋਰ ਕਮੇਟੀ ਮੈਂਬਰਾਂ ਦੀ ਮੀਟਿੰਗ ਜ਼ੋਨ ਪ੍ਰਧਾਨ ਵੀਰ ਸਿੰਘ ਨਿਜਾਮਦੀਨ ਵਾਲਾ ਦੀ ਪ੍ਰਧਾਨਗੀ ਹੇਠ ਹੋਈ, ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ ਵੀ ਹਾਜ਼ਰ ਸਨ। ਮੀਟਿੰਗ ਦੀ ਜਾਣਕਾਰੀ ਸਾਂਝੀ ਕਰਦਿਆਂ ਜ਼ੋਨ ਸਕੱਤਰ ਬਲਜਿੰਦਰ ਸਿੰਘ ਤਲਵੰਡੀ ਨਿਪਾਲਾਂ ਨੇ ਦੱਸਿਆ ਕਿ ਐਸਐਸਪੀ ਫਿਰੋਜ਼ਪੁਰ ਲੱਗਣ ਵਾਲੇ ਧਰਨੇ ਦੀਆਂ ਤਿਆਰੀਆਂ ਪਿੰਡ ਇਕਾਈਆਂ ਦੀਆਂ ਮੀਟਿੰਗਾਂ ਲਗਾ ਕੇ ਵੱਡੇ ਪੱਧਰ 'ਤੇ ਕਰਵਾਈਆਂ ਜਾਣਗੀਆਂ ਕਿਉਂਕਿ ਜ਼ਿਲ੍ਹਾ ਫਿਰੋਜ਼ਪੁਰ ਦੇ ਸਾਰੇ ਹੀ ਜਥੇਬੰਦੀ ਨਾਲ ਚੱਲ ਰਹੇ ਪਿੰਡਾਂ ਦੇ ਕਾਫੀ ਮਸਲੇ ਜੋ ਪੁਲਿਸ ਪ੍ਰਸ਼ਾਸਨ ਨਾਲ ਸਬੰਧਤ ਹਨ, ਪ੍ਰਸ਼ਾਸਨ ਵੱਲੋਂ ਵਾਰ-ਵਾਰ ਮੀਟਿੰਗਾਂ ਕਰਕੇ ਹੱਲ ਨਾਂਹ ਕਰਕੇ ਲਟਕਾਏ ਜਾ ਰਹੇ ਹਨ। ਜਿਸ ਦੇ ਰੋਸ ਵਜੋਂ ਕਿਸਾਨ-ਮਜ਼ਦੂਰ ਜਥੇਬੰਦੀ ਵੱਲੋਂ ਅਣਮਿਥੇ ਸਮੇਂ ਲਈ ਧਰਨਾ ਜਲਦੀ ਹੀ ਐਸਐਸਪੀ ਦਫਤਰ ਲਗਾਇਆ ਜਾਵੇਗਾ। ਇਸ ਮੌਕੇ ਲਖਵਿੰਦਰ ਸਿੰਘ ਵਸਤੀ ਨਾਮਦੇਵ, ਸਵਰਨ ਸਿੰਘ ਸਰਫਲੀ ਸ਼ਾਹ, ਸਾਹਿਬ ਸਿੰਘ ਤਲਵੰਡੀ, ਬਲਕਾਰ ਸਿੰਘ ਸ਼ਾਮੇ ਵਾਲਾ ਆਗੂ ਹਾਜ਼ਰ ਸਨ।



# ਦਸਮੇਸ਼ ਗਰਲਜ਼ ਕਾਲਜ ਦੇ ਐਨ.ਐਸ.ਐਸ. ਪ੍ਰੋਗਰਾਮ ਅਫ਼ਸਰ ਸ਼ਿਖਾ ਸ਼ਰਮਾ ਨੇ ਰਾਜ ਪੱਧਰੀ ਕਨਵੈਨਸ਼ਨ 'ਚ ਹਿੱਸਾ ਲਿਆ




ਮੁਕੇਰੀਆਂ, 31 ਮਾਰਚ (ਧਰਮ ਚੰਦ): ਦਸਮੇਸ਼ ਗਰਲਜ਼ ਕਾਲਜ, ਚੱਕ ਅੱਲ੍ਹਾ ਬਖ਼ਸ਼ ਮੁਕੇਰੀਆਂ ਤੋਂ ਕਾਲਜ ਪ੍ਰਿੰਸੀਪਲ ਡਾ. ਕਰਮਜੀਤ ਕੌਰ ਬਰਾੜ ਦੀ ਅਗਵਾਈ ਹੇਠ ਐਨ.ਐਸ.ਐਸ. ਪ੍ਰੋਗਰਾਮ ਅਫ਼ਸਰ ਸ਼ਿਖਾ ਸ਼ਰਮਾ ਨੇ 24 ਤੇ 25 ਮਾਰਚ ਨੂੰ ਚੰਡੀਗੜ੍ਹ ਯੂਨੀਵਰਸਿਟੀ, ਚੰਡੀਗੜ੍ਹ ਵਿੱਚ ਆਯੋਜਿਤ ਰਾਜ ਪੱਧਰੀ ਐਨ.ਐਸ.ਐਸ. ਕਨਵੈਨਸ਼ਨ ਵਿੱਚ ਭਾਗ ਲਿਆ।ਇਸ ਕਨਵੈਨਸ਼ਨ ਦਾ ਮੁੱਖ ਉਦੇਸ਼ ਵੱਖ-ਵੱਖ ਸਿੱਖਿਆ ਸੰਸਥਾਵਾਂ ਦੇ ਐਨ.ਐਸ.ਐਸ. ਪ੍ਰੋਗਰਾਮ ਅਫ਼ਸਰਾਂ ਤੇ ਵਲੰਟੀਅਰਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਨਾ ਸੀ ਤਾਂ ਜੋ ਸਮਾਜਿਕ ਵਿਕਾਸ ਵਿੱਚ ਐਨ.ਐਸ.ਐਸ. ਦੀ ਭੂਮਿਕਾ 'ਤੇ ਵਿਚਾਰ-ਵਟਾਂਦਰਾ ਕੀਤਾ ਜਾ ਸਕੇ। ਸਮਾਗਮ ਦੀ ਸ਼ੁਰੂਆਤ ਖੂਬਸੂਰਤ ਉਦਘਾਟਨ ਸਮਾਰੋਹ ਨਾਲ ਹੋਈ, ਜਿਸ ਵਿੱਚ ਵਿਸ਼ੇਸ਼ ਮਹਿਮਾਨਾਂ ਨੇ ਐਨ.ਐਸ.ਐਸ. ਦੀਆਂ ਗਤੀਵਿਧੀਆਂ ਦੀ ਮਹੱਤਤਾ 'ਤੇ ਰੋਸ਼ਨੀ ਪਾਈ। ਦੋ ਦਿਨਾਂ ਦੌਰਾਨ ਕਈ ਸੈਸ਼ਨ, ਵਰਕਸ਼ਾਪ ਤੇ ਵਿਚਾਰ- ਚਰਚਾ ਆਯੋਜਿਤ ਕੀਤੀ ਗਈ, ਜਿਨ੍ਹਾਂ ਵਿੱਚ ਲੀਡਰਸ਼ਿਪ ਵਿਕਾਸ, ਸਮਾਜਿਕ ਜ਼ਿੰਮੇਵਾਰੀ, ਵਾਤਾਵਰਨ ਸੁਰੱਖਿਆ ਤੇ ਐਨ.ਐਸ.ਐਸ. ਪ੍ਰੋਗਰਾਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਵਰਗੇ ਮੁੱਖ ਵਿਸ਼ਿਆਂ 'ਤੇ ਧਿਆਨ ਕੇਂਦ੍ਰਿਤ ਕੀਤਾ ਗਿਆ। ਵਿਦਵਾਨਾ ਵੱਲੋਂ ਕੀਮਤੀ ਜਾਣਕਾਰੀ ਸਾਂਝੀ ਕੀਤੀ ਗਈ, ਜਿਸ ਨਾਲ ਭਾਗੀਦਾਰਾਂ ਨੂੰ ਆਪਣੇ ਕਾਰਜਾਂ ਦੀ ਗੁਣਵੱਤਾ ਵਧਾਉਣ ਲਈ ਪ੍ਰੇਰਨਾ ਮਿਲੀ।ਇੰਟਰਐਕਟਿਵ ਸੈਸ਼ਨਾਂ ਦੌਰਾਨ ਪ੍ਰੋਗਰਾਮ ਅਫ਼ਸਰਾਂ ਨੇ ਆਪਣੇ ਤਜਰਬੇ ਸਾਂਝੇ ਕੀਤੇ ਤੇ ਉਸਾਰੂ ਕੰਮਾਂ 'ਤੇ ਚਰਚਾ ਕੀਤੀ। ਇਸ ਤੋਂ ਇਲਾਵਾ ਸੱਭਿਆਚਾਰਕ ਤੇ ਪ੍ਰੇਰਨਾਦਾਇਕ ਗਤੀਵਿਧੀਆਂ ਨੇ ਭਾਗੀਦਾਰਾਂ ਵਿੱਚ ਟੀਮ ਵਰਕ ਤੇ ਉਤਸ਼ਾਹ ਨੂੰ ਵਧਾਇਆ।

# ਜ਼ਿਲ੍ਹਾ ਅਕਾਲੀ ਜੱਥਾ ਸ਼ਹਿਰੀ ਦੀ ਹਲਕਾ ਆਤਮ ਨਗਰ ਵਿਖੇ ਹੋਈ ਵਿਸ਼ੇਸ਼ ਮੀਟਿੰਗ



ਲੁਧਿਆਣਾ, 31 ਮਾਰਚ (ਰਵਿੰਦਰ ਸਿੰਘ ਨਿੱਝਰ) : ਸ਼੍ਰੋਮਣੀ ਅਕਾਲੀ ਦਲ ਵੱਲੋਂ ਸ਼ਹਿਰੀ ਪ੍ਰਧਾਨ ਭੁਪਿੰਦਰ ਸਿੰਘ ਭਿੰਦਾ ਦੀ ਹਾਜ਼ਰੀ ਵਿੱਚ ਹਲਕਾ ਆਤਮ ਨਗਰ ਦੇ ਇੰਚਾਰਜ ਜਗਬੀਰ ਸਿੰਘ ਸੋਖੀ ਦੇ ਦਫਤਰ ਵਿਖੇ ਇੱਕ ਵਿਸ਼ੇਸ਼ ਮੀਟਿੰਗ ਰੱਖੀ ਗਈ। ਜਿਸ ਦੌਰਾਨ ਹਲਕਾ ਆਤਮ ਨਗਰ ਦੇ ਆਗੂਆਂ ਦੀ ਇੱਕ ਲਿਸਟ ਪ੍ਰਧਾਨ ਭੁਪਿੰਦਰ ਸਿੰਘ ਭਿੰਦਾ ਰਾਹੀਂ ਸੀਨੀਅਰ ਲੀਡਰਸ਼ਿਪ ਨੂੰ ਭੇਜੀ ਗਈ ਤਾਂ ਜੋ ਪਾਰਟੀ ਦੇ ਨਾਲ ਇਮਾਨਦਾਰੀ ਦੇ ਨਾਲ ਕੰਮ ਕਰਨ ਵਾਲੇ ਆਗੂਆਂ ਨੂੰ ਮਾਨ ਸਨਮਾਨ ਦੇਣ ਸਮੇਤ ਜਥੇਬੰਦੀ ਦੇ ਵਿੱਚ ਵਿਸਥਾਰ ਕੀਤਾ ਜਾ ਸਕੇ। ਇਸ ਮੌਕੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਨੌਜਵਾਨ ਆਗੂਆਂ ਨੂੰ ਵੀ ਜਗਬੀਰ ਸਿੰਘ ਸੋਖੀ ਅਤੇ ਭੁਪਿੰਦਰ ਸਿੰਘ ਭਿੰਦਾ ਨੇ ਆਪਣੇ ਸੰਬੋਧਨ ਸਮੇਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਵੀ ਨੌਜਵਾਨਾਂ ਦੇ ਨਾਲ ਵਾਅਦਾ ਕੀਤਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਤੇ ਉਹ ਜਿੱਥੇ ਨੌਜਵਾਨਾਂ ਨੂੰ ਰੋਜ਼ਗਾਰ ਲਈ 10 ਲੱਖ ਰੁਪਏ ਲੋਨ ਮੁਹੱਈਆ ਕਰਵਾਉਣਗੇ, ਉੱਥੇ ਹੀ ਸਕਿੱਲ ਡਿਵੈਲਪਮੈਂਟ ਤੇ ਕੰਮ ਕਰਨਗੇ। ਇਸ ਮੌਕੇ ਉਪਰੋਕਤ ਆਗੂਆਂ ਨੇ ਸੁਰ ਵਿੱਚ ਕਿਹਾ ਕਿ ਇਹਨਾਂ ਬਾਹਰੀ ਪਾਰਟੀਆਂ ਵਾਲਿਆਂ ਦੀਆਂ ਨਕਾਮੀਆਂ ਤੋਂ ਸੂਬੇ ਨੂੰ ਬਚਾਉਣ ਅਤੇ ਪਾਰਟੀ ਨੂੰ ਮਜਬੂਤ ਕਰਨ ਲਈ ਇੱਕਜੁੱਟ ਹੋ ਕੇ ਕੰਮ ਕਰਨ ਦੀ ਲੋੜ ਹੈ। ਇਸ ਮੌਕੇ ਉਹਨਾਂ ਨਵੀਆਂ ਅਹੁਦੇਦਾਰੀਆਂ ਅਤੇ ਜਥੇਬੰਦੀ ਨੂੰ ਮਜਬੂਤ ਕਰਨ ਸਮੇਤ ਨਜ਼ਦੀਕ ਆ ਰਹੀਆਂ ਵਿਧਾਨ ਸਭਾ ਚੋਣਾਂ ਜਿੱਤਣ ਲਈ ਵਿਚਾਰ ਵਟਾਂਦਰਾ ਕਰਦੇ ਹੋਏ ਕਿਹਾ ਕਿ ਹੁਣ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਦੀ ਸੱਤਾ ਦੇ ਉੱਪਰ ਸ਼੍ਰੋਮਣੀ ਅਕਾਲੀ ਦਲ ਦੀ ਜਿੱਤ ਦਾ ਝੰਡਾ ਲਹਿਰਾਏਗਾ। ਇਸ ਮੌਕੇ ਕੁਲਵਿੰਦਰ ਸਿੰਘ ਸੋਖੀ, ਅਮਰਪ੍ਰੀਤ ਪਾਲ ਸਿੰਘ, ਮਨਿੰਦਰ ਪਾਲ ਸਿੰਘ ਪਾਲੀ, ਇੰਦਰਜੀਤ ਸਿੰਘ ਘਟੌੜੇ,ਲਵੀ ਸ਼ਾਹੀ, ਚਿੰਟੂ ਅੱਗਰਵਾਲ ਜੋਂਟੀ ਨਾਹਰ, ਲਖਵਿੰਦਰ ਸਿੰਘ ਗਿੱਲ, ਸ਼ਮਸ਼ੇਰ ਸਿੰਘ ਗਰੇਵਾਲ, ਗੁਰਪ੍ਰੀਤ ਕੌਰ ਅਰੋੜਾ, ਰਵਿੰਦਰ ਸਿੰਘ ਜੋਸਨ, ਜਥੇਦਾਰ ਸੁਖਵਿੰਦਰ ਸਿੰਘ, ਜਥੇਦਾਰ ਕੁਲਦੀਪ ਸਿੰਘ ਖਾਲਸਾ, ਜਤਿੰਦਰ ਸਿੰਘ ਖਾਲਸਾ, ਹਰਮਨ ਅਨੇਜਾ, ਗੁਰਚਰਨ ਸਿੰਘ, ਬਲਵੀਰ ਸਿੰਘ, ਗੁਰਦੀਪ ਸਿੰਘ ਆਦਿ ਹਾਜ਼ਰ ਸਨ।

# ਹਲਕਾ ਪੱਛਮੀ ਦੇ ਕਈ ਮੁਹੱਲਿਆਂ ਵਿੱਚ ਸੜਕਾਂ ’ਤ ਪਏ ਨੇ ਵੱਡੇ-ਵੱਡੇ ਟੋਏ ਤੇ ਲੱਗਦੇ ਨੇ ਬਿਜਲੀ ਦੇ ਵੱਡੇ-ਵੱਡੇ ਕੱਟ



ਲੁਧਿਆਣਾ, 31 ਮਾਰਚ (ਰਵਿੰਦਰ ਸਿੰਘ ਨਿੱਝਰ): ਸੀਨੀਅਰ ਅਕਾਲੀ ਆਗੂ ਤੇ ਸਾਬਕਾ ਕੌਂਸਲਰ ਰਵਿੰਦਰ ਪਾਲ ਸਿੰਘ ਖਾਲਸਾ ਨੇ ਦਿੱਤੇ ਇੱਕ ਬਿਆਨ ਵਿੱਚ ਕਿਹਾ ਹੈ ਕਿ ਪੰਜਾਬ ਵਿੱਚ ਰਾਜ ਕਰ ਰਹੀ ਸੱਤਾਧਾਰੀ ਪਾਰਟੀ ਲੋਕਾਂ ਨੂੰ ਵੱਡੇ ਵੱਡੇ ਸਬਜ ਬਾਗ ਦਿਖਾ ਕੇ ਸੱਤਾ ਵਿੱਚ ਆਈ ਸੀ। ਸੰਜੀਵ ਅਰੋੜਾ ਨੂੰ ਰਾਜ ਸਭਾ ਮੈਂਬਰ ਬਣਾਇਆ ਗਿਆ, ਪ੍ਰੰਤੂ ਬਾਅਦ ਵਿੱਚ ਲੁਧਿਆਣਾ ਪੱਛਮੀ ਵਿਧਾਨ ਸਭਾ ਹਲਕੇ ਦੇ ਵਿਧਾਇਕ ਗੁਰਪ੍ਰੀਤ ਗੋਗੀ ਦੀ ਮੌਤ ਤੋਂ ਬਾਅਦ ਹੋਈਆਂ ਜ਼ਿਮਨੀ ਚੋਣਾਂ ਲਈ ਉਹਨਾਂ ਨੂੰ ਉਮੀਦਵਾਰ ਤੈਅ ਕਰ ਦਿੱਤਾ ਗਿਆ। ਜ਼ਿਮਨੀ ਚੋਣਾਂ ਵਿੱਚ ਉਹਨਾਂ ਜਿਵੇਂ ਕਿਵੇਂ ਜਿੱਤ ਪ੍ਰਾਪਤ ਕੀਤੀ । ਜ਼ਿਮਨੀ ਚੋਣ ਵਿੱਚ ਜਿੱਤਣ ਮਗਰੋਂਉਹਨਾਂ ਨੂੰ ਮੰਤਰੀ ਬਣਾਇਆ ਗਿਆ। ਪਰ ਉਹਨਾਂ ਦਾ ਆਪਣਾ ਹਲਕਾ ਜਿਸ ਵਿੱਚ ਸ਼ਹੀਦ ਭਗਤ ਸਿੰਘ ਨਗਰ ਨਿਊ ਬੀ ਆਰ ਐਸ ਨਗਰ ਨਿਊ ਸ਼ਾਮ ਨਗਰ ਅਤੇ ਕੁਝ ਹੋਰ ਮੁਹੱਲੇ ਸ਼ਾਮਲ ਹਨ, ਦੀਆਂ ਸੜਕਾਂ ਵਿੱਚ ਟੋਏ ਪਏ ਹੋਏ ਹਨ। ਸ ਖਾਲਸਾ ਨੇ ਆਖਿਆ ਕਿ ਇੱਥੇ ਹੀ ਬੱਸ ਨਹੀਂ ਇਸ ਇਲਾਕੇ ਵਿੱਚ ਹਰ ਰੋਜ਼ ਬਿਨਾਂ ਨਾਗਾ ਬਿਜਲੀ ਬੰਦ ਰਹਿੰਦੀ ਹੈ, ਨਾ ਤਾਂ ਕਦੀ ਮੰਤਰੀ ਸਾਹਿਬ ਨੇ ਆਪਣੀ ਇਲਾਕੇ ਵਿੱਚ ਸ਼ਕਲ ਹੀ ਦਿਖਾਈ ਹੈ ਨਾ ਹੀ ਸੜਕਾਂ ਬਣਾਉਣ ਦੀ ਲੋੜ ਸਮਝੀ ਹੈ ਅਤੇ ਨਾ ਹੀ ਨਿਰੰਤਰ ਬਿਜਲੀ ਸਪਲਾਈ ਦੇ ਬਾਰੇ ਕਦੀ ਕੋਈ ਧਿਆਨ ਦਿੱਤਾ ਹੈ। 2027 ਦੀਆਂ ਚੋਣਾਂ ਵਿੱਚ ਇਹਨਾਂ ਨੂੰ ਲੋਕਾਂ ਦੇ ਘਰ ਵੋਟਾਂ ਮੰਗਣ ਆਉਣਾ ਪਵੇਗਾ, ਤਾਂ ਉਸ ਵਕਤ ਇਹਨਾਂ ਨੂੰ ਪੁੱਛਿਆ ਜਾਵੇਗਾ, ਕਿ ਇਹਨਾਂ ਨੇ ਇਲਾਕੇ ਵਿੱਚ ਸੜਕਾਂ ਬਣਾਉਣ ਬਿਜਲੀ ਸਪਲਾਈ ਨਿਰੰਤਰ ਕਰਨ ਅਤੇ ਹੋਰ ਮੁਢਲੀਆਂ ਸਹੂਲਤਾਂ ਵੱਲ ਕਦੀ ਕੋਈ ਧਿਆਨ ਦਿੱਤਾ ਜਾਂ ਉਹ ਕਦੇ ਕੋਈ ਮੀਟਿੰਗ ਕੀਤੀ, ਉਸ ਵਕਤ ਉਹਨਾਂ ਨੂੰ ਆਪਣੀ ਕੀਤੀ ਦਾ ਫਲ ਭੁਗਤਣਾ ਪਵੇਗਾ।

# ਲਾਈਨਮੈਨ ਮੈਨੇਜਮੈਂਟ ਨਾਲ ਮੀਟਿੰਗ ਤੋਂ ਬਾਅਦ ਤਿੱਖਾ ਸੰਘਰਸ਼



ਲੁਧਿਆਣਾ, 31 ਮਾਰਚ (ਰਵਿੰਦਰ ਸਿੰਘ ਨਿੱਝਰ): ਬਿਜਲੀ ਨਿਗਮ ਦੀ ਮੈਨੇਜਮੈਂਟ ਵੱਲੋਂ ਬੀਤੇ ਜਲਦ ਤੋਂ ਜਲਦ 6000 ਸਹਾਇਕ ਲਾਈਨਮੈਨਾ ਦੀ ਭਰਤੀ ਦਾ ਨੋਟੀਫਿਕੇਸ਼ਨ ਜਿਓ ਹੀ ਵਿਭਾਗ ਦੀ ਸਾਈਟ ਉੱਤੇ ਪਾਇਆ ਗਿਆ, ਤਾਂ ਉਸ ਨਾਲ ਬਿਜਲੀ ਮੁਲਾਜਮਾਂ ਅਤੇ ਬਿਜਲੀ ਨਿਗਮ ਵਿੱਚੋਂ ਐਪਰੈਂਟਸ਼ਿਪ ਕਰ ਚੁੱਕੇ ਅਤੇ ਕਰ ਰਹੇ ਲਾਈਨਮੈਨਾਂ ’ਚ ਖੁਸ਼ੀ ਦੀ ਲਹਿਰ ਦੌੜਨ ਦੀ ਬਜਾਏ ਗੁੱਸੇ ਦੀ ਲਹਿਰ ਦੌੜ ਗਈ। ਇਸ ਮੱਚੀ ਹਾਹਾਕਾਰ ਕਾਰਨ ਕੱਲ੍ਹ ਪਟਿਆਲੇ ਵਿਖੇ ਜਿੱਥੇ ਅਪਰੈਂਟਸ਼ਿਪ ਕਰ ਚੁੱਕੇ ਲਾਈਨਮੈਨਾਂ ਨੇ ਮੀਟਿੰਗ ਉਪਰੰਤ ਮੈਨੇਜਮੈਂਟ ਨਾਲ ਮੀਟਿੰਗ ਕੀਤੀ ਜੋ ਬੇਸਿੱਟਾ ਰਹੀ ਉੱਥੇ ਹੀ ਐਪਰੈਂਟਸ਼ਿਪ ਕਰ ਰਹੇ ਲਾਈਨਮੈਨਾਂ ਵੱਲੋਂ 2000 ਤੋਂ ਜਿਆਦਾ ਸਾਥੀਆਂ ਦੀ ਵਿਸ਼ਾਲ ਮੀਟਿੰਗ ਸਥਾਨਕ ਰੱਖ ਬਾਗ ਵਿਖੇ ਕੀਤੀ ਗਈ। ਇਸ ਮੀਟਿੰਗ ਵਿੱਚ ਪੀਐਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਸੂਬਾ ਜਨਰਲ ਸਕੱਤਰ ਰਸ਼ਪਾਲ ਸਿੰਘ ਪਾਲੀ, ਜੋਨ ਦੇ ਮੀਡੀਆ ਪ੍ਰਚਾਰਕ ਤੇ ਸਰਕਲ ਪੂਰਬੀ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਮਹਿਦੂਦਾਂ ਤੇ ਸਰਕਲ ਪੱਛਮੀਂ ਦੇ ਸਕੱਤਰ ਦਵਿੰਦਰ ਸਿੰਘ ਨੇ ਏਕਤਾ ਮੰਚ ਵੱਲੋਂ ਤੇ ਰਘਵੀਰ ਸਿੰਘ ਸੂਬਾ ਮੀਤ ਟੀਐਸਯੂ ਨੇ ਜੁਆਇੰਟ ਫੋਰਮ ਵੱਲੋਂ ਹਿੱਸਾ ਲਿਆ। ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰਜ ਯੂਨੀਅਨ ਏਟਕ ਦੇ ਸੂਬਾ ਮੀਤ ਪ੍ਰਧਾਨ ਕੇਵਲ ਸਿੰਘ ਬਨਵੈਤ ਨੇ ਲਾਈਨਮੈਨ ਦੀ ਐਪਰੈਂਟਸ਼ਿਪ ਨੂੰ ਖਤਮ ਕਰਨ ਅਤੇ ਲਾਜਮੀਂ ਪੰਜਾਬੀ ਦੀ ਸ਼ਰਤ ਖਤਮ ਕਰਨ ਦੀ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਏਹ ਪੰਜਾਬ ਦੇ ਨੌਜਵਾਨਾਂ ਨਾਲ ਵੱਡਾ ਧੋਖਾ ਹੋਵੇਗਾ, ਜਿਸ ਨੂੰ ਅਸੀ ਬਰਦਾਸ਼ਤ ਨਹੀਂ ਕਰਾਂਗਾ ਤੇ ਏਨਾ ਨੌਜਵਾਨਾਂ ਵੱਲੋਂ ਦਿੱਤੇ ਹਰ ਸੰਘਰਸ਼ ਨੂੰ ਅੱਗੇ ਹੋ ਕੇ ਲੜਾਂਗੇ। ਉਨ੍ਹਾਂ ਪੰਜਾਬ ਸਰਕਾਰ, ਬਿਜਲੀ ਨਿਗਮ ਦੀ ਮੈਨੇਜਮੈਂਟ ਤੇ ਬਿਜਲੀ ਮੰਤਰੀ ਸੰਜੀਵ ਅਰੋੜਾ ਤੋਂ ਮੰਗ ਕੀਤੀ ਕਿ ਉਹ ਐਪਰੈਂਟਸ਼ਿਪ ਕਰਕੇ ਵੱਖ ਵੱਖ ਸੀਆਰਏ ਚੋਂ ਰਹਿ ਚੁੱਕੇ ਉਮੀਦਵਾਰਾਂ ਨੂੰ ਸਿੱਧਾ, ਐਪਰੈਂਟਸ਼ਿਪ ਕਰ ਚੁੱਕੇ ਨੌਜਵਾਨਾਂ ਨੂੰ ਬਿਨਾ ਕੋਈ ਟੈਸਟ ਲਏ ਸਿੱਧਾ ਅਤੇ ਹੁਣ 4 ਮਹੀਨਿਆਂ ਤੋਂ ਐਪਰੈਂਟਸ਼ਿਪ ਕਰ ਰਹੇ ਲਾਈਨਮੈਨਾ ਨੂੰ ਦੋ ਮਹੀਨੇ ਬਾਅਦ ਸਿੱਧਾ ਸਹਾਇਕ ਲਾਈਨਮੈਨ ਭਰਤੀ ਕਰ ਲਵੇ ਫੇਰ ਭਾਵੇਂ ਅਗਲੀਆਂ ਭਰਤੀਆਂ ਵਿੱਚ ਆਈ ਟੀ ਆਈ ਪੱਧਰ ਤੇ ਹੀ ਸਹਾਇਕ ਲਾਈਨਮੈਨ ਭਰਤੀ ਕਰ ਲੈਣ। ਅੱਜ ਦੇ ਧਰਨੇ ਦੀ ਅਗਵਾਈ ਕਰ ਰਹੇ ਸੁਰਿੰਦਰ ਸਿੰਘ ਸੂਬਾ ਪ੍ਰਧਾਨ 2600 ਐਪਰੈਂਟਸ਼ਿਪ ਯੂਨੀਅਨ, ਗਗਨਦੀਪ ਕੁਮਾਰ ਪੀਐਸਪੀਸੀਐਲ ਐਂਡ ਬੀਬੀਐਮਬੀ ਐਪਰੈਂਟਸ਼ਿਪ ਪਾਸ ਯੂਨੀਅਨ, ਰਮਨ ਸਿੰਘ ਸਾਬਕਾ ਸੂਬਾ ਪ੍ਰਧਾਨ 2600 ਐਪਰੈਂਟਸ਼ਿਪ ਯੂਨੀਅਨ, ਰਾਜ ਸਿੰਘ ਕੈਸ਼ੀਅਰ , ਫਤਹਿ ਸਿੰਘ ਸੂਬਾ ਸਕੱਤਰ, ਵਿਜੇ ਕੁਮਾਰ ਤੇ ਜਗਤਾਰ ਸਿੰਘ ਨੇ ਕਿਹਾ ਕਿ ਪੰਜਾਬ ਚ ਬਹੁਤ ਸਾਰੀਆਂ ਨੌਕਰੀਆਂ ਪਹਿਲਾਂ ਹੀ ਦੂਜੇ ਸੂਬਿਆਂ ਦੇ ਨੌਜਵਾਨਾਂ ਨੂੰ ਮਿਲ ਚੁੱਕੀਆਂ ਹਨ ਅਤੇ ਜੇਕਰ ਇਸ ਨੋਟੀਫਿਕੇਸ਼ਨ ਨੂੰ ਰੱਦ ਨਾ ਕਰਵਾਇਆ ਗਿਆ ਤਾਂ ਵੱਡੇ ਤਾਦਾਦ ’ਚ ਬਿਜਲੀ ਨਿਗਮ ਦੀਆਂ ਨੌਕਰੀਆਂ ਦੂਜੇ ਰਾਜਾਂ ਦੇ ਨੌਜਵਾਨ ਲਏ ਜਾਣਗੇ।

# ਗੁ: ਸ਼ਹੀਦਾਂ ਫੇਰੂਮਾਨ ਵਿਖੇ ‘ਜਪ-ਤਪ ਚੁਪਹਿਰਾ ਸਮਾਗਮ’



ਲੁਧਿਆਣਾ, 31 ਮਾਰਚ (ਰਵਿੰਦਰ ਸਿੰਘ ਨਿੱਝਰ): ਗੁਰਦੁਆਰਾ ਸ਼ਹੀਦਾਂ ਫੇਰੂਮਾਨ ਢੋਲੇਵਾਲ ਚੌਕ ਵਿਖੇ ਵਿਸ਼ੇਸ਼ ‘ਜਪ-ਤਪ ਚੌਪਹਿਰਾ ਸਮਾਗਮ’ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ । ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰ ਕੇ ਗੁਰਬਾਣੀ ਦਾ ਆਨੰਦ ਮਾਣਿਆ। ਸਮਾਗਮ ਦੀ ਸ਼ੁਰੂਆਤ ਅੰਮ੍ਰਿਤ ਵੇਲੇ ਤੋਂ ਹੋਈ, ਜਿਸ ਵਿੱਚ ਰਾਗੀ ਜਥਿਆਂ ਵੱਲੋਂ ਇਲਾਹੀ ਬਾਣੀ ਦੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਚੌਪਹਿਰੇ ਦੌਰਾਨ ਵਿਸ਼ੇਸ਼ ਤੌਰ ’ਤੇ ਜਪੁਜੀ ਸਹਿਬ, ਚੌਪਈ ਸਹਿਬ, ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਤੋਂ ਇਲਾਵਾ ਨਾਮ-ਸਿਮਰਨ ਅਤੇ ‘ਵਾਹਿਗੁਰੂ’ ਮੰਤਰ ਦਾ ਜਾਪ ਕਰਵਾਇਆ ਗਿਆ, ਜਿਸ ਨਾਲ ਪੂਰਾ ਮਾਹੌਲ ਅਧਿਆਤਮਿਕ ਰੰਗ ਵਿੱਚ ਰੰਗਿਆ ਗਿਆ।ਭਾਈ ਸੁਖਦੇਵ ਸਿੰਘ, ਭਾਈ ਅਮਨਦੀਪ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਸੰਗਤ ਨੂੰ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਨੇ ਕਿਹਾ ਕਿ ਅਜਿਹੇ ਸਮਾਗਮ ਮਨੁੱਖੀ ਮਨ ਨੂੰ ਸ਼ਾਂਤੀ ਪ੍ਰਦਾਨ ਕਰਦੇ ਹਨ। ਗੁਰੂ ਕਾ ਲੰਗਰ ਅਤੁੱਟ ਵਰਤਿਆ। ਦਵਿੰਦਰ ਕੌਰ ਸੋਹਲ, ਹਰਭਜਨ ਕੌਰ, ਹਰਮਿੰਦਰ ਕੌਰ, ਪਰਵਿੰਦਰ ਕੌਰ ਲਾਇਲਪੁਰੀ, ਅਮਰਜੀਤ ਕੌਰ, ਬਲਜੀਤ ਕੌਰ, ਅਨੂਪ ਕੌਰ, ਰਣਜੀਤ ਕੌਰ, ਮਨਜੀਤ ਕੌਰ ਬੱਬਲ, ਕੁਲਵੰਤ ਕੌਰ ਡੰਗ, ਪਰਮਜੀਤ ਕੌਰ, ਜਸਵਿੰਦਰ ਕੌਰ, ਸੁਰਿੰਦਰ ਕੌਰ, ਨਰਿੰਦਰ ਕੌਰ, ਸੁਖਵਿੰਦਰ ਕੌਰ, ਗੁਰਿੰਦਰ ਕੌਰ, ਬਲਵਿੰਦਰ ਕੌਰ, ਬਲਜੀਤ ਕੌਰ, ਜਸਵੀਰ ਕੌਰ, ਹਰਦੀਪ ਕੌਰ, ਮਨਪ੍ਰੀਤ ਕੌਰ, ਰਜਿੰਦਰ ਕੌਰ, ਪਰਮਜੀਤ ਕੌਰ, ਲਵਦੀਪ ਕੌਰ, ਤਰਲੋਚਨ ਸਿੰਘ ਬੱਬਰ, ਗੁਰਜੀਤ ਸਿੰਘ ਗਿੱਲ ਐਨਆਰਆਈ, ਅਰਜਨ ਸਿੰਘ ਚੀਮਾ, ਇੰਦਰਜੀਤ ਸਿੰਘ ਮੱਕੜ, ਬਲਜੀਤ ਸਿੰਘ ਦੁਖੀਆ, ਤੇਜਿੰਦਰ ਸਿੰਘ ਡੰਗ, ਪਰਮਜੀਤ ਸਿੰਘ ਲਾਇਲਪੁਰੀ, ਸੁਰਿੰਦਰਜੀਤ ਸਿੰਘ ਮੱਕੜ, ਇੰਦਰਜੀਤ ਸਿੰਘ ਗੋਲਾ, ਮੋਹਨ ਸਿੰਘ ਚੌਹਾਨ, ਜੱਥੇਦਾਰ ਲਖਵਿੰਦਰ ਸਿੰਘ ਲੱਖਾ, ਅਵਤਾਰ ਸਿੰਘ ਪਨੇਸਰ, ਪ੍ਰੀਤਮ ਸਿੰਘ ਮਣਕੂ, ਭਾਈ ਸੁਖਦੇਵ ਸਿੰਘ, ਦਵਿੰਦਰ ਸਿੰਘ ਸਿੱਬਲ, ਗੁਰਮੀਤ ਸਿੰਘ ਅਤੇ ਸੁਰਿੰਦਰ ਸਿੰਘ. ਨਾਰੰਗ ਵੀ ਗੁਰੂ ਘਰ ਨਤਮਸਤਕ ਹੋਏ।

# ਕਿਸਾਨਾਂ ਮਜ਼ਦੂਰਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਡੀ.ਸੀ. ਦਫ਼ਤਰ ਅੱਗੇ ਧਰਨਾ 6 ਨੂੰ

ਲੁਧਿਆਣਾ, 31 ਮਾਰਚ (ਰਵਿੰਦਰ ਸਿੰਘ ਨਿੱਝਰ): ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਲੁਧਿਆਣਾ ਦੀ ਮੀਟਿੰਗ ਅੱਜ ਡਾ. ਗੁਰਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਹੋਈ। ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਪਰ ਕਿਸਾਨਾਂ ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਜਿਵੇਂ ਬਿਜਲੀ ਸੋਧ ਬਿੱਲ ਤੇ ਬੀਜ ਬਿੱਲ ਰੱਦ ਕਰਨ, ਮੁਕਤ ਵਪਾਰ ਸਮਝੌਤਾ ਰੱਦ ਕਰਨ, ਚਾਰ ਲੇਬਰ ਕੋਡ ਵਾਪਸ ਲੈਣ, ਮਨਰੇਗਾ ਕਾਨੂੰਨ ਬਹਾਲ ਕਰਨ, ਮਜ਼ਦੂਰਾਂ ਕਿਸਾਨਾਂ ਦੇ ਸਮੁੱਚੇ ਕਰਜ਼ੇ ਮੁਆਫ਼ ਕਰਨ, ਪੰਜਾਬ ਦੇ ਪਾਣੀਆਂ ਦੇ ਮਸਲੇ ਦਾ ਨਿਆਂ ਪੂਰਨ ਹੱਲ ਕਰਨ ਦੀ ਮੰਗ ਲੈਕੇ 6 ਅਪ੍ਰੈਲ ਨੂੰ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਦੇ ਦਫਤਰ ਅੱਗੇ ਧਰਨਾ ਮਾਰਿਆ ਜਾਵੇਗਾ। ਇਸ ਸਬੰਧੀ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਜਥੇਬੰਦੀਆਂ ਸਮੇਤ ਭਰਾਤਰੀ ਜਥੇਬੰਦੀਆਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੀਆਂ। ਮੀਟਿੰਗ ਵਿੱਚ ਮਤਾ ਪਾਸ ਕਰਕੇ 1 ਅਪ੍ਰੈਲ ਨੂੰ ਟਰੇਡ ਯੂਨੀਅਨਾਂ ਵੱਲੋਂ ਮਨਾਏ ਜਾ ਰਹੇ ਕਾਲਾ ਦਿਵਸ ਦੀ ਹਮਾਇਤ ਕੀਤੀ ਗਈ। ਕਾਲਾ ਦਿਵਸ ਨੂੰ ਕਾਮਯਾਬ ਕਰਨ ਲਈ ਕਿਸਾਨ ਜਥੇਬੰਦੀਆਂ ਵੱਲੋਂ ਪੂਰਨ ਸਹਿਯੋਗ ਕੀਤਾ ਜਾਵੇਗਾ। ਅੱਜ ਦੀ ਮੀਟਿੰਗ ਵਿੱਚ ਜਮਹੂਰੀ ਕਿਸਾਨ ਸਭਾ ਪੰਜਾਬ, ਆਲ ਇੰਡੀਆ ਕਿਸਾਨ ਸਭਾ (1936), ਭਾਰਤੀ ਕਿਸਾਨ ਯੂਨੀਅਨ ਏਕਤਾ(ਉਗਰਾਹਾਂ), ਆਲ ਇੰਡੀਆ ਕਿਸਾਨ ਸਭਾ (ਹੱਨਨ ਮੁੱਲਾ), ਕਿਰਤੀ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਧਨੇਰ), ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ), ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਆਗੂਆਂ ਰਘਵੀਰ ਸਿੰਘ ਬੈਨੀਪਾਲ, ਚਮਕੌਰ ਸਿੰਘ ਬਰਮੀ, ਬਲਦੇਵ ਸਿੰਘ ਲਤਾਲਾ, ਸੁਦਾਗਰ ਸਿੰਘ ਘੁਡਾਣੀ, ਸਾਧੂ ਸਿੰਘ ਅੱਚਰਵਾਲ, ਰਜਿੰਦਰ ਸਿੰਘ, ਕਰਮਜੀਤ ਸਿੰਘ ਜਸਪਾਲ ਬਾਂਗਰ, ਪਵਨਦੀਪ ਸਿੰਘ ਮੇਹਲੋਂ ਆਦਿ ਨੇ ਸ਼ਮੂਲੀਅਤ ਕੀਤੀ।

# ਵਿਧਾਇਕ ਸਿੱਧੂ ਵੱਲੋਂ ਵਾਰਡ ਨੰਬਰ 42 ’ਚ ਲੋਕ ਮਿਲਣੀ



ਲੁਧਿਆਣਾ, 31 ਮਾਰਚ (ਵਿਸ਼ਾਲ ਸ਼ਰਮਾ): ਵਿਧਾਇਕ ਕੁਲਵੰਤ ਸਿੰਘ ਸਿੱਧੂ ਵੱਲੋਂ ਬੀਤੇ ਕੱਲ੍ਹ ਵਾਰਡ ਨੰਬਰ 42 ਅਧੀਨ ਸ਼ਿਮਲਾਪੁਰੀ ਵਿਖੇ ਲੋਕ ਮਿਲਣੀ ਕੀਤੀ। ਉਨ੍ਹਾਂ ਹਲਕੇ ਦੇ ਵਸਨੀਕਾਂ ਨੂੰ ਪਿਛਲੇ ਚਾਰ ਸਾਲ ਦੀਆਂ ਸਰਕਾਰ ਦੀਆਂ ਉਪਲੱਬਧੀਆਂ ਗਿਣਾਈਆਂ। ਇਸ ਮੌਕੇ ਕੌਂਸਲਰ ਜਗਮੀਤ ਸਿੰਘ ਨੋਨੀ, ਕੌਂਸਲਰ ਸੋਹਣ ਸਿੰਘ ਗੋਗਾ ਅਤੇ ਇਸਤਰੀ ਵਿੰਗ ਦੀ ਜਿਲਾ ਪ੍ਰਧਾਨ ਮਨੀਸ਼ਾ ਕਪੂਰ, ਬਲਾਕ ਪ੍ਰਧਾਨ ਬਿਪਨ ਸੇਠੀ, ਸੋਸ਼ਲ ਮੀਡੀਆ ਪ੍ਰਧਾਨ ਗੁਰਪ੍ਰੀਤ ਸਿੰਘ ਰਾਜਾ, ਲਾਲੀ ਸ਼ਰਮਾ, ਵਿਧਾਇਕ ਸਿੱਧੂ ਦੇ ਮੀਡੀਆ ਇੰਚਾਰਜ ਸੁਖਵਿੰਦਰ ਸਿੰਘ ਗਿੱਲ ਅਤੇ ਇਲਾਕਾ ਨਿਵਾਸੀ ਮੌਜੂਦ ਸਨ।

# ਨਸ਼ਿਆਂ ਵਿਰੁੱਧ ਲੋਕਾਂ ਨੂੰ ਸੁਚੇਤ ਕਰਨ ਲਈ ਧਰਨਾ ਤੇ ਰੋਸ ਮਾਰਚ 19 ਨੂੰ



ਲੁਧਿਆਣਾ, 31 ਮਾਰਚ (ਰਵਿੰਦਰ ਸਿੰਘ ਨਿੱਝਰ): ਦਸਮੇਸ਼ ਤਰਨਾ ਦਲ ਦੇ ਜਥੇਦਾਰ ਸ਼ੇਰ ਸਿੰਘ ਅਤੇ ਬਾਬਾ ਜਸਵੰਤ ਸਿੰਘ ਲਾਲ ਬੱਤੀ ਵਾਲਿਆਂ ਨੇ ਦੱਸਿਆ ਕਿ ਦਲ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ 19 ਅਪ੍ਰੈਲ ਐਤਵਾਰ ਸਵੇਰੇ 10 ਵਜੇ ਨਸ਼ਿਆਂ ਦੇ ਵਿਰੁੱਧ ਆਮ ਲੋਕਾਂ ਨੂੰ ਸੁਚੇਤ ਕਰਨ ਲਈ ਗਿੱਲ ਨਹਿਰ ਨੇੜੇ ਇੱਕ ਘੰਟੇ ਦਾ ਧਰਨਾ ਲਗਾਇਆ ਜਾਵੇਗਾ ਅਤੇ ਉਸ ਤੋਂ ਬਾਅਦ ਇਕ ਰੋਸ ਮਾਰਚ ਕੱਢਿਆ ਜਾਵੇਗਾ, ਜੋ ਕਿ ਗਿੱਲ ਨਹਿਰ ਤੋਂ ਸ਼ੁਰੂ ਹੋ ਕੇ ਕੁਆਲਿਟੀ ਚੌਕ ਅਤੇ ਮਠਾੜੂ ਚੌਕ ਤੋਂ ਹੁੰਦਾ ਹੋਇਆ ਵਾਪਸ ਗਿੱਲ ਨਹਿਰ ਵਿਖੇ ਸਮਾਪਤ ਹੋਵੇਗਾ । ਇਸ ਮੌਕੇ ਬਾਬਾ ਮੇਜਰ ਸਿੰਘ, ਭਾਈ ਜਗਜੀਤ ਸਿੰਘ, ਗੁਰਮੁਖ ਸਿੰਘ, ਤਰੁਣ ਸਿੰਘ ਅਤੇ ਰਵਿੰਦਰ ਸਿੰਘ ਬਿੰਦਰ ਆਦਿ ਵੀ ਹਾਜ਼ਰ ਸਨ।

# ਲੋੜਵੰਦ ਮਰੀਜ਼ਾਂ ਲਈ ਡਾਕਟਰੀ ਕੈਂਪ ਲਗਾਇਆ

## ਕੈਂਪ ਦਾ ਉਦਘਾਟਨ ਉੱਘੇ ਸਮਾਜ ਸੇਵੀ ਸੁਨੀਤਾ ਧਾਮੀ ਸਹੋਤਾ ਨੇ ਕੀਤਾ

ਫਿਲੌਰ, 31 ਮਾਰਚ (ਅਜੇ ਸਿੰਘ ਨਾਗੀ): ਗੁਰੂ ਗੋਬਿੰਦ ਸਿੰਘ ਹਸਪਤਾਲ ਦੁਸਾਂਝ ਕਲਾਂ ਜਲੰਧਰ ਫਰੀ ਮੈਡੀਕਲ ਕੈਂਪ ਲਗਾਇਆ, ਕੈਂਪ ਦਾ ਉਦਘਾਟਨ ਸੁਨੀਤਾ ਧਾਮੀ ਸਹੋਤਾ, ਸੁਖਜੀਤ ਸਿੰਘ ਜੌਹਲ ਪ੍ਰਧਾਨ, ਡਾਕਟਰ ਸੁਖਵੀਰ ਸਿੰਘ ਬੀ ਡੀ ਐਸ, ਡਾਕਟਰ ਜਸਵਿੰਦਰ ਚੀਮਾ ਤੇ ਵਿਸ਼ੇਸ਼ ਸ਼ਖਸ਼ੀਅਤਾਂ ਨੇ ਰੀਬਨ ਕੱਟ ਕੇ ਕੀਤਾ। ਇਸ ਮੌਕੇ ਸੁਨੀਤਾ ਧਾਮੀ ਸਹੋਤਾ ਨੇ ਪਰਦੇਸਾਂ ਵਿੱਚ ਰਹਿੰਦੇ ਹੋਏ ਆਪਣੇ ਦੇਸ਼ ਦੀ ਮਿੱਟੀ ਨੂੰ ਮੋਹ ਜਿਤਾਉਂਦੇ ਹਨ ਤੇ ਜਦੋ ਵੀ ਕੋਈ ਆਫਤ ਆਉਂਦੀ ਹੈ ਜਾਂ ਕੋਈ ਪਿੰਡਾਂ ’ਚ ਨੇਕ ਕਾਰਜ ਲਈ ਐਨ ਆਰ ਆਈ ਭਰਾ ਭੈਣਾਂ ਵਡਮੁੱਲਾ ਯੋਗਦਾਨ ਪਾਉਂਦੇ ਹਨ।ਮੈਡੀਕਲ ਕੈਂਪ ਦਾ ਸੈਂਕੜੇ ਮਰੀਜ਼ਾਂ ਨੇ ਲਾਭ ਲਿਆ ਤੇ ਚੈੱਕ ਅਪ ਕਰਕੇ ਫਰੀ ਐਨਕਾਂ ਤੇ ਦਵਾਈਆਂ ਦਿੱਤੀਆਂ ਗਈਆਂ। ਸਮਾਜ ਸੇਵੀਆਂ ਨੇ ਬਲੱਡ ਕੈਂਪ ਦੇ ਵਿੱਚ ਬਲੱਡ ਦਾਨ ਕੀਤਾ। ਹਸਪਤਾਲ ਦੀ ਬੇਹਤਰੀ ਲਈ ਸੁਨੀਤਾ ਧਾਮੀ ਸਹੋਤਾ ਤੇ ਫੈਮਿਲੀ ਨੇ ਇਕ ਲੱਖ ਰੁਪਇਆ ਕਮੇਟੀ ਨੂੰ ਭੇਟ ਕੀਤਾ। ਇਸ ਮੌਕੇ ਬਲਵਿੰਦਰ ਸਿੰਘ ਦੁਸਾਂਝ ਸੀਨੀਅਰ ਮੀਤ ਪ੍ਰਧਾਨ, ਰਾਮਤੀਰਥ ਸਿੰਘ ਗਰੇਵਾਲ ਸੀਨੀਅਰ ਮੀਤ ਪ੍ਰਧਾਨ, ਰਾਮਤਰੀਥ ਸਿੰਘ ਖਾਲਸਾ ਜਰਨਲ ਸਕੱਤਰ,ਇੰਦਰਜੀਤ ਸਿੰਘ ਇੰਦਨਾ ਖਜਾਨਚੀ,ਰਾਮਨਾਥ ਕਮੇਟੀ ਮੈਂਬਰ, ਹਰਿੰਦਰ ਕੌਰ ਜੌਹਲ, ਗੁਰਬਖਸ ਸਿੰਘ ਲੇਹਲ ਸੀਨੀਅਰ ਮੀਤ ਪ੍ਰਧਾਨ, ਨਿਰਮਲ ਕੁਮਾਰ ਨਵੀ ਸਰਪੰਚ ਦੁਸਾਂਝ ਕਲਾਂ, ਨਰਿੰਦਰ ਕੌਰ, ਸੁਨੀਤਾ, ਰਾਜ ਕੁਮਾਰ, ਜੋਗਾ ਸਿੰਘ ਜੌਹਲ, ਗੁਰਜਿੰਦਰ ਸਿੰਘ ਇੰਦਨਾ, ਡਾਕਟਰ ਨਰਿੰਦਰਜੀਤ ਸਿੰਘ, ਡਾਕਟਰ ਸਰਬਜੀਤ ਸਿੰਘ, ਡਾਕਟਰ ਮੁਕੇਸ਼ ਅੱਖਾਂ ਦੇ ਸਪੈਸ਼ਲਿਸਟ, ਸਟਾਫ ਨੇਹਾ, ਅਮਿਸ਼ਾ, ਅਮਨ, ਮਹਿੰਦਰ, ਡਾਕਟਰ ਸੁਖਬੀਰ ਸਿੰਘ ਡੈਂਟਲ ਤੇ ਇਲਾਕੇ ਭਰ ਦੀਆਂ ਵਿਸ਼ੇਸ਼ ਸ਼ਖ਼ਸ਼ੀਅਤਾਂ ਹਾਜ਼ਰ ਸਨ!

# ਲੜਕੀਆਂ ਨੂੰ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਵਾਲੇ ਦੋ ਨੌਜਵਾਨਾਂ ਖ਼ਿਲਾਫ਼ ਕੇਸ ਦਰਜ

ਮੁੱਲਾਂਪੁਰ ਦਾਖਾ, 31 ਮਾਰਚ (ਦਵਿੰਦਰ ਸਿੰਘ ਲੰਮੇ) : ਥਾਣਾ ਦਾਖਾ ਦੀ ਪੁਲਿਸ ਨੇ ਦੋ ਨਾਬਾਲਿਗ ਲੜਕੀਆਂ (ਸਹੇਲੀਆਂ) ਨੂੰ ਵਿਆਹ ਦਾ ਝਾਂਸਾ ਦੇ ਲਿਜਾਣ ਦੇ ਦੋਸ਼ ਤਹਿਤ ਮੰਡੀ ਮੁੱਲਾਂਪੁਰ ਦੇ ਰਹਿਣ ਵਾਲੇ ਦੋ ਨੌਜਵਾਨਾਂ ਖਿਲਾਫ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ। ਕੇਸ ਦੀ ਪੜਤਾਲ ਕਰ ਰਹੇ ਏ.ਐਸ.ਆਈ. ਨਰਿੰਦਰ ਕੁਮਾਰ ਅਨੁਸਾਰ ਪੁਲਿਸ ਕੋਲ ਦਰਜ ਕਰਵਾਏ ਲਾਗਲੇ ਪਿੰਡ ਦੇ ਵਿਅਕਤੀ ਨੇ ਦੱਸਿਆ ਕਿ ਮੇਰੀ ਨਾਬਾਲਿਗ ਲੜਕੀ ਅਤੇ ਉਸਦੀ ਸਹੇਲੀ (ਦੋਵੇਂ) 12ਵੀਂ ਜਮਾਤ ਵਿੱਚ ਪੜ੍ਹਦੀਆਂ ਸਨ ਅਤੇ 26 ਮਾਰਚ 2026 ਕਰੀਬ 4 ਵਜੇ ਸ਼ਾਮ ਨੂੰ ਦੋਵੇਂ ਘਰੋਂ ਕਿੱਧਰੇ ਚਲੀਆਂ ਗਈਆਂ ਸਨ। ਉਸਨੇ ਦੱਸਿਆ ਕਿ ਦੋਵਾਂ ਦੀ ਹੁਣ ਤੱਕ ਬੜੀ ਭਾਲ ਕਰਦੇ ਰਹੇ ਪਰ ਸਾਨੂੰ ਉਹ ਕਿਤੇ ਵੀ ਨਹੀਂ ਮਿਲੀਆਂ। ਹੁਣ ਪਤਾ ਲੱਗਾ ਹੈ ਕਿ ਮੇਰੀ ਲੜਕੀ ਨੂੰ ਨਿਖਲ ਪੁੱਤਰ ਵਿਨੋਦ ਸਾਹਨੀ ਅਤੇ ਉਸਦੀ ਲੜਕੀ ਦੀ ਸਹੇਲੀ ਨੂੰ ਅਮਿਤ ਕੁਮਾਰ ਪੁੱਤਰ ਨਰੇਸ਼ ਪਾਸਵਾਨ ਵਾਸੀਆਨ ਏਕਤਾ ਨਗਰ ਮੰਡੀ ਮੁੱਲਾਂਪੁਰ ਵਿਆਹ ਕਰਾਉਣ ਦਾ ਝਾਂਸਾ ਦੇ ਕੇ ਵਰਗਲਾਕੇ ਲੈ ਗਏ ਹਨ। ਦਾਖਾ ਪੁਲਿਸ ਨੇ ਦੋਵਾਂ ਨੌਜਵਾਨਾਂ ਖਿਲਾਫ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ।

# ਗਊਸ਼ਾਲਾ ਟਰੱਸਟ ਦੇ ਮੁੱਖ ਸਰਪ੍ਰਸਤ ਅਵਿਨਾਸ਼ ਗੁਪਤਾ ਅਤੇ ਡੂੰਗਰ ਸਿੰਘ ਰਕਬਾ ਭਵਨ ਪੁੱਜੇ



ਮੁੱਲਾਂਪੁਰ ਦਾਖਾ, 31 ਮਾਰਚ (ਦਵਿੰਦਰ ਸਿੰਘ ਲੰਮੇ) : ਸੁਆਮੀ ਗੰਗਾਨੰਦ ਜੀ ਭੂਰੀ ਵਾਲੇ ਗਊਸ਼ਾਲਾ ਟਰੱਸਟ ਦੇ ਮੁੱਖ ਸਰਪ੍ਰਸਤ ਅਵਿਨਾਸ਼ ਗੁਪਤਾ ਅਤੇ ਸਮਾਜਸੇਵੀ ਡੂੰਗਰ ਸਿੰਘ ਰਕਬਾ ਭਵਨ ਪੁੱਜੇ। ਜਿੱਥੇ ਉਹਨਾਂ ਦਾ ਕ੍ਰਿਸ਼ਨ ਕੁਮਾਰ ਬਾਵਾ, ਵਿਨੋਦ ਕਾਲੀਆ, ਨਿਤਿਨ ਬਾਂਸਲ, ਕਰਨੈਲ ਗਿੱਲ, ਸੰਤੋਸ਼ ਸ਼ਰਮਾ, ਸੁਖਚੈਨ ਸਿੰਘ, ਰਣਜੀਤ ਸਿੰਘ ਅਤੇ ਜਗਜੀਵਨ ਸਿੰਘ ਨੇ ਚੱਲ ਰਹੇ ਕੰਮਾਂ ਦਾ ਜਾਇਜ਼ਾ ਲਿਆ। ਇਸ ਮੌਕੇ ਅਵਿਨਾਸ਼ ਗੁਪਤਾ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਕ੍ਰਿਸ਼ਨ ਕੁਮਾਰ ਬਾਵਾ ਨੇ ਅਪੀਲ ਕਰਦਿਆਂ ਕਿਹਾ ਕਿ ਬੇਸਹਾਰਾ ਗਊਆਂ ਦੀ ਸਾਂਭ ਸੰਭਾਲ ਲਈ ਇਲਾਕਾ ਨਿਵਾਸੀ, ਪਤਵੰਤੇ ਸੱਜਣ ਸਹਿਯੋਗ ਦੇਣ।

# ਸਿੱਧੂ ਮੂਸੇਵਾਲਾ ਦੇ ਸਾਬਕਾ ਮੈਨੇਜਰ ਦਾ ਪਿਤਾ ਗ੍ਰਿਫ਼ਤਾਰ

## ਪਾਇਲ ਦੇ ਕਾਰੋਬਾਰੀ ਤੋਂ ਫਰੌਤੀ ਮੰਗਣ ਦਾ ਮਾਮਲਾ ਬੇਨਕਾਬ



ਪਾਇਲ /ਖੰਨਾ, 31 ਮਾਰਚ (ਸੰਜੀਵ ਲਹਿਲ) : ਖੰਨਾ ਪੁਲਿਸ ਨੇ ਪਾਇਲ ਇਲਾਕੇ ਵਿੱਚ ਇੱਕ ਕਾਰੋਬਾਰੀ ਤੋਂ ਇੱਕ ਕਰੋੜ ਰੁਪਏ ਦੀ ਫ਼ਿਰੌਤੀ ਮੰਗਣ ਦੇ ਗੰਭੀਰ ਮਾਮਲੇ ਦਾ ਪਰਦਾਫਾਸ਼ ਕਰਦਿਆਂ ਵੱਡੀ ਕਾਰਵਾਈ ਕੀਤੀ ਹੈ। ਇਸ ਮਾਮਲੇ ਵਿੱਚ ਪੁਲਿਸ ਨੇ ਪ੍ਰਸਿੱਧ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਸਾਬਕਾ ਮੈਨੇਜਰ ਸ਼ਗਨਪ੍ਰੀਤ ਸਿੰਘ ਦੇ ਪਿਤਾ ਸੌਦਾਗਰ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

ਜਾਣਕਾਰੀ ਅਨੁਸਾਰ ਪਾਇਲ ਦੇ ਇੱਕ ਕਾਰੋਬਾਰੀ (ਆੜ੍ਹਤੀ) ਨੂੰ ਫੋਨ ਕਾਲ ਰਾਹੀਂ ਇੱਕ ਕਰੋੜ ਰੁਪਏ ਦੀ ਫ਼ਿਰੌਤੀ ਦੀ ਮੰਗ ਕੀਤੀ ਗਈ ਸੀ। ਫ਼ਿਰੌਤੀ ਮੰਗਣ ਵਾਲਾ ਵਰਿੰਦਰ ਸਿੰਘ ਸੀ ਜੋ ਕਿ ਅੰਮ੍ਰਿਤਸਰ ਰੂਲਰ ਏਰੀਆ ਦਾ ਰਹਿਣ ਵਾਲਾ ਹੈ ਗੈਂਗਸਟਰ ਡੋਨੀ ਬਲ ਦੱਸਦੇ ਹੋਏ ਧਮਕੀਆਂ ਵੀ ਦਿੱਤੀਆਂ। ਇਸ ਸੰਬੰਧੀ ਸ਼ਿਕਾਇਤ ਮਿਲਣ ਉਪਰੰਤ ਖੰਨਾ ਪੁਲਿਸ ਨੇ ਤੁਰੰਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ।

ਤਫ਼ਤੀਸ਼ ਦੌਰਾਨ ਸਾਹਮਣੇ ਆਇਆ ਕਿ ਇਹ ਧਮਕੀ ਭਰੀ ਕਾਲ ਵਰਿੰਦਰ ਸਿੰਘ ਵੱਲੋਂ ਕੀਤੀ ਗਈ ਸੀ, ਪਰ ਜਾਂਚ ਵਿੱਚ ਖੁਲਾਸਾ ਹੋਇਆ ਕਿ ਇਸ ਦੇ ਪਿੱਛੇ ਅਸਲ ਮਾਸਟਰਮਾਈਂਡ ਸ਼ਗਨਪ੍ਰੀਤ ਸਿੰਘ ਹੈ, ਜੋ ਕਿ ਸਰਦਾਰ ਗੁਰ ਸਿੰਘ ਦਾ ਪੁੱਤਰ ਹੈ ਅਤੇ ਜ਼ਿਲ੍ਹਾ ਫਤਿਹਗੜ੍ਹ ਨਾਲ ਸਬੰਧਤ ਹੋਣ ਦੇ ਨਾਲ ਮੌਜੂਦਾ ਸਮੇਂ ਆਸਟਰੇਲੀਆ ਵਿੱਚ ਰਹਿ ਰਿਹਾ ਹੈ।

ਪੁਲਿਸ ਨੂੰ ਮਿਲੇ ਤਕਨੀਕੀ ਸਬੂਤਾਂ ਅਤੇ ਹੋਰ ਜਾਣਕਾਰੀ ਦੇ ਆਧਾਰ ‘ਤੇ ਪਿਤਾ-ਪੁੱਤਰ ਦੀ ਸਾਜ਼ਿਸ਼ ਦੀ ਪੁਸ਼ਟੀ ਹੋਣ ਉਪਰੰਤ ਸੌਦਾਗਰ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਪੁਲਿਸ ਵੱਲੋਂ ਮਾਮਲੇ ਦੀ ਹੋਰ ਗਹਿਰਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਹੋਰ ਸੰਭਾਵਿਤ ਸਾਥੀਆਂ ਦੀ ਭਾਲ ਜਾਰੀ ਹੈ।

ਪੁਲਿਸ ਅਧਿਕਾਰੀਆਂ ਨੇ ਕਿਹਾ ਕਿ ਇਸ ਮਾਮਲੇ ਵਿੱਚ ਸ਼ਾਮਲ ਕਿਸੇ ਵੀ ਦੋਸ਼ੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਸਮੇਂ ਚੜ੍ਹਦੀ ਕਲਾ ਨਾਲ ਗੱਲਬਾਤ ਕਰਦਿਆਂ ਡੀਐਸਪੀ ਪਾਇਲ ਜਸਵਿੰਦਰ ਸਿੰਘ ਖਹਿਰਾ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਕਿਸੇ ਵੀ ਗੈਂਗਸਟਰ ਤੋਂ ਡਰਨ ਦੀ ਕੋਈ ਜਰੂਰਤ ਨਹੀਂ ਹੈ ਪੰਜਾਬ ਪੁਲਿਸ ਪੰਜਾਬ ਦੇ ਲੋਕਾਂ ਦੇ ਦੀ ਜਾਨ ਅਤੇ ਮਾਲ ਲਈ ਹਰ ਸਮੇਂ ਬਚਨ ਵੱਧ ਹੈ ਜੇਕਰ ਕਿਸੇ ਵੀ ਵਪਾਰੀ ਜਾਂ ਕਿਸੇ ਵਿਅਕਤੀ ਨੂੰ ਅਜਿਹੀ ਕਾਲ ਆਉਂਦੀ ਹੈ, ਜਿਸ ਵਿੱਚ ਕੋਈ ਫ਼ਿਰੌਤੀ ਮੰਗ ਰਿਹਾ ਹੋਵੇ ਉਸ ਦੀ ਸੂਚਨਾ ਦੇਤੀ ਪੰਜਾਬ ਪੁਲਿਸ ਨੂੰ ਦੇਵੋ ਜਿਵੇਂ ਕਿ ਪਹਿਲ ਦੇ ਇਸ ਕਾਰੋਬਾਰੀ ਨੇ ਦਿੱਤੀ ਹੈ ਡੀਐਸਪੀ ਸ੍ਰੀ ਖਹਿਰਾ ਦੇ ਅਨੁਸਾਰ ਜਿਵੇਂ ਹੀ ਪਾਇਲ ਪੁਲਿਸ ਨੂੰ ਫਰੌਤੀ ਮੰਗਣ ਵਾਲੇ ਵਿਅਕਤੀਆਂ ਬਾਰੇ ਜਾਣਕਾਰੀ ਦਿੱਤੀ ਗਈ ਤੁਰੰਤ ਪੁਲਿਸ ਹਰਕਤ ਵਿੱਚ ਆਈ ਤੇ ਕੁਝ ਹੀ ਪਲਾਂ ਦੇ ਵਿੱਚ ਹਰ ਪੁਲਿਸ ਵੱਲੋਂ ਉਹਨਾਂ ਵਿਅਕਤੀਆਂ ਨੂੰ ਟਰੇਸ ਕਰ ਲਿਆ ਗਿਆ। ਉਹਨਾਂ ਕਿਹਾ ਕਿ ਇਸ ਮਾਮਲੇ ਵਿੱਚ ਕੋਈ ਵੀ ਦੋਸ਼ੀ ਬਖਸ਼ਿਆ ਨਹੀਂ ਜਾਵੇਗਾ।

# ਵਿਧਾਇਕਾਂ, ਮੇਅਰ ’ਤੇ ਡੀ.ਸੀ. ਨੇ ਡੇਅਰੀ ਐਸੋਸੀਏਸ਼ਨਾਂ ਨਾਲ ਕੀਤੀ ਮੀਟਿੰਗ



ਲੁਧਿਆਣਾ, 31 ਮਾਰਚ (ਵਿਸ਼ਾਲ ਸ਼ਰਮਾ): ਹੈਬੋਵਾਲ ਅਤੇ ਤਾਜਪੁਰ ਰੋਡ ਡੇਅਰੀ ਕੰਪਲੈਕਸਾਂ ਤੋਂ ਘਰ-ਘਰ ਜਾ ਕੇ ਗੋਬਰ ਚੁੱਕਣ ਨੂੰ ਯਕੀਨੀ ਬਣਾਉਣ ਲਈ, ਵਿਧਾਇਕ ਮਦਨ ਲਾਲ ਬੱਗਾ, ਦਲਜੀਤ ਸਿੰਘ ਭੋਲਾ ਗਰੇਵਾਲ, ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਅਤੇ ਡਿਪਟੀ ਕਮਿਸ਼ਨਰ (ਡੀਸੀ) ਹਿਮਾਂਸ਼ੂ ਜੈਨ ਨੇ ਸੋਮਵਾਰ ਸ਼ਾਮ ਨੂੰ ਬੱਚਤ ਭਵਨ ਵਿਖੇ ਡੇਅਰੀ ਐਸੋਸੀਏਸ਼ਨਾਂ ਦੇ ਮੈਂਬਰਾਂ ਅਤੇ ਦੋਵਾਂ ਡੇਅਰੀ ਕੰਪਲੈਕਸਾਂ ਵਿੱਚ ਘਰ-ਘਰ ਜਾ ਕੇ ਗੋਬਰ ਚੁੱਕਣ ਲਈ ਰੱਖੇ ਠੇਕੇਦਾਰ ਨਾਲ ਮੀਟਿੰਗ ਕੀਤੀ। ਮੀਟਿੰਗ ਦਾ ਉਦੇਸ਼ ਡੇਅਰੀ ਮਾਲਕਾਂ ਅਤੇ ਹੈਬੋਵਾਲ ਅਤੇ ਤਾਜਪੁਰ ਰੋਡ ਡੇਅਰੀ ਕੰਪਲੈਕਸਾਂ ਤੋਂ ਘਰ-ਘਰ ਜਾ ਕੇ ਗੋਬਰ ਚੁੱਕਣ ਲਈ ਰੱਖੇ ਠੇਕੇਦਾਰ ਵਿਚਕਾਰ ਤਾਲਮੇਲ ਨੂੰ ਬਿਹਤਰ ਬਣਾਉਣਾ ਸੀ। ਮੀਟਿੰਗ ਵਿੱਚ, ਇਹ ਫੈਸਲਾ ਕੀਤਾ ਗਿਆ ਕਿ ਠੇਕੇਦਾਰ ਡੇਅਰੀ ਕੰਪਲੈਕਸਾਂ ਵਿੱਚ ਰੇਹੜੇ (ਰੇਹੜੇ) ਲਗਾਏਗਾ ਤਾਂ ਜੋ ਗੋਬਰ ਦੀ ਲਿਫਟਿੰਗ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਇਹ ਮੀਟਿੰਗ ਡੇਅਰੀ ਮਾਲਕਾਂ ਅਤੇ ਠੇਕੇਦਾਰ ਵਿਚਕਾਰ ਤਾਲਮੇਲ ਨੂੰ ਬਿਹਤਰ ਬਣਾਉਣ ਲਈ ਕੀਤੀ ਗਈ ਸੀ ਤਾਂ ਜੋ ਗੋਬਰ ਦੀ ਲਿਫਟਿੰਗ ਨੂੰ ਯਕੀਨੀ ਬਣਾਇਆ ਜਾ ਸਕੇ। ਉਹ ਡੇਅਰੀ ਮਾਲਕਾਂ ਦੇ ਵਿਰੁੱਧ ਨਹੀਂ ਹਨ, ਪਰ ਕਿਸੇ ਨੂੰ ਵੀ ਬੁੱਢਾ ਦਰਿਆ ਵਿੱਚ ਗੋਬਰ ਸੁੱਟਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਏਡੀਸੀ (ਯੂਡੀ) ਅਮਿਤ ਬੰਬੀ, ਡੀਸੀਪੀ ਜਸਕਰਨ ਤੇਜਾ, ਐਸਡੀਐਮ (ਪੱਛਮੀ) ਕੁਲਦੀਪ ਬਾਵਾ, ਐਸਡੀਐਮ (ਪੂਰਬੀ) ਜਸਲੀਨ ਕੌਰ ਭੁੱਲਰ, ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਵਿਨੀਤ ਕੁਮਾਰ, ਅਮਨਪ੍ਰੀਤ ਸਿੰਘ, ਦੀਪਜੋਤ ਕੌਰ, ਆਰਟੀਏ ਸਕੱਤਰ ਮਨਕੰਵਲ ਸਿੰਘ, ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਪ੍ਰਤੀਨਿਧੀ ਹਰਦੇਵ ਸਿੰਘ ਦੌਂਦਰ ਸਮੇਤ ਜ਼ਿਲ੍ਹਾ ਪ੍ਰਸ਼ਾਸਨ, ਨਗਰ ਨਿਗਮ (ਐਮਸੀ), ਪੀਪੀਸੀਬੀ, ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ, ਪੇਡਾ ਦੇ ਹੋਰ ਅਧਿਕਾਰੀ, ਹੈਬੋਵਾਲ ਅਤੇ ਤਾਜਪੁਰ ਰੋਡ ਡੇਅਰੀ ਕੰਪਲੈਕਸਾਂ ਦੇ ਡੇਅਰੀ ਮਾਲਕ ਐਸੋਸੀਏਸ਼ਨ ਦੇ ਪ੍ਰਤੀਨਿਧੀ, ਗੋਬਰ ਦੀ ਘਰ-ਘਰ ਲਿਫਟਿੰਗ ਲਈ ਠੇਕੇਦਾਰ ਆਦਿ ਮੀਟਿੰਗ ਵਿੱਚ ਮੌਜੂਦ ਸਨ।

# ਸਿੱਖਿਆ ਤੇ ਖੇਡਾਂ ’ਚ ਅੱਗੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਖੰਗੂੜਾ ਨੇ ਕੀਤਾ ਸਨਮਾਨਿਤ




ਲੁਧਿਆਣਾ, 31 ਮਾਰਚ (ਵਿਸ਼ਾਲ ਸ਼ਰਮਾ): ਸਰਕਾਰੀ ਹਾਈ ਸਕੂਲ ਬਾੜੇਵਾਲ ਵਿਖੇ ਸਲਾਨਾ ਇਨਾਮ ਵੰਡ ਸਮਾਰੋਹ ਬੜੇ ਹੀ ਉਤਸਾਹ ਨਾਲ ਮਨਾਇਆ ਗਿਆ। ਇਸ ਮੌਕੇ ਜਤਿੰਦਰ ਖੰਗੂੜਾ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਅਤੇ ਸ਼ਹਿਰੀ ਪ੍ਰਧਾਨ ਆਮ ਆਦਮੀ ਪਾਰਟੀ ਦੇ ਨਾਲ ਸ਼੍ਰੀਮਤੀ ਨਿੱਕੀ ਕੋਹਲੀ, ਇੰਚਾਰਜ ਸਿੱਖਿਆ ਸੁਧਾਰ ਕਮੇਟੀ, ਆਮ ਆਦਮੀ ਪਾਰਟੀ ਮੁੱਖ ਮਹਿਮਾਨ ਵਜੋਂ ਵਿਸ਼ੇਸ਼ ਤੌਰ ‘ਤੇ ਸ਼ਾਮਿਲ ਹੋਏ। ਸਮਾਰੋਹ ਦੀ ਸ਼ੁਰੂਆਤ ਕਰਦਿਆਂ ਮੁੱਖ ਅਧਿਆਪਕ ਸਰਦਾਰ ਰਵਿੰਦਰ ਸਿੰਘ ਵੱਲੋਂ ਮੁੱਖ ਮਹਿਮਾਨਾਂ ਨੂੰ ਜੀ ਆਇਆਂ ਆਖਿਆ ਅਤੇ ਸਕੂਲ ਨੂੰ ਦਿੱਤੇ ਜਾ ਰਹੇ ਸਹਿਯੋਗ ਅਤੇ ਯੋਗਦਾਨ ਲਈ ਧੰਨਵਾਦ ਪ੍ਰਗਟ ਕੀਤਾ। ਇਸ ਮੌਕੇ ਸ਼੍ਰੀਮਤੀ ਨਿੱਕੀ ਕੋਹਲੀ ਨੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਉਨ੍ਹਾਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ ਅਤੇ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਕੀਤੇ ਜਾ ਰਹੇ ਸੁਧਾਰਾਂ ਅਤੇ ਨਵੀਆਂ ਸਕੀਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਖੰਗੂੜਾ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਪਹਿਲਾਂ ਵੀ ਸਕੂਲ ਨੂੰ ਸ਼ੈੱਡ, ਜਨਰੇਟਰ, ਪੈਨਲ ਅਤੇ ਰੰਗ-ਰੋਗਨ ਵਰਗੀਆਂ ਸਹੂਲਤਾਂ ਮੁਹੱਈਆ ਕਰਵਾ ਕੇ ਸਿੱਖਿਆ ਮਿਆਰ ਨੂੰ ਬਿਹਤਰ ਬਣਾਉਣ ਵਿੱਚ ਯੋਗਦਾਨ ਦਿੱਤਾ ਗਿਆ ਹੈ ਅਤੇ ਭਵਿੱਖ ਵਿੱਚ ਵੀ ਸਕੂਲ ਦੀ ਤਰੱਕੀ ਲਈ ਪੂਰਾ ਸਹਿਯੋਗ ਦਿੱਤਾ ਜਾਵੇਗਾ। ਉਨ੍ਹਾਂ ਨੇ ਸਰਕਾਰ ਦੀਆਂ ਉਪਲਬਧੀਆਂ ਅਤੇ ਨਵੀਆਂ ਯੋਜਨਾਵਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਦੌਰਾਨ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ ‘ਤੇ ਪ੍ਰਤੀ ਵਿਦਿਆਰਥੀ 500 ਰੁਪਏ ਦੇ ਨਗਦ ਇਨਾਮ ਦੇ ਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ। ਰਾਜ ਪੱਧਰੀ ਖੇਡਾਂ ਅਤੇ ਪੜ੍ਹਾਈ ਵਿੱਚ ਉੱਚੀਆਂ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਇਨਾਮ ਵੰਡੇ ਗਏ। ਸਮਾਰੋਹ ਦੌਰਾਨ ਮੁੱਖ ਮਹਿਮਾਨਾਂ ਅਤੇ ਕਮੇਟੀ ਮੈਂਬਰਾਂ ਵੱਲੋਂ ਸਕੂਲ ਵਿੱਚ ਨਵੇਂ ਬਣੇ ਕਮਰਿਆਂ ਦਾ ਉਦਘਾਟਨ ਵੀ ਕੀਤਾ। ਅੰਤ ਵਿੱਚ ਮੁੱਖ ਅਧਿਆਪਕ ਵੱਲੋਂ ਪਿੰਡ ਤੋਂ ਆਏ ਸੱਜਣਾਂ ਅਤੇ ਸਮੂਹ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

# ਖੇਤੀਬਾੜੀ ਬੁਨਿਆਦੀ ਢਾਂਚਾ ਫ਼ੰਡ ਵਿੱਚ ਲੁਧਿਆਣਾ ਨੇ ਦੇਸ਼ ’ਚ ਨੰਬਰ 1 ਰੈਂਕ ਪ੍ਰਾਪਤ ਕੀਤਾ



ਲੁਧਿਆਣਾ, 31 ਮਾਰਚ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ) : ਜ਼ਿਲ੍ਹਾ ਸਲਾਹਕਾਰ ਕਮੇਟੀ (ਡੀ.ਸੀ.ਸੀ) ਅਤੇ ਜ਼ਿਲ੍ਹਾ ਪੱਧਰੀ ਸਮੀਖਿਆ ਕਮੇਟੀ (ਡੀ.ਐਲ.ਆਰ.ਸੀ) ਦੀ ਮੀਟਿੰਗ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਪੂਨਮ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਵਧੀਕ ਡਿਪਟੀ ਕਮਿਸ਼ਨਰ (ਜਨਰਲ) ਲੁਧਿਆਣਾ ਨੇ ਲੀਡ ਜ਼ਿਲ੍ਹਾ ਮੈਨੇਜਰ ਗੁਰਦੀਪ ਸਿੰਘ ਕੰਗ ਅਤੇ ਜ਼ਿਲ੍ਹੇ ਦੇ ਸਾਰੇ ਬੈਂਕਾਂ ਨੂੰ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ ਪਾਬੰਦੀਆਂ ਅਧੀਨ ਭਾਰਤ ਵਿੱਚ ਨੰਬਰ 1 ਰੈਂਕ ਪ੍ਰਾਪਤ ਕਰਨ ਲਈ ਵਧਾਈ ਦਿੱਤੀ। ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲ੍ਹੇ ਨੇ 31 ਦਸੰਬਰ, 2025 ਤੱਕ 2025-26 ਲਈ ਆਪਣੇ ਤਰਜੀਹੀ ਖੇਤਰ ਦੇ ਟੀਚਿਆਂ ਦਾ 99.73 ਪ੍ਰਤੀਸ਼ਤ ਅਤੇ ਆਪਣੇ ਸਾਲਾਨਾ ਕ੍ਰੈਡਿਟ ਯੋਜਨਾ ਟੀਚੇ ਦਾ 95.66 ਪ੍ਰਤੀਸ਼ਤ ਪ੍ਰਾਪਤ ਕਰ ਲਿਆ ਹੈ। ਸੈਕਟਰ-ਵਾਰ ਪ੍ਰਦਰਸ਼ਨ ਨੇ ਖੇਤੀਬਾੜੀ ਅਧੀਨ 89.30 ਪ੍ਰਤੀਸ਼ਤ ਅਤੇ ਐਮ.ਐਸ.ਐਮ.ਈ ਅਧੀਨ 102.44 ਪ੍ਰਤੀਸ਼ਤ ਪ੍ਰਾਪਤੀ ਦਰਸਾਈ। ਜ਼ਿਲ੍ਹੇ ਦਾ ਕ੍ਰੈਡਿਟ-ਡਿਪਾਜ਼ਿਟ (ਸੀ.ਡੀ) ਅਨੁਪਾਤ ਪ੍ਰਭਾਵਸ਼ਾਲੀ 90 ਪ੍ਰਤੀਸ਼ਤ ਰਿਹਾ, ਜੋ ਕਿ ਰਾਸ਼ਟਰੀ ਮਾਪਦੰਡ 60 ਪ੍ਰਤੀਸ਼ਤ ਤੋਂ ਕਾਫ਼ੀ ਉੱਪਰ ਹੈ। ਮੀਟਿੰਗ ਦੌਰਾਨ ਜ਼ਿਲ੍ਹੇ ਦੇ ਬੈਂਕਿੰਗ ਪ੍ਰਦਰਸ਼ਨ ਦੀ ਵਿਸਤ੍ਰਿਤ ਸਮੀਖਿਆ ਕੀਤੀ ਗਈ। ਪ੍ਰਗਤੀ ਨੂੰ ਸਵੀਕਾਰ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਨੇ ਕਮਜ਼ੋਰ ਵਰਗਾਂ ਨੂੰ ਘੱਟ ਕਰਜ਼ਾ ਪ੍ਰਵਾਹ ’ਤੇ ਚਿੰਤਾ ਪ੍ਰਗਟ ਕੀਤੀ ਅਤੇ ਸਾਰੇ ਬੈਂਕਾਂ ਨੂੰ ਸਮਾਜਿਕ ਸੁਰੱਖਿਆ ਸਕੀਮਾਂ ਨੂੰ ਲਾਗੂ ਕਰਨ ਅਤੇ ਸਮਾਜ ਦੇ ਕਮਜ਼ੋਰ ਵਰਗਾਂ ਨੂੰ ਕਰਜ਼ਾ ਪ੍ਰਵਾਹ ਵਧਾਉਣ ਲਈ ਕਿਹਾ ਗਿਆ। ਉਨ੍ਹਾਂ ਨੇ ਬੈਂਕਾਂ ਨੂੰ ਲੰਬਿਤ ਕੇਸਾਂ ਨੂੰ ਖਤਮ ਕਰਨ, ਸਮਾਂ-ਸੀਮਾਵਾਂ ਨਿਰਧਾਰਤ ਕਰਨ ਅਤੇ ਕਮਜ਼ੋਰ ਲਾਭਪਾਤਰੀਆਂ ਨੂੰ ਕਰਜ਼ਾ ਦੇਣ ਨੂੰ ਵਧਾਉਣ ਦੀ ਅਪੀਲ ਕੀਤੀ।

ਬੱਚਤ ਭਵਨ ਲੁਧਿਆਣਾ ਵਿਖੇ ਬੈਂਕਾਂ ਦੀ ਜ਼ਿਲ੍ਹਾ ਸਲਾਹਕਾਰ ਕਮੇਟੀ (ਡੀ.ਸੀ.ਸੀ) ਅਤੇ ਜ਼ਿਲ੍ਹਾ ਪੱਧਰੀ ਸਮੀਖਿਆ ਕਮੇਟੀ (ਡੀ.ਐਲ. ਆਰ.ਸੀ) ਦੀ ਤਿਮਾਹੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਲੁਧਿਆਣਾ ਨੇ ਬੈਂਕਾਂ ਨੂੰ ਸਿੱਖਿਆ, ਕਮਜ਼ੋਰ ਵਰਗਾਂ, ਖੇਤੀਬਾੜੀ, ਐਮ.ਐਸ.ਐਮ.ਈ ਅਤੇ ਹੋਰਾਂ ਸਮੇਤ ਤਰਜੀਹੀ ਖੇਤਰਾਂ ਨੂੰ ਵੱਧ ਤੋਂ ਵੱਧ ਸਹਾਇਤਾ ਦੇਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਵੱਖ-ਵੱਖ ਵਿੱਤੀ ਯੋਜਨਾਵਾਂ ਅਧੀਨ ਅਰਜ਼ੀਆਂ ਦੀ ਜ਼ੀਰੋ ਲੰਬਿਤਤਾ ਨੂੰ ਯਕੀਨੀ ਬਣਾਉਣ ’ਤੇ ਜ਼ੋਰ ਦਿੱਤਾ ਅਤੇ ਸਰਕਾਰੀ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਇਨ੍ਹਾਂ ਖੇਤਰਾਂ ਨੂੰ ਪ੍ਰਮੁੱਖ ਤਰਜੀਹ ਦਿੱਤੀ। ਇਸ ਮੀਟਿੰਗ ਵਿੱਚ ਆਰ.ਬੀ.ਆਈ ਦੇ ਏ.ਜੀ.ਐਮ ਐਚ.ਐਲ. ਭਾਟੀਆ, ਡੀ.ਡੀ.ਐਮ ਨਾਬਾਰਡ, ਏ.ਸੀ.ਪੀ ਰਾਜੇਸ਼ ਸ਼ਰਮਾ, ਡਾਇਰੈਕਟਰ ਆਰ.ਐਸ.ਈ.ਟੀ.ਆਈ, ਲਾਈਨ ਵਿਭਾਗਾਂ ਦੇ ਪ੍ਰਤੀਨਿਧੀ ਅਤੇ ਵੱਖ-ਵੱਖ ਬੈਂਕਾਂ ਦੇ ਡੀ.ਸੀ.ਓ ਸ਼ਾਮਲ ਹੋਏ।

## ਸਿਰਲੇਖਵਾਰ ਇਸ਼ਤਿਹਾਰ /Classified Advertisement

(U/o 5 Rule 20 CPC)
**In the Court of Hon'ble Akshita Civil Judge (Junior Division), Malout**
CNR No.PBSMB0-000755-2024
Next Date: 20.04.2026
Yadwinder Singh
Versus
Pipal Singh
Notice to: Pipal Singh S/O Jag Singh S/O Saudagar Singh R/O Ward No. 21, Gurudwara Road, Sangaria, Tehsil Sangaria, Distt. Hanumangarh
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **20.**04.2026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 27-03-2026
**Sd/- Civil Judge (Junior Division), Malout**

---

(U/o 5 Rule 20 CPC)
**In the Court of Ms. Jasbir Kaur Principal Judge,Family Court, Pathankot**
CNR No.PBPO01-000024-2026
Next Date: 23.04.2026
Salwinder Kumar
Versus
General Public
Notice to: General Public:- Pathankot Punjab
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **23.**04.2026 at 10:00 A.M.
For details logon to https://highcourtchd.gov.in/?mod=district_notice&district=Pathankot
Dated this day of 29-01-2026
**Sd/- Principal Judge,Family Court, Pathankot**

---

(U/o 5 Rule 20 CPC)
**In the Court of Ms. Tarandeep Kaur Civil Judge (Junior Division),**
CNR No.PBSB02-000019-2026
Next Date: 24.04.2026
IDBI Bank Ltd
Versus
Guru Gobind Enterprises
Notice to: 1. Guru Gobind Enterprises O/o Mohalla Heera Jattan, Banga Road, Nawanshahr, District Sbs Nagar Through Its Proprietor Gagandeep Singh S/O Balvir Singh 2. Gagandeep Singh S/o Balvir Singh, R/O Village Bhin, (Near Playground), Tehsil Nawanshahr, Distt SBS Nagar And O/o Guru Gobind Enterprises, O/o Mohalla Heera Jattan, Banga Road, Nawanshahr, District SBS Nagar
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **24.**04.2026 at 10:00 A.M.
For details logon to https://highcourtchd.gov.in/?mod=district_notice&district=sbsnagar
Dated this day of 25-03-2026
**Sd/- Civil Judge (Junior Division),**

---

(U/o 5 Rule 20 CPC)
**In the Court of Ms. Savreen Sandhu Civil Judge (Junior Division),-19, Jalandhar**
CNR No.PBJL02-004001-2025
Next Date : 24.04.2026
Rajwinder Kaur
Versus
Surjit Kaur
Suit for grant of decree of Permanent injunction as prayed for
Notice to: 1)Surjit Kaur Spouse::-Lakhvir Singh Vpo Behram Sarishta Tehsil Adampur Distt. Jalandhar 2) Amanpreet Kaur D/O Lakhvir Singh Vpo Behram Sarishta Tehsil Adampur Distt. Jalandhar
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **24.**04.2026 at 10:00 A.M.
For details logon to https://highcourtchd.gov.in/?mod=district_notice&district=Jalandhar
Dated this day of 20-03-2026
**Sd/- Civil Judge (Junior Division),-19, Jalandhar**

---

**(U/o 5 Rule 20 CPC)**
**(Under Guardian and Ward Act)**
**In the Court of Sh. Satish Kumar Sharma Additional Civil Judge (Senior Divsion), Abohar**
CNR No.PBFZE0-000133-2026
Next Date : 24.04.2026
Harman Kaur Etc
Versus
General Public
Notice to: General Public:- Abohar
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on 24.04.2026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 13-03-2026
**Sd/- Additional Civil Judge (Senior Divsion), Abohar**

---

**(U/o 5 Rule 20 CPC)**
**In the Court of Sh. Bikramjit Singh Additional District and Sessions Judge-II, Barnala**
CNR No.PBBR01-004391-2024
Next Date: 24.04.2026
Late Nand Singh
Versus
Harbans Singh
Notice to: 4. Harjit Singh S/O Surinder Singh S/O Sadhu Singh 5. Bhavjeet Singh S/O Inderjit Singh S/O Sadhu Singh 6. Chamkaur Singh S/O Dalip Singh S/O Channan Singh 8. Darshan Singh S/O Hari Singh S/O Santa Singh 11. Balour Singh S/O Dalip Singh S/O Channan Singh All Residents Of Chiniwal Kalan Teh And Dist Barnala
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on 24.04.2026 at 10:00 A.M.
For details logon to https://highcourtchd.gov.in/?mod=district_notice&district=barnala
Dated this day of 06-03-2026
**Sd/- Additional District and Sessions Judge-II, Barnala**

---

**(U/o 5 Rule 20 CPC)**
**In the Court of Ms. Dipti Goyal Principal Judge Family Court, Budhlada**
CNR No.PBMNF2-000246-2024
Next Date: 24.04.2026
Harpal Singh
Versus
Kiranpal Kaur
Notice to: Kiranpal Kaur :-Harpal Singh Son Of Buta Singh Kulrian, Tehsil Budhlada, Distt Mansa, Now Wife Of Ginder Singh Son Of Maggar Singh R/O Kulrian, Tehsil Budhlada
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on 24.04.2026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 16-02-2026
**Sd/- Principal Judge Family Court, Budhlada**

---

(U/o 5 Rule 20 CPC)
**In the Court of Hon'ble Garima Gupta Civil Judge (Junior Division), Amritsar**
CNR No.PBAS02-003490-2025
Next Date : 24.04.2026
Canara Bank Having Branch Office At Retail Asset Hub District Amritsar Through Its Manager Sh. Through Its Senior Manager And Authorized Officer Sh. Prankur Agrawal (Staff Id: 109728), Duly Authorized For Filling Suit
Versus
Kuldeep Singh
Commercial Suit/15/2025 Recovery
Notice to: Kuldeep Singh :-S/O Amrik Singh R/O 1297 Fatahpur, Distt. Amritsar
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **24.**04.2026 at 10:00 A.M.
For details logon to https://highcourtchd.gov.in/?trs=district_notice&district=Amritsar
Dated this day of 21-02-2026
**Sd/- Civil Judge (Junior Division), Amritsar**

---

(U/o 5 Rule 20 CPC)
**In the Court of Sh. Amar Jeet Singh Principal Judge, Family Court, Moga**
CNR No.PBMO01-006303-2025
Next Date: 24.04.2026
Parkash Kaur
Versus
General Public
Notice to: General Public:- Moga
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **24.**04.2026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 07-02-2026
**Sd/- Principal Judge, Family Court, Moga**

---

(U/o 5 Rule 20 CPC)
In the Court of Sh. Tejpartap Singh Randhawa
Additional District and Sessions Judge-5, mohali
CNR No.PBSA01-008366-2024
Next Date : 24.04.2026
Ramesh Kumar @ Ramesh Chand
Versus
Himani Aggarwal
Application For Condonation Of Delay Of 375 Days For Filing The Appeal
Notice to: 2. Raksha Rani D/O Late Sh Rama Nand Now W/O Late Sh Suresh Goyal R/O H.No. 3533/14, Adarsh Nagar Rupnagar 3. Pushpa Rani D/O Late Sh Rama Nand Now W/O Sh Vinod Kumar R/O H.No. 2893, Ward No.12, Kharar 4. Kiran Rani D/O Late Sh Rama Nand Now W/O Sh Brij Mohan Singla R/O H No 1700-C, Ward No 5, Gobind Colony Kharar 6. Nisha Rani D/O Late Sh Rama Nand Now W/O Late Sh Parminder Mittal R/O Street No.11/3, Daba Road, Kabir Nagar Ludhiana 8. Kuldeep Kumar S/O Rama Nand R/O No 1799/3, Pucca Bagh District Rupnagar
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on 24.04.2026 at 10:00 A.M.
For details logon to https://highcourtchd.gov.in/?mod=district_notice&district=mohali
Dated this day of 06-03-2026
Sd/- Additional District and Sessions Judge-5, mohali

---

**ਬਾ-ਅਦਾਲਤ ਮਾਨਯੋਗ ਗੁਰਦੇਵ ਸਿੰਘ ਧੰਮ, ਪੀ.ਸੀ.ਐਸ., ਸਹਾਇਕ ਕੁਲੈਕਟਰ ਦਰਜਾ ਅੱਵਲ-ਕਮ-ਉਪ ਮੰਡਲ ਮੈਜਿਸਟਰੇਟ, ਪਟਿਆਲਾ।**
**ਨੋਟਿਸ**
**ਖਾਨਗੀ ਵਸੀਅਤ ਵਾਕਾ ਰਕਬਾ ਸਨੌਰ, ਇੰਤਕਾਲ ਨੰ. 36979, ਹਦਬਸਤ ਨੰਬਰ-71, ਤਹਿਸੀਲ ਵਾ ਜ਼ਿਲ੍ਹਾ ਪਟਿਆਲਾ।**
ਨੋਟਿਸ ਬਨਾਮ ਜਨਰਲ ਪਬਲਿਕ
ਉਕਤ ਮੁਕੱਦਮੇ ਵਿਚ ਇਸ ਅਦਾਲਤ ਵਿਚ ਇੰਤਕਾਲ ਨੰਬਰ 36979 ਵਾਕਾ ਰਕਬਾ ਸਨੌਰ, ਤਹਿਸੀਲ ਪਟਿਆਲਾ ਪ੍ਰਾਪਤ ਹੋਇਆ ਹੈ, ਇਹ ਇੰਤਕਾਲ ਵਰਾਸਤ ਮੁਤਵਫ਼ੀ ਦੀਵਾਨ ਸਿੰਘ ਪੁੱਤਰ ਹਰੀ ਸਿੰਘ ਵੱਲੋਂ ਕੀਤੀ ਗਈ ਵਸੀਅਤ ਖਾਨਗੀ ਮਿਤੀ 15.06.2021 ਦੇ ਅਧਾਰ 'ਤੇ ਦਰਜ ਹੋਇਆ ਹੈ। ਇਹ ਇੰਤਕਾਲ ਮੁਤਵਫੀ ਦੀਵਾਨ ਸਿੰਘ ਵੱਲੋਂ ਕੀਤੀ ਗਈ ਵਸੀਅਤ ਖਾਨਗੀ ਦੇ ਅਧਾਰ 'ਤੇ ਕਰਨੈਲ ਸਿੰਘ, ਸੁਰਿੰਦਰਪਾਲ ਸਿੰਘ, ਜਸਵੀਰ ਕੌਰ, ਹਰਪਾਲ ਸਿੰਘ ਅਤੇ ਬਿਕਰਮਜੀਤ ਸਿੰਘ ਦੇ। ਹੱਕ ਵਿਚ ਦਰਜ ਹੋਇਆ। ਇਸ ਕੇਸ ਦੀ ਅਗਲੀ ਤਾਰੀਖ ਪੇਸ਼ੀ ਮਿਤੀ: 17.04.2026 ਲਈ ਨਿਯਤ ਹੈ। ਇਸ ਲਈ ਇਸ ਨੋਟਿਸ ਰਾਹੀਂ ਇਹ ਸੂਚਿਤ ਕੀਤਾ ਜਾਂਦਾ ਹੈ ਕਿ ਅਗਰ ਇਸ ਇੰਤਕਾਲ ਜਾਂ ਵਸੀਅਤ ਸਬੰਧੀ ਕਿਸੇ ਵੀ ਧਿਰ ਜਾਂ ਵਿਅਕਤੀ ਨੂੰ ਇਤਰਾਜ਼ ਹੈ ਤਾਂ ਉਹ ਇਸ ਅਦਾਲਤ ਵਿਚ ਉਪਰੋਕਤ ਮਿਤੀ ਤੋਂ ਪਹਿਲਾਂ ਪਹਿਲਾਂ ਇਤਰਾਜ਼ ਪੇਸ਼ ਕਰ ਸਕਦਾ ਹੈ ਅਤੇ ਬਾਅਦ ਵਿਚ ਪ੍ਰਾਪਤ ਇਤਰਾਜ਼ 'ਤੇ ਕੋਈ ਗੌਰ ਨਹੀਂ ਕੀਤਾ ਜਾਵੇਗਾ ਅਤੇ ਇਸ ਇੰਤਕਾਲ ਸਬੰਧੀ ਨਿਯਮਾਂ ਅਨੁਸਾਰ ਅਗਲੇਰੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।
ਅੱਜ ਮਿਤੀ 25.03.2026 ਨੂੰ ਮੇਰੇ ਦਸਤਖਤਾਂ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।
**ਸਹੀ/-ਸਹਾਇਕ ਕੁਲੈਕਟਰ ਦਰਜਾ ਅੱਵਲ, ਪਟਿਆਲਾ**

---

ਜਨਤਕ ਸੂਚਨਾ

**ਪਹਿਲਾਂ**
**ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ।**
ਸਵ. ਸ਼ਿਕਸ਼ਾ ਜੈਨ ਦੀ ਰਜਿਸਟਰਡ ਵਸੀਅਤ ਦੇ ਆਧਾਰ 'ਤੇ ਵਪਾਰਕ ਬੂਥ ਨੰਬਰ 88, ਸੈਕਟਰ 34-ਡੀ ਚੰਡੀਗੜ੍ਹ (SNM 248) ਦੇ ਸੰਬੰਧ ਵਿੱਚ ਲੀਜ਼ ਹੋਲਡ ਅਧਿਕਾਰਾਂ ਦਾ ਉਪ-ਤਬਾਦਲਾ 100.00% ਹਿੱਸੇ ਦੀ ਹੱਦ ਤੱਕ।
ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਦੇ ਰਿਕਾਰਡ ਅਨੁਸਾਰ ਸ਼੍ਰੀ/ਸ਼੍ਰੀਮਤੀ ਸ਼ਿਕਸ਼ਾ ਜੈਨ ਵਪਾਰਕ ਬੂਥ ਨੰਬਰ 88, ਸੈਕਟਰ 34-ਡੀ, ਚੰਡੀਗੜ੍ਹ ਦੇ 100.00% ਹਿੱਸੇ ਦੀ ਹੱਦ ਤੱਕ ਮਾਲਕ/ਪੱਟੇਦਾਰ ਹਨ।
ਵਿਵੇਕ ਜੈਨ ਦੁਆਰਾ ਸੂਚਿਤ ਕੀਤਾ ਗਿਆ ਹੈ ਕਿ ਸ਼੍ਰੀ/ਸ਼੍ਰੀਮਤੀ। ਸ਼ਿਕਸ਼ਾ ਜੈਨ ਦੀ ਮਿਆਦ 18/02/2012 ਨੂੰ ਖਤਮ ਹੋ ਗਈ ਸੀ ਅਤੇ ਉਸਨੇ/ਉਨ੍ਹਾਂ ਨੇ ਮ੍ਰਿਤਕ ਮਾਲਕ/ਪੱਟੇਦਾਰ ਦੇ ਹੇਠ ਲਿਖੇ ਕਾਨੂੰਨੀ ਵਾਰਸਾਂ ਨੂੰ ਵੀ ਸੂਚਿਤ ਕੀਤਾ ਹੈ:-

| ਕਾਨੂੰਨੀ ਵਾਰਸ ਦਾ ਨਾਮ | ਮ੍ਰਿਤਕ ਨਾਲ ਸਬੰਧ |
|---|---|
| 1 ਕ੍ਰਿਸ਼ਨ ਚੰਦ ਜੈਨ | ਪਤੀ (ਮ੍ਰਿਤਕ) |
| 2 ਨੀਰੂ ਜੈਨ | ਪੁੱਤਰੀ |
| 3 ਅੰਜਲਾ ਸਿੰਘ | ਪੁੱਤਰੀ |
| 4 ਵਿਵੇਕ ਜੈਨ | ਪੁੱਤਰ |

ਹੁਣ, ਵਿਵੇਕ ਜੈਨ ਨੇ ਵਪਾਰਕ ਬੂਥ ਨੰਬਰ 88, ਸੈਕਟਰ 34-ਡੀ, ਚੰਡੀਗੜ੍ਹ ਦੇ ਸੰਬੰਧ ਵਿੱਚ ਲੀਜ਼ ਅਧਿਕਾਰਾਂ ਦੇ ਤਬਾਦਲੇ ਲਈ ਅਰਜ਼ੀ ਦਿੱਤੀ ਹੈ/ਦੇ ਦਿੱਤੀ ਹੈ, ਜੋ ਕਿ ਮਰਹੂਮ ਸ਼ਿਕਸ਼ਾ ਜੈਨ ਦੁਆਰਾ ਆਪਣੇ/ਆਪਣੇ/ਆਪਣੇ ਹੱਕ ਵਿੱਚ 100.00% ਸ਼ੇਅਰ ਦੀ ਹੱਦ ਤੱਕ ਹੈ, ਮਿਤੀ 18/07/2011 ਦੀ ਰਜਿਸਟਰਡ ਵਸੀਅਤ ਦੇ ਆਧਾਰ 'ਤੇ। ਜੇਕਰ ਕਿਸੇ ਕੋਲ ਮ੍ਰਿਤਕ ਦੇ ਉਪਰੋਕਤ ਦੱਸੇ ਗਏ ਤੋਂ ਇਲਾਵਾ ਕਿਸੇ ਹੋਰ ਕਾਨੂੰਨੀ ਵਾਰਸ (ਵਾਰਸਾਂ) ਬਾਰੇ ਕੋਈ ਜਾਣਕਾਰੀ ਹੈ, ਤਾਂ ਇਸਦੀ ਸੂਚਨਾ ਤੁਰੰਤ ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ ਨੂੰ ਦਿੱਤੀ ਜਾ ਸਕਦੀ ਹੈ। ਜੇਕਰ ਕਿਸੇ ਨੂੰ ਉਪਰੋਕਤ ਨਾਮਜ਼ਦ ਬਿਨੈਕਾਰਾਂ ਦੇ ਹੱਕ ਵਿੱਚ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦੇ ਇੰਤਕਾਲ 'ਤੇ ਕੋਈ ਇਤਰਾਜ਼ ਹੈ, ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਹੇਠ ਹਸਤਾਖਰ ਕੀਤੇ ਗਏ ਵਿਅਕਤੀ ਦੇ ਦਫ਼ਤਰ ਵਿੱਚ ਲਿਖਤੀ ਰੂਪ ਵਿੱਚ (ਮੈਜਿਸਟ੍ਰੇਟ/ਨੋਟਰੀ ਦੁਆਰਾ ਪ੍ਰਮਾਣਿਤ ਹਲਫਨਾਮੇ ਨਾਲ ਸਮਰਥਤ) ਇਸਨੂੰ ਜਮ੍ਹਾਂ ਕਰਵਾ ਸਕਦੇ ਹਨ, ਨਹੀਂ ਤਾਂ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦਾ ਇੰਤਕਾਲ ਉਪਰੋਕਤ ਲਾਭਪਾਤਰੀ/ਵਾਰਸਾਂ ਦੇ ਨਾਮ 'ਤੇ ਕੀਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਹੋਰ ਦਾਅਵੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।
**ਰਾਜੀਵ ਤਿਵਾੜੀ,**
**ਸਹਾਇਕ ਅਸਟੇਟ ਅਫਸਰ, ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ**

---


## ਜ਼ਰੂਰੀ ਸੂਚਨਾ
ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।


# ਲੋਕ ਸੇਵਾ ਅਤੇ ਸਖ਼ਤ ਮਿਹਨਤ ਦੇ ਸਹਾਰੇ ਰਾਜਿਆਂ - ਰਜਵਾੜਿਆਂ ਨਾਲ ਆਖ਼ਰੀ ਸਾਹਾਂ ਤੱਕ ਲੜੇ ਜਥੇਦਾਰ ਗੁਰਚਰਨ ਸਿੰਘ ਟੌਹੜਾ

ਫਤਿਹਗੜ੍ਹ ਸਾਹਿਬ, 31 ਮਾਰਚ (ਹਰਪ੍ਰੀਤ ਕੌਰ ਟਿਵਾਣਾ) — ਨਾਭੇ ਰਿਆਸਤ ਦਾ ਪਿੰਡ ਟੌਹੜਾ ਭਾਵੇ ਜਨ ਸੰਖਿਆ ਪੱਖੋਂ ਭਾਵੇਂ ਬਹੁਤ ਛੋਟਾ ਸੀ ਪਰੰਤੂ ਪੰਥ ਪ੍ਰਸਤੀ ਪੱਖੋਂ ਬਹੁਤ ਮਹਾਨ ਸੀ ਅਤੇ ਹੈ। ਇਸ ਪਿੰਡ ਦੇ ਪੰਜ ਘਰਾਣੇ ਨਾਭੇ ਰਿਆਸਤ ਵਿੱਚੋਂ ਜਲਾਵਤਨ ਕਰ ਦਿੱਤੇ ਗਏ ਸਨ। ਇਸ ਪਿੰਡ ਦੇ ਲੋਕਾਂ ਨੇ ਲੋਕ ਲਹਿਰਾਂ ਅਤੇ ਅਕਾਲੀ ਮੋਰਚਿਆਂ ਵਿੱਚ ਗੌਰਵਮਈ ਰੋਲ ਨਿਭਾਇਆ। ਇਸੇ ਪਿੰਡ ਦੇ ਜੰਮਪਲ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਨੇ ਪੰਥਕ ਖੇਤਰ ਵਿੱਚ ਮਾਣਮੱਤੀ ਸੇਵਾ ਕੀਤੀ ਹੈ। ਬਾਬੇ ਨਾਨਕ ਦੇ ਕਿਰਤ ਦੇ ਸਿਧਾਂਤ ਦਾ ਪੱਲਾ ਫੜਕੇ ਗੁਰਮਤਿ ਦੇ ਗਾਡੀ ਰਾਹ ਉੱਤੇ ਤੁਰਦਿਆਂ ਇਸ ਗਰੀਬ ਗੁਰਸਿੱਖ ਅਤੇ ਪੰਥ ਪ੍ਰਸਤ ਆਗੂ ਨੇ ਅਪਣੀ ਇਮਾਨਦਾਰੀ, ਪੰਥਕ ਸੇਵਾ ਅਤੇ ਸਖ਼ਤ ਮੇਹਨਤ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਰਾਹੀਂ ਸੰਸਾਰ ਵਿੱਚ ਜੋ ਸਨਮਾਨ ਖੱਟਿਆ ਹੈ ਉਹ ਸਾਡੇ ਤੁਹਾਡੇ ਸਾਰਿਆਂ ਲਈ ਮਾਣ ਵਾਲੀ ਗੱਲ ਹੈ ਅਤੇ ਕਿਰਤੀ ਲੋਕਾਂ ਲਈ ਰਾਹ ਦਸੇਰਾ ਵੀ ਹੈ। ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਨੇ ਲਾਲੋਆਂ ਦੇ ਕਾਫ਼ਲੇ ਦੀ ਅਗਵਾਈ ਕਰਦਿਆਂ ਧਰਤੀ ਤੋਂ ਉੱਠ ਕੇ ਅਕਾਸ਼ ਨੂੰ ਛੂਹਣ ਤੱਕ ਦੀ ਮੰਜ਼ਲ ਨੂੰ



ਪ੍ਰਾਪਤ ਕੀਤਾ। ਗੁਰਮੁਖ ਵਾਂਗੂੰ ਹਰ ਰੋਜ਼ ਬਾਣੀ ਪੜਨੀ, ਕੀਰਤਨ ਕਰਨਾ ਅਤੇ ਦਸਾ ਨੌਹਾਂ ਦੀ ਕਿਰਤ ਕਮਾਈ ਕਰਕੇ ਲੋਕ ਸੇਵਾ ਅਤੇ ਪੰਥਕ ਸੇਵਾ ਕਰਨ ਲਈ ਰੋਜ ਮਰਾ ਦਾ ਸਫਰ ਪੂਰਾ ਕਰਨਾ, ਕਠਿਨ ਤਪੱਸਿਆ ਸੀ ਪਰੰਤੂ ਉਨਾ ਇਹ ਸੇਵਾ ਨਿਤਨੇਮ ਵਾਂਗ ਨਿਭਾਈ ਅਤੇ ਇਸ ਉਤੇ ਅਮਲ ਵੀ ਕੀਤਾ। ਇਹ ਵੀ ਸੱਚ ਹੈ ਕਿ ਕਿਰਤੀਆਂ ਕਾਮਿਆ ਅਤੇ ਗੁਰਮੁਖਾਂ ਦੀ ਜਥੇਬੰਦੀ ਸ਼੍ਰੋਮਣੀ ਅਕਾਲੀ ਦਲ ਦੀ ਅਗਵਾਈ ਜਿੰਨਾ ਚਿਰ ਟਕਸਾਲੀ ਅਕਾਲੀਆਂ ਪਾਸ ਰਹੀ ਉਤਨਾ ਚਿਰ ਇਸ ਜਥੇਬੰਦੀ ਨੇ ਸਿਧਾਂਤਾਂ ਦੀ ਪਹਿਰੇਦਾਰੀ ਕਰਦਿਆਂ, ਪੰਥ ਅਤੇ ਪੰਜਾਬ ਦੇ ਹਿੱਤਾ ਲਈ ਦਿੱਲੀ ਦੇ ਹਰ ਉਸ ਸ਼ਾਸਕ ਨਾਲ ਟੱਕਰ ਲਈ ਜਿਸ ਨੇ ਵੀ ਪੰਥ ਅਤੇ ਪੰਜਾਬ ਦੀ ਪੱਗ ਨੂੰ ਹੱਥ ਪਾਇਆ। ਇਹ ਵੀ ਸੱਚ ਹੈ ਕਿ ਜਦੋਂ ਰਾਜੇ, ਰਜਵਾੜਿਆਂ, ਜਗੀਰਦਾਰਾਂ, ਸਰਮਾਏਦਾਰਾ ਅਤੇ ਟੋਡੀਆਂ ਨੇ ਇਸ ਪੰਥਕ ਪਾਰਟੀ ਸ਼੍ਰੋਮਣੀ ਅਕਾਲੀ ਦਲ ਉੱਤੇ ਸਰਮਾਏ ਦੇ ਜ਼ੋਰ ਨਾਲ ਕਬਜ਼ਾ ਕਰ ਲਿਆ ਤਾ ਇਸ ਦਾ ਪਤਨ ਵੀ ਇਤਨਾ ਗਹਿਰਾ ਹੋ ਗਿਆ ਜਿੱਥੋਂ ਕੱਢਣਾ ਅਸੰਭਵ ਲੱਗਦਾ ਹੈ। ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਨੂੰ ਪੰਥਕ ਸਿਆਸਤ ਤੋ ਬਾਹਰ ਧੱਕਣ ਲਈ ਜਿਹਨਾ ਜ਼ੋਰ ਸਮੇਂ ਦੀਆਂ ਸਰਕਾਰਾਂ ਨੇ ਲਾਇਆ ਉਸ ਤੋ ਕਿਤੇ ਵੱਧ ਸ਼੍ਰੋਮਣੀ ਅਕਾਲੀ ਦਲ ਉੱਤੇ ਸਰਮਾਏ ਦੇ ਜ਼ੋਰ ਨਾਲ ਕਾਬਜਧਾਰੀ ਜਗੀਰਦਾਰਾਂ ਨੇ ਵੀ ਕੀਤਾ।


ਚੜ੍ਹਦੀਕਲਾ ਪੜ੍ਹੋ, ਚੜ੍ਹਦੀਕਲਾ ਵਿੱਚ ਰਹੋ।


# ਅਮਲੋਹ ਦੇ ਨਵੇਂ ਬੱਸ ਅੱਡੇ ਤੋਂ ਮੰਡੀ ਗੋਬਿੰਦਗੜ੍ਹ ਤੱਕ ਸੜਕ ਦਾ ਕੰਮ ਸ਼ੁਰੂ

ਫ਼ਤਹਿਗੜ੍ਹ ਸਾਹਿਬ, 31 ਮਾਰਚ, (ਨਰਿੰਦਰ ਸਿੰਘ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਰਹਿਨੁਮਾਈ ਹੇਠ ਹਲਕਾ ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਵੱਲੋਂ ਨਵੀਂ ਸੜਕ ਬਣਾਉਣ ਦਾ ਨੀਂਹ ਪੱਥਰ ਰੱਖਿਆ ਗਿਆ ਇਹ ਸੜਕ ਜੀ.ਟੀ. ਰੋਡ ਦੇ ਨਵੇਂ ਬੱਸ ਸਟੈਂਡ ਤੋਂ ਡਿਸਟਰੀਬਿਊਟਰੀ ਦੇ ਨਾਲ ਲੱਗਦੀ ਹੋਈ ਕਰੀਬ 8.89 ਕਿਲੋਮੀਟਰ ਲੰਬੀ ਹੋਵੇਗੀ ਅਤੇ ਮੰਡੀ ਗੋਬਿੰਦਗੜ੍ਹ ਤੱਕ ਜਾਵੇਗੀ। ਇਸ ਪ੍ਰੋਜੈਕਟ 'ਤੇ ਲਗਭਗ 6 ਕਰੋੜ 81 ਲੱਖ ਰੁਪਏ ਦੀ ਲਾਗਤ ਆਏਗੀ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਅਤੇ ਸਥਾਨਕ ਆਗੂ ਮੌਜੂਦ ਰਹੇ। ਲੋਕਾਂ ਵਿੱਚ ਇਸ ਵਿਕਾਸੀ ਪ੍ਰੋਜੈਕਟ ਨੂੰ ਲੈ ਕੇ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਵੇਖਣ ਨੂੰ ਮਿਲਿਆ। ਵਿਧਾਇਕ ਗੈਰੀ ਬੜਿੰਗ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਸੜਕ ਬਣਨ ਨਾਲ ਅਮਲੋਹ ਅਤੇ ਮੰਡੀ ਗੋਬਿੰਦਗੜ੍ਹ ਵਿਚਕਾਰ ਆਵਾਜਾਈ ਹੋਰ ਆਸਾਨ ਹੋਵੇਗੀ ਅਤੇ ਲੋਕਾਂ ਨੂੰ ਰੋਜ਼ਾਨਾ ਆਉਣ-ਜਾਣ ਵਿੱਚ ਵੱਡੀ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਇਹ ਲੋਕਾਂ ਦੀ ਲੰਮੇ ਸਮੇਂ ਤੋਂ ਚੱਲ ਰਹੀ ਮੰਗ ਸੀ, ਜਿਸ ਨੂੰ ਹੁਣ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਪਿਛਲੀਆਂ ਸਰਕਾਰਾਂ ਵੱਲੋਂ ਇਸ ਸੜਕ ਲਈ ਕਈ ਵਾਰ ਐਲਾਨ ਕੀਤੇ ਗਏ, ਪਰ ਜ਼ਮੀਨੀ ਪੱਧਰ 'ਤੇ ਕੋਈ ਕੰਮ ਨਹੀਂ ਹੋ ਸਕਿਆ। ਮੌਜੂਦਾ ਸਰਕਾਰ ਨੇ ਇਸ ਪ੍ਰੋਜੈਕਟ ਨੂੰ ਤਰਜੀਹ ਦੇ ਕੇ ਇਸਦੀ ਸ਼ੁਰੂਆਤ ਕਰ ਦਿੱਤੀ ਹੈ। ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਦਾ ਬਿਨਾਂ ਕਿਸੇ ਪੱਖਪਾਤ ਦੇ ਸਮੂਹਿਕ ਵਿਕਾਸ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।

# ਅਜੋਕੇ ਯੁਗ 'ਚ ਮੋਬਾਇਲ ਦੀ ਦੁਨੀਆਂ ਚ ਗੁਮਰਾਹ ਹੋ ਰਿਹਾ ਅੱਜ ਦਾ ਬਚਪਨ, ਬਣ ਰਿਹਾ ਸਲੋਅ-ਪੋਆਇਜ਼ਨ : ਰਾਹੁਲ ਖੰਨਾ

ਟਾਂਡਾ ਉੜਮੁੜ 31 ਮਾਰਚ (ਅਰਜੁਨ ਜੈਨ)- ਅਯੋਕੇ ਯੁੱਗ ਵਿੱਚ ਮੋਬਾਇਲ ਤਕਨੀਕ ਨੇ ਜਿੱਥੇ ਇਨਸਾਨੀ ਜ਼ਿੰਦਗੀ ਨੂੰ ਕਈ ਪ੍ਰਕਾਰ ਦੀਆਂ ਸਹੂਲਤਾਂ ਮੁਹਈਆ ਕਰਵਾ ਦਿੱਤੀਆਂ ਹਨ ਉੱਥੇ ਹੀ ਇਸਦੇ ਕੁਝ ਅਜਿਹੇ ਮਾੜੇ ਪ੍ਰਭਾਵ ਵੀ ਸਾਹਮਣੇ ਆ ਰਹੇ ਹਨ ਜੋ ਕਿ ਆਉਣ ਵਾਲੀ ਪੀੜੀ ਲਈ ਬਹੁਤ ਹੀ ਘਾਤਕ ਸਿੱਧ ਹੋ ਸਕਦੇ ਹਨ। ਮੋਬਾਈਲ ਫੋਨ ਜਿਹੜਾ ਕਿ ਪਹਿਲਾਂ ਸਿਰਫ ਆਪਸੀ ਸੰਪਰਕ ਦਾ ਹੀ ਸਾਧਨ ਹੁੰਦਾ ਸੀ ਪਰ ਅੱਜ ਕੱਲ ਦੇ ਦੌਰ ਵਿੱਚ ਬੱਚਿਆਂ ਦੇ ਹੱਥਾਂ ਵਿੱਚ ਆਉਣ ਕਾਰਨ ਇਹ ਉਨ੍ਹਾਂ ਦੇ ਭਵਿੱਖ ਨੂੰ ਅੰਧਕਾਰ ਦੀਆਂ ਗਹਿਰਾਈਆਂ ਵਿੱਚ ਡੁਬੋ ਰਿਹਾ ਹੈ। ਮੋਬਾਇਲ ਸਦਕਾ ਅੰਧਕਾਰ ਵਿੱਚ ਡੁੱਬ ਰਹੇ ਬੱਚਿਆਂ ਦੇ ਭਵਿੱਖ ਨੂੰ ਬਚਾਉਣ ਅਤੇ ਆਮ ਜਨਤਾ ਨੂੰ ਇਸ ਸਬੰਧੀ ਜਾਗ੍ਰਿਤ ਕਰਨ ਲਈ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸ਼ਾਮਿਲ ਉੱਘੇ ਸਮਾਜ ਸੇਵੀ ਗੋਪਾ ਬਡਿਆਲ, ਜ਼ਿਲਾ ਚੇਅਰਮੈਨ ਵਿਵੇਕ ਵਿਜਨ, ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ, ਜ਼ਿਲਾ ਪ੍ਰਧਾਨ ਪੁਨੀਤ ਢੀਂਗਰਾ, ਯੁਵਾ ਨੇਤਾ ਰਾਜੂ ਖੋਸਲਾ, ਜ਼ਿਲਾ ਵਾਈਸ ਚੇਅਰਮੈਨ ਸੰਜੀਵ ਖੰਨਾ, ਗੁਰਨਾਮ ਸਿੰਘ ਗੋਣੀ, ਗੌਰਵ ਬੇਦੀ ਅਤੇ ਪਰਮਜੀਤ ਬਾਬੂ



ਤੋਂ ਇਲਾਵਾ ਹੋਰ ਸੰਸਥਾਵਾਂ ਦੇ ਆਗੂਆਂ ਨੇ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ। ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਰਾਹੁਲ ਖੰਨਾ ਨੇ ਕਿਹਾ ਕਿ ਬੱਚਿਆਂ ਵੱਲੋਂ ਮੋਬਾਇਲ ਫੋਨ ਦਾ ਜਿਆਦਾ ਅਤੇ ਗਲਤ ਕੀਤਾ ਗਿਆ ਇਸਤੇਮਾਲ ਇੱਕ ਕਿਸਮ ਦਾ ਸਲੋਅ-ਪੋਆਇਜਨ ਦਾ ਕੰਮ ਕਰਦਾ ਹੈ। ਉਨ੍ਹਾਂ ਕਿਹਾ ਕਿ ਇੱਕ ਜਗ੍ਹਾ ਤੇ ਬੈਠ ਕੇ ਮੋਬਾਈਲ ਦੀ ਬਹੁਤ ਜਿਆਦਾ ਵਰਤੋਂ ਕਰਨ ਕਾਰਨ ਬੱਚਿਆਂ ਦੀ ਸਰੀਰਕ ਹਿਲਜੁਲ ਲਗਭਗ ਖ਼ਤਮ ਹੋ ਚੁੱਕੀ ਹੈ ਜਦਕਿ ਪਹਿਲਾਂ ਬੱਚੇ ਆਪਸ ਵਿੱਚ ਕਈ ਪ੍ਰਕਾਰ ਦੀਆਂ ਖੇਡਾਂ ਖੇਡਦੇ ਰਹਿੰਦੇ ਸਨ। ਉਨ੍ਹਾਂ ਕਿਹਾ ਕਿ ਬੱਚੇ ਹੁਣ ਮੈਦਾਨਾਂ ਵਿੱਚ ਖੇਡਣ ਦੀ ਥਾਂ ਘੰਟਿਆਂ ਬੱਧੀ ਇੱਕ ਜਗ੍ਹਾ ਤੇ ਬੈਠ ਕੇ ਮੋਬਾਈਲ ਤੇ ਗੇਮਾਂ ਖੇਡਦੇ ਰਹਿੰਦੇ ਹਨ ਜਿਸ ਕਾਰਨ ਅੱਖਾਂ ਦੀ ਕਮਜ਼ੋਰੀ ਅਤੇ ਨੀਂਦ ਪੂਰੀ ਨਾ ਹੋਣ ਕਾਰਨ ਉਨ੍ਹਾਂ ਨੂੰ ਕਈ ਪ੍ਰਕਾਰ ਦੀਆਂ ਮਾਨਸਿਕ ਸਮੱਸਿਆਵਾਂ ਨੇ ਘੇਰਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਭਾਵੇਂ ਇੰਟਰਨੈਟ ਜਾਣਕਾਰੀ ਦਾ ਭੰਡਾਰ ਹੈ ਪਰ ਬੱਚੇ ਇਸ ਤੋਂ ਕੁਝ ਸਿੱਖਣ ਦੀ ਬਜਾਏ ਇਸਨੂੰ ਮਨੋਰੰਜਨ ਦੇ ਸਾਧਨਾਂ ਪ੍ਰਤੀ ਵਰਤ ਰਹੇ ਹਨੈ।

# ਪਿੰਡ ਦੁਸਾਂਝ ਖੁਰਦ ਵਿਖੇ 43ਵਾਂ ਸਾਲਾਨਾ ਜੋੜ ਮੇਲਾ ਕਰਵਾਇਆ

ਬੰਗਾ -31 ਮਾਰਚ (ਪ੍ਰਭਜੋਤ ਸਿੰਘ ):- ਪਿੰਡ ਦੁਸਾਂਝ ਖੁਰਦ ਵਿਖੇ ਸਥਿਤ ਦਰਬਾਰ ਲੱਖ ਦਾਤਾ ਪੀਰ ਗਿਆਰਵੀਂ ਵਾਲੀ ਸਰਕਾਰ ਦੇ ਪਵਿੱਤਰ ਦਰਬਾਰ ਤੇ ਗੱਦੀ ਨਸ਼ੀਨ ਸਾਈ ਸੋਮੇ ਸ਼ਾਹ ਮੁੱਖ ਸਲਾਹਕਾਰ ਸੂਫੀਆਨਾ ਦਰਗਾਹ ਪ੍ਰਬੰਧਕ ਕਮੇਟੀ (ਰਜਿ:) ਪੰਜਾਬ ਜੀ ਦੀ ਯੋਗ ਅਗਵਾਈ ਵਿੱਚ ਤਿੰਨ ਦਿਵਸੀ 43ਵਾਂ ਸਾਲਾਨਾ ਜੋੜ ਮੇਲਾ ਕਰਵਾਇਆ ਗਿਆ। ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਮੁਰਸ਼ਦ ਸਾਈ ਜੀਵਨ ਸ਼ਾਹ ਜੀ ਕਾਦਰੀ ਨਾਰੇ ਵਾਲੀ ਸਰਕਾਰ ਹਾਜ਼ਰ ਹੋਏ। ਉਨ੍ਹਾਂ ਆਈਆਂ ਸੰਗਤਾਂ ਨੂੰ ਆਪਣਾ ਆਸ਼ੀਰਵਾਦ ਦਿੱਤਾ। ਪਹਿਲੇ ਦਿਨ ਦਰਬਾਰ ਲੱਖ ਦਾਤਾ ਪੀਰ ਗਿਆਰਵੀਂ ਵਾਲੀ ਸਰਕਾਰ ਦੇ ਪਵਿੱਤਰ ਦਰਬਾਰ ਵਿਖੇ ਚਿਰਾਗ ਰੋਸ਼ਨ ਕੀਤੇ ਗਏ ਅਤੇ ਮਹਿੰਦੀ ਦੀ ਰਸਮ ਤੋਂ ਉਪਰੰਤ ਧਾਰਮਿਕ ਪ੍ਰੋਗਰਾਮ ਕੀਤਾ ਗਿਆ। ਦੂਸਰੇ ਦਿਨ ਪੰਜਾਬੀ ਲੋਕ ਗਾਇਕ ਰਣਵੀਰ ਰਾਣਾ, ਬ੍ਰਦਰਜ ਕਵਾਲ, ਸ਼ਕੀਲ ਸਾਬਰੀ ਅਤੇ ਜੁਲਕਰ ਅਲੀ ਨੇ ਕਵਾਲੀਆਂ ਅਤੇ ਧਾਰਮਿਕ ਗੀਤਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਪ੍ਰੋਗਰਾਮ ਦੇ ਤੀਸਰੇ ਦਿਨ ਮਾਣਕ ਅਲੀ ਨੇ ਸਟੇਜ ਨੂੰ ਸੰਭਾਲਿਆ। ਇਸ ਉਪਰੰਤ ਕਵਾਲ ਮਨਵਰ ਅਲੀ ਨੇ ਆ ਗਿਆ ਦੇਖੋ ਅਰਸ਼ਾਂ ਦਾ ਲਾੜਾ ਮੇਲਾ ਲੱਗਦਾ ਅਲੀ ਆਦਿ ਕਵਾਲੀਆਂ ਰਾਹੀਂ ਦਰਬਾਰ ਵਿੱਚ ਹਾਜ਼ਰੀ ਲਗਵਾਈ। ਇਸ ਉਪਰੰਤ ਪੰਮਾ ਨਸਰਾਲੇ ਵਾਲੇ ਨੇ ਲੱਖ ਦਾਤਾ ਪੀਰ ਗਿਆਰਵੀਂ ਵਾਲੀ ਸਰਕਾਰ ਦੀਆਂ ਧਾਰਮਿਕ ਭੇਟਾਂ ਪੇਸ਼ ਕਰਕੇ ਸੰਗਤਾਂ ਦੀ ਵਾਹ ਵਾਹ ਵਟੋਰੀ। ਇਸ ਸਲਾਨਾ ਜੋੜ ਮੇਲੇ ਵਿੱਚ ਸੂਫੀਆਨਾ ਦਰਗਾਹ ਪ੍ਰਬੰਧਕ ਕਮੇਟੀ (ਰਜਿ:) ਪੰਜਾਬ ਦੇ ਪ੍ਰਦੇਸ਼ ਪ੍ਰਧਾਨ ਸਾਈ ਪੱਪਲ ਸ਼ਾਹ ਜੀ, ਸਾਈ ਪਰਮਜੀਤ ਸਿੰਘ ਬਛੂਆਂ ਵਾਲੇ, ਬਾਬਾ ਪਰਵਿੰਦਰ ਮੁਕੰਦਪੁਰ ਵਾਲੇ, ਸਾਈ ਮਹਿਤਾਬ ਮੁਹੰਮਦ ਮਹਾਲੋਂ ਵਾਲੇ, ਬੀਬਾ ਸੁਖਰਾਜ ਰਾਹੋ ਦਰਬਾਰ ਲੱਖ ਦਾਤਾ ਪੀਰ ਰਾਹੋਂ, ਸਾਈ ਪ੍ਰੀਤੀ ਮਹੰਤ, ਸਾਈਂ ਜਸਵੀਰ ਸਾਬਰੀ ਖਾਨਖਾਨਾ ਵਾਲੇ, ਅਮਰੀਕ ਸਿੰਘ ਕਾਹਮਾ ਦਰਬਾਰ ਸ਼ਾਹ ਜਿੰਦਾ ਪੀਰ ਵਾਲੇ, ਸਾਈਂ ਬਿੱਲੇ ਸ਼ਾਹ ਜੀ ਕਰੀਹੇ ਵਾਲੇ, ਗੋਪੀ ਸ਼ਾਹ ਜਲੰਧਰ ਵਾਲੇ ਆਦਿ ਨੇ ਸਾਈ ਸੋਮੇ ਸ਼ਾਹ ਜੀ ਨੂੰ ਸਿਰੋਪਾ, ਛਾਲ, ਨੋਟਾਂ ਅਤੇ ਫੁੱਲਾਂ ਦੇ ਹਾਰਾਂ ਅਤੇ ਬਸਤਰ ਭੇਂਟ ਕਰਕੇ ਸਨਮਾਨਿਤ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਕੁਲਰਾਜ ਮੁਹੰਮਦ ਵੱਲੋਂ ਬਾਖੂਬੀ ਨਿਭਾਈ ਗਈ।

---

ਜਨਤਕ ਸੂਚਨਾ
**ਸ਼੍ਰੀ ਰਾਜੀਵ ਤਿਵਾੜੀ,**
**ਸਹਾਇਕ ਅਸਟੇਟ ਅਫ਼ਸਰ**
**(ਅਸਟੇਟ ਅਫ਼ਸਰ ਦੀਆਂ ਸ਼ਕਤੀਆਂ ਦੀ ਵਰਤੋਂ) ਯੂਟੀ, ਚੰਡੀਗੜ੍ਹ**

ਵਿਸ਼ਾ:- ਲੜੀ ਨੰ. 2792, ਕਿਤਾਬ ਨੰ. 1, ਭਾਗ ਨੰ., ਪੰਨਾ ਨੰ. ਮਿਤੀ 13/08/2015 'ਤੇ ਪਰਿਵਾਰਕ ਤਬਾਦਲੇ ਦੇ ਆਧਾਰ 'ਤੇ 13.50% ਹਿੱਸੇ ਦੀ ਹੱਦ ਤੱਕ ਵਪਾਰਕ ਐਸਸੀਓ 7, ਸੈਕਟਰ 27-ਸੀ, ਚੰਡੀਗੜ੍ਹ ਵਿੱਚ ਮਾਲਕੀ ਦੇ ਤਬਾਦਲੇ ਸੰਬੰਧੀ।
ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਦੇ ਰਿਕਾਰਡ ਅਨੁਸਾਰ ਸ਼੍ਰੀ/ਸ਼੍ਰੀਮਤੀ ਜੋਗਿੰਦਰ ਕੁਮਾਰ ਨਾਗਪਾਲ ਵਪਾਰਕ ਐਸਸੀਓ ਨੰ. 7, ਸੈਕਟਰ 27-ਸੀ, ਚੰਡੀਗੜ੍ਹ ਦੇ 13.50% ਹਿੱਸੇ ਦੀ ਹੱਦ ਤੱਕ ਮਾਲਕ/ਪੱਟੇਦਾਰ ਹਨ।
ਸ਼੍ਰੀਮਤੀ/ਸ਼੍ਰੀਮਤੀ ਦੁਆਰਾ ਸੂਚਿਤ ਕੀਤਾ ਗਿਆ ਹੈ। ਸਾਹਿਲ ਨਾਗਪਾਲ ਜੀਪੀਏ/ਐਸਪੀਏ ਜੋਗਿੰਦਰ ਕੁਮਾਰ ਨਾਗਪਾਲ ਰਾਹੀਂ ਕਿ ਸ਼੍ਰੀ/ਸ਼੍ਰੀਮਤੀ ਜੋਗਿੰਦਰ ਕੁਮਾਰ ਨਾਗਪਾਲ ਉਪਰੋਕਤ ਜਾਇਦਾਦ ਦੇ 13.50% ਹਿੱਸੇ ਦੀ ਹੱਦ ਤੱਕ ਮਾਲਕ ਨੇ 13/08/2015 ਨੂੰ ਸਾਹਿਲ ਨਾਗਪਾਲ ਜੀਪੀਏ/ਐਸਪੀਏ ਜੋਗਿੰਦਰ ਕੁਮਾਰ ਨਾਗਪਾਲ ਦੇ ਹੱਕ ਵਿੱਚ 13.50% ਹਿੱਸੇ ਦੀ ਹੱਦ ਤੱਕ ਪਰਿਵਾਰਕ ਤਬਾਦਲਾ ਡੀਡ ਕੀਤਾ ਸੀ ਅਤੇ ਇਸਦਾ ਵਿਰੋਧ ਸੀਨੀਅਰ ਨੰਬਰ 2792, ਕਿਤਾਬ ਨੰਬਰ 1, ਭਾਗ ਨੰ., ਪੰਨਾ ਨੰ.:., ਮਿਤੀ 13/08/2015 ਨੂੰ ਸਬ-ਰਜਿਸਟਰਾਰ, ਯੂ.ਟੀ., ਚੰਡੀਗੜ੍ਹ ਦੇ ਦਫ਼ਤਰ ਵਿੱਚ ਕੀਤਾ ਗਿਆ ਹੈ। ਹੁਣ ਸਾਹਿਲ ਨਾਗਪਾਲ ਜੀਪੀਏ/ਐਸਪੀਏ ਰਾਹੀਂ ਜੋਗਿੰਦਰ ਕੁਮਾਰ ਨਾਗਪਾਲ ਨੇ 13/08/2015 ਦੀ ਪਰਿਵਾਰਕ ਤਬਾਦਲਾ ਡੀਡ ਦੇ ਆਧਾਰ 'ਤੇ ਉਪਰੋਕਤ ਜਾਇਦਾਦ ਦੇ 13.50% ਹਿੱਸੇ ਨੂੰ ਆਪਣੇ/ਉਨ੍ਹਾਂ ਦੇ ਹੱਕ ਵਿੱਚ ਤਬਦੀਲ ਕਰਨ ਲਈ ਅਰਜ਼ੀ ਦਿੱਤੀ ਹੈ/ਦਿੱਤੀ ਹੈ।
ਜੇਕਰ ਕਿਸੇ ਨੂੰ ਉਪਰੋਕਤ ਨਾਮਜਦ ਬਿਨੈਕਾਰਾਂ ਦੇ ਹੱਕ ਵਿੱਚ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦੇ ਪਰਿਵਰਤਨ 'ਤੇ ਕੋਈ ਇਤਰਾਜ਼ ਹੈ, ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਹੇਠ ਹਸਤਾਖਰ ਕਰਨ ਵਾਲੇ ਦੇ ਦਫ਼ਤਰ ਵਿੱਚ ਲਿਖਤੀ ਰੂਪ ਵਿੱਚ (ਮੈਜਿਸਟ੍ਰੇਟ/ਨੋਟਰੀ ਦੁਆਰਾ ਪ੍ਰਮਾਣਿਤ ਹਲਫ਼ਨਾਮੇ ਨਾਲ ਸਮਰਥਤ) ਇਸਨੂੰ ਜਮ੍ਹਾਂ ਕਰਵਾ ਸਕਦੇ ਹਨ, ਨਹੀਂ ਤਾਂ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਨੂੰ ਉਪਰੋਕਤ ਲਾਭਪਾਤਰੀਆਂ ਦੇ ਨਾਮ 'ਤੇ ਉਸੇ ਅਨੁਸਾਰ ਬਦਲ ਦਿੱਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਹੋਰ ਦਾਅਵੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।
**ਰਾਜੀਵ ਤਿਵਾੜੀ,**
**ਸਹਾਇਕ ਅਸਟੇਟ ਅਫ਼ਸਰ, ਅਸਟੇਟ ਅਫ਼ਸਰ, ਯੂ.ਟੀ., ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ**

---

ਜਨਤਕ ਸੂਚਨਾ
**ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫ਼ਸਰ, ਅਸਟੇਟ ਅਫ਼ਸਰ, ਯੂ.ਟੀ., ਚੰਡੀਗੜ੍ਹ ਦੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ।**

ਵਿਸ਼ਾ:- 17.08.2009 ਦੀ ਰਿਟਾਇਰਮੈਂਟ-ਕਮ-ਭਾਈਵਾਲੀ ਡੀਡ ਅਤੇ 05.01.2026 ਦੀ ਸੋਧੀ ਹੋਈ-ਕਮ-ਰਿਟਾਇਰਮੈਂਟ ਭਾਈਵਾਲੀ ਡੀਡ (INDL-1041) ਦੇ ਆਧਾਰ 'ਤੇ ਉਦਯੋਗਿਕ ਪਲਾਟ ਨੰਬਰ 806, ਉਦਯੋਗਿਕ ਖੇਤਰ, ਫੇਜ਼-2, ਚੰਡੀਗੜ੍ਹ ਦੇ ਸੰਬੰਧ ਵਿੱਚ, ਮੈਸਰਜ਼ ਜੀ.ਡੀ.ਬੀ. ਐਂਟਰਪ੍ਰਾਈਜ਼ਿਜ਼ ਦੇ ਸ਼੍ਰੀ ਦਵਿੰਦਰ ਸਿੰਘ ਸੋਲ ਪ੍ਰੋਪਰਟੀ ਦੇ ਨਾਮ ਨੂੰ ਨੋਟ ਕਰਦੇ ਹੋਏ।
ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਦੇ ਰਿਕਾਰਡ ਅਨੁਸਾਰ, ਇੰਡਸਟਰੀਅਲ ਪਲਾਟ ਨੰਬਰ 806, ਇੰਡਸਟਰੀਅਲ ਏਰੀਆ, ਫੇਜ਼-2, ਚੰਡੀਗੜ੍ਹ, ਮੈਸਰਜ਼ ਜੀ.ਡੀ.ਬੀ. ਐਂਟਰਪ੍ਰਾਈਜ਼ਿਜ਼ ਦੇ ਨਾਮ 'ਤੇ ਅਲਾਟ ਕੀਤਾ ਗਿਆ ਹੈ ਜਿਸ ਵਿੱਚ ਚਾਰ ਭਾਈਵਾਲ ਸ਼੍ਰੀ ਅਮਰੀਕ ਸਿੰਘ, ਸ਼੍ਰੀਮਤੀ ਸ਼ਾਮਲ ਹਨ। ਗੁਰਦਰਸ਼ਨ ਕੌਰ ਢਿੱਲੋਂ, ਸ਼੍ਰੀਮਤੀ ਕੰਵਲਜੀਤ ਕੌਰ ਬੈਂਸ ਅਤੇ ਸ਼੍ਰੀਮਤੀ ਹਰਪਾਲ ਕੌਰ। ਸ਼੍ਰੀ ਦਵਿੰਦਰ ਸਿੰਘ ਨੇ ਸੂਚਿਤ ਕੀਤਾ ਹੈ ਕਿ 17.08.2009 ਦੀ ਰਿਟਾਇਰਮੈਂਟ-ਕਮ-ਭਾਈਵਾਲੀ ਡੀਡ ਦੇ ਅਨੁਸਾਰ, ਸ਼੍ਰੀਮਤੀ ਗੁਰਦਰਸ਼ਨ ਕੌਰ ਢਿੱਲੋਂ, ਸ਼੍ਰੀਮਤੀ ਕੰਵਲਜੀਤ ਕੌਰ ਬੈਂਸ ਅਤੇ ਸ਼੍ਰੀਮਤੀ ਹਰਪਾਲ ਕੌਰ ਪਲਾਟ ਨੰਬਰ 806, ਇੰਡਸਟਰੀਅਲ ਏਰੀਆ, ਫੇਜ਼-2, ਚੰਡੀਗੜ੍ਹ ਦੇ ਸੰਬੰਧ ਵਿੱਚ ਫਰਮ ਯਾਨੀ ਮੈਸਰਜ਼ ਜੀ.ਡੀ.ਬੀ. ਐਂਟਰਪ੍ਰਾਈਜ਼ਿਜ਼ ਤੋਂ ਸੇਵਾਮੁਕਤ ਹੋ ਗਈਆਂ ਹਨ ਅਤੇ ਸ਼੍ਰੀ ਦਵਿੰਦਰ ਸਿੰਘ ਉਕਤ ਫਰਮ ਵਿੱਚ ਦਾਖਲ ਹੋਏ ਹਨ ਅਤੇ ਦੋ ਭਾਈਵਾਲ ਬਣ ਗਏ ਹਨ - ਸ਼੍ਰੀ ਅਮਰੀਕ ਸਿੰਘ ਅਤੇ ਸ਼੍ਰੀ ਦਵਿੰਦਰ ਸਿੰਘ। ਇਸ ਤੋਂ ਇਲਾਵਾ, ਮਿਤੀ 05.01.2026 ਦੀ ਸੋਧੀ ਹੋਈ-ਕਮ-ਰਿਟਾਇਰਮੈਂਟ ਭਾਈਵਾਲੀ ਡੀਡ ਦੇ ਅਨੁਸਾਰ, ਸ਼੍ਰੀ ਅਮਰੀਕ ਸਿੰਘ ਨੇ ਉਕਤ ਜਾਇਦਾਦ ਵਿੱਚ ਭਾਈਵਾਲੀ ਫਰਮ ਯਾਨੀ ਮੈਸਰਜ਼ ਜੀ.ਡੀ.ਬੀ. ਐਂਟਰਪ੍ਰਾਈਜ਼ਿਜ਼ ਤੋਂ ਸੇਵਾਮੁਕਤੀ ਲੈ ਲਈ ਹੈ ਅਤੇ ਬਾਕੀ ਸਾਥੀ ਸ਼੍ਰੀ ਦਵਿੰਦਰ ਸਿੰਘ ਫਰਮ ਦੇ ਇਕੱਲੇ ਮਾਲਕ ਬਣ ਗਏ ਹਨ। ਹੁਣ, ਸ਼੍ਰੀ. ਦਵਿੰਦਰ ਸਿੰਘ ਨੇ 17.08.2009 ਦੀ ਰਿਟਾਇਰਮੈਂਟ-ਕਮ-ਭਾਈਵਾਲੀ ਡੀਡ ਅਤੇ 05.01.2026 ਦੀ ਸੋਧੀ ਹੋਈ-ਕਮ-ਰਿਟਾਇਰਮੈਂਟ ਭਾਈਵਾਲੀ ਡੀਡ ਦੇ ਆਧਾਰ 'ਤੇ ਉਦਯੋਗਿਕ ਪਲਾਟ ਨੰਬਰ 806, ਉਦਯੋਗਿਕ ਖੇਤਰ, ਫੇਜ਼-2, ਚੰਡੀਗੜ੍ਹ ਦੇ ਸੰਬੰਧ ਵਿੱਚ ਮੈਸਰਜ਼ ਜੀ.ਡੀ.ਬੀ. ਐਂਟਰਪ੍ਰਾਈਜ਼ਿਜ਼ ਦੇ ਇੱਕਲੇ ਮਾਲਕ ਵਜੋਂ ਆਪਣਾ ਨਾਮ ਦਰਜ ਕਰਨ ਦੀ ਬੇਨਤੀ ਕੀਤੀ ਹੈ। ਜੇਕਰ ਕਿਸੇ ਕੋਲ ਇਸ ਬਾਰੇ ਕੋਈ ਜਾਣਕਾਰੀ ਹੈ ਤਾਂ ਉਹ ਤੁਰੰਤ ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ ਨੂੰ ਸੂਚਿਤ ਕਰ ਸਕਦਾ ਹੈ। ਜੇਕਰ ਕਿਸੇ ਨੂੰ ਸ਼੍ਰੀ. ਦਾ ਨਾਮ ਦਰਜ ਕਰਨ 'ਤੇ ਕੋਈ ਇਤਰਾਜ਼ ਹੈ ਤਾਂ ਕਿਰਪਾ ਕਰਕੇ ਸ਼੍ਰੀ. ਦਵਿੰਦਰ ਸਿੰਘ, ਉਕਤ ਫਰਮ ਦੇ ਇਕਲੌਤੇ ਪ੍ਰੋਪੈਨੈਟ ਵਜੋਂ, ਉਪਰੋਕਤ ਨਾਮਜ਼ਦ ਬਿਨੈਕਾਰ ਦੇ ਹੱਕ ਵਿੱਚ, ਉਹ/ਉਹ/ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਹੇਠ ਹਸਤਾਖਰ ਕੀਤੇ ਗਏ ਦਫ਼ਤਰ ਵਿੱਚ ਲਿਖਤੀ ਰੂਪ ਵਿੱਚ (ਮੈਜਿਸਟ੍ਰੇਟ/ਨੋਟਰੀ ਦੁਆਰਾ ਪ੍ਰਮਾਣਿਤ ਹਲਫਨਾਮੇ ਨਾਲ ਸਮਰਥਤ) ਜਮ੍ਹਾਂ ਕਰਵਾ ਸਕਦੇ ਹਨ, ਨਹੀਂ ਤਾਂ ਉਕਤ ਕੰਪਨੀ/ਜਾਇਦਾਦ ਵਿੱਚ ਡਾਇਰੈਕਟਰ ਦਾ ਨਾਮ ਉਕਤ ਨੋਟ ਵਿੱਚ ਦਰਜ ਕੀਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਪੜਾਅ 'ਤੇ ਕੋਈ ਹੋਰ ਦਾਅਵਾ ਨਹੀਂ ਕੀਤਾ ਜਾਵੇਗਾ।
**ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫ਼ਸਰ, ਅਸਟੇਟ ਅਫ਼ਸਰ, ਯੂ.ਟੀ., ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ।**

---

ਜਨਤਕ ਸੂਚਨਾ

**ਪਹਿਲਾਂ**
**ਸ਼੍ਰੀ ਰਾਜੀਵ ਤਿਵਾੜੀ, ਸਹਾਇਕ ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ।**
ਸਵ. ਸਿੱਖਿਆ ਜੈਨ ਦੀ ਰਜਿਸਟਰਡ ਵਸੀਅਤ ਦੇ ਆਧਾਰ 'ਤੇ ਵਪਾਰਕ ਬੂਥ ਨੰਬਰ 85, ਸੈਕਟਰ 34-ਡੀ ਚੰਡੀਗੜ੍ਹ (SNM 234) ਦੇ ਸੰਬੰਧ ਵਿੱਚ ਲੀਜ਼ ਹੋਲਡ ਅਧਿਕਾਰਾਂ ਦਾ ਉਪ-ਤਬਾਦਲਾ 100.00% ਹਿੱਸੇ ਦੀ ਹੱਦ ਤੱਕ।
ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਦੇ ਰਿਕਾਰਡ ਅਨੁਸਾਰ ਸ਼੍ਰੀ/ਸ਼੍ਰੀਮਤੀ ਸਿੱਖਿਆ ਜੈਨ ਵਪਾਰਕ ਬੂਥ ਨੰਬਰ 85, ਸੈਕਟਰ 34-ਡੀ, ਚੰਡੀਗੜ੍ਹ ਦੇ 100.00% ਹਿੱਸੇ ਦੀ ਹੱਦ ਤੱਕ ਮਾਲਕ/ਪੱਟੇਦਾਰ ਹਨ।
ਵਿਵੇਕ ਜੈਨ ਦੁਆਰਾ ਸੂਚਿਤ ਕੀਤਾ ਗਿਆ ਹੈ ਕਿ ਸ਼੍ਰੀ/ਸ਼੍ਰੀਮਤੀ। ਸ਼ਿਕਸ਼ਾ ਜੈਨ ਦੀ ਮੌਤ 18/02/2012 ਨੂੰ ਹੋ ਗਈ ਸੀ ਅਤੇ ਉਸਨੇ/ਉਨ੍ਹਾਂ ਨੇ ਮ੍ਰਿਤਕ ਮਾਲਕ/ਪੱਟੇਦਾਰ ਦੇ ਹੇਠ ਲਿਖੇ ਕਾਨੂੰਨੀ ਵਾਰਸਾਂ ਨੂੰ ਵੀ ਸੂਚਿਤ ਕੀਤਾ ਹੈ:-

| ਕਾਨੂੰਨੀ ਵਾਰਸ ਦਾ ਨਾਮ | ਮ੍ਰਿਤਕ ਨਾਲ ਸਬੰਧ |
|---|---|
| 1 ਵਿਵੇਕ ਜੈਨ | ਪੁੱਤਰ |
| 2 ਨੀਰੂ ਜੈਨ | ਧੀ |
| 3 ਅੰਜਲਾ ਸਿੰਘ | ਧੀ |
| 4 ਕ੍ਰਿਸ਼ਨ ਚੰਦ ਜੈਨ | ਪਤੀ (ਮ੍ਰਿਤਕ) |

ਹੁਣ, ਵਿਵੇਕ ਜੈਨ ਨੇ 18/07/2011 ਦੀ ਰਜਿਸਟਰਡ ਵਸੀਅਤ ਦੇ ਆਧਾਰ 'ਤੇ, ਮਰਹੂਮ ਸ਼ਿਕਸ਼ਾ ਜੈਨ ਦੁਆਰਾ ਆਪਣੇ/ਆਪਣੇ/ਆਪਣੇ ਹੱਕ ਵਿੱਚ ਰੱਖੇ ਗਏ 100.00% ਹਿੱਸੇ ਦੀ ਹੱਦ ਤੱਕ ਕਮਰਸ਼ੀਅਲ ਬੂਥ ਨੰਬਰ 85, ਸੈਕਟਰ 34-ਡੀ, ਚੰਡੀਗੜ੍ਹ ਦੇ ਸੰਬੰਧ ਵਿੱਚ ਲੀਜ਼ ਅਧਿਕਾਰਾਂ ਦੇ ਤਬਾਦਲੇ ਲਈ ਅਰਜ਼ੀ ਦਿੱਤੀ ਹੈ। ਜੇਕਰ ਕਿਸੇ ਕੋਲ ਉੱਪਰ ਦੱਸੇ ਗਏ ਤੋਂ ਇਲਾਵਾ ਮ੍ਰਿਤਕ ਦੇ ਕਿਸੇ ਹੋਰ ਕਾਨੂੰਨੀ ਵਾਰਸ (ਵਾਰਸਾਂ) ਬਾਰੇ ਕੋਈ ਜਾਣਕਾਰੀ ਹੈ, ਤਾਂ ਇਸਦੀ ਸੂਚਨਾ ਤੁਰੰਤ ਅਸਟੇਟ ਅਫਸਰ, ਯੂ.ਟੀ., ਚੰਡੀਗੜ੍ਹ ਨੂੰ ਦਿੱਤੀ ਜਾ ਸਕਦੀ ਹੈ।
ਜੇਕਰ ਕਿਸੇ ਨੂੰ ਉਪਰੋਕਤ ਨਾਮਜ਼ਦ ਬਿਨੈਕਾਰਾਂ ਦੇ ਹੱਕ ਵਿੱਚ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਦੇ ਇੰਤਕਾਲ 'ਤੇ ਕੋਈ ਇਤਰਾਜ਼ ਹੈ, ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਹੇਠ ਹਸਤਾਖਰ ਕੀਤੇ ਵਿਅਕਤੀ ਦੇ ਦਫ਼ਤਰ ਵਿੱਚ ਲਿਖਤੀ ਰੂਪ ਵਿੱਚ (ਮੈਜਿਸਟ੍ਰੇਟ/ਨੋਟਰੀ ਦੁਆਰਾ ਪ੍ਰਮਾਣਿਤ ਹਲਫਨਾਮੇ ਨਾਲ ਸਮਰਥਤ) ਇਸਨੂੰ ਜਮ੍ਹਾਂ ਕਰਵਾ ਸਕਦੇ ਹਨ, ਨਹੀਂ ਤਾਂ ਉਕਤ ਜਾਇਦਾਦ ਵਿੱਚ ਉਕਤ ਹਿੱਸੇ ਨੂੰ ਉਪਰੋਕਤ ਲਾਭਪਾਤਰੀਆਂ/ਵਿਅਕਤੀਆਂ ਦੇ ਨਾਮ 'ਤੇ ਇੰਤਕਾਲ ਕਰ ਦਿੱਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਵੀ ਹੋਰ ਦਾਅਵੇ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।
**ਰਾਜੀਵ ਤਿਵਾੜੀ,**
**ਸਹਾਇਕ ਅਸਟੇਟ ਅਫ਼ਸਰ, ਅਸਟੇਟ ਅਫ਼ਸਰ, ਯੂ.ਟੀ., ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ**

---


PSPCL
Powering Punjab. Enriching Lives.

## ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ

ਰਜਿ. ਦਫ਼ਤਰ ਪੀ. ਐਸ. ਈ. ਬੀ. ਮੁੱਖ ਦਫ਼ਤਰ, ਦੀ ਮਾਲ, ਪਟਿਆਲਾ-147001
corporate id no. U40109PB2010SGC033813, website: www.pspcl.in

## ਕਣਕ ਦੀ ਫ਼ਸਲ ਨੂੰ ਅੱਗ ਲੱਗਣ ਤੋਂ ਬਚਾਉਣ ਲਈ ਕੰਟਰੋਲ ਰੂਮ ਦੀ ਸਥਾਪਨਾ

ਬਿਜਲੀ ਦੀਆਂ ਢਿੱਲੀਆਂ/ਨੀਵੀਆਂ ਤਾਰਾਂ ਅਤੇ ਜੀ. ਓ. ਸਵਿੱਚਾਂ ਆਦਿ ਤੋਂ ਸਪਾਰਕਿੰਗ ਨਾਲ ਕਣਕ ਦੀ ਫ਼ਸਲ ਨੂੰ ਅੱਗ ਲੱਗਣ ਤੋਂ ਬਚਾਉਣ ਲਈ ਸੂਚਨਾ ਤੁਰੰਤ ਨੇੜੇ ਦੇ ਉੱਪ ਮੰਡਲ ਦਫ਼ਤਰ/ਸ਼ਿਕਾਇਤ ਘਰ ਦੇ ਨਾਲ-ਨਾਲ ਕੰਟਰੋਲ ਰੂਮ ਨੰਬਰ: **96461-06835/96461-06836/1912** ਤੇ ਦਿੱਤੀ ਜਾਵੇ ਤਾਂ ਜੋ ਇਹਨਾਂ ਬਿਜਲੀ ਦੀਆਂ ਲਾਈਨਾਂ/ਤਾਰਾਂ ਦੀ ਸਮੇਂ ਸਿਰ ਦਰੁੱਸਤੀ ਕੀਤੀ ਜਾ ਸਕੇ।
ਬਿਜਲੀ ਦੀਆਂ ਢਿੱਲੀਆਂ/ ਨੀਵੀਆਂ ਤਾਰਾਂ ਜਾਂ ਸਪਾਰਕਿੰਗ ਦੀਆਂ ਤਸਵੀਰਾਂ ਸਮੇਤ ਲੋਕੇਸ਼ਨ ਵੱਟਸਐਪ ਨੰ: **96461-06835** 'ਤੇ ਭੇਜੀਆਂ ਜਾਣ ਜੀ।

## ਕਣਕ ਦੀ ਫ਼ਸਲ ਨੂੰ ਅੱਗ ਲੱਗਣ ਤੋਂ ਬਚਾਉਣ ਲਈ ਕਿਸਾਨ ਵੀਰਾਂ ਲਈ ਵਿਸ਼ੇਸ਼ ਸਾਵਧਾਨੀਆਂ

- ਕੱਟੀ ਹੋਈ ਕਣਕ ਬਿਜਲੀ ਦੀਆਂ ਤਾਰਾਂ ਦੇ ਹੇਠਾਂ ਜਾਂ ਟਰਾਂਸਫਾਰਮਰ ਅਤੇ ਜੀ. ਓ.ਸਵਿੱਚ ਦੇ ਨਜ਼ਦੀਕ ਨਾ ਰੱਖੀ ਜਾਵੇ। ਟਰਾਂਸਫਾਰਮਰ ਦੇ ਆਲੇ-ਦੁਆਲੇ ਦੀ ਇਕ ਮਰਲਾ ਕਣਕ ਪਹਿਲਾਂ ਹੀ ਕੱਟ ਲਈ ਜਾਵੇ।



- ਖੇਤਾਂ ਵਿਚ ਲੱਗੇ ਟਰਾਂਸਫਾਰਮਰ ਦੇ ਆਲੇ-ਦੁਆਲੇ ਦੇ 10 ਮੀਟਰ ਦੇ ਘੇਰੇ ਨੂੰ ਗਿੱਲਾ ਰੱਖਿਆ ਜਾਵੇ ਤਾਂ ਕਿ ਜੇਕਰ ਕੋਈ ਚੰਗਿਆੜੀ ਡਿੱਗ ਵੀ ਜਾਵੇ ਤਾਂ ਉਸ ਨਾਲ ਅੱਗ ਲੱਗਣ ਤੋਂ ਬਚਾਅ ਹੋ ਸਕੇ।
- ਕਣਕ ਦੇ ਨੇੜੇ ਬੀੜੀ/ਸਿਗਰੇਟ ਦੀ ਵਰਤੋਂ ਨਾ ਕੀਤੀ ਜਾਵੇ।
- ਬਾਂਸ ਜਾਂ ਸੋਟੀ ਨਾਲ ਬਿਜਲੀ ਦੀ ਲਾਈਨ ਨੂੰ ਨਾ ਛੇੜਿਆ ਜਾਵੇ। ਕਿਸੇ ਅਣ-ਅਧਿਕਾਰਤ ਆਦਮੀ ਨੂੰ ਜੀ. ਓ. ਸਵਿੱਚ ਨਾ ਕੱਟਣ ਦਿੱਤਾ ਜਾਵੇ।
- ਕੱਟੀ ਹੋਈ ਕਣਕ ਦੇ ਨਾੜ/ਰਹਿੰਦ-ਖੂੰਦ ਨੂੰ ਅੱਗ ਨਾ ਲਾਈ ਜਾਵੇ।
- ਹਾਰਵੈਸਟਰ ਕੰਬਾਈਨ ਸਿਰਫ਼ ਦਿਨ ਵੇਲੇ ਹੀ ਚਲਾਈ ਜਾਵੇ। ਹਾਰਵੈਸਟਰ ਕੰਬਾਈਨ ਦੇ ਪੁਰਜ਼ਿਆਂ ਤੋਂ ਨਿਕਲਣ ਵਾਲੀਆਂ ਚੰਗਿਆੜੀਆਂ ਤੇ ਧਿਆਨ ਰੱਖਿਆ ਜਾਵੇ। ਹਾਰਵੈਸਟਰ ਕੰਬਾਈਨ ਖੰਭਿਆਂ, ਬਿਜਲੀ ਦੀਆਂ ਤਾਰਾਂ ਅਤੇ ਖਿੱਚਾਂ ਨਾਲ ਟਕਰਾਉਣੀ ਨਹੀਂ ਚਾਹੀਦੀ।
- ਕਣਕ ਨੂੰ ਅੱਗ ਤੋਂ ਬਚਾਉਣ ਲਈ ਸ਼ਰਾਰਤੀ ਅਨਸਰਾਂ ਤੇ ਨਿਗਰਾਨੀ ਰੱਖੀ ਜਾਵੇ।

ਜੇਕਰ ਕਿਸੇ ਬਿਜਲੀ ਦੀ ਲਾਈਨ ਤੋਂ ਸਪਾਰਕ ਹੋ ਰਿਹਾ ਹੈ ਤਾਂ ਇਸ ਦੀ ਸੂਚਨਾ ਤੁਰੰਤ ਸੰਬੰਧਿਤ ਪੀ. ਐਸ. ਪੀ. ਸੀ. ਐਲ. ਦੇ ਸਟਾਫ਼/ਜੇ. ਈ./ਉੱਪ ਮੰਡਲ ਅਫ਼ਸਰ ਜਾਂ ਕੰਟਰੋਲ ਰੂਮ ਨੂੰ ਟੈਲੀਫੋਨ ਤੇ ਦਿੱਤੀ ਜਾਵੇ।

# ਖ਼ਾਲਸਾ ਕਾਲਜ ਵਿਖੇ ਲੇਖਕ ਰੂਬਰੂ ਪ੍ਰੋਗਰਾਮ ਕਰਵਾਇਆ




ਅੰਮ੍ਰਿਤਸਰ, 31 ਮਾਰਚ ( ਬਬਲੂ ਮਹਾਜਨ):ਖ਼ਾਲਸਾ ਕਾਲਜ ਦੇ ਅੰਗਰੇਜ਼ੀ ਵਿਭਾਗ ਵੱਲੋਂ ਮੁਲਕ ਰਾਜ ਆਨੰਦ ਲਿਟਰੇਰੀ ਸੋਸਾਇਟੀ ਦੇ ਸਹਿਯੋਗ ਨਾਲ 'ਲੇਖਕ ਰੂਬਰੂ' ਪ੍ਰੋਗਰਾਮ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਪ੍ਰੋਗਰਾਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਨਾਲ ਕੀਤੀ ਗਈ।ਇਸ ਮੌਕੇ ਮੁੱਖ ਮਹਿਮਾਨ ਵਜੋਂ ਹਾਜ਼ਰ ਪ੍ਰਿੰ: ਡਾ. ਰੰਧਾਵਾ ਨੇ ਪ੍ਰਸਿੱਧ ਲੇਖਕ ਅਤੇ ਵਿਭਾਗ ਦੇ ਸਾਬਕਾ ਪ੍ਰੋਫੈਸਰ ਡਾ. ਪ੍ਰੇਮ ਪ੍ਰਕਾਸ਼ ਪੁੰਜ ਦੀ ਕਿਤਾਬ ਰੈਂਡਮ ਥਾਟਸ ਨੂੰ ਲੋਕ ਅਰਪਿਤ ਕੀਤਾ। ਉਪਰੰਤ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਸਾਹਿਤ ਲੋਕਾਂ ਨੂੰ ਜੋੜਦਾ ਹੈ, ਰੂਹ ਨੂੰ ਪੋਸ਼ਣ ਦਿੰਦਾ ਹੈ ਅਤੇ ਇਕ ਪੀੜ੍ਹੀ ਤੋਂ ਦੂਜੀ ਪੀੜ੍ਹੀ ਤੱਕ ਕੀਮਤੀ ਸਬਕ ਪਹੁੰਚਾਉਂਦਾ ਹੈ।ਇਸ ਮੌਕੇ ਡਾ. ਪੁੰਜ ਨੇ ਆਪਣੇ ਰਚਨਾਤਮਕ ਅਨੁਭਵ ਸਾਂਝੇ ਕਰਦਿਆਂ ਕਿਹਾ ਕਿ ਕਾਲਜ 'ਚ ਅਧਿਆਪਨ ਨੇ ਉਨ੍ਹਾਂ ਨੂੰ ਲਿਖਣ ਲਈ ਪ੍ਰੇਰਿਤ ਕੀਤਾ। ਇਸ ਕਿਤਾਬ ਦੀ ਸਮੀਖਿਆ ਡਾ. ਗੁਰਜਿੰਦਰ ਕੌਰ ਬੱਗਾ, ਪ੍ਰੋ: ਮਨਿੰਦਰ ਸਿੰਘ, ਡਾ. ਸ਼ਮੀਰ ਸਿੰਘ ਅਤੇ ਡਾ. ਬਲਬੀਰ ਸਿੰਘ ਵੱਲੋਂ ਕੀਤੀ ਗਈ, ਜਿਨ੍ਹਾਂ ਨੇ ਇਸ ਦੀ ਵਿਸ਼ੇਸ਼ਤਾ ਅਤੇ ਵਿਚਾਰਧਾਰਕ ਨੂੰ ਉਜਾਗਰ ਕੀਤਾ।ਇਸ ਤੋਂ ਪਹਿਲਾਂ ਵਿਭਾਗ ਮੁਖੀ ਪ੍ਰੋ. ਸੁਪਨਿੰਦਰਜੀਤ ਕੌਰ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ, ਜਦਕਿ ਡਾ. ਸਵੰਤ ਸਿੰਘ ਮੰਟੋ ਨੇ ਧੰਨਵਾਦ ਕੀਤਾ। ਇਸ ਮੌਕੇ ਪ੍ਰੋ: ਨਵਨੀਨ ਬਾਵਾ, ਪ੍ਰੋ: ਮਨਿੰਦਰ ਸਿੰਘ, ਪ੍ਰੋ: ਸੁਖਮੀਨ ਬਾਵਾ, ਪ੍ਰੋ: ਪ੍ਰਨੀਤ ਕੌਰ ਢਿੱਲੋਂ, ਡਾ: ਸਾਵੰਤ ਸਿੰਘ ਮੰਟੋ, ਪ੍ਰੋ: ਮਲਕਿੰਦਰ ਸਿੰਘ, ਪ੍ਰੋ: ਦਲਜੀਤ ਸਿੰਘ, ਡਾ: ਮਮਤਾ ਮਹਿੰਦਰੂ, ਪ੍ਰੋ: ਵਿਜੇ ਬਰਨਾਰਡ, ਡਾ: ਜਸਵਿੰਦਰ ਕੌਰ ਔਲਖ, ਪ੍ਰੋ: ਪੂਜਾ ਕਾਲੀਆ, ਪ੍ਰੋ: ਗੁਰਪ੍ਰੀਤ ਸਿੰਘ, ਪ੍ਰੋ: ਹਰਸ਼ ਸਲਾਰੀਆ, ਪ੍ਰੋ: ਸੌਰਵ ਮੇਘ, ਪ੍ਰੋ: ਹਰਮਨਪ੍ਰੀਤ ਸਿੰਘ, ਪ੍ਰੋ: ਅਭਿਸ਼ੇਕ ਠਾਕੁਰ, ਡਾ. ਅਕਾਂਕਸ਼ਾ ਨੌਟਿਆਲ, ਪ੍ਰੋ: ਵਿਮਲਜੀਤ ਕੌਰ, ਪ੍ਰੋ: ਰਵਨੀਤ ਕੌਰ ਤੋਂ ਇਲਾਵਾ ਐਮ. ਏ. ਅੰਗਰੇਜ਼ੀ, ਬੀ.ਏ. (ਆਨਰਜ਼) ਅੰਗਰੇਜ਼ੀ ਅਤੇ ਬੀ.ਏ. ਸੋਸ਼ਲ ਸਾਇੰਸਿਜ਼ ਦੇ ਵਿਦਿਆਰਥੀਆਂ ਨੇ ਵੱਡੀ ਗਿਣਤੀ 'ਚ ਹਾਜ਼ਰ ਸਨ।

# ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਵੱਲੋਂ ਵਪਾਰੀਆਂ ਨਾਲ ਮੁਲਾਕਾਤ

## ਐਮ ਐਲ ਏ ਧਾਲੀਵਾਲ ਅਤੇ ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਦੇ ਨੁਮਾਇੰਦਿਆਂ ਨੇ ਕੀਤੀ ਸ਼ਿਰਕਤ



ਅਜਨਾਲਾ/ਅੰਮ੍ਰਿਤਸਰ, 31 ਮਾਰਚ (ਸੁਖਦੇਵ/ਗੁਰਦਿਆਲ ਸਿੰਘ): ਵਪਾਰੀ ਵਰਗ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਜਾਰੀ ਯਤਨਾਂ ਦੇ ਤਹਿਤ ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਵੱਲੋਂ ਬੀਤੀ ਸ਼ਾਮ ਅਜਨਾਲਾ ਵਿਖੇ ਵਪਾਰੀਆਂ ਅਤੇ ਦੁਕਾਨਦਾਰਾਂ ਨਾਲ ਇਕ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਸਥਾਨਕ ਵਪਾਰੀਆਂ, ਜਨ ਪ੍ਰਤਿਨਿਧੀਆਂ ਅਤੇ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ।ਮੀਟਿੰਗ ਦੌਰਾਨ ਵਪਾਰੀਆਂ ਵੱਲੋਂ ਆਪਣੇ ਕਾਰੋਬਾਰ ਨਾਲ ਸਬੰਧਿਤ ਕਈ ਮੁੱਦੇ ਉਠਾਏ ਗਏ। ਅਧਿਕਾਰੀਆਂ ਵੱਲੋਂ ਭਰੋਸਾ ਦਿਵਾਇਆ ਗਿਆ ਕਿ ਸਾਰੇ ਜਾਇਜ਼ ਮੁੱਦਿਆਂ ਦਾ ਸਮਾਂਬੱਧ ਢੰਗ ਨਾਲ ਨਿਪਟਾਰਾ ਕੀਤਾ ਜਾਵੇਗਾ।ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ, ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਦੇ ਪ੍ਰਤਿਨਿਧੀਆਂ ਨੇ ਵਪਾਰੀਆਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ ਅਤੇ ਉਨ੍ਹਾਂ ਦੇ ਹੱਲ ਲਈ ਯਕੀਨ ਦਵਾਇਆ।ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਦੇ ਵਾਈਸ ਚੇਅਰਮੈਨ ਅਭਿਸ਼ੇਕ ਬਾਂਸਲ ਨੇ ਵੀ ਵਪਾਰੀਆਂ ਨੂੰ ਭਰੋਸਾ ਦਿਵਾਇਆ ਕਿ ਮੀਟਿੰਗ ਦੌਰਾਨ ਉਠਾਏ ਗਏ ਮੁੱਦਿਆਂ ਦਾ ਜਲਦ ਤੋਂ ਜਲਦ ਨਿਪਟਾਰਾ ਕੀਤਾ ਜਾਵੇਗਾ।ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਅਗਵਾਈ ਹੇਠ ਰਾਜ ਸਰਕਾਰ ਵੱਲੋਂ ਨਿਵੇਸ਼ ਨੂੰ ਆਕਰਸ਼ਿਤ ਕਰਨ ਅਤੇ ਵਪਾਰ-ਅਨੁਕੂਲ ਮਾਹੌਲ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਵਪਾਰੀ ਰਾਜ ਦੀ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਦੇ ਹਿੱਤਾਂ ਦੀ ਰੱਖਿਆ ਸਰਕਾਰ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਵਪਾਰੀਆਂ ਦੇ ਮੁੱਦਿਆਂ ਦੇ ਪ੍ਰਭਾਵਸ਼ਾਲੀ ਨਿਪਟਾਰੇ ਲਈ ਟ੍ਰੇਡਰਜ਼ ਕਮਿਸ਼ਨ ਦਾ ਗਠਨ ਕਰਕੇ ਹਲਕਾ, ਜ਼ਿਲ੍ਹਾ ਅਤੇ ਰਾਜ ਪੱਧਰ 'ਤੇ ਤਿੰਨ-ਪੱਧਰੀ ਪ੍ਰਣਾਲੀ ਸਥਾਪਿਤ ਕੀਤੀ ਗਈ ਹੈ।ਸਬ-ਡਿਵੀਜ਼ਨਲ ਮੈਜਿਸਟ੍ਰੇਟ ਅਜਨਾਲਾ ਅਸ਼ੋਕ ਕੁਮਾਰ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਮੀਟਿੰਗਾਂ ਦਾ ਉਦੇਸ਼ ਰਾਜ ਵਿੱਚ ਵਪਾਰ ਨੂੰ ਮਜ਼ਬੂਤ ਕਰਨਾ ਹੈ, ਤਾਂ ਜੋ ਕਾਰੋਬਾਰ ਵਿੱਚ ਆ ਰਹੀਆਂ ਰੁਕਾਵਟਾਂ ਨੂੰ ਦੂਰ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਸਥਾਨਕ ਪੱਧਰ ਦੇ ਮੁੱਦਿਆਂ ਨੂੰ ਤਰਜੀਹ ਦੇ ਆਧਾਰ 'ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੱਲ ਕੀਤਾ ਜਾਵੇਗਾ, ਜਦਕਿ ਹੋਰ ਮੁੱਦਿਆਂ ਨੂੰ ਰਾਜ ਪੱਧਰ 'ਤੇ ਭੇਜਿਆ ਜਾਵੇਗਾ।

# ਸ੍ਰੀ ਗੁਰੂ ਹਰਿਕ੍ਰਿਸ਼ਨ ਸੀ: ਸੈ: ਪਬਲਿਕ ਸਕੂਲ ਜੀ. ਟੀ. ਰੋਡ ਵਿਖੇ ਸਾਲਾਨਾ ਸਮਾਰੋਹ



ਅੰਮ੍ਰਿਤਸਰ, 31 ਮਾਰਚ (ਬਬਲੂ ਮਹਾਜਨ): ਚੀਫ਼ ਖਾਲਸਾ ਦੀਵਾਨ ਦੀ ਸਰਪ੍ਰਸਤੀ ਅਧੀਨ ਚੱਲ ਰਹੇ ਅਦਾਰੇ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜੀ. ਟੀ. ਰੋਡ ਦੇ ਕਲਗੀਧਰ ਆਡੀਟੋਰੀਅਮ ਵਿਖੇ ਪ੍ਰੀ-ਪ੍ਰਾਇਮਰੀ ਵਿੰਗ ਵੱਲੋਂ ਸਲਾਨਾ ਸਮਾਰੋਹ ਦਾ ਆਯੋਜਨ ਕੀਤਾ ਗਿਆ । ਇਸ ਪ੍ਰੋਗਰਾਮ ਵਿੱਚ ਸਕੂਲ ਦੇ ਮੈਂਬਰ ਇੰਚਾਰਜ ਰਬਿੰਦਰਬੀਰ ਸਿੰਘ ਭੱਲਾ, ਸ੍. ਆਦਰਸ਼ਪਿੰਦਰ ਸਿੰਘ ਮਾਨ ਅਤੇ ਸ੍. ਸਰਜੋਤ ਸਿੰਘ ਸਾਹਨੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ । ਪ੍ਰੋਗਰਾਮ ਦਾ ਅਰੰਭ ਸਕੂਲ ਸ਼ਬਦ ਨਾਲ ਕੀਤਾ ਗਿਆ । ਛੋਟੇ -ਛੋਟੇ ਬੱਚਿਆਂ ਦੁਆਰਾ ਵੈਲਕਮ ਡਾਂਸ ਪੇਸ਼ ਕੀਤਾ ਗਿਆ । ਇਸ ਤੋਂ ਬਾਦ ਨੰਨ੍ਹੇ-ਮੁੰਨੇ ਬੱਚਿਆਂ ਨੇ ਕਲਾਸੀਕਲ ਨਾਚ ਦੁਆਰਾ ਮਨ ਮੋਹ ਲਿਆ । ਥੀਮ ਡਾਂਸ ਦੁਆਰਾ ਬੱਚਿਆਂ ਵੱਲੋਂ ਦਿੱਤੇ ਸੰਦੇਸ਼ ਵਿੱਚ ਦੱਸਿਆ ਗਿਆ ਕਿ ਸੋਸ਼ਲ ਮੀਡੀਆ ਦੇ ਵੱਧਦੇ ਦਬਦਬੇ ਦਾ ਪ੍ਰਭਾਵ ਬੱਚਿਆਂ 'ਤੇ ਕਿਸ ਹੱਦ ਤੱਕ ਪੈ ਰਿਹਾ ਹੈ । ਇਸਦੇ ਨਾਲ ਹੀ ਨਰਸਰੀ ਜਮਾਤਾਂ ਵਿੱਚ ਅਵੱਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਮਹਿਮਾਨਾ ਸ੍. ਰਬਿੰਦਰਬੀਰ ਸਿੰਘ ਭੱਲਾ, ਸ੍. ਆਦਰਸ਼ਪਿੰਦਰ ਸਿੰਘ ਮਾਨ ਅਤੇ ਸਰਜੋਤ ਸਿੰਘ ਸਾਹਨੀ ਵੱਲੋਂ ਟਰਾਫੀਆਂ ਦੇ ਕੇ ਹੌਂਸਲਾ ਅਫਜਾਹੀ ਕੀਤੀ ਗਈ । ਉਨ੍ਹਾਂ ਨੇ ਬੱਚਿਆਂ ਦੇ ਇਸ ਉਪਰਾਲੇ ਦੀ ਬਹੁਤ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਵੀ ਵਧੀਆਂ ਕਾਰਸਗੁਜਾਰੀ ਵਿਖਾਉਣ ਲਈ ਪ੍ਰੇਰਿਤ ਕੀਤਾ । ਪ੍ਰੋਗਰਾਮ ਦੇ ਅੰਤ ਵਿੱਚ ਬੱਚਿਆਂ ਨੇ ਪੰਜਾਬੀ ਲੋਕ ਨਾਚ ਗਿੱਧਾ ਬਹੁਤ ਹੀ ਜੋਸ਼ ਅਤੇ ਉਤਸ਼ਾਹ ਨਾਲ ਪੇਸ਼ ਕਰਕੇ ਦਰਸ਼ਕਾਂ ਨੂੰ ਝੂਮਣ ਤੇ ਮਜਬੂਰ ਕਰ ਦਿੱਤਾ । ਪ੍ਰੋਗਰਾਮ ਵਿੱਚ ਪ੍ਰਿੰਸੀਪਲ ਸ਼੍ਰੀਮਤੀ ਕਵਲਪ੍ਰੀਤ ਕੌਰ, ਮੁੱਖ ਅਧਿਆਪਕਾ ਸ਼੍ਰੀਮਤੀ ਰਵਿੰਦਰ ਕੌਰ ਨਰੂਲਾ, ਸ਼੍ਰੀਮਤੀ ਗੁਰਸ਼ਰਨ ਕੌਰ ਨੇ ਵੀ ਸ਼ਿਰਕਤ ਕੀਤੀ । ਇਹ ਪ੍ਰੋਗਰਾਮ ਮੁੱਖ ਅਧਿਆਪਕਾ ਸ਼੍ਰੀਮਤੀ ਮਨਵਿੰਦਰ ਕੌਰ ਭੁੱਲਰ ਅਤੇ ਸ਼੍ਰੀਮਤੀ ਪਰਮਿੰਦਰ ਕੌਰ ਉੱਪਲ ਦੀ ਅਗਵਾਈ ਹੇਠ ਤਿਆਰ ਕੀਤਾ ਗਿਆ ।

# ਈ.ਟੀ.ਓ. ਨੇ ਸੜਕਾਂ ਦੇ ਕੰਮਾਂ ਦੀ ਸ਼ੁਰੂਆਤ ਕੀਤੀ



ਜੰਡਿਆਲਾ ਗੁਰੂ/ ਅੰਮ੍ਰਿਤਸਰ, 31 ਮਾਰਚ (ਸੁਖਦੇਵ/ ਗੁਰਦਿਆਲ ਸਿੰਘ ): ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਵਿਕਾਸ ਕਾਰਜਾਂ ਦੀ ਲੜੀ ਨੂੰ ਅੱਗੇ ਵਧਾਉਂਦੇ ਹੋਏ ਸੂਬੇ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਅੱਜ 4 ਕਰੋੜ ਰੁਪਏ ਦੀ ਲਾਗਤ ਨਾਲ ਪਿੰਡ ਕੋਹਾਟ ਵਿੰਡ ਹਿੰਦੂਆਂ ਵਿਖੇ ਵੱਖ-ਵੱਖ ਇੰਟਰਲਾਕਿੰਗ ਗਲੀਆਂ ਅਤੇ ਨਵੀਆਂ ਸੜਕਾਂ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਇਲਾਕਾ ਨਿਵਾਸੀਆਂ ਨਾਲ ਗੱਲ ਕਰਦਿਆਂ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਸਪੈਸ਼ਲ ਅਸਿਸਟੈਂਸ ਸਕੀਮ ਫੇਸ-1 ਅਧੀਨ 5054 ਫੰਡਾਂ ਵਿਚੋਂ ਉਕਤ ਦਰਸਾਈਆਂ ਸੜਕਾਂ ਦੀ ਉਸਾਰੀ ਦਾ ਕੰਮ ਕੀਤਾ ਜਾਵੇਗਾ। ਇਹਨਾਂ ਸੜਕਾਂ ਦੀ ਕੁੱਲ ਲੰਬਾਈ 10.59 ਕਿਲੋਮੀਟਰ ਹੋਵੇਗੀ। ਉਹਨਾਂ ਦੱਸਿਆ ਕਿ ਇਹ ਕਾਰਜ ਸਬੰਧਤ ਠੇਕੇਦਾਰ ਨੂੰ ਅਲਾਟ ਹੋ ਚੁੱਕਾ ਅਤੇ ਇਸ ਕੰਮ ਨੂੰ 12 ਮਹੀਨੇ ਦੀ ਸਮਾਂ ਸੀਮਾਂ ਵਿੱਚ ਮੁਕੰਮਲ ਕਰਨ ਦਾ ਟੀਚਾ ਮਿੱਥਿਆ ਗਿਆ ਹੈ।ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਅਧੀਨ ਪੈਂਦੀਆਂ ਵੱਖ-ਵੱਖ ਸੜਕਾਂ ਨੂੰ 400.01 ਲੱਖ ਰੁਪਏ ਦੀ ਲਾਗਤ ਨਾਲ ਅਪਗਰੇਡ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸਾਲ ਅੰਦਰ ਸਾਰੀਆਂ ਸੰਪਰਕ ਸੜਕਾਂ ਨੂੰ ਅਪਗਰੇਡ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੜਕਾਂ ਬਣਨ ਨਾਲ ਆਮ ਲੋਕਾਂ ਨੂੰ ਆਵਾਜਾਈ ਵਿਚ ਕਾਫੀ ਰਾਹਤ ਮਿਲੇਗੀ ਅਤੇ ਸੜਕੀ ਹਾਦਸਿਆਂ ਨੂੰ ਰੋਕ ਲੱਗੇਗੀ। ਉਹਨਾਂ ਦੱਸਿਆ ਕਿ ਇਸ ਕਾਰਜ ਨੂੰ ਸਮੇਂ-ਸਿਰ ਮੁਕੰਮਲ ਕਰਨ ਲਈ ਸਬੰਧਤ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਾਲ ਨੂੰ ਮਾਨ ਸਰਕਾਰ ਵੱਲੋਂ ਵਿਕਾਸ ਵਰ੍ਹੇ ਵਜੋਂ ਮਨਾਇਆ ਜਾ ਰਿਹਾ ਹੈ।

# ਪ੍ਰਿਅੰਕਾ ਚੋਪੜਾ ਨੇ ਦਰਬਾਰ ਸਾਹਿਬ ਵਿਖੇ ਟੇਕਿਆ ਮੱਥਾ, ਨਿਭਾਈ ਲੰਗਰ ਦੀ ਸੇਵਾ



ਅੰਮ੍ਰਿਤਸਰ, 31 ਮਾਰਚ (ਬਬਲੂ ਮਹਾਜਨ): ਬਾਲੀਵੁੱਡ ਦੀ ਮਸ਼ਹੂਰ ਅਦਾਕਾਰਾ ਪ੍ਰਿਅੰਕਾ ਚੋਪੜਾ ਅੱਜ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਈ। ਆਪਣੇ ਦੌਰੇ ਦੌਰਾਨ ਉਨ੍ਹਾਂ ਨੇ ਪੂਰੀ ਸਾਦਗੀ ਅਤੇ ਨਿਮਰਤਾ ਨਾਲ ਗੁਰੂ ਘਰ ਦੇ ਦਰਸ਼ਨ ਕੀਤੇ ਅਤੇ ਕੁਝ ਸਮਾਂ ਧਿਆਨ ਮਗਨ ਰਹਿੰਦਿਆਂ ਬਿਤਾਇਆ। ਦਰਸ਼ਨ ਕਰਨ ਲਈ ਪਹੁੰਚੀ ਅਦਾਕਾਰਾ ਨੂੰ ਵੇਖਣ ਲਈ ਸੰਗਤ ਵਿੱਚ ਖਾਸ ਉਤਸ਼ਾਹ ਵੀ ਦੇਖਣ ਨੂੰ ਮਿਲਿਆ, ਪਰ ਉਨ੍ਹਾਂ ਨੇ ਆਮ ਸ਼ਰਧਾਲੂਆਂ ਵਾਂਗ ਹੀ ਮਰਯਾਦਾ ਦਾ ਪਾਲਣ ਕੀਤਾ।ਦਰਸ਼ਨ ਉਪਰੰਤ ਪ੍ਰਿਅੰਕਾ ਚੋਪੜਾ ਲੰਗਰ ਘਰ ਵਿੱਚ ਸੇਵਾ ਨਿਭਾਉਂਦਿਆਂ ਭਾਂਡੇ ਮਾਂਜਣ ਦੀ ਸੇਵਾ ਵੀ ਕੀਤੀ। ਉਨ੍ਹਾਂ ਦੀ ਇਸ ਨਿਮਰਤਾ ਭਰੀ ਸੇਵਾ ਨੇ ਹਰ ਕਿਸੇ ਦਾ ਦਿਲ ਜਿੱਤ ਲਿਆ। ਗੁਰੂ ਘਰ ਵਿੱਚ ਸੇਵਾ ਕਰਨਾ ਸਿੱਖ ਧਰਮ ਦੀ ਮਹਾਨ ਪਰੰਪਰਾ ਦਾ ਹਿੱਸਾ ਹੈ, ਜਿਸਨੂੰ ਅਦਾਕਾਰਾ ਨੇ ਬਖੂਬੀ ਨਿਭਾਇਆ। ਇਸ ਦੌਰਾਨ ਉਨ੍ਹਾਂ ਨੇ ਸੰਗਤ ਨਾਲ ਮਿਲ ਕੇ ਲੰਗਰ ਦੀ ਸੇਵਾ ਵਿੱਚ ਭਾਗ ਲਿਆ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਵੀ ਕੀਤੀ।ਅਦਾਕਾਰਾ ਦੀ ਇਸ ਸਾਦਗੀ ਅਤੇ ਨਿਮਰਤਾ ਦੀ ਹਰ ਪਾਸੇ ਚਰਚਾ ਹੋ ਰਹੀ ਹੈ। ਸੰਗਤ ਵੱਲੋਂ ਵੀ ਉਨ੍ਹਾਂ ਦੇ ਇਸ ਸੇਵਾ ਭਾਵ ਨੂੰ ਖੂਬ ਸਰਾਹਿਆ ਜਾ ਰਿਹਾ ਹੈ। ਬਹੁਤ ਸਾਰੇ ਲੋਕਾਂ ਨੇ ਕਿਹਾ ਕਿ ਪ੍ਰਿਅੰਕਾ ਚੋਪੜਾ ਵਰਗੀਆਂ ਮਸ਼ਹੂਰ ਹਸਤੀਆਂ ਜਦੋਂ ਗੁਰੂ ਘਰ ਵਿੱਚ ਆ ਕੇ ਸੇਵਾ ਕਰਦੀਆਂ ਹਨ, ਤਾਂ ਇਹ ਸਮਾਜ ਲਈ ਇੱਕ ਚੰਗਾ ਸੁਨੇਹਾ ਹੁੰਦਾ ਹੈ ਕਿ ਹਰ ਵਿਅਕਤੀ ਨੂੰ ਨਿਮਰਤਾ ਅਤੇ ਸੇਵਾ ਦੀ ਭਾਵਨਾ ਨਾਲ ਜੀਵਨ ਜੀਉਣਾ ਚਾਹੀਦਾ ਹੈ।

# ਬਲਵਿੰਦਰ ਜੰਮੂ ਨੇ ਇੰਡੀਅਨ ਜਰਨਲਿਸਟਸ ਯੂਨੀਅਨ ਦੇ ਕੌਮੀ ਪ੍ਰਧਾਨ ਵਜੋਂ ਅਹੁਦਾ ਸੰਭਾਲਿਆ




ਬਾਬਾ ਬਕਾਲਾ ਸਾਹਿਬ, 31 ਮਾਰਚ (ਬਲਰਾਜ ਸਿੰਘ ਰਾਜਾ) :ਇੰਡੀਅਨ ਜਰਨਲਿਸਟਸ ਯੂਨੀਅਨ (ਆਈ.ਜੇ.ਯੂ) ਦੀ 11ਵੀਂ ਨੈਸ਼ਨਲ ਪਲੈਨਰੀ ਨੇ ਵਿਜੇਵਾੜਾ ਵਿੱਚ ਆਪਣੀ ਨਵੀਂ ਰਾਸ਼ਟਰੀ ਕਾਰਜਕਾਰੀ ਕਮੇਟੀ ਦਾ ਐਲਾਨ ਕੀਤਾ ਹੈ ਅਤੇ ਇਸ ਮੌਕੇ ਪਹਿਲਾਂ ਹੀ ਨਿਰਵਿਰੋਧ ਚੁਣੇ ਗਏ ਪੰਜਾਬ ਦੇ ਬਲਵਿੰਦਰ ਸਿੰਘ ਜੰਮੂ ਨੇ ਕੌਮੀ ਪ੍ਰਧਾਨ ਅਤੇ ਆਂਧਰਾ ਪ੍ਰਦੇਸ਼ ਦੇ ਆਗੂ ਡੀ. ਸੋਮ ਸੁੰਦਰ ਨੇ ਸਕੱਤਰ ਜਨਰਲ ਦਾ ਅਹੁਦਾ ਸੰਭਾਲ ਲਿਆ ਹੈ। ਅਹੁਦਾ ਸੰਭਾਲਣ ਬਾਅਦ ਕੌਮੀ ਪ੍ਰਧਾਨ ਬਲਵਿੰਦਰ ਜੰਮੂ ਨੇ ਸੰਬੋਧਨ ਕਰਦਿਆਂ ਪੱਤਰਕਾਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਲਈ ਸੂਬਾ ਪੱਧਰ ਤੇ ਸੈਮੀਨਾਰ ਅਤੇ ਕਨਵੈਂਨਸ਼ਨਾਂ ਕਰ ਕੇ ਸੰਘਰਸ਼ ਦੀ ਰੂਪਰੇਖਾ ਤਿਆਰ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਮੀਡੀਆ ਉੱਪਰ ਕਾਰਪੋਰੇਟ ਘਰਾਣਿਆਂ ਦੇ ਕਬਜ਼ੇ, ਵੱਧ ਰਹੇ ਠੇਕੇਦਾਰੀ ਪ੍ਰਬੰਧ, ਪ੍ਰੈੱਸ ਦੀ ਅਜ਼ਾਦੀ ਉੱਪਰ ਵੱਧ ਰਹੇ ਹਮਲਿਆਂ ਕਾਰਨ ਪੱਤਰਕਾਰੀ ਗੰਭੀਰ ਸੰਕਟ ਦਾ ਸ਼ਿਕਾਰ ਹੈ। ਇਸ ਮੌਕੇ ਚੋਣ ਅਧਿਕਾਰੀ ਸੀਨੀਅਰ ਪੱਤਰਕਾਰ ਐਮ.ਏ ਮਾਜ਼ਿਦ ਨੇ ਨਤੀਜਿਆਂ ਦਾ ਐਲਾਨ ਕੀਤਾ। ਜਿਸ ਵਿੱਚ ਪੰਜਾਬ ਦੇ ਇਕ ਹੋਰ ਸੀਨੀਅਰ ਆਗੂ ਬਲਬੀਰ ਸਿੰਘ ਜੰਡੂ ਕੌਮੀ ਖ਼ਜ਼ਾਨਚੀ, ਅਮਰ ਮੋਹਨ ਪ੍ਰਸਾਦ (ਬਿਹਾਰ) ਅਤੇ ਵਾਈ. ਨਰਿੰਦਰ ਰੈਡੀ (ਤੇਲੰਗਾਨਾ) ਕੌਮੀ ਮੀਤ ਪ੍ਰਧਾਨ ਅਤੇ ਨਰਿੰਦਰ ਭਾਰਦਵਾਜ (ਉੱਤਰ ਪ੍ਰਦੇਸ਼), ਡੀ.ਐਸ.ਆਰ ਸੁਭਾਸ਼ (ਤਾਮਿਲਨਾਡੂ) ਅਤੇ ਪੀ. ਭਾਸਕਰ ਰੈਡੀ (ਕਰਨਾਟਕ) ਨੂੰ ਨਿਰਵਿਰੋਧ ਕੌਮੀ ਸਕੱਤਰ ਚੁਣੇ ਜਾਣ ਦਾ ਐਲਾਨ ਕੀਤਾ ਗਿਆ।ਪੰਜਾਬ ਦੀ ਸੀਨੀਅਰ ਪੱਤਰਕਾਰ ਬਿੰਦੂ ਸਿੰਘ ਸਮੇਤ ਹੋਰ ਰਾਜਾਂ ਦੇ 14 ਮੈਂਬਰਾਂ ਨੂੰ ਵੀ ਕੌਮੀ ਕਾਰਜਕਾਰਨੀ ਲਈ ਚੁਣ ਲਿਆ ਗਿਆ। ਪੰਜਾਬ ਅਤੇ ਚੰਡੀਗੜ੍ਹ ਦੇ ਸੂਬਾਈ ਪ੍ਰਧਾਨ ਜੈ ਸਿੰਘ ਛਿੱਬਰ ਅਤੇ ਸਕੱਤਰ ਜਨਰਲ ਸੰਤੋਖ ਗਿੱਲ ਸਮੇਤ ਦੂਜੇ ਸੂਬਿਆਂ ਦੇ ਪ੍ਰਧਾਨ ਅਤੇ ਸਕੱਤਰ ਜਨਰਲ ਵੀ ਕੌਮੀ ਕਾਰਜਕਾਰਨੀ ਵਿੱਚ ਸ਼ਾਮਲ ਕੀਤੇ ਗਏ ਹਨ। ਇੰਡੀਅਨ ਜਰਨਲਿਸਟਸ ਯੂਨੀਅਨ ਨੇ ਸਰਬਸੰਮਤੀ ਨਾਲ ਦੇਸ਼ ਭਰ ਵਿੱਚ 5 ਪੱਤਰਕਾਰਾਂ ਦੇ ਮਾਰੇ ਜਾਣ, ਪੰਜਾਬ ਸਮੇਤ ਹੋਰ ਰਾਜਾਂ ਦੇ ਦਰਜਨਾਂ ਪੱਤਰਕਾਰਾਂ ਉੱਪਰ ਜਾਨਲੇਵਾ ਹਮਲੇ, ਝੂਠੇ ਕੇਸ ਦਰਜ ਕਰਨ ਅਤੇ ਡਿਜੀਟਲ ਪ੍ਰੇਸ਼ਾਨੀਆਂ ਦੀ ਜ਼ੋਰਦਾਰ ਨਿੰਦਾ ਤੋਂ ਇਲਾਵਾ ਸੱਚ ਦੀ ਅਵਾਜ਼ ਨੂੰ ਦਬਾਉਣ ਲਈ ਕੇਂਦਰ ਅਤੇ ਸੂਬਾ ਸਰਕਾਰਾਂ ਵੱਲੋਂ ਇਸ਼ਤਿਹਾਰਬਾਜ਼ੀ ਦੀ ਹਥਿਆਰ ਵਜੋਂ ਦੁਰਵਰਤੋਂ ਉੱਪਰ ਫ਼ੌਰੀ ਰੋਕ ਲਾਉਣ ਦੀ ਮੰਗ ਕੀਤੀ ਗਈ ਹੈ।

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ 'ਤੇ ਸਿਆਸੀ ਖਾਮੋਸ਼ੀ ਕਬੂਲ ਨਹੀਂ : ਭਾਈ ਭੁਪਿੰਦਰ ਸਿੰਘ ਗਿੰਨੀ



ਅੰਮ੍ਰਿਤਸਰ, 31 ਮਾਰਚ (ਬਬਲੂ ਮਹਾਜਨ): ਨਾਮਧਾਰੀ ਆਗੂ ਠਾਕੁਰ ਦਲੀਪ ਸਿੰਘ ਵੱਲੋਂ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਬਾਰੇ ਕੀਤੀਆਂ ਗਈਆਂ ਅਪਮਾਨਯੋਗ, ਗੁਰਮਤਿ ਵਿਰੋਧੀ ਅਤੇ ਕੌਮ ਨੂੰ ਭੜਕਾਉਣ ਵਾਲੀਆਂ ਟਿੱਪਣੀਆਂ ਦੇ ਖਿਲਾਫ ਅੱਜ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਭੁਪਿੰਦਰ ਸਿੰਘ ਗਿੰਨੀ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਪੇਸ਼ ਹੋਏ। ਇਸ ਮੌਕੇ ਉਨ੍ਹਾਂ ਵੱਲੋਂ ਇਕ ਵਿਸਥਾਰਪੂਰਕ ਲਿਖਤੀ ਪੱਤਰ ਸੌਂਪਿਆ ਗਿਆ, ਜਿਸ ਵਿੱਚ ਮਾਮਲੇ ਦੀ ਗੰਭੀਰਤਾ ਨੂੰ ਦਰਸਾਉਂਦਿਆਂ ਦੋਸ਼ੀਆਂ ਖਿਲਾਫ ਤੁਰੰਤ ਅਤੇ ਮਿਸਾਲੀ ਕਾਰਵਾਈ ਦੀ ਮੰਗ ਕੀਤੀ ਗਈ। ਮੀਡੀਆ ਨੂੰ ਸੰਬੋਧਨ ਕਰਦਿਆਂ ਭਾਈ ਭੁਪਿੰਦਰ ਸਿੰਘ ਗਿੰਨੀ ਨੇ ਕਿਹਾ ਕਿ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖ ਕੌਮ ਲਈ ਸਦੀਵੀ ਗੁਰੂ ਹਨ ਅਤੇ ਉਨ੍ਹਾਂ ਦੀ ਮਹਾਨਤਾ 'ਤੇ ਉਂਗਲ ਚੁੱਕਣਾ ਸਿਰਫ਼ ਧਾਰਮਿਕ ਅਸੂਲਾਂ ਦੀ ਉਲੰਘਣਾ ਹੀ ਨਹੀਂ, ਸਗੋਂ ਕੌਮ ਦੀ ਆਤਮਿਕ ਆਸਥਾ 'ਤੇ ਸਿੱਧਾ ਹਮਲਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਬਿਆਨ ਕਿਸੇ ਇਕ ਵਿਅਕਤੀ ਦੀ ਗਲਤੀ ਨਹੀਂ ਸਗੋਂ ਇੱਕ ਸੋਚੀ-ਸਮਝੀ ਸਾਜ਼ਿਸ਼ ਦਾ ਹਿੱਸਾ ਲੱਗਦੇ ਹਨ, ਜਿਸਦਾ ਮਕਸਦ ਸਿੱਖ ਕੌਮ ਵਿੱਚ ਭਰਮ ਅਤੇ ਫੁੱਟ ਪੈਦਾ ਕਰਨਾ ਹੈ। ਭਾਈ ਗਿੰਨੀ ਨੇ ਜ਼ੋਰ ਦੇ ਕੇ ਕਿਹਾ ਕਿ ਸਿੱਖ ਇਤਿਹਾਸ ਗਵਾਹ ਹੈ ਕਿ ਗੁਰੂ ਦੀ ਤੌਹੀਨ ਕਰਨ ਵਾਲਿਆਂ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਗਿਆ ਅਤੇ ਅੱਜ ਵੀ ਕੌਮ ਇਸ ਮਸਲੇ 'ਤੇ ਇਕਜੁੱਟ ਹੋ ਕੇ ਸਖ਼ਤ ਰੁੱਖ ਅਪਣਾਉਣ ਲਈ ਤਿਆਰ ਹੈ। ਉਨ੍ਹਾਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਅਪੀਲ ਕੀਤੀ ਕਿ ਇਸ ਮਾਮਲੇ 'ਤੇ ਤੁਰੰਤ ਪੰਥਕ ਪੱਧਰ 'ਤੇ ਕਾਰਵਾਈ ਕਰਦੇ ਹੋਏ ਦੋਸ਼ੀ ਨੂੰ ਤਲਬ ਕੀਤਾ ਜਾਵੇ। ਇਸ ਮੌਕੇ ਉਨ੍ਹਾਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕੁਝ ਆਗੂਆਂ ਅਤੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਇਸ ਗੰਭੀਰ ਮਾਮਲੇ 'ਤੇ ਚੁੱਪੀ ਧਾਰਨ ਕਰਨ ਨੂੰ ਵੀ ਸਖ਼ਤ ਨਿੰਦਿਆ ਦਾ ਪਾਤਰ ਦੱਸਿਆ। ਉਨ੍ਹਾਂ ਕਿਹਾ ਕਿ ਜਦੋਂ ਗੁਰੂ ਘਰ ਦੀ ਬੇਅਦਬੀ ਹੋ ਰਹੀ ਹੋਵੇ, ਉਸ ਵੇਲੇ ਖਾਮੋਸ਼ ਰਹਿਣਾ ਵੀ ਇੱਕ ਵੱਡਾ ਪਾਪ ਹੈ ਅਤੇ ਇਹ ਚੁੱਪੀ ਸਿੱਖ ਕੌਮ ਦੇ ਜਜ਼ਬਾਤਾਂ ਨਾਲ ਧੋਖਾ ਹੈ। ਭਾਈ ਗਿੰਨੀ ਨੇ ਸਵਾਲ ਉਠਾਇਆ ਕਿ ਕੀ ਸਿਆਸੀ ਲਾਭ ਅਤੇ ਕੁਰਸੀਆਂ ਦੀ ਰਾਜਨੀਤੀ ਗੁਰੂ ਦੀ ਮਰਿਆਦਾ ਤੋਂ ਵੱਡੀ ਹੋ ਗਈ ਹੈ ? ਉਨ੍ਹਾਂ ਕਿਹਾ ਕਿ ਜੇਕਰ ਆਗੂ ਇਸ ਮਾਮਲੇ 'ਤੇ ਆਪਣਾ ਸਪੱਸ਼ਟ ਸਟੈਂਡ ਨਹੀਂ ਲੈਂਦੇ ਤਾਂ ਕੌਮ ਉਨ੍ਹਾਂ ਨੂੰ ਕਦੇ ਮਾਫ ਨਹੀਂ ਕਰੇਗੀ। ਉਨ੍ਹਾਂ ਕਿਹਾ ਕਿ ਅੱਜ ਸਮਾਂ ਹੈ ਕਿ ਹਰ ਸੱਚਾ ਸਿੱਖ ਅਜਿਹੀਆਂ ਤਾਕਤਾਂ ਦੇ ਖਿਲਾਫ ਖੜ੍ਹਾ ਹੋਵੇ ਜੋ ਗੁਰਮਤਿ ਦੇ ਖਿਲਾਫ ਪ੍ਰਚਾਰ ਕਰਕੇ ਕੌਮ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰ ਰਹੀਆਂ ਹਨ।ਅਖੀਰ ਵਿੱਚ ਭਾਈ ਭੁਪਿੰਦਰ ਸਿੰਘ ਗਿੰਨੀ ਨੇ ਕਿਹਾ ਕਿ ਜੇਕਰ ਇਸ ਮਾਮਲੇ 'ਤੇ ਜਲਦੀ ਅਤੇ ਸਖ਼ਤ ਕਾਰਵਾਈ ਨਾ ਕੀਤੀ ਗਈ ਤਾਂ ਸਿੱਖ ਸੰਗਤਾਂ ਵੱਲੋਂ ਵੱਡੇ ਪੱਧਰ 'ਤੇ ਪ੍ਰਦਰਸ਼ਨ ਕੀਤੇ ਜਾਣਗੇ ਅਤੇ ਕੌਮ ਆਪਣੇ ਗੁਰੂ ਦੀ ਬੇਅਦਬੀ ਦਾ ਹਰ ਹਾਲ ਵਿੱਚ ਡੱਟ ਕੇ ਇਨਸਾਫ ਲਵੇਗੀ।

# ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਕੁਲਦੀਪ ਸਿੰਘ ਰੋਡੇ, ਪਲਵਿੰਦਰ ਸਿੰਘ ਤੇ ਹੋਰ ਮੁਲਾਜ਼ਮਾਂ ਨੂੰ ਸੇਵਾ ਮੁਕਤ ਹੋਣ 'ਤੇ ਕੀਤਾ ਸਨਮਾਨਤ



ਅੰਮ੍ਰਿਤਸਰ, 31 ਮਾਰਚ- (ਗੁਰਦਿਆਲ ਸਿੰਘ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਅੱਜ ਸੇਵਾ ਮੁਕਤ ਹੋਏ ਮੀਤ ਸਕੱਤਰ ਕੁਲਦੀਪ ਸਿੰਘ ਰੋਡੇ, ਪਲਵਿੰਦਰ ਸਿੰਘ ਤੇ ਇੰਚਾਰਜ ਦਵਿੰਦਰ ਸਿੰਘ ਖੁਸ਼ੀਪੁਰ ਨੂੰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਹੋਰ ਅਧਿਕਾਰੀਆਂ ਨੇ ਗੁਰੂ ਬਖਸ਼ਿਸ਼ ਸਿਰੋਪਾਓ, ਸ੍ਰੀ ਸਾਹਿਬ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ ਦੇ ਕੇ ਸਨਮਾਨਤ ਕੀਤਾ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਸੇਵਾ ਮੁਕਤ ਹੋਏ ਇਨ੍ਹਾਂ ਅਧਿਕਾਰੀਆਂ ਵੱਲੋਂ ਨਿਭਾਈਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਅਤੇ ਚੰਗੇਰੇ ਭਵਿੱਖ ਲਈ ਅਰਦਾਸ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਤੇ ਭਾਈ ਅਜੈਬ ਸਿੰਘ ਅਭਿਆਸੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਵਿਚ ਸੇਵਾ ਨਿਭਾਉਣ ਵਾਲੇ ਬਹੁਤ ਸਾਰੇ ਪਰਿਵਾਰ ਉਨ੍ਹਾਂ ਸ਼ਹੀਦਾਂ ਦੀ ਵਿਰਾਸਤ ਹਨ, ਜਿਨ੍ਹਾਂ ਨੇ ਕੌਮ ਲਈ ਵੱਡੀਆਂ ਕੁਰਬਾਨੀਆਂ ਕੀਤੀਆਂ। ਉਨ੍ਹਾਂ ਕਿਹਾ ਕਿ ਸੇਵਾਮੁਕਤ ਹੋਏ ਇਨ੍ਹਾਂ ਮੁਲਾਜ਼ਮਾਂ ਨੇ ਆਪਣੇ ਜ਼ੁੰਮੇ ਲੱਗੀ ਡਿਊਟੀ ਨੂੰ ਪੂਰੀ ਤਨਦੇਹੀ ਨਾਲ ਨਿਭਾਇਆ ਹੈ ਅਤੇ ਆਸ ਕਰਦੇ ਹਾਂ ਕਿ ਭਵਿੱਖ ਵਿਚ ਨਿਸ਼ਕਾਮ ਭਾਵਨਾ ਨਾਲ ਸਿੱਖ ਸੰਸਥਾ ਨੂੰ ਸਹਿਯੋਗ ਕਰਦੇ ਰਹਿਣਗੇ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੇ ਸਪੁੱਤਰ ਭਾਈ ਈਸ਼ਰ ਸਿੰਘ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਸੁਖਹਰਪ੍ਰੀਤ ਸਿੰਘ ਰੋਡੇ, ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਸ. ਪ੍ਰੀਤਪਾਲ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਮਨਜੀਤ ਸਿੰਘ ਤਲਵੰਡੀ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਇੰਚਾਰਜ ਸ. ਮੇਜਰ ਸਿੰਘ, ਸ. ਪ੍ਰਜਿੰਦਰ ਸਿੰਘ, ਸ. ਗੁਰਮੀਤ ਸਿੰਘ ਮੁਕਤਸਰੀ, ਸ. ਬਲਦੇਵ ਸਿੰਘ, ਸ. ਗੁਰਪ੍ਰੀਤ ਸਿੰਘ ਰੋਡੇ, ਸ. ਰਾਜਪਾਲ ਸਿੰਘ, ਸ. ਓਂਕਾਰ ਸਿੰਘ, ਮੈਨੇਜਰ ਸ. ਗੁਰਦੀਪ ਸਿੰਘ ਕੰਗ ਅਤੇ ਸੇਵਾ ਮੁਕਤ ਕਰਮਚਾਰੀਆਂ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ।

# ਖਪਤਕਾਰ ਵੱਲੋਂ ਬਿੱਲ ਭਰਨ ਦੇ ਬਾਵਜੂਦ ਮੀਟਰ ਲਗਾਉਣ ਲਈ ਬਿਜਲੀ ਘਰ ਦੇ ਮਾਰ ਰਿਹੈ ਗੇੜੇ

ਅੰਮ੍ਰਿਤਸਰ, 31 ਮਾਰਚ (ਬਬਲੂ ਮਹਾਜਨ): ਸਥਾਨਕ ਖੰਡਵਾਲਾ ਬਿਜਲੀ ਘਰ ਦੇ ਅਧਿਕਾਰੀਆਂ ਦੀ ਲਾਪਰਵਾਹੀ ਕਾਰਨ ਇੱਕ ਖਪਤਕਾਰ ਨੂੰ ਪਿਛਲੇ 25 ਦਿਨਾਂ ਤੋਂ ਦਫ਼ਤਰਾਂ ਦੇ ਚੱਕਰ ਕੱਟਣੇ ਪੈ ਰਹੇ ਹਨ। ਖਪਤਕਾਰ ਗੁਰਨਾਮ ਸਿੰਘ ਨੇ ਦੱਸਿਆ ਕਿ ਉਸਨੇ ਆਪਣੇ ਮੀਟਰ ਸਬੰਧੀ ਸਾਰੇ ਬਕਾਇਆ ਬਿੱਲ ਅਦਾ ਕਰਨ ਦੇ ਬਾਵਜੂਦ ਅਜੇ ਤੱਕ ਮੀਟਰ ਨਹੀਂ ਲਗਾਇਆ ਗਿਆ।ਗੁਰਨਾਮ ਸਿੰਘ ਮੁਤਾਬਕ ਉਸਦਾ ਐਸ.ਪੀ. ਮੀਟਰ (ਅਕਾਊਂਟ ਨੰਬਰ 0539480000) ਚੱਕੀ ਲਈ ਲਗਾਇਆ ਗਿਆ ਸੀ, ਪਰ ਕੰਮ ਬੰਦ ਹੋਣ ਕਾਰਨ ਬੇਵਜ੍ਹਾ ਬਿੱਲ ਆ ਰਹੇ ਸਨ। ਇਸ ਸਬੰਧੀ ਉਸਨੇ ਐਸ.ਡੀ.ਓ ਧਰਮਿੰਦਰ ਸਿੰਘ ਨਾਲ ਸੰਪਰਕ ਕੀਤਾ, ਜਿਨ੍ਹਾਂ ਨੇ ਅਰਜ਼ੀ ਦੇਣ ਲਈ ਕਿਹਾ ਅਤੇ ਭਰੋਸਾ ਦਿੱਤਾ ਕਿ ਜਦੋਂ ਲੋੜ ਹੋਵੇਗੀ, ਮੀਟਰ ਦੁਬਾਰਾ ਲਗਾ ਦਿੱਤਾ ਜਾਵੇਗਾ ਅਤੇ ਬੇਵਜ੍ਹਾ ਬਿੱਲ ਨਹੀਂ ਆਉਣਗੇ।ਖਪਤਕਾਰ ਨੇ ਦੱਸਿਆ ਕਿ 6 ਮਾਰਚ 2026 ਨੂੰ ਉਸ 'ਤੇ 34,700 ਰੁਪਏ ਦਾ ਬਿੱਲ ਬਣਿਆ, ਜੋ ਉਸਨੇ ਜੁਰਮਾਨੇ ਸਮੇਤ ਪੂਰਾ ਅਦਾ ਕਰ ਦਿੱਤਾ ਅਤੇ ਰਸੀਦ ਵੀ ਪ੍ਰਾਪਤ ਕੀਤੀ। ਐਸ.ਡੀ.ਓ ਵੱਲੋਂ ਇੱਕ-ਦੋ ਦਿਨਾਂ ਵਿੱਚ ਮੀਟਰ ਲਗਾਉਣ ਦਾ ਭਰੋਸਾ ਦਿੱਤਾ ਗਿਆ ਸੀ, ਪਰ ਹੁਣ ਹਰ ਵਾਰ ਪੋਰਟਲ ਨਾ ਚੱਲਣ ਦਾ ਬਹਾਨਾ ਬਣਾਇਆ ਜਾ ਰਿਹਾ ਹੈ।ਇਸ ਮਾਮਲੇ 'ਚ ਜੇ.ਈ ਸਰਬਜੀਤ ਸਿੰਘ ਨਾਲ ਸੰਪਰਕ ਕਰਨ 'ਤੇ ਉਨ੍ਹਾਂ ਨੇ ਕਿਹਾ ਕਿ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਨਹੀਂ ਹੈ ਅਤੇ ਐਸ.ਡੀ.ਓ ਨਾਲ ਗੱਲ ਕਰਨ ਲਈ ਕਿਹਾ। ਦੂਜੇ ਪਾਸੇ, ਐਸ.ਡੀ.ਓ ਵੱਲੋਂ ਦਿੱਤੇ ਨੰਬਰ 'ਤੇ ਸੰਪਰਕ ਕਰਨ 'ਤੇ ਮੁਲਾਜ਼ਮ ਵੱਲੋਂ ਦੱਸਿਆ ਗਿਆ ਕਿ ਫਿਲਹਾਲ ਨਵੇਂ ਮੀਟਰ ਲਗਾਉਣ ਦੀਆਂ ਹਦਾਇਤਾਂ ਹਨ ਅਤੇ ਪੁਰਾਣੇ ਮੀਟਰਾਂ ਲਈ ਕੋਈ ਪ੍ਰਕਿਰਿਆ ਤੈਅ ਨਹੀਂ ਹੋਈ।ਗੁਰਨਾਮ ਸਿੰਘ ਨੇ ਦੋਸ਼ ਲਾਇਆ ਕਿ ਵਿਭਾਗ ਵੱਲੋਂ ਟਾਲਮਟੋਲ ਕੀਤੀ ਜਾ ਰਹੀ ਹੈ ਅਤੇ ਮੀਟਰ ਲਗਾਉਣ ਲਈ ਕੋਈ ਪੱਕੀ ਯੋਜਨਾ ਨਹੀਂ ਬਣਾਈ ਗਈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਲੋਕਾਂ ਨੂੰ ਘਰ ਬੈਠੇ ਸੇਵਾਵਾਂ ਦੇਣ ਦੀ ਗੱਲ ਕਰਦੇ ਹਨ, ਪਰ ਦੂਜੇ ਪਾਸੇ ਸਰਕਾਰੀ ਦਫ਼ਤਰਾਂ ਵਿੱਚ ਲੋਕਾਂ ਨੂੰ ਖੱਜਲ-ਖੁਆਰ ਹੋਣਾ ਪੈ ਰਿਹਾ ਹੈ।ਅੰਤ ਵਿੱਚ ਗੁਰਨਾਮ ਸਿੰਘ ਨੇ ਪੰਜਾਬ ਦੇ ਮੁੱਖ ਮੰਤਰੀ, ਬਿਜਲੀ ਮੰਤਰੀ ਅਤੇ ਸੰਬੰਧਿਤ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਉਸਦਾ ਮੀਟਰ ਤੁਰੰਤ ਲਗਾਇਆ ਜਾਵੇ।

# ਖ਼ਾਲਸਾ ਕਾਲਜ 'ਚ ਮੇਰੀ ਦਸਤਾਰ ਮੇਰੀ ਸ਼ਾਨ ਮੁਕਾਬਲਾ 10 ਅਪ੍ਰੈਲ ਨੂੰ

ਅੰਮ੍ਰਿਤਸਰ, 31 ਮਾਰਚ (ਬਬਲੂ ਮਹਾਜਨ): ਤ੍ਰੈ-ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਵਿੱਚ ਖਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਿਤ ਇੱਕ ਵਿਸ਼ੇਸ਼ ਸਮਾਗਮ 10 ਅਪ੍ਰੈਲ ਸਵੇਰੇ 10 ਵਜੇ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਕਾਲਜ ਦੇ ਪ੍ਰਿੰਸੀਪਲ ਡਾਕਟਰ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸਰਦਾਰ ਹਰਜਿੰਦਰ ਸਿੰਘ ਧਾਮੀ ਅਤੇ ਸਕੱਤਰ ਵਿੱਦਿਆ ਸਰਦਾਰ ਸੁਖਮਿੰਦਰ ਸਿੰਘ ਦੇ ਆਦੇਸ਼ਾਂ ਅਨੁਸਾਰ ਇਹ ਪ੍ਰੋਗਰਾਮ ਆਯੋਜਿਤ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸਿੱਖੀ ਅਤੇ ਸਿੱਖਿਆ ਦੇ ਪ੍ਰਚਾਰ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਮੇਰੀ ਦਸਤਾਰ ਮੇਰੀ ਸ਼ਾਨ ਦੇ ਵਿਸ਼ੇ ਅਧੀਨ ਸੁੰਦਰ ਦਸਤਾਰ/ਦੁਮਾਲਾ ਬੰਨ੍ਹਣ ਦੇ ਮੁਕਾਬਲੇ ਕਰਵਾਏ ਜਾਣਗੇ। ਇਹ ਮੁਕਾਬਲੇ 10 ਅਪ੍ਰੈਲ ਦਿਨ ਸ਼ੁਕਰਵਾਰ ਸਵੇਰੇ 10 ਵਜੇ ਕਾਲਜ ਕੈਂਪਸ ਵਿੱਚ ਹੋਣਗੇ। ਪ੍ਰਿੰਸੀਪਲ ਡਾਕਟਰ ਕੁਲਵਿੰਦਰ ਸਿੰਘ ਦੀ ਅਗਵਾਈ ਹੇਠ ਸਮੂਹ ਤਿਆਰੀਆਂ ਮੁਕੰਮਲ ਕੀਤੀਆਂ ਜਾ ਰਹੀਆਂ ਹਨ।ਕਾਲਜ ਪ੍ਰਬੰਧਕਾਂ ਅਨੁਸਾਰ ਇਸ ਤਰ੍ਹਾਂ ਦੇ ਸਮਾਗਮਾਂ ਨਾਲ ਵਿਦਿਆਰਥੀਆਂ ਵਿੱਚ ਸਿੱਖੀ ਪ੍ਰਤੀ ਜਾਗਰੂਕਤਾ ਵਧਦੀ ਹੈ ਅਤੇ ਉਹ ਆਪਣੀ ਪਹਿਚਾਣ 'ਤੇ ਮਾਣ ਮਹਿਸੂਸ ਕਰਦੇ ਹਨ। ਦਸਤਾਰ ਸਿੱਖ ਧਰਮ ਦੀ ਸ਼ਾਨ ਅਤੇ ਪਹਿਚਾਣ ਦਾ ਪ੍ਰਤੀਕ ਹੈ, ਜਿਸਨੂੰ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣਾ ਬਹੁਤ ਜਰੂਰੀ ਹੈ।ਇਸ ਮੌਕੇ ਵਿਦਿਆਰਥੀਆਂ ਨੂੰ ਵੱਖ-ਵੱਖ ਵਰਗਾਂ ਵਿੱਚ ਆਪਣੀ ਕਾਬਲਿਯਤ ਦਿਖਾਉਣ ਦਾ ਮੌਕਾ ਮਿਲੇਗਾ ਅਤੇ ਜੇਤੂਆਂ ਨੂੰ ਇਨਾਮਾਂ ਨਾਲ ਸਨਮਾਨਿਤ ਕੀਤਾ ਜਾਵੇਗਾ। ਕਾਲਜ ਪ੍ਰਬੰਧਕਾਂ ਨੇ ਸਾਰੇ ਵਿਦਿਆਰਥੀਆਂ ਨੂੰ ਇਸ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਭਾਗ ਲੈਣ ਦੀ ਅਪੀਲ ਕੀਤੀ ਹੈ ਤਾਂ ਜੋ ਸਿੱਖੀ ਦੇ ਮੂਲ ਸਿਧਾਂਤਾਂ ਨੂੰ ਅੱਗੇ ਵਧਾਇਆ ਜਾ ਸਕੇ।

# ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਮੀਆਂਵਿੰਡ ਵਿਖੇ ਗ੍ਰੈਜੂਏਸ਼ਨ ਸੈਰੇਮਨੀ



ਖਡੂਰ ਸਾਹਿਬ, 31 ਮਾਰਚ (ਸਰਬਜੀਤ ਸਿੰਘ ਮੀਆਂ ਵਿੰਡ): ਮਾਪੇ ਅਧਿਆਪਕ ਮਿਲਣੀ ਅਤੇ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਅਧਿਆਪਕਾਂ ਦੀ ਅਣਥੱਕ ਮਿਹਨਤ, ਸਕੂਲ ਮੁਖੀ ਮੈਡਮ ਰਣਜੀਤ ਕੌਰ ਦੀ ਯੋਗ ਅਗਵਾਈ, ਬੱਚਿਆਂ ਅਤੇ ਉਹਨਾਂ ਦੇ ਮਾਪਿਆਂ ਦੀ ਭਰਵੀਂ ਸ਼ਮੂਲੀਅਤ ਨੇ, ਪ੍ਰੋਗਰਾਮ ਨੂੰ ਚਾਰ ਚੰਨ ਲਗਾ ਦਿੱਤੇ।ਪ੍ਰੋਗਰਾਮ ਦੇ ਮੁੱਖ ਮਹਿਮਾਨ ਵਜੋਂ ਬੀ. ਪੀ. ਈ. ਖਡੂਰ ਸਾਹਿਬ ਸ. ਦਿਲਬਾਗ ਸਿੰਘ ਜੀ ਨੇ ਸ਼ਿਰਕਤ ਕੀਤੀ। ਉਹਨਾਂ ਤੋਂ ਇਲਾਵਾ ਪਿੰਡ ਮੀਆਂਵਿੰਡ ਤੋਂ ਬਲਾਕ ਸੰਮਤੀ ਦੇ ਚੇਅਰਮੈਨ ਸਤਨਾਮ ਸਿੰਘ ਜੀ, ਸਰਪੰਚ ਸਾਹਿਬਾ ਮੈਡਮ ਮਨਦੀਪ ਕੌਰ ਜੀ, ਉਹਨਾਂ ਦੇ ਪਰਿਵਾਰਕ ਮੈਂਬਰ ਮੈਡਮ ਕੁਲਬੀਰ ਕੌਰ, ਸੈਂਟਰ ਸਰਾਂ ਤਲਵੰਡੀ ਦੇ ਸੀ. ਐਚ.ਟੀ. ਮੈਡਮ ਜਗਦੀਸ਼ ਕੌਰ ਜੀ, ਸੈਂਟਰ ਖਡੂਰ ਸਾਹਿਬ ਤੋਂ ਸੀ. ਐਚ.ਟੀ. ਸ. ਸੁਖਵਿੰਦਰ ਸਿੰਘ ਧਾਮੀ, ਮੈਡਮ ਪ੍ਰੀਤ ਮੋਹਨ, ਬੀ. ਐਮ. ਟੀ. ਸ਼੍ਰੀ ਕੇਵਲ ਕੁਮਾਰ ਜੀ, ਸਕੂਲ ਐਸ. ਐਮ. ਸੀ. ਕਮੇਟੀ ਦੇ ਚੇਅਰਪਰਸਨ ਮੈਡਮ ਕਿਰਨਦੀਪ ਕੌਰ, ਮੈਂਬਰ ਸਾਹਿਬਾਨ ਅਤੇ ਬੱਚਿਆਂ ਦੇ ਮਾਪੇ ਸ਼ਾਮਿਲ ਹੋਏ। ਇਸ ਮੌਕੇ ਬੱਚਿਆਂ ਦੀਆਂ ਸੱਭਿਆਚਾਰਕ ਅਤੇ ਸਾਹਿਤਕ ਪੇਸ਼ਕਾਰੀਆਂ ਨੇ ਹਾਜ਼ਰ ਮਹਿਮਾਨਾਂ ਦਾ ਮਨ ਮੋਹ ਲਿਆ ।ਇਸ ਮੌਕੇ ਸਕੂਲ ਦੇ ਸਾਰੇ ਬੱਚਿਆਂ ਨੂੰ ਪੇਪਰਾਂ ਵਿੱਚ ਪਾਸ ਹੋਣ ਉਪਰੰਤ ਸਟੇਸ਼ਨਰੀ ਅਤੇ ਸ਼ੀਲਡਾਂ ਦੇ ਕੇ ਹੌਂਸਲਾ ਅਫਜਾਈ ਕੀਤੀ ਗਈ ਅਤੇ ਨਵੀਆਂ ਜਮਾਤਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਇਸ ਮੌਕੇ ਸਕੂਲ ਮੁਖੀ ਮੈਡਮ ਰਣਜੀਤ ਕੌਰ ਅਤੇ ਸਮੂਹ ਸਟਾਫ ਨੇ ਆਏ ਮਹਿਮਾਨਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੀ.ਪੀ.ਈ.ਓ. ਸਾਹਿਬ ਨੇ ਅਤੇ ਬਾਕੀ ਮਹਿਮਾਨਾਂ ਨੇ ਬੱਚਿਆਂ ਨੂੰ ਇਮਤਿਹਾਨਾਂ ਵਿੱਚ ਪਾਸ ਹੋਣ 'ਤੇ ਵਧਾਈ ਦਿੱਤੀ ਅਤੇ ਬੱਚਿਆਂ ਦੇ ਮਾਪਿਆਂ ਨੂੰ ਬੱਚਿਆਂ ਦੀ ਸਿਹਤ, ਪੜ੍ਹਾਈ ਅਤੇ ਸਕੂਲ ਵਿੱਚ ਰੋਜ਼ਾਨਾ ਹਾਜ਼ਰੀ ਲਈ ਅਪੀਲ ਕੀਤੀ। ਆਖਿਰ ਵਿਚ ਮੁੱਖ ਅਧਿਆਪਕਾ ਨੇ ਆਏ ਸਾਰੇ ਮਹਿਮਾਨਾਂ ਅਤੇ ਬੱਚਿਆਂ ਦੇ ਮਾਪਿਆਂ ਦੇ ਸਕੂਲ ਪਹੁੰਚਣ 'ਤੇ ਧੰਨਵਾਦ ਕੀਤਾ।

# ਪੁਲਿਸ ਦੇ ਸਤਾਏ ਦੋ ਭਰਾ ਪੱਤਰਕਾਰ ਸੰਮੇਲਨ 'ਚ ਫ਼ੁੱਟ-ਫ਼ੁੱਟ ਰੋਏ

## ਝੂਠੇ ਪਰਚਿਆਂ ਤੋਂ ਦੁਖੀ ਦੁਕਾਨਦਾਰ ਭਰਾਵਾਂ ਨੇ ਮੰਗਿਆ ਇੰਨਸਾਫ਼

ਹੁਸ਼ਿਆਰਪੁਰ, 31 ਮਾਰਚ (ਦੀਪਕ ਅਗਨੀਹੋਤਰੀ) :ਜ਼ਿਲ੍ਹਾ ਹੁਸ਼ਿਆਰਪੁਰ ਦੇ ਕਸਬਾ ਮਾਹਿਲਪੁਰ ਵਿਚ 25 ਮਾਰਚ ਨੂੰ ਇੱਕ ਦੁਕਾਨਦਾਰ ਦੀ ਦੁਕਾਨ 'ਤੇ ਚੱਲੀਆਂ ਗੋਲੀਆਂ ਦੇ ਮਾਮਲੇ 'ਚ ਉਸ ਸਮੇਂ ਨਵਾਂ ਮੋੜ ਆ ਗਿਆ, ਜਦੋਂ ਪੀੜਿਤ ਦੁਕਾਨਦਾਰ ਭਰਾਵਾਂ ਨੂੰ ਛੱਡ ਕੇ ਮਾਹਿਲਪੁਰ ਪੁਲਿਸ ਨੇ ਇੱਕ ਥਾਣੇਦਾਰ ਦੇ ਬਿਆਨਾਂ 'ਤੇ ਹਮਲਾਵਰਾਂ ਵਿਰੁੱਧ ਮਾਮਲਾ ਦਰਜ ਕਰਕੇ ਖ਼ਾਨਾਪੂਰਤੀ ਕਰਕੇ ਹੀ ਬੱਸ ਨਹੀਂ ਕੀਤੀ ਜਦਕਿ ਪੀੜਿਤ ਭਰਾਵਾਂ ਸਮੇਤ 16 ਵਿਅਕਤੀਆਂ 'ਤੇ ਵੀ ਇੱਕ ਚੌਕੀ ਇੰਚਾਰਜ ਦੇ ਬਿਆਨਾਂ 'ਤੇ ਮਾਹੌਲ ਖ਼ਰਾਬ ਕਰਨ ਦਾ ਮਾਮਲਾ ਦਰਜ ਕਰਕੇ ਭਰਾਵਾਂ ਦੇ ਘਰ ਵਿਚ ਛਾਪੇਮਾਰੀ ਸ਼ੁਰੂ ਕਰ ਦਿੱਤੀ। ਅੱਜ ਹੁਸ਼ਿਆਰਪੁਰ ਵਿਖੇ ਪੱਤਰਕਾਰ ਸੰਮੇਲਨ ਦੌਰਾਨ ਡੀ ਐਸ ਪੀ ਗੜ੍ਹਸ਼ੰਕਰ ਅਤੇ ਥਾਣਾ ਮੁਖੀ ਮਾਹਿਲਪੁਰ ਦੀਆਂ ਵਧੀਕੀਆਂ ਦੇ ਸਤਾਏ ਦੋਨੋਂ ਭਰਾ ਫ਼ੁੱਟ ਫ਼ੁੱਟ ਕੇ ਰੋ ਪਏ ਅਤੇ ਜ਼ਿਲ੍ਹਾ ਪੁਲਿਸ ਮੁਖੀ ਸਮੇਤ ਪੰਜਾਬ ਦੇ ਮੁੱਖ ਮੰਤਰੀ ਅਤੇ ਹੋਰ ਪੁਲਿਸ ਦੇ ਉੱਚ ਅਧਿਕਾਰੀਆਂ ਨੂੰ ਸ਼ਿਕਾਇਤਾਂ ਕਰਕੇ ਉਨ੍ਹਾਂ ਨੂੰ ਦੋਹਾਂ ਅਫ਼ਸਰਾਂ ਤੋਂ ਬਚਾਉਣ ਦੀ ਅਪੀਲ ਕੀਤੀ ਹੈ।ਅੱਜ ਹੁਸ਼ਿਆਰਪੁਰ ਵਿਖੇ ਪੱਤਰਕਾਰ ਸੰਮੇਲਨ ਦੌਰਾਨ ਜਸਵੀਰ ਸਿੰਘ ਸੰਜੂ ਅਤੇ ਪਰਮਜੀਤ ਸਿੰਘ ਪੰਮਾ ਪੁੱਤਰਾਨ ਜੋਗਰਾਜ ਵਾਸੀਆਨ ਗੱਜਰ ਨੇ ਦੱਸਿਆ ਕਿ 2022 ਵਿਚ ਉਨ੍ਹਾਂ ਦੀ ਦੁਕਾਨ ਦੇ ਅੱਗੇ ਕੁੱਝ ਅਣਪਛਾਤੇ ਵਿਅਕਤੀਆਂ ਨੇ ਗੋਲੀਆਂ ਚਲਾ ਦਿੱਤੀਆਂ ਸਨ । ਉਨ੍ਹਾਂ ਦੱਸਿਆ ਕਿ ਉਸ ਸਮੇਂ ਉਹ ਦੁਕਾਨ ਅੰਦਰ ਸਨ ਤਾਂ ਉਨ੍ਹਾਂ ਦੀ ਦੁਕਾਨ ਅੰਦਰ ਲੱਗੇ ਸੀ ਸੀ ਟੀਵੀ ਵਿਚ ਉਹ ਘਟਨਾ ਕੈਦ ਹੋ ਗਈ ਸੀ। ਉਨ੍ਹਾਂ ਦੱਸਿਆ ਕਿ ਪੁਲਿਸ ਨੇ ਉਨ੍ਹਾਂ ਨੂੰ ਜਬਰਦਸਤੀ ਉਸ ਮਾਮਲੇ ਵਿਚ ਗਵਾਹ ਬਣਾ ਲਿਆ। ਉਨ੍ਹਾਂ ਦੱਸਿਆ ਕਿ ਇੱਕ ਮਹੀਨੇ ਬਾਅਦ ਉਨ੍ਹਾਂ ਦੇ ਘਰ 'ਤੇ ਉਨ੍ਹਾਂ ਹੀ ਹਮਲਵਰਾਂ ਨੇ ਅਗਸਤ 2022 ਵਿਚ ਵੀ ਗੋਲੀਆਂ ਚਲਾ ਦਿੱਤੀਆਂ ਜਿਸ 'ਤੇ ਉਸ ਸਮੇਂ ਦੀ ਪੁਲਿਸ ਨੇ ਉਨ੍ਹਾਂ ਦੇ ਬਿਆਨਾਂ 'ਤੇ ਮਾਮਲਾ ਦਰਜ ਕਰ ਲਿਆ ਸੀ। ਉਨ੍ਹਾਂ ਦੱਸਿਆ ਕਿ ਪੁਲਿਸ ਨੇ ਉਸ ਮਾਮਲੇ ਵਿੱਚੋਂ ਆਪਣੇ ਪੱਧਰ 'ਤੇ ਦੋ ਵਿਅਕਤੀਆਂ ਨੂੰ ਦਰਜ ਮਾਮਲੇ ਵਿੱਚੋਂ ਕੱਢ ਦਿੱਤਾ ਅਤੇ ਮਿਲ ਰਹੀਆਂ ਧਮਕੀਆਂ ਕਾਰਨ ਉਨ੍ਹਾਂ ਗਵਾਹੀ ਦੇਣ ਤੋਂ ਇੰਨਕਾਰ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਉਸ ਤੋਂ ਬਾਅਦ ਪੁਲਿਸ ਦੋ ਅਕਤੂਬਰ 2025 ਨੂੰ ਦੁਸ਼ਹਿਰੇ ਵਾਲੇ ਦਿਨ ਜਦੋਂ ਉਹ ਘਰ ਵਿਚ ਹੀ ਮੌਜੂਦ ਸਨ ਤਾਂ ਮਾਹਿਲਪੁਰ ਵਿਚ ਹੋਈ ਲੜਾਈ ਵਿਚ ਉਨ੍ਹਾਂ ਨੂੰ ਘਰ ਬੈਠੇ ਹੀ ਨਾਮਜਦ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਦੀ ਉਨ੍ਹਾਂ ਘਰ ਦੇ ਸੀ ਸੀ ਟੀ ਵੀ ਫ਼ੁਟੇਜ ਅਤੇ ਪੀੜਿਤ ਧਿਰਾਂ ਦੇ ਬਿਅਨਾਂ ਤੋਂ ਬਾਅਦ ਆਪਣੇ ਆਪ ਨੂੰ ਬੇਗੁਨਾਹ ਸਾਬਿਤ ਕਰਵਾ ਲਿਆ। ਉਨ੍ਹਾਂ ਦੱਸਿਆ ਕਿ 2022 ਵਿਚ ਗੋਲੀ ਚਲਾਉਣ ਵਾਲਿਆਂ ਨੇ ਉਨ੍ਹਾਂ ਨਾਲ ਗਵਾਹੀ ਦੀ ਰੰਜਿਸ਼ ਰੱਖੀ ਅਤੇ 25 ਮਾਰਚ 2026 ਨੂੰ ਉਨ੍ਹਾਂ ਦੀ ਦੁਕਾਨ 'ਤੇ ਗੋਲੀ ਚਲਾ ਦਿੱਤੀ। ਉਨ੍ਹਾਂ ਦੱਸਿਆ ਕਿ ਉਸ ਘਟਨਾ ਤੋਂ ਇੱਕ ਮਹੀਨਾ ਪਹਿਲਾਂ ਉਨ੍ਹਾਂ ਦੀ ਦੁਕਾਨ ਅੱਗੇ ਗੋਲੀ ਚਲਾਉਣ ਦੀ ਕੋਸ਼ਿਸ਼ ਕੀਤੀ ਜਿਸ ਦੀ ਸੀ ਸੀ ਟੀ ਵੀ ਅਤੇ ਹਮਲਵਰਾਂ ਦੇ ਨਾਮ ਉਨ੍ਹਾਂ ਪੁਲਿਸ ਨੂੰ ਦਿੱਤੀ ਪਰੰਤੂ ਡੀ ਐਸ ਪੀ ਦਲਜੀਤ ਸਿੰਘ ਖੱਖ ਅਤੇ ਥਾਣਾ ਮੁਖੀ ਮਦਨ ਸਿੰਘ ਨੇ ਉਨ੍ਹਾਂ ਦੀ ਇੱਕ ਨਾ ਸੁਣੀ ਜਿਸ ਦੇ ਨਤੀਜੇ ਵਜੋਂ ਉਨ੍ਹਾਂ 'ਤੇ ਗੋਲੀ ਚੱਲਣ ਦੀ ਘਟਨਾ ਵਾਪਰ ਗਈ। ਉਨ੍ਹਾਂ ਦੋਸ਼ ਲਗਾਇਆ ਕਿ ਪੁਲਿਸ ਨੇ ਉਨ੍ਹਾਂ ਦੇ ਬਿਆਨ ਨਹੀਂ ਲਏ ਬਲਕਿ ਆਪਣੇ ਹੀ ਥਾਣੇਦਾਰ ਦੇ ਬਿਆਨਾਂ 'ਤੇ ਹਮਲਾਵਰਾਂ ਵਿਰੁੱਧ ਮਾਮਲਾ ਦਰਜ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਹੁਣ ਬੀਤੇ ਕੱਲ ਥਾਣਾ ਮੁਖੀ ਮਦਨ ਸਿੰਘ ਨੇ ਮੁੜ ਉਨ੍ਹਾਂ ਅਤੇ ਗੋਲਲੀ ਚਲਾਉਣ ਵਾਲੇ ਹਮਲਵਰਾਂ ਵਿਰੁੱਧ ਝੂਠਾ ਮਾਮਲਾ ਦਰਜ ਕਰਕੇ ਉਨ੍ਹਾਂ ਨੂੰ ਫ਼ਸਾਉਣ ਦੀ ਕੋਸ਼ਿਸ਼ ਕੀਤੀ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਗੋਲੀ ਚਲਾਉਣ ਵਾਲੇ ਹਮਲਵਰਾਂ ਵਿਰੁੱਧ ਮਾਮਲਾ ਦਰਜ ਕਰਕੇ ਉਨ੍ਹਾਂ ਦੇ ਘਰਾਂ 'ਤੇ ਛਾਪੇਮਾਰੀ ਕਰਕੇ ਉਨ੍ਹਾਂ ਨੂੰ ਤੰਗ ਪਰੇਸ਼ਾਨ ਕੀਤਾ ਜਾ ਰਿਹਾ ਹੈ। ਪੁਲਿਸ ਧੱਕੇਸ਼ਾਹੀ ਕਰ ਰਹੀ ਹੈ। ਇਸ ਸਬੰਧੀ ਜਦੋਂ ਥਾਣਾ ਮੁਖੀ ਮਦਨ ਸਿੰਘ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਪੱਤਰਕਾਰਾਂ ਨੂੰ ਹੀ ਕਹਿਣਾ ਸ਼ੁਰੂ ਕਰ ਦਿੱਤਾ ਕਿ ਪੁਲਿਸ ਕਦੀ ਇਨੀ ਧੱਕੇਸ਼ਾਹੀ ਕਰ ਸਕਦੀ ਹੈ? ਜਦੋਂ ਉਨ੍ਹਾਂ ਨੂੰ ਮੁੜ 16 ਬੰਦਿਆਂ 'ਤੇ ਪਰਚਾ ਕਿਉਂ ਦਿੱਤਾ ਹੈ ਸਬੰਧੀ ਪੁੱਛਿਆ ਤਾਂ ਉਹ ਪੁਲਸੀਆ ਅੰਦਾਜ ਵਿਚ ਟਾਲਮਟੋਲ ਕਰ ਗਏ ਅਤੇ ਛੁੱਟੀ ਦਾ ਬਹਾਨਾ ਲਗਾ ਕੇ ਗੱਲ ਟਾਲਦੇ ਹੋਏ ਕਿਹਾ ਕਿ ਉਹ ਥਾਣੇ ਜਾ ਕੇ ਹੀ ਕੁੱਝ ਕਹਿ ਸਕਦੇ ਹਨ।

# ਗੁ: ਬਾਬਾ ਗੱਮਚੁੱਕ ਜੀ ਵਿਖੇ ਲੱਗੇ ਆਰ.ਓ. ਪਲਾਂਟ ਦਾ ਉਦਘਾਟਨ ਸੋਨੀਆ ਮਾਨ ਨੇ ਕੀਤਾ



ਚੋਗਾਵਾਂ, 31 ਮਾਰਚ (ਸੁਬੇਗ ਸਿੰਘ ਸੋਨਾ): ਜ਼ਿਲ੍ਹਾ ਅੰਮ੍ਰਿਤਸਰ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਭਿੰਡੀ ਸੈਦਾਂ ਦੇ ਗੁਰਦੁਆਰਾ ਬਾਬਾ ਗੱਮਚੁੱਕ ਜੀ ਵਿਖੇ ਆਰ ਓ ਪਲਾਂਟ ਲਗਾਇਆ ਗਿਆ। ਇਸ ਮੌਕੇ 'ਤੇ ਹਲਕਾ ਰਾਜਾਸਾਂਸੀ ਦੀ ਇੰਚਾਰਜ ਸੋਨੀਆ ਮਾਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ 'ਤੇ ਉਹਨਾਂ ਵੱਲੋਂ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਮੱਥਾ ਟੇਕਿਆ ਗਿਆ। ਇਸ ਮੌਕੇ 'ਤੇ ਸੋਨੀਆ ਮਾਨ ਜੀ ਦੇ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਲਗਾਏ ਗਏ ਨਵੇਂ ਆਰ ਓ ਪਲਾਂਟ ਦਾ ਉਦਘਾਟਨ ਰੀਬਨ ਕੱਟ ਕੇ ਕੀਤਾ ਗਿਆ। ਇਸ ਮੌਕੇ 'ਤੇ ਚੇਅਰਮੈਨ ਲਖਵਿੰਦਰ ਸਿੰਘ ਲੱਖਾ ਭਿੰਡੀ ਸੈਦਾਂ ਦੇ ਵੱਲੋਂ ਸੋਨੀਆ ਮਾਨ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਹਨਾਂ ਕਿਹਾ ਕਿ ਇਸ ਐਰੋ ਪਲਾਂਨਟ ਦਾ ਸਾਫ ਅਤੇ ਸ਼ੁੱਧ ਪਾਣੀ ਪੀ ਕੇ ਸਾਰਾ ਪਿੰਡ ਬਿਮਾਰੀਆਂ ਤੋਂ ਰਹਿਤ ਰਹੇਗਾ। ਇਸ ਮੌਕੇ 'ਤੇ ਜ਼ਿਲ੍ਹਾ ਪ੍ਰੀਸਦ ਮੈਂਬਰ ਰੇਸ਼ਮ ਵੜੈਚ, ਚੇਅਰਮੈਨ ਲਖਵਿੰਦਰ ਸਿੰਘ ਲੱਖਾ ਭਿੰਡੀ ਸੈਦਾਂ, ਸੁਰਿੰਦਰ ਸਿੰਘ ਫੌਜੀ, ਨਿਸ਼ਾਨ ਸਿੰਘ, ਸੂਰਤੀ ਸਿੰਘ, ਮਲਕੀਤ ਸਿੰਘ, ਜੋਗਾ ਸਿੰਘ ਜਗੀਰ ਸਿੰਘ ਮੈਂਬਰ, ਡਾ.ਸ਼ਰਮਾ ਸਿੰਘ ਮੈਂਬਰ, ਸੁੱਚਾ ਸਿੰਘ ਮੈਂਬਰ, ਬਗੀਚਾ ਸਿੰਘ ਮੈਂਬਰ, ਬਿੱਲਾ ਸਿੰਘ, ਨਿਸ਼ਾਨ ਸਿੰਘ ਮੈਂਬਰ, ਗੋਪੀ ਮੈਂਬਰ, ਸੂਰਤੀ ਮੈਂਬਰ, ਵੀਰ ਸਿੰਘ ਮੈਂਬਰ, ਦਲਬੀਰ ਸਿੰਘ ਮੈਂਬਰ, ਮੋਰ ਸਿੰਘ ਮੈਂਬਰ ਆਦਿ ਹਾਜ਼ਰ ਸਨ।

ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ

# ਬੇਲ ਦਾ ਸ਼ਰਬਤ ਥਕਾਵਟ ਦੇ ਨਾਲ ਮੂੰਹ ਦੇ ਛਾਲਿਆਂ ਨੂੰ ਵੀ ਕਰਦੈ ਦੂਰ

ਬੇਲ ਇੱਕ ਫਲ ਹੈ, ਜਿਸਦਾ ਰਸ ਸਿਹਤ ਲਈ ਬਹੁਤ ਫਾਇਦੇਮੰਦ ਹੁੰਦਾ ਹੈ। ਇਸ @ਚ ਪ੍ਰੋਟੀਨ, ਵਿਟਾਮਿਨ-ਸੀ, ਥਾਈਮੀਨ ਵਰਗੇ ਹੋਰ ਵੀ ਬਹੁਤ ਸਾਰੇ ਤੱਤ ਪਾਏ ਜਾਂਦੇ ਹਨ। ਗਰਮੀਆਂ ਦੇ ਮੌਸਮ 'ਚ ਇਸਦਾ ਸੇਵਨ ਕਰਨ ਨਾਲ ਕਈ ਤਰ੍ਹਾਂ ਦੀਆਂ



ਸਮੱਸਿਆਵਾਂ ਦੂਰ ਹੁੰਦੀਆਂ ਹਨ। ਬੇਲ ਦੇ ਫਲ ਦਾ ਗੁੱਦਾ ਦੁੱਧ ਅਤੇ ਪਾਣੀ ਦੇ ਨਾਲ ਮਿਲਾਕੇ ਪੀਣ ਵੀ ਫਾਇਦੇਮੰਦ ਹੁੰਦਾ ਹੈ। ਚਿਕਿਤਸਕ ਗੁਣਾਂ ਨਾਲ ਭਰਪੂਰ ਬੇਲ ਪੇਟ ਸੰਬੰਧੀ ਬੀਮਾਰੀਆਂ ਲਈ ਬਹੁਤ ਫਾਇਦੇਮੰਦ ਹੁੰਦਾ ਹੈ। ਖਾਸ ਕਰ ਗਰਮੀਆਂ 'ਚ ਇਹ ਸਰੀਰ ਨੂੰ ਠੰਡਕ ਦਿੰਦਾ ਹੈ।

**ਪੇਟ ਦੀ ਸਮੱਸਿਆ** ; ਪੇਟ ਦੀ ਗੈਸ, ਜਲਣ ਜਾਂ ਕਬਜ਼ ਹੈ ਤਾਂ ਇਸਦੇ ਲਈ ਰੌਜ਼ਾਨਾ ਬੇਲ ਦਾ ਸ਼ਰਬਤ ਦੀ ਵਰਤੋਂ ਕਰੋ। ਇਸ ਸ਼ਰਬਤ ਨੂੰ ਪੀਣ ਦੇ ਨਾਲ ਉਕਤ ਸਮੱਸਿਆਵਾਂ ਤੋਂ ਰਾਹਤ ਮਿਲਦੀ ਹੈ। ਬੇਲ ਨਾਲ ਅਪਚ ਦੀ ਸਮੱਸਿਆ ਵੀ ਦੂਰ ਹੁੰਦੀ ਹੈ।

**ਥਕਾਵਟ ਦੂਰ ਕਰੇ** ;ਬੇਲ ਦੇ ਗੁੱਦੇ 'ਚ ਗੁੜ ਮਿਲਾ ਕੇ ਖਾਣ ਨਾਲ ਥਕਾਵਟ ਦੂਰ ਹੁੰਦੀ ਹੈ। ਇਸ ਨਾਲ ਤੁਸੀਂ ਖੁਦ ਨੂੰ ਤਾਜ਼ਾ ਮਹਿਸੂਸ ਕਰੋਗੇ। ਵੇਲ ਦਾ ਸ਼ਰਬਤ ਦਿਮਾਗ ਨੂੰ ਠੰਡਾ ਰੱਖਦਾ ਹੈ।

**ਦਿਲ ਦੀਆਂ ਬੀਮਾਰੀਆਂ** ; ਬੇਲ ਦੇ ਸ਼ਰਬਤ ਦਾ ਸੇਵਨ ਕਰਨ ਨਾਲ ਸਰੀਰ 'ਚ ਠੰਡਕ ਰਹਿੰਦੀ ਹੈ ਅਤੇ ਇਸ ਨਾਲ ਦਿਲ ਨਾਲ ਜੁੜੀਆਂ ਪਰੇਸ਼ਾਨੀਆਂ ਦੂਰ ਹੁੰਦੀਆਂ ਹਨ।

**ਮੂੰਹ ਦੇ ਛਾਲੇ** ; ਮੂੰਹ 'ਚ ਬਾਰ-ਬਾਰ ਛਾਲੇ ਹੋ ਰਹੇ ਹਨ ਤਾਂ ਇਸਦੇ ਲਈ ਬੇਲ ਦੇ ਸ਼ਰਬਤ ਦੀ ਵਰਤੋਂ ਕਰੋਂ। ਇਸ ਨਾਲ ਮੂੰਹ ਦੇ ਛਾਲੇ ਠੀਕ ਹੋ ਜਾਣਗੇ।

**ਅਸਥਮਾ ਅਟੈਕ ਆਉਣ 'ਤੇ ਫਾਇਦੇਮੰਦ** ; ਅਸਥਮਾ ਦਾ ਅਟੈਕ ਆਉਣ 'ਤੇ ਜਾਂ ਦਿਲ ਦੀ ਧੜਕਨ ਅਸਧਾਰਨ ਹੋ ਜਾਣ 'ਤੇ ਬੇਲ ਦੀ ਜੜ੍ਹ ਦਾ ਕਾੜਾ ਬਣਾ ਕੇ ਪੀਣ ਨਾਲ ਆਰਾਮ ਮਿਲਦਾ ਹੈ।

# ਏਸ਼ੀਆਈ ਮੁੱਕੇਬਾਜ਼ੀ ਚੈਂਪੀਅਨਸ਼ਿਪ-2026 : ਪ੍ਰੀਤੀ ਤੇ ਦੀਪਕ ਦੀ ਜੇਤੂ ਸ਼ੁਰੂਆਤ

ਉਲਾਨਬਟੋਰ (ਮੰਗੋਲੀਆ), 31 ਮਾਰਚ (ਚ.ਨ.ਸ.) : ਏਸ਼ੀਆਈ ਖੇਡਾਂ ਦੀ ਕਾਂਸੀ ਤਮਗਾ ਜੇਤੂ ਪ੍ਰੀਤੀ ਪੰਵਾਰ ਅਤੇ ਦੀਪਕ ਨੇ




ਸੋਮਵਾਰ ਨੂੰ ਇੱਥੇ ਏਸ਼ੀਆਈ ਮੁੱਕੇਬਾਜ਼ੀ ਚੈਂਪੀਅਨਸ਼ਿਪ 'ਚ ਭਾਰਤ ਦੀ ਮੁਹਿੰਮ ਦੀ ਹਾਂ-ਪੱਖੀ ਸ਼ੁਰੂਆਤ ਕਰਦੇ ਹੋਏ ਸ਼ਾਨਦਾਰ ਅੰਦਾਜ਼ 'ਚ ਜਿੱਤ ਦਰਜ ਕੀਤੀ। ਮਹਿਲਾਵਾਂ ਦੇ 54 ਕਿ.ਗ੍ਰਾ. ਭਾਰ ਵਰਗ 'ਚ ਪ੍ਰੀਤੀ ਨੇ ਕਜ਼ਾਖਿਸਤਾਨ ਦੀ ਐਲੀਨਾ ਬਾਜ਼ਾਰੋਵਾ (2025 ਦੀ ਸਾਬਕਾ ਏਸ਼ੀਆਈ ਅੰਡਰ-22 ਚੈਂਪੀਅਨ ਹੈ) ਵਿਰੁੱਧ 5-0 ਦੇ ਸਰਵਸੰਮਤੀ ਫੈਸਲੇ ਨਾਲ ਜਿੱਤ ਹਾਸਲ ਕੀਤੀ।ਪੁਰਸ਼ਾਂ ਦੇ 70 ਕਿ.ਗ੍ਰਾ. ਭਾਰ ਵਰਗ 'ਚ ਦੀਪਕ (ਕੌਮਾਂਤਰੀ ਬਾਕਸੈਮ ਏਲੀਟ 2026 ਟੂਰਨਾਮੈਂਟ ਦੇ ਚਾਂਦੀ ਤਮਗਾ ਜੇਤੂ ਅਤੇ ਏਸ਼ੀਆਈ ਯੂਥ ਮੁੱਕੇਬਾਜ਼ੀ ਚੈਂਪੀਅਨਸ਼ਿਪ 2022 ਦੇ ਕਾਂਸੀ ਤਮਗਾ ਜੇਤੂ) ਨੇ ਉਜ਼ਬੇਕਿਸਤਾਨ ਦੇ ਖਾਵਾਸਬੇਕ ਅਸਦੁੱਲਾਏਵ ਨੂੰ 3-2 ਦੇ ਵੰਡਵੇਂ ਫੈਸਲੇ 'ਚ ਹਰਾਇਆ। ਏਸ਼ੀਆਈ ਮੁੱਕੇਬਾਜ਼ੀ ਚੈਂਪੀਅਨਸ਼ਿਪ 2026 'ਚ ਪੂਰੇ ਮਹਾਂਦੀਪ ਦੇ ਕੁਝ ਧਾਕੜ ਮੁੱਕੇਬਾਜ਼ ਹਿੱਸਾ ਲੈ ਰਹੇ ਹਨ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਰਾਏਪੁਰ ਬਹਾਦਰਗੜ੍ਹ ਵਿਖੇ ਕਰਵਾਇਆ ਗ੍ਰੈਜੂਏਸ਼ਨ ਸਮਾਰੋਹ




ਪਟਿਆਲਾ, 31 ਮਾਰਚ (ਚ.ਨ.ਸ.) : ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕਡਰੀ ਸਕੂਲ ਰਾਏਪੁਰ ਬਹਾਦਰਗੜ੍ਹ ਵਿਖੇ ਜਮਾਤ ਨਰਸਰੀ ਤੋਂ ਦੂਜੀ ਤੱਕ ਅਕਾਦਮੀ ਗ੍ਰੈਜੂਏਸ਼ਨ ਸਮਾਰੋਹ ਨੂੰ ਬਹੁਤ ਖੁਸ਼ੀ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮਾਰੋਹ ਵਿੱਚ ਮੁੱਖ ਮਹਿਮਾਨ ਸਕੂਲ ਦੇ ਡਾਇਰੈਕਟਰ ਸਰਦਾਰਨੀ ਡਾ. ਜਸਵਿੰਦਰ ਕੌਰ ਦਰਦੀ ਅਤੇ ਸਕੂਲ ਦੇ ਪ੍ਰਿੰਸੀਪਲ ਮੈਡਮ ਸ਼੍ਰੀਮਤੀ ਮੋਨਿਕਾ ਵਾਲੀਆ ਵੱਲੋਂ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਪਰਮਾਤਮਾ ਤੋਂ ਅਸ਼ੀਸ਼ਾਂ ਦੀ ਮੰਗ ਕਰਦਿਆਂ ਪ੍ਰਾਥਨਾ ਕੀਤੀ ਗਈ। ਛੋਟੇ- ਛੋਟੇ ਗ੍ਰੈਜੂਏਟਾਂ ਨੇ ਪਿਆਰੇ ਗ੍ਰੈਜੂਏਸ਼ਨ ਪਹਿਰਾਵੇ ਪਹਿਨ ਕੇ ਜਸ਼ਨ ਵਿੱਚ ਉਤਸ਼ਾਹ ਭਰ ਦਿੱਤਾ।ਇਸ ਮੌਕੇ 'ਤੇ ਮਾਪਿਆਂ ਨੇ ਵੀ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਅਤੇ ਆਪਣੇ ਬੱਚਿਆਂ ਦੀ ਸਫ਼ਲਤਾ ਤੇ ਖ਼ੁਸ਼ੀ ਜਾਹਿਰ ਕੀਤੀ। ਸਮਾਰੋਹ ਦੇ ਅੰਤ ਵਿੱਚ ਬੱਚਿਆਂ ਨੂੰ ਸਰਟੀਫ਼ਿਕੇਟ ਦਿੱਤੇ ਗਏ ਅਤੇ ਮਠਿਆਈ ਵੰਡ ਕੇ ਖੁਸ਼ੀ ਸਾਂਝੀ ਕੀਤੀ ਗਈ। ਮੁੱਖ ਮਹਿਮਾਨਾਂ ਅਤੇ ਪ੍ਰਿੰਸੀਪਲ ਮੈਡਮ ਵੱਲੋਂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ ਅਤੇ ਬੱਚਿਆਂ ਦੀ ਸ਼ੁਰੂਆਤੀ ਸਿੱਖਿਆ ਨੂੰ ਆਕਾਰ ਦੇਣ ਵਿੱਚ ਮਾਪਿਆਂ ਅਤੇ ਅਧਿਆਪਕਾਂ ਦੇ ਸਮਰਥਨ ਦਾ ਧੰਨਵਾਦ ਕੀਤਾ।

# ਸੁੰਦਰ ਦਸਤਾਰ ਸਜਾਉਣ ਦਾ ਮੁਕਾਬਲਾ 12 ਨੂੰ

ਰੋਮ 31 ਮਾਰਚ (ਗੁਰਸ਼ਰਨ ਸਿੰਘ ਸੋਨੀ) ਰਾਜਧਾਨੀ ਰੋਮ ਦੇ ਗੁਰਦੁਆਰਾ ਹਰਗੋਬਿੰਦ ਸਾਹਿਬ ਸੇਵਾ ਸੁਸਾਇਟੀ ਮਾਸੀਮੀਨਾ (ਰੋਮ) ਦੀ ਪ੍ਰਬੰਧਕ ਕਮੇਟੀ ਵੱਲੋਂ ਸਮੂਹ



ਸੰਗਤਾਂ ਦੇ ਸਹਿਯੋਗ ਨਾਲ ਵਿਦੇਸ਼ੀ ਧਰਤੀ ਤੇ ਸਿੱਖੀ ਤੇ ਦਸਤਾਰ ਦੀ ਪਹਿਚਾਣ ਲਈ ਬਹੁਤ ਯਤਨ ਕੀਤੇ ਸਨ ਇਸੇ ਲੜੀ ਨੂੰ ਅੱਗੇ ਤੋਰਦਿਆਂ ਹੋਇਆਂ ਇੱਕ ਵਾਰ ਫਿਰ ਨੌਜਵਾਨ ਪੀੜ੍ਹੀ ਨੂੰ ਦਸਤਾਰ ਸਜਾਉਣ ਲਈ ਪ੍ਰੇਰਿਤ ਕਰਨ ਲਈ ਗੁਰਦੁਆਰਾ ਸਾਹਿਬ ਵਿਖੇ 12 ਅਪ੍ਰੈਲ 2026 ਦਿਨ ਐਤਵਾਰ ਨੂੰ ਵਿਸ਼ੇਸ਼ ਤੌਰ ਤੇ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ । ਇਸ ਸਬੰਧੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਕਿ 12 ਅਪ੍ਰੈਲ ਹਫਤਾਵਾਰੀ ਧਾਰਮਿਕ ਸਮਾਗਮ ਹੋਵੇਗਾ ਜਿਸ ਵਿੱਚ ਇਲਾਹੀ ਬਾਣੀ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਕੀਤੇ ਜਾਣਗੇ ਤੇ ਭੋਗ ਉਪਰੰਤ ਦੁਪਹਿਰ 12 ਵਜੇ ਤੋਂ ਦੁਪਹਿਰ 1:30 ਵਜੇ ਤੱਕ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਜਾਣਗੇ ਜਿਸ ਪਹਿਲੇ ਦਰਜੇ ਤੇ ਸੁੰਦਰ ਦਸਤਾਰ ਸਜਾਉਣ ਵਾਲੇ ਨੌਜਵਾਨ ਨੂੰ 300 ਯੂਰੋ ਇਨਾਮ ਤੇ ਯਾਦਗਾਰੀ ਚਿੰਨ੍ਹ ਤੇ ਦੂਜੇ ਦਰਜੇ ਵਾਲੇ ਨੂੰ 200 ਯੂਰੋ ਤੇ ਤੀਸਰੇ ਦਰਜੇ ਵਾਲੇ ਨੌਜਵਾਨ ਨੂੰ 100 ਯੂਰੋ ਇਨਾਮੀ ਰਾਸ਼ੀ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਜਿਹੜੇ ਵੀ ਨੌਜਵਾਨ ਇਸ ਦਸਤਾਰ ਸਜਾਉਣ ਦੇ ਮੁਕਾਬਲਿਆਂ ਵਿੱਚ ਭਾਗ ਲੈਣਗੇ ਉਨ੍ਹਾਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ । ਪ੍ਰਬੰਧਕਾਂ ਵੱਲੋਂ ਅੱਗੇ ਦੱਸਿਆ ਕਿ ਇਨ੍ਹਾਂ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਉਣ ਦਾ ਇੱਕੋ ਇੱਕ ਮਕਸਦ ਹੈ ਕਿ ਨੌਜਵਾਨਾਂ ਨੂੰ ਦਸਤਾਰ ਸਜਾਉਣ ਲਈ ਪ੍ਰੇਰਿਤ ਕੀਤਾ ਜਾਵੇ ਤਾਂ ਜੋ ਵਿਦੇਸ਼ਾਂ ਵਿੱਚ ਵੀ ਦਸਤਾਰ ਦੀ ਮਹੱਤਤਾ ਨੂੰ ਹੋਰ ਉੱਚਾ ਬਣਾਇਆ ਜਾ ਸਕੇ ।ਪ੍ਰਬੰਧਕਾਂ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਜਿਨ੍ਹਾਂ ਨੌਜਵਾਨਾਂ ਜਾਂ ਬੱਚਿਆਂ ਨੇ ਦਸਤਾਰ ਸਜਾਉਣ ਦੇ ਮੁਕਾਬਲਿਆਂ ਵਿੱਚ ਭਾਗ ਲੈਣਾ ਹੋਵੇ ਉਹ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਜਾਂ ਗੁਰਦੁਆਰਾ ਸਾਹਿਬ ਦੇ ਮੁੱਖ ਗ੍ਰੰਥੀ ਸਾਹਿਬ ਨਾਲ ਸੰਪਰਕ ਕਰ ਸਕਦੇ ਹਨ।

# ਰਾਜਪਾਲ ਨੇ ਅੱਤਵਾਦ ਪ੍ਰਭਾਵਿਤ ਪਰਿਵਾਰਾਂ ਦੀਆਂ ਮੰਗਾਂ 'ਤੇ ਸਕਾਰਾਤਮਕ ਵਿਚਾਰ ਕਰਨ ਦਾ ਦਿੱਤਾ ਭਰੋਸਾ

ਚੰਡੀਗੜ੍ਹ, 31 ਮਾਰਚ (ਚ.ਨ.ਸ.) : ਪੰਜਾਬ ਦੇ ਅੱਤਵਾਦ ਪ੍ਰਭਾਵਿਤ ਪਰਿਵਾਰਾਂ ਦੇ ਇੱਕ ਵਫ਼ਦ ਨੇ ਪੰਜਾਬ ਲੋਕ ਭਵਨ ਵਿਖੇ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਲੰਬਿਤ ਮੰਗਾਂ ਅਤੇ ਸਮੱਸਿਆਵਾਂ ਸੰਬੰਧੀ ਇੱਕ ਮੰਗ ਪੱਤਰ ਪੇਸ਼ ਕੀਤਾ।




ਮੁੱਖ ਮੁੱਦੇ ਉਠਾਉਂਦੇ ਹੋਏ, ਵਫ਼ਦ ਨੇ ਲੰਬਿਤ ਵਿੱਤੀ ਪੈਕੇਜ ਜਾਰੀ ਕਰਨ, ਸ਼ਹੀਦ ਪੁਲਿਸ ਕਰਮਚਾਰੀਆਂ ਅਤੇ ਸਰਕਾਰੀ ਕਰਮਚਾਰੀਆਂ ਦੇ ਪਰਿਵਾਰਾਂ ਲਈ ਮੁਆਵਜ਼ਾ ਅਤੇ ਵਿਸ਼ੇਸ਼ ਪਰਿਵਾਰਕ ਪੈਨਸ਼ਨ ਲਾਭਾਂ ਨੂੰ ਵਧਾਉਣ ਦੀ ਮੰਗ ਕੀਤੀ। ਉਨ੍ਹਾਂ ਨੇ ਨਾਗਰਿਕ ਪੀੜਤਾਂ ਦੀਆਂ ਵਿਧਵਾਵਾਂ ਅਤੇ ਮਾਪਿਆਂ ਲਈ ਪੈਨਸ਼ਨਾਂ ਵਿੱਚ ਵਾਧੇ ਦੀ ਵੀ ਮੰਗ ਕੀਤੀ। ਵਫ਼ਦ ਨੇ ਪਿਛਲੇ ਨੀਤੀਗਤ ਫੈਸਲਿਆਂ ਨੂੰ ਲਾਗੂ ਕਰਨ, ਪਲਾਟ ਅਲਾਟਮੈਂਟ ਅਤੇ ਨਿਯਮਤ ਕਰਨ ਲਈ ਸਮਾਂ-ਸੀਮਾ ਵਧਾਉਣ ਅਤੇ ਅੱਤਵਾਦ ਪ੍ਰਭਾਵਿਤ ਪਰਿਵਾਰਾਂ, ਖਾਸ ਕਰਕੇ ਲਾਲ ਅਤੇ ਚਿੱਟੇ ਕਾਰਡ ਧਾਰਕਾਂ ਨੂੰ ਰਿਆਇਤੀ ਜਾਂ ਮੁਫਤ ਪਲਾਟ ਦੇਣ ਦੀ ਵੀ ਮੰਗ ਕੀਤੀ। ਰੁਜ਼ਗਾਰ ਨਾਲ ਸਬੰਧਤ ਮੁੱਦਿਆਂ 'ਤੇ, ਉਨ੍ਹਾਂ ਨੇ ਪ੍ਰਭਾਵਿਤ ਪਰਿਵਾਰ ਦੇ ਇੱਕ ਮੈਂਬਰ ਨੂੰ ਰੁਜ਼ਗਾਰ ਪ੍ਰਦਾਨ ਕਰਨ ਲਈ ਯੋਗਤਾ ਮਾਪਦੰਡਾਂ ਵਿੱਚ ਢਿੱਲ ਦੇਣ ਅਤੇ ਅੱਤਵਾਦ ਪ੍ਰਭਾਵਿਤ ਪਰਿਵਾਰਾਂ ਲਈ ਸਰਕਾਰੀ ਨੌਕਰੀਆਂ ਵਿੱਚ ਰਾਖਵਾਂਕਰਨ ਦੀ ਮੰਗ ਕੀਤੀ। ਉਨ੍ਹਾਂ ਨੇ ਅੱਤਵਾਦ ਦੌਰਾਨ ਉਜਾੜੇ ਗਏ ਅਤੇ ਬਾਅਦ ਵਿੱਚ ਪੰਜਾਬ ਵਾਪਸ ਆਉਣ ਵਾਲੇ ਪਰਿਵਾਰਾਂ ਦੇ ਬਜ਼ੁਰਗ ਮੈਂਬਰਾਂ ਲਈ ਪੈਨਸ਼ਨ ਸਹਾਇਤਾ ਦੀ ਵੀ ਮੰਗ ਕੀਤੀ।

ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਵਫ਼ਦ ਦੀਆਂ ਮੰਗਾਂ ਅਤੇ ਚਿੰਤਾਵਾਂ ਨੂੰ ਧਿਆਨ ਨਾਲ ਸੁਣਿਆ ਅਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਇਨ੍ਹਾਂ ਮੁੱਦਿਆਂ 'ਤੇ ਹਮਦਰਦੀ ਨਾਲ ਵਿਚਾਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਉਹ ਇਸ ਮਾਮਲੇ ਨੂੰ ਸਬੰਧਤ ਅਧਿਕਾਰੀਆਂ ਅਤੇ ਵਿਭਾਗਾਂ ਨਾਲ ਉਠਾਉਣਗੇ ਅਤੇ ਇਹ ਯਕੀਨੀ ਬਣਾਉਣਗੇ ਕਿ ਇਸਦੀ ਸਕਾਰਾਤਮਕ ਅਤੇ ਰਚਨਾਤਮਕ ਢੰਗ ਨਾਲ ਸਮੀਖਿਆ ਕੀਤੀ ਜਾਵੇ।

ਰਾਜਪਾਲ ਨੇ ਅੱਤਵਾਦ ਤੋਂ ਪ੍ਰਭਾਵਿਤ ਪਰਿਵਾਰਾਂ ਦੀ ਭਲਾਈ, ਪੁਨਰਵਾਸ ਅਤੇ ਸਹਾਇਤਾ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ਵਫ਼ਦ ਵਿੱਚ ਸਤਿੰਦਰਪਾਲ ਸਿੰਘ ਸਿੱਧੂ; ਡਾ. ਬੀ.ਆਰ. ਹਸਤੀਰ; ਪ੍ਰਿੰਸ ਕੁਮਾਰ; ਰਮਨ ਕੁਮਾਰ; ਜਸਕਰਨ ਸਿੰਘ; ਮਨਜੀਤ ਕੌਰ; ਸ਼ਿੰਦਰ ਕੌਰ; ਚੰਚਲ ਮਨਹਾਸ; ਦਰਸ਼ਨ ਕੌਰ; ਜਸਬੀਰ ਕੌਰ; ਬਲਵਿੰਦਰ ਕੌਰ; ਬੀਰੋ; ਬਲਬੀਰ ਕੌਰ; ਕੁਲਵਿੰਦਰ ਕੌਰ; ਵਰਸ਼ਾ ਰਾਣੀ; ਪਵਨ ਦੇਵੀ; ਤ੍ਰਿਪਤਾ ਸ਼ਰਮਾ; ਚਰਨਜੀਤ ਕੌਰ; ਕਸ਼ਮੀਰ ਕੌਰ; ਸਵਿੰਦਰ ਕੌਰ; ਗੀਤਾ ਜੁਨੇਜਾ ਸ਼ਾਮਲ ਸਨ।

# ਦ੍ਰੌਪਦੀ ਮੁਰਮੂ ਵੱਲੋਂ ਨਾਲੰਦਾ ਯੂਨੀਵਰਸਿਟੀ, ਬਿਹਾਰ ਦੇ ਕਨਵੋਕੇਸ਼ਨ ਸਮਾਰੋਹ 'ਚ ਸ਼ਿਰਕਤ




ਰਾਜਗੀਰ, 31 ਮਾਰਚ (ਚ.ਨ.ਸ.) : ਨਾਲੰਦਾ ਯੂਨੀਵਰਸਿਟੀ ਦੇ ਕਨਵੋਕੇਸ਼ਨ ਸਮਾਰੋਹ ਵਿੱਚ ਹਿੱਸਾ ਲੈਣ ਲਈ ਮੈਂ ਤੁਹਾਡੇ ਸਾਰਿਆਂ ਦੇ ਵਿਚਕਾਰ ਆ ਕੇ ਖੁਸ਼ ਹਾਂ। ਅੱਜ ਦਾ ਸਮਾਰੋਹ ਇੱਕ ਸੱਭਿਅਤਾ ਦੇ ਵਾਅਦੇ ਦੀ ਪੁਸ਼ਟੀ ਹੈ: ਇੱਕ ਵਾਅਦਾ ਕਿ ਗਿਆਨ ਕਾਇਮ ਰਹੇਗਾ, ਉਹ ਸੰਵਾਦ ਪ੍ਰਬਲ ਰਹੇਗਾ, ਅਤੇ ਉਹ ਸਿੱਖਿਆ ਮਨੁੱਖਤਾ ਦੀ ਸੇਵਾ ਕਰਦੀ ਰਹੇਗੀ। ਮੈਂ ਸਾਰੇ ਗ੍ਰੈਜੂਏਟ ਵਿਦਿਆਰਥੀਆਂ ਨੂੰ ਆਪਣੀਆਂ ਦਿਲੋਂ ਵਧਾਈਆਂ ਦਿੰਦਾ ਹਾਂ। ਤੁਹਾਡੀਆਂ ਪ੍ਰਾਪਤੀਆਂ ਲਗਨ, ਅਨੁਸ਼ਾਸਨ ਅਤੇ ਬੌਧਿਕ ਵਚਨਬੱਧਤਾ ਦਾ ਨਤੀਜਾ ਹਨ। ਮੈਨੂੰ ਇਹ ਜਾਣ ਕੇ ਖੁਸ਼ੀ ਹੋਈ ਕਿ ਅੱਜ ਗ੍ਰੈਜੂਏਟ ਹੋਣ ਵਾਲੇ ਸਮੂਹ ਦੇ ਅੱਧੇ ਤੋਂ ਵੱਧ 30 ਤੋਂ ਵੱਧ ਦੇਸ਼ਾਂ ਦੇ ਅੰਤਰਰਾਸ਼ਟਰੀ ਵਿਦਿਆਰਥੀ ਹਨ। ਮੈਂ ਯੂਨੀਵਰਸਿਟੀ ਦੇ ਫੈਕਲਟੀ ਅਤੇ ਸਟਾਫ ਅਤੇ ਉਨ੍ਹਾਂ ਪਰਿਵਾਰਾਂ ਦੀ ਪ੍ਰਸ਼ੰਸਾ ਕਰਦਾ ਹਾਂ ਜਿਨ੍ਹਾਂ ਨੇ ਇਨ੍ਹਾਂ ਨੌਜਵਾਨ ਦਿਮਾਗਾਂ ਨੂੰ ਉਨ੍ਹਾਂ ਦੇ ਸਫ਼ਰ ਵਿੱਚ ਸਮਰਥਨ ਦਿੱਤਾ ਹੈ। ਅੱਜ, ਮਹਾਵੀਰ ਜਯੰਤੀ ਦੇ ਸ਼ੁਭ ਮੌਕੇ @ਤੇ, ਮੈਂ ਸਾਰਿਆਂ ਨੂੰ ਦਿਲੋਂ ਵਧਾਈ ਦਿੰਦਾ ਹਾਂ। ਭਗਵਾਨ ਮਹਾਵੀਰ ਅਤੇ ਭਗਵਾਨ ਬੁੱਧ, ਜਿਨ੍ਹਾਂ ਦਾ ਜਨਮ ਇੱਕੋ ਸਮੇਂ ਹੋਇਆ ਸੀ, ਨੇ ਬਿਹਾਰ ਦੇ ਇਸ ਖੇਤਰ ਤੋਂ ਸਾਰੀ ਮਨੁੱਖਤਾ ਨੂੰ ਅਹਿੰਸਾ, ਦਇਆ ਅਤੇ ਪਿਆਰ ਦਾ ਸੰਦੇਸ਼ ਦਿੱਤਾ।

ਪੰਜਵੀਂ ਸਦੀ ਵਿੱਚ ਸਥਾਪਿਤ, ਪ੍ਰਾਚੀਨ ਨਾਲੰਦਾ ਯੂਨੀਵਰਸਿਟੀ ਲਗਭਗ ਅੱਠ ਸਦੀਆਂ ਤੱਕ ਗਿਆਨ ਦੇ ਇੱਕ ਮਹਾਨ ਕੇਂਦਰ ਵਜੋਂ ਸਤਿਕਾਰਯੋਗ ਰਹੀ। ਨਾਲੰਦਾ ਦਾ ਪਤਨ ਨਾ ਸਿਰਫ਼ ਭਾਰਤ ਲਈ ਸਗੋਂ ਪੂਰੀ ਦੁਨੀਆ ਲਈ ਇੱਕ ਵੱਡਾ ਨੁਕਸਾਨ ਸੀ। ਫਿਰ ਵੀ, ਨਾਲੰਦਾ ਦੀ ਧਾਰਨਾ ਜ਼ਿੰਦਾ ਰਹੀ। ਸਾਡੇ ਸਮੇਂ ਵਿੱਚ ਇਸਦਾ ਪੁਨਰ ਸੁਰਜੀਤੀ ਇੱਕ ਆਧੁਨਿਕ ਵਾਤਾਵਰਣ ਵਿੱਚ ਉਸ ਸ਼ਾਨਦਾਰ ਵਿਰਾਸਤ ਨੂੰ ਮੁੜ ਸਥਾਪਿਤ ਕਰਨ ਲਈ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਵਚਨਬੱਧਤਾ ਦਾ ਪ੍ਰਤੀਕ ਹੈ।

ਇਹ ਪੁਨਰ ਸੁਰਜੀਤੀ ਦੂਰਦਰਸ਼ੀ ਲੀਡਰਸ਼ਿਪ, ਨਿਰੰਤਰ ਸੰਸਥਾਗਤ ਯਤਨਾਂ ਅਤੇ ਭਾਈਵਾਲ ਦੇਸ਼ਾਂ ਨਾਲ ਤਾਲਮੇਲ ਦੁਆਰਾ ਸੰਭਵ ਹੋਈ ਹੈ। ਇਹ ਇੱਕ ਉਦਾਹਰਣ ਹੈ ਕਿ ਰਾਸ਼ਟਰ ਸਾਂਝੇ ਮੁੱਲਾਂ ਦੀ ਰੌਸ਼ਨੀ ਵਿੱਚ ਮਹਾਨ ਟੀਚਿਆਂ ਨੂੰ ਕਿਵੇਂ ਪ੍ਰਾਪਤ ਕਰ ਸਕਦੇ ਹਨ। ਇਹ ਦੇਖ ਕੇ ਖੁਸ਼ੀ ਹੁੰਦੀ ਹੈ ਕਿ ਅੱਜ ਦੀ ਨਾਲੰਦਾ ਯੂਨੀਵਰਸਿਟੀ ਅੰਤਰਰਾਸ਼ਟਰੀ ਵਿਦਿਆਰਥੀਆਂ ਨੂੰ ਵੀ ਆਕਰਸ਼ਿਤ ਕਰ ਰਹੀ ਹੈ। ਸਾਰੇ ਸਰੋਤਾਂ ਤੋਂ ਚੰਗੇ ਵਿਚਾਰ ਪ੍ਰਾਪਤ ਕਰਨਾ ਸਿਰਫ਼ ਇੱਕ ਆਦਰਸ਼ ਹੀ ਨਹੀਂ ਸੀ, ਸਗੋਂ ਇੱਕ ਜੀਵਤ ਪਰੰਪਰਾ ਸੀ। ਨਾਲੰਦਾ ਨੇ ਵਿਭਿੰਨ ਵਿਚਾਰਧਾਰਾਵਾਂ ਦਾ ਸਵਾਗਤ ਕੀਤਾ ਅਤੇ ਬਹਿਸ ਅਤੇ ਸੰਵਾਦ ਨੂੰ ਉਤਸ਼ਾਹਿਤ ਕੀਤਾ। ਇੱਥੇ, ਗਿਆਨ ਨੂੰ ਕਦੇ ਵੀ ਅਲੱਗ-ਥਲੱਗ ਨਹੀਂ ਦੇਖਿਆ ਗਿਆ; ਇਸਨੂੰ ਨੈਤਿਕਤਾ, ਸਮਾਜ ਅਤੇ ਮਨੁੱਖਤਾ ਦੇ ਵਿਆਪਕ ਕਲਿਆਣ ਨਾਲ ਜੋੜਿਆ ਗਿਆ ਸੀ। ਇਹ ਆਦਰਸ਼ ਅੱਜ ਵੀ ਬਹੁਤ ਪ੍ਰਸੰਗਿਕ ਹੈ। ਅੱਜ, ਜਿਵੇਂ ਕਿ ਦੁਨੀਆ ਬਹੁਤ ਸਾਰੀਆਂ ਗੁੰਝਲਦਾਰ ਚੁਣੌਤੀਆਂ ਦਾ ਸਾਹਮਣਾ ਕਰ ਰਹੀ ਹੈ, ਦਇਆ @ਤੇ ਅਧਾਰਤ ਸੁਤੰਤਰ ਅਤੇ ਆਲੋਚਨਾਤਮਕ ਸੋਚ ਦੀ ਜ਼ਰੂਰਤ ਪਹਿਲਾਂ ਨਾਲੋਂ ਕਿਤੇ ਵੱਧ ਹੈ।

ਮੈਨੂੰ ਵਿਸ਼ਵਾਸ ਹੈ ਕਿ ਨਾਲੰਦਾ ਯੂਨੀਵਰਸਿਟੀ ਏਸ਼ੀਆ ਅਤੇ ਦੁਨੀਆ ਵਿੱਚ ਇੱਕ ਮੋਹਰੀ ਵਿਦਿਅਕ ਸੰਸਥਾ ਵਜੋਂ ਉਭਰੇਗੀ। ਇਹ ਨਾ ਸਿਰਫ਼ ਆਪਣੀ ਅਕਾਦਮਿਕ ਉੱਤਮਤਾ ਲਈ, ਸਗੋਂ ਆਪਣੇ ਮੁੱਲਾਂ ਲਈ ਵੀ ਆਪਣੇ ਆਪ ਨੂੰ ਵੱਖਰਾ ਕਰੇਗੀ। ਮੈਨੂੰ ਇਹ ਦੇਖ ਕੇ ਖੁਸ਼ੀ ਹੋ ਰਹੀ ਹੈ ਕਿ ਯੂਨੀਵਰਸਿਟੀ ਅੰਤਰ-ਅਨੁਸ਼ਾਸਨੀ ਸਿੱਖਿਆ, ਅੰਤਰਰਾਸ਼ਟਰੀ ਸਹਿਯੋਗ ਅਤੇ ਸਥਾਨਕ ਭਾਈਚਾਰਿਆਂ ਨਾਲ ਜੁੜਾਅ ਰਾਹੀਂ ਇਸ ਦਿਸ਼ਾ ਵਿੱਚ ਅੱਗੇ ਵਧਦੀ ਰਹਿੰਦੀ ਹੈ।

## ਜਨਮ ਦਿਨ ਮੁਬਾਰਕ



ਨਿਵਾਨ ਰਣਦੇਵ



ਭਗਤ ਸਿੰਘ ਤੇ ਪਵਨਪ੍ਰੀਤ ਕੌਰ ਨੂੰ ਵਿਆਹ ਦੀ ਵਰ੍ਹੇਗੰਢ ਮੁਬਾਰਕ

## ਈਰਾਨ ਦਾ ਇਜ਼ਰਾਇਲ 'ਤੇ ਵੱਡਾ ਹਮਲਾ

# ਤਹਿਰਾਨ 'ਚ ਬਿਜਲੀ ਗੁੱਲ; ਲੇਬਨਾਨ 'ਚ ਚਾਰ ਫੌਜੀਆਂ ਦੀ ਮੌਤ

ਯਰੂਸ਼ਲਮ , 31 ਮਾਰਚ (ਚ.ਨ.ਸ.): ਮਿਡਲ ਈਸਟ ਵਿੱਚ ਤਣਾਅ ਲਗਾਤਾਰ ਵਧਦਾ ਜਾ ਰਿਹਾ ਹੈ। ਇਜ਼ਰਾਈਲ ਅਤੇ ਈਰਾਨ ਵਿਚਾਲੇ ਲਗਾਤਾਰ ਬੰਬਾਰੀ



ਜਾਰੀ ਹੈ। ਇਸ ਦੌਰਾਨ ਈਰਾਨ ਨੇ ਇਜ਼ਰਾਈਲ 'ਤੇ ਇੱਕ ਵੱਡਾ ਅਤੇ ਜ਼ੋਰਦਾਰ ਹਮਲਾ ਕੀਤਾ ਹੈ। ਈਰਾਨ ਵੱਲੋਂ ਕੀਤੇ ਗਏ ਇਸ ਹਮਲੇ ਦੀ ਪੁਸ਼ਟੀ ਖੁਦ ਇਜ਼ਰਾਈਲੀ ਫੌਜ ਨੇ ਕੀਤੀ ਹੈ।ਇਜ਼ਰਾਈਲ ਦੀ ਰਾਜਧਾਨੀ ਯਰੂਸ਼ਲਮ ਦੇ ਉੱਪਰ ਘੱਟੋ-ਘੱਟ 10 ਥਾਵਾਂ 'ਤੇ ਜ਼ੋਰਦਾਰ ਧਮਾਕਿਆਂ ਦੀਆਂ ਆਵਾਜ਼ਾਂ ਸੁਣੀਆਂ ਗਈਆਂ ਹਨ। ਇਜ਼ਰਾਈਲੀ ਸੁਰੱਖਿਆ ਬਲਾਂ ਦਾ ਕਹਿਣਾ ਹੈ ਕਿ ਉਨ੍ਹਾਂ ਦਾ ਏਅਰ ਡਿਫੈਂਸ ਸਿਸਟਮ ਈਰਾਨੀ ਮਿਜ਼ਾਈਲਾਂ ਦਾ ਮੂੰਹ-ਤੋੜ ਜਵਾਬ ਦੇ ਰਿਹਾ ਹੈ। ਫਿਲਹਾਲ ਪੂਰੇ ਯਰੂਸ਼ਲਮ ਵਿੱਚ ਖ਼ਤਰੇ ਦੇ ਸਾਈਰਨ ਵੱਜ ਰਹੇ ਹਨ ਅਤੇ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਜਾਣ ਦੀ ਹਦਾਇਤ ਦਿੱਤੀ ਗਈ ਹੈ।ਇਸਲਾਮਿਕ ਰਿਵੋਲਿਊਸ਼ਨਰੀ ਗਾਰਡ ਕੋਰ ਨੇ ਮੰਗਲਵਾਰ ਨੂੰ ਦੱਸਿਆ ਕਿ ਈਰਾਨ ਦੀ ਵਾਯੂ ਸੈਨਾ ਨੇ ਮੱਧ ਈਰਾਨ ਦੇ ਇਸਫਾਹਨ ਸ਼ਹਿਰ ਦੇ ਉੱਪਰ ਅਮਰੀਕੀ ਨਿਰਮਿਤ MQ-I ਰੀਪਰ ਲੰਬੀ ਦੂਰੀ ਦੇ ਡਰੋਨ ਨੂੰ ਮਾਰ ਗਿਰਾਇਆ ਹੈ। ਈਰਾਨੀ ਮੀਡੀਆ ਰਿਪੋਰਟਾਂ ਅਨੁਸਾਰ, ਮੰਗਲਵਾਰ ਨੂੰ ਰਾਜਧਾਨੀ ਤਹਿਰਾਨ ਵਿੱਚ ਜ਼ੋਰਦਾਰ ਧਮਾਕਿਆਂ ਦੀਆਂ ਆਵਾਜ਼ਾਂ ਸੁਣੀਆਂ ਗਈਆਂ ਅਤੇ ਸ਼ਹਿਰ ਦੇ ਕਈ ਹਿੱਸਿਆਂ ਵਿੱਚ ਬਿਜਲੀ ਸਪਲਾਈ ਠੱਪ ਹੋ ਗਈ। ਇਜ਼ਰਾਈਲ ਦੇ ਇਸ ਮਿਜ਼ਾਈਲ ਹਮਲੇ ਦੌਰਾਨ ਤਹਿਰਾਨ ਦੇ ਪੂਰਬ ਵਿੱਚ ਸਥਿਤ ਇੱਕ ਬਿਜਲੀ ਸਬ-ਸਟੇਸ਼ਨ 'ਤੇ ਗੋਲੇ/ਛਰ੍ਹੇ ਡਿੱਗਣ ਕਾਰਨ ਬਿਜਲੀ ਸਪਲਾਈ ਬੰਦ ਹੋ ਗਈ।

GOVT. OF PUNJAB

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ
ਪਰਾਲੀ ਦੀ ਸਾਂਭ ਸੰਭਾਲ ਸਬੰਧੀ ਮਸ਼ੀਨਾਂ ਤੇ ਸਬਸਿਡੀ ਲਈ ਬਿਨੈ ਪੱਤਰਾਂ ਦੀ ਮੰਗ

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਵੱਲੋਂ ਝੋਨੇ ਦੀ ਪਰਾਲੀ ਦੀ ਸਾਂਭ-ਸੰਭਾਲ ਲਈ ਹੇਠ ਲਿਖੀਆਂ ਮਸ਼ੀਨਾਂ ਸਬਸਿਡੀ ਤੇ ਉਪਲਬੱਧ ਕਰਵਾਉਣ ਲਈ ਆਨਲਾਈਨ ਪੋਰਟਲ agrimachinerypb.com ਰਾਹੀਂ ਅਰਜੀਆਂ ਦੀ ਮੰਗ ਕੀਤੀ ਜਾਂਦੀ ਹੈ।

ਬਿਨੈ-ਪੱਤਰ ਮਿਤੀ 01.04.2026 ਤੋਂ 24.04.2026 ਤੱਕ ਦਿੱਤੇ ਜਾ ਸਕਦੇ ਹਨ।

- ਸੁਪਰ ਐਸ.ਐਮ.ਐਸ
- ਹੈਪੀ ਸੀਡਰ
- ਸੁਪਰ ਸੀਡਰ
- ਸਮਾਰਟ ਸੀਡਰ
- ਜੀਰੋ ਟਿੱਲ ਡਰਿੱਲ
- ਬੇਲਰ
- ਰੇਕ
- ਸਰਫੇਸ ਸੀਡਰ
- ਪੈਡੀ ਸਟਰਾਅ ਸਰੈਡਰ/ਮਲਚਰ
- ਉਲਟਾਵੇਂ ਪਲਾਓ ਆਦਿ

ਕਸਟਮ ਹਾਈਰਿੰਗ ਸੈਂਟਰ ਅਤੇ ਪੈਡੀ ਸਪਲਾਈ ਚੇਨ ਸੈਂਟਰ ਸਥਾਪਿਤ ਕਰਨ ਲਈ ਵੀ ਅਰਜੀਆਂ ਦੀ ਮੰਗ ਕੀਤੀ ਜਾਂਦੀ ਹੈ

ਸਬਸਿਡੀ ਦੀ ਦਰ ਸਕੀਮ ਦੀਆਂ ਗਾਈਡਲਾਈਨਜ਼ ਅਨੁਸਾਰ ਹੋਵੇਗੀ।

ਸਬਸਿਡੀ ਲੈਣ ਦੇ ਚਾਹਵਾਨ ਕਿਸਾਨ ਮਿਤੀ 01.04.2026 ਤੋਂ ਮਿਤੀ 24.04.2026 ਸ਼ਾਮ 5:00 ਵਜੇ ਤੱਕ ਆਪਣੀ ਅਰਜੀਆਂ ਆਨਲਾਈਨ ਪੋਰਟਲ ਤੇ ਦੇ ਸਕਦੇ ਹਨ।

ਭਾਰਤ ਸਰਕਾਰ ਵੱਲੋਂ ਸਾਲ 2026-27 ਦੌਰਾਨ CRM/NMAM ਸਕੀਮ ਦੀਆਂ ਨਵੀਆਂ ਹਦਾਇਤਾਂ ਪ੍ਰਾਪਤ ਹੋਣ ਤੇ ਸਬਸਿਡੀ ਤੇ ਮੁਹੱਈਆ ਕਰਵਾਈ ਜਾਣ ਵਾਲੀਆਂ ਮਸ਼ੀਨਾਂ ਦੀ ਸੂਚੀ ਵਿੱਚ ਬਦਲਾਅ ਕੀਤਾ ਜਾ ਸਕਦਾ ਹੈ।

ਵਧੇਰੇ ਜਾਣਕਾਰੀ ਲਈ ਵਿਭਾਗ ਦੀ ਵੈਬਸਾਈਟ ਜਾਂ ਆਪਣੇ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਧਿਕਾਰੀ ਨਾਲ ਸੰਪਰਕ ਕਰੋ ਜੀ।



ਉੱਨਤ ਮਸ਼ੀਨਾਂ ਅਪਣਾਉ, ਖੇਤੀ ਖਰਚੇ ਘਟਾਉ

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ

ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

# ਮਹਿਲਾ ਥਾਣੇ ਦੇ ਗੇਟ 'ਚ ਦੂਜੀ ਵਾਰ ਚੋਰੀ, ਐਸਐਸਪੀ ਰਿਹਾਇਸ਼ ਨੇੜੇ ਰੇਹੜੀ ਨੂੰ ਲਗਾਈ ਅੱਗ

ਬਠਿੰਡਾ, 31 ਮਾਰਚ (ਦੀਪਕ ਸ਼ਰਮਾ) :ਬਠਿੰਡਾ ਪੁਲਿਸ ਦੇ ਸਭ ਤੋਂ ਸੁਰੱਖਿਅਤ ਮੰਨੇ ਜਾਣ ਵਾਲੇ ਇਲਾਕੇ,ਜਿੱਥੇ ਐਸਐਸਪੀ ਦਫ਼ਤਰ, ਉਨ੍ਹਾਂ ਦੀ ਰਿਹਾਇਸ਼ ਅਤੇ ਮਹਿਲਾ ਥਾਣਾ ਸਥਿਤ ਹੈ,ਉੱਥੇ ਚੋਰਾਂ ਨੇ ਪੁਲਿਸ ਦੀ ਨੱਕ ਹੇਠ ਲਗਾਤਾਰ ਵਾਰਦਾਤਾਂ ਕਰਕੇ ਕਾਨੂੰਨ ਵਿਵਸਥਾ ਦੀਆਂ ਧੱਜੀਆਂ ਉਡਾ ਦਿੱਤੀਆਂ ਹਨ। ਹੈਰਾਨੀ ਦੀ ਗੱਲ ਹੈ ਕਿ ਜਿਸ ਮਹਿਲਾ ਥਾਣੇ ਦੇ ਬਾਹਰੋਂ ਚਾਰ ਦਿਨ ਪਹਿਲਾਂ ਚੋਰੀ ਹੋਈ ਸੀ, ਚੋਰਾਂ ਨੇ ਸੋਮਵਾਰ ਰਾਤ ਉਸੇ ਥਾਣੇ ਦੀ ਕੰਧ ਨਾਲੋਂ ਬਾਕੀ ਬਚਿਆ ਸਮਾਨ ਅਤੇ ਮੇਜ਼ ਵੀ ਚੋਰੀ ਕਰਕੇ ਪੁਲਿਸ ਨੂੰ ਖੁੱਲ੍ਹੀ ਚੁਨੌਤੀ ਦਿੱਤੀ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਪੀੜਤ ਮਹਿਲਾ ਕਰਮਜੀਤ ਕੌਰ, ਜੋ ਮਹਿਲਾ ਥਾਣੇ ਦੇ ਗੇਟ ਕੋਲ ਚਾਹ ਦੀ ਰੇਹੜੀ ਲਗਾ ਕੇ ਗੁਜ਼ਾਰਾ ਕਰਦੀ ਹੈ, ਪਹਿਲਾਂ ਹੀ ਚੋਰੀ ਦੀ ਮਾਰ ਝੱਲ ਰਹੀ ਸੀ। 25 ਮਾਰਚ ਨੂੰ ਚੋਰ ਉਸਦੇ ਭਾਂਡੇ ਤੇ ਹੋਰ ਸਮਾਨ ਲੈ ਗਏ ਸਨ, ਪਰ ਹੁਣ ਰਿਹਾ-ਸਿਹਾ ਮੇਜ਼ ਵੀ ਚੁੱਕ ਕੇ ਲੈ ਗਏ। ਸਿਵਲ ਲਾਈਨ ਪੁਲਿਸ ਅਜੇ ਪਹਿਲੀ ਚੋਰੀ ਦਾ ਸੁਰਾਗ ਵੀ ਨਹੀਂ ਲਗਾ ਸਕੀ ਸੀ ਕਿ ਚੋਰਾਂ ਨੇ ਮੁੜ ਉਸੇ ਜਗ੍ਹਾ ਤੇ ਹੱਥ ਸਾਫ਼ ਕਰ ਦਿੱਤਾ।ਇਸੇ ਤਰ੍ਹਾਂ ਦੀ ਇੱਕ ਹੋਰ ਘਟਨਾ ਪ੍ਰਬੰਧਕੀ ਕੰਪਲੈਕਸ ਦੇ ਬਾਹਰ ਵਾਪਰੀ, ਜਿੱਥੇ ਅਣਪਛਾਤੇ ਵਿਅਕਤੀਆਂ ਨੇ ਅਸ਼ਵਨੀ ਨਾਮੀ ਗਰੀਬ ਵਿਅਕਤੀ ਦੀ ਚਾਹ ਵਾਲੀ ਰੇਹੜੀ ਨੂੰ ਅੱਗ ਲਗਾ ਦਿੱਤੀ। ਪੀੜਤ ਦਾ ਸਾਰਾ ਸਮਾਨ ਸੜ ਕੇ ਸਵਾਹ ਹੋ ਗਿਆ ਹੈ ਅਤੇ ਉਸਦੀ ਕਿਸੇ ਨਾਲ ਕੋਈ ਦੁਸ਼ਮਣੀ ਵੀ ਨਹੀਂ ਸੀ।ਦੂਜੇ ਪਾਸੇ, ਚੋਰਾਂ ਨੇ ਮਿੰਨੀ ਸਕੱਤਰੇਤ ਰੋਡ ਤੇ ਸਥਿਤ ਇੱਕ ਘਰ ਨੂੰ ਵੀ ਨਿਸ਼ਾਨਾ ਬਣਾਇਆ। ਰਵੀ ਨਾਮੀ ਵਿਅਕਤੀ ਜਦੋਂ ਆਪਣੇ ਪਰਿਵਾਰ ਸਮੇਤ ਘਰੋਂ ਬਾਹਰ ਸੀ, ਤਾਂ ਚੋਰਾਂ ਨੇ ਤਾਲਾ ਤੋੜ ਕੇ ਕਰੀਬ 15 ਤੋਲੇ ਚਾਂਦੀ, ਇੱਕ ਤੋਲਾ ਸੋਨਾ ਅਤੇ ਗੈਸ ਸਿਲੰਡਰ ਚੋਰੀ ਕਰ ਲਿਆ। ਥਾਣਾ ਕੋਤਵਾਲੀ ਪੁਲਿਸ ਸੀਸੀਟੀਵੀ ਫੁਟੇਜ ਖੰਗਾਲ ਰਹੀ ਹੈ। ਅਤਿ ਸੁਰੱਖਿਆ ਵਾਲੇ ਖੇਤਰਾਂ ਵਿੱਚ ਲਗਾਤਾਰ ਹੋ ਰਹੀਆਂ ਇਨ੍ਹਾਂ ਵਾਰਦਾਤਾਂ ਕਾਰਨ ਸ਼ਹਿਰ ਵਾਸੀਆਂ ਵਿੱਚ ਸਹਿਮ ਦਾ ਮਾਹੌਲ ਹੈ। ਲੋਕਾਂ ਦਾ ਦੋਸ਼ ਹੈ ਕਿ ਸਿਵਲ ਲਾਈਨ ਇਲਾਕੇ ਵਿੱਚ ਰਾਤ ਸਮੇਂ ਪੁਲਿਸ ਗਸ਼ਤ ਨਾਮਾਤਰ ਹੈ, ਜਿਸ ਕਾਰਨ ਅਪਰਾਧੀਆਂ ਦੇ ਹੌਸਲੇ ਬੁਲੰਦ ਹਨ।

# ਸੇਵਾ ਭਾਰਤੀ ਦੀ ਚੋਣ ਸਰਬਸੰਮਤੀ ਨਾਲ, ਅਮਿਤ ਜਿੰਦਲ ਬਣੇ ਪ੍ਰਧਾਨ



ਬੁਢਲਾਡਾ, 31 ਮਾਰਚ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ) : ਸੇਵਾ ਭਾਰਤੀ ਸੰਸਥਾ ਦੀ ਮੀਟਿੰਗ ਵਿੱਚ ਪ੍ਰਧਾਨ ਵਿਨੋਦ ਸਿੰਗਲਾ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ, ਜਿਸ ਵਿੱਚ ਸੰਸਥਾ ਦੇ ਵਿਕਾਸ ਅਤੇ ਭਲਾਈ ਲਈ ਕਈ ਮਹੱਤਵਪੂਰਨ ਫੈਸਲੇ ਲਏ ਗਏ।ਮੀਟਿੰਗ ਦੌਰਾਨ ਸਰਬਸੰਮਤੀ ਨਾਲ ਅਮਿਤ ਜਿੰਦਲ ਨੂੰ ਪ੍ਰਧਾਨ ਚੁਣਿਆ ਗਿਆ। ਇਸ ਮੌਕੇ ਪ੍ਰਧਾਨ ਅਮਿਤ ਜਿੰਦਲ ਨੇ ਮੀਟਿੰਗ ਵਿੱਚ ਪਹੁੰਚੇ ਸਾਰੇ ਮੈਂਬਰਾਂ ਦਾ ਧੰਨਵਾਦ ਕਰਦੇ ਹੋਏ ਸੰਸਥਾ ਦੀ ਭਲਾਈ ਲਈ ਇਕਜੁੱਟ ਹੋ ਕੇ ਕੰਮ ਕਰਨ ਦੀ ਅਪੀਲ ਕੀਤੀ। ਇਸ ਤੋਂ ਇਲਾਵਾ ਡਾ. ਕ੍ਰਿਸ਼ਨ ਜੀ ਨੂੰ ਜਨਰਲ ਸਕੱਤਰ ਅਤੇ ਸ਼ਸ਼ੀ ਕਾਠ ਜੀ ਨੂੰ ਕੈਸ਼ੀਅਰ ਨਿਯੁਕਤ ਕੀਤਾ ਗਿਆ। ਨਵੀਂ ਟੀਮ ਦੀ ਚੋਣ ਦੌਰਾਨ ਸਾਰੇ ਮੈਂਬਰਾਂ ਨੇ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ।ਪ੍ਰਧਾਨ ਅਮਿਤ ਜਿੰਦਲ ਨੇ ਮੌਕੇ 'ਤੇ ਹਾਜ਼ਰ ਸਾਰੇ ਮੈਂਬਰਾਂ ਦਾ ਧੰਨਵਾਦ ਕਰਦੇ ਹੋਏ ਵਿਸ਼ਵਾਸ ਦਿਵਾਇਆ ਕਿ ਉਹ ਸੰਸਥਾ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਸਮਾਜ ਸੇਵਾ ਦੇ ਕੰਮਾਂ ਨੂੰ ਵਧਾਉਣ ਲਈ ਪੂਰੀ ਇਮਾਨਦਾਰੀ ਨਾਲ ਕੰਮ ਕਰਨਗੇ।ਮੀਟਿੰਗ ਵਿੱਚ ਸੰਸਥਾ ਦੇ ਭਵਿੱਖੀ ਪ੍ਰੋਜੈਕਟਾਂ, ਅਤੇ ਸਮਾਜਿਕ ਸੇਵਾਵਾਂ ਨੂੰ ਹੋਰ ਤਾਕਤ ਦੇਣ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਸਾਰੇ ਮੈਂਬਰਾਂ ਨੇ ਆਪਣੇ-ਆਪਣੇ ਸੁਝਾਅ ਪੇਸ਼ ਕੀਤੇ ਅਤੇ ਸੰਸਥਾ ਦੇ ਕੰਮਾਂ ਨੂੰ ਹੋਰ ਸੁਚਾਰੂ ਬਣਾਉਣ ਲਈ ਸਹਿਮਤੀ ਜਤਾਈ। ਮੀਟਿੰਗ ਦੇ ਅੰਤ ਵਿੱਚ ਸਾਰੇ ਮੈਂਬਰਾਂ ਵੱਲੋਂ ਨਵੀਂ ਚੁਣੀ ਗਈ ਟੀਮ ਨੂੰ ਵਧਾਈ ਦਿੱਤੀ ਗਈ ਅਤੇ ਭਵਿੱਖ ਵਿੱਚ ਸੰਸਥਾ ਦੇ ਹਰ ਕਾਰਜ ਵਿੱਚ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ। ਪ੍ਰਧਾਨ ਅਮਿਤ ਜਿੰਦਲ ਨੇ ਕਿਹਾ ਕਿ ਸੰਸਥਾ ਵੱਲੋਂ ਜਲਦ ਹੀ ਨਵੇਂ ਸਮਾਜ ਸੇਵਾ ਪ੍ਰੋਗਰਾਮ ਸ਼ੁਰੂ ਕੀਤੇ ਜਾਣਗੇ, ਜਿਨ੍ਹਾਂ ਦਾ ਲਾਭ ਜ਼ਰੂਰਤਮੰਦ ਲੋਕਾਂ ਤੱਕ ਪਹੁੰਚਾਇਆ ਜਾਵੇਗਾ। ਇਸ ਮੌਕੇ ਐਡਵੋਕੇਟ ਜਤਿੰਦਰ ਗੋਇਲ, ਅਮਰਨਾਥ, ਰਘੂਨਾਥ, ਸ਼ਿਵ ਕਾਸਲ, ਡਾ. ਨਵੀਨ ਸਿੰਗਲਾ, ਰਾਮ ਗੋਪਾਲ, ਮੁਨੀਸ਼ ਕੁਮਾਰ, ਪ੍ਰਿੰਸੀਪਲ ਵਿਜੈ, ਐਡਵੋਕੇਟ ਚੰਦਨ , ਸੁਖਬੀਰ ਮਹਿਤਾ,ਅਤੇ ਬਲਰਾਮ ਕਾਠ ਸਮੇਤ ਕਈ ਮੈਂਬਰ ਹਾਜ਼ਰ ਰਹੇ।

# ਪਾਇਲਟ ਬਣੀ ਧੀ ਗਗਨਦੀਪ ਕੌਰ ਦਾ ਦਾਮਨ ਬਾਜਵਾ ਵੱਲੋਂ ਸਨਮਾਨ



ਸੁਨਾਮ ਊਧਮ ਸਿੰਘ ਵਾਲਾ 31 ਮਾਰਚ (ਮੋਹਣ ਸ਼ਰਮਾ ਰਾਊਵਰਿੰਦਰ ਮਠਾੜੂ)ਵਿਧਾਨ ਸਭਾ ਹਲਕਾ ਸੁਨਾਮ ਦੇ ਪਿੰਡ ਕਿਲਾ ਭਰੀਆਂ ਦੀ ਹੋਣਹਾਰ ਧੀ ਗਗਨਦੀਪ ਕੌਰ ਵੱਲੋਂ ਪਾਇਲਟ ਬਣ ਕੇ ਇਲਾਕੇ ਅਤੇ ਮਾਪਿਆਂ ਦਾ ਨਾਮ ਰੌਸ਼ਨ ਕਰਨ ਦੀ ਖੁਸ਼ੀ ਵਿੱਚ ਭਾਜਪਾ ਜ਼ਿਲ੍ਹਾ ਪ੍ਰਧਾਨ ਦਾਮਨ ਬਾਜਵਾ ਉਨ੍ਹਾਂ ਦੇ ਨਿਵਾਸ ਸਥਾਨ ਪਹੁੰਚੇ।ਇਸ ਮੌਕੇ ਪਾਇਲਟ ਗਗਨਦੀਪ ਕੌਰ ਦੇ ਘਰ ਪਹੁੰਚੇ ਦਾਮਨ ਬਾਜਵਾ ਨੇ ਪਾਇਲਟ ਗਗਨਦੀਪ ਕੌਰ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਖੁਸ਼ੀ ਸਾਂਝੀ ਕਰਦਿਆਂ ਇਸ ਵੱਡੀ ਉਪਲਬਧੀ ਲਈ ਦਿਲੋਂ ਵਧਾਈਆਂ ਦਿੱਤੀਆਂ ਅਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਭਾਜਪਾ ਜ਼ਿਲਾ ਪ੍ਰਧਾਨ ਦਾਮਨ ਬਾਜਵਾ ਨੇ ਕਿਹਾ ਕਿ ਧੀਆਂ ਹਰ ਖੇਤਰ ਵਿੱਚ ਅੱਗੇ ਵੱਧ ਕੇ ਦੇਸ਼ ਅਤੇ ਸਮਾਜ ਦਾ ਮਾਣ ਵਧਾ ਰਹੀਆਂ ਹਨ, ਜੋ ਸਾਡੇ ਲਈ ਬਹੁਤ ਮਾਣ ਵਾਲੀ ਗੱਲ ਹੈ, ਉਨ੍ਹਾਂ ਕਿਹਾ ਗਗਨਦੀਪ ਕੌਰ ਨੇ ਇਕੱਲੇ ਆਪਣੇ ਪਰਿਵਾਰ ਦਾ ਨਾਮ ਹੀ ਨਹੀਂ ਸਗੋਂ ਸਾਡੇ ਹਲਕੇ ਸੁਨਾਮ ਦਾ ਨਾਮ ਵੀ ਰੋਸ਼ਨ ਕੀਤਾ ਹੈ, ਉਨ੍ਹਾਂ ਨੇ ਪਾਇਲਟ ਗਗਨਦੀਪ ਕੌਰ ਦੇ ਉਜਲੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਗਗਨਦੀਪ ਕੌਰ ਨੌਜਵਾਨਾਂ ਭਰਾਵਾਂ ਅਤੇ ਸਾਡੀਆਂ ਧੀਆਂ ਲਈ ਇੱਕ ਪ੍ਰੇਰਨਾ ਸਰੋਤ ਬਣੇ ਹਨ।ਇਸ ਮੌਕੇ ਪਾਇਲਟ ਗਗਨਦੀਪ ਕੌਰ ਦੇ ਪਰਿਵਾਰਿਕ ਮੈਂਬਰਾਂ ਵੱਲੋਂ ਦਾਮਨ ਬਾਜਵਾ ਦਾ ਵੀ ਘਰ ਪਹੁੰਚ ਤੇ ਸਨਮਾਨ ਕੀਤਾ ਗਿਆ।ਇਸ ਸਮੇਂ ਪਾਇਲਟ ਗਗਨਦੀਪ ਕੌਰ ਦੇ ਪਿਤਾ ਜਗਦੇਵ ਸਿੰਘ, ਸੁਖਦੇਵ ਸਿੰਘ ਕਿਲਾ ਭਰੀਆਂ, ਦਲਵੀਰ ਸਿੰਘ ਕਿਲਾ ਭਰੀਆਂ , ਪਰਮਜੀਤ ਸਿੰਘ ਪੰਮਾ ਸਾਬਕਾ ਸਰਪੰਚ ਦੁੱਲਟਵਾਲਾ, ਪੁਸ਼ਪਿੰਦਰ ਦਾਰਾ, ਪਰਮਜੀਤ ਸਿੰਘ ਨੰਬਰਦਾਰ, ਨਿਰਮਲ ਸਿੰਘ, ਅਮਨਦੀਪ ਸਿੰਘ ਆਦਿ ਹਾਜ਼ਰ ਸਨ।

# ਪੱਤਰਕਾਰ ਪਵਨ ਸ਼ਰਮਾ ਨੂੰ ਸਦਮਾ,ਪਿਤਾ ਦਾ ਦਿਹਾਂਤ

ਸੁਨਾਮ ਊਧਮ ਸਿੰਘ ਵਾਲਾ 31 ਮਾਰਚ (ਮੋਹਣ ਸ਼ਰਮਾ ਰਾਊਵਰਿੰਦਰ ਮਠਾੜੂ)ਸੀਨੀਅਰ ਪੱਤਰਕਾਰ ਅਤੇ ਪ੍ਰੈਸ ਕਲੱਬ ਸੁਨਾਮ ਦੇ ਮੀਤ ਪ੍ਰਧਾਨ ਪਵਨ ਸ਼ਰਮਾ ਨੂੰ ਅੱਜ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਪਿਤਾ ਸ੍ਰੀ ਕ੍ਰਿਸ਼ਨ ਚੰਦ ਸ਼ਰਮਾ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖਦੇ ਹੋਏ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ।ਸਿਹਤ ਵਿਭਾਗ ਵਿੱਚ ਆਪਣੀਆ ਸੇਵਾਵਾਂ ਨਿਭਾਉਣ ਵਾਲੇ ਕ੍ਰਿਸ਼ਨ ਚੰਦ ਸ਼ਰਮਾ ਜੀ ਦੇ ਅਚਾਨਕ ਹੋਏ ਦਿਹਾਂਤ ਤੇ ,ਕੈਬਨਿਟ ਮੰਤਰੀ ਪੰਜਾਬ ਸ੍ਰੀ ਅਮਨ ਅਰੋੜਾ,ਖਜਾਨਾ ਮੰਤਰੀ ਪੰਜਾਬ ਸ੍ਰ ਹਰਪਾਲ ਸਿੰਘ ਚੀਮਾ,ਕੈਬਨਿਟ ਮੰਤਰੀ ਸ੍ਰੀ ਬਰਿੰਦਰ ਗੋਇਲ,ਸਾਬਕਾ ਮੰਤਰੀ ਪ੍ਰਮਿੰਦਰ ਸਿੰਘ ਢੀਂਡਸਾ,ਸੀਨੀਅਰ ਅਕਾਲੀ ਆਗੂ ਸ੍ਰੀ ਅਰਵਿੰਦ ਖੰਨਾ ,ਸਾਬਕਾ ਮੈਂਬਰ ਪਾਰਲੀਮੈਂਟ ਸ੍ਰ ਸਿਮਰਨਜੀਤ ਸਿੰਘ ਮਾਨ,ਸਾਬਕਾ ਮੰਤਰੀ ਬਲਦੇਵ ਸਿੰਘ ਮਾਨ,ਭਾਜਪਾ ਆਗੂ ਮੈਡਮ ਦਾਮਨ ਥਿੰਦ ਬਾਜਵਾ,ਹਰਮਨ ਦੇਵ ਸਿੰਘ ਬਾਜਵਾ,ਭਾਈ ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਮੰਤਰੀ,ਜੱਥੇਦਾਰ ਗੁਰਪ੍ਰੀਤ ਸਿੰਘ ਲਖਮੀਰਵਾਲਾ,ਕਾਗਰਸੀ ਆਗੂ ਰਜਿੰਦਰ ਦੀਪਾ,ਵਿਨਰਜੀਤ ਸਿੰਘ ਗੋਲਡੀ,ਡਾ ਅਵਿਨਾਸ ਰਾਣਾ,ਰਾਜਿੰਦਰ ਸਿੰਘ ਰਾਜਾ,ਮੰਡੀ ਬੋਰਡ ਦੇ ਸਾਬਕਾ ਵਾਈਸ ਚੇਅਰਮੈਨ ਰਵਿੰਦਰ ਸਿੰਘ ਚੀਮਾ,ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਪ੍ਰਿਤਪਾਲ ਸਿੰਘ ਹਾਂਡਾ,ਸਾਬਕਾ ਵਿਧਾਇਕ ਸੁਰਜੀਤ ਸਿੰਘ ਧੀਮਾਨ,ਭਾਜਪਾ ਆਗੂ ਅਮ੍ਰਿਤ ਪਾਲ ਸਿੰਘ ਚੱਠਾ,ਪੰਜਾਬ ਐਗਰੋ ਫੂਡ ਗ੍ਰੇਨ ਦੀ ਸਾਬਕਾ ਚੇਅਰਮੈਨ ਮੈਡਮ ਗੀਤਾ ਸ਼ਰਮਾ,ਜਗਤਜੀਤ ਇੰਡਿ ਚੀਮਾ ਦੇ ਚੇਅਰਮੈਨ ਧਰਮ ਸਿੰਘ ਸਿੰਘ ਸਾਰੋ ਤੇ ਐਮ, ਡੀ ਜਗਤਜੀਤ ਸਿੰਘ ਸਾਰੋ,ਜਸਵਿੰਦਰ ਸਿੰਘ ਧੀਮਾਨ,ਨਗਰ ਕੌਂਸਲ ਦੇ ਪ੍ਰਧਾਨ ਨਿਸ਼ਾਨ ਸਿੰਘ ਟੋਨੀ,ਪਰਮਜੀਤ ਸਿੰਘ ਧਾਲੀਵਾਲ,ਹਰਬੰਸ ਸਿੰਘ ਧਾਲੀਵਾਲ,ਪ੍ਰੈਸ ਕਲੱਬ ਸੁਨਾਮ ਦੇ ਪ੍ਰਧਾਨ ਰੁਪਿੰਦਰ ਸਿੰਘ ਸੱਗੂ,ਤੇ ਜਰਨਲ ਸੈਕਟਰੀ ਰਤਨ ਦੇਵ ਵਰਮਾ,ਮਨਿੰਦਰ ਸਿੰਘ ਧਾਲੀਵਾਲ, ਪ੍ਰਭਸਰਨ ਸਿੰਘ ਬੱਬੂ ,ਪ੍ਰਮਿੰਦਰ ਸਿੰਘ ਜਾਰਜ,ਹੈਪੀ ਵਸਿਸਟ,ਡਾ ਪ੍ਰਸ਼ੋਤਮ ਵਸਿਸਟ,ਸੁਰਜੀਤ ਸਿੰਘ ਗਹੀਰ,ਗੁਰਿੰਦਰ ਜੀਤ ਸਿੰਘ ਧਾਲੀਵਾਲ ਆਦਿ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਕ੍ਰਿਸ਼ਨ ਚੰਦ ਸ਼ਰਮਾ ਦੀ ਅੰਤਿਮ ਅਰਦਾਸ 2 ਅਪ੍ਰੈਲ ਦਿਨ ਵੀਰਵਾਰ ਨੂੰ ਦੁਪਹਿਰ 1ਤੋਂ 2 ਵਜੇ ਤੱਕ ਰਾਮੇਸ਼ਵਰ ਮੰਦਿਰ ਇੰਦਰਾ ਬਸਤੀ ਸੁਨਾਮ ਵਿਖੇ ਹੋਵੇਗੀ

# ਟਕਸਾਲੀ ਕਾਂਗਰਸੀਆਂ ਨੂੰ ਪਾਰਟੀ ਵਿੱਚ ਮਿਲੇਗਾ ਪੂਰਾ ਮਾਣ-ਸਨਮਾਨ : ਕੁਲਵੰਤ ਰਾਏ ਸਿੰਗਲਾ

## 2027 'ਚ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਨੀ ਨਿਸ਼ਚਿਤ



ਬੁਢਲਾਡਾ, 31 ਮਾਰਚ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ):ਜ਼ਿਲ੍ਹਾ ਕਾਂਗਰਸ ਕਮੇਟੀ ਮਾਨਸਾ ਦੇ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਵੱਲੋਂ ਪਾਰਟੀ ਨੂੰ ਮਜ਼ਬੂਤ ਕਰਨ ਲਈ ਜ਼ਮੀਨੀ ਪੱਧਰ 'ਤੇ ਲਗਾਤਾਰ ਸਰਗਰਮੀਆਂ ਕੀਤੀਆਂ ਜਾ ਰਹੀਆਂ ਹਨ। ਇਸ ਤਹਿਤ ਉਨ੍ਹਾਂ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਘਰ ਬੈਠੇ ਟਕਸਾਲੀ ਅਤੇ ਬਜ਼ੁਰਗ ਕਾਂਗਰਸੀ ਆਗੂਆਂ ਨਾਲ ਸੰਪਰਕ ਬਣਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸਨੂੰ ਪਾਰਟੀ ਦੇ ਅੰਦਰ ਇੱਕ ਨਵੀਂ ਸੰਜੀਵਨੀ ਵਜੋਂ ਵੇਖਿਆ ਜਾ ਰਿਹਾ ਹੈ। ਇਸ ਸਿਲਸਿਲੇ ਦੇ ਤਹਿਤ ਅੱਜ ਕੁਲਵੰਤ ਰਾਏ ਸਿੰਗਲਾ ਨੇ ਬੁਢਲਾਡਾ ਖੇਤਰ ਦੇ ਸੀਨੀਅਰ ਅਤੇ ਟਕਸਾਲੀ ਆਗੂਆਂ — ਲਕਸ਼ਮੀ ਨਰਾਇਣ (ਕੰਟੀਨ ਵਾਲੇ), ਹਰਬੰਸ ਸਿੰਘ ਖਿਪਲ, ਬਨਾਰਸੀ ਦਾਸ ਜੈਨ ਅਤੇ ਰਾਜ ਕੁਮਾਰ ਬਹੁ ਵਾਲੇ — ਦੇ ਘਰ ਜਾ ਕੇ ਉਨ੍ਹਾਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੇ ਆਗੂਆਂ ਦੀ ਸਿਹਤ ਦਾ ਹਾਲ-ਚਾਲ ਪੁੱਛਿਆ ਅਤੇ ਉਨ੍ਹਾਂ ਦੇ ਰਾਜਨੀਤਿਕ ਤਜਰਬੇ ਨੂੰ ਸਲਾਮ ਕੀਤਾ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਪਾਰਟੀ ਨੂੰ ਅਜਿਹੇ ਅਨੁਭਵੀ ਨੇਤਾਵਾਂ ਦੀ ਸਖ਼ਤ ਲੋੜ ਹੈ, ਜੋ ਸੰਗਠਨ ਨੂੰ ਸਹੀ ਦਿਸ਼ਾ ਦੇ ਸਕਣ। ਕੁਲਵੰਤ ਸਿੰਗਲਾ ਨੇ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਪਾਰਟੀ ਦੀ ਚੜ੍ਹਦੀ ਕਲਾ ਲਈ ਆਪਣਾ ਅਸ਼ੀਰਵਾਦ ਦੇਣ ਅਤੇ ਆਪਣੇ ਪਰਿਵਾਰਾਂ ਦੇ ਨੌਜਵਾਨਾਂ ਨੂੰ ਮੁੜ ਕਾਂਗਰਸ ਨਾਲ ਜੋੜਨ ਵਿੱਚ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੀ ਤਾਕਤ ਉਸਦੇ ਵਰਕਰਾਂ ਅਤੇ ਸੀਨੀਅਰ ਨੇਤਾਵਾਂ ਦੀ ਇਕਜੁੱਟਤਾ ਵਿੱਚ ਹੀ ਨਿਹਿਤ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਜੇਕਰ ਪੁਰਾਣੇ ਅਤੇ ਨਵੇਂ ਵਰਕਰ ਇਕੱਠੇ ਹੋ ਕੇ ਕੰਮ ਕਰਨ, ਤਾਂ ਪਾਰਟੀ ਨੂੰ ਮਜ਼ਬੂਤ ਬਣਾਉਣਾ ਕੋਈ ਮੁਸ਼ਕਲ ਕੰਮ ਨਹੀਂ। ਇਸ ਦੌਰਾਨ ਟਕਸਾਲੀ ਆਗੂਆਂ ਵੱਲੋਂ ਵੀ ਜ਼ਿਲ੍ਹਾ ਪ੍ਰਧਾਨ ਨੂੰ ਭਰੋਸਾ ਦਿਵਾਇਆ ਗਿਆ ਕਿ ਉਹ ਆਪਣੇ ਘਰਾਂ ਦੇ ਨੌਜਵਾਨ ਮੈਂਬਰਾਂ ਨੂੰ ਕਾਂਗਰਸ ਨਾਲ ਜੋੜਨਗੇ ਅਤੇ ਪਾਰਟੀ ਦੇ ਹਰ ਪ੍ਰੋਗਰਾਮ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣਗੇ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਨੇ ਹਮੇਸ਼ਾ ਲੋਕਾਂ ਦੇ ਹਿੱਤਾਂ ਲਈ ਕੰਮ ਕੀਤਾ ਹੈ ਅਤੇ ਉਹ ਅਗਾਂਹ ਵੀ ਇਸੀ ਤਰ੍ਹਾਂ ਲੋਕ ਸੇਵਾ ਵਿੱਚ ਯਕੀਨ ਰੱਖਦੇ ਹਨ। ਇਸ ਮੌਕੇ ਗੱਲਬਾਤ ਕਰਦਿਆਂ ਕੁਲਵੰਤ ਰਾਏ ਸਿੰਗਲਾ ਨੇ ਸਪਸ਼ਟ ਕੀਤਾ ਕਿ ਟਕਸਾਲੀ ਕਾਂਗਰਸੀਆਂ ਨੂੰ ਪਾਰਟੀ ਵਿੱਚ ਪੂਰਾ ਮਾਣ-ਸਨਮਾਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੁਰਾਣੇ ਆਗੂਆਂ ਦੇ ਤਜਰਬੇ ਅਤੇ ਮਾਰਗਦਰਸ਼ਨ ਨਾਲ ਹੀ ਸੰਗਠਨ ਮਜ਼ਬੂਤ ਹੁੰਦਾ ਹੈ ਅਤੇ ਨਵੀਂ ਪੀੜ੍ਹੀ ਨੂੰ ਸਹੀ ਦਿਸ਼ਾ ਮਿਲਦੀ ਹੈ। ਉਨ੍ਹਾਂ ਨੇ ਕਿਹਾ ਕਿ ਕਾਂਗਰਸ ਪਾਰਟੀ ਕਿਸੇ ਇੱਕ ਵਿਅਕਤੀ ਦੀ ਨਹੀਂ, ਸਗੋਂ ਹਰ ਵਰਕਰ ਦੀ ਪਾਰਟੀ ਹੈ, ਇਹ ਪਾਰਟੀ ਕਿਸੇ ਇਕ ਵਿਅਕਤੀ ਦੀ ਜਗੀਰ ਨਹੀਂ ਹੈ ਜੋ ਮਨਮਰਜ਼ੀ ਨਾਲ ਕੰਮ ਕਰੇਗਾ ਉਸ ਖ਼ਿਲਾਫ਼ ਕਾਰਵਾਈ ਕੀਤੀ ਜਾਵੇਗੀ। ਕਾਂਗਰਸ ਵਿੱਚ ਹਰ ਕਿਸੇ ਦੀ ਕਦਰ ਕੀਤੀ ਜਾਂਦੀ ਹੈ। ਉਨ੍ਹਾਂ ਨੇ ਦਾਅਵਾ ਕੀਤਾ ਕਿ ਪੰਜਾਬ ਵਿੱਚ ਮੌਜੂਦਾ ਸਰਕਾਰ ਦੀਆਂ ਨੀਤੀਆਂ ਨਾਲ ਲੋਕ ਨਾਰਾਜ਼ ਹਨ ਅਤੇ ਵੱਡੀ ਗਿਣਤੀ ਵਿੱਚ ਲੋਕ ਕਾਂਗਰਸ ਵੱਲ ਵਾਪਸ ਆ ਰਹੇ ਹਨ। ਇਹ ਗੱਲ ਵੀ ਕਈ ਮੌਕਿਆਂ 'ਤੇ ਸਾਹਮਣੇ ਆ ਚੁੱਕੀ ਹੈ ਕਿ ਕਾਂਗਰਸ ਆਪਣੀ ਸੰਗਠਨਾਤਮਕ ਤਾਕਤ ਨੂੰ ਮਜ਼ਬੂਤ ਕਰ ਰਹੀ ਹੈ ਅਤੇ ਆਉਣ ਵਾਲੀਆਂ ਚੋਣਾਂ ਲਈ ਤਿਆਰੀ ਕਰ ਰਹੀ ਹੈ । ਕੁਲਵੰਤ ਸਿੰਗਲਾ ਨੇ ਪੂਰੇ ਵਿਸ਼ਵਾਸ ਨਾਲ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਪੰਜਾਬ ਵਿੱਚ ਭਾਰੀ ਬਹੁਮਤ ਨਾਲ ਸਰਕਾਰ ਬਣਾਏਗੀ। ਉਨ੍ਹਾਂ ਕਿਹਾ ਕਿ ਪਾਰਟੀ ਵਰਕਰਾਂ ਦੀ ਮਿਹਨਤ, ਲੋਕਾਂ ਦਾ ਭਰੋਸਾ ਅਤੇ ਸੰਗਠਨ ਦੀ ਇਕਜੁੱਟਤਾ ਕਾਂਗਰਸ ਨੂੰ ਮੁੜ ਸੱਤਾ ਵਿੱਚ ਲਿਆਏਗੀ। ਉਨ੍ਹਾਂ ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਘਰ-ਘਰ ਜਾ ਕੇ ਪਾਰਟੀ ਦੀਆਂ ਨੀਤੀਆਂ ਅਤੇ ਪ੍ਰੋਗਰਾਮਾਂ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ। ਉਨ੍ਹਾਂ ਇਹ ਵੀ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਸਮਾਜ ਦੇ ਹਰ ਵਰਗ ਦੇ ਹਿੱਤਾਂ ਲਈ ਖੜ੍ਹੀ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਹ ਪਰੰਪਰਾ ਜਾਰੀ ਰਹੇਗੀ। ਉਨ੍ਹਾਂ ਨੇ ਖਾਸ ਤੌਰ 'ਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਰਾਜਨੀਤੀ ਵਿੱਚ ਸਰਗਰਮ ਭੂਮਿਕਾ ਨਿਭਾਉਣ ਅਤੇ ਦੇਸ਼ ਤੇ ਸੂਬੇ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ। ਇਸ ਮੌਕੇ ਪਾਰਟੀ ਵਰਕਰਾਂ ਵਿੱਚ ਕਾਫੀ ਉਤਸ਼ਾਹ ਵੇਖਣ ਨੂੰ ਮਿਲਿਆ ਅਤੇ ਉਨ੍ਹਾਂ ਨੇ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ 'ਤੇ ਪੂਰਾ ਭਰੋਸਾ ਜਤਾਇਆ। ਵਰਕਰਾਂ ਨੇ ਕਿਹਾ ਕਿ ਉਹ ਆਉਣ ਵਾਲੀਆਂ ਚੋਣਾਂ ਵਿੱਚ ਕਾਂਗਰਸ ਦੀ ਜਿੱਤ ਯਕੀਨੀ ਬਣਾਉਣ ਲਈ ਪੂਰੀ ਤਨ-ਮਨ ਨਾਲ ਕੰਮ ਕਰਨਗੇ। ਕੁੱਲ ਮਿਲਾ ਕੇ, ਕੁਲਵੰਤ ਰਾਏ ਸਿੰਗਲਾ ਦੀ ਇਹ ਮੁਹਿੰਮ ਪਾਰਟੀ ਦੇ ਅੰਦਰ ਇਕਜੁੱਟਤਾ ਨੂੰ ਮਜ਼ਬੂਤ ਕਰਨ ਅਤੇ ਟਕਸਾਲੀ ਆਗੂਆਂ ਨੂੰ ਮੁੜ ਸਰਗਰਮ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਵਜੋਂ ਵੇਖੀ ਜਾ ਰਹੀ ਹੈ।

# ਵਕੀਲ ਨੂੰ ਖੁਦਕੁਸ਼ੀ ਲਈ ਮਜਬੂਰ ਕਰਨ ਵਾਲੇ ਬਿਲਡਰਾਂ ਖ਼ਿਲਾਫ਼ ਲੁੱਕ ਆਊਟ ਨੋਟਿਸ ਜਾਰੀ, ਦੇਸ਼ ਛੱਡਣ 'ਤੇ ਰੋਕ



ਬਠਿੰਡਾ, 31 ਮਾਰਚ (ਦੀਪਕ ਸ਼ਰਮਾ) : ਵਕੀਲ ਦਵਿੰਦਰ ਪਾਲ ਸਿੰਘ ਨੱਤ ਵੱਲੋਂ ਖੁਦਕੁਸ਼ੀ ਕੀਤੇ ਜਾਣ ਦੇ ਹਾਈ-ਪ੍ਰੋਫਾਈਲ ਮਾਮਲੇ ਵਿੱਚ ਬਠਿੰਡਾ ਪੁਲਿਸ ਨੇ ਸ਼ਿਕੰਜਾ ਕੱਸਦਿਆਂ ਤਿੰਨ ਨਾਮਜ਼ਦ ਬਿਲਡਰਾਂ ਖਿਲਾਫ ਲੁੱਕ ਆਊਟ ਨੋਟਿਸ ਜਾਰੀ ਕਰ ਦਿੱਤਾ ਹੈ। ਪੁਲਿਸ ਵੱਲੋਂ ਇਹ ਸਖ਼ਤ ਕਦਮ ਮੁਲਜ਼ਮਾਂ ਦੇ ਦੇਸ਼ ਛੱਡ ਕੇ ਫਰਾਰ ਹੋਣ ਦੇ ਖ਼ਦਸ਼ੇ ਨੂੰ ਦੇਖਦਿਆਂ ਚੁੱਕਿਆ ਗਿਆ ਹੈ, ਜਦਕਿ ਉਨ੍ਹਾਂ ਦੀ ਗ੍ਰਿਫਤਾਰੀ ਲਈ ਵਿਸ਼ੇਸ਼ ਟੀਮਾਂ ਵੱਲੋਂ ਲਗਾਤਾਰ ਸੰਭਾਵੀ ਟਿਕਾਣਿਆਂ ਤੇ ਛਾਪੇਮਾਰੀ ਕੀਤੀ ਜਾ ਰਹੀ ਹੈ।ਇਸ ਦਰਦਨਾਕ ਘਟਨਾ ਨੇ ਪੂਰੇ ਸ਼ਹਿਰ ਨੂੰ ਝੰਜੋੜ ਕੇ ਰੱਖ ਦਿੱਤਾ ਹੈ, ਜਿਸ ਵਿੱਚ ਮ੍ਰਿਤਕ ਵੱਲੋਂ ਖੁਦਕੁਸ਼ੀ ਤੋਂ ਪਹਿਲਾਂ ਰਿਕਾਰਡ ਕੀਤੀ ਗਈ ਕਰੀਬ 9 ਮਿੰਟ ਦੀ ਵੀਡੀਓ ਅਤੇ ਲਿਖਤੀ ਸੁਸਾਈਡ ਨੋਟ ਜਾਂਚ ਦਾ ਮੁੱਖ ਆਧਾਰ ਬਣੇ ਹਨ। ਪੁਲਿਸ ਨੇ ਮ੍ਰਿਤਕ ਦੀ ਮਾਂ ਪਰਮਿੰਦਰ ਕੌਰ ਦੇ ਬਿਆਨਾਂ ਤੇ ਕਥਿਤ ਦੋਸ਼ੀ ਬਿਲਡਰ ਬਿੰਦਰਪਾਲ ਮਿੱਤਲ ਅਤੇ ਉਸ ਦੇ ਪੁੱਤਰਾਂ ਪ੍ਰਤੀਕ ਮਿੱਤਲ ਤੇ ਭਰਤ ਮਿੱਤਲ ਖਿਲਾਫ ਖੁਦਕੁਸ਼ੀ ਲਈ ਉਕਸਾਉਣ ਦੇ ਦੋਸ਼ ਹੇਠ ਕੇਸ ਦਰਜ ਕੀਤਾ ਹੈ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਇਹ ਵਿਵਾਦ ਸਿਰਫ਼ 55 ਲੱਖ ਰੁਪਏ ਤੱਕ ਸੀਮਤ ਨਹੀਂ ਸੀ, ਸਗੋਂ ਮ੍ਰਿਤਕ ਨੇ ਬਿਲਡਰਾਂ ਕੋਲ ਆਪਣੇ ਸਾਢੇ 5 ਕਰੋੜ ਰੁਪਏ ਅਤੇ ਦੋਸਤਾਂ ਦੇ 6-7 ਕਰੋੜ ਰੁਪਏ ਨਿਵੇਸ਼ ਕਰਵਾਏ ਹੋਏ ਸਨ। ਪੈਸੇ ਵਾਪਸ ਨਾ ਮਿਲਣ ਕਾਰਨ ਪੈਦਾ ਹੋਏ ਮਾਨਸਿਕ ਅਤੇ ਆਰਥਿਕ ਬੋਝ ਨੇ ਦਵਿੰਦਰ ਨੂੰ ਆਪਣੀ ਜੀਵਨ ਲੀਲਾ ਸਮਾਪਤ ਕਰਨ ਲਈ ਮਜਬੂਰ ਕਰ ਦਿੱਤਾ। ਇਸ ਸਬੰਧੀ ਐਸਪੀ ਸਿਟੀ ਨਰਿੰਦਰ ਸਿੰਘ ਨੇ ਦੱਸਿਆ ਕਿ ਵਾਰਦਾਤ ਤੋਂ ਬਾਅਦ ਮੁਲਜ਼ਮ ਆਪਣੇ ਮੋਬਾਈਲ ਫ਼ੋਨ ਬੰਦ ਕਰਕੇ ਰੂਪੋਸ਼ ਹੋ ਗਏ ਹਨ, ਜਿਸ ਕਾਰਨ ਉਨ੍ਹਾਂ ਦੀ ਲੋਕੇਸ਼ਨ ਲੱਭਣ ਵਿੱਚ ਤਕਨੀਕੀ ਮਦਦ ਲਈ ਜਾ ਰਹੀ ਹੈ। ਪੁਲਿਸ ਅਧਿਕਾਰੀ ਨੇ ਸਪੱਸ਼ਟ ਕੀਤਾ ਕਿ ਕਿਸੇ ਵੀ ਮੁਲਜ਼ਮ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਵਿੱਤੀ ਧੋਖਾਧੜੀ ਦੇ ਪਹਿਲੂ ਦੀ ਵੀ ਬਾਰੀਕੀ ਨਾਲ ਪੜਤਾਲ ਕੀਤੀ ਜਾ ਰਹੀ ਹੈ। ਫਿਲਹਾਲ ਸ਼ਹਿਰ ਵਿੱਚ ਬਿਲਡਰ ਲਾਬੀ ਖਿਲਾਫ ਭਾਰੀ ਰੋਸ ਦੇਖਿਆ ਜਾ ਰਿਹਾ ਹੈ ਅਤੇ ਸਮਾਜਿਕ ਜਥੇਬੰਦੀਆਂ ਮੁਲਜ਼ਮਾਂ ਦੀ ਤੁਰੰਤ ਗ੍ਰਿਫਤਾਰੀ ਦੀ ਮੰਗ ਕਰ ਰਹੀਆਂ ਹਨ।

# ਮਨਜੀਤ ਸਿੰਘ ਧੁੰਨਾ ਅਕਾਲੀ ਦਲ ਬੀ.ਸੀ ਵਿੰਗ ਪੰਜਾਬ ਦੇ ਮੀਤ ਪ੍ਰਧਾਨ ਨਿਯੁਕਤ



ਭਗਤਾ ਭਾਈ ਕਾ, 31 ਮਾਰਚ (ਸਵਰਨ ਸਿੰਘ ਭਗਤਾ) : ਇਲਾਕੇ ਦੇ ਪ੍ਰਸਿੱਧ ਸਮਾਜ ਸੇਵੀ ਅਤੇ ਰਾਜਨੀਤਿਕ ਸਰਗਰਮ ਆਗੂ ਮਨਜੀਤ ਸਿੰਘ ਧੁੰਨਾ ਨੂੰ ਬੀ.ਸੀ ਵਿੰਗ ਪੰਜਾਬ ਦਾ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਨੂੰ ਲੈਕੇ ਭਗਤਾ ਭਾਈ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਪਈ ਹੈ ਅਤੇ ਵੱਖ-ਵੱਖ ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਸੰਗਠਨਾਂ ਵੱਲੋਂ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ। ਇਸ ਮੌਕੇ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਨੇ ਮਨਜੀਤ ਸਿੰਘ ਧੁੰਨਾ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਇਹ ਨਿਯੁਕਤੀ ਉਨ੍ਹਾਂ ਦੀ ਲੰਬੇ ਸਮੇਂ ਦੀ ਨਿਸ਼ਠਾ, ਮਿਹਨਤ ਅਤੇ ਪਾਰਟੀ ਪ੍ਰਤੀ ਆਪਣ ਸਮਰਪਣ ਦਾ ਸਬੂਤ ਹੈ। ਉਨ੍ਹਾਂ ਨੇ ਆਸ ਜਤਾਈ ਕਿ ਮਨਜੀਤ ਸਿੰਘ ਧੁੰਨਾ ਪਹਿਲਾਂ ਦੀ ਤਰ੍ਹਾਂ ਹੋਰ ਵੀ ਜੋਸ਼ ਅਤੇ ਜ਼ਿੰਮੇਵਾਰੀ ਨਾਲ ਕੰਮ ਕਰਦੇ ਹੋਏ ਪਾਰਟੀ ਦੀ ਚੜ੍ਹਦੀਕਲਾ ਲਈ ਆਪਣਾ ਮਹੱਤਵਪੂਰਨ ਯੋਗਦਾਨ ਪਾਉਣਗੇ। ਜ਼ਿਕਰਯੋਗ ਹੈ ਕਿ ਮਨਜੀਤ ਸਿੰਘ ਧੁੰਨਾ ਪਿਛਲੇ ਕਈ ਸਾਲਾਂ ਤੋਂ ਪਾਰਟੀ ਨਾਲ ਜੁੜੇ ਹੋਏ ਹਨ। ਉਨ੍ਹਾਂ ਨੇ ਪਹਿਲਾਂ ਲਗਾਤਾਰ 12 ਸਾਲ ਯੂਥ ਵਿੰਗ ਦੇ ਹਲਕਾ ਪ੍ਰਧਾਨ ਵਜੋਂ ਅਤੇ ਫਿਰ ਅਗਲੇ 12 ਸਾਲ ਬੀ.ਸੀ. ਵਿੰਗ ਦੇ ਹਲਕਾ ਪ੍ਰਧਾਨ ਵਜੋਂ ਆਪਣੀਆਂ ਸੇਵਾਵਾਂ ਦਿੱਤੀਆਂ।ਸ੍ਰੀ. ਧੁੰਨਾ ਨੇ ਨੇ ਹਮੇਸ਼ਾ ਜ਼ਮੀਨੀ ਪੱਧਰ 'ਤੇ ਕੰਮ ਕਰਦਿਆਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਵਾਉਣ ਲਈ ਆਪਣੀ ਭੂਮਿਕਾ ਨਿਭਾਈ ਹੈ। ਉਨ੍ਹਾਂ ਦੀ ਇਸ ਨਵੀਂ ਜ਼ਿੰਮੇਵਾਰੀ ਨਾਲ ਬੀ ਸੀ ਵਿੰਗ ਦੇ ਨਾਲ ਨਾਲ ਸਮੁੱਚੀ ਪਾਰਟੀ ਨੂੰ ਹੋਰ ਮਜ਼ਬੂਤੀ ਮਿਲਣ ਦੀ ਉਮੀਦ ਜਤਾਈ ਜਾ ਰਹੀ ਹੈ। ਇਸ ਨਿਯੁਕਤੀ ਨੂੰ ਲੈ ਕੇ ਧੁੰਨਾ ਦੇ ਸਹਿਯੋਗੀਆਂ ਵਿੱਚ ਵੀ ਖਾਸ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਆਪਣੀ ਨਿਯੁਕਤੀ ਤੇ ਮਨਜੀਤ ਸਿੰਘ ਧੁੰਨਾ ਨੇ ਸ੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਹੀਰਾ ਸਿੰਘ ਗਾਬੜੀਆ ਪ੍ਰਧਾਨ ਬੀ.ਸੀ. ਵਿੰਗ ਅਤੇ ਸਿਕੰਦਰ ਸਿੰਘ ਮਲੂਕਾ ਸਾਬਕਾ ਮੰਤਰੀ ਸਮੇਤ ਸਮੁੱਚੀ ਲੀਡਰਸ਼ਿਪ ਦਾ ਹਾਰਦਿਕ ਧੰਨਵਾਦ ਕਰਦਿਆਂ ਕਿਹਾ ਉਹ ਪਾਰਟੀ ਹਾਈਕਮਾਂਡ ਵਲੋਂ ਉਨ੍ਹਾਂ ਵਿਚ ਪ੍ਰਗਟਾਈ ਭਰੋਸੇਯੋਗਤਾ ਉੱਪਰ ਖ਼ਰਾ ਉਤਰਨ ਲਈ ਤਨ-ਮਨ ਨਾਲ ਸਖਤ ਮਿਹਨਤ ਕਰਨਗੇ। ਇਸ ਮੌਕੇ ਸਾਬਕਾ ਚੇਅਰਮੈਨ ਗਗਨਦੀਪ ਸਿੰਘ ਗਰੇਵਾਲ, ਰਾਕੇਸ਼ ਕੁਮਾਰ ਗੋਇਲ, ਪ੍ਰਮਾਤਮਾ ਸਿੰਘ ਹਮੀਰਗੜ੍ਹ, ਸ਼ਵਿੰਦਰਪਾਲ ਸਿੰਘ ਸਲਾਬਤਪੁਰਾ, ਗੁਰਲਾਲ ਸਿੰਘ ਸਲਾਬਤਪੁਰਾ, ਡਾ. ਜਸਪਾਲ ਸਿੰਘ ਦਿਆਲਪੁਰਾ ਜਿਲ੍ਹਾ ਪ੍ਰੀਸ਼ਦ ਮੈਂਬਰ, ਸੁਖਦੀਪ ਸਿੰਘ ਸਿੱਪੀ ਸਿਰੀਏਵਾਲ ਜਿਲ੍ਹਾ ਪ੍ਰੀਸ਼ਦ ਮੈਂਬਰ, ਜਗਮੋਹਨ ਲਾਲ ਭਗਤਾ, ਸੁਖਜਿੰਦਰ ਸਿੰਘ ਖਾਨਦਾਨ, ਡਾ. ਪ੍ਰਨੀਤ ਕੌਰ ਦਿਓਲ, ਗੁਰਤੇਜ ਸਿੰਘ ਚਾਨੀ, ਦਰਸ਼ਨ ਸਿੰਘ ਭਾਈਕੇ, ਸਤਵਿੰਦਰਪਾਲ ਸਿੰਘ ਪਿੰਦਰ ਪ੍ਰਧਾਨ, ਸੁਖਜਿੰਦਰ ਸਿੰਘ ਖਹਿਰਾ, ਅਮਨ ਬਰਾੜ ਬੁਰਜ, ਭੀਮ ਸੈਨ ਜਲਾਲ, ਹਰਜੀਤ ਸਿੰਘ ਮਲੂਕਾ, ਅਮਰਜੀਤ ਸਿੰਘ ਦਿਆਲਪੁਰਾ, ਹਰਜੀਤ ਸਿੰਘ ਮਲੂਕਾ, ਸੁਖਚੈਨ ਪਿੰਟੂ ਜਲਾਲ, ਗੁਲਾਬ ਚੰਦ ਸਿੰਗਲਾ ਜਲਾਲ,ਹਰਜੀਤ ਸਿੰਘ ਦਰੋਗਾ, ਗੁਰਪਾਲ ਸਿੰਘ ਭੱਟੀ, ਗੁਰਬਿੰਦਰ ਕੌਰ ਭਗਤਾ, ਕੁਲਦੀਪ ਕੌਰ ਬਰਾੜ, ਪਰਮਜੀਤ ਕੌਰ ਬਰਾੜ, ਲਖਵੀਰ ਸਿੰਘ ਮੌੜ, ਜਸਪਾਲ ਸਿੰਘ ਵੜਿੰਗ, ਜਰਨੈਲ ਸਿੰਘ ਭੋਡੀਪੁਰਾ, ਪੁਨੀਤਪਾਲ ਸਿੰਘ ਗੋਲਾ, ਗੁਲਾਬ ਚੰਦ ਸਿੰਗਲਾ, ਸਰਬਜੀਤ ਸੰਮੂ ਕਾਂਗੜ, ਕਰਮਜੀਤ ਸਿੰਘ ਕਾਂਗੜ, ਨਿਰਮਲ ਸਿੰਘ ਹੀਰੋ ਵਾਲੇ, ਰੁਘਬੀਰ ਸਿੰਘ ਕਾਕਾ, ਸ਼ੁੱਕਰ ਸਿੰਘ ਭੋਡੀਪੁਰਾ, ਪਰਪਿੰਦਰ ਟੀਨਾ, ਸੁਖਮੰਦਰ ਸਿੰਘ ਭੋਲਾ, ਗੁਰਚਰਨ ਸਿੰਘ ਪੁਰੀ, ਹੰਸ ਸਿੰਘ ਸੋਹੀ ਆਦਿ ਨੇ ਸ. ਧੁੰਨਾ ਨੂੰ ਵਧਾਈਆਂ ਦਿੱਤੀਆਂ।

# ਅਕਾਲੀਆਂ-ਕਾਂਗਰਸੀਆਂ ਦੇ 70 ਸਾਲਾਂ ਦੇ ਉਲਝਾਏ ਤਾਣੇ-ਬਾਣੇ ਨੂੰ ਸੁਲਝਾਉਣ 'ਚ ਲੱਗੇ ਹੋਏ ਹਾਂ : ਭਗਵੰਤ ਮਾਨ



ਧੂਰੀ, 31 ਮਾਰਚ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਆਪਣੇ ਹਲਕਾ ਧੂਰੀ ਦੇ ਪਿੰਡ ਲੱਡਾ ਵਿਖੇ ਸਥਿਤ ਪੁਲਿਸ ਟਰੇਨਿੰਗ ਕੈਂਪ 'ਚ ਆਯੋਜਿਤ ਸੂਬਾ ਪੱਧਰੀ ਸਮਾਗਮ ਦੌਰਾਨ ਡਾਈਲ 112 ਤਹਿਤ 508 ਨਵੀਆਂ ਹਾਈ-ਟੈਕ ਬੋਲੈਰੋ ਐਮਰਜੈਂਸੀ ਰਿਸਪੌਂਸ ਵਹੀਕਲ ਨੂੰ ਹਰੀ ਝੰਡੀ ਦਿਖਾ ਕੇ ਪੰਜਾਬ ਵਾਸੀਆਂ ਨੂੰ ਸਮਰਪਿਤ ਕੀਤਾ। ਉਪਰੰਤ ਉਨ੍ਹਾ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹੁਣ ਮੁਸੀਬਤ ਵੇਲੇ ਪੁਲਿਸ ਦਾ ਘਟਨਾ ਸਥਾਨ 'ਤੇ ਪਹੁੰਚਣ ਦਾ ਸਮਾਂ 30-45 ਮਿੰਟ ਤੋਂ ਘੱਟ ਕੇ ਸਿਰਫ਼ 13-14 ਮਿੰਟ ਰਹਿ ਜਾਵੇਗਾ। ਉਨ੍ਹਾਂ ਕਿਹਾ ਕਿ ਅਸੀਂ ਪੰਜਾਬ ਪੁਲਿਸ ਨੂੰ ਆਧੁਨਿਕ ਬਣਾਉਣ ਲਈ ਕੋਈ ਕਸਰ ਨਹੀਂ ਛੱਡ ਰਹੇ। ਸਾਡੀ ਸਰਕਾਰ ਨੇ 4 ਸਾਲਾਂ 'ਚ ਪੁਲਿਸ ਵਾਹਨਾਂ ਲਈ 327.69 ਕਰੋੜ ਜਾਰੀ ਕੀਤੇ। ਸੜਕ ਸੁਰੱਖਿਆ ਫੋਰਸ ਦੀ ਬਦੌਲਤ ਸੜਕ ਹਾਦਸਿਆਂ 'ਚ ਮੌਤਾਂ ਚ 48% ਦੀ ਕਮੀ ਆਈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਵੱਲੋਂ 12,197 ਨੌਜਵਾਨਾਂ ਨੂੰ ਪੁਲਿਸ ਵਿਭਾਗ ਚ ਨੌਕਰੀਆਂ ਦਿੱਤੀਆਂ। ਸਾਡੀ ਸਰਕਾਰ ਨਸ਼ਾ ਮੁਕਤ ਅਤੇ ਸੁਰੱਖਿਅਤ ਪੰਜਾਬ ਬਣਾਉਣ ਲਈ ਵਚਨਬੱਧ ਹੈ। ਉਨਾਂ ਕਿਹਾ ਕਿ ਜਿਹੜੇ ਸੂਬੇ ਦਾ ਅਮਨ ਕਾਨੂੰਨ ਠੀਕ ਨਹੀਂ ਹੁੰਦਾ, ਉਥੇ ਨਿਵੇਸ਼ ਨਹੀਂ ਹੁੰਦਾ। ਉਨ੍ਹਾਂ ਕਿਹਾ ਕਿ ਨਿਵੇਸ਼ਕਾਰਾਂ ਲਈ ਦੇਸ਼ ਅੰਦਰ ਪੰਜਾਬ ਸਭ ਤੋਂ ਵੱਧ ਸੁਰੱਖਿਅਤ ਸੂਬਾ ਹੈ, ਜਿਸ ਕਾਰਨ ਅੱਜ ਦੇਸ਼-ਵਿਦੇਸ਼ਾਂ ਦੇ ਉਦਯੋਗਪਤੀ ਪੰਜਾਬ 'ਚ ਦਿਲ ਖੋਲ ਕੇ ਨਿਵੇਸ਼ ਕਰਨ 'ਚ ਦਿਲਚਸਪੀ ਦਿਖਾ ਰਹੇ ਹਨ। ਉਨ੍ਹਾਂ ਆਪਣੇ ਸੰਬੋਧਨ 'ਚ ਪੰਜਾਬ ਦੀ ਗੱਲ ਕਰਦਿਆਂ ਕਿਹਾ ਕਿ ਮੈਂ ਪਿਛਲੇ 70/75 ਸਾਲਾਂ ਤੋਂ ਅਕਾਲੀਆਂ-ਕਾਂਗਰਸੀਆਂ ਦੇ ਉਲਝਾਏ ਤਾਣੇ-ਬਾਣੇ ਨੂੰ ਸੁਲਝਾਉਣ ਲੱਗਿਆ ਹੋਇਆ ਹਾਂ ਅਤੇ ਅਸੀਂ ਹਿੰਮਤ ਕਰਕੇ ਪੰਜਾਬ ਦੀ ਗੱਡੀ ਲੀਹ ਤੇ ਚੜ੍ਹਾਈ ਹੈ ਅਤੇ ਹੁਣ ਸਿਰਫ਼ ਭੱਜਣ ਲਾਉਣੀ ਹੈ। ਉਨ੍ਹਾਂ ਕਿਹਾ ਕਿ ਅਸੀਂ ਖੇਤੀ ਸੈਕਟਰ ਵੱਲ ਵਿਸ਼ੇਸ ਧਿਆਨ ਦੇ ਰਹੇ ਹਾਂ ਅਤੇ ਖੇਤਾਂ 'ਚੋਂ ਖੰਭਿਆਂ ਨੂੰ ਹਟਾ ਕੇ ਜ਼ਮੀਨਦੋਜ ਤਾਰਾਂ ਪਾ ਕੇ ਖੇਤੀ ਮੋਟਰਾਂ ਨੂੰ ਬਿਜਲੀ ਸਪਲਾਈ ਦੇਣ ਦਾ ਪ੍ਰਬੰਧ ਕਰ ਰਹੇ ਹਾਂ, ਜਿਸ ਨਾਲ ਜਿੱਥੇ ਖੰਭਿਆਂ ਨਾਲ ਨੱਥੀ ਜਮੀਨ ਵਿਹਲੀ ਹੋ ਕੇ ਵਾਹੀਯੋਗ ਬਣੇਗੀ, ਉਥੇ ਕਣਕ ਦੇ ਸੀਜਨ ਦੌਰਾਨ ਫ਼ਸਲ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਵੀ ਰੁਕਣਗੀਆਂ। ਉਨ੍ਹਾ ਕਿਹਾ ਕਿ ਕੋਈ ਵੀ ਸੂਬਾ ਉਸ ਵੇਲੇ ਤਰੱਕੀ ਕਰਦਾ ਹੈ, ਜਦੋਂ ਸੂਬੇ ਦੀ ਪੁਲਿਸ ਜਾਗ ਕੇ ਡਿਊਟੀ ਕਰਦੀ ਹੈ। ਉਨ੍ਹਾਂ ਕਿਹਾ ਕਿ ਅਸੀਂ ਲੋਕਾਂ ਅਤੇ ਪੁਲਿਸ ਦਰਮਿਆਨ ਦੂਰੀ ਘਟਾ ਕੇ ਨੇੜਤਾ ਲਿਆ ਰਹੇ ਹਾਂ ਅਤੇ ਇਸੇ ਉਪਰਾਲਿਆ ਦੀ ਬਦੌਲਤ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਸਫ਼ਲਤਾਪੂਰਵਕ ਚੱਲ ਰਹੀ ਹੈ ਅਤੇ ਅਸੀਂ ਜਿੱਤ ਦੇ ਨੇੜੇ ਹਾਂ। ਉਨ੍ਹਾਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਾ ਵੇਚਣ ਵਾਲਿਆਂ ਦਾ ਸਮਾਜਿਕ ਬਾਈਕਾਟ ਕੀਤਾ ਜਾਣਾ ਚਾਹੀਦਾ ਹੈ।

# ਪੀ.ਐਨ.ਜੀ. ਕੁਨੈਕਸ਼ਨਾਂ ਦੀ ਆੜ ਹੇਠ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾ ਰਹੀ ਹੈ ਕੇਂਦਰ ਸਰਕਾਰ: ਲੋਕ ਮੋਰਚਾ ਪੰਜਾਬ

ਬਠਿੰਡਾ, 31 ਮਾਰਚ (ਦੀਪਕ ਸ਼ਰਮਾ)ਭਾਰਤ ਸਰਕਾਰ ਵੱਲੋਂ ਈਰਾਨ ਅਤੇ ਇਜ਼ਰਾਈਲ ਦਰਮਿਆਨ ਪੈਦਾ ਹੋਏ ਤਣਾਅ ਸਦਕਾ ਪੈਦਾ ਹੋ ਰਹੇ ਊਰਜਾ ਸੰਕਟ ਨੂੰ ਆਧਾਰ ਬਣਾ ਕੇ ਦੇਸ਼ ਵਾਸੀਆਂ ਲਈ ਐਲ.ਪੀ.ਜੀ. ਸਿਲੰਡਰ ਦੀ ਥਾਂ ਪਾਈਪਡ ਕੁਦਰਤੀ ਗੈਸ (ਪੀ.ਐਨ.ਜੀ.) ਦੇ ਕੁਨੈਕਸ਼ਨ ਲੈਣ ਦੀ ਮਜਬੂਰੀ ਬਣਾਈ ਜਾ ਰਹੀ ਹੈ। ਲੋਕ ਮੋਰਚਾ ਪੰਜਾਬ ਨੇ ਇਸ ਕਦਮ ਨੂੰ ਕਾਰਪੋਰੇਟ ਘਰਾਣਿਆਂ ਦੇ ਮੁਨਾਫ਼ਿਆਂ ਲਈ ਲੋਕ ਹਿੱਤਾਂ ਨਾਲ ਵੱਡਾ ਖਿਲਵਾੜ ਕਰਾਰ ਦਿੰਦਿਆਂ ਸਰਕਾਰ ਦੀ ਸਖ਼ਤ ਨਿਖੇਧੀ ਕੀਤੀ ਹੈ।ਲੋਕ ਮੋਰਚਾ ਪੰਜਾਬ ਦੇ ਸੂਬਾਈ ਆਗੂਆਂ ਜਗਮੇਲ ਸਿੰਘ ਅਤੇ ਸ਼ੀਰੀਂ ਨੇ ਇੱਕ ਸਾਂਝੇ ਪ੍ਰੈਸ ਬਿਆਨ ਵਿੱਚ ਕਿਹਾ ਕਿ ਸਰਕਾਰ ਲੰਬੇ ਸਮੇਂ ਤੋਂ ਆਮ ਲੋਕਾਂ ਤੋਂ ਸਬਸਿਡੀ ਵਾਲੀ ਐਲ.ਪੀ.ਜੀ. ਖੋਹਣ ਦੀ ਤਾਕ ਵਿੱਚ ਸੀ। ਹੁਣ ਅਮਰੀਕਾ-ਇਜ਼ਰਾਈਲ ਵੱਲੋਂ ਇਰਾਨ ਉੱਤੇ ਮੜ੍ਹੀ ਜੰਗ ਦੇ ਹਾਲਾਤ ਨੂੰ ਇੱਕ ਮੌਕੇ ਵਜੋਂ ਵਰਤਿਆ ਜਾ ਰਿਹਾ ਹੈ ਤਾਂ ਜੋ ਇਸ ਖੇਤਰ ਦੀ ਵਾਗਡੋਰ ਪੂਰੀ ਤਰ੍ਹਾਂ ਨਿੱਜੀ ਕੰਪਨੀਆਂ ਦੇ ਹਵਾਲੇ ਕੀਤੀ ਜਾ ਸਕੇ। ਆਗੂਆਂ ਨੇ ਦੋਸ਼ ਲਾਇਆ ਕਿ ਕਰੋਨਾ ਕਾਲ ਵਾਂਗ ਹੁਣ ਫਿਰ ਸੰਕਟ ਦਾ ਬਹਾਨਾ ਬਣਾ ਕੇ ਜਨਤਕ ਅਦਾਰਿਆਂ ਨੂੰ ਵਿਦੇਸ਼ੀ ਨਿਵੇਸ਼ ਲਈ ਖੋਲ੍ਹਣ ਅਤੇ ਕਾਰਪੋਰੇਟਾਂ ਨੂੰ ਟੈਕਸ ਛੋਟਾਂ ਦੇਣ ਦੀ ਤਿਆਰੀ ਹੈ।ਜਥੇਬੰਦੀ ਅਨੁਸਾਰ ਪਾਈਪਡ ਗੈਸ ਦੇ ਵੱਡੇ ਨੈੱਟਵਰਕ ਉੱਤੇ ਅਡਾਨੀ ਵਰਗੇ ਵੱਡੇ ਕਾਰਪੋਰੇਟਾਂ ਦਾ ਕਬਜ਼ਾ ਹੈ। ਲੋਕਾਂ ਦੀਆਂ ਰੋਜ਼ਾਨਾ ਦੀਆਂ ਜ਼ਰੂਰਤਾਂ ਨੂੰ ਇਹਨਾਂ ਕੰਪਨੀਆਂ ਦੇ ਮੁਨਾਫ਼ੇ ਦੀ ਬਲੀ ਚੜ੍ਹਾ ਕੇ ਆਮ ਆਦਮੀ ਦੀ ਆਰਥਿਕ ਸੁਰੱਖਿਆ ਨੂੰ ਖ਼ਤਰੇ ਵਿੱਚ ਪਾਇਆ ਜਾ ਰਿਹਾ ਹੈ। ਸਰਕਾਰ ਨੇ ਤਿੰਨ ਮਹੀਨੇ ਦੇ ਅੰਦਰ-ਅੰਦਰ ਪਾਈਪਲਾਈਨ ਵਾਲੀ ਗੈਸ ਵੱਲ ਤਬਦੀਲ ਹੋਣ ਦੀ ਜੋ ਪਾਬੰਦੀ ਲਗਾਈ ਹੈ, ਉਹ ਲੋਕਾਂ ਸਿਰ ਵੱਡੇ ਖ਼ਰਚਿਆਂ ਦਾ ਬੋਝ ਪਾਉਣ ਵਾਲੀ ਹੈ।ਆਗੂਆਂ ਨੇ ਅੱਗੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਜਦੋਂ ਨਿੱਜੀ ਕੰਪਨੀਆਂ ਨੇ ਪਾਈਪ ਲਾਈਨਾਂ ਵਿਛਾਈਆਂ ਸਨ, ਉਦੋਂ ਵੀ ਜਨਤਕ ਸੜਕਾਂ ਅਤੇ ਗਲੀਆਂ ਦੀ ਭੰਨ-ਤੋੜ ਕਰਕੇ ਉਨ੍ਹਾਂ ਨੂੰ ਉਂਝ ਹੀ ਛੱਡ ਦਿੱਤਾ ਗਿਆ ਸੀ, ਜਿਸ ਦਾ ਖ਼ਰਚਾ ਵੀ ਅੰਤ ਵਿੱਚ ਸਰਕਾਰੀ ਖ਼ਜ਼ਾਨੇ ਤੇ ਹੀ ਪਿਆ।

# ਬਲਵੀਰ ਸਿੰਘ ਦੀ ਸੇਵਾਮੁਕਤੀ ਤੇ ਦਿੱਤੀ ਨਿੱਘੀ ਵਿਦਾਇਗੀ ਪਾਰਟੀ



ਭਗਤਾ ਭਾਈ ਕਾ 31 ਮਾਰਚ (ਸਵਰਨ ਸਿੰਘ ਭਗਤਾ)ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ (ਬਿਜਲੀ ਬੋਰਡ ਸਬ ਡਵੀਜ਼ਨ ਭਗਤਾ ਭਾਈਕਾ ਦੇ ਸਨਮਾਨਿਤ ਕਰਮਚਾਰੀ ਬਲਵੀਰ ਸਿੰਘ ਯੂ.ਡੀ.ਸੀ ਦੀ ਸੇਵਾਮੁਕਤੀ ਮੌਕੇ ਇੱਕ ਨਿੱਘੀ ਵਿਦਾਇਗੀ ਪਾਰਟੀ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਸਮਾਰੋਹ ਵਿੱਚ ਦਫ਼ਤਰ ਦੇ ਅਧਿਕਾਰੀਆਂ ਅਤੇ ਸਹਿਕਰਮੀਆਂ ਨੇ ਸ਼ਮੂਲੀਅਤ ਕੀਤੀ ਅਤੇ ਉਨ੍ਹਾਂ ਦੀ ਲੰਬੀ ਤੇ ਇਮਾਨਦਾਰ ਸੇਵਾ ਲਈ ਧੰਨਵਾਦ ਕੀਤਾ।ਸਮਾਰੋਹ ਦੌਰਾਨ ਐਸ.ਡੀ.ਓ ਹਰਦੀਪ ਸਿੰਘ ਸੱਗੂ ਨੇ ਕਿਹਾ ਕਿ ਬਲਵੀਰ ਸਿੰਘ ਨੇ ਆਪਣੇ ਕਾਰਜਕਾਲ ਦੌਰਾਨ ਬਿਜਲੀ ਬੋਰਡ ਦੀ ਤਰੱਕੀ ਅਤੇ ਲੋਕ ਸੇਵਾ ਲਈ ਮਹੱਤਵਪੂਰਨ ਯੋਗਦਾਨ ਪਾਇਆ ਹੈ। ਉਨ੍ਹਾਂ ਦੀ ਮਿਹਨਤ, ਲਗਨ ਅਤੇ ਇਮਾਨਦਾਰੀ ਸਾਰਿਆਂ ਲਈ ਪ੍ਰੇਰਨਾ ਰਹੀ ਹੈ।ਇਸ ਮੌਕੇ ਟੀ ਐਸ ਯੂ ਜਥੇਬੰਦੀ ਵੱਲੋਂ ਉਨ੍ਹਾਂ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਅਧਿਕਾਰੀਆਂ ਵੱਲੋਂ ਤੋਹਫ਼ੇ ਦਿੱਤੇ ਗਏ ਅਤੇ ਸਿਹਤਮੰਦ ਅਤੇ ਸੁਖਮਈ ਰਿਟਾਇਰਮੈਂਟ ਜੀਵਨ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਇਸ ਮੌਕੇ ਸਬ ਡਵੀਜ਼ਨ ਪ੍ਰਧਾਨ ਰਵਿੰਦਰ ਸਿੰਘ ਮੀਤ ਪ੍ਰਧਾਨ ਜਸਕਰਨ ਸਿੰਘ ਤੇ ਸਕੱਤਰ ਕੁਲਵਿੰਦਰ ਸਿੰਘ ਤੇ ਡਵੀਜਨ ਸਕੱਤਰ ਕਮਲਦੀਪ ਸਿੰਘ ਅਤੇ ਕੈਸ਼ੀਅਰ ਵਿਨੋਦ ਸਿੰਘ ਖ਼ਾਲਸਾ ਤੇ ਆਰ ਏ ਰਜਿੰਦਰ ਕੁਮਾਰ ਤੇ ਡਵੀਜਨ ਸੁਪਰਡੈਂਟ ਰਣਜੀਤ ਸਿੰਘ ਅਤੇ ਪ੍ਰਗਟ ਰਾਮ ਜੇਈ ਪਨੀਤ ਗੋਇਲ ਜੇਈ ਅਮਨਦੀਪ ਸਿੰਘ ਜੇ ਈ ਹੇਮਾਨਸੂ ਗੁਪਤਾ ਜੇਈ ਆਦਿ ਹਾਜ਼ਰ ਰਹੇ ਇਸ ਮੌਕੇ ਜ਼ੋਨ ਪ੍ਰਧਾਨ ਬਲਜੀਤ ਸਿੰਘ ਜੇ ਈ ਨੇ ਸੰਬੋਧਨ ਕੀਤਾ ਅਤੇ ਸਟੇਜ ਦੀ ਕਾਰਵਾਈ ਜਸਵੀਰ ਸਿੰਘ ਸਕੱਤਰ ਵੱਲੋਂ ਕੀਤੀ ਗਈ ਸਮਾਰੋਹ ਦੇ ਅੰਤ ਵਿੱਚ ਬਲਵੀਰ ਸਿੰਘ ਨੇ ਸਾਰੇ ਸਹਿਕਰਮੀਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਬਿਜਲੀ ਬੋਰਡ ਵਿੱਚ ਬਿਤਾਇਆ ਸਮਾਂ ਉਨ੍ਹਾਂ ਲਈ ਹਮੇਸ਼ਾਂ ਯਾਦਗਾਰ ਰਹੇਗਾ।

# ਦ ਐੱਜ ਓਵਰਸੀਜ਼ ਧੂਰੀ ਵੱਲੋਂ ਨਵੇਂ ਸੈਸ਼ਨ ਦਾ ਆ.ਗਾਜ਼




ਧੂਰੀ: 31 ਮਾਰਚ (ਰਾਜੇਸ਼ਵਰ ਪਿੰਟੂ): ਇਲਾਕੇ ਦੀ ਨਾਮਵਰ ਵਿਦਿਅਕ ਅਤੇ ਇਮੀਗ੍ਰੇਸ਼ਨ ਸੰਸਥਾ ਦਿ ਐੱਜ ਓਵਰਸੀਜ਼ ਕੰਸਲਟੈਂਟ ਧੂਰੀ ਨੇ ਇੱਕ ਵਾਰ ਫ਼ਿਰ ਆਪਣੀ ਉੱਤਮ ਕਾਰਗੁਜ਼ਾਰੀ ਦਾ ਲੋਹਾ ਮਨਵਾਇਆ ਹੈ। ਸੰਸਥਾ ਵਿੱਚ ਕੋਚਿੰਗ ਲੈ ਰਹੇ ਵਿਦਿਆਰਥੀਆਂ ਨੇ ਆਈਲੈਟਸ ਅਤੇ ਪੀਟੀਈ ਦੀਆਂ ਪ੍ਰੀਖਿਆਵਾਂ ਵਿੱਚੋਂ ਸ਼ਾਨਦਾਰ ਬੈਂਡ ਸਕੋਰ ਹਾਸਲ ਕਰਕੇ ਵਿਦੇਸ਼ੀ ਯੂਨੀਵਰਸਿਟੀਆਂ ਦੇ ਰਾਹ ਪੱਧਰੇ ਕਰ ਲਏ ਹਨ। ਇਸ ਸਫ਼ਲਤਾ ਦੀ ਖ਼ੁਸ਼ੀ ਸਾਂਝੀ ਕਰਦਿਆਂ ਸੰਸਥਾ ਦੇ ਸੀ.ਐੱਮ.ਡੀ. ਜਗਸੀਰ ਸਿੰਘ ਜੱਗੀ ਢੀਂਡਸਾ ਨੇ ਐਲਾਨ ਕੀਤਾ ਕਿ ਨਵੇਂ ਅਕਾਦਮਿਕ ਸੈਸ਼ਨ ਦੇ ਮੱਦੇਨਜ਼ਰ 1 ਅਪ੍ਰੈਲ ਤੋਂ ਨਵੇਂ ਬੈਚਾਂ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ।ਮੌਜੂਦਾ ਹਾਲਾਤਾਂ ਤੇ ਗੰਭੀਰ ਚਰਚਾ ਕਰਦਿਆਂ ਜਗਸੀਰ ਸਿੰਘ ਢੀਂਡਸਾ ਨੇ ਦੱਸਿਆ ਕਿ ਕੈਨੇਡਾ ਅਤੇ ਆਸਟ੍ਰੇਲੀਆ ਵਰਗੇ ਮੁਲਕਾਂ ਵੱਲੋਂ ਇਮੀਗ੍ਰੇਸ਼ਨ ਨੀਤੀਆਂ ਵਿੱਚ ਕੀਤੇ ਜਾ ਰਹੇ ਲਗਾਤਾਰ ਬਦਲਾਅ ਕਾਰਨ ਵੀਜ਼ਾ ਪ੍ਰਕਿਰਿਆ ਹੁਣ ਕਾਫ਼ੀ ਜਟਿਲ ਹੋ ਚੁੱਕੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਜਿਹੇ ਚੁਣੌਤੀਪੂਰਨ ਦੌਰ ਵਿੱਚ ਇੱਕ ਤਜ਼ਰਬੇਕਾਰ ਕੰਸਲਟੈਂਟ ਦੀ ਚੋਣ ਕਰਨਾ ਸਭ ਤੋਂ ਅਹਿਮ ਫੈਸਲਾ ਹੈ। ਸਾਡੀ ਮਾਹਿਰ ਟੀਮ ਹਰ ਕੇਸ ਦਾ ਬਾਰੀਕੀ ਨਾਲ ਵਿਸ਼ਲੇਸ਼ਣ ਕਰਦੀ ਹੈ ਅਤੇ ਫਾਈਲ ਨੂੰ ਇੰਨੇ ਤਰਕਪੂਰਨ ਤੇ ਪਾਰਦਰਸ਼ੀ ਢੰਗ ਨਾਲ ਪੇਸ਼ ਕੀਤਾ ਜਾਂਦਾ ਹੈ ਕਿ ਵੀਜ਼ਾ ਲੱਗਣ ਦੀ ਦਰ ਲਗਭਗ ਸੌ ਫੀਸਦੀ ਤੱਕ ਰਹਿੰਦੀ ਹੈ।ਦਿ ਐੱਜ ਓਵਰਸੀਜ਼ ਸਿਰਫ਼ ਸਟੱਡੀ ਵੀਜ਼ਾ ਤੱਕ ਹੀ ਸੀਮਤ ਨਹੀਂ ਹੈ, ਸਗੋਂ ਵਰਕ ਪਰਮਿਟ, ਸਪਾਊਸ ਵੀਜ਼ਾ, ਵਿਜ਼ਿਟਰ ਅਤੇ ਸੁਪਰ ਵੀਜ਼ਾ ਵਰਗੀਆਂ ਸੇਵਾਵਾਂ ਵੀ ਪੂਰੀ ਇਮਾਨਦਾਰੀ ਨਾਲ ਮੁਹੱਈਆ ਕਰਵਾਈਆਂ ਜਾਂਦੀਆਂ ਹਨ। ਵਿਦਿਆਰਥੀਆਂ ਨੂੰ ਆਈਲੈਟਸ ਤੇ ਪੀਟੀਈ ਦੀ ਤਿਆਰੀ ਕਰਵਾਉਣ ਲਈ ਅਤਿ-ਆਧੁਨਿਕ ਤਕਨੀਕਾਂ ਅਤੇ ਡਿਜੀਟਲ ਸਾਧਨਾਂ ਦੀ ਵਰਤੋਂ ਕੀਤੀ ਜਾਂਦੀ ਹੈ, ਤਾਂ ਜੋ ਉਹ ਆਪਣੀ ਕਾਬਲੀਅਤ ਮੁਤਾਬਕ ਲੋੜੀਂਦੇ ਸਕੋਰ ਪ੍ਰਾਪਤ ਕਰ ਸਕਣ।ਸ੍ਰੀ ਢੀਂਡਸਾ ਨੇ ਨੌਜਵਾਨਾਂ ਅਤੇ ਮਾਪਿਆਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਉਹ ਸੋਸ਼ਲ ਮੀਡੀਆ ਦੇ ਲੁਭਾਉਣੇ ਇਸ਼ਤਿਹਾਰਾਂ ਜਾਂ ਅਧੂਰੀ ਜਾਣਕਾਰੀ ਦੇ ਝਾਂਸੇ ਵਿੱਚ ਆਉਣ ਦੀ ਬਜਾਏ ਸਿਰਫ਼ ਪ੍ਰਮਾਣਿਤ ਮਾਹਿਰਾਂ ਤੋਂ ਹੀ ਸਲਾਹ ਲੈਣ। ਸਹੀ ਰਹਿਨੁਮਾਈ ਹੀ ਤੁਹਾਡੇ ਕੀਮਤੀ ਸਮੇਂ ਅਤੇ ਮਿਹਨਤ ਦੀ ਕਮਾਈ ਨੂੰ ਬਚਾ ਸਕਦੀ ਹੈ। ਇਸ ਮੌਕੇ ਸਫ਼ਲ ਰਹੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੇ ਸੰਸਥਾ ਦੀ ਵਧੀਆ ਕਾਰਜਪ੍ਰਣਾਲੀ ਦੀ ਸ਼ਲਾਘਾ ਕਰਦਿਆਂ ਵਿਸ਼ੇਸ਼ ਧੰਨਵਾਦ ਕੀਤਾ।

# ਆੜ੍ਹਤੀਆ ਫ਼ੈਡਰੇਸ਼ਨ ਵੱਲੋਂ ਅੱਜ ਤੋਂ ਖ਼ਰੀਦ ਮੰਡੀਆਂ ਬੰਦ ਰੱਖਣ ਦਾ ਫ਼ੈਸਲਾ-

ਧੂਰੀ, 31 ਮਾਰਚ (ਰਾਜੇਸ਼ਵਰ ਪਿੰਟੂ, ਅਮਨ ਗਰਗ) ਫੈਡਰੇਸ਼ਨ ਆਫ਼ ਆੜ੍ਹਤੀਆ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਜਗਤਾਰ ਸਿੰਘ ਸਮਰਾ ਨੇ ਕੇਂਦਰ ਸਰਕਾਰ ਤੋਂ ਆੜ੍ਹਤੀਆਂ ਨੂੰ 2.5 ਫੀਸਦੀ ਆੜ੍ਹਤ ਦੇਣ ਦੀ ਮੰਗ ਕਰਦਿਆਂ ਕਿਹਾ ਕਿ 1 ਅਪਰੈਲ ਨੂੰ ਆੜ੍ਹਤੀਏ ਆਪਣੀ ਇਸ ਮੰਗ ਨੂੰ ਲੈ ਕੇ ਮੰਡੀਆਂ ਨੂੰ ਬੰਦ ਰੱਖਦਿਆਂ ਪੂਰਨ ਹੜਤਾਲ ਕਰਨਗੇ। ਉਨ੍ਹਾਂ ਕਿਹਾ ਕਿ ਲੰਘੀ 16 ਮਾਰਚ ਨੂੰ ਸੂਬਾ ਪ੍ਰਧਾਨ ਸ੍ਰੀ ਵਿਜੈ ਕਾਲੜਾ ਦੀ ਅਗਵਾਈ ਹੇਠ ਇਹ ਫ਼ੈਸਲਾ ਹੋਇਆ ਸੀ ਕਿ ਜੇਕਰ ਕੇਂਦਰ ਸਰਕਾਰ ਆੜ੍ਹਤੀਆਂ ਨੂੰ ਉਨ੍ਹਾਂ ਨੂੰ ਬਣਦੀ 2.5 ਫੀਸਦੀ ਪੂਰੀ ਆੜ੍ਹਤ ਨਹੀਂ ਦਿੰਦੀ ਤਾਂ ਆੜ੍ਹਤੀਆਂ ਨੂੰ ਹੜਤਾਲ ਕਰਨ ਲਈ ਮਜਬੂਰ ਹੋਣਾ ਪਵੇਗਾ ਅਤੇ ਇਸ ਫ਼ੈਸਲੇ ਦੀ ਰੋਸ਼ਨੀ ਚ ਫੈਡਰੇਸ਼ਨ ਵੱਲੋਂ ਸਮੁੱਚੇ ਪੰਜਾਬ ਅੰਦਰ 1 ਅਪਰੈਲ ਤੋਂ ਮੰਡੀਆ ਚ ਹੜਤਾਲ ਕੀਤੀ ਜਾਵੇਗੀ। ਉਨ੍ਹਾਂ ਦੋਸ਼ ਲਗਾਇਆ ਕਿ ਅਧਿਕਾਰੀਆਂ ਨੇ ਸਰਕਾਰ ਨਾਲ ਮਿਲਕੇ ਆੜ੍ਹਤੀਆਂ ਦੀ ਆੜ੍ਹਤ ਫਰੀਜ ਕੀਤੀ ਹੋਈ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕਰਦਿਆ ਕਿਹਾ ਕਿ ਪੰਜਾਬ ਸਰਕਾਰ ਨੇ ਸਾਲ 2024 ਚ ਵਾਅਦਾ ਕੀਤਾ ਸੀ ਕਿ ਜੇਕਰ ਕੇਂਦਰ ਸਰਕਾਰ ਪੂਰੀ ਆੜ੍ਹਤ ਨਹੀਂ ਦੇਵੇਗੀ ਤਾਂ ਸੂਬਾ ਸਰਕਾਰ ਉਸਦੀ ਭਰਪਾਈ ਕਰੇਗੀ। ਉਨ੍ਹਾਂ ਜਿਲ੍ਹਾ ਸੰਗਰੂਰ ਦੇ ਸਮੂਹ ਆੜ੍ਹਤੀਆ ਨੂੰ ਅਪੀਲ ਕੀਤੀ ਕਿ ਆਪਣੇ ਹੱਕਾਂ ਲਈ ਉਹ ਹੜਤਾਲ ਨੂੰ ਸਫ਼ਲ ਬਣਾਉਣ।

# ਸ੍ਰੀ ਮਦ ਭਾਗਵਤ ਕਥਾ ਗਿਆਨ ਯੱਗ ਦਾ ਹੋਇਆ ਸ਼ਾਨਦਾਰ ਆਗਾਜ਼



ਸੁਨਾਮ ਊਧਮ ਸਿੰਘ ਵਾਲਾ 31 ਮਾਰਚ(ਮੋਹਣ ਸ਼ਰਮਾ) ਸਥਾਨਕ ਸ਼੍ਰੀ ਰਾਮ ਆਸ਼ਰਮ ਮੰਦਰ ਦੇ ਵਿੱਚ ਸਪਤਾਹ ਦੇ ਪਹਿਲੇ ਦਿਨ ਪ੍ਰਸਿੱਧ ਕਥਾਵਾਚਕ ਸਵਾਮੀ ਗੋਪਾਲ ਸ਼ਾਸਤਰੀ ਜੀ ਨੇ ਸੰਗਤਾਂ ਨੂੰ ਨਿਹਾਲ ਕੀਤਾ।ਓਥਾ ਦੇ ਪਹਿਲੇ ਦਿਨ ਸਵਾਮੀ ਜੀ ਨੇ ਭਗਵਾਨ ਰਾਮ ਅਤੇ ਹਨੂੰਮਾਨ ਜੀ ਦੇ ਪ੍ਰਸੰਗਾਂ ਦਾ ਵਰਣਨ ਕਰਦਿਆਂ ਕਿਹਾ ਕਿ ਜਦੋਂ ਹਨੂੰਮਾਨ ਜੀ ਲੰਕਾ ਗਏ ਸਨ, ਤਾਂ ਪੂਰੀ ਲੰਕਾ ਵਿੱਚ ਉਨ੍ਹਾਂ ਨੂੰ ਕੇਵਲ ਇੱਕੋ ਘਰ ਅਜਿਹਾ ਮਿਲਿਆ ਜਿੱਥੇ ਪ੍ਰਭੂ ਰਾਮ ਦਾ ਨਾਮ ਲਿਖਿਆ ਹੋਇਆ ਸੀ ਅਤੇ ਉਸਦੇ ਵਿਹੜੇ ਵਿੱਚ ਤੁਲਸੀ ਦਾ ਪੌਦਾ ਲੱਗਿਆ ਹੋਇਆ ਸੀ।ਉਨ੍ਹਾਂ ਦੱਸਿਆ ਕਿ ਜਦੋਂ ਵਿਭੀਸ਼ਣ ਸਵੇਰੇ ਉੱਠਿਆ ਤਾਂ ਉਸਨੇ ਸਭ ਤੋਂ ਪਹਿਲਾਂ ਰਾਮ-ਨਾਮ ਦਾ ਸਿਮਰਨ ਕੀਤਾ। ਸਵਾਮੀ ਜੀ ਨੇ ਇਸ ਘਟਨਾ ਰਾਹੀਂ ਸਿਮਰਨ ਅਤੇ ਭਗਤੀ ਦੀ ਮਹੱਤਤਾ ਤੇ ਚਾਨਣਾ ਪਾਇਆ।ਕਮੇਟੀ ਪ੍ਰਧਾਨ ਤਰੁਣ ਬਾਂਸਲ ਨੇ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ-ਚੜ੍ਹ ਕੇ ਇਸ ਕਥਾ ਵਿੱਚ ਸ਼ਾਮਲ ਹੋਣ ਅਤੇ ਅਧਿਆਤਮਿਕ ਆਨੰਦ ਪ੍ਰਾਪਤ ਕਰਨ।ਕਥਾ ਦੇ ਮੁੱਖ ਯਜਮਾਨ ਸੰਦੀਪ ਜਿੰਦਲ ਅਤੇ ਗੀਤੂ ਜਿੰਦਲ ਹਨ। ਇਸ ਤੋਂ ਇਲਾਵਾ ਅਸ਼ੋਕ ਬਾਂਸਲ ਅਤੇ ਸੁਸ਼ੀਲਾ ਰਾਣੀ ਨੇ ਵੀ ਯਜਮਾਨ ਵਜੋਂ ਸੇਵਾਵਾਂ ਨਿਭਾਈਆਂ।ਇਸ ਮੌਕੇ ਤਰੁਣ ਬਾਂਸਲ, ਅਸ਼ੋਕ ਵਰਮਾ, ਕ੍ਰਿਸ਼ਨ ਸਿੰਗਲਾ, ਗੁਰਦਿਆਲ ਗਰਗ, ਰਜਿੰਦਰ ਗਰਗ, ਗਗਨਦੀਪ ਗਰਗ, ਮਹਿੰਦਰ ਸਿੰਘ, ਓਮ ਪ੍ਰਕਾਸ਼ ਬਲੇਚਾ, ਸੌਰਵ ਜੈਨ, ਸੁਰੇਸ਼ ਗਰਗ, ਕਾਨਗੋ, ਮਾਸਟਰ ਰਾਜ, ਸੰਦੀਪ ਜਿੰਦਲ, ਅਸ਼ੋ ਬਾਂਸਲ ਸਮੇਤ ਕੀਰਤਨ ਮੰਡਲੀਆਂ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਮੌਜੂਦ ਸਨ।ਪਹਿਲੇ ਦਿਨ ਦੀ ਕਥਾ ਦੌਰਾਨ ਸ਼ਰਧਾਲੂਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਉਨ੍ਹਾਂ ਨੇ ਬੜੇ ਪ੍ਰੇਮ ਨਾਲ ਸਵਾਮੀ ਜੀ ਦੇ ਵਿਚਾਰਾਂ ਦਾ ਆਨੰਦ ਮਾਣਿਆ।

# ‘ਚਾਰ ਸਾਲ ਭਗਵੰਤ ਮਾਨ ਦੇ ਨਾਲ’ ਤਹਿਤ, ਐਮ.ਐਲ.ਏ. ਉੱਗੋਕੇ ਵੱਲੋਂ ਇਲਾਕਾ ਨਿਵਾਸੀਆਂ ਨਾਲ ਸੰਵਾਦ

## ਚਾਰ ਸਾਲ ਦੀਆਂ ਲੋਕ ਪੱਖੀ ਪ੍ਰਾਪਤੀਆਂ ਤੋਂ ਕਰਵਾਇਆ ਜਾਣੂ



ਬਰਨਾਲਾ, 31 ਮਾਰਚ (ਬਘੇਲ ਸਿੰਘ ਧਾਲੀਵਾਲ) : ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ ‘ਤੇ ਵਿਧਾਇਕ ਭਦੌੜ ਲਾਭ ਸਿੰਘ ਉੱਗੋਕੇ ਵੱਲੋਂ ਹਲਕੇ ਦੇ ਵੱਖ ਵੱਖ ਪਿੰਡਾਂ ਵਿੱਚ ਸੰਵਾਦ ਪ੍ਰੋਗਰਾਮ ਕੀਤਾ ਜਾ ਰਿਹਾ ਹੈ। ਇਸ ਤਹਿਤ ਵਿਧਾਇਕ ਉੱਗੋਕੇ ਨੇ ਤਪਾ ਮੰਡੀ, ਤਾਜੋਕੇ, ਜੰਗੀਆਣਾ, ਧੌਲਾ ਸਮੇਤ ਵੱਖ ਵੱਖ ਪਿੰਡਾਂ ਵਿਚ ‘ਚਾਰ ਸਾਲ ਭਗਵੰਤ ਮਾਨ ਦੇ ਨਾਲ’ ਪ੍ਰੋਗਰਾਮ ਤਹਿਤ ਲੋਕ- ਹਿੱਤ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਲੋਕਾਂ ਦੇ ਮੁਖ਼ਾਤਿਬ ਹੁੰਦਿਆਂ ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਚਾਰ ਸਾਲਾਂ ਵਿੱਚ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਵੱਲ ਵੱਡੇ ਕਦਮ ਚੁੱਕੇ ਹਨ। ਪੰਜਾਬ ਦੇ ਲੋਕਾਂ ਲਈ 10 ਲੱਖ ਰੁਪਏ ਤੱਕ ਦੀ ਸਿਹਤ ਗਾਰੰਟੀ, ਔਰਤਾਂ ਨੂੰ ਸਤਿਕਾਰ ਵਜੋਂ 1000 ਅਤੇ 1500 ਰੁਪਏ ਦੇਣ ਦੇ ਵਾਅਦੇ, ਸਕੂਲ ਆਫ਼ ਐਮੀਨੈਂਸ ਰਾਹੀਂ ਮਿਆਰੀ ਸਿੱਖਿਆ ਅਤੇ ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਇਲਾਜ ਵਰਗੀਆਂ ਯੋਜਨਾਵਾਂ ਲਾਗੂ ਕੀਤੀਆਂ ਗਈਆਂ ਹਨ। ਉਨ੍ਹਾਂ ਹੋਰ ਦੱਸਿਆ ਕਿ ਸੂਬੇ ਦੇ ਲੱਗਭੱਗ 90 ਫ਼ੀਸਦੀ ਘਰੇਲੂ ਬਿਜਲੀ ਖਪਤਕਾਰਾਂ ਨੂੰ 600 ਯੂਨਿਟਾਂ ਤੱਕ ਸਬਸਿਡੀ ਦੇ ਨਾਲ ਜ਼ੀਰੋ ਬਿੱਲ ਮਿਲ ਰਹੇ ਹਨ। ਇਸ ਤੋਂ ਇਲਾਵਾ, ਸਰਕਾਰ ਵੱਲੋਂ 65,000 ਤੋਂ ਵੱਧ ਨੌਜੁਆਨਾਂ ਨੂੰ ਮੈਰਿਟ ਦੇ ਆਧਾਰ ‘ਤੇ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ 90,000 ਤੋਂ ਵੱਧ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਬੁਨਿਆਦੀ ਢਾਂਚੇ ਵੱਲ ਵੱਡਾ ਧਿਆਨ ਦਿੰਦਿਆਂ ਲੱਗਭੱਗ 45,000 ਕਿਲੋਮੀਟਰ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ। ਕਿਸਾਨਾਂ ਦੇ ਹਿੱਤਾਂ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਪਹਿਲੀ ਵਾਰ ਪੰਜਾਬ ਵਿੱਚ ਦਿਨ ਦੇ ਸਮੇਂ ਖੇਤੀ ਲਈ ਬਿਜਲੀ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਨਹਿਰੀ ਪ੍ਰਣਾਲੀ ਨੂੰ ਮਜ਼ਬੂਤ ਕਰਕੇ ਲੱਗਭੱਗ 80 ਫ਼ੀਸਦੀ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਇਆ ਜਾ ਰਿਹਾ ਹੈ, ਜਿਸ ਨਾਲ ਜ਼ਮੀਨੀ ਪਾਣੀ ਦੀ ਵਰਤੋਂ ਘਟੇਗੀ ਅਤੇ ਪਾਣੀ ਦਾ ਪੱਧਰ ਸੁਧਰੇਗਾ। ਇਸ ਮੌਕੇ ਵੱਖ ਵੱਖ ਚੇਅਰਮੈਨ, ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਪਾਰਟੀ ਆਗੂ ਤੇ ਇਲਾਕਾ ਵਾਸੀ ਮੌਜੂਦ ਸਨ।

# ਜ਼ਿਲ੍ਹੇ ਵਿੱਚ ਪੈਟਰੋਲ, ਡੀਜ਼ਲ ਤੇ ਐਲ.ਪੀ.ਜੀ. ਦੀ ਸਪਲਾਈ ਨਿਰਵਿਘਨ ਜਾਰੀ: ਡਿਪਟੀ ਕਮਿਸ਼ਨਰ



ਬਰਨਾਲਾ, 31 ਮਾਰਚ (ਬਘੇਲ ਸਿੰਘ ਧਾਲੀਵਾਲ): ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿੱਚ ਆਇਆ ਹੈ ਕਿ ਖਾੜੀ ਖਿੱਤੇ ਵਿੱਚ ਜੰਗੀ ਤਣਾਅ ਦੇ ਮੱਦੇਨਜ਼ਰ ਅਫਵਾਹਾਂ ਫੈਲ ਰਹੀਆਂ ਹਨ, ਜਿਨ੍ਹਾਂ ਕਾਰਨ ਪੈਟਰੋਲ, ਡੀਜ਼ਲ ਅਤੇ ਐਲ.ਪੀ.ਜੀ. ਦੀ ਕਮੀ ਬਾਰੇ ਗਲਤ ਜਾਣਕਾਰੀ ਲੋਕਾਂ ਵਿੱਚ ਫੈਲ ਰਹੀ ਹੈ। ਓਹਨਾਂ ਕਿਹਾ ਕਿ ਜ਼ਿਲ੍ਹੇ ਵਿੱਚ ਪੈਟਰੋਲ, ਡੀਜ਼ਲ ਅਤੇ ਐਲ.ਪੀ.ਜੀ. ਦੀ ਸਪਲਾਈ ਨਿਰਵਿਘਨ ਹੈ। ਸਾਰੇ ਪੈਟਰੋਲ ਪੰਪਾਂ ’ਤੇ ਢੁਕਵੀਂ ਮਾਤਰਾ ਵਿੱਚ ਇੰਧਨ ਉਪਲੱਬਧ ਹੈ ਅਤੇ ਕਿਸੇ ਵੀ ਕਿਸਮ ਦੀ ਕਮੀ ਨਹੀਂ ਹੈ। ਓਹਨਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਤਰ੍ਹਾਂ ਦੀਆਂ ਅਫਵਾਹਾਂ ’ਤੇ ਵਿਸ਼ਵਾਸ ਨਾ ਕਰਨ ਅਤੇ ਨਾ ਹੀ ਬੇਲੋੜੀ ਮਾਤਰਾ ਵਿੱਚ ਸਟਾਕ ਇਕੱਠਾ ਕਰਨ। ਇਸ ਤਰ੍ਹਾਂ ਦੀ ਘਬਰਾਹਟ ਕਾਰਨ ਬਿਨਾਂ ਲੋੜ ਦੇ ਭੀੜ ਅਤੇ ਅਸੁਵਿਧਾ ਪੈਦਾ ਹੁੰਦੀ ਹੈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਥਿਤੀ ’ਤੇ ਲਗਾਤਾਰ ਨਜ਼ਰਸਾਨੀ ਕੀਤੀ ਰਹੀ ਹੈ, ਇਸ ਲਈ ਲੋਕਾਂ ਨੂੰ ਘਬਰਾਉਣ ਦੀ ਜ਼ਰੂਰਤ ਨਹੀਂ ਹੈ। ਓਹਨਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਜਮ੍ਹਾਂਖੋਰੀ ਜਾਂ ਕਾਲਾਬਜ਼ਾਰੀ ਨਾ ਕੀਤੀ ਜਾਵੇ। ਇਸ ਮੌਕੇ ਜ਼ਿਲ੍ਹਾ ਫੂਲ ਸਪਲਾਈ ਕੰਟਰੋਲਰ ਰੂਪਪ੍ਰੀਤ ਕੌਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਖਪਤਕਾਰਾਂ ਨੇ ਅਜੇ ਤਕ ਆਪਣੀ ਈਕੇਵਾਈਸੀ ਨਹੀਂ ਕਰਵਾਈ, ਉਹ ਤੁਰੰਤ ਈਕੇਵਾਈਸੀ ਕਰਵਾਉਣ ਤਾਂ ਜੋ ਓਹਨਾਂ ਨੂੰ ਐਲਪੀਜੀ ਬੁਕਿੰਗ ਵਿਚ ਕੋਈ ਦਿੱਕਤ ਪੇਸ਼ ਨਾ ਆਵੇ।

# ਐੱਸ.ਡੀ. ਕਾਲਜ ਦੇ ਪੱਤਰਕਾਰੀ ਵਿਭਾਗ ਵੱਲੋਂ ‘ਟੀਵੀ ਰਾਈਟਿੰਗ ਅਤੇ ਐਂਕਰਿੰਗ’ ਵਿਸ਼ੇ ’ਤੇ ਵਰਕਸ਼ਾਪ



ਬਰਨਾਲਾ, 31 ਮਾਰਚ (ਹਮੀਰ ਸਿੰਘ): ਐੱਸ. ਡੀ. ਕਾਲਜ, ਬਰਨਾਲਾ ਦੇ ਪੱਤਰਕਾਰੀ ਅਤੇ ਜਨ-ਸੰਚਾਰ ਵਿਭਾਗ ਵੱਲੋਂ ਆਈ.ਕਿਊ.ਏ.ਸੀ. ਦੇ ਸਹਿਯੋਗ ਨਾਲ ਸਕਿੱਲਜ਼ ਟੂ ਸਟਾਰਟਅੱਪ: ਟੀਵੀ ਰਾਈਟਿੰਗ ਐਂਡ ਐਂਕਰਿੰਗ ਵਿਸ਼ੇ ’ਤੇ ਇੱਕ ਰੋਜ਼ਾ ਵਰਕਸ਼ਾਪ ਸਫਲਤਾਪੂਰਵਕ ਕਰਵਾਈ ਗਈ। ਇਸ ਮੌਕੇ ਵਿਸ਼ੇਸ਼ ਤੌਰ ’ਤੇ ਪੀ.ਟੀ.ਸੀ. ਨੈੱਟਵਰਕ ਚੰਡੀਗੜ੍ਹ ਦੇ ਡਿਜੀਟਲ ਹੈੱਡ ਸ੍ਰੀ ਦਲੀਪ ਸਿੰਘ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਏ। ਸ਼੍ਰੀ ਦਲੀਪ ਨੇ ਆਪਣੇ ਤਜ਼ਰਬੇ ਰਾਹੀਂ ਵਿਦਿਆਰਥੀਆਂ ਨੂੰ ਟੈਲੀਵਿਜ਼ਨ ਸਕ੍ਰਿਪਟ ਲੇਖਣ ਦੇ ਪੇਸ਼ੇਵਰ ਮਿਆਰਾਂ ਅਤੇ ਆਧੁਨਿਕ ਨਿਊਜ਼ ਐਂਕਰਿੰਗ ਦੀਆਂ ਤਕਨੀਕੀ ਬਾਰੀਕੀਆਂ ਬਾਰੇ ਅਹਿਮ ਜਾਣਕਾਰੀ ਦਿੱਤੀ। ਉਹਨਾਂ ਕਿਹਾ ਕਿ ਮੀਡੀਆ ਦਾ ਖੇਤਰ ਬਹੁਤ ਵਿਸ਼ਾਲ ਹੈ। ਇਸ ਵਿੱਚ ਅਨੇਕਾਂ ਤਰ੍ਹਾਂ ਦੀਆਂ ਨੌਕਰੀਆਂ ਮੌਜੂਦ ਹੁੰਦੀਆਂ ਹਨ। ਵਿਦਿਆਰਥੀ ਸਕ੍ਰਿਪਟ ਰਾਈਟਿੰਗ, ਗਰਾਫਿਕਸ, ਵੀਡੀਓ ਐਡੀਟਿੰਗ, ਐਂਕਰਿੰਗ ਵਰਗੇ ਅਲੱਗ-ਅਲੱਗ ਕੰਮਾਂ ਵਿੱਚ ਸਕਿੱਲ ਹਾਸਲ ਕਰਕੇ ਇਸ ਪ੍ਰੋਫੈਸ਼ਨ ਵਿੱਚ ਆ ਸਕਦੇ ਹਨ। ਇਸ ਵਰਕਸ਼ਾਪ ਵਿੱਚ ਲੱਗਭੱਗ 50 ਵਿਦਿਆਰਥੀਆਂ ਨੇ ਹਿੱਸਾ ਲਿਆ। ਐੱਸ. ਡੀ. ਕਾਲਜ ਦੇ ਪ੍ਰਿੰਸੀਪਲ ਡਾ. ਰਮਾ ਸ਼ਰਮਾ ਨੇ ਇਸ ਮੌਕੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ ਅਤੇ ਵਿਦਿਆਰਥੀਆਂ ਨੂੰ ਆਪਣਾ ਅਸ਼ੀਰਵਾਦ ਦਿੱਤਾ। ਇਸ ਮੌਕੇ ਵਰਕਸ਼ਾਪ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦਿੱਤੇ ਗਏ ਅਤੇ ਮੁੱਖ ਬੁਲਾਰੇ ਸ੍ਰੀ ਦਲੀਪ ਸਿੰਘ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਵਿਭਾਗ ਦੇ ਮੁਖੀ ਪ੍ਰੋ. ਗੁਰਪ੍ਰਵੇਸ਼ ਸਿੰਘ ਨੇ ਮੁੱਖ ਬੁਲਾਰੇ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਵਰਕਸ਼ਾਪ ਵਿਦਿਆਰਥੀਆਂ ਲਈ ਬੇਹੱਦ ਲਾਹੇਵੰਦ ਰਹੇਗੀ। ਇਸ ਮੌਕੇ ਡਾ. ਤਰਸਪਾਲ ਕੌਰ, ਪ੍ਰੋ. ਅਮਨਦੀਪ ਕੌਰ, ਪ੍ਰੋ. ਕੁਲਦੀਪ ਸਿੰਘ, ਪ੍ਰੋ. ਲਖਵੀਰ ਸਿੰਘ, ਸ਼੍ਰੀ ਅੰਮ੍ਰਿਤਪਾਲ ਸਿੰਘ ਹਾਜ਼ਰ ਸਨ।

# ਸੰਘੇੜਾ ਕਾਲਜ ਦੀਆਂ ਲੜਕੀਆਂ ਪੰਜ ਰੋਜ਼ਾ ਜੈਪੁਰ ਟੂਰ ਲਈ ਰਵਾਨਾ



ਬਰਨਾਲਾ, 31 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਗੁਰੂ ਗੋਬਿੰਦ ਸਿੰਘ ਕਾਲਜ, ਸੰਘੇੜਾ ਦੇ ਪ੍ਰਧਾਨ ਭੋਲਾ ਸਿੰਘ ਵਿਰਕ ਦੀ ਸਰਪ੍ਰਸਤੀ ਹੇਠ ਨਿਰੰਤਰ ਬੁਲੰਦੀਆਂ ਛੂਹ ਰਹੇ ਕਾਲਜ ਦੀਆਂ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਲਈ ਇੱਕ ਵਿਸ਼ੇਸ਼ ਉਪਰਾਲਾ ਕੀਤਾ ਗਿਆ। ਸੰਸਥਾ ਦੇ ਐੱਨ.ਐੱਸ.ਐੱਸ. ਵਿਭਾਗ , ਯੂਥ ਫੈਸਟੀਵਲ,ਐੱਨ ਸੀ ਸੀ ਆਰਮੀ ਅਤੇ ਨੇਵੀ ਦੀਆਂ ਸ਼ਾਨਦਾਰ ਪ੍ਰਾਪਤੀਆਂ ਦੀ ਲੜੀ ਨੂੰ ਅੱਗੇ ਤੋਰਦਿਆਂ, ਪ੍ਰਿੰਸੀਪਲ ਡਾ. ਸਰਬਜੀਤ ਸਿੰਘ ਕੁਲਾਰ ਦੀ ਯੋਗ ਅਗਵਾਈ ਵਿੱਚ ਵਲੰਟੀਅਰ ਲੜਕੀਆਂ ਦਾ ਪੰਜ ਰੋਜ਼ਾ ਵਿੱਦਿਅਕ ਟੂਰ ਜੈਪੁਰ (ਰਾਜਸਥਾਨ) ਲਈ ਰਵਾਨਾ ਹੋਇਆ। ਇਹ ਟੂਰ ਪ੍ਰੋਗਰਾਮ ਅਫ਼ਸਰ ਪ੍ਰੋ. ਮਿੱਠੂ ਪਾਠਕ ਅਤੇ ਡਾ. ਨਿਰਪਾਲ ਸਿੰਘ ਦੀ ਦੇਖ-ਰੇਖ ਹੇਠ ਰਵਾਨਾ ਕੀਤਾ ਗਿਆ, ਜਿਸ ਵਿੱਚ 50 ਦੇ ਕਰੀਬ ਵਲੰਟੀਅਰਾਂ ਸਮੇਤ ਸਮੂਹ ਸਟਾਫ਼ ਸ਼ਾਮਲ ਹੋਇਆ। ਇਹ ਯਾਤਰਾ ਸਾਲਾਸਰ ਧਾਮ ਤੋਂ ਹੁੰਦੀ ਹੋਈ ਜੈਪੁਰ ਦੇ ਇਤਿਹਾਸਕ ਤੇ ਸੱਭਿਆਚਾਰਕ ਸਥਾਨਾਂ ਦਾ ਨਿਰੀਖਣ ਕਰੇਗੀ। ਇਸ ਸ਼ੁਭ ਮੌਕੇ ਵਾਈਸ ਪ੍ਰਧਾਨ ਭੋਲਾ ਸਿੰਘ ਗਿੱਲ, ਚਰਨਜੀਤ ਸਿੰਘ, ਨਾਇਬ ਸਿੰਘ, ਜੱਸਗੁਰ ਸਿੰਘ, ਗੁਰਮੇਲ ਸਿੰਘ ਅਤੇ ਪੂਰਨ ਸਿੰਘ ਵਿਸ਼ੇਸ਼ ਤੌਰ ’ਤੇ ਹਾਜ਼ਰ ਹੋਏ। ਸੰਸਥਾ ਪ੍ਰਧਾਨ ਭੋਲਾ ਸਿੰਘ ਵਿਰਕ ਅਤੇ ਸਮੁੱਚੀ ਮੈਨੇਜਮੈਂਟ ਕਮੇਟੀ ਨੇ ਟੂਰ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਦਿਆਂ ਵਲੰਟੀਅਰਾਂ ਨੂੰ ਅਨੁਸ਼ਾਸਨ ਅਤੇ ਗਿਆਨ ਦੇ ਮਹੱਤਵ ਬਾਰੇ ਪ੍ਰੇਰਿਤ ਕੀਤਾ।

# ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਵਿਖੇ ਹੈਂਡ-ਮੇਡ ਵਸਤਾਂ ਦੀ ਪ੍ਰਦਰਸ਼ਨੀ



ਬਰਨਾਲਾ, 31 ਮਾਰਚ (ਹਮੀਰ ਸਿੰਘ) : ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ, ਬਰਨਾਲਾ ਵਿਖੇ ਸੰਸਥਾ ਪ੍ਰਧਾਨ ਸਰਦਾਰ ਭੋਲਾ ਸਿੰਘ ਵਿਰਕ ਜੀ ਦੀ ਰਹਿਨੁਮਾਈ ਹੇਠ ਅਤੇ ਸੰਸਥਾ ਪ੍ਰਿੰਸਿਪਲ ਡਾ. ਸਰਬਜੀਤ ਸਿੰਘ ਕੁਲਾਰ ਦੀ ਯੋਗ ਅਗਵਾਈ ਸਦਕਾ ਈਕੋ ਕਲੱਬ ਵੱਲੋਂ ਮਿਤੀ 28 ਮਾਰਚ 2026 ਨੂੰ ਇੱਕ ਰੋਜ਼ਾ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ। ਇਸ ਪ੍ਰਦਰਸ਼ਨੀ ਦੀ ਅਗਵਾਈ ਨੋਡਲ ਅਫਸਰ ਪ੍ਰੋਫੈਸਰ ਮਨਦੀਪ ਕੌਰ ਅਤੇ ਪ੍ਰੋਫੈਸਰ ਅੰਜਲੀ ਸੋਹਲ ਵੱਲੋਂ ਕੀਤੀ ਗਈ। ਇਸ ਪ੍ਰਦਰਸ਼ਨੀ ਵਿੱਚ ਵਿਦਿਆਰਥੀਆਂ ਨੇ ਹੈਂਡਮੇਡ ਪੋਸਟਰ, ਚਾਰਟ, ਮਿੱਟੀ ਦੇ ਖਿਡੌਣੇ ਅਤੇ ਹੋਰ ਸਮਾਨ ਤਿਆਰ ਕਰਕੇ ਵਾਤਾਵਰਣ ਸੰਰੱਖਣ, ਸਾਫ਼-ਸੁਥਰਾ ਵਾਤਾਵਰਣ ਅਤੇ ਗ੍ਰੀਨ ਇਨੀਸ਼ੀਏਟਿਵਜ਼ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਵਿਦਿਆਰਥੀਆਂ ਦੀ ਰਚਨਾਤਮਕਤਾ ਅਤੇ ਉਤਸ਼ਾਹ ਦੇਖਣਯੋਗ ਸੀ। ਪ੍ਰਦਰਸ਼ਨੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਪ੍ਰਕਿਰਤੀ ਦੀ ਸੰਭਾਲ ਲਈ ਪ੍ਰੇਰਿਤ ਕਰਨਾ ਸੀ। ਇਸ ਮੌਕੇ ਕਾਲਜ ਦੇ ਸਟਾਫ ਅਤੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਅਤੇ ਵਿਦਿਆਰਥੀਆਂ ਦੇ ਕੰਮ ਦੀ ਸਰਾਹਨਾ ਕੀਤੀ। ਅਖੀਰ ਵਿੱਚ ਪ੍ਰਿੰਸੀਪਲ ਸਾਹਿਬ ਨੇ ਵਿਦਿਆਰਥੀਆਂ ਨੂੰ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਅਤੇ ਆਯੋਜਕਾਂ ਦੀ ਭਰਪੂਰ ਸ਼ਲਾਘਾ ਕੀਤੀ।

# ਵਿਸ਼ਵ ਜਲ ਬੱਚਤ ਦਿਵਸ ’ਤੇ ਕਰਵਾਈ ਗੋਸ਼ਟੀ



ਬਰਨਾਲਾ, 31 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਪਾਣੀ ਕੁਦਰਤ ਦੀ ਅਨਮੋਲ ਦਾਤ ਹੈ। ਪਾਣੀ ਨੂੰ ਜੀਵਨ ਦਾ ਮੂਲ ਆਧਾਰ ਕਿਹਾ ਜਾਂਦਾ ਹੈ । ਹਰ ਸਾਲ 22 ਮਾਰਚ ਨੂੰ ਵਿਸ਼ਵ ਜਲ ਬੱਚਤ ਦਿਵਸ ਮਨਾਇਆ ਜਾਂਦਾ ਹੈ, ਜਿਸ ਦਾ ਉਦੇਸ਼ ਪਾਣੀ ਦੀ ਬੱਚਤ ਸੰਜਮ ਨਾਲ ਕਰਨਾ ਅਤੇ ਪਾਣੀ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਲੋਕਾਂ ਚ ਜਾਗਰੂਕਤਾ ਪੈਦਾ ਕਰਨਾ ਹੈ। ਇਸ ਮੌਕੇ ਬੋਲਦਿਆਂ ਸਮਾਜ ਸੇਵੀ ਅਤੇ ਕੋਲੋਨਾਈਜਰ ਪਿਆਰਾ ਲਾਲ ਰਾਏਸਰ ਵਾਲੇ ਨੇ ਕਿਹਾ ਕਿ ਪਾਣੀ ਨੂੰ ਸਾਰੇ ਧਰਮਾਂ ’ਚ ਅਹਿਮ ਸਥਾਨ ਦਿੱਤਾ ਗਿਆ ਹੈ। ਸਿੱਖ ਧਰਮ ’ਚ ਪਾਣੀ ਨੂੰ ਪਿਤਾ ਦਾ ਦਰਜਾ, ਸਨਾਤਨ ਧਰਮ ’ਚ ਪਾਣੀ ਨੂੰ ਜਲ ਦੇਵਤਾ ਅਤੇ ਮੁਸਲਿਮ ਧਰਮ ’ਚ ਇਸ ਨੂੰ ਖਵਾਜਾ ਕਹਿ ਕੇ ਪੂਜਿਆ ਜਾਂਦਾ ਹੈ। ਧਰਤੀ ਦੇ ਕੁੱਲ ਖੇਤਰਫ਼ਲ ਦਾ 71 ਫ਼ੀਸਦੀ ਹਿੱਸਾ ਪਾਣੀ ਹੈ, ਜਿਸ ਵਿੱਚੋਂ ਧਰਤੀ ਹੇਠਲਾ ਕੇਵਲ ਤਿੰਨ ਪ੍ਰਤੀਸ਼ਤ ਪਾਣੀ ਹੀ ਪੀਣਯੋਗ ਹੈ। ਇਸ ਮੌਕੇ ਬੋਲਦਿਆਂ ਸਮਾਜ ਸੇਵੀ ਅਤੇ ਸੀਨੀਅਰ ਐਡਵੋਕੇਟ ਰਾਜੀਵ ਮਿੱਤਲ ਨੇ ਕਿਹਾ ਕਿ ਧਰਤੀ ਹੇਠਲਾ ਪਾਣੀ ਸੈਂਕੜੇ ਸਾਲਾਂ ’ਚ ਸਾਫ਼ ਹੁੰਦਾ ਹੋਇਆ ਕੁਦਰਤੀ ਤੌਰ ’ਤੇ ਬਣਾਏ ਗਏ ਪੱਤਣਾਂ ’ਚ ਸਾਂਭਿਆ ਜਾਂਦਾ ਹੈ। ਇਹ ਅੱਵਲ ਦਰਜੇ ਦਾ ਸਾਫ਼ ਹੁੰਦਾ ਹੈ ਕਿਉਂਕਿ ਇਸ ਦੀ ਸਫ਼ਾਈ ਲਈ ਸੈਂਕੜੇ ਹਜ਼ਾਰਾਂ ਸਾਲ ਲੱਗ ਗਏ ਹਨ। ਸਮਾਜ ਸੇਵੀ ਡਾ ਰਾਜੀਵ ਸ਼ਰਮਾ ਨੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਰਸਾਇਣਿਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਕਰਨ ਨਾਲ ਧਰਤੀ ਹੇਠਲਾ ਪਾਣੀ ਦੂਸ਼ਿਤ ਹੋ ਰਿਹਾ ਹੈ। ਪੰਜਾਬ ਦਾ 45 ਫ਼ੀਸਦੀ ਪਾਣੀ ਪੀਣਯੋਗ ਨਹੀਂ। ਜੇਕਰ ਆਉਣ ਵਾਲੇ ਸਮੇਂ ਚ ਵੀ ਇਸ ਤਰ੍ਹਾਂ ਦਾ ਘਟਨਾਕ੍ਰਮ ਚੱਲਦਾ ਰਿਹਾ ਤਾਂ ਪੀਣ ਵਾਲਾ ਪਾਣੀ ਜਲਦੀ ਹੀ ਖਤਮ ਹੋ ਜਾਵੇਗਾ। ਪ੍ਰੋਫ਼ੈਸਰ (ਡਾ)ਮਨਦੀਪ ਸਿੰਘ ਘਈ ਨੇ ਕਿਹਾ ਕਿ ਪੰਜਾਬ ਦੇ 117 ਬਲਾਕ ਡਾਰਕ ਜੋਨ ਐਲਾਨੇ ਗਏ ਹਨ। ਬਰਨਾਲਾ ਬਲਾਕ ਵੀ ਡਾਰਕ ਜੋਨ ਚ ਸ਼ਾਮਿਲ ਹੈ। ਕੋਲੋਨਾਇਜਰ ਜੋਸ਼ੀ ਗੋਇਲ ਐਮ ਡੀ ਬਰਿੰਦਾ ਇਨਕਲੇਵ ਬਰਨਾਲਾ ਨੇ ਕਿਹਾ ਕਿ ਵਿਸ਼ਵ ਦੇ 400 ਕਰੋੜ ਤੋਂ ਵੱਧ ਲੋਕਾਂ ਨੂੰ ਪੀਣ ਵਾਲਾ ਪਾਣੀ ਨਹੀਂ ਮਿਲ ਰਿਹਾ, ਜਿਸ ਵਿੱਚ ਭਾਰਤ ਦੇ 100 ਕਰੋੜ ਲੋਕ ਸ਼ਾਮਿਲ ਹਨ। ਪੰਜਾਬ ਅੰਦਰ ਹਰ ਸਾਲ ਲੱਗਭੱਗ ਇੱਕ ਮੀਟਰ ਪਾਣੀ ਹਰ ਸਾਲ ਹੇਠਾਂ ਚਲਾ ਜਾਂਦਾ ਹੈ। ਸਾਡਾ ਸਾਰਿਆਂ ਦਾ ਫ਼ਰਜ਼ ਬਣਦਾ ਹੈ ਕਿ ਪਾਣੀ ਦੀ ਵੱਧ ਤੋਂ ਵੱਧ ਸੰਜਮ ਨਾਲ ਵਰਤੋਂ ਕਰੀਏ। ਇਸ ਮੌਕੇ ਸਮਾਜ ਸੇਵੀ ਬਸੰਤ ਕੁਮਾਰ ਗੋਇਲ ਚੇਅਰਮੈਨ ਲਾਲਾ ਨੇਤਾ ਰਾਮ ਗੋਇਲ ਚੈਰੀਟੇਬਲ ਟਰੱਸਟ ਬਰਨਾਲਾ ਨੇ ਪਾਣੀ ਬਚਾਉਣ ਦੇ ਕੁਝ ਨੁਕਤੇ ਸੁਝਾਏ ਹਨ ਜਿਵੇਂ ਕਿ ਬਰੱਸ਼ ਕਰਨ ਸਮੇਂ ਟੂਟੀ ਬੰਦ ਰੱਖੋ। ਘਰਾਂ ਅਤੇ ਗੱਡੀਆਂ ਨੂੰ ਧੋਣ ਦੀ ਬਜਾਏ ਪੋਚੇ ਨਾਲ ਸਾਫ਼ ਕਰੋ।

## ਬਰਨਾਲਾ ਵਿੱਚ ਆੜ੍ਹਤੀਆਂ ਦਾ ਵੱਡਾ ਫ਼ੈਸਲਾ

# ਅਣਮਿੱਥੇ ਸਮੇਂ ਲਈ ਅਨਾਜ ਮੰਡੀਆਂ ਬੰਦ, ਸਰਕਾਰ ਖ਼ਿਲਾਫ਼ ਰੋਸ



ਬਰਨਾਲਾ, 31 ਮਾਰਚ (ਬਘੇਲ ਸਿੰਘ ਧਾਲੀਵਾਲ) : ਅੱਜ ਇਥੇ ਨੂੰ ਜ਼ਿਲ੍ਹਾ ਪ੍ਰਧਾਨ ਬਰਨਾਲਾ ਅਤੇ ਮੰਡੀ ਪ੍ਰਧਾਨ ਸ੍ਰੀ ਦਰਸ਼ਨ ਸਿੰਘ ਸੰਘੇੜਾ ਦੀ ਅਗਵਾਈ ਹੇਠ ਆੜ੍ਹਤੀ ਐਸੋਸੀਏਸ਼ਨ ਦੀ ਇੱਕ ਮਹੱਤਵਪੂਰਨ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਸ਼੍ਰੀ ਵਿਜੇ ਕਾਲੜਾ ਦੀ ਅਗਵਾਈ ਹੇਠ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਆੜ੍ਹਤੀਆਂ ਦੀਆਂ ਮੰਗਾਂ ਪੂਰੀਆਂ ਨਾ ਹੋਣ ਤੱਕ ਜ਼ਿਲ੍ਹਾ ਬਰਨਾਲਾ ਦੀਆਂ ਸਾਰੀਆਂ ਅਨਾਜ ਮੰਡੀਆਂ ਕੱਲ੍ਹ ਤੋਂ ਅਣਮਿੱਥੇ ਸਮੇਂ ਲਈ ਬੰਦ ਰੱਖੀਆਂ ਜਾਣਗੀਆਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆੜ੍ਹਤੀ ਐਸੋਸੀਏਸ਼ਨ ਦੇ ਸਕੱਤਰ ਵਿਵੇਕ ਸਿੰਗਲਾ ਨੇ ਦੱਸਿਆ ਕਿ ਮੀਟਿੰਗ ਵਿੱਚ ਇਹ ਵੀ ਤੈਅ ਕੀਤਾ ਗਿਆ ਹੈ ਕਿ ਕੋਈ ਵੀ ਆੜ੍ਹਤੀ ਮੰਡੀ ਵਿੱਚ ਕਿਸੇ ਕਿਸਮ ਦਾ ਅਨਾਜ ਕਾਰੋਬਾਰ ਨਹੀਂ ਕਰੇਗਾ। ਇਸ ਦੇ ਨਾਲ ਹੀ ਆੜ੍ਹਤੀ ਆਪਣੀਆਂ ਦੁਕਾਨਾਂ ਉੱਪਰ ਕਾਲੀਆਂ ਝੰਡੀਆਂ ਲਗਾ ਕੇ ਸਰਕਾਰ ਵਿਰੁੱਧ ਰੋਸ ਪ੍ਰਗਟ ਕਰਨਗੇ। ਇਸ ਮੌਕੇ ਪਿਆਰਾ ਲਾਲ ਰਾਏਸਰੀਆ ਸਮੇਤ ਹੋਰ ਆੜ੍ਹਤੀ ਵੀ ਹਾਜ਼ਰ ਸਨ।

# ਪਹਿਲੀ ਤੋਂ ਗਿਆਰ੍ਹਵੀਂ ਜਮਾਤ ਤੱਕ ਸ਼ਾਨਦਾਰ ਪ੍ਰਦਰਸ਼ਨ



ਤਪਾ ਮੰਡੀ, 31 ਮਾਰਚ (ਭੂਸ਼ਨ ਘੜੈਲਾ / ਰਾਜੂ ਮਹਿਰਾ) : ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਿੱਲਵਾਂ ਵੱਲੋਂ ਸਲਾਨਾ ਪ੍ਰੀਖਿਆਵਾਂ ਦੇ ਨਤੀਜੇ ਘੋਸ਼ਿਤ ਕੀਤੇ ਗਏ, ਜਿਸ ਵਿੱਚ ਪਹਿਲੀ ਜਮਾਤ ਤੋਂ ਲੈ ਕੇ ਗਿਆਰਵੀਂ ਜਮਾਤ ਤੱਕ ਦੇ ਸਾਰੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 100 ਫੀਸਦੀ ਨਤੀਜਾ ਹਾਸਲ ਕੀਤਾ। ਇਸ ਉਪਲਬਧੀ ਨਾਲ ਸਕੂਲ ਵਿੱਚ ਖੁਸ਼ੀ ਦਾ ਮਾਹੌਲ ਬਣ ਗਿਆ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਮਿਸਿਜ਼ ਮੀਨੂ ਬਾਲਾ ਅਤੇ ਵਾਈਸ ਪ੍ਰਿੰਸੀਪਲ ਜਗਦੀਪ ਸਿੰਘ ਨੇ ਵੱਖ-ਵੱਖ ਜਮਾਤਾਂ ਵਿੱਚੋਂ ਉੱਚ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ। ਉਨ੍ਹਾਂ ਨੇ ਅਧਿਆਪਕਾਂ ਦੀ ਨਿਸ਼ਠਾ, ਵਿਦਿਆਰਥੀਆਂ ਦੀ ਲਗਨ ਅਤੇ ਮਾਪਿਆਂ ਦੇ ਸਹਿਯੋਗ ਨੂੰ ਇਸ ਕਾਮਯਾਬੀ ਦਾ ਮੁੱਖ ਕਾਰਨ ਦੱਸਿਆ। ਪ੍ਰਿੰਸੀਪਲ ਨੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਕੂਲ ਦੇ ਬੋਰਡ ਨਤੀਜੇ ਵੀ ਹਮੇਸ਼ਾਂ ਸ਼ਾਨਦਾਰ ਰਹਿੰਦੇ ਹਨ ਅਤੇ ਘੱਟ ਖਰਚ ’ਤੇ ਮਿਆਰੀ ਸਿੱਖਿਆ ਪ੍ਰਦਾਨ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਦੱਸਿਆ ਕਿ ਇਥੋਂ ਪੜ੍ਹੇ ਕਈ ਵਿਦਿਆਰਥੀ ਦੇਸ਼-ਵਿਦੇਸ਼ ਵਿੱਚ ਉੱਚ ਅਹੁਦਿਆਂ ’ਤੇ ਕੰਮ ਕਰ ਰਹੇ ਹਨ। ਸਮਾਰੋਹ ਦੌਰਾਨ ਵਿਦਿਆਰਥੀਆਂ ਅਤੇ ਮਾਪਿਆਂ ਵਿੱਚ ਖੁਸ਼ੀ ਦੀ ਲਹਿਰ ਦਿਖਾਈ ਦਿੱਤੀ ਅਤੇ ਸਭ ਨੇ ਅਧਿਆਪਕਾਂ ਦਾ ਧੰਨਵਾਦ ਕੀਤਾ। ਕੁਝ ਵਿਦਿਆਰਥੀਆਂ ਨੇ ਅਧਿਆਪਕਾਂ ’ਤੇ ਫੁੱਲ ਵਰਸਾ ਕੇ ਆਪਣੀ ਖੁਸ਼ੀ ਪ੍ਰਗਟ ਕੀਤੀ। ਅੰਤ ਵਿੱਚ ਵਿਦਿਆਰਥੀਆਂ ਨੂੰ ਗਿਆਨ-ਵਰਧਕ ਕਿਤਾਬਾਂ ਵੰਡੀਆਂ ਗਈਆਂ ਅਤੇ ਉਨ੍ਹਾਂ ਨੂੰ ਅਗਲੀ ਜਮਾਤਾਂ ਵਿੱਚ ਵੀ ਮਿਹਨਤ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ ਗਿਆ।

# ਅਨਾਜ ਮੰਡੀਆਂ ਵਿੱਚ ਅਧੂਰੇ ਨਿਰਮਾਣ ਕਾਰਜ ਕਾਰਨ ਕਿਸਾਨ, ਆੜ੍ਹਤੀ, ਮਜ਼ਦੂਰ ਪ੍ਰੇਸ਼ਾਨ, ਸਹੂਲਤਾਂ ਦੀ ਕਮੀ ਨਾਲ ਵੱਧ ਰਹੀਆਂ ਮੁਸ਼ਕਿਲਾਂ



ਤਪਾ ਮੰਡੀ, 31 ਮਾਰਚ (ਭੂਸ਼ਨ ਘੜੈਲਾ) : ਤਾਜੋਕੇ ਰੋਡ ਸਥਿਤ ਮੁੱਖ ਯਾਰਡ ਵਿੱਚ ਕਿਸਾਨਾਂ, ਆੜ੍ਹਤੀਏ, ਮਜਦੂਰਾਂ ਦੀ ਸਹੂਲਤ ਲਈ ਬਣਾਏ ਜਾ ਰਹੇ ਨਿਰਮਾਣ ਕਾਰਜ ਲੰਮੇ ਸਮੇਂ ਤੋਂ ਅਧੂਰੇ ਪਏ ਹੋਣ ਕਾਰਨ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਰਕਾਰ ਵੱਲੋਂ ਕਿਸਾਨਾਂ ਨੂੰ ਮੀਂਹ, ਧੁੱਪ ਅਤੇ ਹੋਰ ਮੌਸਮੀ ਪ੍ਰਭਾਵਾਂ ਤੋਂ ਬਚਾਉਣ ਲਈ ਸ਼ੈੱਡਾਂ ਅਤੇ ਹੋਰ ਜ਼ਰੂਰੀ ਢਾਂਚੇ ਤਿਆਰ ਕਰਨ ਦੀ ਯੋਜਨਾ ਕਰੋੜਾਂ ਰੁਪਏ ਦੀ ਗਰਾਂਟ ਨਾਲ ਬਣਾਈ ਗਈ ਸੀ, ਪਰ ਇੱਕ ਸਾਲ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਇਹ ਕੰਮ ਪੂਰੇ ਨਹੀਂ ਹੋ ਸਕੇ। ਜਦ ਮੌਕੇ ’ਤੇ ਮੁੱਖ ਯਾਰਡ ‘ਚ ਦੌਰਾ ਕਰਨ ਵਾਲੇ ਸਥਾਨਕ ਪ੍ਰਤੀਨਿਧਾਂ ਨੇ ਵੇਖਿਆ ਕਿ ਕਈ ਮੰਡੀਆਂ, ਤਾਜੋਕੇ, ਦਰਾਜ ਵਿੱਚ ਨਿਰਮਾਣ ਕਾਰਜ ਅਧੂਰੇ ਪਏ ਹਨ। ਕਿਤੇ ਸਿਰਫ਼ ਢਾਂਚਾ ਹੀ ਖੜ੍ਹਾ ਕੀਤਾ ਗਿਆ ਹੈ, ਜਦਕਿ ਕਈ ਥਾਵਾਂ ’ਤੇ ਕੰਮ ਬਿਲਕੁਲ ਹੀ ਰੁਕਿਆ ਹੋਇਆ ਹੈ। ਇਸ ਕਾਰਨ ਕਿਸਾਨਾਂ ਨੂੰ ਆਪਣੀ ਫਸਲ ਦੀ ਸੰਭਾਲ ਕਰਨ ਵਿੱਚ ਬਹੁਤ ਮੁਸ਼ਕਿਲ ਆ ਰਹੀ ਹੈ। ਬੈਠਣ ਲਈ ਢੰਗ ਦੀ ਥਾਂ ਨਹੀਂ ਹੋਣ ਕਾਰਨ ਕਿਸਾਨ ਖੁੱਲ੍ਹੇ ਆਸਮਾਨ ਹੇਠ ਬੈਠਣ ਲਈ ਮਜਬੂਰ ਹਨ। ਮੌਕੇ ਤੇ ਹਾਜਰ ਕੁਝ ਲੋਕਾਂ ਦਾ ਕਹਿਣਾ ਹੈ ਕਿ ਇਹ ਸ਼ੈੱਡ 2025 ‘ਚ ਜੂਨ-ਜੁਲਾਈ ਤੱਕ ਮੁਕੰਮਲ ਹੋਣੇ ਸੀ ਤਾਂ ਕਿ ਕਿਸਾਨਾਂ ਦੀ ਮੂੰਗੀ ਦੀ ਮੀਂਹ ‘ਚ ਭਿੱਜਣ ਤੋਂ ਬਚਾਅ ਰਹੇ ਪਰ ਠੇਕੇਦਾਰ ਵੱਲੋਂ ਸਹੀ ਮੁਕੰਮਲ ਨਾ ਹੋਣ ਕਾਰਨ ਨਿਰਾਸ਼ਾ ਜਰੂਰ ਪਾਈ ਜਾ ਰਹੀ ਹੈ। ਕਿਸਾਨਾਂ ਦਾ ਇਹ ਵੀ ਕਹਿਣਾ ਹੈ ਕਿ 1 ਅਪ੍ਰੈਲ ਤੋਂ ਕਣਕ ਦੀ ਖਰੀਦ ਸ਼ੁਰੂ ਹੋਣ ਜਾ ਰਹੀ ਹੈ, ਜਿਸ ਦੇ ਲਈ ਮਾਰਕੀਟ ਕਮੇਟੀ ਨੇ ਢੁੱਕਵੇਂ ਪ੍ਰਬੰਧ ਕੀਤੇ ਜਾ ਰਹੇ ਹਨ। ਕਿਸਾਨਾਂ ਦਾ ਕਹਿਣਾ ਹੈ ਕਿ ਜਦੋਂ ਮੀਂਹ ਪੈਂਦਾ ਹੈ ਤਾਂ ਉਹਨਾਂ ਦੀ ਫਸਲ ਭਿੱਜ ਜਾਂਦੀ ਹੈ,ਜਿਸ ਨਾਲ ਉਹਨਾਂ ਨੂੰ ਆਰਥਿਕ ਨੁਕਸਾਨ ਝੱਲਣਾ ਪਵੇਗਾ। ਧੁੱਪ ਦੇ ਦਿਨਾਂ ਵਿੱਚ ਵੀ ਕੋਈ ਢੰਗ ਦਾ ਸਹਾਰਾ ਨਾ ਹੋਣ ਕਰਕੇ ਉਹਨਾਂ ਨੂੰ ਕਾਫ਼ੀ ਪਰੇਸ਼ਾਨੀ ਹੁੰਦੀ ਹੈ। ਸਾਲ ਤੋਂ ਵੱਧ ਸਮੇਂ ਤੋਂ ਇਹ ਪ੍ਰੋਜੈਕਟ ਚੱਲ ਰਿਹਾ ਹੈ, ਪਰ ਅਜੇ ਤੱਕ ਇਸਦਾ ਕੋਈ ਢੁੱਕਵਾਂ ਨਤੀਜਾ ਸਾਹਮਣੇ ਨਹੀਂ ਆਇਆ। ਸਥਾਨਕ ਲੋਕਾਂ ਅਤੇ ਕਿਸਾਨਾਂ ਨੇ ਸਰਕਾਰ ਅਤੇ ਸੰਬੰਧਿਤ ਵਿਭਾਗਾਂ ਤੋਂ ਮੰਗ ਕੀਤੀ ਹੈ ਕਿ ਇਹ ਨਿਰਮਾਣ ਕਾਰਜ ਜਲਦੀ ਤੋਂ ਜਲਦੀ ਪੂਰੇ ਕੀਤੇ ਜਾਣ। ਉਹਨਾਂ ਦਾ ਕਹਿਣਾ ਹੈ ਕਿ ਜੇ ਇਹ ਸਹੂਲਤਾਂ ਸਮੇਂ ਸਿਰ ਮੁਹੱਈਆ ਕਰਵਾ ਦਿੱਤੀਆਂ ਜਾਣ ਤਾਂ ਉਹਨਾਂ ਨੂੰ ਕਾਫ਼ੀ ਰਾਹਤ ਮਿਲ ਸਕਦੀ ਹੈ। ਇਸ ਮਾਮਲੇ ’ਤੇ ਜਦ ਸਕੱਤਰ ਮਾਰਕੀਟ ਕਮੇਟੀ ਤਪਾ ਹਰਦੀਪ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦਾ ਕਹਿਣਾ ਹੈ ਕਿ ਇਸ ਅਧੂਰੇ ਕੰਮ ਨੂੰ ਮੁਕੰਮਲ ਕਰਨ ਲਈ ਉਚ-ਅਧਿਕਾਰੀਆਂ ਨੂੰ ਵਾਰ-ਵਾਰ ਲਿਖਤੀ ਤੇ ਦਿੱਤਾ ਗਿਆ ਹੈ,ਪਰ ਸਮੱਸ਼ਿਆਂ ਦਾ ਸਮਾਧਾਨ ਨਾ ਹੋਣ ਕਾਰਨ ਉਹ ਉੱਚ-ਅਧਿਕਾਰੀਆਂ ਨਾਲ ਵੀ ਗੱਲ ਕਰ ਸਕਦੇ ਹਨ।

# ਗਰੀਨ ਫੀਲਡ ਕਾਨਵੈਂਟ ਸਕੂਲ ਦਾਨਗੜ੍ਹ ਦਾ ਸਾਲਾਨਾ ਨਤੀਜਾ ਐਲਾਨਿਆ




ਧਨੌਲਾ, 31 ਮਾਰਚ (ਚਮਕੌਰ ਸਿੰਘ ਗੱਗੀ) : ਗਰੀਨ ਫ਼ੀਲਡ ਕਾਨਵੈਂਟ (ਸੀਨੀਅਰ ਸੈਕੰਡਰੀ) ਸਕੂਲ ਦਾਨਗੜ੍ਹ ਦਾ ਸਾਲਾਨਾ ਨਤੀਜਾ ਅੱਜ ਐਲਾਨਿਆ ਗਿਆ। ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਬਹੁਤ ਵਧੀਆ ਅੰਕ ਪ੍ਰਾਪਤ ਕਰਕੇ ਮੱਲ੍ਹਾਂ ਮਾਰੀਆਂ ਅਤੇ ਅਗਲੀਆਂ ਜਮਾਤਾਂ ਵਿੱਚ ਪ੍ਰਵੇਸ਼ ਕੀਤਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਪ੍ਰੀਤ ਕਮਲ ਸ਼ਰਮਾ ਨੇ ਦੱਸਿਆ ਕਿ ਹੁਣ ਹੋਏ ਸਾਲਾਨਾ ਇਮਤਿਹਾਨਾਂ ਦਾ ਨਤੀਜਾ ਅੱਜ ਘੋਸ਼ਿਤ ਕੀਤਾ ਗਿਆ ਹੈ । ਜਿਸ ਵਿੱਚ ਸਾਰੇ ਵਿਦਿਆਰਥੀਆਂ ਨੇ ਵਧੀਆ ਅੰਕ ਪ੍ਰਾਪਤ ਕਰਕੇ ਮਾਪਿਆਂ, ਅਧਿਆਪਕਾਂ ਅਤੇ ਸਕੂਲ ਦਾ ਮਾਣ ਵਧਾਇਆ ਹੈ। ਉਹਨਾਂ ਕਿਹਾ ਕਿ ਬੱਚਿਆਂ ਵਿੱਚ ਨਤੀਜੇ ਨੂੰ ਲੈ ਕੇ ਬੜੀ ਉਤਸੁਕਤਾ ਦੇਖਣ ਨੂੰ ਮਿਲੀ। ਨਤੀਜੇ ਵਿੱਚ ਹਾਸਲ ਕੀਤੇ ਅੰਕਾਂ ਨੂੰ ਦੇਖ ਕੇ ਵਿਦਿਆਰਥੀਆਂ ਅਤੇ ਮਾਪਿਆਂ ਦੇ ਸਕੂਲ ਦੀ ਕਾਰਗੁਜ਼ਾਰੀ ਦੀ ਭਰਪੂਰ ਸ਼ਲਾਘਾ ਕੀਤੀ । ਇਸ ਦੌਰਾਨ ਮਾਪਿਆਂ ਨੇ ਅਧਿਆਪਕਾਂ ਨਾਲ ਗੱਲਬਾਤ ਕਰਕੇ ਬੱਚਿਆਂ ਦੀ ਪੜ੍ਹਾਈ ਵਿੱਚ ਹੋਰ ਸਾਰਥਿਕਤਾ ਲਿਆਉਣ ਵਾਸਤੇ ਭਵਿੱਖ ਲਈ ਵਿਚਾਰ ਵਟਾਂਦਰਾ ਕੀਤਾ। ਇਸ ਮੌਕੇ ਚੇਅਰਮੈਨ ਸੁਖਮਿੰਦਰ ਸਿੰਘ ਗਿੱਲ ਵੱਲੋਂ ਵਿਦਿਆਰਥੀਆਂ ਦੇ ਚੰਗੇ ਨਤੀਜੇ ਲਈ ਸਕੂਲ ਦੇ ਸਮੁੱਚੇ ਸਟਾਫ਼ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬੱਚਿਆਂ ਦੀ ਪੜ੍ਹਾਈ ਲਈ ਜਿੱਥੇ ਮਾਪੇ ਚਿੰਤਤ ਹੁੰਦੇ ਹਨ, ਉੱਥੇ ਹੀ ਅਧਿਆਪਕ ਫਿਕਰਮੰਦ ਹੁੰਦੇ ਹਨ, ਜਿਸ ਲਈ ਅਧਿਆਪਕ ਪੂਰੀ ਲਗਨ ਅਤੇ ਮਿਹਨਤ ਨਾਲ ਤਿਆਰੀ ਕਰਵਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਦੇ ਜਿਸ ਦੇ ਨਤੀਜੇ ਬੱਚਿਆਂ ਦੇ ਸਾਲਾਨਾ ਰਿਜ਼ਲਟ ਤੋਂ ਮਿਲਦਾ ਹੈ। ਉਨ੍ਹਾਂ ਇਸ ਮੌਕੇ ਮਾਪਿਆਂ ਨੂੰ ਭਰੋਸਾ ਦਿੱਤਾ ਕਿ ਭਵਿੱਖ ਅੰਦਰ ਵੀ ਸਕੂਲ ਇਸੇ ਤਰ੍ਹਾਂ ਵਿਦਿਆਰਥੀਆਂ ਦੇ ਚੰਗੇ ਨਤੀਜੇ ਲਿਆਉਣ ਲਈ ਤੱਤਪਰ ਰਹੇਗਾ । ਸਾਲਾਨਾ ਨਤੀਜੇ ਵਿੱਚ ਕ੍ਰਮਵਾਰ ਪਹਿਲੇ, ਦੂਜੇ ਤੇ ਤੀਸਰੇ ਸਥਾਨ ’ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਟਰਾਫ਼ੀਆਂ ਅਤੇ ਗਿਫ਼ਟ ਦੇ ਕੇ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ ਗਿਆ।

# ਸੰਯੁਕਤ ਕਿਸਾਨ ਮੋਰਚਾ ਵੱਲੋਂ 6 ਅਪ੍ਰੈਲ ਨੂੰ ਧਰਨਾ



ਬਰਨਾਲਾ, 31 ਮਾਰਚ (ਬਘੇਲ ਸਿੰਘ ਧਾਲੀਵਾਲ) : ਸਯੁੰਕਤ ਕਿਸਾਨ ਮੋਰਚਾ ਪੰਜਾਬ ਜ਼ਿਲ੍ਹਾ ਬਰਨਾਲਾ ਦੀ ਮੀਟਿੰਗ ਦਰਸ਼ਨ ਸਿੰਘ ਉੱਗੋਕੇ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਸਾਹਿਬ ਬੀਬੀ ਪਰਧਾਨ ਕੌਰ ਵਿਖੇ ਹੋਈ ਚਮਕੌਰ ਸਿੰਘ ਰਾਜਿੰਦਰ ਸਿੰਘ ਦਰਾਕਾ ਕਨਵੀਨਰ ਗੁਰਦੇਵ ਸਿੰਘ ਜੱਗਾ ਸਿੰਘ ਮਨਜੀਤ ਰਾਜ ਗੁਰਮੇਲ ਸ਼ਰਮਾ ਰਣਜੀਤ ਸਿੰਘ ਨੰਗਿਦਰਜੀਤ ਸਿੰਘ ਨੇ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ।ਜਿਸ ਵਿੱਚ ਕਿਸਾਨਾਂ ਦੀਆਂ ਮੰਗਾਂ ਮੱਸਲਿਆ ਦੇ ਹੱਲ ਕਰਨ ਖੇਤਰ ਦੀ ਦੇਸ60% ਅਬਾਦੀ ਦੀ ਉਪਜੀਵਕਾ ਦਾ ਸਾਧਨ ਹੈ 46% ਅਬਾਦੀ ਸਿੱਧੇ ਤੌਰ ’ਤੇ ਖੇਤੀ ਵਿੱਚ ਲੱਗੀ ਹੋਈ ਹੈ। ਪੰਜਾਬ ਖੇਤੀਬਾੜੀ ਪ੍ਰਧਾਨ ਸੂਬਾ ਹੈ ਖੇਤੀ ਹੀ ਪੰਜਾਬ ਦੇ ਅਰਥਚਾਰੇ ਦਾ ਧੁਰਾ ਹੈ ਪੰਜਾਬ ਦਰਿਆਵਾਂ ਦੀ ਧਰਤੀ ਵੀ ਹੈ ਫਿਰ ਵੀ ਸਭ ਕੁਝ ਦੇ ਬਾਵਜੂਦ ਸੂਬੇ ਦੀ ਖੇਤੀ ਸੰਕਟ ਗ੍ਰਸਤ ਹੈ ਕਿਸਾਨਾਂ ਮਜ਼ਦੂਰਾਂ ਦੀਆਂ ਖ਼ੁਦਕੁਸ਼ੀਆਂ ਹਵਾ ਪਾਣੀ ਅਤੇ ਜ਼ਮੀਨ ਦਾ ਦੂਸ਼ਿਤ ਹੋਣਾ ਇਸ ਸੰਕਟ ਦੀ ਸਪੱਸ਼ਟ ਉਦਾਹਰਣ ਹੈ। ਬਿਜਲੀ ਬਿੱਲ 2025 ਸੀਡ ਬਿਲ ਚਾਰ ਲੇਬਰ ਕੋਡ ਮਨਰੇਗਾ ਕਾਨੂੰਨ ਨਵੀਂ ਅਤੇ ਸਿੱਖਿਆ ਨੀਤੀ 2020 ਰੱਦ ਕੀਤੀ ਜਾਵੇ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਸਾਰੀਆਂ ਫਸਲਾਂ ਫਲਾਂ ਸਬਜ਼ੀਆਂ ਅਤੇ ਬਾਸਮਤੀ ਦੀ 3 2+ 50% ਫਾਰਮੂਲਾ ਨਾਲ ਐਮ ਐਸ ਪੀ ਉੱਤੇ ਖ਼ਰੀਦ ਦੀ ਕਾਨੂੰਨੀ ਗਰੰਟੀ ਕੀਤੀ ਜਾਵੇ ।ਡੈਮ ਸੇਫਟੀ ਐਕਟ ਨੂੰ ਰੱਦ ਕੀਤਾ ਜਾਵੇ। ਦਰਿਆਵਾਂ ਨਹਿਰਾਂ ਅਤੇ ਡਰੇਨਾਂ ਵਿੱਚ ਉਦਯੋਗਾਂ ਅਤੇ ਸੀਵਰੇਜ ਦੇ ਪੈਂਦੇ ਦੂਸ਼ਿਤ ਪਾਣੀ ਨੂੰ ਬੰਦ ਕੀਤਾ ਜਾਵੇ। ਹੜ੍ਹਾਂ ਨੂੰ ਕੰਟਰੋਲ ਕਰਨ ਲਈ ਅਜਾਈ ਜਾ ਰਹੇ ਪਾਣੀ ਨੂੰ ਸੰਭਾਲਣ ਲਈ ਢੁਕਵੇਂ ਪ੍ਰਬੰਧ ਕੀਤੇ ਜਾਣ ।ਕਿਸਾਨੀ ਮੰਗਾਂ ਮੱਸਲਿਆ ਨੂੰ ਹੱਲ ਕਰਨ ਲਈ 6ਅਪਰੈਲ ਡਿਪਟੀ ਕਮਿਸ਼ਨਰ ਦੇ ਦਫਤਰ ਅੱਗੇ ਧਰਨਾ ਦਿੱਤਾ ਜਾਵੇਗਾ ਅਤੇ ਪ੍ਰਧਾਨ ਮੰਤਰੀ ਭਾਰਤ ਸਰਕਾਰ ਦੇ ਨਾਮ ਮੰਗ ਪੱਤਰ ਦਿੱਤਾ ਜਾਵੇਗਾ ਕੁਦਰਤੀ ਸੋਮਿਆਂ ਨੂੰ ਬਚਾਉਣ ਲਈ ਨਹਿਰੀ ਪਾਣੀ ਵੱਧ ਤੋਂ ਵੱਧ ਸਿੰਜਾਈ ਅਤੇ ਪੀਣ ਮੁੱਹਈਆ ਕੀਤਾ ਜਾਵੇ ਈਰਾਨ ਉੱਤੇ ਅਮਰੀਕਾ ਅਤੇ ਇਜ਼ਰਾਈਲ ਦੇ ਵੱਲੋਂ ਕੀਤੇ ਹਮਲੇ ਤਰੁੰਤ ਬੰਦ ਕੀਤੇ ਜਾਣ। ਗੁਰਮੇਲ ਸਿੰਘ ਜਰਨੈਲ ਸਿੰਘ ਸਾਹਿਬ ਸਿੰਘ ਅਮਰੀਕ ਸਿੰਘ ਦਰਸ਼ਨ ਸਿੰਘ ਮਹਿਤਾ ਕਿਸਾਨ ਆਗੂਆਂ ਨੇ ਸ਼ਮੂਲੀਅਤ ਕੀਤੀ।

# ਵਿਸ਼ਵ ਰੰਗ ਮੰਚ ਦਿਵਸ ਮੌਕੇ ਨਾਟਕ ‘ਉਸ ਨੂੰ ਕਹੀਂ’ ਦਾ ਮੰਚਨ



ਬਰਨਾਲਾ , 31 ਮਾਰਚ (ਬਘੇਲ ਸਿੰਘ ਧਾਲੀਵਾਲ): ਪਰਵਾਜ਼ ਥੀਏਟਰ ਬਰਨਾਲਾ ਵੱਲੋਂ ਕੱਲ੍ਹ ਵਿਸ਼ਵ ਰੰਗ ਮੰਚ ਦਿਵਸ ਨੂੰ ਸਮਰਪਿਤ ਇੰਟਰਨੈਸ਼ਨਲ ਟੰਡਨ ਸਕੂਲ ਬਰਨਾਲਾ ਦੇ ਓਪਨ ਏਅਰ ਥੀਏਟਰ ਵਿੱਚ ਦਿਲਪ੍ਰੀਤ ਚੌਹਾਨ ਦੀ ਨਿਰਦੇਸ਼ਨਾ ਹੇਠ ਪਾਲੀ ਭੁਪਿੰਦਰ ਸਿੰਘ ਦੇ ਲਿਖੇ ਨਾਟਕ ‘ਉਸ ਨੂੰ ਕਹੀਂ” ਦਾ ਸਫ਼ਲ ਮੰਚਨ ਕੀਤਾ ਗਿਆ। ਇਹ ਨਾਟਕ ਆਜ਼ਾਦੀ ਤੋਂ ਪਹਿਲਾਂ ਤੇ ਬਾਅਦ ਦੇ ਭਾਰਤ ਖ਼ਾਸ ਕਰਕੇ ਪੰਜਾਬ ਦੇ ਸੰਦਰਭ ਵਿੱਚ ਮਨੁੱਖੀ ਮਾਨਸਿਕਤਾ ਦੀਆਂ ਵੱਖ ਵੱਖ ਪਰਤਾਂ ਨੂੰ ਪੇਸ਼ ਕਰਦਾ ਹੈ। ਨਾਟਕ ਵਿੱਚ ਮੁੱਖ ਪਾਤਰ ਦਿਲਪ੍ਰੀਤ ਚੌਹਾਨ ਤੋਂ ਬਿਨਾਂ ਗੁਰਮੀਤ ਬਾਵਾ, ਮਨਦੀਪ ਦੇਵੀ, ਸੈਂਡੀ ਸੰਦੀਪ, ਰਣਜੀਤ ਚੌਹਾਨ, ਤਰਨਪ੍ਰੀਤ ਸਿੰਘ, ਮਨੀ ਲੋਹਟ, ਕਰਮਜੀਤ ਭੋਤਨਾ, ਹਰਕਰਨਪ੍ਰੀਤ ਸਿੰਘ ਅਤੇ ਇੰਦਰਪ੍ਰੀਤ ਸਿੰਘ ਨੇ ਆਪੋ ਆਪਣੇ ਕਿਰਦਾਰ ਬਾਖ਼ੂਬੀ ਨਿਭਾਏ। ਮੰਚ ਸੱਜਾ ਲੱਕੀ ਚੌਹਾਨ, ਪਿੱਠ ਵਰਤੀ ਸੰਗੀਤ ਸ਼ਰਨਜੀਤ ਸ਼ਾਨੂੰ, ਗੀਤ ਰਾਮ ਸਰੂਪ ਸ਼ਰਮਾ ਅਤੇ ਰੌਸ਼ਨੀ ਰਮਨਜੀਤ ਕੌਰ ਵੱਲੋਂ ਕੀਤੀ ਗਈ। ਇਸ ਤੋਂ ਪਹਿਲਾਂ ਸੋਸ਼ਲ ਮੀਡੀਆ ਦੇ ਜਾਲ ਵਿੱਚ ਫਸੀ ਅਜੋਕੀ ਨੌਜਵਾਨ ਪੀੜ੍ਹੀ ਦੀ ਬਾਤ ਪਾਉਂਦਾ ਇਕ ਪਾਤਰੀ ਨਾਟਕ ਮੋਬਾਈਲੇਰੀਆ ਲੇਖਕ, ਨਿਰਦੇਸ਼ਕ ਤੇ ਅਦਾਕਾਰ ਟੀ ਐਨ ਸ਼ਰਮਾ ਵੱਲੋਂ ਪੇਸ਼ ਕੀਤਾ ਗਿਆ। ਸਮਾਗਮ ਦੇ ਆਰੰਭ ਵਿੱਚ ਜਿੱਥੇ ਸਕੂਲ ਦੇ ਡਾਇਰੈਕਟਰ ਸ਼ਿਵ ਸਿੰਗਲਾ ਨੇ ਦਰਸ਼ਕਾਂ ਨੂੰ ਜੀ ਆਇਆਂ ਕਿਹਾ ਉੱਥੇ ਭੋਲਾ ਸਿੰਘ ਸੰਘੇੜਾ ਨੇ ਵਿਸ਼ਵ ਰੰਗ ਮੰਚ ਦਿਵਸ ਬਾਰੇ ਸੰਖੇਪ ਵਿੱਚ ਜਾਣਕਾਰੀ ਦਿੰਦਿਆਂ ਅਜੋਕੇ ਸਮੇਂ ਵਿੱਚ ਇਸ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਨਾਟਕਾਂ ਦੀ ਪੇਸ਼ਕਾਰੀ ਦੌਰਾਨ ਕਰਨ ਜ਼ਾਫਰ ,ਪਰੀਨਿਤਾ ਹੁਸਨ ਧਾਲੀਵਾਲ ਅਤੇ ਅਰਮਾਨ ਭੋਤਨਾ ਗੀਤ ਗਾਇਨ ਵੀ ਕੀਤਾ। ਮੰਚ ਸੰਚਾਲਨ ਦੀ ਭੂਮਿਕਾ ਵਿਜੇ ਕੁਮਾਰ ਨੇ ਨਿਭਾਈ। ਇਸ ਮੌਕੇ ਗੌਰਵ ਸ਼ਰਮਾ, ਡਾ. ਲਖਵੀਰ ਸਿੰਘ, ਯਾਦਵਿੰਦਰ ਸਿੰਘ ਬਿੱਟੂ ਦੀਵਾਨਾ, ਨਰਾਇਣ ਦੱਤ, ਡਾ. ਹਰਿਭਗਵਾਨ, ਸੁਰਜੀਤ ਸੰਧੂ, ਪਰਮਜੀਤ ਸ਼ੀਤਲ, ਡਾ. ਭੁਪਿੰਦਰ ਸਿੰਘ ਬੇਦੀ, ਰਾਮ ਸਰੂਪ ਸ਼ਰਮਾ, ਸੁਖਜਿੰਦਰ ਗਿੱਲ, ਜਿਮੀ ਮਿੱਤਲ, ਜਸਵਿੰਦਰ ਖੁੱਡੀ, ਸ਼ੰਮੀ ਸਿੰਗਲਾ, ਇਕਬਾਲ ਸਿੰਘ ਭੋਤਨਾ, ਕੇਸਰ ਕਸਤੂਰੀ, ਵਿੰਦਰ ਠੀਕਰੀਵਾਲ, ਕੁਲਵਿੰਦਰ ਕੌਸ਼ਲ, ਰੇਸ਼ਮ ਚੌਹਾਨ, ਰੁਪਿੰਦਰਜੀਤ ਕੌਰ ਅਤੇ ਅਮਨ ਜੱਖਲਾਂ ਆਦਿ ਵੀ ਹਾਜ਼ਰ ਸਨ।

# 5 ਅਪ੍ਰੈਲ ਨੂੰ ਮੁਫ਼ਤ ਡਾਕਟਰੀ ਜਾਂਚ ਕੈਂਪ

ਬਰਨਾਲਾ, 31 ਮਾਰਚ (ਬਘੇਲ ਸਿੰਘ ਧਾਲੀਵਾਲ) : ਇੱਥੋਂ ਨਜ਼ਦੀਕੀ ਸਿੰਘ ਦਾਨਗੜ੍ਹ ਵਿਖੇ ਸਵ. ਡਾ. ਸ਼ਵਿੰਦਰ ਸਿੰਘ ਗਿੱਲ ਦੀ ਯਾਦ ਨੂੰ ਸਮਰਪਿਤ 5 ਅਪ੍ਰੈਲ 2026 ਦਿਨ ਐਤਵਾਰ ਨੂੰ ਗੁਰਦੁਆਰਾ ਤਪਿਆਣਾ ਸਾਹਿਬ ਵਿਖੇ ਇੱਕ ਵਿਸ਼ੇਸ਼ ਮੁਫ਼ਤ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਕੈਂਪ ਦਾ ਸਮਾਂ ਸਵੇਰੇ 9:30 ਵਜੇ ਤੋਂ ਦੁਪਹਿਰ 2 ਵਜੇ ਤੱਕ ਰੱਖਿਆ ਗਿਆ ਹੈ। ਉਹਨਾਂ ਦੱਸਿਆਂ ਕ ਇਸ ਮੌਕੇ ਤੇ ਡਾ. ਰਾਜ ਬਹਾਦਰ, ਜੋ ਕਿ ਰੀਜਨਲ ਸਪਾਈਨਲ ਇੰਜਰੀ ਸੈਂਟਰ ਮੋਹਾਲੀ ਦੇ ਡਾਇਰੈਕਟਰ ਅਤੇ ਏਮਸ (AIIMS) ਰਿਸ਼ੀਕੇਸ਼ ਦੇ ਪ੍ਰਧਾਨ ਵੀ ਹਨ, ਵੀ ਹਾਜ਼ਰ ਰਹਿਣਗੇ। ਉਹਨਾਂ ਵੱਲੋਂ ਦੱਸਿਆ ਗਿਆ ਹੈ ਕਿ ਕੈਂਪ ਦੌਰਾਨ ਮਰੀਜ਼ਾਂ ਦੀ ਸੰਭਾਲ, ਚੈਕਅੱਪ ਅਤੇ ਜ਼ਰੂਰੀ ਮੈਡੀਕਲ ਸਲਾਹ ਮੁਫ਼ਤ ਦਿੱਤੀ ਜਾਵੇਗੀ। ਇਸ ਕੈਂਪ ਦਾ ਆਯੋਜਨ ਗੁਰਦੁਆਰਾ ਤਪਿਆਣਾ ਸਾਹਿਬ ਕਮੇਟੀ, ਸਹੁਰ ਨਗਰ ਪੰਚਾਇਤ ਅਤੇ ਹੋਰ ਸਮਾਜਿਕ ਸੰਸਥਾਵਾਂ ਦੇ ਸਹਿਯੋਗ ਨਾਲ ਕੀਤਾ ਜਾ ਰਿਹਾ ਹੈ। ਉਹਨਾਂ ਇਲਾਕੇ ਦੇ ਲੋਕਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਇਸ ਕੈਂਪ ਦਾ ਲਾਭ ਲੈਣ ਦੀ ਅਪੀਲ ਕੀਤੀ।

# ਸ਼੍ਰੀ ਬਾਲਾ ਜੀ ਮੰਦਰ ਵਿਖੇ ਸ਼੍ਰੀ ਰਮਾਇਣ ਪਾਠ ਭਲਕੇ

ਤਪਾ ਮੰਡੀ, 31 ਮਾਰਚ (ਭੂਸ਼ਨ ਘੜੈਲਾ/ਰਾਜੂ ਮਹਿਰਾ) : ਸ਼੍ਰੀ ਹਨੂੰਮਾਨ ਜਨਮ ਉਤਸਵ ਨੂੰ ਸਮਰਪਿਤ ਸ੍ਰੀ ਅਖੰਡ ਰਮਾਇਣ ਜੀ ਦੇ ਪਾਠ ਸ੍ਰੀ ਬਾਲਾ ਜੀ ਮੰਦਰ ਬਾਗ ਕਲੋਨੀ ਵਿਖੇ ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਜਾਣਕਾਰੀ ਦਿੰਦਿਆਂ ਮੰਦਰ ਦੇ ਪੁਜਾਰੀ ਪ੍ਰਦੀਪ ਕੁਮਾਰ (ਬਾਬਾ ਛੋਟੂ ਰਾਮ) ਨੇ ਦੱਸਿਆ ਕਿ ਸ੍ਰੀ ਬਾਲਾ ਜੀ ਮੰਦਰ ਵਿਖੇ 2 ਅਪ੍ਰੈਲ 2026 ਦਿਨ ਵੀਰਵਾਰ ਨੂੰ ਸ੍ਰੀ ਅਖੰਡ ਰਮਾਇਣ ਪਾਠ ਦਾ ਆਰੰਭ ਸਵੇਰੇ 10 ਵਜੇ ਕੀਤਾ ਜਾਵੇਗਾ ਜਿਸ ਦਾ ਭੋਗ ਦੂਜੇ ਦਿਨ ਹੀ 3 ਅਪ੍ਰੈਲ 2026 ਦਿਨ ਸ਼ੁੱਕਰਵਾਰ ਨੂੰ ਭੋਗ ਪਾਇਆ ਜਾਵੇਗਾ । ਇਸ ਮੌਕੇ ਪੰਡਿਤ ਪ੍ਰਦੀਪ ਕੁਮਾਰ ਜੀ ਵੱਲੋਂ ਸਾਰੇ ਤਪਾ ਨਿਵਾਸੀਆਂ ਨੂੰ ਇਸ ਧਾਰਮਿਕ ਸਮਾਗਮ ਸ੍ਰੀ ਰਮਾਇਣ ਪਾਠ ਦੇ ਭੋਗ ਮੌਕੇ ਹਾਜ਼ਰੀ ਲਵਾਉਣ ਦਾ ਸੱਦਾ ਪੱਤਰ ਹੈ ਜੀ। ਇਸ ਮੌਕੇ ਉਹਨਾਂ ਇਹ ਵੀ ਦੱਸਿਆ ਕਿ ਭੋਗ ਉਪਰੰਤ ਭੰਡਾਰਾ ਵਰਤਾਇਆ ਜਾਵੇਗਾ।

## ਜਨਮ ਦਿਨ ਮੁਬਾਰਕ



ਰੀਤਾਸ਼ੂ ਕੁਮਾਰ



# ਪਟਿਆਲਾ-ਆਸ/ਪਾਸ



## ਸਨੌਰ 'ਚ ਕੋਈ ਕੰਮ ਬਕਾਇਆ ਨਹੀਂ ਰਹੇਗਾ, ਮੁੱਖ ਮੰਤਰੀ ਮਾਨ ਨੇ ਖ਼ਜ਼ਾਨੇ ਦਾ ਮੂੰਹ ਹਲਕੇ ਵੱਲ ਖੋਲ੍ਹਿਆ : ਰਣਜੋਧ ਹਡਾਣਾ



ਦੂੱਧਨਸਾਧਾਂ, 31 ਮਾਰਚ (ਗੁਰਜੀਤ ਸਿੰਘ ਢੌਟ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਹਲਕਾ ਸਨੌਰ ਵਿੱਚ 114 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾ ਕੇ ਹਲਕੇ ਦੇ ਨਿਵਾਸੀਆਂ ਨੂੰ ਇੱਕ ਵੱਡੀ ਸੌਗਾਤ ਦਿੱਤੀ ਹੈ, ਜਿਸ ਲਈ ਸਮੁੱਚਾ ਹਲਕਾ ਸਨੌਰ ਮੁੱਖ ਮੰਤਰੀ ਦਾ ਦਿਲੋਂ ਧੰਨਵਾਦ ਕਰਦਾ ਹੈ। ਇਹ ਪ੍ਰਗਟਾਵਾ ਹਲਕਾ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਇੱਥੇ ਅਨਾਜ ਮੰਡੀ ਦੂਧਨ ਸਾਧਾਂ ਵਿਖੇ ਮੁੱਖ ਮੰਤਰੀ ਵੱਲੋਂ ਤਿੰਨ ਵਿਕਾਸ ਪ੍ਰਾਜੈਕਟਾਂ ਦੇ ਨੀਂਹ ਪੱਥਰ ਰੱਖਣ ਮਗਰੋਂ ਧੰਨਵਾਦ ਕਰਦਿਆਂ ਕੀਤਾ। ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਹਲਕਾ ਸਨੌਰ ਵਿੱਚ ਕੋਈ ਕੰਮ ਬਕਾਇਆ ਨਹੀਂ ਰਹੇਗਾ, ਕਿਉਂਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਖ਼ਜ਼ਾਨੇ ਦਾ ਮੂੰਹ ਸਨੌਰ ਵੱਲ ਖੋਲ੍ਹ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਹਲਕਾ ਸਨੌਰ ਦੇ ਨਿਵਾਸੀ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਸਦਾ ਰਿਣੀ ਰਹਿਣਗੇ।ਰਣਜੋਧ ਸਿੰਘ ਹਡਾਣਾ ਨੇ ਮੁੱਖ ਮੰਤਰੀ ਦੇ ਸਨਮੁੱਖ ਮੰਗਾਂ ਰੱਖੀਆਂ, ਜਿਨ੍ਹਾਂ ਵਿੱਚ ਦੂਧਨ ਸਾਧਾਂ ਸੀ.ਐਚ.ਸੀ. ਹਸਪਤਾਲ ਨੂੰ ਸਬ ਡਵੀਜਨ ਹਸਪਤਾਲ ਤੇ ਸਨੌਰ ਦੇ ਹਸਪਤਾਲ ਨੂੰ ਸੀ.ਐਚ.ਸੀ. ਅਪਗ੍ਰੇਡ ਕਰਨ, ਸਮੇਤ ਸਕੂਲਾਂ ਲਈ ਸਾਇੰਸ ਲੈਬਾਰਟਰੀਆਂ ਸਮੇਤ ਪਟਿਆਲਾ-ਪਿਹੋਵਾ ਸੜਕ ਨੂੰ ਚਾਰ ਮਾਰਗੀ ਬਣਾਉਣ, ਘੱਗਰ-ਟਾਂਗਰੀ ਦਰਿਆਵਾਂ ਨੂੰ ਡੂੰਘਾ ਤੇ ਚੌੜਾ ਕਰਕੇ ਹੜ੍ਹਾਂ ਦੀ ਸਮੱਸਿਆ ਦੇ ਹੱਲ ਕਰਨ, ਸਨੌਰ ਨੂੰ ਵੱਖਰੀ ਸਬ-ਡਵੀਜਨ ਬਣਾਉਣ ਸਮੇਤ ਹਲਕੇ ਵਿੱਚ ਵੱਡੀ ਉਦਯੋਗਿਕ ਇਕਾਈ ਦੀ ਸਥਾਪਨਾ ਸ਼ਾਮਲ ਸਨ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਨੇ ਇਨ੍ਹਾਂ ਮੰਗਾਂ ਨੂੰ ਮੰਨਣ ਦਾ ਭਰੋਸਾ ਦਿੱਤਾ ਹੈ। ਇਸ ਮੌਕੇ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ, ਜਲ ਸਰੋਤ ਵਿਭਾਗ ਦੇ ਮੰਤਰੀ ਬਰਿੰਦਰ ਗੋਇਲ, 'ਆਪ' ਦੇ ਜਨਰਲ ਸਕੱਤਰ ਤੇ ਮੀਡੀਆ ਇੰਚਾਰਜ ਬਲਤੇਜ ਪੰਨੂ, ਹਲਕਾ ਸਨੌਰ ਦੇ ਇੰਚਾਰਜ ਅਤੇ ਅੱਜ ਦੇ ਸਮਾਗਮ ਦੇ ਮੁੱਖ ਪ੍ਰਬੰਧਕ ਰਣਜੋਧ ਸਿੰਘ ਹਡਾਣਾ, ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਨੀਨਾ ਮਿੱਤਲ, ਚੇਤਨ ਸਿੰਘ ਜੌੜਾਮਾਜਰਾ, ਗੁਰਦੇਵ ਸਿੰਘ ਦੇਵ ਮਾਨ, ਗੁਰਲਾਲ ਘਨੌਰ ਤੇ ਕੁਲਵੰਤ ਸਿੰਘ ਬਾਜ਼ੀਗਰ, ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ, ਸੂਬਾ ਸਕੱਤਰ ਤੇ ਡਿਪਟੀ ਮੇਅਰ ਜਗਦੀਪ ਸਿੰਘ ਜੱਗਾ, ਜ਼ਿਲ੍ਹਾ ਯੋਜਨਾ ਕਮੇਟੀ ਚੇਅਰਮੈਨ ਤੇਜਿੰਦਰ ਮਹਿਤਾ, ਪੰਜਾਬ ਐਗਰੋ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਕਨਵੇਅਰ ਦੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ, ਚੇਅਰਮੈਨ ਜਸਵੀਰ ਸਿੰਘ ਕੁਦਨੀ, ਜਲ ਸਰੋਤ ਵਿਭਾਗ ਦੇ ਪ੍ਰਮੁੱਖ ਸਕੱਤਰ ਕ੍ਰਿਸ਼ਨ ਕੁਮਾਰ ਵੀ ਮੌਜੂਦ ਸਨ।

### 'ਆਪ' ਸਰਕਾਰ ਨੇ ਚਾਰ ਸਾਲਾਂ 'ਚ ਸਾਰੀਆਂ ਗਾਰੰਟੀਆਂ ਪੂਰੀਆਂ ਕੀਤੀਆਂ : ਧਰਮਪਾਲ ਨਾਹਰ

ਸਮਾਣਾ, 31 ਮਾਰਚ (ਜਵੰਦਾ) :ਐਸ ਸੀ ਵਿੰਗ ਦੇ ਜ਼ਿਲ੍ਹਾ ਇੰਚਾਰਜ ਅਤੇ ਕੌਂਸਲਰ ਧਰਮਪਾਲ ਨਾਹਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ



ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮੁਫ਼ਤ ਬਿਜਲੀ, ਸਿਹਤ ਬੀਮਾ ਯੋਜਨਾ ਸਮੇਤ ਕਈਆਂ ਗਰੰਟੀਆਂ ਨੂੰ ਹਕੀਕਤ ਬਣਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਮਹਿਲਾਵਾਂ ਨੂੰ 1000 ਰੁਪਏ ਮਹੀਨਾ ਅਤੇ ਅਨੁਸੂਚਿਤ ਜਾਤੀਆਂ ਦੇ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਦੇਣ ਦੀ ਯੋਜਨਾ ਵੀ ਜਲਦ ਲਾਗੂ ਕੀਤੀ ਜਾਵੇਗੀ। ਇਸ ਤੋਂ ਇਲਾਵਾ ਪੰਜਾਬ ਦੇ ਲੋਕਾਂ ਨੂੰ 10 ਲੱਖ ਰੁਪਏ ਤੱਕ ਮੁਫ਼ਤ ਇਲਾਜ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਵਿੱਚ ਮਿਲੇਗਾ ਅਤੇ ਸੂਬੇ ਦੇ ਲੋਕ ਇਸਦਾ ਲਾਭ ਲੈਣਗੇ। ਹਲਕਾ ਸਮਾਣਾ 'ਚ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੀ ਅਗਵਾਈ ਹੇਠ ਵੱਧ ਤੋਂ ਵੱਧ ਵਿਕਾਸ ਕਰਵਾਇਆ ਜਾਵੇਗਾ

## ਪਿੰਡ ਸੋਨੇਮਾਜਰਾ 'ਚ ਅਵਾਰਾ ਕੁੱਤਿਆਂ ਦੀ ਦਹਿਸ਼ਤ, 6 ਬੱਚਿਆਂ ਸਮੇਤ 7 ਲੋਕਾਂ ਨੂੰ ਕੱਟਿਆ

ਘਨੌਰ, 31 ਮਾਰਚ (ਰਾਜਿੰਦਰ ਸਿੰਘ ਕੰਬੋਜ) : ਹਲਕਾ ਘਨੌਰ ਵਿੱਚ ਪੈਂਦੇ ਪਿੰਡ ਸੋਨੇਮਾਜਰਾ ਵਿੱਚ ਅਵਾਰਾ ਕੁੱਤਿਆਂ ਦਾ ਖੌਫ਼ ਲਗਾਤਾਰ ਵਧ ਰਿਹਾ ਹੈ। ਪਿੰਡ ਵਿੱਚ ਅਵਾਰਾ ਕੁੱਤਿਆਂ ਨੇ ਹਮਲਾ ਕਰਕੇ 6 ਬੱਚਿਆਂ ਅਤੇ ਇੱਕ ਔਰਤ ਨੂੰ ਬੁਰੀ ਤਰ੍ਹਾਂ ਜ਼ਖਮੀ ਕਰ ਦਿੱਤਾ। ਜ਼ਖਮੀਆਂ ਨੂੰ ਤੁਰੰਤ ਇਲਾਜ ਲਈ ਸਰਕਾਰੀ ਹਸਪਤਾਲ ਘਨੌਰ ਲਿਆਂਦਾ ਗਿਆ, ਜਿੱਥੋਂ ਡਾਕਟਰਾਂ ਨੇ ਉਨ੍ਹਾਂ ਨੂੰ ਅੱਗੇ ਇਲਾਜ ਲਈ ਰਾਜਿੰਦਰਾ ਹਸਪਤਾਲ ਪਟਿਆਲਾ ਰੈਫਰ ਕਰ ਦਿੱਤਾ। ਪੀੜਤ ਪਰਿਵਾਰਾਂ ਨੇ ਦੱਸਿਆ ਕਿ ਕੁੱਤੇ ਦੇ ਕੱਟਣ ਤੋਂ ਬਚਾਅ ਲਈ ਲੱਗਣ ਵਾਲੇ ਟੀਕੇ ਹਸਪਤਾਲ ਵਿੱਚ ਉਪਲਬਧ ਨਾ



ਹੋਣ ਕਾਰਨ ਕੁਝ ਮਰੀਜ਼ਾਂ ਨੂੰ ਕਰੀਬ 2700 ਰੁਪਏ ਦੇ ਟੀਕੇ ਬਾਹਰੋਂ ਮੰਗਵਾਉਣੇ ਪਏ। ਜ਼ਿਆਦਾਤਰ ਪਰਿਵਾਰ ਦਿਹਾੜੀ ਮਜ਼ਦੂਰੀ ਕਰਕੇ ਗੁਜ਼ਾਰਾ ਕਰਦੇ ਹਨ, ਜਿਸ ਕਾਰਨ ਇਹ ਖਰਚ ਉਨ੍ਹਾਂ ਲਈ ਭਾਰੀ ਸਾਬਤ ਹੋ ਰਿਹਾ ਹੈ। ਇਸ ਮਾਮਲੇ ਦੀ ਜਾਣਕਾਰੀ ਮਿਲਣ 'ਤੇ ਪੀਆਰਟੀਸੀ ਦੇ ਵਾਈਸ ਚੇਅਰਮੈਨ ਬਲਵਿੰਦਰ ਸਿੰਘ ਝਾੜਵਾਂ ਨੇ ਪਿੰਡ ਪਹੁੰਚ ਕੇ ਮੌਕੇ ਦੀ ਜਾਂਚ ਕੀਤੀ ਅਤੇ ਅਧਿਕਾਰੀਆਂ ਨੂੰ ਪੀੜਤਾਂ ਦੇ ਇਲਾਜ ਵਿੱਚ ਕੋਈ ਕਮੀ ਨਾ ਰਹਿਣ ਦੇਣ ਲਈ ਹਦਾਇਤਾਂ ਦਿੱਤੀਆਂ। ਉਨ੍ਹਾਂ ਪੀੜਤਾਂ ਦੇ ਮੁਫ਼ਤ ਇਲਾਜ ਦਾ ਭਰੋਸਾ ਵੀ ਦਿਵਾਇਆ।

## ਸਰਕਾਰ ਦੇ 'ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ' ਸੰਵਾਦ ਪ੍ਰੋਗਰਾਮ ਦੌਰਾਨ ਸਮਾਣਾ 'ਚ 15 ਲੱਖ ਦੇ ਫੰਡ ਜਾਰੀ

### ➢ਚਾਰ ਸਾਲਾਂ 'ਚ ਵਾਅਦੇ ਪੂਰੇ ਕਰਨ ਵਾਲੀ ਸਰਕਾਰ: ਜੌੜਾਮਾਜਰਾ

ਸਮਾਣਾ, 31 ਮਾਰਚ (ਵਿਜੇ ਕੁਮਾਰ/ਜਵੰਦਾ/ਸੁਖਜਿੰਦਰ/ਅਮਿਤ) : ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਦੇ ਮੌਕੇ 'ਤੇ ਭਗਵੰਤ ਸਿੰਘ ਮਾਨ ਦੇ ਨਾਲ ਸੰਵਾਦ ਪ੍ਰੋਗਰਾਮ ਅਧੀਨ ਹਲਕਾ ਸਮਾਣਾ ਦੇ ਪਿੰਡ ਨੱਸੂਪੁਰ ਵਿੱਚ ਵਿਸ਼ੇਸ਼ ਸਮਾਗਮ ਆਯੋਜਿਤ ਕੀਤਾ ਗਿਆ। ਇਸ ਮੌਕੇ ਹਲਕਾ ਵਿਧਾਇਕ ਸ੍ਰੀ ਚੇਤਨ ਸਿੰਘ ਜੌੜਾ ਮਾਜਰਾ ਵੱਲੋਂ ਵਿਕਾਸ ਕਾਰਜਾਂ ਲਈ ਕੁੱਲ 15 ਲੱਖ ਰੁਪਏ ਦੇ ਫੰਡ ਜਾਰੀ ਕੀਤੇ ਗਏ। ਸਮਾਗਮ ਦੌਰਾਨ 28 ਲਾਲ ਲਕੀਰ ਵਾਲੇ ਘਰਾਂ ਵਿੱਚ ਰਹਿੰਦੇ ਪਰਿਵਾਰਾਂ ਨੂੰ ਸੈਂਕਸ਼ਨ ਲੈਟਰ ਵੰਡੇ ਗਏ। ਇਸ ਤੋਂ ਇਲਾਵਾ, ਸਰਬ-ਸੰਮਤੀ ਨਾਲ ਚੁਣੀ ਗਈ ਪੰਚਾਇਤ ਨੂੰ 5 ਲੱਖ ਰੁਪਏ ਦਾ ਚੈਕ ਦਿੱਤਾ ਗਿਆ। ਪਿੰਡ ਵਿੱਚ ਪਾਈਪ ਲਾਈਨ, ਖੇਡ ਮੈਦਾਨ ਅਤੇ ਸੋਲਰ ਲਾਈਟਾਂ ਲਈ ਵੀ ਵੱਖ-ਵੱਖ ਤੌਰ 'ਤੇ ਫੰਡ ਜਾਰੀ ਕੀਤੇ ਗਏ। ਇਸ ਮੌਕੇ ਵਿਧਾਇਕ ਸ੍ਰੀ



ਜੌੜਾਮਾਜਰਾ ਨੇ ਕਿਹਾ ਕਿ ਪੰਜਾਬ ਦੇ ਲੋਕ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਚਾਰ ਸਾਲਾਂ ਦੇ ਕਾਰਜਕਾਲ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦੇ ਹੋਏ ਸਰਕਾਰ ਨੇ ਹਰ ਖੇਤਰ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਰਵਾਇਆ ਹੈ। ਉਨ੍ਹਾਂ ਦੱਸਿਆ ਕਿ ਸਿਹਤ, ਸਿੱਖਿਆ, ਰੋਜ਼ਗਾਰ, ਮੁਫਤ ਬਿਜਲੀ, ਮੁੱਖ ਮੰਤਰੀ ਤੀਰਥ ਯਾਤਰਾ ਸਕੀਮ, ਸੜਕਾਂ ਦੀ ਮੁਰੰਮਤ ਅਤੇ ਖੇਡ ਮੈਦਾਨਾਂ ਦੇ ਵਿਕਾਸ ਵਰਗੀਆਂ ਲੋਕ ਭਲਾਈ ਯੋਜਨਾਵਾਂ ਨਾਲ ਪੰਜਾਬ ਨੂੰ ਤਰੱਕੀ ਦੇ ਰਸਤੇ 'ਤੇ ਲਿਆਂਦਾ ਗਿਆ ਹੈ।ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਪਹੁੰਚੇ ਇਲਾਕਾ ਵਾਸੀਆਂ ਨੇ ਸਰਕਾਰ ਦੇ ਕੰਮਾਂ ਦੀ ਸ਼ਲਾਘਾ ਕੀਤੀ । ਇਸ ਮੌਕੇ ਜ਼ਿਲ੍ਹਾ ਪਰਿਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ, ਮਨਜੀਤ ਕੌਰ, ਤਹਿਸੀਲਦਾਰ ਨਵਜੋਤ ਤਿਵਾੜੀ, ਸਰਪੰਚ ਮਹਿਲ ਸਿੰਘ, ਸਮਾਜਿਕ ਸਿੱਖਿਆ ਤੇ ਪੰਚਾਇਤ ਅਫ਼ਸਰ ਗੁਰਤੇਜ ਸਿੰਘ, ਜੇ ਈ ਸ਼ੈਰੀ ਬਾਂਸਲ, ਦੀਪਕ ਵਧਵਾ, ਪੰਚਾਇਤ ਮੈਂਬਰ ਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

## ਨਸ਼ਾ ਕਰਦੇ ਦੋ ਨੌਜਵਾਨ ਕਾਬੂ, ਨਸ਼ਾ ਛੁਡਾਊ ਕੇਂਦਰ ਭੇਜਿਆ

ਸਮਾਣਾ, 31 ਮਾਰਚ (ਵਿਜੇ ਕੁਮਾਰ) : ਪੁਲਿਸ ਨੇ ਦੋ ਵੱਖ-ਵੱਖ ਮਾਮਲਿਆਂ ਵਿੱਚ ਨਸ਼ੇ ਦਾ ਸੇਵਨ ਕਰ ਰਹੇ ਦੋ ਨੌਜਵਾਨਾਂ ਨੂੰ ਲਾਈਟਰ, ਫ਼ਾਈਲ ਪੰਨੀ ਅਤੇ ਪਾਈਪ ਸਮੇਤ ਕਾਬੂ ਕਰਕੇ ਉਨ੍ਹਾਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਕੁਲਦੀਪ ਸਿੰਘ ਨਿਵਾਸੀ ਪਿੰਡ ਤਲਵੰਡੀ ਮਲਿਕ ਅਤੇ ਰਣਜੀਤ ਸਿੰਘ ਨਿਵਾਸੀ ਭਿੰਡਰ ਕਲੋਨੀ ਸਮਾਣਾ ਵਜੋਂ ਹੋਈ ਹੈ।ਸਦਰ ਪੁਲਿਸ ਇੰਚਾਰਜ ਇੰਸਪੈਕਟਰ ਅਜੇ ਕੁਮਾਰ ਪਰੋਚਾ ਨੇ ਦੱਸਿਆ ਕਿ ਏ.ਐਸ.ਆਈ. ਹਰਮਿੰਦਰ ਸਿੰਘ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਫੋਕਲ ਪੁਆਇੰਟ ਗਾਜੇਵਾਸ ਕੋਲ ਮੌਜੂਦ ਸਨ। ਉਨ੍ਹਾਂ ਨੂੰ ਸੂਚਨਾ ਮਿਲੀ ਕਿ ਮੁਲਜ਼ਮ ਪਿੰਡ ਦੀ ਅਨਾਜ ਮੰਡੀ ਕੋਲ ਬੈਠਾ ਨਸ਼ਾ ਕਰ ਰਿਹਾ ਹੈ।ਪੁਲਿਸ ਪਾਰਟੀ ਨੇ ਰੇਡ ਕਰਕੇ ਮੁਲਜ਼ਮ ਨੂੰ ਨਸ਼ੀਲੀ ਵਸਤੂ ਸਮੇਤ ਨਸ਼ੇ ਦੀ ਹਾਲਤ ਵਿੱਚ ਹਿਰਾਸਤ ਵਿੱਚ ਲੈ ਲਿਆ। ਇੱਕ ਹੋਰ ਮਾਮਲੇ 'ਚ ਸਿਟੀ ਪੁਲਿਸ ਇੰਚਾਰਜ ਸਬ ਇੰਸਪੈਕਟਰ ਬਲਜੀਤ ਸਿੰਘ ਨੇ ਦੱਸਿਆ ਕਿ ਸਬ ਇੰਸਪੈਕਟਰ ਪੂਰਨ ਸਿੰਘ ਪੁਲਿਸ ਪਾਰਟੀ ਸਮੇਤ ਬੱਸ ਸਟੈਂਡ ਸਮਾਣਾ ਵਿਖੇ ਗਸ਼ਤ 'ਤੇ ਸਨ।ਉਨ੍ਹਾਂ ਨੂੰ ਮੁਖ਼ਬਰੀ ਮਿਲੀ ਕਿ ਪਿੰਡ ਧਨੇਠਾ ਨੂੰ ਜਾਂਦੇ ਕੱਚੇ ਰਸਤੇ 'ਤੇ ਰਜਵਾਹੇ ਦੀ ਪਟੜੀ 'ਤੇ ਬੈਠਾ ਇੱਕ ਨੌਜਵਾਨ ਨਸ਼ਾ ਕਰ ਰਿਹਾ ਹੈ। ਰੇਡ ਦੌਰਾਨ ਪੁਲਿਸ ਨੇ ਇੱਕ ਲਾਈਟਰ, ਫ਼ਾਈਲ ਪੇਪਰ ਪੰਨੀ ਅਤੇ ਹੋਰ ਪਾਬੰਦੀਸ਼ੁਦਾ ਸਾਮਾਨ ਸਣੇ ਮੁਲਜ਼ਮ ਨੂੰ ਕਾਬੂ ਕਰ ਲਿਆ। ਅਧਿਕਾਰੀਆ ਅਨੁਸਾਰ ਮੁਲਜ਼ਮਾਂ ਨੂੰ ਨਸ਼ਾ ਛੁਡਾਊ ਕੇਂਦਰ ਭੇਜ ਦਿੱਤਾ

## ਪੰਜਾਬ ਬਚਾਓ ਯਾਤਰਾ ਰੈਲੀ ਲਈ ਵਰਕਰਾਂ 'ਚ ਉਤਸ਼ਾਹ : ਹਰਪ੍ਰੀਤ ਕੌਰ

ਨਾਭਾ, 31 ਮਾਰਚ (ਗੁਰਚਰਨ ਸਿੰਘ ਚੌਧਰੀ ਮਾਜਰਾ) : ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਆਗੂ ਤੇ ਮੈਂਬਰ ਜਿਲਾ ਪ੍ਰੀਸਦ ਬੀਬੀ ਹਰਪ੍ਰੀਤ ਕੌਰ ਰਾਮਗੜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲੀ ਪੰਜਾਬ ਬਚਾਓ



ਯਾਤਰਾ 4 ਅਪ੍ਰੈਲ ਨੂੰ ਹੋਣ ਜਾ ਰਹੀ ਹੈ ਜੋ ਇਤਿਹਾਸ ਸਿਰਜੇਗੀ ਬੀਬੀ ਰਾਮਗੜ ਨੇ ਕਿਹਾ ਵਰਕਰਾਂ ਅੰਦਰ ਇਸ ਰੈਲੀ ਨੂੰ ਲੈਕੇ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਪਿੰਡਾਂ ਅਤੇ ਸ਼ਹਿਰਾਂ ਦੇ ਅਕਾਲੀ ਵਰਕਰ ਪੂਰੇ ਜ਼ੋਰ-ਸ਼ੋਰ ਨਾਲ ਪਹੁੰਚਣਗੇ ਅਕਾਲੀ ਦਲ ਜੁਝਾਰੂ ਵਰਕਰ ਰੈਲੀ ਨੂੰ ਕਾਮਯਾਬ ਕਰਨ ਲਈ ਦਿਨ ਰਾਤ ਮਿਹਨਤ ਕਰ ਰਹੇ ਹਨ। ਪੰਜਾਬ ਦੇ ਲੋਕ ਸ਼ਰੋਮਣੀ ਆਕਾਲੀ ਦਲ ਦੀ ਸਰਕਾਰ ਵੇਲੇ ਕੀਤੇ ਕੰਮਾਂ ਨੂੰ ਯਾਦ ਕਰ ਰਹੇ ਹਨ।

## ਐੱਸ.ਆਰ.ਐੱਸ. ਵਿੱਦਿਆਪੀਠ ਦਾ ਸਾਲਾਨਾ ਨਤੀਜਾ 100 ਫੀਸਦੀ ਰਿਹਾ

ਸਮਾਣਾ, 31 ਮਾਰਚ (ਵਿਜੇ ਕੁਮਾਰ/ਜਵੰਦਾ) : ਐੱਸ ਆਰ ਐੱਸ



ਵਿੱਦਿਆਪੀਠ ਦਾ ਸਾਲਾਨਾ ਨਤੀਜਾ 100 ਫੀਸਦੀ ਰਿਹਾ। ਨਤੀਜੇ ਵਾਲੇ ਦਿਨ ਕੈਂਪਸ ਵਿੱਚ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ ਕਿਉਂਕਿ ਮਾਪਿਆਂ ਨੇ ਆਪਣੇ ਬੱਚਿਆਂ ਦੀਆਂ ਪ੍ਰਾਪਤੀਆਂ ਨੂੰ ਦੇਖ ਕੇ ਸੰਤੁਸਟੀ ਪ੍ਰਗਟਾਈ। ਮਾਪਿਆਂ ਦੇ ਹੁੰਗਾਰੇ ਨੇ ਇੱਕ ਵਾਰ ਫਿਰ ਐੱਸ ਆਰ ਐੱਸ ਵਿੱਦਿਆਪੀਠ ਵਿੱਚ ਉਨ੍ਹਾਂ ਦੇ ਵਿਸ਼ਵਾਸ ਦੀ ਪੁਸਟੀ ਕੀਤੀ। ਪ੍ਰਬੰਧਕਾਂ ਅਤੇ ਸਟਾਫ ਨੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸਫਲਤਾ 'ਤੇ ਵਧਾਈ ਦਿੱਤੀ ਅਤੇ ਮਾਪਿਆਂ ਦਾ ਉਨ੍ਹਾਂ ਦੇ ਨਿਰੰਤਰ ਵਿਸ਼ਵਾਸ ਅਤੇ ਸਮਰਥਨ ਲਈ ਧੰਨਵਾਦ ਕੀਤਾ। ਇਸ ਮੌਕੇ 'ਤੇ ਸਕੂਲ ਚੇਅਰਮੈਨ ਅਮਿਤ ਸਿੰਗਲਾ, ਮੈਨੇਜਿੰਗ ਡਾਇਰੈਕਟਰ ਲਲਿਤ ਸਿੰਗਲਾ ਵਾਈਸ ਚੇਅਰਮੈਨ ਮਿਸ ਸਮਿਧਾ ਸਿੰਗਲਾ ਅਤੇ ਪ੍ਰਿੰਸੀਪਲ ਮਿਸ ਮਿਲੀ ਬੋਸ ਨੇ ਕਿਹਾ ਕਿ ਇਹ ਸਕੂਲ ਸਟਾਫ ਦੀ ਮਿਹਨਤ ਅਤੇ ਕਾਬਲਿਅਤ ਸਣੇ ਵਿਦਿਆਰਥੀਆਂ ਦੀ ਲਗਨ ਹੈ, ਜਿਨ੍ਹਾਂ ਵਿਦਿਆਰਥੀਆਂ ਨੇ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ। ਉਹਨਾਂ ਦੇ ਉਜਵਲ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ ਤੇ ਕਿਹਾ ਕਿ ਐੱਸ ਆਰ ਐੱਸ ਆਪਣੇ ਦ੍ਰਿਸਟੀਕੋਣ ਦੇ ਨਾਲ, ਸਕੂਲ ਭਵਿੱਖ ਲਈ ਤਿਆਰ ਵਿਅਕਤੀਆਂ ਨੂੰ ਆਕਾਰ ਦੇਣ ਲਈ ਸਮਰਪਿਤ ਹੈ।

### ਪਾਵਰਕਾਮ ਤੇ ਟਰਾਂਸਕੋ ਦੀ ਮੀਟਿੰਗ

## 11 ਨੂੰ ਸੀਨੀਅਰ ਪੈਨਸ਼ਨਰਾਂ ਦਾ ਹੋਵੇਗਾ ਸਨਮਾਨ : ਯੂਨੀਅਨ



ਪਟਿਆਲਾ, 31 ਮਾਰਚ (ਚ.ਨ.ਸ.) : ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ ਯੂਨੀਅਨ ਪੰਜਾਬ, ਹੈੱਡ ਆਫਿਸ ਯੂਨਿਟ, ਪਟਿਆਲਾ ਦੀ ਵਰਕਿੰਗ ਕਮੇਟੀ ਦੀ ਮੀਟਿੰਗ ਅਣਖੀ ਭਵਨ, ਫੈਕਟਰੀ ਏਰੀਆ, ਪਟਿਆਲਾ ਵਿਖੇ ਸ: ਭਿੰਦਰ ਸਿੰਘ ਚਹਿਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਅਪ੍ਰੈਲ, 2026 ਦੇ ਦੂਜੇ ਸ਼ਨੀਵਾਰ ਮਿਤੀ 11.04.2026 ਨੂੰ ਸੀਨੀਅਰ ਪੈਨਸ਼ਨਰਾਂ ਨੂੰ ਸਨਮਾਨਿਤ ਕਰਨ ਲਈ ਸਮਾਗਮ ਸਬੰਧੀ ਪ੍ਰੋਗਰਾਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜਨ ਲਈ ਰੂਪ ਰੇਖਾ ਤਿਆਰ ਕੀਤੀ ਗਈ। ਸਮਾਗਮ ਵਿੱਚ ਲਗਭਗ 150 ਤੋਂ ਪੈਨਸ਼ਨਰ ਸ਼ਾਮਲ ਹੋਣਗੇ। ਜਥੇਬੰਦੀ ਵੱਲੋਂ ਪੰਜਾਬ ਸਰਕਾਰ ਵੱਲੋਂ ਡੀ ਏ ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਨ ਬਾਰੇ ਮਾਨਯੋਗ ਹਾਈਕੋਰਟ ਵਿੱਚ ਪੇਸ਼ ਕੀਤੇ ਨਿਰਾਸ਼ਾਜਨਕ ਐਫੀਡੇਵਿਟ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ। ਸ: ਭਿੰਦਰ ਸਿੰਘ ਚਹਿਲ ਪ੍ਰਧਾਨ ਨੇ ਚੇਤਾਵਨੀ ਦਿੱਤੀ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਸਰਕਾਰ ਇਸ ਦੇ ਸਿੱਟੇ ਭੁਗਤਣੇ ਪੈਣਗੇ । ਜਥੇਬੰਦੀ ਵੱਲੋਂ ਪਾਵਰਕਾਮ ਮੈਨੇਜਮੈਂਟ ਨੂੰ ਅਪੀਲ ਕਰਦਿਆਂ ਆਖਿਆ ਕਿ ਪੈਨਸ਼ਨਰਾਂ ਵੱਲੋਂ ਅਪ੍ਰੈਲ ਮਹੀਨੇ ਵਿੱਚ ਜੀਵਨ ਸਰਟੀਫਿਕੇਟ ਨੂੰ ਡਿਗਟਲ ਕਰਨ ਦੀਆਂ ਹਦਾਇਤਾਂ ਵਿੱਚ ਢਿੱਲ ਦੇ ਕੇ ਪੈਨਸ਼ਨਰਾਂ ਦੀ ਇੱਛਾ ਮੈਨੂਅਲ ਜਾਂ ਡਿੱਗੀਟਲੀ ਦੇਣ ਦੀ ਖੁੱਲ੍ਹ ਦਿੱਤੀ ਜਾਵੇ ਜਾਵੇ ਕਿਉਂਕਿ ਬਹੁਤ ਸਾਰੇ ਪੈਨਸ਼ਨਰ ਸਿਸਟਮ ਤੋਂ ਅਣਜਾਣ ਹੋਣ ਕਰਕੇ ਅਤੇ ਬਹੁਤ ਸਾਰੇ ਫੈਮਿਲੀ ਪੈਨਸ਼ਨਰ ਅਨਪੜ੍ਹ ਹੋਣ ਕਰਕੇ ਕੈਫਿਆ ਤੋਂ ਲੁੱਟ ਦਾ ਸ਼ਿਕਾਰ ਬਣਨਗੇ। ਮੀਟਿੰਗ ਵਿੱਚ ਇੰਜ ਸੰਤੋਖ ਸਿੰਘ ਬੋਪਾਰਾਏ, ਅਮਰਜੀਤ ਸਿੰਘ ਖਜ਼ਾਨਚੀ, ਭੁਪਿੰਦਰ ਸਿੰਘ ਮੀਤ ਪ੍ਰਧਾਨ , ਮਲਕੀਅਤ ਸਿੰਘ ਸਰਪ੍ਰਸਤ, ਜਸਵੀਰ ਸਿੰਘ, ਇੰਜ ਜਗਤਾਰ, ਇੰਜ ਕਰਤਾਰ ਸਿੰਘ ਤੇ ਵਰਕਿੰਗ ਕਮੇਟੀ ਦੇ ਮੈਂਬਰ ਹਾਜ਼ਰ ਸਨ।

### ਕਣਕ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ 'ਤੇ ਪਾਬੰਦੀ ਦੇ ਹੁਕਮ

ਅਮਰਗੜ੍ਹ/ਮਲੇਰਕੋਟਲਾ, 31 ਮਾਰਚ (ਬਲਜੀਤ ਸਿੰਘ ਟਿੱਬਾ/ਗੁਰਮੀਤ ਮੰਨਵੀਂ/ਲਵਦੀਪ ਸਿੰਘ) : ਜ਼ਿਲ੍ਹਾ ਮੈਜਿਸਟਰੇਟ ਵਿਰਾਜ ਐਸ. ਤਿੜਕੇ ਵਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਦੇ ਤਹਿਤ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹੇ ਦੀ ਹਦੂਦ ਅੰਦਰ ਕਣਕ ਦੀ ਰਹਿੰਦ-ਖੂੰਹਦ (ਨਾੜ) ਨੂੰ ਅੱਗ ਲਗਾਉਣ 'ਤੇ ਪਾਬੰਦੀ ਲਗਾਈ ਗਈ ਹੈ। ਜ਼ਿਲ੍ਹਾ ਮੈਜਿਸਟਰੇਟ ਨੇ ਹਦਾਇਤ ਕਰਦਿਆਂ ਕਿਹਾ ਕਿ ਕਣਕ ਦੀ ਕਟਾਈ ਦਾ ਸੀਜ਼ਨ ਸ਼ੁਰੂ ਹੋਣ ਵਾਲਾ ਹੈ ਅਤੇ ਆਮ ਤੌਰ 'ਤੇ ਕਣਕ ਕੱਟਣ ਉਪਰੰਤ ਕਣਕ ਦੇ ਨਾੜ ਨੂੰ ਕਿਸਾਨਾਂ ਵਲੋਂ ਅੱਗ ਲਗਾ ਦਿੱਤੀ ਜਾਂਦੀ ਹੈ। ਕਣਕ ਦੇ ਨਾੜ ਨੂੰ ਅੱਗ ਲਗਾਉਣ ਨਾਲ ਨੁਕਸਾਨ ਹੋਣ ਦੀ ਸੰਭਾਵਨਾ ਬਣੀ ਰਹਿੰਦੀ ਹੈ ਤੇ ਹਵਾ ਵਿੱਚ ਧੂੰਏ ਨਾਲ ਬਹੁਤ ਪ੍ਰਦੂਸ਼ਣ ਫੈਲਦਾ ਹੈ। ਜਿਸ ਨਾਲ ਸਾਹ ਦੀਆਂ ਬਿਮਾਰੀਆਂ ਹੋਣ ਦਾ ਖਦਸਾ ਰਹਿੰਦਾ ਹੈ । ਕਣਕ ਦੇ ਨਾੜ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਨਾਲ ਜ਼ਮੀਨ ਦਾ ਉਪਯੋਗੀ ਕੱਲੜ ਜੋ ਕਿ ਜ਼ਮੀਨ ਲਈ ਬਹੁਤ ਲਾਭਦਾਇਕ ਹੈ, ਦਾ ਵੀ ਨੁਕਸਾਨ ਹੁੰਦਾ ਹੈ। ਜਮੀਨ ਦੀ ਉਪਰਲੀ ਸਤ੍ਹਾ ਜਲਣ ਕਾਰਨ ਇਸ ਵਿੱਚ ਮੌਜੂਦ ਕਈ ਲਾਭ ਦਾਇਕ ਜੀਵਾਣੂ ਮਰ ਜਾਂਦੇ ਹਨ ਜਿਸ ਨਾਲ ਖੇਤ ਦੀ ਉਪਜਾਊ ਸ਼ਕਤੀ ਨਸ਼ਟ ਹੁੰਦੀ ਹੈ।ਇਸ ਤੋਂ ਇਲਾਵਾ ਨਾਲ ਦੇ ਖੇਤ ਵਿੱਚ ਖੜ੍ਹੀ ਫਸਲ ਜਾਂ ਪਿੰਡ ਵਿੱਚ ਅੱਗ ਲੱਗਣ ਨਾਲ ਵੱਡੇ ਹਾਦਸੇ ਵਾਪਰਨ ਦਾ ਵੀ ਡਰ ਬਣਿਆ ਰਹਿੰਦਾ ਹੈ। ਜਿਸ ਦਾ ਸਿੱਧਾ ਨੁਕਸਾਨ ਕਿਸਾਨਾਂ ਨੂੰ ਹੁੰਦਾ ਹੈ ਅਤੇ ਉਸਦਾ ਅਸਰ ਦੇਸ਼ ਦੇ ਉਤਪਾਦਨ 'ਤੇ ਪੈਂਦਾ ਹੈ। ਜਿਸ ਕਰਕੇ ਕਣਕ ਦੀ ਰਹਿੰਦ- ਖੂੰਹਦ ਨੂੰ ਅੱਗ ਲਗਾਉਣ ਤੋਂ ਰੋਕਣਾ ਜ਼ਰੂਰੀ ਹੈ। ਇਹ ਹੁਕਮ ਜ਼ਿਲ੍ਹੇ ਦੀ ਹਦੂਦ ਅੰਦਰ 1 ਅਪ੍ਰੈਲ ਤੋਂ 31 ਮਈ ਤੱਕ ਲਾਗੂ ਰਹੇਗਾ।

## ਬਾਬਾ ਬੰਦਾ ਸਿੰਘ ਬਹਾਦਰ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ

ਸਮਾਣਾ, 31 ਮਾਰਚ (ਵਿਜੇ ਕੁਮਾਰ) : ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀ: ਸੈਕੰਡਰੀ ਸਕੂਲ ਦਾ ਸਾਲਾਨਾ ਨਤੀਜਾ ਐਲਾਨਿਆ ਗਿਆ। ਇਸ ਦੌਰਾਨ ਏ-ਵਨ ਗ੍ਰੇਡ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਅਧਿਆਪਕਾਂ ਦੀ ਮਿਹਨਤ ਅਤੇ ਬੱਚਿਆਂ ਦੇ




ਨਤੀਜਿਆਂ ਨੂੰ ਵੇਖ ਕੇ ਮਾਪਿਆਂ ਵੱਲੋਂ ਸਮੂਹ ਸਕੂਲ ਸਟਾਫ ਤੇ ਪ੍ਰਬੰਧਕ ਕਮੇਟੀ ਨੂੰ ਵਧਾਈ ਦਿੱਤੀ ਗਈ। ਇਸ ਮੌਕੇ 'ਤੇ ਸਕੂਲ ਕਮੇਟੀ ਪ੍ਰਧਾਨ ਪ੍ਰਦਮਨ ਸਿੰਘ ਵਿਰਕ, ਜਨਰਲ ਸਕੱਤਰ ਬਲਵਿੰਦਰ ਸਿੰਘ, ਕਮੇਟੀ ਮੈਂਬਰ ਗੁਰਦੇਵ ਸਿੰਘ, ਬਾਬਾ ਸਾਹਿਬ ਸਿੰਘ, ਕੁਲਦੀਪ ਸਿੰਘ, ਸਕੂਲ ਪ੍ਰਿੰਸੀਪਲ ਸੁਨੀਤਾ ਰਾਣੀ, ਅਕਾਊਂਟੈਂਟ ਬਲਬੀਰ ਸਿੰਘ ਧਾਰੀਵਾਲ ਅਤੇ ਸਮੂਹ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਉਜਵੱਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਲਾਇਨਜ਼ ਕਲੱਬ ਸਮਾਣਾ ਰੋਜ਼ ਦੀ ਨਵੀਂ ਟੀਮ ਦਾ ਗਠਨ

### ➢ਅੰਸ਼ੁਲ ਢੀਂਗੜਾ ਪ੍ਰਧਾਨ ਤੇ ਪੰਕਜ ਗਰਗ ਸੈਕਟਰੀ ਬਣੇ



ਸਮਾਣਾ 31 ਮਾਰਚ (ਹਰਜਿੰਦਰ ਸਿੰਘ ਜਵੰਦਾ/ਵਿਜੇ ਕੁਮਾਰ) : ਲਾਇਨਜ਼ ਕਲੱਬ ਸਮਾਣਾ ਰੋਜ਼ ਦੀ ਨਵੀਂ ਟੀਮ ਦਾ ਗਠਨ ਕਰ ਦਿੱਤਾ ਗਿਆ ਹੈ। ਇਸ ਦੌਰਾਨ ਸ੍ਰੀ ਅੰਸ਼ੁਲ ਢੀਂਗੜਾ ਨੂੰ ਕਲੱਬ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਪੰਕਜ ਗਰਗ ਨੂੰ ਸੈਕਟਰੀ, ਐਡਵੋਕੇਟ ਰਿਸ਼ੀ ਚੋਪੜਾ ਨੂੰ ਕੈਸ਼ੀਅਰ ਅਤੇ ਵਿਨੋਦ ਗਰਗ ਨੂੰ ਪੀ ਆਰ ਓ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਨਵੇਂ ਚੁਣੇ ਗਏ ਅਹੁਦੇਦਾਰਾਂ ਨੇ ਇਸ ਮੌਕੇ ਕਿਹਾ ਕਿ ਉਹ ਕਲੱਬ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ, ਲਗਨ ਅਤੇ ਮਿਹਨਤ ਨਾਲ ਨਿਭਾਉਣਗੇ ਅਤੇ ਸਮਾਜ ਸੇਵਾ ਦੇ ਕੰਮਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਲਾਇਨਜ਼ ਕਲੱਬ ਹਮੇਸ਼ਾਂ ਹੀ ਸਮਾਜਕ ਭਲਾਈ ਦੇ ਕਾਰਜਾਂ ਵਿੱਚ ਅੱਗੇ ਰਹਿੰਦਾ ਹੈ।ਇਸ ਮੌਕੇ ਸੰਸਥਾ ਦੇ ਮੈਂਬਰ ਸੁਮੇਰ ਸਿੰਘ, ਸੋਨੂ ਸ਼ਾਹ, ਵਰੁਣ ਬਾਂਸਲ,ਕਮਲ ਵਰਮਾ, ਰਾਜੂ ਬੱਤਰਾ, ਦੀਪਕ ਸਿੰਗਲਾ, ਸੁਮੇਰ ਸਿੰਘ,ਜੀਵਨ ਬਘੌਲ, ਤੇਜਿੰਦਰ ਸਿੰਘ ਕੋਚਰ (ਬੱਬੂ), ਆਦਿਤਿਆ ਗਰਗ, ਸੋਨੀ ਅੱਗਰਵਾਲ, ਸੁਦੀਸ਼ ਜੈਨ, ਪ੍ਰਸ਼ਰ,ਕਰਨ ਬਾਂਸਲ, ਵਰੁਣ ਬਾਂਸਲ, ਪੰਕਜ ਬਾਂਸਲ, ਹਰਮੇਸ਼, ਰਾਜਨ ਸਿੰਘ (ਵਿੱਕੀ ਕਨਫੈਕਸ਼ਨਰੀ), ਰਾਮ ਲਾਲ, ਵਿਪੁਲ ਚਾਬੜਾ ਅਤੇ ਵਿਕਾਸ ਸਿੰਗਲਾ ਮੁਨੀਸ਼ ਆਦਿ ਵੀ ਮੌਜੂਦ ਰਹੇ ।

## ਜ਼ਿਲ੍ਹੇ ਅੰਦਰ ਸ਼ਾਮ 7 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਈਨਾਂ ਨਾਲ ਕਣਕ ਦੀ ਕਟਾਈ 'ਤੇ ਪੂਰਨ ਪਾਬੰਦੀ

ਅਮਰਗੜ੍ਹ/ਮਲੇਰਕੋਟਲਾ, 31 ਮਾਰਚ (ਗੁਰਮੀਤ ਸਿੰਘ ਮੰਨਵੀਂ/ਬਲਜੀਤ ਸਿੰਘ ਟਿੱਬਾ) : ਜ਼ਿਲ੍ਹਾ ਮੈਜਿਸਟਰੇਟ ਵਿਰਾਜ ਐਸ. ਤਿੜਕੇ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 (ਬੀ.ਐਨ.ਐਸ.ਐਸ) ਦੀ ਧਾਰਾ 163 ਤਹਿਤ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਮਾਲੇਰਕੋਟਲਾ ਅੰਦਰ ਸ਼ਾਮ 7:00 ਵਜੇ ਤੋਂ ਸਵੇਰੇ 10



ਵਜੇ ਤੱਕ ਕੰਬਾਈਨਾਂ ਨਾਲ ਕਣਕ ਦੀ ਕਟਾਈ ਕਰਨ 'ਤੇ ਪੂਰਨ ਤੌਰ 'ਤੇ ਪਾਬੰਦੀ ਲਗਾਈ ਗਈ ਹੈ। ਇਸ ਤੋਂ ਇਲਾਵਾ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਕਣਕ ਦੀ ਕਟਾਈ ਵਾਲੀਆਂ ਕੰਬਾਇਨਾਂ ਦੇ ਮਾਲਕਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਹਾਰਵੈਸਟਰ ਕੰਬਾਇਨ ਦੀ ਵਰਤੋਂ ਕਰਨ ਤੋਂ ਪਹਿਲਾਂ ਇਸ ਦੀ ਖੇਤੀਬਾੜੀ ਵਿਭਾਗ ਰਾਹੀਂ ਅਪਰੇਸ਼ਨ ਵਰਦੀਨੈਂਸ ਬਾਰੇ ਇੰਸਪੇਕਸ਼ਨ ਕਰਵਾਉਣੀ ਯਕੀਨੀ ਬਣਾਈ ਜਾਵੇ ਅਤੇ ਕੋਈ ਵੀ ਕੰਬਾਇਨ ਹਾਰਵੈਸਟਰ ਸੁਪਰ ਐਸ.ਐਮ.ਐਸ ਲਗਾਏ ਬਗੈਰ ਨਾ ਵਰਤੀ ਜਾਵੇ। ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ ਆਮ ਤੌਰ 'ਤੇ ਵੇਖਣ ਵਿੱਚ ਆਇਆ ਹੈ ਕਿ ਕਣਕ ਕੱਟਣ ਲਈ ਕੰਬਾਈਨਾਂ 24 ਘੰਟੇ ਕੰਮ ਕਰਦੀਆਂ ਹਨ। ਇਸ ਲਈ ਰਾਤ ਸਮੇਂ ਕੰਬਾਇਨਾਂ ਚੱਲਣ ਨਾਲ ਜਾਨ-ਮਾਲ ਦਾ ਨੁਕਸਾਨ ਹੋਣ ਦਾ ਅਤੇ ਦੁਰਘਟਨਾ ਵਾਪਰਨ ਦਾ ਖਦਸ਼ਾ ਬਣਿਆ ਰਹਿੰਦਾ ਹੈ। ਇਸ ਤੋਂ ਇਲਾਵਾ ਕੰਬਾਈਨਾਂ ਨਾਲ ਰਾਤ ਵੇਲੇ ਹਰੀ ਕਣਕ ਜਿਹੜੀ ਕਿ ਚੰਗੀ ਤਰ੍ਹਾਂ ਪੱਕੀ ਨਹੀਂ ਹੁੰਦੀ, ਉਸ ਦੀ ਕਟਾਈ ਕਰ ਦਿੱਤੀ ਜਾਂਦੀ ਹੈ ਅਤੇ ਇਸ ਕਰਕੇ ਹਰਾ ਕੱਟਿਆ ਹੋਇਆ ਦਾਣਾ ਸੁੱਕਣ ਤੇ ਕਾਲਾ ਪੈ ਜਾਂਦਾ ਹੈ। ਇਹ ਕਾਲੀ ਅਤੇ ਗਿੱਲੀ ਕਣਕ ਦੀ ਮੰਡੀਆਂ ਵਿੱਚ ਵਿਕਰੀ ਦੀ ਦਿੱਕਤ ਆਉਂਦੀ ਹੈ, ਜਿਸ ਕਰਕੇ ਕਈ ਵਾਰ ਲਾਅ ਐਂਡ ਆਰਡਰ ਭੰਗ ਹੋਣ ਦੀ ਸਥਿਤੀ ਪੈਦਾ ਹੋ ਜਾਂਦੀ ਹੈ।ਇਸ ਤੋਂ ਇਲਾਵਾ ਕਈ ਥਾਵਾਂ ਉੱਪਰ ਦੇਖਣ ਵਿੱਚ ਆਇਆ ਹੈ ਕਿ ਬਹੁਤ ਸਾਰੀਆਂ ਪੁਰਾਣੀਆਂ ਹੋ ਚੁੱਕੀਆਂ ਕੰਬਾਈਨਾਂ ਵੀ ਫਸਲ ਦੀ ਕਟਾਈ ਕਰਦੀਆਂ ਹਨ, ਜਿਸ ਕਾਰਨ ਕਣਕ ਦੀ ਕੁਆਲਟੀ ਪ੍ਰਭਾਵਿਤ ਹੁੰਦੀ ਹੈ ਅਤੇ ਖ਼ਰੀਦ ਏਜੰਸੀਆਂ ਵੱਲੋਂ ਇਸ ਦੀ ਖਰੀਦ ਕਰਨ ਤੋਂ ਮਨਾਹੀ ਕੀਤੀ ਜਾਂਦੀ ਹੈ, ਜਿਸ ਨਾਲ ਸਿੱਧਾ ਨੁਕਸਾਨ ਕਿਸਾਨਾਂ ਨੂੰ ਹੁੰਦਾ ਹੈ । ਇਸ ਕਰਕੇ ਇਹ ਪਾਬੰਦੀ ਦੇ ਹੁਕਮ ਲਾਗੂ ਕੀਤੇ ਗਏ ਹਨ। ਇਹ ਹੁਕਮ ਮਿਤੀ 1 ਅਪ੍ਰੈਲ ਤੋਂ 31 ਮਈ ਤੱਕ ਲਾਗੂ ਰਹੇਗਾ।

### ਵਾਰਡ ਨੰਬਰ 8 ਵਿਖੇ 'ਸ਼ਾਨਦਾਰ 4 ਸਾਲ, ਭਗਵੰਤ ਮਾਨ ਦੇ ਨਾਲ' ਸਮਾਗਮ ਕਰਵਾਇਆ



ਸਮਾਣਾ, 31 ਮਾਰਚ (ਜਵੰਦਾ) : ਮਾਨ ਸਰਕਾਰ ਦੇ 4 ਸਾਲ ਪੂਰੇ ਹੋਣ ਦੇ ਮੌਕੇ 'ਤੇ ਜਨ ਸੰਪਰਕ ਮੁਹਿੰਮ ਸੰਵਾਦ ਤਹਿਤ ਅੱਜ ਵਾਰਡ ਨੰਬਰ 10 ਵਿੱਚ ਇਕ ਵਿਸ਼ੇਸ਼ ਸਮਾਗਮ ਆਯੋਜਿਤ ਕੀਤਾ ਗਿਆ। ਇਸ ਦੌਰਾਨ ਸ. ਹਰਜਿੰਦਰ ਸਿੰਘ ਜੌੜਾਮਾਜਰਾ ਅਤੇ ਬਲਾਕ ਪ੍ਰਧਾਨ ਗੋਪਾਲ ਕ੍ਰਿਸ਼ਨ ਗਰਗ ਵੱਲੋਂ ਲੋਕਾਂ ਨਾਲ ਸਿੱਧਾ ਸੰਵਾਦ ਕਰਦੇ ਹੋਏ ਸਰਕਾਰ ਦੀਆਂ ਉਪਲੱਬਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ।ਇਹ ਸਮਾਗਮ ਵਾਰਡ ਇੰਚਾਰਜ ਰਮਨਦੀਪ ਰੰਮੀ ਸ਼ਰਮਾ ਦੀ ਅਗਵਾਈ ਹੇਠ ਕਰਵਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀਆਂ ਨੇ ਹਿੱਸਾ ਲਿਆ। ਆਗੂਆਂ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪਿਛਲੇ 4 ਸਾਲਾਂ ਦੌਰਾਨ ਮਾਨ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ ਅਤੇ ਰੋਜ਼ਗਾਰ ਦੇ ਖੇਤਰ ਵਿੱਚ ਕਈ ਇਤਿਹਾਸਕ ਫੈਸਲੇ ਲਏ ਗਏ ਹਨ।

### ਆਬਾਨ ਪਬਲਿਕ ਸਕੂਲ ਦਾ ਨਤੀਜਾ 100 ਫੀਸਦੀ ਰਿਹਾ



ਮਲੇਰਕੋਟਲਾ, 31 ਮਾਰਚ (ਬਲਜੀਤ ਸਿੰਘ ਟਿੱਬਾ) : ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਘੋਸ਼ਿਤ 5ਵੀਂ ਜਮਾਤ ਦਾ ਆਬਾਨ ਪਬਲਿਕ ਸਕੂਲ ਦਾ ਨਤੀਜਾ 100 ਫੀਸਦੀ ਰਿਹਾ। ਸਕੂਲ ਦੀ ਪ੍ਰਿੰਸੀਪਲ ਰੁਖਸਾਨਾ ਪਰਵੀਨ ਨੇ ਦੱਸਿਆ ਕਿ ਸਕੂਲ ਦੇ ਸਾਰੇ ਵਿਦਿਆਰਥੀ ਪਹਿਲੇ ਦਰਜੇ ਵਿੱਚ ਪਾਸ ਹੋਏ ਹਨ। ਰਬੀਨਾ ਪ੍ਰਵੀਨ ਪੁੱਤਰੀ ਮੁਹੰਮਦ ਨਜ਼ੀਰ ਨੇ 493/500 (98.6%) ਨੰਬਰ ਲੈ ਕੇ ਸਕੂਲ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਤਸਮੀਆਂ ਪੁੱਤਰੀ ਅਕਰਮ ਅਲੀ ਨੇ 492/500 (98.4%) ਨਾਲ ਦੂਜਾ, ਜ਼ੀਨਤ ਪੁੱਤਰੀ ਮੁਹੰਮਦ ਨਿਸਾਰ ਨੇ 491/500 (98.2%) ਨੰਬਰ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ ਬਾਕੀ ਸਾਰੇ ਵਿਦਿਆਰਥੀ ਵੀ 90 ਪ੍ਰਤੀਸ਼ਤ ਤੋਂ ਜ਼ਿਆਦਾ ਨੰਬਰਾਂ ਨਾਲ ਪਾਸ ਹੋਏ ਹਨ। ਇਸ ਮੌਕੇ ਤੇ ਡਾਇਰੈਕਟਰ ਮੁਹੰਮਦ ਅਸ਼ਰਫ ਨੇ ਇਸ ਦਾ ਸਿਹਰਾ ਬੱਚਿਆਂ ਨੂੰ ਸਕੂਲ ਦੇ ਸਟਾਫ ਅਤੇ ਮਾਪਿਆਂ ਨੂੰ ਦਿੱਤਾ। ਉਹਨਾਂ ਕਿਹਾ ਕਿ ਇਸ ਕਾਮਯਾਬੀ ਲਈ ਸਾਰੇ ਬੱਚੇ, ਸਕੂਲ ਮੈਨੇਜਮੈਂਟ ਅਤੇ ਸਟਾਫ ਵਧਾਈ ਦੇ ਪਾਤਰ ਹਨ।

## ਮਹਾਂਵੀਰ ਜੈਅੰਤੀ ਉਤਸ਼ਾਹ ਨਾਲ ਮਨਾਈ



ਸਮਾਣਾ, 31 ਮਾਰਚ (ਵਿਜੇ ਕੁਮਾਰ/ਨਿਖਿਲ ਗਰਗ) : ਐਸ.ਐਸ. ਜੈਨ ਸਭਾ ਸਮਾਣਾ ਵੱਲੋਂ ਪ੍ਰਧਾਨ ਮਨੀ ਜੈਨ ਦੀ ਅਗਵਾਈ 'ਚ ਮਹਾਂਵੀਰ ਜੈਯੰਤੀ ਦਿਹਾੜਾ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਮਹਿਲਾ ਪ੍ਰਧਾਨ ਮਿਨਾਕਸ਼ੀ ਜੈਨ , ਸੈਕਟਰੀ, ਸਵੇਤਾ ਜੈਨ ਦੀ ਅਗਵਾਈ 'ਚ ਤੜਕੇ-ਸਵੇਰੇ ਆਯੋਜਿਤ ਪ੍ਰਭਾਤਫੇਰੀ 'ਚ ਵੱਡੀ ਗਿਣਤੀ ਵਿਚ ਔਰਤਾਂ, ਮਰਦ ਅਤੇ ਬੱਚਿਆਂ ਸਣੇ ਪੰਤਵਤੇ ਲੋਕ ਪ੍ਰਭੂ ਮਹਾਂਵੀਰ ਜੀ ਦਾ ਗੁਣਗਾਨ ਕਰਦੇ ਹੋਏ ਸ਼ਾਮਲ ਹੋਏ। ਜੈਨ ਮੁਹੱਲੇ ਤੋਂ ਮੰਡੀ ਵੱਲ ਹੁੰਦੇ ਹੋਏ ਪ੍ਰਭਾਤਫੇਰੀ 'ਚ ਸ਼ਾਮਲ ਸਾਰੇ ਲੋਕ ਜੈਨ ਸਥਾਨਕ ਪੰਹੁਚੇ, ਜਿਥੇ ਬੱਚਿਆਂ ਵੱਲੋਂ ਸੰਸਕ੍ਰਿਤੀਕ ਪ੍ਰੋਗਰਾਮ ਪੇਸ਼ ਕੀਤਾ ਗਿਆ ਅਤੇ ਪ੍ਰੋਗਰਾਮ ਵਿਚ ਸ਼ਾਮਲ ਹੋਏ ਬੱਚਿਆਂ ਨੂੰ ਨਸੀਬ ਚੰਦ, ਵਿਪਨ ਜੈਨ ਪ੍ਰੀਵਾਰ ਵੱਲੋਂ ਇਨਾਮ ਵੰਡੇ ਗਏ। ਸੰਸਥਾ ਪ੍ਰਧਾਨ ਮਨੀ ਜੈਨ, ਉਪ ਪ੍ਰਧਾਨ ਦੀਪਕ ਜੈਨ, ਸੈਕਟਰੀ ਰਾਜੇਸ਼ ਜੈਨ ਹੀਰਾ ਅਤੇ ਸਰਪ੍ਰਸਤ ਅਸ਼ੋਕ ਜੈਨ ਸ਼ਰਾਫ ਵੱਲੋਂ ਝੰਡੇ ਦੀ ਰਸਮ ਅਦਾ ਕੀਤੀ ਗਈ। ਸਮਾਜ ਦੇ ਸਾਰੇ ਪ੍ਰੀਵਾਰਾਂ ਲਈ ਭੋਜਨ ਦੀ ਵਿਵਸਥਾ ਅੰਮ੍ਰਿਤਸਰੀਆ ਮੱਲ ਕੇਸਰ ਦਾਸ ਜੈਨ ਪਰਿਵਾਰ ਵੱਲੋਂ ਕੀਤੀ ਗਈ। ਇਸ ਮੌਕੇ ਪ੍ਰੇਮ ਕੁਮਾਰ ਜੈਨ, ਬਿੱਲੂ ਜੈਨ, ਨਰੇਸ਼ ਜੈਨ, ਨਿਲੇਸ਼ ਜੈਨ, ਵਿਸ਼ਾਲ ,ਯਸ਼ਪਾਲ, ਸੁਰਿੰਦਰ ਜੈਨ, ਵੀਨਾ ਜੈਨ, ਘੁਘਾ ਸ਼ਾਹ ਅਤੇ ਪਲਵੀ ਜੈਨ,ਦੀਪਿਕਾ ,ਮੋਨਾ, ਰਸ਼ਿਮ ਆਦਿ ਵੀ ਹਾਜ਼ਰ ਸਨ।

## ਵੱਖ-ਵੱਖ ਜਥੇਬੰਦੀਆਂ ਨਰਸਿੰਗ ਸਟਾਫ ਦੇ ਸੰਘਰਸ਼ ਦੀ ਹਮਾਇਤ 'ਚ ਨਿੱਤਰੀਆਂ

ਪਟਿਆਲਾ, 31 ਮਾਰਚ (ਰੁਪਾਣਾ) : ਨਰਸਿੰਗ ਸਟਾਫ ਦੇ ਚੱਲ ਰਹੇ ਸੰਘਰਸ਼ ਨੂੰ ਅੱਜ ਉਸ ਸਮੇਂ ਬਲ ਮਿਲਿਆ ਜਦੋਂ ਜਦੋਂ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੀ ਅਗਵਾਈ ਹੇਠ ਵੱਖ-ਵੱਖ ਜਥੇਬੰਦੀਆਂ ਨਾਲ ਸਬੰਧਿਤ ਵੱਡੀ



ਗਿਣਤੀ ਵਿੱਚ ਮੁਲਾਜ਼ਮ ਮਜ਼ਦੂਰ ਤੇ ਕਿਸਾਨ ਉਹਨਾਂ ਦੇ ਧਰਨੇ ਵਿੱਚ ਸ਼ਾਮਿਲ ਹੋਏ, ਜਿਸ ਵਿੱਚ ਜਮਹੂਰੀ ਕਿਸਾਨ ਸਭਾ, ਨਿਰਮਾਣ ਮਜ਼ਦੂਰ ਯੂਨੀਅਨ,ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ 1406-22-ਬੀ, ਪੀ.ਡਬਲਿਊ.ਡੀ. ਫੀਲਡ ਤੇ ਵਰਕਸ਼ਾਪ ਵਰਕਰ ਯੂਨੀਅਨ, ਜੰਗਲਾਤ ਵਰਕਰ ਯੂਨੀਅਨ, ਰਾਜਿੰਦਰਾ ਹਸਤਪਤਾਲ ਤਾਲਮੇਲ ਸੰਘਰਸ਼ ਕਮੇਟੀ ਤੇ ਪਸ਼ੂ ਪਾਲਣ ਵਰਕਰ ਯੂਨੀਅਨ ਨੇ ਸ਼ਾਮਿਲ ਹੋ ਕੇ ਉਹਨਾਂ ਦੇ ਹੱਕੀ ਸੰਘਰਸ਼ ਦੀ ਹਮਾਇਤ ਕੀਤੀ ਅੱਜ ਦੀ ਇਸ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਆਗੂ ਦਰਸ਼ਨ ਬੇਲੂ ਮਾਜਰਾ, ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਦੇ ਪ੍ਰਧਾਨ ਲਖਵਿੰਦਰ ਸਿੰਘ ਖਾਨਪੁਰ, ਪੀ.ਡਬਲਿਯੂ.ਡੀ. ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਵੱਲੋਂ ਧਰਮਪਾਲ ਸਿੰਘ ਲੋਟ, ਸੁਖਬੀਰ ਸਿੰਘ ਢੀੜਸਾ, ਦੀਪਕ ਕੁਮਾਰ , ਸਵਰਨ ਸਿੰਘ ਬੰਗਾਂ, ਜਸਵਿੰਦਰ ਸੌਜਾ, ਅਮਰਜੀਤ ਘਨੌਰ ਤੇ ਗੁਰਮੀਤ ਸਿੰਘ ਪੇਧਨ ਨੇ ਸੰਬੋਧਨ ਕੀਤਾ,ਮੁਲਾਜ਼ਮ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਉਹ ਇਸ ਸੰਘਰਸ਼ ਨੂੰ ਜਿੱਤ ਤੱਕ ਲੈ ਕੇ ਜਾਣ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ ਤੇ ਇਹਨਾਂ ਦੀ ਡਟਵੀਂ ਹਿਮਾਇਤ ਕਰਨਗੇ। ਅੱਜ ਦੀ ਇੱਕਤਰਤਾ 'ਚ ਰਾਜਪਾਲ ਸਿੰਘ ਲਸੋਈ, ਦੀਪਕ, ਜਸਵਿੰਦਰ ਬਡੂੰਗਰ, ਮੰਨਿਦਰ ਸਿੰਘ, ਉੱਗਰਸੇਨ, ਜਸਵੀਰ ਪੰਜੋਲਾਂ, ਕੁਲਦੀਪ ਵਰਮਾ ਜਗਵਿੰਦਰ ਗੁਰਦਿਆਲਪੁਰਾ ਸਤਨਾਮ ਸਿੰਘ ਸੌਜਾ ਆਦਿ ਸ਼ਾਮਲ ਹੋਏ।

## ਆਲ ਇੰਡੀਆ ਸ਼੍ਰੋਮਣੀ ਮੰਦਰ ਪ੍ਰਬੰਧਕ ਕਮੇਟੀ ਨੇ ਵਿਦਿਆਰਥੀਆਂ ਨੂੰ ਦਿੱਤੀ ਸਕਾਲਰਸ਼ਿਪ

ਪਟਿਆਲਾ, 31 ਮਾਰਚ (ਚ.ਨ.ਸ.) :ਆਲ ਇੰਡੀਆ ਸ਼੍ਰੋਮਣੀ ਮੰਦਰ ਪ੍ਰਬੰਧਕ ਕਮੇਟੀ ਨੇ ਧਾਰਮਿਕ ਕੰਮਾਂ ਦੇ ਨਾਲ-ਨਾਲ ਸਮਾਜਿਕ ਕੰਮਾਂ ਨੂੰ ਵਿਸਥਾਰ ਪ੍ਰਦਾਨ ਕਰਨ ਲਈ ਐੱਸ. ਡੀ. ਐੱਸ. ਈ. ਸੀਨੀਅਰ ਸੈਕੰਡਰੀ ਸਕੂਲ ਦੇ ਲੋੜਵੰਦ ਅਤੇ ਹੋਣਹਾਰ ਵਿਦਿਆਰਥੀ-ਵਿਦਿਆਰਥਣਾਂ ਨੂੰ ਸਿੱਖਿਆ ਸੈਸ਼ਨ 2026-27 ਦੌਰਾਨ 80,000 ਰੁਪਏ ਸਾਲਾਨਾ ਸਕਾਲਰਸ਼ਿਪ ਦੇ ਰੂਪ ਵਿੱਚ ਦੇਣ ਦਾ ਫ਼ੈਸਲਾ ਕੀਤਾ ਹੈ। ਇਹ ਐਲਾਨ ਸੰਸਥਾ ਦੀ ਸਰਪ੍ਰਸਤ ਅਤੇ ਕਾਰਜਕਾਰੀ ਪ੍ਰਧਾਨ ਭੈਣ ਨੀਲਮ ਦੱਤ ਨੇ ਐੱਸ. ਡੀ. ਐੱਸ.ਈ.ਸਕੂਲ ਦੇ ਪ੍ਰਿੰਸੀਪਲ ਰਿਪੁਦਮਨ ਸਿੰਘ ਨੂੰ ਵਿਦਿਆਰਥੀਆਂ ਨੂੰ ਦਿੱਤੀ ਜਾ ਰਹੀ 60,000 ਰੁਪਏ ਸਾਲਾਨਾ ਦੀ ਸਕਾਲਰਸ਼ਿਪ ਵਿੱਚੋਂ 15,000 ਰੁਪਏ ਦਾ ਚੌਥਾ ਚੈੱਕ ਪ੍ਰਦਾਨ ਕਰਦੇ ਹੋਏ ਕਹੀ। ਨਾਲ ਹੀ ਉਨ੍ਹਾਂ ਨੇ ਇਹ ਸੱਦਾ ਵੀ ਦਿੱਤਾ ਹੈ ਕਿ ਸਾਰੀਆਂ ਸਮਾਜ ਸੇਵੀ ਸੰਸਥਾਵਾਂ ਨੂੰ ਹੋਰ ਸੇਵਾ ਕਾਰਜਾਂ ਦੇ ਨਾਲ-ਨਾਲ ਲੋੜਵੰਦ ਅਤੇ ਹੋਣਹਾਰ ਵਿਦਿਆਰਥੀਆਂ ਦੀ ਸਹਾਇਤਾ ਲਈ ਵੀ ਅੱਗੇ ਆਉਣਾ ਚਾਹੀਦਾ ਹੈ। ਆਲ ਇੰਡੀਆ ਸ਼੍ਰੋਮਣੀ ਮੰਦਰ ਪ੍ਰਬੰਧਕ ਕਮੇਟੀ ਪਟਿਆਲਾ ਵੱਲੋਂ ਲੋੜਵੰਦ ਅਤੇ



ਪ੍ਰਤਿਭਾਸ਼ਾਲੀ ਵਿਦਿਆਰਥੀਆਂ ਦੀ ਸਹਾਇਤਾ ਲਈ ਆਯੋਜਿਤ ਇਸ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ੍ਰੀਮਤੀ ਨੀਲਮ ਦੱਤ ਪਹੁੰਚੇ। ਇਸ ਸੰਸਥਾ ਦੇ ਸੰਸਥਾਪਕ ਪ੍ਰਧਾਨ ਸਵਰਗੀ ਅਨਿਲ ਦੱਤ ਦੀ ਧਰਮ ਪਤਨੀ ਹਨ। ਪ੍ਰੋਗਰਾਮ ਦੀ ਪ੍ਰਧਾਨਗੀ ਸਨਾਤਨ ਧਰਮ ਸੰਸਕ੍ਰਿਤ ਇੰਗਲਿਸ਼ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਦੇ ਪ੍ਰਿੰਸੀਪਲ ਰਿਪੁਦਮਨ ਸਿੰਘ ਨੇ ਕੀਤੀ। ਸਕੂਲ ਦੇ ਪ੍ਰਿੰਸੀਪਲ ਰਿਪੁਦਮਨ ਸਿੰਘ ਨੇ ਇਹ ਵੀ ਕਿਹਾ ਕਿ ਐੱਸ.ਡੀ.ਐੱਸ.ਈ.ਸੀਨੀਅਰ ਸੈਕੰਡਰੀ ਸਕੂਲ ਦੀ ਮਾਤ ਸੰਸਥਾ ਸਨਾਤਨ ਧਰਮ ਸਭਾ ਪਟਿਆਲਾ ਦੇ ਪ੍ਰਧਾਨ ਲਾਲ ਚੰਦ ਜਿੰਦਲ, ਸੀਨੀਅਰ ਉਪ-ਪ੍ਰਧਾਨ ਸ੍ਰੀ ਵਿਜੇ ਮੋਹਨ ਗੁਪਤਾ, ਉਪ-ਪ੍ਰਧਾਨ ਸ੍ਰੀ ਐੱਨ. ਕੇ. ਜੈਨ, ਸਕੂਲ ਮੈਨੇਜਰ ਇੰਜੀਨੀਅਰ ਐੱਮ. ਐੱਮ. ਸਿਆਲ ਦੀ ਯੋਗ ਅਗਵਾਈ ਵਿੱਚ ਐੱਸ. ਡੀ. ਐੱਸ. ਈ. ਸੀਨੀਅਰ ਸੈਕੰਡਰੀ ਸਕੂਲ, ਪਟਿਆਲਾ ਜ਼ਿਲ੍ਹੇ ਦੇ ਹਜ਼ਾਰਾਂ ਬੱਚਿਆਂ ਨੂੰ ਉੱਚ ਪੱਧਰੀ ਸਿੱਖਿਆ, ਅੰਤਰਰਾਸ਼ਟਰੀ ਪੱਧਰ ਦੀਆਂ ਖੇਡਾਂ ਅਤੇ ਸਨਾਤਨ ਧਰਮ ਦੀਆਂ ਪਵਿੱਤਰ ਕਦਰਾਂ-ਕੀਮਤਾਂ ਪ੍ਰਦਾਨ ਕਰ ਰਿਹਾ ਹੈ। ਇਸ ਮੌਕੇ ਸਕੂਲ ਦੇ ਸੀਨੀਅਰ ਅਧਿਆਪਕ ਰਮਨ ਕੁਮਾਰ, ਹਰਵਿੰਦਰ ਪਾਲ, ਰਜਨੀਸ਼ ਸ਼ਰਮਾ ਅਤੇ ਹੋਰ ਸਟਾਫ਼ ਮੈਂਬਰ ਵੀ ਹਾਜ਼ਰ ਸਨ।ਪ੍ਰੋਗਰਾਮ ਦੇ ਅੰਤ ਵਿੱਚ ਸੰਗਠਨ ਦੇ ਸੰਸਥਾਪਕ ਪ੍ਰਧਾਨ ਸਵਰਗੀ ਅਨਿਲ ਦੱਤ ਅਤੇ ਉਨ੍ਹਾਂ ਦੇ ਸਪੁੱਤਰ ਸਵਰਗੀ ਨਿਖਿਲ ਦੱਤ ਨੂੰ ਦੇਸ਼, ਧਰਮ ਅਤੇ ਸਮਾਜ ਦੇ ਹਿੱਤ ਵਿੱਚ ਦਿੱਤੇ ਗਏ ਉਨ੍ਹਾਂ ਦੇ ਯੋਗਦਾਨ ਲਈ ਸਤਿਕਾਰ ਸਹਿਤ ਯਾਦ ਕੀਤਾ ਗਿਆ।



# ਪਟਿਆਲਾ-ਆਸ/ਪਾਸ



## ਪਟਿਆਲਾ ਨੂੰ ਸੁੰਦਰ ਬਣਾਉਣ ਲਈ ਸਭ ਦਾ ਸਹਿਯੋਗ ਜ਼ਰੂਰੀ : ਕੁੰਦਨ ਗੋਗੀਆ

### ➢ਮੇਅਰ ਦੀ ਪ੍ਰੇਰਨਾ ਸਦਕਾ ਪਟਿਆਲਾ ਹਾਰਟ ਇੰਸਟੀਚਿਊਟ ਅੱਗੇ ਆਇਆ, ਸ਼ਹਿਰ ਦੇ ਵਿਕਾਸ ਲਈ 9.92 ਲੱਖ ਦਾ ਚੈੱਕ ਦਿੱਤਾ



ਪਟਿਆਲਾ, 31 ਮਾਰਚ (ਰੁਪਾਣਾ) : ਸ਼ਾਹੀ ਸ਼ਹਿਰ ਪਟਿਆਲਾ ਨੂੰ ਸਹੂਲਤਾਂ ਪੱਖੋਂ ਨੰਬਰ ਇੱਕ ਬਣਾਉਣ ਲਈ ਮੇਅਰ ਕੁੰਦਨ ਗੋਗੀਆ ਵੱਲੋਂ ਕੀਤੇ ਜਾ ਰਹੇ ਯਤਨਾਂ ਨੂੰ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ ਜਦੋਂ ਸ਼ਹਿਰ ਦੇ ਨਾਮੀ ਪਟਿਆਲਾ ਹਾਰਟ ਇੰਸਟੀਚਿਊਟ ਹਸਪਤਾਲ ਟੀਮ ਨੇ ਮੇਅਰ ਕੁੰਦਨ ਗੋਗੀਆ ਦੀ ਪ੍ਰੇਰਨਾ ਸਦਕਾ ਅਤੇ ਸੀ.ਏ. ਅਜੈ ਅਲੀਪੁਰੀਆ ਦੇ ਵਿਸ਼ੇਸ਼ ਸਹਿਯੋਗ ਸਦਕਾ ਸ਼ਹਿਰ ਵਿੱਚ ਪਾਣੀ ਅਤੇ ਸੀਵਰੇਜ਼ ਦੀਆਂ ਸਮੱਸਿਆਵਾਂ ਦੇ ਹੱਲ ਲਈ ਨਗਰ ਨਿਗਮ ਨੂੰ 9 ਲੱਖ 92 ਹਜ਼ਾਰ ਰੁਪਏ ਦਾ ਚੈੱਕ ਸੌਂਪਿਆ ਗਿਆ। ਇਸ ਵਿਸ਼ੇਸ਼ ਮੌਕੇ 'ਤੇ ਪਟਿਆਲਾ ਹਾਰਟ ਇੰਸਟੀਚਿਊਟ ਦੇ ਐਮ.ਡੀ. ਡਾ. ਗੁਰਪ੍ਰੀਤ ਸਿੰਘ ਸਿੱਧੂ, ਡਾ. ਦਿਲਸ਼ਾਦ ਸਿੱਧੂ ਅਤੇ ਸੀ.ਏ. ਨੀਰਜ ਅਗਰਵਾਲ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਮੇਅਰ ਕੁੰਦਨ ਗੋਗੀਆ ਨੇ ਚੈੱਕ ਪ੍ਰਾਪਤ ਕਰਨ ਮੌਕੇ ਕਿਹਾ ਕਿ ਸ਼ਹਿਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਸਰਕਾਰੀ ਫੰਡਾਂ ਦੇ ਨਾਲ-ਨਾਲ ਨਿੱਜੀ ਖੇਤਰ ਦਾ ਸਹਿਯੋਗ ਮਿਲਣਾ ਇੱਕ ਸ਼ੁਭ ਸ਼ਗਨ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਰਾਸ਼ੀ ਖ਼ਾਸ ਤੌਰ 'ਤੇ ਪਾਣੀ ਦੀ ਸਪਲਾਈ ਅਤੇ ਸੀਵਰੇਜ਼ ਪਾਈਪਾਂ ਨੂੰ ਦਰੁਸਤ ਕਰਨ ਲਈ ਵਰਤੀ ਜਾਵੇਗੀ। ਇਸ ਮੌਕੇ ਮੇਅਰ ਨੇ ਸ਼ਹਿਰ ਦੇ ਹੋਰਨਾਂ ਉਦਯੋਗਪਤੀਆਂ ਅਤੇ ਨਿੱਜੀ ਅਦਾਰਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਪਟਿਆਲਾ ਨੂੰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਣ ਲਈ ਅੱਗੇ ਆਉਣ। ਮੇਅਰ ਨੇ ਭਰੋਸਾ ਦਿੱਤਾ ਕਿ ਪਟਿਆਲਾ ਵਾਸੀਆਂ ਦੀ ਸੇਵਾ ਲਈ ਉਹ 24 ਘੰਟੇ ਹਾਜ਼ਰ ਹਨ ਅਤੇ ਸ਼ਹਿਰ ਦੀ ਹਰ ਗੰਭੀਰ ਸਮੱਸਿਆ ਦਾ ਜਲਦ ਨਿਪਟਾਰਾ ਕੀਤਾ ਜਾਵੇਗਾ।

## ਡੀ.ਸੀ. ਵੱਲੋਂ ਐਲਪੀਜੀ, ਪੈਟਰੋਲ ਤੇ ਡੀਜ਼ਲ ਸਪਲਾਈ ਦੀ ਸਮੀਖਿਆ



ਪਟਿਆਲਾ, 31 ਮਾਰਚ (ਰੁਪਾਣਾ) : ਡਿਪਟੀ ਕਮਿਸ਼ਨਰ ਪਟਿਆਲਾ, ਸ੍ਰੀ ਵਰਜੀਤ ਵਾਲੀਆ ਨੇ ਜ਼ਿਲ੍ਹੇ ਭਰ ਵਿੱਚ ਘਰੇਲੂ ਅਤੇ ਵਪਾਰਕ ਐਲਪੀਜੀ ਦੇ ਨਾਲ-ਨਾਲ ਪੈਟਰੋਲ ਤੇ ਡੀਜ਼ਲ ਦੀ ਉਪਲੱਬਧਤਾ ਅਤੇ ਸਪਲਾਈ ਸਥਿਤੀ ਦੀ ਸਮੀਖਿਆ ਕੀਤੀ। ਜ਼ਿਲ੍ਹਾ ਖੁਰਾਕ ਅਤੇ ਸਿਵਲ ਸਪਲਾਈ ਕੰਟਰੋਲਰ ਡਾ. ਰਵਿੰਦਰ ਕੌਰ, ਹੋਰ ਅਧਿਕਾਰੀਆਂ ਸਮੇਤ ਤੇਲ ਤੇ ਗੈਸ ਕੰਪਨੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਡਿਪਟੀ ਕਮਿਸ਼ਨਰ ਨੇ ਜ਼ੋਰ ਦੇ ਕੇ ਕਿਹਾ ਕਿ ਗੈਸ, ਤੇਲ ਦੀ ਕਾਲਾਬਾਜ਼ਾਰੀ ਜਾਂ ਜਮ੍ਹਾਂਖੋਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਦੁਹਰਾਇਆ ਕਿ ਸਰਕਾਰ ਦੀ ਮੁੱਖ ਤਰਜੀਹ ਸਾਰੇ ਖਪਤਕਾਰਾਂ ਨੂੰ ਐਲਪੀਜੀ, ਪੈਟਰੋਲ ਤੇ ਡੀਜ਼ਲ ਦੀ ਨਿਰਵਿਘਨ ਅਤੇ ਢੁਕਵੀਂ ਸਪਲਾਈ ਯਕੀਨੀ ਬਣਾਉਣਾ ਹੈ। ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਸੰਸਥਾਵਾਂ ਅਤੇ ਥੋਕ ਖਪਤਕਾਰਾਂ ਨੂੰ ਪਾਈਪਡ ਨੈਚੁਰਲ ਗੈਸ (ਪੀਐਨਜੀ) ਕਨੈਕਸ਼ਨਾਂ ਨੂੰ ਇੱਕ ਟਿਕਾਊ ਵਿਕਲਪ ਵਜੋਂ ਅਪਣਾਉਣ ਲਈ ਉਤਸ਼ਾਹਿਤ ਕੀਤਾ ਜਾਵੇ। ਵਰਜੀਤ ਵਾਲੀਆ ਨੇ ਖਪਤਕਾਰਾਂ ਨੂੰ ਅਪੀਲ ਕੀਤੀ ਕਿ ਉਹ ਐਲਪੀਜੀ ਸਿਲੰਡਰਾਂ ਦੀ ਘਬਰਾਹਟ ਵਿੱਚ ਬੁਕਿੰਗ ਜਾਂ ਪੈਟਰੋਲ ਅਤੇ ਡੀਜ਼ਲ ਦੀ ਵਾਧੂ ਖਰੀਦ ਦੀ ਕਾਹਲੀ ਨਾ ਦਿਖਾਉਣ। ਡਿਪਟੀ ਕਮਿਸ਼ਨਰ ਨੇ ਸਾਰੀਆਂ ਗੈਸ ਏਜੰਸੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਪਹਿਲਾਂ ਬੁੱਕ, ਸਿਲੰਡਰ ਪਹਿਲਾਂ ਡਿਲੀਵਰ ਕਰਨਾ ਯਕੀਨੀ ਬਣਾਉਣ।

## ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ 'ਪੰਚਬਟੀ ਸੰਦੇਸ਼' ਰਸਾਲੇ ਦਾ ਨਵਾਂ ਅੰਕ ਰਿਲੀਜ਼



ਪਟਿਆਲਾ, 31 ਮਾਰਚ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਦੇ ਦੇਹਰਾਦੂਨ ਸਥਿਤ ਡਾ. ਬਲਬੀਰ ਸਿੰਘ ਸਾਹਿਤ ਕੇਂਦਰ ਵੱਲੋਂ ਪ੍ਰਕਾਸ਼ਿਤ ਰਸਾਲਾ 'ਪੰਚਬਟੀ ਸੰਦੇਸ਼' ਦਾ ਅਪ੍ਰੈਲ-ਅਕਤੂਬਰ 2025 ਅੰਕ ਅੱਜ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਯੂਨੀਵਰਸਿਟੀ ਵਿਖੇ ਰਿਲੀਜ਼ ਕੀਤਾ ਗਿਆ। ਜ਼ਿਕਰਯੋਗ ਹੈ ਕਿ ਇਹ ਰਸਾਲਾ 1978 ਤੋਂ ਲਗਾਤਾਰ ਪ੍ਰਕਾਸ਼ਿਤ ਹੋ ਰਿਹਾ ਹੈ। ਤਾਜ਼ਾ ਅੰਕ ਵਿੱਚ ਪਿਛਲੇ ਸਾਲਾਂ ਦੌਰਾਨ ਮਨਾਈਆਂ ਗਈਆਂ ਸ਼ਤਾਬਦੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਹਰ ਇਕ ਸ਼ਤਾਬਦੀ ਨਾਲ ਸੰਬੰਧਿਤ ਇੱਕ-ਇੱਕ ਲੇਖ ਸ਼ਾਮਲ ਕੀਤਾ ਗਿਆ ਹੈ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਇਸ ਅੰਕ ਵਿਚ ਸ਼ਾਮਲ ਖੋਜ-ਪੱਤਰਾਂ ਦੇ ਹਵਾਲੇ ਨਾਲ਼ ਗੱਲ ਕਰਦਿਆਂ ਕਿਹਾ ਕਿ ਜਿਨ੍ਹਾਂ ਸ਼ਤਾਬਦੀਆਂ ਨਾਲ ਸੰਬੰਧਿਤ ਪੇਪਰ ਇਸ ਅੰਕ ਵਿਚ ਸ਼ਾਮਲ ਕੀਤੇ ਗਏ ਹਨ, ਉਹਨਾਂ ਸੰਬੰਧੀ ਯੂਨੀਵਰਸਿਟੀ ਵੱਲੋਂ ਸੈਮੀਨਾਰ, ਕਾਨਫਰੰਸਾਂ ਅਤੇ ਵਿਸ਼ੇਸ਼ ਭਾਸ਼ਣ ਦਾ ਆਯੋਜਨ ਪਿਛਲੇ ਸਮੇਂ ਵਿਚ ਕੀਤਾ ਗਿਆ ਹੈ। ਬੀਤੇ ਸਾਲ 2025 ਵਿਚ ਯੂਨੀਵਰਸਿਟੀ ਵੱਲੋਂ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਕਈ ਅਕਾਦਮਿਕ ਪ੍ਰੋਗਰਾਮ ਕਰਵਾਏ ਗਏ ਅਤੇ ਖੋਜ-ਕਾਰਜ ਪ੍ਰਕਾਸ਼ਿਤ ਕੀਤੇ ਗਏ ਹਨ। ਉਹਨਾਂ ਕਿਹਾ ਕਿ ਇਹ ਵਿਸ਼ੇਸ਼ ਅੰਕ ਵਿਦਵਾਨਾਂ, ਖੋਜਾਰਥੀਆਂ ਅਤੇ ਆਮ ਪਾਠਕਾਂ ਲਈ ਲਾਹੇਵੰਦ ਸਿੱਧ ਹੋਵੇਗਾ। ਡਾ. ਪਰਮਵੀਰ ਸਿੰਘ ਨੇ, ਸੰਪਾਦਕ ਵਜੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਵਿਸ਼ੇਸ਼ ਅੰਕ ਵਿਚ ਗੁਰੂ ਅਮਰਦਾਸ ਜੀ, ਗੁਰੂ ਰਾਮਦਾਸ ਜੀ, ਗੁਰੂ ਤੇਗ ਬਹਾਦਰ ਜੀ, ਸਾਕਾ ਸ੍ਰੀ ਨਨਕਾਣਾ ਸਾਹਿਬ, ਗੁਰੂ ਕਾ ਬਾਗ ਦਾ ਮੋਰਚਾ, ਜੈਤੋ ਦਾ ਮੋਰਚਾ, ਭਾਈ ਫੇਰੂ ਦਾ ਮੋਰਚਾ, ਸ਼੍ਰੋਮਣੀ ਗੁਰਦੁਆਰਾ ਕਮੇਟੀ, ਸ਼੍ਰੋਮਣੀ ਅਕਾਲੀ ਦਲ, ਗਿਆਨੀ ਗਿਆਨ ਸਿੰਘ ਅਤੇ ਕਾਰ ਸੇਵਾ ਦੀਆਂ ਸ਼ਤਾਬਦੀਆਂ ਸੰਬੰਧੀ ਖੋਜ-ਪੇਪਰ ਸ਼ਾਮਲ ਕੀਤੇ ਗਏ ਹਨ।ਇਸ ਮੌਕੇ ਡਾ. ਬਲਬੀਰ ਸਿੰਘ ਸਾਹਿਤ ਕੇਂਦਰ ਦੇ ਡਾਇਰੈਕਟਰ ਤੇ ਡੀਨ ਅਕਾਦਮਿਕ ਮਾਮਲੇ ਡਾ. ਜਸਵਿੰਦਰ ਸਿੰਘ, ਰਜਿਸਟਰਾਰ ਪ੍ਰੋ. ਦਵਿੰਦਰ ਪਾਲ ਸਿੰਘ ਸਿੱਧੂ, ਕੇਂਦਰ ਦੇ ਕੋਆਰਡੀਨੇਟਰ ਤੇ ਸੰਪਾਦਕ ਡਾ. ਪਰਮਵੀਰ ਸਿੰਘ ਅਤੇ ਸ੍ਰੀਮਤੀ ਹਰਵੀਰ ਕੌਰ ਵੀ ਹਾਜ਼ਰ ਸਨ।

## ਪੀ.ਯੂ. ਵਿਖੇ '12ਵਾਂ ਪੰਜ-ਰੋਜ਼ਾ ਪੰਜਾਬੀ ਯੂਨੀਵਰਸਿਟੀ ਪੁਸਤਕ ਮੇਲਾ ਅਤੇ ਸਾਹਿਤ ਉਤਸਵ' ਜਾਰੀ




ਪਟਿਆਲਾ, 31 ਮਾਰਚ (ਰੁਪਾਣਾ/ ਅਮਰਜੀਤ) : ਪੰਜਾਬੀ ਯੂਨੀਵਰਸਿਟੀ ਵਿਖੇ ਕਰਵਾਇਆ ਜਾ ਰਿਹਾ 12ਵਾਂ 'ਪੁਸਤਕ ਮੇਲਾ ਅਤੇ ਸਾਹਿਤ ਉਤਸਵ ਆਪਣੇ ਦੂਜੇ ਦਿਨ ਪੂਰੇ ਜਾਹੋ-ਜਲਾਲ ਨਾਲ ਜਾਰੀ ਰਿਹਾ। ਸਮਾਗਮ ਲੜੀਆਂ ਦੇ ਆਰੰਭ ਵਿਚ ਪੰਜਾਬੀ ਵਿਭਾਗ ਦੇ ਮੁਖੀ ਡਾ. ਰਾਜਵੰਤ ਕੌਰ ਪੰਜਾਬੀ ਨੇ ਤਫ਼ਸੀਲ ਨਾਲ ਅੱਜ ਹੋਣ ਵਾਲੇ ਸਮੁੱਚੇ ਸਮਾਗਮਾਂ ਬਾਰੇ ਵਿਸਤ੍ਰਿਤ ਚਰਚਾ ਕਰਦਿਆਂ ਕਿਹਾ ਕਿ ਉਪ ਕੁਲਪਤੀ ਡਾ. ਜਗਦੀਪ ਸਿੰਘ ਦੀ ਪ੍ਰੇਰਨਾ ਨਾਲ ਹੋ ਰਹੇ ਇਸ ਪੰਜ ਰੋਜ਼ਾ ਸਾਹਿਤ ਉਤਸਵ ਅਤੇ ਪੁਸਤਕ ਮੇਲੇ ਦੇ ਦੂਜੇ ਦਿਨ ਵੱਖ-ਵੱਖ ਅਕਾਦਮਿਕ ਬੈਠਕਾਂ ਦੌਰਾਨ ਪੰਜਾਬੀ ਭਾਸ਼ਾ ਦੇ ਤਕਨੀਕੀ ਵਿਕਾਸ, ਰੰਗਮੰਚੀ ਚੇਤਨਾ ਅਤੇ ਗੀਤਕਾਰੀ ਦੇ ਬਦਲਦੇ ਸਰੂਪਾਂ 'ਤੇ ਡੂੰਘੀ ਚਰਚਾ ਕੀਤੀ ਗਈ। ਦੂਜੇ ਦਿਨ ਦੀ ਇੱਕ ਵਿਸ਼ੇਸ਼ ਬੈਠਕ ਪੰਜਾਬੀ ਭਾਸ਼ਾ ਅਤੇ ਤਕਨਾਲੋਜੀ ਨੂੰ ਸਮਰਪਿਤ ਰਹੀ। ਕੈਨੇਡਾ ਤੋਂ ਪਹੁੰਚੇ ਪੰਜਾਬੀ ਕੰਪਿਊਟਰ ਖੇਤਰ ਦੇ ਮਾਹਿਰ ਸ੍ਰੀ ਕਿਰਪਾਲ ਸਿੰਘ ਪੰਨੂੰ ਨੇ ਆਪਣੇ ਸੰਘਰਸ਼ਮਈ ਸਫ਼ਰ ਅਤੇ ਫੌਂਟ ਨਿਰਮਾਣ ਦੇ ਤਜ਼ਰਬੇ ਸਾਂਝੇ ਕਰਦਿਆਂ ਕਿਹਾ ਕਿ ਕਿਸੇ ਵੀ ਭਾਸ਼ਾ ਦੀ ਹੋਂਦ ਇਸ ਗੱਲ 'ਤੇ ਨਿਰਭਰ ਹੈ ਕਿ ਉਹ ਡਿਜੀਟਲ ਪੱਧਰ 'ਤੇ ਕਿੰਨੀ ਸਮਰੱਥ ਹੈ। ਸ੍ਰੀ ਪੰਨੂੰ ਨਾਲ ਡਾ. ਰਾਜਵਿੰਦਰ ਸਿੰਘ ਨੇ ਮੇਜ਼ਬਾਨ ਵਜੋਂ ਗੱਲਬਾਤ ਕੀਤੀ। ਪ੍ਰਸਿੱਧ ਰੰਗਕਰਮੀ ਡਾ. ਨਵਨਿੰਦਰਾ ਬਹਿਲ ਦੀ ਯਾਦ ਨੂੰ ਸਮਰਪਿਤ ਬੈਠਕ ਵਿੱਚ 'ਨਾਟਕ ਨਜ਼ਰੀਆ ਅਤੇ ਨਵੀਂ ਚੇਤਨਾ' ਵਿਸ਼ੇ 'ਤੇ ਚਰਚਾ ਹੋਈ। ਸ੍ਰੀ ਦੇਵਿੰਦਰ ਦਮਨ, ਕੇਵਲ ਧਾਲੀਵਾਲ ਅਤੇ ਅਨੀਤਾ ਸ਼ਬਦੀਸ਼ ਨੇ ਰੰਗਮੰਚ ਵਿੱਚ ਸਮਾਜਿਕ ਚੇਤਨਾ, ਨਵੇਂ ਪ੍ਰਯੋਗਾਂ ਅਤੇ ਨਾਰੀ ਸੰਵੇਦਨਾ ਬਾਰੇ ਵਿਚਾਰ ਪੇਸ਼ ਕੀਤੇ। ਅਗਲੀ ਬੈਠਕ ਵਿੱਚ ਸਾਹਿਤ ਅਕਾਦਮੀ ਐਵਾਰਡੀ ਬਚਿੰਤ ਕੌਰ ਨੇ ਆਪਣੇ ਸਾਹਿਤਕ ਸਫ਼ਰ ਦੀਆਂ ਪਰਤਾਂ ਫਰੋਲਦਿਆਂ ਲੇਖਕ ਲਈ ਆਪਣੀਆਂ ਜੜ੍ਹਾਂ ਨਾਲ ਜੁੜੇ ਰਹਿਣ ਦੀ ਲੋੜ 'ਤੇ ਜ਼ੋਰ ਦਿੱਤਾ। ਇਸ ਬੈਠਕ ਵਿੱਚ ਡਾ. ਪਰਮੀਤ ਕੌਰ ਅਤੇ ਅਮਨਪ੍ਰੀਤ ਕੌਰ ਨੇ ਉਨ੍ਹਾਂ ਨਾਲ ਮੇਜ਼ਬਾਨ ਵਜੋਂ ਗੱਲਬਾਤ ਕੀਤੀ।'ਗੀਤਕਾਰੀ: ਭਾਵਨਾ ਦੀ ਅਭਿਵਿਅਕਤੀ ਜਾਂ ਬਜ਼ਾਰ ਦੀ ਮੰਗ' ਵਿਸ਼ੇ 'ਤੇ ਹੋਈ ਚਰਚਾ ਖਿੱਚ ਦਾ ਕੇਂਦਰ ਰਹੀ। ਧਰਮ ਕੰਮੇਆਣਾ, ਮਨਪ੍ਰੀਤ ਟਿਵਾਣਾ, ਅਮਰੀਕ ਸਿੰਘ ਤਲਵੰਡੀ ਅਤੇ ਪਾਲੀ ਦੇਤਵਾਲੀਆ ਨੇ ਅਫ਼ਸੋਸ ਜਤਾਇਆ ਕਿ ਗੀਤਕਾਰੀ ਉੱਤੇ ਬਾਜ਼ਾਰ ਦਾ ਗਲਬਾ ਵਧਣ ਕਾਰਨ ਸਾਹਿਤਕ ਰੰਗ ਮਨਫ਼ੀ ਹੋ ਰਿਹਾ ਹੈ। ਉਨ੍ਹਾਂ ਨੇ ਗੀਤਕਾਰਾਂ ਨੂੰ ਆਪਣੀ ਸਮਾਜਿਕ ਜ਼ਿੰਮੇਵਾਰੀ ਸਮਝਦਿਆਂ ਮਿਆਰੀ ਗੀਤ ਸਿਰਜਣ ਦੀ ਅਪੀਲ ਕੀਤੀ। ਡਾ. ਸਿਮਰਨਜੀਤ ਸਿੰਘ ਨੇ ਬਤੌਰ ਮੇਜ਼ਬਾਨ ਗੱਲਬਾਤ ਕੀਤੀ। ਯਾਦਗਾਰੀ ਸੰਗੀਤਕ ਸ਼ਾਮ ਵਿੱਚ ਹਰਮਿੰਦਰ ਜਲਾਲ ਦੀ ਅਲਗੋਜ਼ਾ-ਤੂੰਬਾ ਟੋਲੀ ਅਤੇ ਪ੍ਰਸਿੱਧ ਢਾਡੀ ਦੇਸ ਰਾਜ ਲਚਕਾਣੀ ਦੀ ਟੋਲੀ ਨੇ ਆਪਣੀਆਂ ਪੇਸ਼ਕਾਰੀਆਂ ਨਾਲ ਪੰਜਾਬੀ ਲੋਕ-ਵਾਰਾਂ ਅਤੇ ਵਿਰਾਸਤੀ ਧੁਨਾਂ ਨੂੰ ਮੁੜ ਸੁਰਜੀਤ ਕਰ ਦਿੱਤਾ। ਇਸ ਸਮਾਗਮ ਵਿਚ ਪੁਸਤਕਾਂ ਦਾ ਲੋਕ ਅਰਪਣ ਕੀਤਾ ਗਿਆ। ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ,ਵੇਰਕਾ ਅਤੇ ਪੰਜਾਬੀ ਰਾਈਟਰਜ਼ ਕੋਆਪਰੇਟਿਵ ਸੁਸਾਇਟਹੀ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਇਸ ਸਮਾਗਮ ਵਿੱਚ ਵੱਡੀ ਗਿਣਤੀ ਵਿਚ ਵਿਦਵਾਨ, ਲੇਖਕ,ਕਲਾਕਾਰਅਤੇ ਸ੍ਰੋਤੇ ਹਾਜ਼ਰ ਸਨ। ਡੀਨ ਅਕਾਦਮਿਕ ਮਾਮਲੇ ਡਾ. ਜਸਵਿੰਦਰ ਸਿੰਘ ਬਰਾੜ, ਰਜਿਸਟਰਾਰ ਡਾ. ਦਵਿੰਦਰਪਾਲ ਸਿੰਘ ਸਿੱਧੂ ਅਤੇ ਵਿੱਤ ਅਫਸਰ ਡਾ. ਬੀ.ਬੀ. ਸਿੰਗਲਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ।

## ਜਸਵਿੰਦਰ ਸਿੰਘ ਦੀਦਾਰਗੜ੍ਹ ਸਰਕਲ ਅਕਾਲੀ ਜਥਾ ਸ਼ੇਰਪੁਰ ਦੇ ਪ੍ਰਧਾਨ ਨਿਯੁਕਤ



ਸ਼ੇਰਪੁਰ, 31 ਮਾਰਚ (ਬਲਜੀਤ ਸਿੰਘ ਟਿੱਬਾ) : ਪੰਜਾਬ ਵਿਚ ਜੰਗਲ ਦਾ ਰਾਜ ਹੈ ਅਤੇ ਅਮਨ ਕਾਨੂੰਨ ਖੰਭ ਲਾ ਕੇ ਉੱਡ ਗਿਆ ਹੈ। ਪੰਜਾਬ ਵਿੱਚ ਹਰ ਇਕ ਵਿਅਕਤੀ ਬਹੁਤ ਹੀ ਡਰ ਦੇ ਮਹੌਲ ਵਿਚੋਂ ਲੰਘ ਰਿਹਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਨੇ ਸਰਕਲ ਅਕਾਲੀ ਜਥਾ ਸ਼ੇਰਪੁਰ ਦੇ ਨਵੇਂ ਨਿਯੁਕਤ ਕੀਤੇ ਗਏ ਪ੍ਰਧਾਨ ਜਸਵਿੰਦਰ ਸਿੰਘ ਦੀਦਾਰਗੜ੍ਹ ਦੀ ਤਾਜਪੋਸ਼ੀ ਦੇ ਸਮਾਗਮ ਸਮੇਂ ਪਿੰਡ ਦੀਦਾਰਗੜ੍ਹ ਵਿਖੇ ਕੀਤਾ। ਇਸ ਮੌਕੇ ਸੀਨੀਅਰ ਅਕਾਲੀ ਆਗੂ ਮਾਸਟਰ ਹਰਬੰਸ ਸਿੰਘ ਸ਼ੇਰਪੁਰ ਪ੍ਰਧਾਨ ਸਿੱਖ ਬੁੱਧੀਜੀਵੀ ਮੰਚ ਪੰਜਾਬ ਨੇ ਬੋਲਦਿਆਂ ਕਿਹਾ ਕਿ ਪੰਜਾਬ ਦੀ ਜਨਤਾ ਸੁਖਬੀਰ ਸਿੰਘ ਬਾਦਲ ਨੂੰ ਮੁੱਖ ਮੰਤਰੀ ਬਨਾਉਣ ਲਈ 2027 ਦੀ ਤੀਬਰਤਾ ਨਾਲ ਉਡੀਕ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਦੀਦਾਰਗੜ੍ਹ ਦੀ ਨਿਯੁਕਤੀ ਨਾਲ ਉਨ੍ਹਾਂ ਦੇ ਰਾਜਨੀਤਕ ਤਜਰਬੇ ਤੋਂ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ। ਇਸ ਮੌਕੇ ਜਸਵਿੰਦਰ ਸਿੰਘ ਦੀਦਾਰਗੜ੍ਹ ਨੂੰ ਪਾਰਟੀ ਦੇ ਆਗੂਆਂ ਨੇ ਸਿਰੋਪਾਓ ਬਖਸ਼ਿਸ਼ ਕਰਕੇ ਸਨਮਾਨਿਤ ਕੀਤਾ। ਜਸਵਿੰਦਰ ਸਿੰਘ ਦੀਦਾਰਗੜ੍ਹ ਨੇ ਬੋਲਦਿਆਂ ਕਿਹਾ ਕਿ ਪਾਰਟੀ ਵਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਅਤੇ ਈਮਾਨਦਾਰੀ ਨਾਲ ਨਿਭਾਉਣ ਲਈ ਵਚਨਬੱਧ ਰਹਾਂਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਭਜਨ ਸਿੰਘ ਸਾਬਕਾ ਚੇਅਰਮੈਨ, ਹਰਜਿੰਦਰ ਸਿੰਘ ਪ੍ਰਧਾਨ ਬੀ.ਸੀ. ਵਿੰਗ, ਕੁਲਵਿੰਦਰ ਸਿੰਘ ਮਾਂਗੇਵਾਲ, ਜਗਦੇਵ ਸਿੰਘ ਬਧੇਸਾ ਸਰਕਲ ਪ੍ਰਧਾਨ ਪੰਜਗਰਾਈਆਂ, ਸਰਪੰਚ ਗ਼ਰੀਬ ਸਿੰਘ ਛੰਨਾਂ, ਬਲਵਿੰਦਰ ਸਿੰਘ ਬਾਦਸ਼ਾਹਪੁਰ, ਨਾਜ਼ਮ ਸਿੰਘ ਹੇੜੀਕੇ, ਹਰਜੀਤ ਸਿੰਘ ਦੀਦਾਰਗੜ੍ਹ ਪ੍ਰਧਾਨ ਗੁਰਦੁਆਰਾ ਕਮੇਟੀ, ਸੁਖਦੇਵ ਸਿੰਘ,ਸੁਖਚੈਨ ਸਿੰਘ ਘਨੌਰੀ, ਸੁਖਵਿੰਦਰ ਸਿੰਘ ਘਨੌਰੀ, ਜਗਪਾਲ ਸਿੰਘ ਤੂਰ, ਜਗਸੀਰ ਸਿੰਘ ਥਿੰਦ, ਲਾਲ ਚੰਦ ਦੀਦਾਰਗੜ੍ਹ , ਦਰਸ਼ਨ ਸਿੰਘ ਦੀਦਾਰਗੜ੍ਹ, ਨਰਿੰਦਰ ਸਿੰਘ ਬਧੇਸਾ, ਨਿਰਮਲ ਸਿੰਘ ਖੇੜੀ, ਕੁਲਵੰਤ ਸਿੰਘ ਜਗਦੇ, ਹਰਦੀਪ ਸਿੰਘ, ਮਨਦੀਪ ਸਿੰਘ, ਹਰਜੀਤ ਸਿੰਘ, ਗੁਰਵਿੰਦਰ ਸਿੰਘ, ਭਜਨ ਸਿੰਘ ਅਤੇ ਪ੍ਰਗਟ ਸਿੰਘ ਵੀ ਮੌਜੂਦ ਸਨ।

## ਪੀ.ਪੀ.ਐਸ.ਸੀ. ਵੱਲੋਂ ਪੀ.ਸੀ.ਐਸ. ਦੀ ਮੇਨ ਪ੍ਰੀਖਿਆ ਲਈ ਪੂਰੀ ਤਿਆਰੀ, ਪਟਿਆਲਾ 'ਚ 12 ਕੇਂਦਰ ਸਥਾਪਿਤ

ਪਟਿਆਲਾ, 31 ਮਾਰਚ (ਰੁਪਾਣਾ) : ਪੰਜਾਬ ਲੋਕ ਸੇਵਾ ਕਮਿਸ਼ਨ ਵੱਲੋਂ ਪੀਸੀਐਸ (ਕਾਰਜਕਾਰੀ ਸ਼ਾਖਾ) ਦੇ 1 ਅਪ੍ਰੈਲ ਤੋਂ 10 ਅਪ੍ਰੈਲ ਤੱਕ ਮੇਨ ਇਮਤਿਹਾਨ ਕਰਵਾਉਣ ਲਈ ਪੂਰੀ ਤਿਆਰੀ ਕਰ ਲਈ ਗਈ ਹੈ। ਪੀਪੀਐਸਸੀ ਦੇ ਸਕੱਤਰ ਚਰਨਜੀਤ ਸਿੰਘ ਨੇ ਦੱਸਿਆ ਕਿ ਕਮਿਸ਼ਨ ਦੇ ਚੇਅਰਮੈਨ ਮੇਜਰ ਜਨਰਲ (ਸੇਵਾਮੁਕਤ) ਵਿਨਾਇਕ ਸੈਣੀ ਦੀ ਅਗਵਾਈ ਹੇਠ, ਪ੍ਰੀਖਿਆ ਨੂੰ ਸੁਚਾਰੂ, ਪਾਰਦਰਸ਼ੀ ਅਤੇ ਨਿਰਪੱਖ ਢੰਗ ਨਾਲ ਕਰਵਾਉਣ ਨੂੰ ਯਕੀਨੀ ਬਣਾਉਣ ਲਈ ਸਾਰੇ ਜ਼ਰੂਰੀ ਪ੍ਰਬੰਧ ਕੀਤੇ ਗਏ ਹਨ। ਇਸ ਪੇਪਰ ਲਈ ਪਟਿਆਲਾ ਸ਼ਹਿਰ ਵਿੱਚ ਕੁੱਲ 12 ਪ੍ਰੀਖਿਆ ਕੇਂਦਰ ਸਥਾਪਤ ਕੀਤੇ ਗਏ ਹਨ। ਉਨ੍ਹਾਂ ਅੱਗੇ ਦੱਸਿਆ ਕਿ ਇਹ ਪ੍ਰੀਖਿਆ ਸਾਰੇ ਦੁਪਹਿਰ ਦੇ ਸੈਸ਼ਨ ਵਿੱਚ ਦੁਪਹਿਰ 2:30 ਵਜੇ ਤੋਂ ਸ਼ਾਮ 5:30 ਵਜੇ ਤੱਕ ਕਰਵਾਈ ਜਾਵੇਗੀ। ਸਖ਼ਤ ਨਿਗਰਾਨੀ ਅਤੇ ਪਾਰਦਰਸ਼ਤਾ ਬਣਾਈ ਰੱਖਣ ਲਈ, ਹਰੇਕ ਪ੍ਰੀਖਿਆ ਕੇਂਦਰ 'ਤੇ ਸੀਨੀਅਰ ਆਈਏਐਸ ਅਤੇ ਪੀਸੀਐਸ ਅਧਿਕਾਰੀਆਂ ਨੂੰ ਆਬਜਰਬਰ ਵਜੋਂ ਤਾਇਨਾਤ ਕੀਤਾ ਗਿਆ ਹੈ। ਪ੍ਰਬੰਧਾਂ ਬਾਰੇ ਵਿਸਥਾਰ ਵਿੱਚ ਦੱਸਦਿਆਂ, ਚਰਨਜੀਤ ਸਿੰਘ ਨੇ ਕਿਹਾ ਕਿ ਉਮੀਦਵਾਰਾਂ ਦੀ ਸਹੀ ਪਛਾਣ ਨੂੰ ਯਕੀਨੀ ਬਣਾਉਣ ਲਈ ਹਰੇਕ ਕੇਂਦਰ 'ਤੇ ਬਾਇਓਮੈਟ੍ਰਿਕ ਵੈਰੀਫਿਕੇਸ਼ਨ ਸਿਸਟਮ ਲਗਾਏ ਗਏ ਹਨ। ਇਸ ਤੋਂ ਇਲਾਵਾ, ਪ੍ਰੀਖਿਆ ਦੌਰਾਨ ਕਿਸੇ ਵੀ ਇਲੈਕਟ੍ਰਾਨਿਕ ਯੰਤਰ ਦੀ ਵਰਤੋਂ ਨੂੰ ਰੋਕਣ ਲਈ ਜੈਮਰ ਵੀ ਲਗਾਏ ਗਏ ਹਨ। ਉਨ੍ਹਾਂ ਅੱਗੇ ਦੱਸਿਆ ਕਿ ਪੀਸੀਐਸ ਕਾਰਜਕਾਰੀ ਸ਼ਾਖਾ ਸਮੇਤ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਵਿੱਚ ਅਲਾਈਡ ਅਧਿਕਾਰੀਆਂ ਦੀਆਂ 331 ਅਸਾਮੀਆਂ ਨੂੰ ਭਰਨ ਲਈ ਲਗਭਗ 4,200 ਉਹ ਉਮੀਦਵਾਰ, ਮੁੱਖ ਪ੍ਰੀਖਿਆ ਵਿੱਚ ਸ਼ਾਮਲ ਹੋਣਗੇ ਜਿਨ੍ਹਾਂ ਨੇ ਮੁੱਢਲੀ ਪ੍ਰੀਖਿਆ ਪਾਸ ਕੀਤੀ ਹੈ।

## ਸੰਵਾਦ ਮੁਹਿੰਮ ਤਹਿਤ ਮੁਹੱਲਾ ਪ੍ਰੀਤ ਨਗਰ ਤੇ ਇੰਦਰਾਪੁਰੀ ਦੇ ਵਾਸੀਆਂ ਨਾਲ ਰੂਬਰੂ ਹੋਏ ਹਰਜਿੰਦਰ ਸਿੰਘ ਜੌੜਾਮਾਜਰਾ



ਸਮਾਣਾ, 31 ਮਾਰਚ (ਹਰਜਿੰਦਰ ਸਿੰਘ) : ਮਾਨ ਸਰਕਾਰ ਦੇ 4 ਸਾਲਾਂ ਦੇ ਸਫ਼ਰ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਲਈ ਸ਼ੁਰੂ ਕੀਤੀ ਗਈ ਜਨ ਸੰਪਰਕ ਮੁਹਿੰਮ 'ਸੰਵਾਦ' ਤਹਿਤ ਅੱਜ ਸ ਹਰਜਿੰਦਰ ਸਿੰਘ ਜੌੜਾਮਾਜਰਾ ਅਤੇ ਬਲਾਕ ਪ੍ਰਧਾਨ ਗੋਪਾਲ ਕ੍ਰਿਸ਼ਨ ਗਰਗ ਵੱਲੋਂ ਬਲਾਕ ਪ੍ਰਧਾਨ ਸੰਜੇ ਸਾਹਨੀ ਦੀ ਅਗਵਾਈ ਹੇਠ ਰੱਖੀ ਮੁਹੱਲਾ ਪ੍ਰੀਤ ਨਗਰ ਤੇ ਇੰਦਰਾਪੁਰੀ ਦੇ ਵਸਨੀਕਾਂ ਨਾਲ ਰੂਬਰੂ ਹੋ ਕੇ ਗੱਲਬਾਤ ਕੀਤੀ ਗਈ। ਇਸ ਦੌਰਾਨ ਉਨ੍ਹਾਂ ਲੋਕਾਂ ਨੂੰ ਮਾਨ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਦੌਰਾਨ ਕੀਤੇ ਗਏ ਵਿਕਾਸੀ ਕੰਮਾਂ, ਭਲਾਈ ਯੋਜਨਾਵਾਂ ਅਤੇ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਲਈ ਪੂਰੀ ਇਮਾਨਦਾਰੀ ਅਤੇ ਪਾਰਦਰਸ਼ਤਾ ਨਾਲ ਕੰਮ ਕਰ ਰਹੀ ਹੈ।ਸ ਜੌੜਾਮਾਜਰਾ ਨੇ ਲੋਕਾਂ ਦੀਆਂ ਸਮੱਸਿਆਵਾਂ ਵੀ ਧਿਆਨ ਨਾਲ ਸੁਣੀਆਂ ਅਤੇ ਉਨ੍ਹਾਂ ਦੇ ਹੱਲ ਲਈ ਭਰੋਸਾ ਦਿੱਤਾ। ਇਸ ਮੌਕੇ ਵਾਰਡ ਵਾਸੀਆਂ ਵੱਲੋਂ ਵੀ ਸਰਕਾਰ ਦੇ ਉਪਰਾਲਿਆਂ ਦੀ ਸਰਾਹਨਾ ਕੀਤੀ ਗਈ ਅਤੇ ਆਪਣੀਆਂ ਸੁਝਾਵਾਂ ਸਾਂਝੀਆਂ ਕੀਤੀਆਂ ਗਈਆਂ।

## ਕਾਵਿ ਸੰਗ੍ਰਹਿ ਦਾ ਲੋਕਅਰਪਣ ਭਲਕੇ

ਪਟਿਆਲਾ, 31 ਮਾਰਚ (ਚ.ਨ.ਸ.) : ਕੈਨੇਡਾ ਦੇ ਸਰੀ ਸ਼ਹਿਰ ਦੇ ਪ੍ਰਵਾਸੀ ਕਵੀ ਸੁਰਿੰਦਰ ਸਿੰਘ ਜੱਬਲਦਾ ਕਾਵਿ ਸੰਗ੍ਰਹਿ 'ਵਿਰਾਸਤ ਦੇ ਰੂਬਰੂ' 2 ਅਪ੍ਰੈਲ 2026 ਨੂੰ ਵਰਲਡ ਪੰਜਾਬੀ ਸੈਂਟਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਸਵੇਰੇ 10.30ਵਜੇ ਲੋਕ ਅਰਪਨ ਕੀਤਾ ਜਾ ਰਿਹਾ ਹੈ। ਸੁਰਿੰਦਰ ਸਿੰਘ ਜੱਬਲ ਚਾਚਾ ਵੈਨਕੂਵਰੀਆ ਦੇ ਨਾਮ ਨਾਲ ਜਾਣਿਆਂ ਜਾਂਦਾਹੈ। ਪਰਮਜੀਤ ਸਿੰਘ ਪ੍ਰਵਾਨਾ ਰਾਮਗੜ੍ਹੀਆ ਕਲਚਰਲ ਐਂਡ ਵੈਲਫ਼ੇਅਰ ਕੌਂਸਲ (ਰਜਿ) ਪਟਿਆਲਾ ਦੇ ਪ੍ਰਧਾਨ ਨੇ ਇੱਕ ਬਿਆਨ ਵਿੱਚ ਦੱਸਿਆ ਕਿ ਇਹ ਸਮਾਗਮ ਰਾਮਗੜ੍ਹੀਆ ਕਲਚਰਲ ਐਂਡ ਵੈਲਫ਼ੇਅਰ ਕੌਂਸਲ ਪਟਿਆਲਾ ਵੱਲੋਂ ਵਰਲਡ ਪੰਜਾਬੀ ਸੈਂਟਰ ਅਤੇ ਹਰਿਦਰਸ਼ਨ ਮੈਮੋਰੀਅਲ ਇੰਟਰਨੈਸ਼ਨਲ ਟਰੱਸਟ ਕੈਨੇਡਾ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ।

## ਯੂਨੀਅਨ ਵੱਲੋਂ ਰੋਸ ਮੁਜ਼ਾਹਰਾ 6 ਨੂੰ

ਸਮਾਣਾ, 31 ਮਾਰਚ (ਸੁਖਜਿੰਦਰ ਸਿੰਘ ਕੁਲਾਰਾਂ) : ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਰਜਿ 26 ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਸੂਬਾ ਪ੍ਰਧਾਨ ਦਰਸ਼ਵੀਰ ਸਿੰਘ ਰਾਣਾ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਸੰਗਰੂਰ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਸਮਾਣਾ ਪ੍ਰਧਾਨ ਹਰਪਾਲ ਸਿੰਘ ਨੇ ਦੱਸਿਆ ਕਿ ਲੰਮੇ ਸਮੇਂ ਤੋਂ ਵਿਭਾਗ ਵਿੱਚ ਇਨਲਿਸਟਮੈਂਟ ਅਤੇ ਆਊਟਸੋਰਸ ਕਾਮੇ ਨਗੂਣੀਆਂ ਤਨਖਾਹਾਂ ਤੇ ਪਿਛਲੇ 15-20 ਸਾਲਾਂ ਤੋਂ ਸੰਤਾਪ ਭੋਗ ਰਹੇ ਹਨ। ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਇਸ ਸਰਕਾਰ ਨੇ ਵੀ ਵਾਅਦਾ ਕੀਤਾ ਸੀ ਕਿ ਸਾਡੀ ਸਰਕਾਰ ਆਉਣ 'ਤੇ ਜਲ ਸਪਲਾਈ ਵਿਭਾਗ ਵਿੱਚ ਕੱਚੇ ਕੰਮ ਕਰਦੇ ਇਨਲਿਸਟਡ ਤੇ ਆਊਟਸੋਰਸ ਮੁਲਾਜ਼ਮਾਂ ਨੂੰ ਪੱਕੇ ਕੀਤਾ ਜਾਵੇਗਾ,ਪਰ ਪੱਕੇ ਕਰਨ ਦੀ ਥਾਂ ਜਲ ਘਰਾਂ ਦਾ ਪੰਚਾਇਤੀਕਰਨ ਕਰਕੇ ਵਰਕਰਾਂ ਦੇ ਰੁਜ਼ਗਾਰ ਨਾਲ ਖਿਲਵਾੜ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਮੀਟਿੰਗ ਦੌਰਾਨ ਸਮੂਹ ਜਿਲ੍ਹਿਆਂ ਦੇ ਆਗੂਆਂ ਨੇ ਵਿਚਾਰਾਂ ਕਰਕੇ ਫੈਸਲਾ ਕੀਤਾ ਹੈ ਕਿ ਸੁੱਤੀ ਹੋਈ ਸਰਕਾਰ ਨੂੰ ਜਗਾਉਣ ਲਈ 6 ਅਪ੍ਰੈਲ 2026 ਨੂੰ ਮੁੱਖ ਮੰਤਰੀ ਦੀ ਕੋਠੀ ਸੰਗਰੂਰ ਅੱਗੇ ਰੋਸਮਈ ਧਰਨਾ ਦਿੱਤਾ ਜਾਵੇਗਾ, ਜਿਸ ਵਿੱਚ ਸਮੂਹ ਜ਼ਿਲ੍ਹਿਆਂ ਤੋਂ ਸਾਥੀ ਵੱਡੀ ਗਿਣਤੀ ਸਮੇਤ ਪਹੁੰਚਣਗੇ ਜਿਸ ਦੀ ਤਿਆਰੀ ਲਈ ਜ਼ਿਲ੍ਹਾ ਪੱਧਰੀ ਮੀਟਿੰਗਾਂ ਕਰਕੇ ਲਾਮਬੰਦੀ ਕੀਤੀ ਜਾਵੇਗੀ। ਇਸ ਮੌਕੇ ਸਮੂਹ ਠੇਕਾ ਮੁਲਾਜ਼ਮ ਹਾਜ਼ਰ ਸਨ।

## ਲਾਇਨਜ਼ ਕਲੱਬ ਸ਼ੇਰਪੁਰ ਦੇ ਪਰਮਿੰਦਰ ਸਿੰਘ ਚਹਿਲ ਪ੍ਰਧਾਨ ਤੇ ਰਾਕੇਸ਼ ਕੁਮਾਰ ਭੋਲਾ ਚੇਅਰਮੈਨ ਚੁਣੇ



ਸ਼ੇਰਪੁਰ, 31 ਮਾਰਚ (ਬਲਜੀਤ ਸਿੰਘ ਟਿੱਬਾ) : ਇਲਾਕਾ ਸ਼ੇਰਪੁਰ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਲਾਇਨਜ਼ ਕਲੱਬ ਸ਼ੇਰਪੁਰ ਦੀ ਅਹਿਮ ਮੀਟਿੰਗ ਕਲੱਬ ਦੇ ਚੇਅਰਮੈਨ ਬਲਜਿੰਦਰ ਸਿੰਘ ਬਿੱਟੂ ਦੀ ਅਗਵਾਈ ਹੇਠ ਗਲੋਬਲ ਮੈਕਓਵਰ ਸ਼ੇਰਪੁਰ ਵਿਖੇ ਹੋਈ, ਜਿਸ ਵਿੱਚ ਪਿਛਲੇ ਸਾਲ ਦਾ ਲੇਖਾ ਜੋਖਾ ਕਲੱਬ ਦੇ ਖਜ਼ਾਨਚੀ ਠੇਕੇਦਾਰ ਸੰਜੇ ਸਿੰਗਲਾ ਵੱਲੋਂ ਰੱਖਿਆ ਗਿਆ ਅਤੇ ਹਾਜ਼ਰ ਮੈਂਬਰਾਂ ਨੇ ਉਸਨੂੰ ਪ੍ਰਵਾਨਗੀ ਦਿੱਤੀ ਅਤੇ ਨਵੇਂ ਮੈਂਬਰਾਂ ਦੀ ਚੋਣ ਸਰਬਸੰਮਤੀ ਨਾਲ ਹੇਠ ਲਿਖੇ ਅਨੁਸਾਰ ਕੀਤੀ ਗਈ, ਜਿਸ ਵਿੱਚ ਲਾਇਨ ਪਰਮਿੰਦਰ ਸਿੰਘ ਚਹਿਲ ਪ੍ਰਧਾਨ, ਲਾਇਨ ਸਰਿੰਦਰ ਗਰਗ ਸੈਕਟਰੀ, ਖਜ਼ਾਨਚੀ ਲਾਇਨ ਵਿਜੈ ਕੁਮਾਰ ਸਿੰਗਲਾ, ਲਾਇਨ ਰਕੇਸ਼ ਕੁਮਾਰ ਭੋਲਾ ਬੀਕੇਓ ਚੇਅਰਮੈਨ, ਲਾਇਨ ਗੁਰਮੀਤ ਪਾਲ ਸਿੰਗਲਾ ਸਰਪ੍ਰਸਤ, ਲਾਇਨ ਜਗਜੀਵਨ ਲਾਲ ਸਿੰਗਲਾ ਟੇਲ ਟਵਿਸਟਰ,ਲਾਇਨ ਚਮਕੌਰ ਸਿੰਘ ਆਸ਼ਟ ਟਾਇਮਰ, ਲਾਇਨ ਡਾ. ਗੁਰਿੰਦਰ ਪਾਲ ਗੋਇਲ ਪ੍ਰੋਜੈਕਟ ਚੇਅਰਮੈਨ, ਲਾਇਨ ਮਨਦੀਪ ਸਿੰਘ ਸੁਲਤਾਨਪੁਰ ਸੀਨੀਅਰ ਮੀਤ ਪ੍ਰਧਾਨ, ਲਾਇਨ ਦੀਪਕ ਕੁਮਾਰ ਪੀਆਰਓ ਅਤੇ ਬਾਕੀ ਸਾਰੇ ਕਲੱਬ ਦੇ ਮੈਂਬਰਾਂ ਨੂੰ ਡਾਇਰੈਕਟਰ ਮੈਂਬਰ ਚੁਣਿਆ ਗਿਆ। ਇਸ ਮੌਕੇ ਡਾ.ਸੁਰਿੰਦਰ ਗਰਗ, ਬਲਜਿੰਦਰ ਸਿੰਘ ਬਿੱਟੂ,ਐਡੋਵਕੇਟ ਹਰਪ੍ਰੀਤ ਸਿੰਘ ਖਿੱਪਲ, ਸੰਜੇ ਸਿੰਗਲਾ ਆਦਿ ਕਲੱਬ ਮੈਂਬਰ ਹਾਜ਼ਰ ਸਨ। । ਇਸ ਮੌਕੇ ਲਾਇਨ ਆਈ ਕੇਅਰ ਚੈਰੀਟੇਬਲ ਟਰੱਸਟ ਦੇ ਅਹੁਦੇਦਾਰਾਂ ਦੀ ਚੋਣ ਵੀ ਕੀਤੀ ਗਈ। ਜਿਸ ਵਿੱਚ ਚਮਕੌਰ ਸਿੰਘ ਆਸ਼ਟ ਪ੍ਰਧਾਨ, ਦੀਪਕ ਕੁਮਾਰ ਸੈਕਟਰੀ, ਡਾ.ਗੁਰਿੰਦਰ ਪਾਲ ਗੋਇਲ ਖਜ਼ਾਨਚੀ, ਡਾ. ਸੁਰਿੰਦਰ ਗੋਇਲ ਨੂੰ ਪੀਆਰਓ ਚੁਣਿਆ ਗਿਆ। ਇਸ ਤੋਂ ਇਲਾਵਾ ਲਾਇਨਜ਼ ਕਲੱਬ ਸ਼ੇਰਪੁਰ ਦੇ ਸਾਰੇ ਮੈਂਬਰ ਟਰੱਸਟ ਦੇ ਟਰੱਸਟੀ ਮੈਂਬਰ ਹੋਣਗੇ। ਉਪਰੋਕਤ ਦੋਵੇਂ ਚੋਣਾਂ ਨੂੰ ਹਾਜ਼ਰ ਕਲੱਬ ਦੇ ਸਮੁੱਚੇ ਮੈਂਬਰ ਵੱਲੋਂ ਸਰਬਸੰਮਤੀ ਨਾਲ ਪ੍ਰਵਾਨ ਕੀਤਾ ਗਿਆ।

## ਭਗਵਾਨ ਮਹਾਂਵੀਰ ਜੈਯੰਤੀ ਮੌਕੇ ਕੜਾਹ ਪ੍ਰਸ਼ਾਦ ਦਾ ਲੰਗਰ ਵਰਤਾਇਆ



ਸਮਾਣਾ, 31 ਮਾਰਚ (ਵਿਜੇ ਕੁਮਾਰ) : ਭਗਵਾਨ ਮਹਾਂਵੀਰ ਜੈਯੰਤੀ ਮੌਕੇ ਦਫਤਰ ਨਗਰ ਕੌਂਸਲ ਨੇੜੇ ਕੜਾਹ ਪ੍ਰਸ਼ਾਦ ਦਾ ਲੰਗਰ ਵਰਤਾਇਆ ਗਿਆ। ਇਸ ਮੌਕੇ ਆਤਮਾ ਨੰਦ ਜੈਨ ਸਭਾ ਦੇ ਅਹੁਦੇਦਾਰ ਇੰਦਰ ਲਾਲ ਜੈਨ(ਪਟੇਲ), ਯੁਗੇਸ਼ ਜੈਨ, ਮੋਹਿਤ ਜੈਨ, ਸਾਰਪੀ ਜੈਨ, ਅਕੁੰਸ਼ ਜੈਨ, ਸੀ.ਏ. ਸੁਭਾਂਸੂ ਜੈਨ, ਸੰਕੇਤ ਜੈਨ, ਪੱਤਰਕਾਰ ਵਿਜੇ ਗਰਗ ਹਾਜ਼ਰ ਸਨ।

## ਅਕਾਲੀ ਦਲ ਦੀ 5 ਨੂੰ ਹੋਣ ਵਾਲੀ ਰੈਲੀ 'ਚ ਰਿਕਾਰਡ ਤੋੜ ਇਕੱਠ ਹੋਵੇਗਾ : ਜਸਮਿੰਦਰ ਸਿੰਘ ਹੈਪੀ



ਦੇਵੀਗੜ੍ਹ, 31 ਮਾਰਚ (ਗੁਰਜੀਤ ਸਿੰਘ ਢੋਟ) : ਪੰਜ ਅਪ੍ਰੈਲ ਨੂੰ ਅਕਾਲੀ ਦਲ ਦੀ ਹਲਕਾ ਪਟਿਆਲਾ ਦਿਹਾਤੀ ਅੰਦਰ ਇਤਿਹਾਸਿਕ ਰੈਲੀ ਹੋਣ ਜਾ ਰਹੀ ਹੈ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਹੋਇਆ ਯੂਥ ਆਗੂ ਜਸਵਿੰਦਰ ਸਿੰਘ ਹੈਪੀ ਨੇ ਦੱਸਿਆ ਕਿ ਪੰਜਾਬ ਭਰ ਦੇ ਲੋਕ ਸੁਖਬੀਰ ਸਿੰਘ ਬਾਦਲ ਨੂੰ ਛੇਤੀ ਮੁੱਖ ਮੰਤਰੀ ਦੇਖਣਾ ਚਾਹੁੰਦੇ ਹਨ । ਉਹਨਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਹਲਕਾ ਪਟਿਆਲਾ ਦਿਹਾਤੀ ਦੇ ਅੰਦਰ ਪੰਜ ਅਪ੍ਰੈਲ ਨੂੰ ਇੱਕ ਇਤਿਹਾਸਿਕ ਰੈਲੀ ਕਰਨ ਜਾ ਰਹੇ ਹਨ ।ਉਹਨਾਂ ਕਿਹਾ ਕਿ ਸਮੁੱਚੀ ਅਕਾਲੀ ਲੀਡਰਸ਼ਿਪ ਹਲਕਾ ਪਟਿਆਲਾ ਦਿਹਾਤੀ ਅੰਦਰ ਰਿਕਾਰਡ ਤੋੜ ਇਕੱਠ ਕਰਕੇ ਨਵਾਂ ਇਤਿਹਾਸ ਸਿਰਜੇਗੀ। ਉਹਨਾਂ ਕਿਹਾ ਕਿ ਸਮੁੱਚਾ ਹਲਕਾ ਪਟਿਆਲਾ ਦਿਹਾਤੀ ਦਾ ਹਰ ਵਰਕਰ, ਆਗੂ ਇਸ ਰੈਲੀ ਲਈ ਲਗਾਤਾਰ ਤਨ ਮਨ ਧਨ ਨਾਲ ਕੰਮ ਕਰ ਰਿਹਾ ਹੈ। ਉਹਨਾਂ ਕਿਹਾ ਕਿ ਹਲਕਾ ਇੰਚਾਰਜ ਜਸਪਾਲ ਸਿੰਘ ਬਿੱਟੂ ਚੱਠਾ ਦੀ ਅਗਵਾਈ ਅੰਦਰ ਇਹ ਰਿਕਾਰਡ ਤੋੜ ਇਕੱਠ ਇੱਕ ਨਵਾਂ ਇਤਿਹਾਸ ਸਿਰਜੇਗਾ।

## ਸਾਬਕਾ ਮੰਤਰੀ ਸਵ. ਲਾਲ ਸਿੰਘ ਨੇ ਸਾਰੀ ਉਮਰ ਆਪਣੀ ਚਿੱਟੀ ਚਾਦਰ 'ਤੇ ਦਾਗ ਨਹੀਂ ਲੱਗਣ ਦਿੱਤਾ : ਪ੍ਰੋ. ਬਡੂੰਗਰ



ਪਟਿਆਲਾ, 31 ਮਾਰਚ (ਰੁਪਾਣਾ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਦਰਵੇਸ਼ ਸਿਆਸਤਦਾਨ ਵਜੋਂ ਜਾਣੇ ਜਾਂਦੇ ਸਾਬਕਾ ਵਜ਼ੀਰ ਲਾਲ ਸਿੰਘ ਦੇ ਦੇਹਾਂਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਉਹਨਾਂ ਨੇ ਆਪਣੀ ਸਾਰੀ ਉਮਰ ਚਿੱਟੀ ਚਾਦਰ 'ਤੇ ਦਾਗ ਨਹੀਂ ਲੱਗਣ ਦਿੱਤਾ ਅਤੇ ਸਾਫ ਸਿਆਸਤ ਕਰਕੇ ਆਪਣਾ ਨਾਂ ਸਿਆਸਤ ਦੇ ਖੇਤਰ ਵਿੱਚ ਸੁਨਹਿਰੀ ਅੱਖਰਾਂ ਵਿੱਚ ਦਰਜ ਕੀਤਾ ਹੈ। ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਸਾਬਕਾ ਮੰਤਰੀ ਸਵਰਗ ਲਾਲ ਸਿੰਘ ਨੇ ਕਾਂਗਰਸ ਪਾਰਟੀ ਨਾਲ ਹਮੇਸ਼ਾ ਹਿੱਕ ਤਾਣ ਕੇ ਸਾਥ ਦਿੱਤਾ ਹੈ ਤੇ ਸਾਰੀ ਉਮਰ ਇੱਕ ਹੀ ਪਾਰਟੀ ਵਿੱਚ ਕੱਢ ਕੇ ਇਹ ਸਾਬਤ ਕੀਤਾ ਹੈ ਕਿ ਪਾਰਟੀ ਲਈ ਉਹ ਹਮੇਸ਼ਾ ਪੂਰਨ ਤੌਰ 'ਤੇ ਹੀ ਸਮਰਪਿਤ ਸਨ। ਉਹਨਾਂ ਕਿਹਾ ਕਿ ਲਾਲ ਸਿੰਘ ਇੱਕ ਬੇਦਾਗ ਸ਼ਖ਼ਸੀਅਤ ਵਜੋਂ ਸਮਾਜ ਵਿੱਚ ਵਿਚਰਦੇ ਰਹੇ ਅਤੇ ਸਾਰੀ ਉਮਰ ਉਹਨਾਂ 'ਤੇ ਕੋਈ ਵੀ ਭ੍ਰਿਸ਼ਟਾਚਾਰ ਤੱਕ ਦਾ ਇਲਜ਼ਾਮ ਨਹੀਂ ਲੱਗਾ । ਉਹਨਾਂ ਕਿਹਾ ਕਿ ਲਾਲ ਸਿੰਘ ਕੇਵਲ ਪਟਿਆਲਾ ਖੇਤਰ ਨਾਲ ਹੀ ਸਬੰਧਿਤ ਨਹੀਂ ਸਨ, ਸਗੋਂ ਉਹਨਾਂ ਨੇ ਆਪਣਾ ਅਤੇ ਪਾਰਟੀ ਦਾ ਨਾਮ ਪੂਰੇ ਪੰਜਾਬ ਭਰ ਤੇ ਦੇਸ਼ਾਂ ਵਿਦੇਸ਼ਾਂ ਵਿੱਚ ਵੀ ਉਜਾਗਰ ਕੀਤਾ ਹੈ।

## ਹਰ ਨਾਗਰਿਕ ਦੀ ਸੁਰੱਖਿਆ ਸਾਡੀ ਪਹਿਲ: ਮੇਅਰ

### ਵਾਰਡ ਨੰਬਰ 53 'ਚ 10 ਲੱਖ ਦਾ ਸਿਹਤ ਬੀਮਾ ਕੈਂਪ ਲਗਾਇਆ



ਪਟਿਆਲਾ, 31 ਮਾਰਚ (ਚ.ਨ.ਸ.) : ਸ਼ਾਹੀ ਸ਼ਹਿਰ ਪਟਿਆਲਾ ਦੇ ਵਾਰਡ ਨੰਬਰ 53 ਵਿੱਚ ਅੱਜ ਵਾਰਡ ਇੰਚਾਰਜ ਗੁਰਮੀਤ ਕੌਰ ਅਤੇ ਜੀ.ਐਸ. ਓਬਰਾਏ ਦੀ ਅਗਵਾਈ ਹੇਠ ਲਗਾਏ ਗਏ ਕੈਂਪ ਵਿੱਚ ਇਲਾਕਾ ਨਿਵਾਸੀਆਂ ਨੂੰ 10 ਲੱਖ ਰੁਪਏ ਦੇ ਬੀਮੇ ਦੀ ਸਹੂਲਤ ਪ੍ਰਦਾਨ ਕੀਤੀ ਗਈ। ਇਸ ਕੈਂਪ ਰਾਹੀਂ ਵੱਡੀ ਗਿਣਤੀ ਵਿੱਚ ਲੋਕਾਂ ਨੇ ਆਪਣਾ ਬੀਮਾ ਕਰਵਾ ਕੇ ਭਵਿੱਖ ਦੀ ਸੁਰੱਖਿਆ ਯਕੀਨੀ ਬਣਾਈ। ਵਿਸ਼ੇਸ਼ ਤੌਰ 'ਤੇ ਪੁੱਜੇ ਮੇਅਰ ਕੁੰਦਨ ਗੋਗੀਆ ਕੈਂਪ ਦੌਰਾਨ ਲੋਕ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵਿਸ਼ੇਸ਼ ਫਲੈਕਸਾਂ ਰਾਹੀ ਲੋਕਾਂ ਨੂੰ ਬੀਮਾ ਯੋਜਨਾਵਾਂ ਬਾਰੇ ਜਾਗਰੂਕ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵਿਕਾਸ ਕਾਰਜਾਂ ਦੇ ਨਾਲ-ਨਾਲ ਲੋਕਾਂ ਦੀ ਸਮਾਜਿਕ ਅਤੇ ਆਰਥਿਕ ਸੁਰੱਖਿਆ ਵੀ ਬਹੁਤ ਜ਼ਰੂਰੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਆਪ ਸਰਕਾਰ ਦਾ ਮਕਸਦ ਹਰ ਵਾਰਡ ਵਿੱਚ ਅਜਿਹੀਆਂ ਲੋਕ-ਭਲਾਈ ਸਕੀਮਾਂ ਦਾ ਲਾਭ ਵੱਡੇ ਪੱਧਰ 'ਤੇ ਪਹੁੰਚਾਉਣਾ ਹੈ। ਕੈਂਪ ਦੌਰਾਨ ਬੋਲਦਿਆਂ ਪ੍ਰਬੰਧਕਾਂ ਨੇ ਕਿਹਾ ਕਿ ਅਜਿਹੇ ਉਪਰਾਲਿਆਂ ਦਾ ਮੁੱਖ ਮਕਸਦ ਆਮ ਲੋਕਾਂ ਨੂੰ ਦਫ਼ਤਰਾਂ ਦੇ ਚੱਕਰ ਕੱਟਣ ਤੋਂ ਬਚਾਉਣਾ ਅਤੇ ਉਨ੍ਹਾਂ ਦੇ ਬੂਹੇ 'ਤੇ ਸਰਕਾਰੀ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਮੇਅਰ ਕੁੰਦਨ ਗੋਗੀਆ ਨੇ ਭਰੋਸਾ ਦਿੱਤਾ ਹੈ ਕਿ ਪਟਿਆਲਾ ਦੇ ਹਰ ਵਰਗ ਦੇ ਭਲੇ ਲਈ ਨਗਰ ਨਿਗਮ ਹਮੇਸ਼ਾ ਤਿਆਰ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹੋਰਨਾਂ ਵਾਰਡਾਂ ਵਿੱਚ ਵੀ ਵਿਸ਼ੇਸ਼ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਣਗੀਆਂ ਤਾਂ ਜੋ ਵੱਧ ਤੋਂ ਵੱਧ ਲੋਕਾਂ ਨੂੰ ਇਨ੍ਹਾਂ ਸਕੀਮਾਂ ਦਾ ਫਾਇਦਾ ਮਿਲ ਸਕੇ।

## ਆੜ੍ਹਤੀ ਐਸੋਸੀਏਸ਼ਨ ਪਾਤੜਾਂ ਦੇ ਨਵੇਂ ਚੁਣੇ ਪ੍ਰਧਾਨ ਤੇਜਪਾਲ ਸ਼ਰਮਾ ਦਾ ਵਿਧਾਇਕ ਸ਼ੁਤਰਾਣਾ ਵੱਲੋਂ ਸਨਮਾਨ

### ਚੇਅਰਮੈਨ ਮਹਿੰਗਾ ਸਿੰਘ ਬਰਾੜ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ



ਪਾਤੜਾਂ, 31 ਮਾਰਚ (ਹਰਮਿੰਦਰ ਕਰਤਾਰਪੁਰ): ਅਨਾਜ ਮੰਡੀ ਪਾਤੜਾਂ ਦੇ ਕੰਮ ਨੂੰ ਸਚੁੱਜੇ ਢੰਗ ਨਾਲ ਚਲਾਉਣ ਲਈ ਬਣੀ ਆੜ੍ਹਤੀ ਐਸੋਸੀਏਸ਼ਨ ਪਾਤੜਾਂ ਦੀ ਬੀਤੇ ਕੱਲ ਅਨਾਜ ਮੰਡੀ ਪਾਤੜਾਂ ਦੇ ਆੜ੍ਹਤੀਆਂ ਵੱਲੋਂ 2026-27 ਲਈ ਚੋਣ ਕੀਤੀ ਗਈ, ਜਿਸ ਵਿੱਚ ਤੇਜਪਾਲ ਸ਼ਰਮਾ ਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ, ਜਦਕਿ ਆਮ ਆਦਮੀ ਪਾਰਟੀ ਹਲਕਾ ਸ਼ੁਤਰਾਣਾ ਦੇ ਯੂਥ ਪ੍ਰਧਾਨ ਮਨਪ੍ਰੀਤ ਸਿੰਘ ਸੰਧੂ ਮੌਲਵੀਵਾਲਾ ਨੂੰ ਜਰਨਲ ਸਕੱਤਰ ਚੁਣਿਆ ਗਿਆ। ਤੇਜਪਾਲ ਸ਼ਰਮਾ ਦੇ ਪ੍ਰਧਾਨ ਚੁਣੇ ਜਾਣ ਤੋਂ ਬਾਅਦ ਅੱਜ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਅਤੇ ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਵੱਲੋਂ ਉਨ੍ਹਾਂ ਦਾ ਅਨਾਜ ਮੰਡੀ ਪਾਤੜਾਂ 'ਚ ਇੱਕ ਸਮਾਗਮ ਦੌਰਾਨ ਸਨਮਾਨ ਕੀਤਾ ਗਿਆ। ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਆੜ੍ਹਤੀ ਐਸੋਸੀਏਸ਼ਨ ਪਾਤੜਾਂ ਦੇ ਨਵ ਨਿਯੁਕਤ ਪ੍ਰਧਾਨ ਤੇਜਪਾਲ ਸ਼ਰਮਾ ਅਤੇ ਉਨ੍ਹਾਂ ਦਾ ਪਰਿਵਾਰ ਕਈ ਦਹਾਕਿਆਂ ਤੋਂ ਪਾਤੜਾਂ ਅਨਾਜ ਮੰਡੀ ਵਿੱਚ ਆੜ੍ਹਤ ਦਾ ਕਾਰੋਬਾਰ ਕਰ ਰਿਹਾ ਹੈ, ਜਿਨ੍ਹਾਂ ਦਾ ਅਨਾਜ ਮੰਡੀ ਪਾਤੜਾਂ ਅਤੇ ਇਲਾਕੇ ਦੇ ਕਿਸਾਨਾਂ 'ਚ ਵੱਡਾ ਜਨ ਅਧਾਰ ਹੈ। ਉਨ੍ਹਾਂ ਕਿਹਾ ਕਿ ਉਹ ਆਸ ਕਰਦੇ ਹਨ। ਤੇਜਪਾਲ ਸ਼ਰਮਾ ਅਤੇ ਉਨ੍ਹਾਂ ਦੀ ਟੀਮ ਜ਼ਿੰਮੇਵਾਰੀ ਨਾਲ ਆਪਣਾ ਕੰਮ ਕਰਨਗੇ। ਇਸ ਮੌਕੇ ਹੋਰਨਾ ਤੋਂ ਇਲਾਵਾ 'ਆਪ' ਸਿਟੀ ਪਾਤੜਾਂ ਦੇ ਪ੍ਰਧਾਨ ਮਦਨ ਲਾਲ ਗੋਇਲ,ਵਪਾਰ ਸੈਲ ਪਾਤੜਾਂ ਦੇ ਚੇਅਰਮੈਨ ਡਾ. ਡੀਡੀ ਸਿੰਗਲਾ, ਪ੍ਰੀਤ ਗਿੱਲ ਬਲਾਕ ਪ੍ਰਧਾਨ ਪਾਤੜਾਂ,ਸਰਪੰਚ ਬਲਜਿੰਦਰ ਸਿੰਘ ਜੋਗੇਵਾਲ, ਕੁਲਦੀਪ ਸਿੰਘ ਥਿੰਦ ਡਾਇਰੈਕਟਰ ਕੰਬੋਜ ਭਲਾਈ ਬੋਰਡ ਪੰਜਾਬ , ਪ੍ਰਸਿੱਧ ਸਮਾਜ ਸੇਵੀ ਕੁਲਦੀਪ ਸਿੰਘ ਬਿੱਟੂ ਬਦੇਸ਼ਾ ਪ੍ਰਧਾਨ ਕਾਰ ਡੀਲਰ ਐਸੋਸੀਏਸ਼ਨ ਪਾਤੜਾਂ, ਸਰਪੰਚ ਕਰਨੈਲ ਸਿੰਘ ਨਾਮਸੋਤ, ਕੌਂਸਲਰ ਸੋਨੀ ਜਲੂਰ, ਕੌਂਸਲਰ ਸੋਨੀ ਠੇਕੇਦਾਰ, ਕਾਰੋਬਾਰੀ ਅਮ੍ਰਿਤਪਾਲ ਸਿੰਘ ਕਾਲੇਕਾ, ਚੇਅਰਮੈਨ ਸੁਖਜੀਤ ਸਿੰਘ ਹੈਪੀ ਕਾਲੇਕਾ,ਸੁਖਬੀਰ ਸਿੰਘ ਸੰਧੂ ਮੌਲਵੀਵਾਲਾ ਸਾਬਕਾ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਪਾਤੜਾਂ, ਸਾਬਕਾ ਕੌਂਸਲਰ ਅੰਮ੍ਰਿਤ ਲਾਲ ਧੂਹੜ ਵਾਲੇ,,ਧਰਮਪਾਲ ਸਾਬਕਾ ਪ੍ਰਧਾਨ , ਬ੍ਰਿਜ ਲਾਲ ਸਾਬਕਾ ਪ੍ਰਧਾਨ, ਭਾਜਪਾ ਆਗੂ ਰਮੇਸ਼ ਕੁਮਾਰ ਕੁੱਕੂ, ਸਾਬਕਾ ਚੇਅਰਮੈਨ ਜਥੇਦਾਰ ਗੁਰਬਚਨ ਸਿੰਘ ਮੌਲਵੀਵਾਲਾ,ਦੇਵ ਰਾਜ ਸ਼ਰਮਾ, ਕਰਨੈਲ ਸਿੰਘ ਸਾਬਕਾ ਸਰਪੰਚ, ਸੁਖਪਾਲ ਸਿੰਘ ਸਾਬਕਾ ਸਰਪੰਚ, ਸੁਰਿੰਦਰ ਕੁਮਾਰ ਪੈਂਦ ,ਗੋਗਾ ਸ਼ਰਮਾ ਆਦਿ ਪ੍ਰਮੁੱਖ ਤੌਰ 'ਤੇ ਹਾਜ਼ਰ ਸਨ।

## ਪੰਜਾਬ ਦੀ ਅਮਨ ਸ਼ਾਂਤੀ ਨੂੰ ਢਾਹ ਲਾਉਣ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਨਾ ਬਖਸ਼ਿਆ ਜਾਵੇ : ਐਡ. ਅਮਨ ਗਰਗ



ਪਟਿਆਲਾ, 31 ਮਾਰਚ (ਰੁਪਾਣਾ) : ਅੰਮ੍ਰਿਤਸਰ ਦੇ ਭਿੰਡੀਸੈਦਾਂ ਥਾਣੇ ਦੇ ਬਾਹਰ ਹੋਇਆ ਬੰਬ ਧਮਾਕਾ ਸਿਰਫ਼ ਇੱਕ ਅਪਰਾਧਕ ਘਟਨਾ ਨਹੀਂ, ਸਗੋਂ ਭਾਰਤ ਦੀ ਸਰਬਭੌਮਤਾ, ਅਖੰਡਤਾ ਅਤੇ ਕਾਨੂੰਨੀ ਪ੍ਰਣਾਲੀ ਉੱਤੇ ਕੀਤਾ ਗਿਆ ਇੱਕ ਸੋਚਿਆ-ਸਮਝਿਆ ਦਹਿਸ਼ਤਗਰਦਾਨਾ ਹਮਲਾ ਹੈ। ਸੀਨੀਅਰ ਹਿੰਦੂ ਨੇਤਾ ਅਤੇ ਆਲ ਇੰਡੀਆ ਐਂਟੀ ਟੈਰੋਰਿਸਟ ਫਰੰਟ ਦੇ ਰਾਸ਼ਟਰੀ ਪ੍ਰਮੁੱਖ ਐਡਵੋਕੇਟ ਅਮਨ ਗਰਗ ਸੂਲਰ ਵੱਲੋਂ ਇਸ ਘਿਨੌਣੇ ਅਤੇ ਕਾਇਰਾਨਾ ਕਿਰਤ ਦੀ ਸਭ ਤੋਂ ਤਿੱਖੀ ਅਤੇ ਬੇਲਾਗ ਸ਼ਬਦਾਂ ਵਿੱਚ ਨਿੰਦਾ ਕੀਤੀ ਜਾਂਦੀ ਹੈ। ਖ਼ਾਲਿਸਤਾਨ ਲਿਬਰੇਸ਼ਨ ਆਰਮੀ ਵੱਲੋਂ ਇਸ ਹਮਲੇ ਦੀ ਜ਼ਿੰਮੇਵਾਰੀ ਲੈਣਾ ਇਹ ਸਾਬਤ ਕਰਦਾ ਹੈ ਕਿ ਇਹ ਸੰਗਠਨ ਪੰਜਾਬ ਵਿੱਚ ਅੱਗ ਲਗਾਉਣ ਅਤੇ ਡਰ ਦਾ ਮਾਹੌਲ ਬਣਾਉਣ ਲਈ ਬੇਚੈਨ ਹਨ ਪਰ ਅਸੀਂ ਇਹ ਖੁੱਲ੍ਹੀ ਚੇਤਾਵਨੀ ਦਿੰਦੇ ਹਾਂ ਕਿ ਅਜਿਹੇ ਹਰ ਅੱਤਵਾਦੀ ਗਿਰੋਹ ਨੂੰ ਜੜ ਤੋਂ ਮਿਟਾ ਦਿੱਤਾ ਜਾਵੇਗਾ । ਐਡਵੋਕੇਟ ਅਮਨ ਗਰਗ ਸੂਲਰ ਨੇ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਹੁਣ ਸਿੱਧੀ ਅਤੇ ਕਠੋਰ ਕਾਰਵਾਈ ਦੀ ਲੋੜ ਹੈ। ਉਨ੍ਹਾਂ ਨੇ ਸਾਫ਼ ਕਿਹਾ ਕਿ ਭਾਰਤ ਦੀ ਅਖੰਡਤਾ ਨਾਲ ਖੇਡਣ ਵਾਲੇ ਕਿਸੇ ਵੀ ਤੱਤ ਨੂੰ ਕਿਸੇ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ। ਹੁਣ ਸਮਾਂ ਆ ਗਿਆ ਹੈ ਕਿ ਦੇਸ਼ ਵਿਰੋਧੀ ਤਾਕਤਾਂ ਨੂੰ ਐਸਾ ਜਵਾਬ ਦਿੱਤਾ ਜਾਵੇ ਜੋ ਉਹਨਾਂ ਦੀਆਂ ਆਉਣ ਵਾਲੀਆਂ ਪੀੜੀਆਂ ਤੱਕ ਯਾਦ ਰਹੇ। ਪੰਜਾਬ ਦੀ ਧਰਤੀ ਗੁਰੂਆਂ ਦੀ ਬਾਣੀ ਅਤੇ ਸ਼ਹੀਦਾਂ ਦੇ ਲਹੂ ਨਾਲ ਸੀਚੀ ਹੋਈ ਹੈ—ਇਸਨੂੰ ਕੁਝ ਮੁੱਠੀਭਰ ਗੱਦਾਰ ਕਦੇ ਵੀ ਦਾਗਦਾਰ ਨਹੀਂ ਕਰ ਸਕਦੇ। ਪੰਜਾਬ ਦਾ ਹਰ ਇਕ ਇਨਸਾਨ ਦੇਸ਼ ਦੀ ਏਕਤਾ, ਅਮਨ ਅਤੇ ਭਾਈਚਾਰੇ ਲਈ ਇੱਕਜੁੱਟ ਖੜ੍ਹਾ ਹੈ ਅਤੇ ਰਹੇਗਾ।